ਬੁੱਧਵਾਰ, 5 ਅਗਸਤ, 2026
21 ਸਾਉਣ { ਨਾਨਕਸ਼ਾਹੀ 558, ਬਿਕਰਮੀ 2083 }
ਜਿਲਦ/VOL. : 75
ਅੰਕ/NO. : 65

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 5 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਈ-20 ਪੈਟਰੋਲ ਨੀਤੀ ਖਿਲਾਫ ਪੰਜਾਬ ਅਸੰਬਲੀ 'ਚ ਮਤਾ ਪਾਸ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁੰਮਨ, ਕ੍ਰਿਸ਼ਨ ਗਰਗ)** ਪੰਜਾਬ ਵਿਧਾਨ ਸਭਾ ਦੇ ਮਾਨਸੂਨ ਇਜਲਾਸ ਦੇ ਦੂਜੇ ਦਿਨ ਮੰਗਲਵਾਰ ਨੂੰ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਕੇਂਦਰ ਸਰਕਾਰ ਦੀ ਲਾਜ਼ਮੀ ਈ-20 ਨੀਤੀ ਵਿਰੁੱਧ ਇੱਕ ਸਰਕਾਰੀ ਮਤਾ ਪੇਸ਼ ਕੀਤਾ ਗਿਆ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਦਨ ਵਿੱਚ ਇਹ ਮਤਾ ਪੇਸ਼ ਕਰਦਿਆਂ ਕੇਂਦਰ ਦੀ ਨੀਤੀ ਦਾ ਜ਼ੋਰਦਾਰ ਵਿਰੋਧ ਕੀਤਾ। ਮੁੱਖ ਮੰਤਰੀ ਭਗਵੰਤ ਮਾਨ ਦੇ ਬੋਲਣ ਪਿੱਛੋਂ ਸਦਨ ਨੇ ਈਥਾਨੌਲ ਦੀ ਵਰਤੋਂ ਲਾਜ਼ਮੀ ਕੀਤੇ ਜਾਣ ਦੇ ਪ੍ਰਭਾਵਾਂ 'ਤੇ ਚਿੰਤਾ ਜ਼ਾਹਰ ਕਰਦਿਆਂ ਮਤਾ ਪਾਸ ਕੀਤਾ। ਮਤਾ ਪਾਸ ਹੋਣ ਮੌਕੇ ਭਾਜਪਾ ਦੇ ਐੱਮ.ਐੱਲ.ਏ ਸਦਨ 'ਚ ਮੌਜੂਦ ਨਹੀਂ ਸਨ। ਮਤੇ 'ਚ ਮੰਗ ਕੀਤੀ ਗਈ ਕਿ ਈ-20 ਦੀ ਦੇਸ਼-ਪੱਧਰੀ ਲਾਜ਼ਮੀ ਵਰਤੋਂ ਦੀ ਸਮੀਖਿਆ ਕੀਤੀ ਜਾਵੇ ਅਤੇ ਜਦੋਂ ਤੱਕ ਵਾਹਨ ਅਨੁਕੂਲਤਾ ਅਤੇ ਖਪਤਕਾਰ ਸੁਰੱਖਿਆ ਨਾਲ ਸੰਬੰਧਤ ਚਿੰਤਾਵਾਂ ਦਾ ਨਿਪਟਾਰਾ ਨਹੀਂ ਹੁੰਦਾ, ਇਸ ਨੂੰ ਮੁਅੱਤਲ ਰੱਖਿਆ ਜਾਵੇ। ਮਤੇ ਵਿੱਚ ਕਿਹਾ ਗਿਆ ਕਿ ਖਪਤਕਾਰਾਂ ਨੂੰ ਈਥਾਨੌਲ-ਰਹਿਤ ਪੈਟਰੋਲ ਅਤੇ ਈ-20 ਪੈਟਰੋਲ ਵਿੱਚੋਂ ਆਪਣੀ ਪਸੰਦ ਦਾ ਤੇਲ ਚੁਣਨ ਦਾ ਬਦਲ ਦਿੱਤਾ ਜਾਵੇ ਅਤੇ ਈ-20 ਪੈਟਰੋਲ ਦੀ ਘੱਟ ਕੈਲੋਰੀਫਿਕ ਵੈਲਿਊ ਅਤੇ ਘੱਟ ਮਾਈਲੇਜ ਨੂੰ ਧਿਆਨ ਵਿੱਚ ਰੱਖਦਿਆਂ ਇਸ ਦੀ ਘੱਟ ਕੀਮਤ ਨਿਰਧਾਰਤ ਕੀਤੀ ਜਾਵੇ। ਮਤੇ 'ਚ ਮੰਗ ਕੀਤੀ ਗਈ ਕਿ ਵਾਹਨ ਇੰਜੀਨੀਅਰਾਂ, ਵਾਤਾਵਰਣ ਵਿਗਿਆਨੀਆਂ, ਪੈਟਰੋਲੀਅਮ ਮਾਹਿਰਾਂ ਅਤੇ ਖਪਤਕਾਰ ਸੰਸਥਾਵਾਂ ਨੂੰ ਸ਼ਾਮਲ ਕਰਕੇ ਇੱਕ ਸੁਤੰਤਰ ਕਮੇਟੀ ਬਣਾਈ ਜਾਵੇ ਜੋ ਇਸ ਨੀਤੀ ਦੇ ਪ੍ਰਭਾਵਾਂ ਦਾ ਮੁਲਾਂਕਣ ਕਰੇ। ਇਹ ਵੀ ਮੰਗ ਕੀਤੀ ਕਿ ਜੇਕਰ ਈ-20 ਦੀ ਵਰਤੋਂ ਕਾਰਨ ਵਾਹਨਾਂ ਵਿੱਚ ਕੋਈ ਮਕੈਨੀਕਲ ਖਰਾਬੀ ਜਾਂ ਵਿੱਤੀ ਨੁਕਸਾਨ ਹੁੰਦਾ ਹੈ, ਤਾਂ ਖਪਤਕਾਰਾਂ ਲਈ ਉਚਿਤ ਮੁਆਵਜ਼ਾ ਪ੍ਰਣਾਲੀ ਸਥਾਪਤ ਕੀਤੀ ਜਾਵੇ। ਕੇਂਦਰ ਸਰਕਾਰ 'ਤੇ ਤਿੱਖਾ ਨਿਸ਼ਾਨਾ ਸੇਧਦਿਆਂ ਮੁੱਖ ਮੰਤਰੀ ਨੇ ਸਵਾਲ ਕੀਤਾ, "ਜੇਕਰ ਇਸ ਨਾਲ ਨੁਕਸਾਨ ਹੋ ਰਿਹਾ ਹੈ ਤਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਨੂੰ ਜ਼ਬਰਦਸਤੀ ਕਿਉਂ ਲਾਗੂ ਕਰ ਰਹੇ ਹਨ? ਉਨ੍ਹਾਂ ਕਿਹਾ, "ਇਹ ਸਭ ਅਮਰੀਕੀ ਸਰਕਾਰ ਦੇ ਦਬਾਅ ਹੇਠ 100 ਅਰਬ ਡਾਲਰ ਦੇ ਭਾਰਤ-ਅਮਰੀਕਾ ਵਪਾਰਕ ਸਮਝੌਤੇ ਤਹਿਤ ਕੀਤਾ ਜਾ ਰਿਹਾ ਹੈ, ਜਿਸ ਅਧੀਨ ਭਾਰਤ ਵੱਲੋਂ 5 ਅਰਬ ਲੀਟਰ ਈਥਾਨੌਲ ਖਰੀਦਿਆ ਜਾਣਾ ਹੈ। ਰੱਬ ਹੀ ਜਾਣਦਾ ਹੈ ਕਿ ਅਮਰੀਕੀ ਰਾਸ਼ਟਰਪਤੀ ਕੋਲ ਪ੍ਰਧਾਨ ਮੰਤਰੀ ਮੋਦੀ ਖਿਲਾਫ਼ ਕਿਹੜੀ ਫਾਈਲ ਜਾਂ ਸੀ ਡੀ ਹੈ, ਜਿਸ ਕਰਕੇ ਉਹ ਆਮ ਜਨਤਾ ਦੇ ਨੁਕਸਾਨ ਦੀ ਪ੍ਰਵਾਹ ਕੀਤੇ ਬਿਨਾਂ ਉਨ੍ਹਾਂ ਨੂੰ ਖੁਸ਼ ਕਰਨ ਵਿੱਚ ਲੱਗੇ ਹੋਏ ਹਨ।"

## ਬਿਹਾਰ 'ਚ ਲੈੱਫਟ-ਸੈਕੂਲਰ ਵਿਦਿਆਰਥੀ ਜਥੇਬੰਦੀਆਂ ਨੇ ਅੰਦੋਲਨ ਭਖਾਇਆ



**ਪਟਨਾ (ਨ ਜ਼ ਸ)**
ਪੇਪਰ ਲੀਕ ਨੂੰ ਲੈ ਕੇ ਰਾਜਵਿਆਪੀ ਅੰਦੋਲਨ ਦੌਰਾਨ ਗ੍ਰਿਫਤਾਰ ਕੀਤੇ ਗਏ ਸਾਰੇ ਵਿਦਿਆਰਥੀਆਂ ਦੀ ਰਿਹਾਈ ਅਤੇ ਉਨ੍ਹਾਂ ਵਿਰੁੱਧ ਦਰਜ ਅਪਰਾਧਕ ਮਾਮਲੇ ਵਾਪਸ ਕਰਾਉਣ ਲਈ ਮੰਗਲਵਾਰ ਬਿਹਾਰ ਦੇ ਮੁੱਖ ਮੰਤਰੀ ਸਮਰਾਟ ਚੌਧਰੀ ਦੇ ਨਿਵਾਸ ਵੱਲ ਮਾਰਚ ਕਰ ਰਹੇ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਪੁਲਸ ਨੇ ਤਾਕਤ ਦੀ ਵਰਤੋਂ ਕੀਤੀ ਤੇ ਜਲ-ਤੋਪਾਂ ਚਲਾਈਆਂ। ਪਿਛਲੇ ਮਹੀਨੇ 25 ਤਰੀਕ ਨੂੰ ਤੱਤਕਾਲੀ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਲਈ ਬੁਲਾਏ ਗਏ ਬੰਦ ਦੌਰਾਨ ਲਗਭਗ 600 ਲੋਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਸੀ। ਮਾਰਚ ਵਿੱਚ ਏ ਆਈ ਐੱਸ ਐੱਫ, ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ, ਯੂਥ ਕਾਂਗਰਸ, ਐੱਸ ਐੱਫ ਆਈ, ਡੀ ਵਾਈ ਐੱਫ ਆਈ, ਏ ਆਈ ਡੀ ਐੱਸ ਓ, ਛਾਤਰ ਰਾਜਦ, ਛਾਤਰ ਯੁਵਾ ਸੰਘਰਸ਼ ਮੋਰਚਾ, ਦੀ ਗ੍ਰੇਟ ਭੀਮ ਆਰਮੀ, ਸੋਸ਼ਲ ਜਸਟਿਸ ਆਰਮੀ, ਏ ਆਈ ਡੀ ਐੱਸ ਓ, ਦੀ ਸੋਸ਼ਲਿਸਟਸ ਅਤੇ ਏ ਆਈ ਡੀ ਵਾਈ ਓ ਦੇ ਮੈਂਬਰ ਰਾਜ ਦੇ ਗ੍ਰਹਿ ਵਿਭਾਗ ਨੇ ਏ ਆਈ ਐੱਸ ਏ ਦੀ ਪ੍ਰਧਾਨ ਨੇਹਾ ਦੀ ਅਗਵਾਈ ਵਿੱਚ ਇੱਕ ਵਫਦ ਵੱਲੋਂ ਡੀ ਜੀ ਪੀ ਵਿਨੈ ਕੁਮਾਰ ਨਾਲ ਮੁਲਾਕਾਤ ਤੋਂ ਬਾਅਦ ਵਿਦਿਆਰਥੀਆਂ ਵਿਰੁੱਧ ਸਾਰੇ ਕੇਸ ਵਾਪਸ ਲੈ ਲੈਣ ਅਤੇ ਜੇਲ੍ਹਾਂ ਵਿੱਚ ਬੰਦ ਵਿਦਿਆਰਥੀਆਂ ਨੂੰ ਰਿਹਾਅ ਕਰਨ ਦਾ ਐਲਾਨ ਕੀਤਾ ਸੀ, ਪਰ ਉਸ ਨੂੰ ਲਾਗੂ ਨਹੀਂ ਕੀਤਾ।

ਇਨਕਮ ਟੈਕਸ ਚੌਕ 'ਤੇ ਪੁਲਸ ਅਤੇ ਵਿਦਿਆਰਥੀਆਂ ਵਿਚਕਾਰ ਝੜਪ ਹੋ ਗਈ, ਜਦੋਂ ਵਿਦਿਆਰਥੀ ਬੈਰੀਕੇਡ ਤੋੜ ਕੇ ਅੱਗੇ ਵਧਣ ਲੱਗੇ। ਪੁਲਸ ਨੇ ਵਿਦਿਆਰਥੀਆਂ 'ਤੇ ਜਲ-ਤੋਪਾਂ ਦੀ ਵਰਤੋਂ ਕੀਤੀ। ਵਿਦਿਆਰਥੀ ਜਲ-ਤੋਪਾਂ 'ਤੇ ਨੱਚਣ ਲੱਗ ਪਏ। ਕੁਝ ਵਿਦਿਆਰਥੀ ਸੜਕ 'ਤੇ ਬੈਠ ਗਏ। ਪ੍ਰੋਟੈਸਟ ਦੌਰਾਨ ਐੱਨ ਐੱਸ ਯੂ ਆਈ ਦੇ ਕੌਮੀ ਪ੍ਰਧਾਨ ਵਿਨੋਦ ਜਾਖੜ ਵੀ ਸੜਕ 'ਤੇ ਲੇਟ ਗਏ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਕਾਂਗਰਸ ਦੇ ਸੂਬਾ ਪ੍ਰਧਾਨ ਰਾਜੇਸ਼ ਰਾਮ ਨੂੰ ਵਿਦਿਆਰਥੀਆਂ ਨਾਲ ਬੈਰੀਕੇਡਾਂ 'ਤੇ ਚੜ੍ਹਦੇ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਦੇਖਿਆ ਗਿਆ।

ਇਸ ਤੋਂ ਪਹਿਲਾਂ ਪੁਲਸ ਨੇ ਜੇ ਪੀ ਗੋਲੰਬਰ ਦੇ ਨੇੜੇ ਦੇ ਇਲਾਕੇ ਨੂੰ ਬੈਰੀਕੇਡ ਕੀਤਾ ਸੀ। ਵਿਦਿਆਰਥੀ ਬੈਰੀਕੇਡਾਂ 'ਤੇ ਚੜ੍ਹ ਗਏ ਅਤੇ ਨਾਅਰੇਬਾਜ਼ੀ ਕਰਨ ਲੱਗੇ। ਉਨ੍ਹਾਂ ਬੈਰੀਕੇਡਾਂ ਨੂੰ ਤੋੜਨ ਦੀ ਕੋਸ਼ਿਸ਼ ਕੀਤੀ। ਪੁਲਸ ਨੇ ਵਿਦਿਆਰਥੀਆਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਨੇ ਪਿੱਛੇ ਹਟਣ ਤੋਂ ਇਨਕਾਰ ਕਰ ਦਿੱਤਾ।

ਗਾਂਧੀ ਮੈਦਾਨ ਵਿੱਚ ਇੱਕ ਪ੍ਰਦਰਸ਼ਨਕਾਰੀਆਂ ਨੇ ਕਿਹਾ, 'ਅਸੀਂ ਉਨ੍ਹਾਂ ਲੋਕਾਂ ਦੀ ਇੱਕ ਪੁਖਤਾ ਸੂਚੀ ਚਾਹੁੰਦੇ ਹਾਂ, ਜਿਨ੍ਹਾਂ ਨੂੰ ਜੇਲ੍ਹ ਤੋਂ ਰਿਹਾਅ ਕੀਤਾ ਗਿਆ ਹੈ ਅਤੇ ਜੋ ਪ੍ਰਦਰਸ਼ਨਾਂ ਦੌਰਾਨ ਗ੍ਰਿਫਤਾਰ ਕੀਤੇ ਜਾਣ ਤੋਂ ਬਾਅਦ ਵੀ ਜੇਲ੍ਹ ਦੀਆਂ ਸਲਾਖਾਂ ਪਿੱਛੇ ਹਨ।' ਇੱਕ ਹੋਰ ਪ੍ਰਦਰਸ਼ਨਕਾਰੀ ਨੇ ਚੀਕ ਕੇ ਕਿਹਾ, 'ਸਾਡੇ ਬਹੁਤ ਸਾਰੇ ਦੋਸਤ ਅਜੇ ਘਰ ਨਹੀਂ ਪਰਤੇ। ਪੁਲਸ ਝੂਠ ਬੋਲ ਰਹੀ ਹੈ। ਅਸੀਂ ਆਪਣੇ ਦੋਸਤਾਂ ਬਾਰੇ ਚਿੰਤਤ ਹਾਂ।' ਸੀਵਾਨ ਦੇ ਇੱਕ ਹੋਰ ਕਾਰਕੁਨ ਨੇ ਕਿਹਾ, 'ਮੈਂ ਉਸ ਜ਼ਿਲ੍ਹੇ ਤੋਂ ਹਾਂ, ਜਿੱਥੇ ਇੱਕ ਪੁਲਸ

• ਬਾਕੀ ਸਫਾ 2 'ਤੇ

## ਈ-20 ਖਿਲਾਫ ਦੇਸ਼-ਭਰ ਦੇ ਲੋਕ ਉੱਠਣ : ਕੇਜਰੀਵਾਲ



**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੰਗਲਵਾਰ ਈ-20 ਪੈਟਰੋਲ ਦੇ ਵਿਰੋਧ ਵਿੱਚ ਪ੍ਰਧਾਨ ਮੰਤਰੀ ਨਿਵਾਸ ਵੱਲ ਮਾਰਚ ਦੀ ਅਗਵਾਈ ਕੀਤੀ। ਹਾਲਾਂਕਿ, ਦਿੱਲੀ ਪੁਲਸ ਨੇ ਕੇਜਰੀਵਾਲ, ਮਨੀਸ਼ ਸਿਸੋਦੀਆ, ਸੰਜੇ ਸਿੰਘ, ਜੈਸਮੀਨ ਸ਼ਾਹ ਅਤੇ ਹੋਰ ਪਾਰਟੀ ਨੇਤਾਵਾਂ ਨੂੰ ਫਿਰੋਜ਼ਸ਼ਾਹ ਰੋਡ 'ਤੇ ਰੋਕ ਦਿੱਤਾ। ਇਸ ਤੋਂ ਬਾਅਦ, ਕੇਜਰੀਵਾਲ ਅਤੇ ਹੋਰ ਆਗੂ ਸੜਕ ਦੇ ਵਿਚਕਾਰ ਧਰਨਾ ਦੇ ਕੇ ਬੈਠ ਗਏ। 'ਆਪ' ਨੇ ਇਹ ਮਾਰਚ ਲਗਪਗ 100 ਆਗੂਆਂ ਅਤੇ ਵਰਕਰਾਂ ਨਾਲ ਆਯੋਜਤ ਕੀਤਾ। ਕੇਜਰੀਵਾਲ ਨੇ ਕਿਹਾ ਕਿ 2,30,000 ਤੋਂ ਵੱਧ ਲੋਕਾਂ ਨੇ ਈ-20 ਦੇ ਖਿਲਾਫ ਪ੍ਰਧਾਨ ਮੰਤਰੀ ਨੂੰ ਪੱਤਰ ਲਿਖੇ ਸਨ, ਜੋ ਉਹ ਨਿੱਜੀ ਤੌਰ 'ਤੇ ਪ੍ਰਧਾਨ ਮੰਤਰੀ ਨੂੰ ਪਹੁੰਚਾਉਣਾ ਚਾਹੁੰਦੇ ਸਨ, ਪਰ ਪੁਲਸ ਨੇ ਉਨ੍ਹਾਂ ਨੂੰ ਰੋਕ ਦਿੱਤਾ। ਉਨ੍ਹਾ ਨੇ ਸਾਰੇ ਪੱਤਰ ਸੁਨੇਹੇ ਦੇ ਨਾਲ ਪੁਲਸ ਰਾਹੀਂ ਮੋਦੀ ਨੂੰ ਭੇਜ ਦਿੱਤੇ ਹਨ। ਉਮੀਦ ਹੈ ਕਿ ਪ੍ਰਧਾਨ ਮੰਤਰੀ ਉਨ੍ਹਾਂ ਨਾਲ ਮੁਲਾਕਾਤ ਕਰਨਗੇ। ਕੇਜਰੀਵਾਲ ਨੇ ਦੋਸ਼ ਲਗਾਇਆ ਕਿ ਮੋਦੀ ਸਰਕਾਰ ਟਰੰਪ ਦੇ ਦਬਾਅ ਹੇਠ ਅਮਰੀਕਾ ਤੋਂ ਈਥਾਨੌਲ ਖਰੀਦ ਰਹੀ ਹੈ।

ਅਮਰੀਕਾ ਦੁਨੀਆ ਵਿੱਚ ਸਭ ਤੋਂ ਵੱਧ ਈਥਾਨੌਲ ਪੈਦਾ ਕਰਦਾ ਹੈ ਅਤੇ ਭਾਰਤ 'ਤੇ ਇਸਨੂੰ ਖਰੀਦਣ ਲਈ ਦਬਾਅ ਪਾਇਆ ਹੈ। ਕੇਜਰੀਵਾਲ ਨੇ ਕਿਹਾ, "ਅਮਰੀਕੀ ਕੂੜਾ ਖਰੀਦਿਆ ਜਾ ਰਿਹਾ ਹੈ ਅਤੇ ਸਾਡੇ 30 ਲੱਖ ਵਾਹਨਾਂ 'ਤੇ ਜ਼ਬਰਦਸਤੀ ਪਾਇਆ ਜਾ ਰਿਹਾ ਹੈ। ਇਸ ਨੂੰ ਰੋਕਣ ਲਈ, ਸਾਨੂੰ ਨੀਟ ਅੰਦੋਲਨ ਤੋਂ ਵੀ ਵੱਡੀ ਲਹਿਰ ਦੀ ਲੋੜ ਹੈ।" ਉਨ੍ਹਾ ਦੇਸ਼-ਭਰ ਦੇ ਲੋਕਾਂ ਨੂੰ ਮੁਹਿੰਮ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਈ-20 ਨੀਤੀ ਵਿਰੁੱਧ ਉਨ੍ਹਾਂ ਦੀ ਲੜਾਈ ਜਾਰੀ ਰਹੇਗੀ।

## ਪੰਜਾਬ ਦੇ 20 ਲੱਖ ਵੋਟਰਾਂ 'ਤੇ ਮੰਡਰਾਇਆ ਖਤਰਾ



**ਚੰਡੀਗੜ੍ਹ (ਨ ਜ਼ ਸ)**
ਪੰਜਾਬ ਵਿੱਚ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ (ਐੱਸ ਆਈ ਆਰ) ਦਾ ਕਾਰਜ ਮੁਕੰਮਲ ਹੋਣ ਦੇ ਨਾਲ ਹੀ 20 ਲੱਖ ਦੇ ਕਰੀਬ ਉਨ੍ਹਾਂ ਵੋਟਰਾਂ 'ਤੇ ਤਲਵਾਰ ਲਟਕ ਗਈ ਹੈ, ਜਿਨ੍ਹਾਂ ਬੀ ਐੱਲ ਓਜ਼ ਨੂੰ ਆਪਣੇ ਗਣਨਾ ਫਾਰਮ ਜਮ੍ਹਾਂ ਨਹੀਂ ਕਰਾਏ, ਜਦੋਂ ਕਿ 1.93 ਕਰੋੜ ਵੋਟਰਾਂ ਨੇ ਆਪਣੇ ਗਣਨਾ ਫਾਰਮ ਜਮ੍ਹਾਂ ਕਰਵਾ ਦਿੱਤੇ ਹਨ।

ਬੀ ਐੱਲ ਓਜ਼ ਕੋਲ ਗਣਨਾ ਫਾਰਮ ਜਮ੍ਹਾਂ ਨਾ ਕਰਵਾਉਣ ਵਾਲੇ 20 ਲੱਖ ਵੋਟਰਾਂ ਵਿੱਚ 9.44 ਲੱਖ ਵੋਟਰ ਸ਼ਿਫਟ ਹੋ ਗਏ ਅਤੇ 4.12 ਲੱਖ ਵੋਟਰ ਘਰ ਵਿਚ ਮਿਲੇ ਨਹੀਂ। ਇਸ ਤੋਂ ਇਲਾਵਾ ਪੰਜਾਬ ਵਿੱਚ 5.74 ਲੱਖ ਵੋਟਰਾਂ ਦੀ ਮੌਤ ਹੋ ਚੁੱਕੀ ਹੈ ਅਤੇ 1.19 ਲੱਖ ਵੋਟਾਂ ਡੁਪਲੀਕੇਟ ਪਾਈਆਂ ਗਈਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੰਜਾਬ ਦੀ ਮੁੱਖ ਚੋਣ ਅਧਿਕਾਰੀ ਅਨੰਦਿਤਾ ਮਿੱਤਰਾ ਨੇ ਚੰਡੀਗੜ੍ਹ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਮਿੱਤਰਾ ਨੇ ਕਿਹਾ ਕਿ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸੁਧਾਈ ਸ਼ੁਰੂ ਕਰਨ ਸਮੇਂ ਕੁੱਲ 2.14 ਕਰੋੜ ਵੋਟਰ ਸਨ, ਜਿਨ੍ਹਾਂ ਵਿੱਚੋਂ 90.37 ਫੀਸਦ ਵੋਟਰਾਂ (1.93 ਕਰੋੜ) ਨੇ ਆਪਣੇ ਗਣਨਾ ਫਾਰਮ ਜਮ੍ਹਾਂ ਕਰਵਾ ਦਿੱਤੇ ਹਨ, ਜਦੋਂ ਕਿ 9.63 ਫੀਸਦ (20 ਲੱਖ ਦੇ ਕਰੀਬ) ਵੋਟਰਾਂ ਨੇ ਗਣਨਾ ਫਾਰਮ ਜਮ੍ਹਾਂ ਨਹੀਂ ਕਰਾਏ ਹਨ।

ਉਨ੍ਹਾ ਕਿਹਾ ਕਿ ਪੰਜਾਬ ਵਿੱਚ ਗਣਨਾ ਫਾਰਮ ਜਮ੍ਹਾਂ ਕਰਾਉਣ ਵਾਲੇ ਵੋਟਰਾਂ ਵਿੱਚੋਂ 12 ਲੱਖ ਦੇ ਕਰੀਬ ਵੋਟਰਾਂ ਦੀ ਮੈਪਿੰਗ ਨਹੀਂ ਹੋਈ ਹੈ। ਇਸ ਲਈ ਚੋਣ ਕਮਿਸ਼ਨ ਵੱਲੋਂ 13 ਅਗਸਤ ਤੋਂ 12 ਸਤੰਬਰ ਤੱਕ ਇਨ੍ਹਾਂ ਵੋਟਰਾਂ ਨੂੰ ਨੋਟਿਸ ਜਾਰੀ ਕਰਕੇ ਮੈਪਿੰਗ ਦੇ ਕੰਮ ਨੂੰ ਮੁਕੰਮਲ ਕਰਵਾਇਆ ਜਾਵੇਗਾ। ਉਨ੍ਹਾ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਨਵੇਂ ਆਦੇਸ਼ਾਂ ਅਨੁਸਾਰ ਜਿਨ੍ਹਾਂ ਪੋਲਿੰਗ ਬੂਥਾਂ 'ਤੇ 1200 ਵੋਟਾਂ ਤੋਂ ਵੱਧ ਵੋਟਾਂ ਹਨ, ਉਨ੍ਹਾਂ ਪੋਲਿੰਗ ਬੂਥਾਂ ਦੀ ਗਿਣਤੀ ਵਧਾ ਦਿੱਤੀ ਗਈ ਹੈ। ਪਹਿਲਾਂ ਪੰਜਾਬ ਵਿੱਚ 24453 ਪੋਲਿੰਗ ਬੂਥ ਸਨ, ਜੋ ਕਿ ਹੁਣ ਵੱਧ ਕੇ 25332 ਪੋਲਿੰਗ ਬੂਥ ਹੋ ਗਏ ਹਨ।

ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦੇ ਕਾਰਜ ਨੂੰ ਮੁਕੰਮਲ ਕਰਨ ਲਈ 24500 ਪੋਲਿੰਗ ਬੂਥਾਂ 'ਤੇ 24 ਹਜ਼ਾਰ ਬੀ ਐੱਲ ਓਜ਼, 2500 ਸੁਪਰਵਾਈਜ਼ਰ, 800 ਏ ਈ ਆਰ ਓ, 117 ਈ ਆਰ ਓ ਅਤੇ 23 ਡਿਪਟੀ ਕਮਿਸ਼ਨਰ ਤਾਇਨਾਤ ਕੀਤੇ ਗਏ ਸਨ, ਜਿਨ੍ਹਾਂ ਵੱਲੋਂ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦੇ ਪਹਿਲੇ ਫੇਜ਼ ਨੂੰ ਮੁਕੰਮਲ ਕੀਤਾ ਗਿਆ।

### ਸਾਬਕਾ ਉੱਚ ਅਫਸਰਾਂ 'ਤੇ ਛਾਪੇ

**ਚੰਡੀਗੜ੍ਹ :** ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਮੰਗਲਵਾਰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦਰਮਿਆਨ ਪੰਜਾਬ ਦੇ ਵੱਡੇ ਸ਼ਹਿਰਾਂ 'ਚ ਸਨਅਤੀ ਪਲਾਟਾਂ ਦੀ ਅਲਾਟਮੈਂਟ ਦੇ ਮਾਮਲੇ 'ਚ ਸਾਬਕਾ ਸੀਨੀਅਰ ਅਫ਼ਸਰਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਹੈ। ਈ ਡੀ ਦੀ ਟੀਮ ਨੇ ਕੁਝ ਦਿਨਾਂ ਦੀ ਖ਼ਾਮੋਸ਼ੀ ਮਗਰੋਂ ਮੰਗਲਵਾਰ ਪੰਜਾਬ ਸਮਾਲ ਸਕੇਲ ਇੰਡਸਟਰੀਅਲ ਐਂਡ ਐਕਸਪੋਰਟ ਕਾਰਪੋਰੇਸ਼ਨ ਦੇ ਇੱਕ ਸਾਬਕਾ ਚੀਫ਼ ਜਨਰਲ ਮੈਨੇਜਰ, ਇੱਕ ਕਾਰਜਕਾਰੀ ਨਿਰਦੇਸ਼ਕ ਤੇ ਇੱਕ ਸਾਬਕਾ ਜਨਰਲ ਮੈਨੇਜਰ ਦੇ ਘਰਾਂ 'ਤੇ ਛਾਪੇ ਮਾਰੇ। ਈ ਡੀ ਟੀਮ ਨੇ ਕਾਰਪੋਰੇਸ਼ਨ ਦੇ ਮੁੱਖ ਦਫ਼ਤਰ ਤੋਂ ਰਿਕਾਰਡ ਵੀ ਤਲਬ ਕੀਤਾ ਹੈ।

### ਲੋਕ ਭਾਜਪਾ ਤੋਂ ਅੱਕ ਚੁੱਕੇ : ਪ੍ਰਿਅੰਕਾ

**ਨਵੀਂ ਦਿੱਲੀ :** ਜਨ ਸੁਰਾਜ ਪਾਰਟੀ ਦੇ ਬਾਨੀ ਪ੍ਰਸ਼ਾਂਤ ਕਿਸ਼ੋਰ ਵੱਲੋਂ ਬਿਹਾਰ ਦੀ ਬਾਂਕੀਪੁਰ ਸੀਟ ਦੀ ਉਪ ਚੋਣ ਵਿੱਚ ਭਾਜਪਾ ਨੂੰ ਬੁਰੀ ਤਰ੍ਹਾਂ ਹਰਾਉਣ 'ਤੇ ਪ੍ਰਿਅੰਕਾ ਗਾਂਧੀ ਨੇ ਮੰਗਲਵਾਰ ਖੁਸ਼ੀ ਜ਼ਾਹਰ ਕਰਦਿਆਂ ਕਿਹਾ, 'ਇਹ ਸਪੱਸ਼ਟ ਹੈ ਕਿ ਲੋਕ ਭਾਜਪਾ ਤੋਂ ਥੱਕ ਚੁੱਕੇ ਹਨ ਅਤੇ ਤੰਗ ਆ ਚੁੱਕੇ ਹਨ। ਉਹ ਹੁਣ ਸਮਝ ਰਹੇ ਹਨ ਕਿ ਦੇਸ਼ ਵਿੱਚ ਕੀ ਹੋ ਰਿਹਾ ਹੈ।' ਸੰਸਦ ਭਵਨ ਕੰਪਲੈਕਸ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਿਅੰਕਾ ਨੇ ਇਹ ਵੀ ਕਿਹਾ, 'ਇਹ ਤਾਂ ਸ਼ੁਰੂਆਤ ਹੈ।'

### ਨੌਜਵਾਨਾਂ ਨੇ ਮਜਬੂਰ ਕੀਤਾ...

**ਸਾਂਭਾਜੀ ਨਗਰ :** ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੇ ਮੁੰਬਈ ਵਿੱਚ 6 ਅਗਸਤ ਨੂੰ ਜਨਰਲ ਜ਼ੀ ਅਤੇ ਜਨਰਲ ਅਲਫਾ ਦੇ ਵਿਦਿਆਰਥੀਆਂ ਨਾਲ ਪ੍ਰਸਤਾਵਤ ਸੰਵਾਦ ਨੂੰ ਚੰਗੀ ਗੱਲ ਦੱਸਦਿਆਂ ਕਿਹਾ ਕਿ ਇਸ ਲਈ ਨੌਜਵਾਨਾਂ ਨੇ ਮਜਬੂਰ ਕੀਤਾ ਹੈ।

### ਬਾਪੂ ਆਸਾ ਰਾਮ ਨੂੰ 20 ਦਿਨਾਂ ਦੀ ਪੈਰੋਲ

**ਜੋਧਪੁਰ :** ਰਾਜਸਥਾਨ ਹਾਈ ਕੋਰਟ ਨੇ ਨਾਬਾਲਗ ਨਾਲ ਜਿਨਸੀ ਸ਼ੋਸ਼ਣ ਦੇ 2013 ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਆਸਾ ਰਾਮ ਨੂੰ 20 ਦਿਨਾਂ ਦੀ ਪੈਰੋਲ ਦੇ ਦਿੱਤੀ ਹੈ। ਅਦਾਲਤ ਨੇ ਆਖਿਆ ਹੈ ਕਿ ਰਾਜ ਸਰਕਾਰ ਉਸ ਦੀ ਪੈਰੋਲ ਅਰਜ਼ੀ ਨੂੰ ਰੱਦ ਕਰਨ ਦੇ ਆਪਣੇ ਫ਼ੈਸਲੇ ਨੂੰ ਸਹੀ ਸਾਬਤ ਕਰਨ ਵਿੱਚ ਨਾਕਾਮ ਰਹੀ ਹੈ। ਕਾਰਜਕਾਰੀ ਚੀਫ਼ ਜਸਟਿਸ ਸੰਜੀਵ ਪ੍ਰਕਾਸ਼ ਸ਼ਰਮਾ ਅਤੇ ਜਸਟਿਸ ਸੰਜੀਤ ਪੁਰੋਹਿਤ ਦੇ ਬੈਂਚ ਨੇ ਜੋਧਪੁਰ ਕੇਂਦਰੀ ਜੇਲ੍ਹ ਵਿੱਚ ਨਜ਼ਰਬੰਦ 85 ਸਾਲਾ ਆਸਾ ਰਾਮ ਨੂੰ ਉਸ ਦੀ ਕੈਦ ਦੀ ਮਿਆਦ ਅਤੇ ਪਹਿਲਾਂ ਮਿਲੀ ਅੰਤ੍ਰਿਮ ਰਿਹਾਈ ਦੌਰਾਨ ਉਸ ਦੇ ਚੰਗੇ ਚਾਲ-ਚਲਣ ਨੂੰ ਦੇਖਦਿਆਂ ਇਹ ਰਾਹਤ ਦਿੱਤੀ ਹੈ। ਅਦਾਲਤ ਨੇ ਕਿਹਾ ਕਿ ਆਸਾ ਰਾਮ ਪਹਿਲਾਂ ਹੀ 13 ਸਾਲ, 1 ਮਹੀਨਾ ਅਤੇ 24 ਦਿਨਾਂ ਦੀ ਕੈਦ ਕੱਟ ਚੁੱਕਾ ਹੈ।

## ਜਹਾਜ਼ ਨੇ 300 ਫੁੱਟ ਗੋਤਾ ਖਾਧਾ, 14 ਜ਼ਖ਼ਮੀ



**ਨਵੀਂ ਦਿੱਲੀ :** ਮੰਗਲਵਾਰ ਨੂੰ ਫੁਕੇਟ ਤੋਂ ਦਿੱਲੀ ਜਾ ਰਹੀ ਏਅਰ ਇੰਡੀਆ ਦੀ ਉਡਾਣ ਦੌਰਾਨ ਗੜਬੜੀ ਆਉਣ ਕਾਰਨ ਯਾਤਰੀ ਵਾਲ-ਵਾਲ ਬਚੇ ਤੇ 10 ਯਾਤਰੀਆਂ ਅਤੇ ਚਾਲਕ ਦਲ ਦੇ 4 ਮੈਂਬਰਾਂ ਨੂੰ ਕਾਫੀ ਸੱਟਾਂ ਲੱਗੀਆਂ ਹਨ। ਗੜਬੜੀ ਕਾਰਨ ਜਹਾਜ਼ ਇਕੋ ਝਟਕੇ ਨਾਲ 300 ਫੁੱਟ ਹੇਠਾਂ ਆ ਗਿਆ, ਜਿਸ ਕਾਰਨ ਯਾਤਰੀ ਘਬਰਾ ਗਏ। ਏਅਰ ਇੰਡੀਆ ਨੇ ਪੁਸ਼ਟੀ ਕੀਤੀ ਕਿ ਫੁਕੇਟ ਤੋਂ ਦਿੱਲੀ ਜਾ ਰਹੀ ਫਲਾਈਟ ਨੂੰ ਹਵਾ ਦੇ ਵਿਚਕਾਰ ਇੱਕ ਛੋਟੀ ਜਿਹੀ ਗੜਬੜੀ ਨਾਲ ਸੰਬੰਧਤ ਘਟਨਾ ਦਾ ਸਾਹਮਣਾ ਕਰਨਾ ਪਿਆ, ਜਿਸ ਦੇ ਨਤੀਜੇ ਵਜੋਂ ਉਚਾਈ ਵਿੱਚ ਇੱਕ ਪਲ ਲਈ ਤਬਦੀਲੀ ਆਈ। ਬਾਅਦ ਵਿਚ ਜਹਾਜ਼ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸੁਰੱਖਿਅਤ ਉਤਰਿਆ। ਏਅਰਲਾਈਨ ਦੇ ਇਕ ਅਧਿਕਾਰੀ ਨੇ ਕਿਹਾ ਕਿ "ਕਿਸੇ ਦੇ ਵੀ ਗੰਭੀਰ ਸੱਟਾਂ ਨਹੀਂ ਲੱਗੀਆਂ। ਯਾਤਰੀਆਂ ਅਤੇ ਚਾਲਕ ਦਲ ਦੀ ਸੁਰੱਖਿਆ ਅਤੇ ਤੰਦਰੁਸਤੀ ਏਅਰ ਇੰਡੀਆ ਦੀ ਸਭ ਤੋਂ ਵੱਡੀ ਤਰਜੀਹ ਹੈ। ਅਸੀਂ ਪ੍ਰਭਾਵਿਤ ਲੋਕਾਂ ਨੂੰ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰ ਰਹੇ ਹਾਂ ਅਤੇ ਜਾਂਚ ਦੇ ਹਿੱਸੇ ਵਜੋਂ ਸੰਬੰਧਤ ਅਧਿਕਾਰੀਆਂ ਨਾਲ ਪੂਰਾ ਸਹਿਯੋਗ ਕਰ ਰਹੇ ਹਾਂ।" ਉਨ੍ਹਾਂ ਨੇ ਅੱਗੇ ਕਿਹਾ ਕਿ ਇੱਕ ਵਿਸਤ੍ਰਿਤ ਰਿਪੋਰਟ ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ) ਨੂੰ ਸੌਂਪੀ ਜਾ ਰਹੀ ਹੈ।

### ਪਲੀਜ਼ ! ਵਾਪਸ ਨਾ ਭੇਜੋ



12 ਸਾਲਾ ਪ੍ਰਵਾਸੀ ਬੱਚਾ, ਜੋ ਬਿਨਾਂ ਕਿਸੇ ਸਰਪ੍ਰਸਤ ਦੇ ਸਪੇਨ ਪਹੁੰਚਿਆ ਸੀ, ਨੂੰ ਸਪੇਨੀ ਸੈਨਿਕ ਵੱਲੋਂ ਸਪੇਨ-ਮੋਰੱਕੋ ਸਰਹੱਦ ਵੱਲ ਲਿਜਾਇਆ ਜਾ ਰਿਹਾ ਹੈ।ਇਸ ਦੌਰਾਨ ਬੱਚਾ ਰੋਂਦਿਆਂ ਬੇਨਤੀ ਕਰ ਰਿਹਾ ਸੀ ਕਿ ਉਸ ਨੂੰ ਸਪੇਨ ਦੇ ਸਿਉਟਾ ਇਲਾਕੇ ਤੋਂ ਵਾਪਸ ਮੋਰੱਕੋ ਨਾ ਭੇਜਿਆ ਜਾਵੇ।

## ਡਾਬਰ ਦੀ 100 ਫੀਸਦੀ ਸ਼ੁੱਧਤਾ ਸਵਾਲਾਂ 'ਚ

**ਨਵੀਂ ਦਿੱਲੀ :** ਖੁਰਾਕੀ ਪਦਾਰਥਾਂ ਦੀ ਗੁਣਵੱਤਾ ਅਤੇ ਉਤਪਾਦਾਂ ਦੀ ਲੇਬਲਿੰਗ 'ਤੇ ਸਖ਼ਤ ਕਾਰਵਾਈ ਕਰਦਿਆਂ ਭਾਰਤੀ ਖਾਧ ਸੁਰੱਖਿਆ ਅਤੇ ਮਿਆਰ ਅਥਾਰਟੀ (ਫਸਾਈ) ਨੇ ਡਾਬਰ ਇੰਡੀਆ ਲਿਮਟਿਡ 'ਤੇ ਵੱਡਾ ਸ਼ਿਕੰਜਾ ਕੱਸਿਆ ਹੈ। ਅਥਾਰਟੀ ਨੇ ਕੰਪਨੀ ਵੱਲੋਂ ਆਪਣੇ ਉਤਪਾਦਾਂ 'ਤੇ '100 ਫੀਸਦੀ' ਸ਼ੁੱਧਤਾ ਦੇ ਅਸਪੱਸ਼ਟ ਅਤੇ ਗੁਮਰਾਹਕੁੰਨ ਦਾਅਵੇ ਕਰਨ ਦੇ ਮਾਮਲੇ ਵਿੱਚ ਪਾਬੰਦੀ ਦੇ ਹੁਕਮ ਜਾਰੀ ਕਰਦਿਆਂ ਅਜਿਹੇ ਖਾਧ ਪਦਾਰਥਾਂ ਦੀ ਵਿਕਰੀ ਤੁਰੰਤ ਰੋਕਣ ਦੇ ਨਿਰਦੇਸ਼ ਦਿੱਤੇ ਹਨ। ਫਸਾਈ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਸਾਂਝੀ ਕੀਤੀ ਜਾਣਕਾਰੀ ਅਨੁਸਾਰ, ਡਾਬਰ ਦੀ ਵੈੱਬਸਾਈਟ 'ਤੇ ਵੇਚੇ ਜਾ ਰਹੇ ਕਈ ਉਤਪਾਦਾਂ 'ਤੇ 100 ਫੀਸਦੀ ਨੈਚੁਰਲ, 100 ਫੀਸਦੀ ਪਿਓਰ, 100 ਫੀਸਦੀ ਪਿਓਰਿਟੀ ਗਾਰੰਟੀਡ, 100 ਫੀਸਦੀ ਔਰਗੈਨਿਕ ਅਤੇ 100 ਫੀਸਦੀ ਟੈਂਡਰ ਕੋਕੋਨਟ ਵਾਟਰ ਵਰਗੇ ਦਾਅਵੇ ਕੀਤੇ ਜਾ ਰਹੇ ਸਨ। ਅਥਾਰਟੀ ਮੁਤਾਬਕ ਇਹ ਦਾਅਵੇ ਫੂਡ ਸੇਫਟੀ ਐਂਡ ਸਟੈਂਡਰਡਜ਼ (ਐਡਵਰਟਾਈਜ਼ਿੰਗ ਐਂਡ ਕਲੇਮਜ਼) ਰੈਗੂਲੇਸ਼ਨਜ਼, 2018 ਦੇ ਨਿਯਮਾਂ ਦੀ ਉਲੰਘਣਾ ਹਨ, ਕਿਉਂਕਿ ਇਹ ਅਸਪੱਸ਼ਟ, ਅਪ੍ਰਮਾਣਿਤ ਹਨ ਅਤੇ ਖਰੀਦਦਾਰਾਂ ਨੂੰ ਗੁੰਮਰਾਹ ਕਰ ਸਕਦੇ ਹਨ। ਰੈਗੂਲੇਟਰ ਨੇ ਇਹ ਵੀ ਕਿਹਾ ਕਿ 'ਡਾਬਰ ਹਿਮਾਲਅਨ ਔਰਗੈਨਿਕ ਐਪਲ ਸਾਈਡਰ ਵਿਨੇਗਰ' ਅਤੇ 'ਡਾਬਰ ਔਰਗੈਨਿਕ ਹਨੀ' ਉੱਤੇ ਬਿਨਾਂ ਮਾਨਤਾ ਪ੍ਰਾਪਤ ਸਫਾਈ ਔਰਗੈਨਿਕ ਐਂਡੋਰਸਮੈਂਟ ਦੇ ਜੈਵਿਕ ਭਾਰਤ ਦਾ ਲੋਗੋ ਲਗਾਇਆ ਗਿਆ ਸੀ। ਇਸ ਤੋਂ ਇਲਾਵਾ ਡਾਬਰ ਹੋਮਮੇਡ ਕੋਕੋਨਟ ਮਿਲਕ ਨੂੰ 100 ਫੀਸਦੀ ਸ਼ੁੱਧਤਾ ਦੇ ਦਾਅਵੇ ਨਾਲ ਵੇਚਿਆ ਜਾ ਰਿਹਾ ਸੀ, ਜਦ ਕਿ ਮਿਸ਼ਰਤ ਖਾਧ ਪਦਾਰਥਾਂ ਲਈ ਅਜਿਹੇ ਦਾਅਵੇ ਕਰਨ ਦੀ ਕਾਨੂੰਨਨ ਮਨਾਹੀ ਹੈ।

## ਦੋ ਸਾਥੀ ਮਾਰ ਕੇ ਜਵਾਨ ਵੱਲੋਂ ਖ਼ੁਦਕੁਸ਼ੀ

**ਨਾਗਾਓ :** ਅਸਾਮ ਦੇ ਨਾਗਾਓਂ ਜ਼ਿਲ੍ਹੇ ਵਿੱਚ ਮੰਗਲਵਾਰ ਨੂੰ ਸੀ ਆਰ ਪੀ ਐੱਫ ਦੇ ਇੱਕ ਅਧਿਕਾਰੀ ਨੇ ਆਪਣੇ ਦੋ ਸਾਥੀਆਂ ਨੂੰ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਅਤੇ ਇੱਕ ਹੋਰ ਨੂੰ ਜ਼ਖ਼ਮੀ ਕਰਨ ਤੋਂ ਬਾਅਦ ਖ਼ੁਦਕੁਸ਼ੀ ਕਰ ਲਈ। ਪੁਲਸ ਨੇ ਇਹ ਜਾਣਕਾਰੀ ਦਿੱਤੀ ਹੈ। ਨਾਗਾਓਂ ਦੀ ਉਪ ਪੁਲਸ ਕਮਿਸ਼ਨਰ (ਹੈੱਡਕੁਆਰਟਰ) ਪਾਰਮਿਤਾ ਸਰਕਾਰ ਨੇ ਮੀਡੀਆ ਨੂੰ ਦੱਸਿਆ ਕਿ ਇਹ ਘਟਨਾ ਕਾਟੀਮਾਰੀ ਵਿਖੇ 34 ਬਟਾਲੀਅਨ ਕੈਂਪ ਵਿੱਚ ਸਵੇਰੇ ਕਰੀਬ 7 ਵਜੇ ਵਾਪਰੀ, ਜਦੋਂ ਮੁੱਖ ਗੇਟ 'ਤੇ ਡਿਊਟੀ ਕਰ ਰਹੇ ਏ.ਐੱਸ.ਆਈ./ਜੀ.ਡੀ. ਬੱਲਾਨੀ ਪ੍ਰੇਮਾਬਾਰਮ ਨੇ ਆਪਣੇ ਸਾਥੀਆਂ 'ਤੇ ਗੋਲੀਆਂ ਚਲਾ ਦਿੱਤੀਆਂ। ਡੀ.ਐੱਸ.ਪੀ. ਨੇ ਦੱਸਿਆ ਕਿ ਇਸ ਤੋਂ ਬਾਅਦ ਏ.ਐੱਸ.ਆਈ. ਨੇ ਖ਼ੁਦ ਨੂੰ ਵੀ ਗੋਲੀ ਮਾਰ ਲਈ ਅਤੇ ਮੌਕੇ 'ਤੇ ਹੀ ਉਸ ਦੀ ਮੌਤ ਹੋ ਗਈ। ਸਰਕਾਰ ਨੇ ਦੱਸਿਆ ਕਿ ਦੋ ਜਵਾਨਾਂ, ਹੈੱਡ ਕਾਂਸਟੇਬਲ/ਜੀ.ਡੀ. ਵਿਸ਼ਨੂੰ ਪ੍ਰਸਾਦ ਬਘੇਲ ਅਤੇ ਸਬ-ਇੰਸਪੈਕਟਰ/ਜੀ.ਡੀ. ਰਾਮਨਵਾਲ ਸਿੰਘ ਯਾਦਵ ਦੀ ਮੌਕੇ 'ਤੇ ਹੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਇਸ ਘਟਨਾ ਵਿੱਚ ਸੀ.ਆਰ.ਪੀ.ਐੱਫ. ਦਾ ਇੱਕ ਹੋਰ ਜਵਾਨ ਏ.ਐੱਸ.ਆਈ./ਮਾਨੇ ਗੋਵਿੰਦ ਸ਼੍ਰੀਪੁਲ ਜ਼ਖ਼ਮੀ ਹੋ ਗਿਆ, ਜਿਸ ਨੂੰ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ।

## ਥਾਣੇ 'ਚ ਆਤਮਦਾਹ, 4 ਗ੍ਰਿਫ਼ਤਾਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**
ਖੰਨਾ ਦੇ ਥਾਣਾ ਸਿਟੀ-1 ਵਿੱਚ ਠੱਗੀ ਦੀ ਸ਼ਿਕਾਇਤ ਲੈ ਕੇ ਇਨਸਾਫ਼ ਦੀ ਉਮੀਦ ਨਾਲ ਪਹੁੰਚੇ ਵਿਅਕਤੀ ਨੇ ਬਾਥਰੂਮ ਵਿੱਚ ਕੋਈ ਜਲਣਸ਼ੀਲ ਚੀਜ਼ ਛਿੜਕ ਕੇ ਆਪਣੇ ਆਪ ਨੂੰ ਅੱਗ ਲਗਾ ਲਈ ਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ 45 ਸਾਲਾ ਗੋਬਿੰਦ ਸਿੰਘ ਵਾਸੀ ਈਸ਼ਰ ਨਗਰ, ਲੁਧਿਆਣਾ ਵਜੋਂ ਹੋਈ ਹੈ। ਉਹ ਦਵਾਈਆਂ ਦੇ ਕਾਰੋਬਾਰ ਨਾਲ ਜੁੜਿਆ ਹੋਇਆ ਸੀ। ਕਾਰੋਬਾਰ ਵਿੱਚ ਨੁਕਸਾਨ ਕਾਰਨ ਉਹ ਖੰਨਾ ਦੇ ਲਲਹੇੜੀ ਰੋਡ 'ਤੇ ਰਹਿਣ ਵਾਲੇ ਚਰਨ ਦਾਸ ਦੇ ਸੰਪਰਕ ਵਿੱਚ ਆਇਆ, ਜੋ ਆਪਣੇ ਆਪ ਨੂੰ ਬਾਬਾ ਦੱਸ ਕੇ ਲੋਕਾਂ ਦੀਆਂ ਸਮੱਸਿਆਵਾਂ ਦੂਰ ਕਰਨ ਅਤੇ ਕਿਸਮਤ ਬਦਲਣ ਦੇ ਨਾਂਅ 'ਤੇ ਪੈਸੇ ਲੈਂਦਾ ਸੀ।

ਗੋਬਿੰਦ ਸਿੰਘ ਵੱਲੋਂ ਥਾਣੇ ਵਿੱਚ ਪਹਿਲਾਂ ਹੀ ਦਿੱਤੀ ਗਈ ਸ਼ਿਕਾਇਤ ਮੁਤਾਬਕ ਚਰਨ ਦਾਸ ਨੇ ਉਸ ਤੋਂ 73 ਹਜ਼ਾਰ ਰੁਪਏ ਲਏ। ਜਦੋਂ ਕੋਈ ਨਤੀਜਾ ਨਾ ਨਿਕਲਿਆ ਤਾਂ ਗੋਬਿੰਦ ਸਿੰਘ ਨੇ ਉਸ ਤੋਂ ਆਪਣੇ ਪੈਸੇ ਵਾਪਸ ਮੰਗੇ। ਚਰਨ ਦਾਸ ਵੱਲੋਂ ਸਿਰਫ਼ 20 ਹਜ਼ਾਰ ਰੁਪਏ ਵਾਪਸ ਕੀਤੇ ਗਏ ਅਤੇ ਬਾਕੀ 53 ਹਜ਼ਾਰ ਰੁਪਏ ਦੇਣ ਦੀ ਬਜਾਏ ਚਰਨ ਦਾਸ ਅਤੇ ਉਸ ਦ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਸਾਵਣ ਅੰਦਰ ਜਦ ਬਾਰਸ਼ ਦਾ ਦੌਰ ਚੱਲੇ,
ਕਿਧਰੇ ਵਰ੍ਹ ਜਾਵੇ, ਕੋਈ ਥਾਂ ਰਹਿ ਜਾਂਦਾ।
ਕਿਧਰੇ ਕਿਸਾਨ ਉਡੀਕਦਾ ਚਾਰ ਕਣੀਆਂ,
ਕਿਧਰੇ ਗਰੀਬ ਦੇ ਜੜ੍ਹੀਂ ਆ ਬਹਿ ਜਾਂਦਾ।
ਨਾਲੇ, ਨਾਲੀਆਂ ਵਹਿਣ ਨਹੀਂ ਝੱਲ ਸਕਦੇ,
ਦੋ-ਚਾਰ ਦਿਨਾਂ ਪਿੱਛੋਂ ਪਾਣੀ ਲਹਿ ਜਾਂਦਾ।
ਸੁਣਦਾ ਦਾਦ-ਫਰਿਆਦ ਨਹੀਂ ਜਦੋਂ ਕੋਈ,
ਬੰਦਾ ਖਿਝ ਗਿਆ ਕਈ ਕੁਝ ਕਹਿ ਜਾਂਦਾ।
ਖਿਝ ਕੇ ਅੱਖਰ ਜੇ ਚਾਰ ਕੋਈ ਬੋਲ ਬੈਠੇ,
ਅਸਰ ਪ੍ਰਸ਼ਾਸਨ 'ਤੇ ਕਦੀ ਨਾ ਹੋਏ ਬੇਲੀ।
ਕੋਈ ਨਾ ਕਿਸੇ ਨੂੰ ਕਿਤੇ ਪ੍ਰਵਾਹ ਦਿੱਸਦੀ,
ਕਿਧਰੇ ਰੋਂਦਾ ਜੇ ਕੋਈ ਪਿਆ ਰੋਏ ਬੇਲੀ।

-ਤੀਸ ਮਾਰ ਖਾਂ

## ਭਾਰਤ 'ਚ ਗੰਭੀਰ ਰੁਜ਼ਗਾਰ ਸੰਕਟ : ਕਾਂਗਰਸ



**ਨਵੀਂ ਦਿੱਲੀ :** ਕਾਂਗਰਸ ਨੇ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਦੇਸ਼ ਦੀ ਅਰਥ ਵਿਵਸਥਾ ਨੂੰ ਗੰਭੀਰ ਰੁਜ਼ਗਾਰ ਸੰਕਟ ਵਿੱਚ ਧੱਕਣ ਦਾ ਦੋਸ਼ ਲਾਇਆ ਹੈ। ਸੀਨੀਅਰ ਪਾਰਟੀ ਆਗੂ ਜੈਰਾਮ ਰਮੇਸ਼ ਨੇ ਦੋਸ਼ ਲਾਇਆ ਕਿ ਸਰਕਾਰ ਦੀਆਂ ਆਰਥਿਕ ਨੀਤੀਆਂ ਨੇ ਭਾਰਤ ਦੇ ਨੌਜਵਾਨਾਂ ਨੂੰ ਸਭ ਤੋਂ ਵੱਡਾ ਝਟਕਾ ਦਿੱਤਾ ਹੈ ਅਤੇ ਉਨ੍ਹਾਂ ਤੋਂ ਰੁਜ਼ਗਾਰ ਦੇ ਮੌਕੇ ਖੋਹ ਲਏ ਹਨ। ਕਾਂਗਰਸ ਦੇ ਰਾਜ ਸਭਾ ਮੈਂਬਰ ਰਮੇਸ਼ ਨੇ ਕਿਹਾ ਕਿ ਸਰਕਾਰ ਨੇ ਲਗਾਤਾਰ ਵਧ ਰਹੀ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਮੰਨਣ ਤੋਂ ਇਨਕਾਰ ਕੀਤਾ ਹੈ ਅਤੇ ਇਸ ਦੀ ਬਜਾਏ 'ਹੈੱਡਲਾਈਨ ਮੈਨੇਜਮੈਂਟ' ਅਤੇ ਧਿਆਨ ਭਟਕਾਉਣ ਵਾਲੀ ਸਿਆਸਤ 'ਤੇ ਧਿਆਨ ਕੇਂਦਰਿਤ ਕੀਤਾ ਹੋਇਆ ਹੈ। ਉਨ੍ਹਾਂ ਦੀਆਂ ਇਹ ਟਿੱਪਣੀਆਂ ਇੱਕ ਮੀਡੀਆ ਰਿਪੋਰਟ ਦੇ ਸਾਹਮਣੇ ਆਉਣ ਤੋਂ ਬਾਅਦ ਆਈਆਂ ਹਨ, ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਭਾਰਤ ਦੀਆਂ ਸਿਖਰਲੀਆਂ 11 ਸੂਚੀਬੱਧ ਕੰਪਨੀਆਂ ਵਿੱਚੋਂ 9 ਵਿੱਚ ਤਾਜ਼ਾ ਭਰਤੀ ਪਿਛਲੇ ਵਿੱਤੀ ਸਾਲ ਦੇ ਮੁਕਾਬਲੇ 2025-26 ਵਿੱਚ 27 ਫੀਸਦੀ ਘਟ ਗਈ ਹੈ। ਇਹ ਦੇਸ਼ ਦੇ ਸਭ ਤੋਂ ਵੱਡੇ ਰੁਜ਼ਗਾਰਦਾਤਾਵਾਂ ਵਿੱਚ ਵੀ ਨੌਕਰੀਆਂ ਪੈਦਾ ਹੋਣ ਦੀ ਰਫ਼ਤਾਰ ਵਿੱਚ ਆਈ ਭਾਰੀ ਗਿਰਾਵਟ ਨੂੰ ਦਰਸਾਉਂਦਾ ਹੈ। ਰਮੇਸ਼ ਨੇ ਕਿਹਾ, "ਅਸੀਂ ਜੋ ਵਾਰ-ਵਾਰ ਕਹਿ ਰਹੇ ਹਾਂ, ਉਹ ਸੱਚ ਸਾਬਤ ਹੋ ਰਿਹਾ ਹੈ। ਮੋਦੀ ਸਰਕਾਰ ਨੇ ਦੇਸ਼ ਦੀ ਅਰਥਵਿਵਸਥਾ ਨੂੰ ਡੂੰਘਾ ਨੁਕਸਾਨ ਪਹੁੰਚਾਇਆ ਹੈ ਅਤੇ ਇਸ ਦਾ ਸਭ ਤੋਂ ਵੱਡਾ ਮਾੜਾ ਪ੍ਰਭਾਵ ਨੌਜਵਾਨਾਂ 'ਤੇ ਪਿਆ ਹੈ। ਰਿਪੋਰਟ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਪ੍ਰਮੁੱਖ ਕੰਪਨੀਆਂ ਵੱਲੋਂ ਭਰਤੀ ਵਿੱਚ 27 ਫੀਸਦੀ ਦੀ ਗਿਰਾਵਟ ਇਸ ਗੱਲ ਦਾ ਸਬੂਤ ਹੈ ਕਿ ਭਾਰਤ ਇੱਕ ਗੰਭੀਰ ਰੁਜ਼ਗਾਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਮੱਸਿਆ ਦਾ ਹੱਲ ਲੱਭਣ ਦੀ ਬਜਾਏ ਸਰਕਾਰ ਇਸ ਦੀ ਹੋਂਦ ਤੋਂ ਹੀ ਇਨਕਾਰ ਕਰ ਰਹੀ ਹੈ। ਇਸ ਰਿਪੋਰਟ ਨੂੰ 'ਕੇਵਲ ਆਈਸਬਰਗ (ਬਰਫ਼ ਦੀ ਪਹਾੜੀ) ਦਾ ਸਿਰਾ' ਕਰਾਰ ਦਿੰਦਿਆਂ ਰਮੇਸ਼ ਨੇ ਕਿਹਾ ਕਿ ਜੇਕਰ ਵੱਡੀਆਂ ਕਾਰਪੋਰੇਟ ਕੰਪਨੀਆਂ ਹੀ ਨੌਕਰੀਆਂ ਘਟਾ ਰਹੀਆਂ ਹਨ, ਤਾਂ ਐੱਮ.ਐੱਸ.ਐੱਮ.ਈ. ਸੈਕਟਰ ਵਿੱਚ ਹਾਲਤ ਇਸ ਤੋਂ ਵੀ ਕਿਤੇ ਵੱਧ ਮਾੜੀ ਹੋਵੇਗੀ। ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਦੀਆਂ 'ਹਮ ਦੋ, ਹਮਾਰੇ ਦੋ' ਆਰਥਿਕ ਨੀਤੀਆਂ ਦਾ ਸਭ ਤੋਂ ਵੱਡਾ ਖਮਿਆਜ਼ਾ ਇਸ ਸੈਕਟਰ ਨੂੰ ਭੁਗਤਣਾ ਪਿਆ ਹੈ ਅਤੇ ਗਲਤ ਆਰਥਿਕ ਫ਼ੈਸਲਿਆਂ ਨੇ ਦੇਸ਼ ਦੇ ਨੌਕਰੀ ਬਾਜ਼ਾਰ ਨੂੰ ਡੂੰਘੇ ਸੰਕਟ ਵਿੱਚ ਧੱਕ ਦਿੱਤਾ ਹੈ। ਰਮੇਸ਼ ਨੇ ਕਿਹਾ ਕਿ ਦੇਸ਼ ਦੇ ਨੌਜਵਾਨ ਸਮਝਦਾਰ ਹਨ ਅਤੇ ਉਹ ਕਿਸੇ ਦਿਖਾਵੇ ਦੇ ਝਾਂਸੇ ਵਿੱਚ ਨਹੀਂ ਆਉਣਗੇ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੂੰ ਖੁਸ਼ ਕਰਨ ਲਈ ਸਿਰਫ਼ ਗੱਲ੍ਹਾਂ ਬਣਾਉਣਾ ਕਾਫ਼ੀ ਨਹੀਂ ਹੋਵੇਗਾ, ਬਲਕਿ ਉਨ੍ਹਾਂ ਲਈ ਨੌਕਰੀਆਂ ਪੈਦਾ ਕਰਨ ਦੀ ਲੋੜ ਹੈ।

## ਸੀ ਪੀ ਆਈ ਵੱਲੋਂ ਭਿੱਖੀਵਿੰਡ ਬਲਾਕ 'ਚ 7 ਤੋਂ ਜਥਾ ਮਾਰਚ : ਮਾੜੀਮੇਘਾ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਗੋਲਣ, ਰਣਬੀਰ ਸਿੰਘ ਗੋਲਣ)**
ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਦਿੱਲੀ 'ਚ ਪਹਿਲੀ ਸਤੰਬਰ ਨੂੰ ਕੁੱਲ ਹਿੰਦ ਪੱਧਰ ਦੀ ਮਹਾਂ ਰੈਲੀ ਨੂੰ ਕਾਮਯਾਬ ਕਰਨ ਅਤੇ ਰੈਲੀ ਦੇ ਪ੍ਰੋਗਰਾਮ ਨੂੰ ਲੋਕਾਂ ਤੱਕ ਲਿਜਾਣ ਲਈ ਪੈਦਲ ਯਾਤਰਾ ਭਾਵ ਜਥਾ ਮਾਰਚ ਦੇਸ਼ ਭਰ ਵਿੱਚ ਹੋ ਰਿਹਾ ਹੈ। ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਅਤੇ ਬਲਾਕ ਸਕੱਤਰ ਨਰਿੰਦਰ ਸਿੰਘ ਅਲਗੋਂ ਕੋਠੀ ਨੇ ਕਿਹਾ ਕਿ ਇਹ ਜਥਾ ਮਾਰਚ ਭਿੱਖੀਵਿੰਡ ਬਲਾਕ ਵਿੱਚ 7 ਅਗਸਤ ਤੋਂ ਚੱਲੇਗਾ।ਜਥੇ ਦਾ ਕਾਫ਼ਲਾ ਭਿੱਖੀਵਿੰਡ ਤੋਂ ਚੱਲ ਕੇ ਮਿਰਚਾਂ ਦੀ ਮਸ਼ਹੂਰ ਮੰਡੀ ਖਾਲੜਾ, ਇਤਿਹਾਸਕ ਪਿੰਡ ਮਾੜੀ ਕੰਬੋਕੀ, ਅਲਗੋਂ ਖੁਰਦ ਅਤੇ ਅਲਗੋਂ ਕੋਠੀ ਦੇ ਬਾਜ਼ਾਰ ਵਿੱਚ ਮਾਰਚ ਕਰਨ ਤੋਂ ਬਾਅਦ ਸਮਾਪਤ ਹੋਵੇਗਾ। ਜਥਾ ਮੰਗ ਕਰੇਗਾ ਕਿ ਕੇਂਦਰ ਸਰਕਾਰ ਹਿੰਦੁਸਤਾਨ ਦੇ ਸੰਵਿਧਾਨ ਨਾਲ ਛੇੜਛਾੜ ਕਰਨੀ ਬੰਦ ਕਰੇ। ਸਰਕਾਰ ਦੇਸ਼ ਵਿੱਚ ਵਸ ਰਹੇ ਘੱਟ ਗਿਣਤੀਆਂ ਦੇ ਲੋਕਾਂ ਦੀ ਰਾਖੀ ਦੀ ਜ਼ਿੰਮੇਵਾਰੀ ਨਿਭਾਵੇ। ਵਿਦਿਆਰਥੀਆਂ ਦੇ ਸਿਲੇਬਸ ਵਿੱਚੋਂ ਧਰਮ ਨਿਰਪੱਖ ਅਤੇ ਦੇਸ਼ ਭਗਤੀ ਵਾਲੇ ਕੱਢੇ ਚੈਪਟਰ ਮੁੜ ਸਿਲੇਬਸ ਵਿੱਚ ਪਾਏ। ਆਰ ਐੱਸ ਐੱਸ ਦੀ ਫਿਰਕੂ ਸੋਚ 'ਤੇ ਪਾਬੰਦੀ ਲਾਈ ਜਾਵੇ। ਨਰੇਗਾ ਕਾਨੂੰਨ ਪਹਿਲਾਂ ਦੀ ਤਰ੍ਹਾਂ ਬਹਾਲ ਕੀਤਾ ਜਾਵੇ। ਇਸੇ ਤਰ੍ਹਾਂ ਚੰਡੀਗੜ੍ਹ ਪੰਜਾਬ ਦਾ ਹੈ ਅਤੇ ਪੰਜਾਬ ਨੂੰ ਦਿੱਤਾ ਜਾਵੇ। ਪੰਜਾਬ ਦੇ ਦਰਿਆਵਾਂ ਦੇ ਪਾਣੀ 'ਤੇ ਸਿਰਫ ਪੰਜਾਬ ਦਾ ਹੱਕ ਹੈ ਅਤੇ ਪਾਣੀ ਪੰਜਾਬ ਨੂੰ ਹੀ ਮਿਲਣਾ ਚਾਹੀਦਾ ਹੈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦਾ ਬਣਦਾ ਹਿੱਸਾ ਬਹਾਲ ਕੀਤਾ ਜਾਵੇ। ਜਥਾ ਮਾਰਚ ਦੀ ਅਗਵਾਈ ਪੰਜਾਬ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਨਰੇਗਾ ਮਜ਼ਦੂਰ ਯੂਨੀਅਨ ਦੇ ਆਗੂ ਟਹਿਲ ਸਿੰਘ ਲੱਧੂ, ਪੰਜਾਬ ਇਸਤਰੀ ਸਭਾ ਦੀ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ, ਸੀ ਪੀ ਆਈ ਦੇ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਸੁਖਦੇਵ ਸਿੰਘ ਕਾਲਾ, ਸੀ ਪੀ ਆਈ ਦੇ ਬਲਾਕ ਮੀਤ ਸਕੱਤਰ ਜਸਵੰਤ ਸਿੰਘ ਸੂਰਵਿੰਡ ਅਤੇ ਕਿਸਾਨ ਆਗੂ ਰਛਪਾਲ ਸਿੰਘ ਬਾਠ ਕਰਨਗੇ।

## ਚੇਅਰਮੈਨ ਦੀਪਕ ਸੂਦ ਨੇ ਲੋਕ ਮਿਲਣੀਆਂ ਕੀਤੀਆਂ ਸ਼ੁਰੂ

### ਸਰਕਾਰੀ ਯੋਜਨਾਵਾਂ ਲੋਕਾਂ ਤੱਕ ਪਹੁੰਚਾਉਣਾ ਮੇਰਾ ਉਦੇਸ਼ : ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**-ਰਾਜਪੁਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਤੇ ਤਿੰਨ ਵਿਧਾਨ ਸਭਾ ਹਲਕਿਆਂ ਦੇ ਆਮ ਆਦਮੀ ਪਾਰਟੀ ਵੱਲੋਂ ਪ੍ਰਭਾਰੀ ਨਿਯੁਕਤ ਕੀਤੇ ਗਏ ਉੱਘੇ ਆਪ ਆਗੂ ਦੀਪਕ ਸੂਦ ਵੱਲੋਂ ਲੋਕ ਮਿਲਣੀਆਂ ਦਾ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ।ਇਸ ਮੁਹਿੰਮ ਤਹਿਤ ਉਨ੍ਹਾਂ ਨੇ ਵਾਰਡ ਨੰਬਰ ਇੱਕ ਦੇ ਲੋਕਾਂ ਨਾਲ ਮਿਲਣੀ ਕਰਕੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਦੇ ਨਾਲ ਨਾਲ ਲੋਕਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਲਈ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਚੇਅਰਮੈਨ ਦੀਪਕ ਸੂਦ ਨੇ ਕਿਹਾ ਕਿ ਚੋਣ ਵਰ੍ਹਾ ਹੋਣ ਕਰਕੇ ਪੰਜਾਬ ਸਰਕਾਰ ਦੀਆਂ ਯੋਜਨਾਵਾਂ ਨੂੰ ਹਰ ਘਰ ਤੱਕ ਪਹੁੰਚਾਉਣਾ ਬਤੌਰ ਆਪ ਆਗੂ ਉਨ੍ਹਾਂ ਦਾ ਫਰਜ਼ ਹੈ ਤੇ ਇਨ੍ਹਾਂ ਲੋਕ ਮਿਲਣੀਆਂ ਦਾ ਉਦੇਸ਼ ਵੀ ਇਹੀ ਹੈ।ਇਸ ਮੌਕੇ ਪ੍ਰੇਮ ਕੁਮਾਰ, ਜੋਨੀ ਨਾਰੰਗ, ਗਿਰੀਧਰ ਮਦਾਨ, ਸੰਜੇ ਕੁਮਾਰ, ਨਵੀਨ ਕੁਮਾਰ, ਐਡਵੋਕੇਟ ਮਨੀਸ਼ ਬਤਰਾ, ਮੁਕੇਸ਼ ਕੁਮਾਰ, ਰੋਬਿਨ ਕੁਮਾਰ, ਯਸ਼ ਕੁਮਾਰ, ਕਰਨੈਲ ਪੁਰੀ ਸਮੇਤ ਕਈ ਆਪ ਆਗੂ ਮੌਜੂਦ ਸਨ।

# ਗਊਸ਼ਾਲਾਵਾਂ ਲਈ 61 ਰੁਪਏ ਪ੍ਰਤੀ ਗਊਧੰਨ ਪ੍ਰਤੀ ਦਿਨ ਸੂਬਾ ਸਰਕਾਰ ਵੱਲੋਂ ਕੀਤੀ ਪ੍ਰਵਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਪੰਜਾਬ ਰਾਜ ਦੀਆਂ ਸੜਕਾਂ ਤੇ ਲਵਾਰਿਸ ਤੇ ਬੇਸਹਾਰਾ ਗਊਧਨ ਕਾਰਨ ਹੋਣ ਵਾਲੀਆਂ ਦੁਰਘਟਨਾਵਾਂ ਤੋਂ ਬਚਾਉਣ ਲਈ ਰਾਜ ਦੇ ਹਰ ਜਿਲ੍ਹੇ ਅੰਦਰ ਸਰਕਾਰੀ ਕੈਟਲ ਕੰਪਾਊਂਡ ਗਊਸ਼ਾਲਾਵਾਂ ਵਿੱਚ ਲਵਾਰਿਸ ਤੇ ਬੇਸਹਾਰਾ ਗਊਧੰਨ ਨੂੰ ਬਹੁਤ ਜਲਦੀ ਪੁਚਾਉਣ ਦੇ ਯੋਗ ਪ੍ਰਬੰਧ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਉਪ ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਪੰਜਾਬ ਕੀਮਤੀ ਭਗਤ ਨੇ ਡਿਪਟੀ ਕਮਿਸ਼ਨਰ ਮੀਟਿੰਗ ਹਾਲ ਵਿਖੇ ਜਿਲ੍ਹੇ ਦੇ ਅਧਿਕਾਰੀਆਂ, ਗਊਸ਼ਾਲਾਵਾਂ ਦੇ ਪ੍ਰਤੀਨਿਧਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ।ਉਨ੍ਹਾਂ ਦੱਸਿਆ ਕਿ ਬਿਮਾਰ ਪਸ਼ੂਆਂ ਦੀ ਸਾਂਭ-ਸੰਭਾਲ ਕਰਨ ਤੇ ਉਨ੍ਹਾਂ ਨੂੰ ਢੁਕਵੀਆਂ ਗਊਸ਼ਾਲਾਵਾਂ ਤੱਕ ਪੁਚਾਉਣ ਲਈ ਸੂਬਾ ਸਰਕਾਰ ਵੱਲੋਂ ਜਲਦੀ ਹੀ 3 ਕਰੋੜ 4 ਲੱਖ ਰੁਪਏ ਦੀ ਲਾਗਤ ਨਾਲ ਕਾਓ ਲਿਫਟਰਾਂ ਦੀ ਖਰੀਦ ਕੀਤੀ ਜਾ ਰਹੀ ਹੈ। ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਗਊਆਂ ਦੇ ਚਾਰੇ ਅਤੇ ਖੁਰਾਕ ਲਈ 61 ਰੁਪਏ ਦੀ ਰਾਸ਼ੀ ਪ੍ਰਤੀ ਗਊਧੰਨ ਪ੍ਰਤੀ ਦਿਨ ਜਲਦ ਪੁਚਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਗਊ ਧੰਨ ਦੀ ਸਾਂਭ ਸੰਭਾਲ ਲਈ ਜਲਦੀ ਟੋਲ ਫਰੀ ਨੰਬਰ ਵੀ ਜਾਰੀ ਕੀਤਾ ਜਾਵੇਗਾ।ਇਸ ਤੋਂ ਪਹਿਲਾਂ ਉਪ ਚੇਅਰਮੈਨ ਸ੍ਰੀ ਕੀਮਤ ਭਗਤ ਨੇ ਮੀਟਿੰਗ ਦੌਰਾਨ ਪਸ਼ੂ ਪਾਲਣ ਵਿਭਾਗ ਨੂੰ ਹਦਾਇਤ ਕੀਤੀ ਕਿ ਬੇਜ਼ੁਬਾਨ ਪਸ਼ੂਆਂ ਦੀ ਵੈਕਸੀਨੇਸ਼ਨ ਕੀਤੀ ਜਾਵੇਗਾ।ਇਸ ਤੋਂ ਇਲਾਵਾ ਹਰ ਗਊਸ਼ਾਲਾਵਾਂ ਵਿੱਚ ਗਊਧਨ ਨੂੰ ਚੈਕ ਕਰਨ ਲਈ ਡਾਕਟਰਾਂ ਦੀਆਂ ਦੀ ਡਿਊਟੀਆਂ ਲਾਈਆਂ ਜਾਣ ਤੇ ਇਨ੍ਹਾਂ ਦੀ ਹਾਜ਼ਰੀ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਜ਼ਿਲ੍ਹੇ ਦੇ ਕਾਰਜ ਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਅਵਾਰਾ ਪਸ਼ੂਆਂ ਨੂੰ ਫੜ ਕੇ ਸਰਕਾਰੀ ਗਊਸ਼ਾਲਾਂ ਵਿੱਚ ਛੱਡਣ ਲਈ ਢੁਕਵੇ ਪ੍ਰਬੰਧ ਕੀਤੇ ਜਾਣ, ਇਸ ਤੋਂ ਇਲਾਵਾ ਅਵਾਰਾ ਪਸ਼ੂਆਂ ਨੂੰ ਫੜਣ ਲਈ ਪਸ਼ੂ ਕੈਪਚਰਾਂ ਦੀ ਖਰੀਦ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜਿਹੜੇ ਅਧਿਕਾਰੀ ਤੇ ਕ੍ਰਮਚਾਰੀਆਂ ਗਊਧਨ ਦੀ ਸਾਂਭ ਸੰਭਾਲ ਲਈ ਵਧੀਆ ਕੰਮ ਕਰਨਗੇ। ਉਨ੍ਹਾਂ ਨੂੰ ਸਰਕਾਰ ਵਲੋਂ ਪ੍ਰਸੰਸਾ ਪੱਤਰ ਦਿੱਤੇ ਜਾਣਗੇ ਤੇ ਅਣਗਹਿਲੀ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਪ ਚੇਅਰਮੈਨ ਨੇ ਪੰਚਾਇਤੀ ਵਿਭਾਗ ਨੂੰ ਹਦਾਇਤ ਕੀਤੀ ਕਿ ਅਵਾਰਾ ਪਸ਼ੂਆਂ ਦੀ ਸਾਂਭ ਸੰਭਾਲ ਲਈ 10-15 ਪਿੰਡਾਂ ਲਈ ਸਰਕਾਰੀ ਜਮੀਨਾਂ ਤੇ ਗਉਸ਼ਾਲਾਵਾਂ ਬਨਾਉਣ ਲਈ ਢੁੱਕਵੀਂ ਕਾਰਵਾਈ ਆਰੰਭ ਕੀਤੀ ਜਾਵੇ।

## ਮੌਨਸੂਨ ਦੀ ਪਹਿਲੀ ਤੇਜ਼ ਬਾਰਸ਼ ਨਾਲ ਸ਼ਹਿਰ ਜਲ-ਥਲ, ਗਲੀਆਂ 'ਚ ਭਰਿਆ ਪਾਣੀ

**ਧੂਰੀ (ਮਨੋਹਰ ਸਿੰਘ ਸੱਗੂ)**-ਗਰਮੀ ਦੇ ਮੌਸਮ ਦੌਰਾਨ ਮੰਗਲਵਾਰ ਧੂਰੀ ਵਿੱਚ ਕਰੀਬ ਇੱਕ ਘੰਟਾ ਪਈ ਮੌਨਸੂਨ ਦੀ ਪਹਿਲੀ ਤੇਜ਼ ਬਾਰਸ਼ ਨਾਲ ਭਾਵੇਂ ਹੁੰਮਸ ਤੇ ਗਰਮੀ ਤੋਂ ਤਾਂ ਰਾਹਤ ਮਿਲੀ, ਪਰ ਭਾਰੀ ਬਾਰਸ਼ ਕਾਰਨ ਸ਼ਹਿਰ ਦੇ ਕਈ ਹਿੱਸਿਆਂ ਵਿੱਚ ਪਾਣੀ ਭਰ ਗਿਆ ਅਤੇ ਸ਼ਹਿਰ ਜਲ-ਥਲ ਹੋਇਆ ਨਜ਼ਰ ਆਇਆ।ਭਾਰੀ ਮੀਂਹ ਕਾਰਨ ਬਾਜ਼ਾਰਾਂ, ਸੜਕਾਂ ਤੇ ਬਹੁਤੇ ਗਲੀ-ਮੁਹੱਲਿਆਂ ਵਿੱਚ ਪਾਣੀ ਖੜ੍ਹਾ ਹੋ ਗਿਆ, ਜਿਸ ਨਾਲ ਲੋਕਾਂ ਨੂੰ ਆਵਾਜਾਈ ਦੌਰਾਨ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।ਸ਼ਹਿਰ ਦੇ ਨੀਵੇਂ ਇਲਾਕਿਆਂ ਤੇ ਰਿਹਾਇਸ਼ੀ ਮੁਹੱਲਿਆਂ ਦੀਆਂ ਗਲੀਆਂ ਵਿੱਚ ਪਾਣੀ ਭਰਨ ਕਾਰਨ ਲੋਕਾਂ ਦੇ ਘਰਾਂ ਅੱਗੇ ਜਲ ਭਰਾਅ ਦੀ ਸਥਿਤੀ ਬਣ ਗਈ।ਕਈ ਥਾਵਾਂ 'ਤੇ ਦੋਪਹੀਆ ਵਾਹਨ ਚਾਲਕਾਂ ਤੇ ਰਾਹਗੀਰਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।ਨਾਗਰਿਕਾਂ ਨੇ ਪ੍ਰਸ਼ਾਸਨ ਤੇ ਨਗਰ ਕੌਂਸਲ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਦੀ ਨਿਕਾਸੀ ਪ੍ਰਣਾਲੀ ਨੂੰ ਦਰੁਸਤ ਕੀਤਾ ਜਾਵੇ ਅਤੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਢੁੱਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ ਤਾਂ ਜੋ ਲੋਕਾਂ ਨੂੰ ਭਵਿੱਖ ਵਿੱਚ ਅਜਿਹੀਆਂ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ।



## 7 ਦੀ ਚੰਡੀਗੜ੍ਹ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਾਂਗੇ : ਡੀ ਟੀ ਐੱਫ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਪੰਜਾਬ ਦੇ ਸੱਦੇ 'ਤੇ ਚੰਡੀਗੜ੍ਹ ਵਿਖੇ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਰੈਲੀ ਲਈ ਡੈਮੋਕ੍ਰੇਟਿਕ ਟੀਚਰਜ਼ ਫਰੰਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਪ੍ਰਧਾਨ ਪਵਨ ਕੁਮਾਰ ਦੀ ਅਗਵਾਈ ਹੇਠ ਤਿਆਰੀ ਮੀਟਿੰਗ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰ ਕੁਲਵਿੰਦਰ ਸਿੰਘ ਗੋਨੇਆਣਾ ਤੇ ਸੂਬਾ ਕਮੇਟੀ ਮੈਂਬਰ ਪਰਮਾਤਮਾ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਹੋਇਆ ਹੈ।ਮਾਣ ਭੱਤੇ ਵਾਲੇ, ਕੱਚੇ, ਠੇਕੇ ਵਾਲੇ ਤੇ ਆਊਟ ਸੋਰਸ ਮੁਲਾਜ਼ਮਾਂ ਦਾ ਐਨਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ ਕਿ ਉਹ ਉਨ੍ਹਾਂ ਨੂੰ ਜਿਉਣ ਯੋਗ ਘੱਟੋ ਘੱਟ ਉਜ਼ਰਤ ਵੀ ਨਹੀਂ ਦਿੱਤੀ ਜਾ ਰਹੀ।ਇਸ ਸਭ ਖਿਲਾਫ ਸੂਬੇ ਭਰ ਦੇ ਮੁਲਾਜ਼ਮਾਂ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਰੋਸ ਹੈ, ਜਿਸ ਦਾ ਪ੍ਰਗਟਾਵਾ ਉਹ 7 ਅਗਸਤ ਦੀ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕਰਕੇ ਕਰਨਗੇ।ਜ਼ਿਲ੍ਹਾ ਕਮੇਟੀ ਮੈਂਬਰ ਮਨਦੀਪ ਸਿੰਘ, ਰਵੀ ਕੁਮਾਰ, ਜਸਵੰਤ ਸਿੰਘ, ਸੁਰਿੰਦਰ ਕੁਮਾਰ, ਕੰਵਲਜੀਤ ਪਾਲ, ਕੁਲਵੰਤ ਸਿੰਘ, ਬਲਵੰਤ ਸਿੰਘ, ਰਣਜੀਤ ਸਿੰਘ, ਭੁਪਿੰਦਰ ਕੁਮਾਰ, ਗੁਰਚਰਨ ਸਿੰਘ, ਰਵੀ ਕੁਮਾਰ ਗੋਨੇਆਣਾ ਨੇ ਐਲਾਨ ਕੀਤਾ ਕਿ ਡੀ ਟੀ ਐੱਫ ਵੱਲੋਂ ਇਸ ਧਰਨੇ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

## ਡਾ. ਕਲਾਮ ਇੰਟਰਨੈਸ਼ਨਲ ਸਕੂਲ 'ਚ ਵਾਤਾਵਰਣ ਸੰਭਾਲ ਸੰਬੰਧੀ ਸੈਮੀਨਾਰ

### 'ਬੀਜ ਰੋਪਣ ਤੋਂ ਪੌਦਾ ਰੋਪਣ ਅਭਿਆਨ' ਤਹਿਤ ਮੁਫ਼ਤ ਬੀਜ ਵੰਡੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਡਾ. ਕਲਾਮ ਇੰਟਰਨੈਸ਼ਨਲ ਸਕੂਲ ਵਿਖੇ 'ਬੀਜ ਰੋਪਣ ਤੋਂ ਪੌਦਾ ਰੋਪਣ ਅਭਿਆਨ' ਤਹਿਤ ਵਾਤਾਵਰਣ ਸੰਭਾਲ ਸਬੰਧੀ ਅਧਿਆਪਕਾਂ ਲਈ ਇੱਕ ਰੋਜ਼ਾ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਸਕੂਲ ਮੈਨੇਜਮੈਂਟ ਡਾਇਰੈਕਟਰ ਸ੍ਰੀ ਰਾਮ ਗੁਪਤਾ, ਸ੍ਰੀਮਤੀ ਅਰੁਸ਼ੀ ਗੁਪਤਾ ਤੇ ਸਕੂਲ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਇਸ ਸੈਮੀਨਾਰ ਨੂੰ 'ਪਰਿਆਵਰਨ ਸੰਰਕਸ਼ਣ ਗਤੀਵਿਧੀ, ਪੰਜਾਬ' ਦਾ ਸਹਿਯੋਗ ਪ੍ਰਾਪਤ ਸੀ।ਇਸ ਮੌਕੇ ਵਾਤਾਵਰਣ ਵਿੱਚ ਆ ਰਹੇ ਬਦਲਾਵਾਂ, ਗਲੋਬਲ ਵਾਰਮਿੰਗ, ਪ੍ਰਦੂਸ਼ਨ ਦੀਆਂ ਚੁਣੌਤੀਆਂ ਤੇ ਬੀਜਾਂ ਤੋਂ ਪੌਦੇ ਤਿਆਰ ਕਰਨ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।ਬੁਲਾਰਿਆਂ ਨੇ ਕਿਹਾ ਕਿ ਜੇਕਰ ਹਰ ਵਿਅਕਤੀ ਆਪਣੇ ਜੀਵਨ ਵਿਚ ਘੱਟੋ-ਘੱਟ ਇੱਕ ਰੁੱਖ ਲਗਾ ਕੇ ਉਸ ਦੀ ਸੰਭਾਲ ਕਰੇ ਤਾਂ ਵਾਤਾਵਰਣ ਨੂੰ ਸਾਫ਼-ਸੁਥਰਾ ਤੇ ਸੰਤੁਲਿਤ ਬਣਾਇਆ ਜਾ ਸਕਦਾ ਹੈ।ਉਨ੍ਹਾਂ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਵਿਦਿਆਰਥੀਆਂ ਵਿਚ ਵੀ ਕੁਦਰਤ ਪ੍ਰਤੀ ਪਿਆਰ ਤੇ ਵਾਤਾਵਰਣ ਦੀ ਸੰਭਾਲ ਦੀ ਭਾਵਨਾ ਪੈਦਾ ਕਰਨ। ਸੈਮੀਨਾਰ ਦੇ ਅੰਤ ਵਿੱਚ ਸਮੂਹ ਅਧਿਆਪਕਾਂ ਨੂੰ ਵੱਖ-ਵੱਖ ਕਿਸਮਾਂ ਦੇ ਬੀਜ ਮੁਫ਼ਤ ਵੰਡੇ ਗਏ ਤੇ ਉਨ੍ਹਾਂ ਨੂੰ ਇਨ੍ਹਾਂ ਦੀ ਬਿਜਾਈ ਕਰਕੇ ਵੱਧ ਤੋਂ ਵੱਧ ਰੁੱਖ ਤਿਆਰ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਥਾਣੇ ਅੱਗੇ ਸੰਕੇਤਕ ਧਰਨਾ ਦਿੱਤਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੱਤਰਕਾਰ ਏਕਤਾ ਫਰੰਟ ਦੇ ਸੱਦੇ 'ਤੇ ਕਿਸਾਨ ਯੂਨੀਅਨਾਂ ਦੇ ਸਹਿਯੋਗ ਨਾਲ ਥਾਣਾ ਸਿਟੀ ਅੱਗੇ 10 ਵਜੇ ਤੋਂ 2 ਵਜੇ ਤੱਕ ਸੰਕੇਤਕ ਧਰਨਾ ਦਿੱਤਾ ਗਿਆ।ਪੱਤਰਕਾਰ ਏਕਤਾ ਫਰੰਟ ਵੱਲੋਂ ਬਣਾਈ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਲਾਏ ਇਸ ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ, ਭਾਰਤੀ ਕਿਸਾਨ ਯੂਨੀਅਨ ਫਤਿਹ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੁਰਜ ਗਿੱਲ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਸਮੇਤ ਇਲਾਕੇ ਨਾਲ ਸਬੰਧਤ ਪੱਤਰਕਾਰਾਂ ਨੇ ਭਾਗ ਲਿਆ।ਕਿਸਾਨ ਆਗੂ ਕਾਕਾ ਸਿੰਘ ਕੋਟੜਾ, ਪ੍ਰਸ਼ੋਤਮ ਮਹਿਰਾਜ, ਗੁਲਾਬ ਸਿੰਘ ਜਿਉਂਦ, ਪ੍ਰਭਜੋਤ ਸਿੰਘ ਸਮੇਤ ਮਿੰਨ ਬੱਸ ਉਪਰੇਟਰ ਯੂਨੀਅਨ ਦੇ ਨੁਮਾਇੰਦਿਆਂ ਨੇ ਬੋਲਦਿਆਂ ਕਿਹਾ ਕਿ ਸਰਕਾਰ ਹੁਣ ਸੱਤਾ ਦੇ ਨਸ਼ੇ ਵਿੱਚ ਲੋਕਤੰਤਰ ਦੇ ਚੌਥੇ ਥੰਮ (ਪੱਤਰਕਾਰਤਾ) ਦੀ ਆਵਾਜ਼ ਬੰਦ ਕਰਨਾ ਚਾਹੁੰਦੀ ਹੈ।ਉਨ੍ਹਾਂ ਮਾਰਕਿਟ ਕਮੇਟੀ ਦੇ ਚੇਅਰਮੈਨ ਦਰਸ਼ਨ ਸੋਹੀ ਤੇ ਉਸਦੇ ਸਾਥੀ ਗੁਰਲਾਲ ਸਿੰਘ ਸਿਧਾਣਾ ਵੱਲੋਂ ਇੱਕ ਪੱਤਰਕਾਰ ਨਾਲ ਕੀਤੀ ਧੱਕੇਸ਼ਾਹੀ ਦੀ ਨਿੰਦਾ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਤੇ ਪੰਜਾਬ ਪੁਲਸ ਆਮ ਲੋਕਾਂ ਕੀ ਇਨਸਾਫ ਦਿਵਾਏਗੀ, ਜਦਕਿ ਲੋਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਪੱਤਰਕਾਰਾਂ ਨੂੰ ਵੀ ਇਨਸਾਫ਼ ਲੈਣ ਲਈ ਥਾਣਿਆ ਅੱਗੇ ਧਰਨੇ ਮੁਜ਼ਾਹਰੇ ਕਰਨੇ ਪੈ ਰਹੇ ਹਨ।

## ਸੰਘਰਸ਼ੀ ਕਾਮਿਆਂ ਦੀ ਜਿੱਤ, ਧਰਨਾ ਚੁੱਕਿਆ



**ਬਠਿੰਡਾ (ਰਾਜੀਵ ਗੋਇਲ)**-ਪਿਛਲੇ ਕਾਫੀ ਦਿਨਾਂ ਤੋਂ ਸੂਬੇ ਅੰਦਰ ਸਫਾਈ ਕਾਮਿਆਂ ਦੀ ਚੱਲ ਰਹੀ ਹੜਤਾਲ ਖੁੱਲ੍ਹ ਗਈ ਹੈ ਅਤੇ ਕਾਮਿਆਂ ਨੇ ਮੰਗਾਂ ਮੰਨੇ ਜਾਣ 'ਤੇ ਲੱਡੂ ਵੰਡ ਕੇ ਖੁਸ਼ੀ ਮਨਾਈ। ਨਗਰ ਪੰਚਾਇਤ ਭਗਤਾ ਦੇ ਪ੍ਰਧਾਨ ਜਗਸੀਰ ਸਿੰਘ ਸੀਰਾ ਪੰਨੂ ਵੱਲੋਂ ਸਫਾਈ ਕਾਮਿਆਂ ਦੀ ਹੜਤਾਲ ਖੁਲ੍ਹਵਾਉਂਦੇ ਹੋਏ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਮੰਨੇ ਜਾਣ 'ਤੇ ਮੂੰਹ ਮਿੱਠਾ ਕਰਾਇਆ ਗਿਆ। ਨਗਰ ਪੰਚਾਇਤ ਭਗਤਾ ਦੇ ਸਫਾਈ ਕਾਮਿਆਂ ਦੇ ਪ੍ਰਧਾਨ ਸੰਦੀਪ ਕੁਮਾਰ ਨੇ ਦੱਸਿਆ ਕਿ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਮੰਨ ਲਈਆਂ ਗਈਆਂ ਹਨ, ਜਿਸ ਕਾਰਨ ਉਨ੍ਹਾਂ ਵੱਲੋਂ ਆਪਣੀ ਹੜਤਾਲ ਖਤਮ ਕਰਕੇ ਸਫਾਈ ਕਾਰਜ ਸ਼ੁਰੂ ਕਰ ਦਿੱਤਾ ਹੈ। ਉਧਰ ਦੂਜੇ ਪਾਸੇ ਨਗਰ ਪੰਚਾਇਤ ਦੇ ਪ੍ਰਧਾਨ ਸੀਰਾ ਪੰਨੂ ਵੱਲੋਂ ਕਾਮਿਆਂ ਦੀਆਂ ਹੱਕੀ ਮੰਗਾਂ ਮੰਨੇ ਜਾਣ 'ਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਾਉਂਦੇ ਹੋਏ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਦੱਸਣਾ ਬਣਦਾ ਹੈ ਕਿ ਕਾਮਿਆਂ ਦੀ ਹੜਤਾਲ ਕਾਰਨ ਸੂਬੇ ਭਰ,ਚ ਸਫਾਈ ਦਾ ਮੰਦੜਾ ਹਾਲ ਹੋ ਚੁੱਕਾ ਸੀ ਤੇ ਹੜਤਾਲ ਖਤਮ ਹੋਣ ਕਾਰਨ ਆਮ ਲੋਕਾਂ ਵੱਲੋਂ ਸੁੱਖ ਦਾ ਸਾਹ ਲਿਆ ਗਿਆ ਹੈ।

## ਪੈਨਸ਼ਨਰ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਇਨਫਰਮੇਸ਼ਨ ਸੈਂਟਰ ਮੈਨੇਜਮੈਂਟ ਕਮੇਟੀ ਦੀ ਮਹੀਨਾਵਾਰ ਮੀਟਿੰਗ ਚੇਅਰਮੈਨ ਸੁਸ਼ੀਲ ਕੁਮਾਰ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਹੋਈ।ਅੱਜ ਜਿਉਂ ਹੀ ਹਾਈਕੋਰਟ ਦੇ ਡਬਲ ਬੈਂਚ ਵੱਲੋਂ ਮੁਲਾਜ਼ਮਾਂ/ਪੈਨਸ਼ਨਰਾਂ ਦੇ ਹੱਕ ਵਿੱਚ ਫੈਸਲਾ ਸੁਣਾਇਆ ਗਿਆ, ਖੁਸ਼ੀ ਦੀ ਲਹਿਰ ਦੌੜ ਗਈ, ਆਖ਼ਰ ਨੂੰ ਹੱਕ, ਸੱਚ, ਇਨਸਾਫ਼ ਦੀ ਜਿੱਤ ਹੋਈ ਹੈ। ਉੱਚ ਅਦਾਲਤ ਨੇ 15 ਦਿਨ ਦੇ ਅੰਦਰ ਅੰਦਰ ਰਾਜ ਸਰਕਾਰ ਨੂੰ ਅਦਾਇਗੀ ਲਈ ਕਿਹਾ ਹੈ।ਮੀਟਿੰਗ ਦੀ ਸ਼ੁਰੂਆਤ, ਜਿਨ੍ਹਾਂ ਪੈਨਸ਼ਨਰਾਂ ਦੇ ਮਹੀਨਾ ਅਗਸਤ ਵਿੱਚ ਜਨਮ ਦਿਨ ਸੀ, ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਦੂਜਾ 7 ਅਗਸਤ ਨੂੰ ਚੰਡੀਗੜ੍ਹ ਵਿਖੇ ਸੂਬਾ ਪੱਧਰੀ ਰੈਲੀ ਵਿੱਚ ਵੱਖ-ਵੱਖ ਵਿਭਾਗਾਂ ਦੇ ਆਏ ਆਗੂ ਪੈਨਸ਼ਨਰਜ਼ ਨੇ ਰੈਲੀ ਵਿੱਚ ਜਾਣ ਲਈ ਸਾਥੀਆਂ ਦੀ ਗਿਣਤੀ ਲਿਖਾਈ ਤੇ ਫੰਡ ਇਕੱਠਾ ਕੀਤਾ ਗਿਆ ਤਾਂ ਜੋ ਪੈਨਸ਼ਨਰ ਭਵਨ ਤੋਂ ਕਾਰਾਂ ਤੇ ਬੱਸ ਦਾ ਪ੍ਰਬੰਧ ਕੀਤਾ ਗਿਆ, ਇਹ ਬੱਸ ਸਵੇਰੇ 7 ਅਗਸਤ ਨੂੰ 8 ਵਜੇ ਪੈਨਸ਼ਨਰ ਭਵਨ ਲੁਧਿਆਣਾ ਤੋਂ ਰਵਾਨਾ ਹੋਵੇਗੀ।ਮੀਟਿੰਗ ਵਿੱਚ ਗੁਰਚਰਨ ਸਿੰਘ ਦੁੱਗਾ, ਪਵਿੱਤਰ ਸਿੰਘ, ਮੇਜਰ ਸਿੰਘ ਨੱਤ, ਦਲਜੀਤ ਸਿੰਘ, ਨਰਿੰਦਰ ਸ਼ਰਮਾ, ਰਜਿੰਦਰ ਸਿੰਘ, ਰਕੇਸ਼ ਕੁਮਾਰ, ਕੁਲਦੀਪ ਸਿੰਘ, ਬੀ ਕੇ ਬਾਂਸਲ, ਅਮਰ ਸਿੰਘ, ਹਰਜੀਤ ਸਿੰਘ ਗਰੇਵਾਲ, ਸ਼ਾਮ ਸੁੰਦਰ ਸ਼ਰਮਾ, ਨਿਰਮਲ ਸਿੰਘ ਲਲਤੋਂ, ਰਾਜਿੰਦਰ ਸਿੰਘ ਲਲਤੋਂ, ਦਰਸ਼ਨ ਸਿੰਘ ਉਟਾਲ, ਸੁਖਵਿੰਦਰ ਸਿੰਘ, ਚਰਨਜੀਵ ਪ੍ਰਕਾਸ਼, ਕੁਲਭੂਸ਼ਨ, ਸਤੀਸ਼ ਸਚਦੇਵਾ, ਰਾਮ ਪ੍ਰਕਾਸ਼, ਗੁਰਮੇਲ ਮੈਲਡੇ, ਗੁਰਦਿਆਲ ਸਿੰਘ, ਵੀ ਸੀ ਪੁਰੀ, ਦੀਪਇੰਦਰ ਸਿੰਘ, ਐੱਚ ਐੱਸ ਮਾਂਗਟ, ਬਲਕੌਰ ਸਿੰਘ ਹਾਜ਼ਰ ਸਨ।

## ਪੋਲਰ ਸਟਾਰ ਸਕੂਲ ਦੇ ਵਿਦਿਆਰਥੀਆਂ ਦਾ ਜ਼ੋਨਲ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੀ ਸ਼ਾਖਾ 'ਦਿ ਪੋਲਰ ਸਟਾਰ ਸਕੂਲ' ਢੱਡੇ ਦੇ ਵਿਦਿਆਰਥੀਆਂ ਨੇ ਜ਼ੋਨਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਬਾਕਸਿੰਗ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਕੁੱਲ ਚਾਰ ਮੈਡਲ ਜਿੱਤ ਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।ਰਣਵੀਰ ਸਿੰਘ ਨੇ ਸੋਨ ਤਮਗ਼ਾ, ਗੁਰਮਨਪ੍ਰੀਤ ਤੇ ਰਣਵੀਰ ਨੇ ਚਾਂਦੀ ਤਮਗ਼ਾ ਅਤੇ ਅਭਿਜੋਤ ਸਿੰਘ ਨੇ ਕਾਂਸੀ ਦਾ ਤਮਗ਼ਾ ਜਿੱਤਿਆ। ਇਸ ਤੋਂ ਇਲਾਵਾ ਸਕੂਲ ਦੀ ਅੰਡਰ-14 ਲੜਕੀਆਂ ਦੀ ਰੱਸਾਕਸੀ ਟੀਮ ਨੇ ਸੋਨ ਤਮਗ਼ਾ ਹਾਸਲ ਕਰਕੇ ਸਕੂਲ ਲਈ ਮਾਣਮੱਤੀ ਪ੍ਰਾਪਤੀ ਕੀਤੀ।ਇਸ ਮੌਕੇ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐੱਮ. ਡੀ. ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਹਿੱਸਾ ਹਨ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਕੂਲ ਦੇ ਖਿਡਾਰੀ ਭਵਿੱਖ ਵਿੱਚ ਵੀ ਉੱਚ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਤੇ ਇਲਾਕੇ ਦਾ ਨਾਮ ਰੌਸ਼ਨ ਕਰਨਗੇ।ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਨੇ ਖਿਡਾਰੀਆਂ ਦੀ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕੀਤੀ ਤੇ ਜੇਤੂ ਖਿਡਾਰੀਆਂ, ਕੋਚਾਂ ਤੇ ਸਕੂਲ ਸਟਾਫ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ, ਪ੍ਰਿੰਸੀਪਲ ਰਾਜ ਸਿੰਘ ਬਾਘਾ, ਕੋ-ਆਰਡੀਨੇਟਰ ਹਰਦੀਪ ਸਿੰਘ, ਡੀ ਪੀ ਈ ਜਸਵਿੰਦਰ ਸਿੰਘ, ਇਸ਼ਵਰ ਕੌਰ, ਸਤਵੀਰ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਸਰਕਾਰੀ ਸੀਨੀ. ਸੈਕੰ. ਸਕੂਲ ਚੱਕ ਸੈਦੋਕੇ ਵਿਖੇ ਜ਼ੋਨਲ ਪੱਧਰੀ ਖੇਡਾਂ ਸੰਪੰਨ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਸੈਦੋਕੇ ਵਿਖੇ ਪ੍ਰਿੰਸੀਪਲ ਸ੍ਰੀਮਤੀ ਅਨੀਤਾ ਰਾਣੀ ਦੀ ਅਗਵਾਈ ਹੇਠ ਜ਼ੋਨਲ ਪੱਧਰੀ ਖੇਡਾਂ, ਰੱਸਾਕਸੀ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਡੀ. ਪੀ. ਲਖਵਿੰਦਰ ਸਿੰਘ ਦੀ ਗਾਈਡੈਂਸ ਹੇਠ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਦੇ ਅਧਿਆਪਕ ਆਸ਼ੂਤੋਸ਼, ਸ੍ਰੀਮਤੀ ਵੈਸ਼ਾਲੀ, ਸ੍ਰੀਮਤੀ ਸੁਨੀਤਾ, ਸੁਰਿੰਦਰ, ਜਤਿਸ਼, ਮਨਿੰਦਰ ਤੇ ਸੁਬੇਗ ਸਿੰਘ ਨੇ ਭਾਗ ਲਿਆ। ਅੰਡਰ-14, 17 ਤੇ 19 ਦੇ ਰੱਸਾਕਸੀ ਮੁਕਾਬਲੇ ਕਰਵਾਏ ਗਏ। ਇਲਾਕੇ ਦੇ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ ਆਪਣੇ ਆਪਣੇ ਗਾਈਡ ਅਧਿਆਪਕਾਂ ਨਾਲ ਸ਼ਾਮਲ ਹੋਏ। ਖੇਡਾਂ ਦੇ ਬਹੁਤ ਵਧੀਆ ਪ੍ਰਬੰਧ ਲਈ ਪ੍ਰਿੰਸੀਪਲ ਮੈਡਮ ਨੇ ਸਾਰੇ ਅਧਿਆਪਕਾਂ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਸਰੀਰਕ ਤੌਰ 'ਤੇ ਤੰਦਰੁਸਤ ਬਣੇ ਰਹਿਣ ਲਈ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਜੇਤੂ ਟੀਮਾਂ ਨੂੰ ਅਗਲੇ ਪੱਧਰ ਦੀਆਂ ਖੇਡਾਂ ਲਈ ਹੌਸਲ ਅਫਜ਼ਾਈ ਕੀਤੀ।

# ਜਲੰਧਰ ਛਾਉਣੀ ਰੇਲਵੇ ਸਟੇਸ਼ਨ ਫੌਜੀ ਵਿਰਾਸਤ ਤੇ ਆਧੁਨਿਕ ਰੇਲ ਸਹੂਲਤਾਂ ਦਾ ਇੱਕ ਨਵਾਂ ਸੰਗਮ




**ਜਲੰਧਰ** : ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦਾ ਪੁਨਰ ਵਿਕਾਸ, ਪੰਜਾਬ ਦੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਪ੍ਰਮੁੱਖ ਰੇਲਵੇ ਸਟੇਸ਼ਨਾਂ ਵਿੱਚੋਂ ਇੱਕ, ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ, ਜਿਸ ਦਾ ਉਦੇਸ਼ ਰੇਲਵੇ ਸਟੇਸ਼ਨਾਂ ਨੂੰ ਸਿਰਫ਼ ਰੇਲ ਠਹਿਰਾ ਤੋਂ ਆਧੁਨਿਕ, ਸੁਰੱਖਿਅਤ, ਪਹੁੰਚਯੋਗ ਅਤੇ ਆਵਾਜਾਈ ਕੇਂਦਰਾਂ ਵਿੱਚ ਬਦਲਣਾ ਹੈ ਜੋ ਸ਼ਹਿਰ ਦੀ ਪਛਾਣ ਦਾ ਅਨਿੱਖੜਵਾਂ ਅੰਗ ਹਨ। ਬੀਤੇ ਮਹੀਨੇ 17 ਜੁਲਾਈ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੱਖ-ਵੱਖ ਰਾਜਾਂ ਵਿੱਚ 75 ਪੁਨਰ ਵਿਕਸਤ ਅੰਮ੍ਰਿਤ ਸਟੇਸ਼ਨਾਂ ਦੇ ਨਾਲ ਜਲੰਧਰ ਛਾਉਣੀ ਸਟੇਸ਼ਨ ਨੂੰ ਰਾਸ਼ਟਰ ਨੂੰ ਸਮਰਪਿਤ ਕੀਤਾ ਸੀ। ਇਹਨਾਂ 75 ਸਟੇਸ਼ਨਾਂ ਨੂੰ ਵਿਕਸਤ ਕਰਨ 'ਤੇ ਲੱਗਭੱਗ 1,570 ਕਰੋੜ ਖਰਚ ਹੋਏ ਹਨ। ਜਲੰਧਰ ਛਾਉਣੀ ਸਟੇਸ਼ਨ ਦੀ ਮਹੱਤਤਾ ਇਸ ਦੀ ਭੂਗੋਲਿਕ ਸਥਿਤੀ ਦੇ ਨਾਲ-ਨਾਲ ਇਸ ਦੀ ਇਤਿਹਾਸਕ ਅਤੇ ਫੌਜੀ ਪਛਾਣ ਵਿੱਚ ਹੈ। ਅਧਿਕਾਰਤ ਵਰਨਨ ਸਟੇਸ਼ਨ ਦੀ ਨਵੀਂ ਪਛਾਣ ਨੂੰ ਫੌਜੀ ਵਿਰਾਸਤ ਅਤੇ ਆਧੁਨਿਕ ਬੁਨਿਆਦੀ ਢਾਂਚੇ ਦੇ ਸੰਗਮ ਵਜੋਂ ਪੇਸ਼ ਕਰਦਾ ਹੈ। ਨਵੀਨੀਕਰਨ ਕੀਤਾ ਗਿਆ ਸਟੇਸ਼ਨ ਯਾਤਰੀਆਂ ਨੂੰ ਸ਼ਹਿਰ ਵਿੱਚ ਦਾਖਲ ਹੁੰਦੇ ਹੀ ਜਲੰਧਰ ਦੀ ਵਿਲੱਖਣ ਪਛਾਣ ਦਾ ਅਨੁਭਵ ਕਰਵਾਉਂਦਾ ਹੈ। 2023 ਵਿੱਚ ਇਸ ਸਟੇਸ਼ਨ ਦੇ ਪੁਨਰ ਵਿਕਾਸ ਲਈ 99 ਕਰੋੜ ਦਾ ਮੂਲ ਪ੍ਰਬੰਧ ਕੀਤਾ ਗਿਆ ਸੀ। ਕੁਝ ਰਿਪੋਰਟਾਂ ਦੇ ਅਨੁਸਾਰ, ਇਹ ਲਾਗਤ ਬਾਅਦ ਵਿੱਚ 125 ਕਰੋੜ ਤੱਕ ਵਧ ਗਈ। ਇਹ ਨਿਵੇਸ਼ ਸਟੇਸ਼ਨ ਦੀ ਇਮਾਰਤ, ਯਾਤਰੀ ਸਹੂਲਤਾਂ, ਟਰੈਫਿਕ ਪ੍ਰਣਾਲੀ, ਪਲੇਟਫਾਰਮ ਖੇਤਰ, ਪਹੁੰਚਯੋਗਤਾ ਅਤੇ ਬੁਨਿਆਦੀ ਢਾਂਚੇ ਨੂੰ ਭਵਿੱਖ ਦੀਆਂ ਜ਼ਰੂਰਤਾਂ ਦੇ ਅਨੁਸਾਰ ਵਿਆਪਕ ਤੌਰ 'ਤੇ ਅਪਗ੍ਰੇਡ ਕਰਨ ਲਈ ਕੀਤਾ ਗਿਆ ਹੈ। ਸਟੇਸ਼ਨ 'ਤੇ ਵੱਡੇ ਅਤੇ ਸੁਧਰੇ ਹੋਏ ਉਡੀਕ ਖੇਤਰ, ਆਧੁਨਿਕ ਕੰਕੋਰਸ, ਉੱਚੇ ਪਲੇਟਫਾਰਮ, ਐਲੀਵੇਟਰ, ਐਸਕੇਲੇਟਰ, ਸਪੱਸ਼ਟ ਸੰਕੇਤ ਅਤੇ ਯਾਤਰੀ ਸੂਚਨਾ ਪ੍ਰਣਾਲੀਆਂ ਵਰਗੇ ਸੁਧਾਰ ਕੀਤੇ ਗਏ ਹਨ। ਸਟੇਸ਼ਨ ਪਰਿਸਰ ਦੇ ਅੰਦਰ ਆਵਾਜਾਈ ਨੂੰ ਸੁਰੱਖਿਅਤ ਅਤੇ ਵਧੇਰੇ ਸੰਗਠਿਤ ਕਰਨਾ ਇਸ ਪਰਿਵਰਤਨ ਦਾ ਇੱਕ ਮੁੱਖ ਪਹਿਲੂ ਹੈ।

ਅਪਾਹਜਾਂ, ਬਜ਼ੁਰਗ ਨਾਗਰਿਕਾਂ, ਬੱਚਿਆਂ ਨਾਲ ਯਾਤਰਾ ਕਰਨ ਵਾਲੇ ਪਰਵਾਰਾਂ ਅਤੇ ਵੱਡਾ ਸਾਮਾਨ ਲੈ ਕੇ ਜਾਣ ਵਾਲੇ ਯਾਤਰੀਆਂ ਲਈ ਸਹੂਲਤ ਨੂੰ ਵੀ ਪੁਨਰ ਵਿਕਾਸ ਵਿੱਚ ਇੱਕ ਮਹੱਤਵਪੂਰਨ ਤਰਜੀਹ ਦਿੱਤੀ ਗਈ ਹੈ। ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਵਿੱਚ ਸਪੱਸ਼ਟ ਤੌਰ 'ਤੇ ਰੈਂਪ, ਟੈਕਸਟਾਈਲ ਮਾਰਗ ਅਤੇ ਗਾਈਡਵੇਅ, ਐਲੀਵੇਟਰ ਅਤੇ ਪਹੁੰਚਯੋਗ ਟਾਇਲਟ ਵਰਗੀਆਂ ਵਿਸ਼ੇਸ਼ਤਾਵਾਂ ਸ਼ਾਮਲ ਹਨ। ਯਾਤਰੀਆਂ ਦੀ ਸਹੂਲਤ ਦੇ ਨਾਲ-ਨਾਲ ਸੁਰੱਖਿਆ, ਸਫਾਈ ਅਤੇ ਆਰਾਮ ਨੂੰ ਵੀ ਨਵੀਂ ਤਰਜੀਹ ਮਿਲੀ ਹੈ। ਆਧੁਨਿਕ ਵੇਟਿੰਗ ਰੂਮ, ਸੁਧਰੀ ਰੋਸ਼ਨੀ, ਸਾਫ਼ ਪਖਾਨੇ, ਭੋਜਨ ਅਤੇ ਜ਼ਰੂਰੀ ਸੇਵਾਵਾਂ ਲਈ ਨਿਰਧਾਰਤ ਖੇਤਰ ਅਤੇ ਸਾਮਾਨ ਦੀ ਜਾਂਚ ਸਟੇਸ਼ਨ ਨੂੰ ਵਧੇਰੇ ਭਰੋਸੇਮੰਦ ਬਣਾਉਂਦੀ ਹੈ। ਬਿਹਤਰ ਛੱਤ ਅਤੇ ਪਲੇਟਫਾਰਮ ਸ਼ੈਲਟਰ ਯਾਤਰੀਆਂ ਨੂੰ ਗਰਮੀ, ਮੀਂਹ ਅਤੇ ਹੋਰ ਮੌਸਮੀ ਸਥਿਤੀਆਂ ਤੋਂ ਬਚਾਉਂਦੇ ਹਨ। ਕੁਦਰਤੀ ਰੋਸ਼ਨੀ ਅਤੇ ਊਰਜਾ-ਕੁਸ਼ਲ ਪ੍ਰਣਾਲੀਆਂ 'ਤੇ ਜ਼ੋਰ ਵੀ ਸਟੇਸ਼ਨ ਦੀ ਲੰਬੀ ਉਮਰ ਵੱਲ ਇੱਕ ਮਹੱਤਵਪੂਰਨ ਕਦਮ ਹੈ।

## ਐਮਿਟੀ 'ਵਰਸਿਟੀ ਵਿਖੇ ਪ੍ਰਿੰਸੀਪਲ ਮੀਟ ਦੌਰਾਨ ਸ਼ੇਖ ਹੁਸੈਨ ਦਾ ਸਨਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੀ.ਏ.ਆਈ. ਸੰਸਥਾ ਵੱਲੋਂ ਐਮਿਟੀ ਯੂਨੀਵਰਸਿਟੀ ਵਿਖੇ ਇੱਕ ਵਿਸ਼ਾਲ ਰਾਸ਼ਟਰੀ ਪ੍ਰਿੰਸੀਪਲ ਮੀਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਤੋਂ 300 ਤੋਂ ਵੱਧ ਪ੍ਰਿੰਸੀਪਲਾਂ, ਸਿੱਖਿਆ ਸ਼ਾਸਤਰੀਆਂ ਤੇ ਮਾਹਰਾਂ ਨੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਨਵੀਂ ਸਿੱਖਿਆ ਨੀਤੀ, ਸਿੱਖਿਆ ਦੀ ਗੁਣਵੱਤਾ ਤੇ ਹੁਨਰ ਵਿਕਾਸ (ਸਕਿੱਲ ਡਿਵੈਲਪਮੈਂਟ) ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਰਿਆਨ ਇੰਟਰਨੈਸ਼ਨਲ ਸਕੂਲ (ਜੈਪੁਰ) ਦੇ ਪ੍ਰਿੰਸੀਪਲ ਨੇ ਸਕਿੱਲ ਡਿਵੈਲਪਮੈਂਟ 'ਤੇ ਇੱਕ ਪ੍ਰਭਾਵਸ਼ਾਲੀ ਪ੍ਰਜ਼ੈਂਟੇਸ਼ਨ ਪੇਸ਼ ਕੀਤੀ। ਉਨ੍ਹਾਂ ਸਕੂਲਾਂ ਵਿੱਚ ਹੁਨਰ ਅਧਾਰਤ ਸਿੱਖਿਆ ਲਾਗੂ ਕਰਨ ਦੇ ਤਰੀਕਿਆਂ, ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਤੇ ਭਵਿੱਖ ਵਿੱਚ ਰੁਜ਼ਗਾਰ ਦੇ ਮੁਕਾਬਲੇ ਲਈ ਇਸ ਦੀ ਮਹੱਤਤਾ ਬਾਰੇ ਚਾਨਣਾ ਪਾਇਆ।ਸਮਾਗਮ ਦੌਰਾਨ ਸੀ.ਟੀ. ਯੂਨੀਵਰਸਿਟੀ ਦੇ ਵਾਈਸ ਚਾਂਸਲਰ ਦੇ ਸਾਬਕਾ ਸਲਾਹਕਾਰ ਸ਼ੇਖ ਕਰਾਰ ਹੁਸੈਨ ਨੂੰ ਸਿੱਖਿਆ ਦੇ ਖੇਤਰ 'ਚ ਪਾਏ ਵੱਡੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ 'ਚ ਸਾਬਕਾ ਡੀ.ਜੀ.ਪੀ. ਸ੍ਰੀ ਰਾਜਿੰਦਰ ਗੁਪਤਾ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਪੁਣੇ) ਸ੍ਰੀ ਚੰਦੇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

## ਪ੍ਰੈੱਸ ਕਲੱਬ ਨਾਭਾ ਦੀ ਅਗਵਾਈ ਮੁੜ ਹਰਮੀਤ ਸਿੰਘ ਮਾਨ ਦੇ ਹੱਥ



**ਨਾਭਾ (ਅਮਨ ਗਰਗ)**-ਪ੍ਰੈੱਸ ਕਲੱਬ ਨਾਭਾ ਦੀ ਇੱਕ ਮੀਟਿੰਗ ਪੀ ਡਬਲਿਊ ਡੀ ਰੈਸਟ ਹਾਊਸ ਵਿਖੇ ਰੱਖੀ ਗਈ।ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਹਰਮੀਤ ਸਿੰਘ ਮਾਨ ਨੂੰ 9ਵੀਂ ਵਾਰ ਸਰਬ ਸੰਮਤੀ ਨਾਲ ਕਲੱਬ ਦਾ ਪ੍ਰਧਾਨ ਤੇ ਅਮਰਿੰਦਰ ਸਿੰਘ ਪੁਰੀ ਨੂੰ ਜਰਨਲ ਸਕੱਤਰ ਚੁਣੇ ਲਿਆ ਗਿਆ।ਇਸੇ ਤਰ੍ਹਾਂ ਕਲੱਬ ਦੇ ਸੀਨੀਅਰ ਮੈਂਬਰ ਕਰਮਜੀਤ ਸਿੰਘ ਮਹਿਰਮ ਨੂੰ ਕਲੱਬ ਦਾ ਚੇਅਰਮੈਨ ਤੇ ਬਲਵੰਤ ਸਿੰਘ ਹਿਆਣਾ ਨੂੰ ਵਾਈਸ ਚੇਅਰਮੈਨ ਬਣਾਇਆ ਗਿਆ ਹੈ।ਨਵੇਂ ਬਣੇ ਪ੍ਰਧਾਨ ਹਰਮੀਤ ਸਿੰਘ ਮਾਨ ਤੇ ਜਨਰਲ ਸਕੱਤਰ ਅਮਰਿੰਦਰ ਪੁਰੀ ਨੇ ਪੱਤਰਕਾਰਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਜਲਦ ਹੀ ਪੰਜਾਬ ਸਰਕਾਰ ਤੱਕ ਆਵਾਜ਼ ਪਹੁੰਚਾਉਣ ਦੀ ਗੱਲ ਆਖੀ।ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੀ ਭਲਾਈ ਤੇ ਬਿਹਤਰੀ ਲਈ ਪ੍ਰਭਾਵਸ਼ਾਲੀ ਕੰਮ ਕੀਤੇ ਜਾਣਗੇ।ਇਸ ਨਵੀਂ ਚੁਣੀ ਗਈ ਟੀਮ ਵਿੱਚ ਹਰਮੀਤ ਸਿੰਘ ਮਾਨ ਪ੍ਰਧਾਨ, ਅਮਰਿੰਦਰ ਸਿੰਘ ਪੁਰੀ ਜਨਰਲ ਸਕੱਤਰ, ਕਰਮਜੀਤ ਸਿੰਘ ਮਹਿਰਮ ਚੇਅਰਮੈਨ, ਬਲਵੰਤ ਸਿੰਘ ਹਿਆਣਾ ਵਾਈਸ ਚੇਅਰਮੈਨ, ਗੁਰਚਰਨ ਸਿੰਘ ਚੌਧਰੀ ਮਾਜਰਾ, ਚੰਦਰ ਪ੍ਰਕਾਸ਼ ਬਾਂਗਾ ਤੇ ਐਡਵੋਕੇਟ ਤਰੁਣ ਕੁਮਾਰ ਸ਼ਰਮਾ ਨੂੰ ਚੀਫ ਪੈਟਰਨ, ਸੁਖਚੈਨ ਸਿੰਘ ਲੁਬਾਣਾ, ਗੁਰਮੁੱਖ ਸਿੰਘ ਭੋਜੋਮਾਜਰੀ ਤੇ ਪ੍ਰਦੀਪ ਬਾਂਗਾ ਨੂੰ ਸੀਨੀਅਰ ਮੀਤ ਪ੍ਰਧਾਨ, ਸਿਕੰਦਰ ਸਿੰਘ, ਵਿਕਾਸ ਗੋਇਲ ਤੇ ਵਰਿੰਦਰ ਵਰਮਾ ਨੂੰ ਮੀਤ ਪ੍ਰਧਾਨ, ਸਤੀਸ਼ ਬਾਤਿਸ਼ ਤੇ ਸੀ ਜੇ ਸਿੰਘ ਨੂੰ ਪ੍ਰੈੱਸ ਸਕੱਤਰ, ਅਮਰਦੀਪ ਅਹੂਜਾ ਨੂੰ ਖ਼ਜ਼ਾਨਚੀ, ਤਰੁਣ ਮਹਿਤਾ, ਅਮਨ ਗਰਗ ਤੇ ਹੈਪੀ ਢੀਂਗੀ ਨੂੰ ਜੁਆਇੰਟ ਸਕੱਤਰ, ਦੀਪਕ ਬਾਂਗਾ ਤੇ ਅਸ਼ੋਕ ਸੋਫਤ ਨੂੰ ਜਥੇਬੰਦਕ ਸਕੱਤਰ, ਗੌਰਵ ਢੀਂਗੀ ਨੂੰ ਪ੍ਰਾਪੇਗੰਡਾ ਸੈਕਟਰੀ ਨਿਯੁਕਤ ਕੀਤਾ ਗਿਆ।ਐਡਵੋਕੇਟ ਤਰੁਣ ਕੁਮਾਰ ਸ਼ਰਮਾ ਕਲੱਬ ਦੇ ਲੀਗਲ ਐਡਵਾਈਜ਼ਰ ਨਿਯੁਕਤ ਕੀਤੇ ਗਏ।

# ਪੰਜਾਬ ਸਰਕਾਰ ਨੇ ਸਫਾਈ ਸੇਵਕਾਂ ਦੀਆਂ ਮੰਗਾਂ ਮੰਨੀਆਂ, 9000 ਸਫਾਈ ਸੇਵਕ ਹੋਣਗੇ ਪੱਕੇ

- 27 ਦਿਨਾਂ ਦੀ ਹੜਤਾਲ ਖਤਮ, ਮੋਗਾ ਨਗਰ ਨਿਗਮ 'ਚ ਸਫਾਈ ਸੇਵਕਾਂ ਨੇ ਢੋਲ ਵਜਾ ਕੇ ਮਨਾਈ ਖੁਸ਼ੀ
- ਪੰਜਾਬ ਸਰਕਾਰ ਤੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੂਬੇ ਭਰ ਵਿਚ ਪਿਛਲੇ 27 ਦਿਨਾਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ 'ਤੇ ਬੈਠੇ ਸਫਾਈ ਸੇਵਕਾਂ ਲਈ ਵੱਡੀ ਰਾਹਤ ਦੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਸਰਕਾਰ ਵੱਲੋਂ ਸਫਾਈ ਸੇਵਕਾਂ ਦੀਆਂ ਮੁੱਖ ਮੰਗਾਂ ਨੂੰ ਮੰਨਦਿਆਂ ਕਰੀਬ 9000 ਸਫਾਈ ਸੇਵਕਾਂ ਨੂੰ ਪੈਟਰਨ ਅਨੁਸਾਰ ਪੱਕਾ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਫੈਸਲੇ ਤੋਂ ਬਾਅਦ ਸੂਬੇ ਭਰ ਵਿੱਚ ਖੁਸ਼ੀ ਦਾ ਮਾਹੌਲ ਹੈ।ਮੋਗਾ ਨਗਰ ਨਿਗਮ ਵਿੱਚ ਵੀ ਸਫਾਈ ਸੇਵਕਾਂ ਨੇ ਢੋਲ ਦੀ ਤਾਲ 'ਤੇ ਭੰਗੜਾ ਪਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ।ਇਸ ਮੌਕੇ ਸਫਾਈ ਸੇਵਕਾਂ ਨੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਨੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਸਵੀਕਾਰ ਕਰਕੇ ਵੱਡਾ ਫੈਸਲਾ ਲਿਆ ਹੈ।ਇਸ ਮੌਕੇ ਮੋਗਾ ਨਗਰ ਨਿਗਮ ਦੀ ਮੇਅਰ ਵਿਨੈਪਾਲ ਕੌਰ ਨੇ ਸਫਾਈ ਸੇਵਕਾਂ ਨੂੰ ਪੰਜਾਬ ਸਰਕਾਰ ਵੱਲੋਂ ਜਾਰੀ ਕੀਤਾ ਗਿਆ ਪੱਤਰ ਸੌਂਪਿਆ ਤੇ ਉਨ੍ਹਾਂ ਨੂੰ ਵਧਾਈ ਦਿੱਤੀ।ਮੇਅਰ ਨੇ ਕਿਹਾ ਕਿ ਸਰਕਾਰ ਨੇ ਸਫਾਈ ਸੇਵਕਾਂ ਨਾਲ ਕੀਤਾ ਵਾਅਦਾ ਨਿਭਾਇਆ ਹੈ ਤੇ ਹੁਣ ਸਾਰੇ ਕਰਮਚਾਰੀ ਪੂਰੀ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨਗੇ।ਸਫਾਈ ਸੇਵਕਾਂ ਨੇ ਵੀ ਭਰੋਸਾ ਦਿਵਾਇਆ ਕਿ ਹੜਤਾਲ ਖਤਮ ਹੋਣ ਦੇ ਨਾਲ ਹੀ ਅੱਜ ਤੋਂ ਸ਼ਹਿਰ ਵਿੱਚ ਸਫਾਈ ਦਾ ਕੰਮ ਮੁੜ ਸ਼ੁਰੂ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਹੁਣ ਪੂਰੀ ਮਿਹਨਤ ਤੇ ਇਮਾਨਦਾਰੀ ਨਾਲ ਕੰਮ ਕਰਦੇ ਹੋਏ ਮੋਗਾ ਨੂੰ 'ਕਲੀਨ ਮੋਗਾ, ਗ੍ਰੀਨ ਮੋਗਾ' ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ, ਜਨਰਲ ਸਕੱਤਰ ਵਿੱਕੀ ਬੋਹਤ, ਚੇਅਰਮੈਨ ਸਿਕੰਦਰ ਗੁੱਲੂ, ਚੀਫ ਸਕੱਤਰ ਨਰੋਤਮ ਬਹੁਤ, ਕੈਸ਼ੀਅਰ ਜੋਗਿੰਦਰ ਭੁੱਲਰ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਚੀਫ ਸਕੱਤਰ ਰਵੀਸਾਰਵਾਨ, ਸੀਨੀਅਰ ਆਗੂ ਮਦਨ ਲਾਲ ਬੋਹਤ, ਰਿਟਾਇਰਮੈਂਟ ਯੂਨੀਅਨ ਦੇ ਪ੍ਰਧਾਨ ਹਰਕ੍ਰਿਸ਼ਨ ਬੋਹਤ, ਸੀਨੀਅਰ ਆਗੂ ਹਰਬੰਸ ਸਾਗਰ, ਸਤਪਾਲ ਅਨਜਾਨ, ਸੰਯੁਕਤ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਰਵੀ ਚਾਵਰੀਆ, ਬੇਲਦਾਰ ਯੂਨੀਅਨ ਤੋਂ ਜਸਮੇਲ ਸਿੰਘ, ਪ੍ਰਵੀਨ ਕੁਮਾਰ, ਦਫਤਰ ਯੂਨੀਅਨ ਦੇ ਪ੍ਰਧਾਨ ਸੁਖਪਾਲ ਸੌਂਦਾ, ਸੀਵਰੇਜ ਯੂਨੀਅਨ ਤੋਂ ਮੰਗਤ ਰਾਮ, ਸਤੀਸ਼ ਕੁਮਾਰ, ਜਸਪਾਲ, ਰਾਜ ਕੁਮਾਰ ਚੰਡਾਲੀਆ, ਅਸ਼ੋਕ ਪੰਤਮੋਲੀ, ਰਘੁਵੀਰ ਅਨਾਰਿਆ, ਭਾਵਾਧਸ ਆਗੂ ਨਰੇਸ਼ ਬੋਹਤ, ਅਜੇ ਚਾਵਰੀਆ, ਸੰਦੀਪ ਸੰਗੇਲੀਆ, ਕੁਲਵੰਤ ਰਾਏ, ਵਿਕਾਸ ਪੰਤਮੋਲੀ, ਸੋਨੂ ਸਾਵਰੀਆ, ਸੁਰੇਸ਼ ਕਰੋਤੀਆ, ਸੁਰੇਸ਼ ਰਾਜਪੂਤ, ਅਭੀਜੀਤ ਰਾਜਪੂਤ ਤੇ ਹੋਰ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

## ਚੀਮਾ ਵੱਲੋਂ ਦੁਗਾਲ ਦੀ ਗਊਸ਼ਾਲਾ ਨੂੰ 50 ਲੱਖ ਦਾ ਚੈੱਕ ਭੇਟ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਿੰਡ ਦੁਗਾਲ ਦੀ ਸ਼੍ਰੀ ਰਾਮ ਗਊਸ਼ਾਲਾ ਵਿੱਚ ਅੱਗ ਲੱਗਣ ਨਾਲ ਨੁਕਸਾਨ ਦੀ ਪੂਰਤੀ ਲਈ ਪੰਜਾਬ ਸਰਕਾਰ ਵੱਲੋਂ 50 ਲੱਖ ਰੁਪਏ ਦੀ ਗਰਾਂਟ ਦਿੱਤੇ ਜਾਣ ਦਾ ਐਲਾਨ ਕੀਤਾ ਗਿਆ ਸੀ।ਆਪਣੇ ਇਸ ਵਾਅਦੇ ਨੂੰ ਪੂਰਾ ਕਰਦਿਆਂ ਵਿੱਤ ਮੰਤਰੀ ਨੇ ਗਊਸ਼ਾਲਾ ਦੇ ਪ੍ਰਬੰਧਕ ਸੰਤ ਨਰਾਇਣ ਮੁਨੀ ਨੂੰ ਗਰਾਂਟ ਰਾਸ਼ੀ ਦਾ ਚੈੱਕ ਭੇਟ ਕੀਤਾ।ਇਸ ਮੌਕੇ ਉਨ੍ਹਾਂ ਨਾਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਆਪ ਦੇ ਸੀਨੀਅਰ ਆਗੂ ਡੀਟੀਓ ਕਰਨ ਸਿੰਘ ਹਾਜ਼ਰ ਸਨ।ਗਰਾਂਟ ਰਾਸ਼ੀ ਦਾ ਚੈੱਕ ਦੇਣ ਉਪਰੰਤ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿੰਡ ਦੁਗਾਲ ਦੀ ਇਸ ਗਊਸ਼ਾਲਾ ਵਿੱਚ 4500 ਤੋਂ ਵੱਧ ਗਊਆਂ ਦੀ ਸਾਂਭ ਸੰਭਾਲ ਕੀਤੀ ਜਾ ਰਹੀ ਹੈ। ਬੀਤੇ ਦਿਨ ਇਸ ਗਊਸ਼ਾਲਾ ਵਿੱਚ ਕਿਸੇ ਕਾਰਨਾਂ ਕਰਕੇ ਅੱਗ ਲੱਗ ਗਈ ਤੇ ਇਸ ਨਾਲ ਹਜਾਰਾਂ ਕੁਇੰਟਲ ਦੇ ਕਰੀਬ ਤੂੜੀ ਤੇ ਸ਼ੈੱਡ ਸੜ ਗਏ ਸਨ। ਇਸ ਦਾ ਪਤਾ ਲੱਗਣ 'ਤੇ ਮੈਂ ਇੱਥੇ ਪੁੱਜ ਕੇ ਪੰਜਾਬ ਸਰਕਾਰ ਵੱਲੋਂ 50 ਲੱਖ ਰੁਪਏ ਸਹਾਇਤਾ ਰਾਸ਼ੀ ਦਿੱਤੇ ਜਾਣ ਦਾ ਭਰੋਸਾ ਦਿੱਤਾ ਸੀ, ਜਿਸ ਨੂੰ ਪੂਰਾ ਕਰਦਿਆਂ ਸਰਕਾਰ ਵੱਲੋਂ ਜਾਰੀ ਕੀਤੀ ਗਈ ਰਾਸ਼ੀ ਦਾ ਅੱਜ ਇਹ 50 ਲੱਖ ਦਾ ਚੈੱਕ ਗਊਸ਼ਾਲਾ ਦੇ ਪ੍ਰਬੰਧਕ ਸੰਤ ਨਰਾਇਣ ਮੁਨੀ ਨੂੰ ਦਿੱਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਡੀਪੀਓ ਬਘੇਲ ਸਿੰਘ, ਤਹਿਸੀਲਦਾਰ ਹਰਸਿਮਰਨ ਸਿੰਘ, ਬਲਾਕ ਸੰਮਤੀ ਚੇਅਰਪਰਸ ਪਰਮਜੀਤ ਕੌਰ, ਤੇਜਿੰਦਰ ਸਿੰਘ ਤੇਜੀ, ਫਤਿਹ ਚੌਧਰੀ, ਮਨਜੀਤ ਸਿੰਘ ਕੁੱਕੂ ਸਾਬਕਾ ਸਰਪੰਚ ਦੁਗਾਲ, ਕਰਨੈਲ ਸਿੰਘ ਸਾਬਕਾ ਸਰਪੰਚ, ਸਰਪੰਚ ਹਰਦੀਪ ਸਿੰਘ ਸਰਪੰਚ ਦੁਗਾਲ, ਸਾਬਕਾ ਸਰਪੰਚ ਦਰਬਾਰਾ ਸਿੰਘ ਆਦਿ ਹਾਜ਼ਰ ਸਨ।

## ਚੰਦਰੇਸ਼ਵਰ ਸਿੰਘ ਮੋਹੀ ਨੂੰ ਚੇਅਰਮੈਨ ਬਣਨ 'ਤੇ ਕੀਤਾ ਸਨਮਾਨਤ



**ਨਾਭਾ (ਅਮਨ ਗਰਗ)**-ਹਾਲ ਹੀ ਵਿੱਚ ਕਾਂਗਰਸ ਹਾਈਕਮਾਂਡ ਨੇ ਆਪਣੇ ਵਰਕਰਾਂ ਨੂੰ ਵੱਡੇ-ਵੱਡੇ ਖਿਤਾਬ ਦੇ ਕੇ ਸਨਮਾਨਤ ਕੀਤਾ ਹੈ।ਇਸ ਸਬੰਧੀ ਐੱਸ. ਸੀ. ਕਮਿਸ਼ਨ ਦੇ ਸਾਬਕਾ ਚੇਅਰਮੈਨ ਤੇ ਨੌਜਵਾਨਾਂ ਦੇ ਦਿਲਾਂ ਦੀ ਧੜਕਣ ਚੰਦਰੇਸ਼ਵਰ ਸਿੰਘ, ਜੋ ਕਿ ਲੰਬੇ ਸਮੇਂ ਤੋਂ ਨਾਭਾ ਹਲਕੇ ਵਿੱਚ ਕਾਂਗਰਸ ਪਾਰਟੀ ਲਈ ਦਿਨ-ਰਾਤ ਇੱਕ ਕਰ ਰਹੇ ਹਨ, ਦਾ ਨਾਭਾ ਪੁੱਜਣ 'ਤੇ ਜਸਪ੍ਰੀਤ ਸਿੰਘ ਮਾਨ ਬਲਾਕ ਚੇਅਰਮੈਨ ਐੱਸ ਸੀ ਸੈੱਲ ਨਾਭਾ ਸ਼ਹਿਰੀ ਤੇ ਬਲਾਕ ਨਾਭਾ ਯੂਥ ਕਾਂਗਰਸ ਦੇ ਪ੍ਰਧਾਨ ਅਤੇ ਜੋਬਨ ਜੀਤ ਸਿੰਘ ਖੰਗੂੜਾ ਨੌਜਵਾਨ ਆਗੂ ਕਰਨਦੀਪ ਭੱਟੀ ਵੱਲੋਂ ਸਾਂਝੇ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸਰਵਮੋਹਿਤ ਮੋਨੂੰ ਡੱਲਾ, ਅਸ਼ੋਕ ਬਿੱਟੂ ਸੀਨੀਅਰ ਕੌਂਸਲਰ, ਬ੍ਰਿਕਮਜੀਤ ਸਿੰਘ ਖਗੜਾ ਸੀਨੀਅਰ ਕਾਂਗਰਸੀ ਆਗੂ, ਰਣਜੋਧ ਸਿੰਘ ਪ੍ਰਧਾਨ, ਜੱਸਾ ਮਾਨ, ਜਸਵੀਰ ਸਿੰਘ, ਬਾਬਾ ਹਰਪ੍ਰੀਤ ਸਿੰਘ, ਮਨਜੀਤ ਸਿੰਘ, ਰਿਕੂ ਸਿਲਵਰ ਸਿਟੀ ਆਦਿ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਚੰਦਰੇਸ਼ਵਰ ਸਿੰਘ ਮੋਹੀ ਨੇ ਜਸਪ੍ਰੀਤ ਸਿੰਘ ਤੇ ਜੋਬਨ ਜੀਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਜੋ ਮਾਣ-ਸਤਿਕਾਰ ਦਿੱਤਾ ਗਿਆ ਹੈ, ਉਸ ਲਈ ਮੈਂ ਹਮੇਸ਼ਾ ਉਨ੍ਹਾਂ ਦਾ ਧੰਨਵਾਦੀ ਰਹਾਂਗਾ। ਇਸ ਮੌਕੇ ਜਸਪ੍ਰੀਤ ਸਿੰਘ ਮਾਨ, ਜੋਬਨ ਪ੍ਰੀਤ ਤੇ ਸਮੂਹ ਨੌਜਵਾਨਾਂ ਅਤੇ ਕਾਂਗਰਸੀ ਵਰਕਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਦਿਨ ਰਾਤ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ।

## ਜ਼ੋਨ ਪੱਧਰੀ ਬੈਡਮਿੰਟਨ ਮੁਕਾਬਲੇ 'ਚ ਰੂਪ ਵਾਟਿਕਾ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਜਗਰਾਉਂ (ਅਮਿਤ ਖੰਨਾ)**-ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਜਗਰਾਓਂ ਦੇ ਵਿਦਿਆਰਥੀਆਂ ਨੇ ਜ਼ੋਨ ਪੱਧਰੀ ਅੰਡਰ-14 ਬੈਡਮਿੰਟਨ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਸ਼ਾਨਦਾਰ ਉਪਲਬਧੀ ਦੇ ਆਧਾਰ 'ਤੇ ਸਕੂਲ ਦੀਆਂ ਹੋਣਹਾਰ ਵਿਦਿਆਰਥਣਾਂ ਐਂਜਲ, ਗੁਰਨੂਰ, ਹਰਸ਼ਿਤਾ ਤੇ ਕਾਸ਼ਵੀ ਦੀ ਚੋਣ ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲੇ ਲਈ ਹੋਈ ਹੈ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਵਿੰਮੀ ਠਾਕੁਰ ਨੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵਿਦਿਆਰਥਣਾਂ ਜ਼ਿਲ੍ਹਾ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਹੋਰ ਵੀ ਰੌਸ਼ਨ ਕਰਨਗੀਆਂ। ਸਕੂਲ ਪ੍ਰਬੰਧਕ ਕਮੇਟੀ ਨੇ ਵੀ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਤੇ ਕੋਚਾਂ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਸਫਾ 1 ਦੇ ਬਾਕੀ...

### ਬਿਹਾਰ 'ਚ ਲੈੱਫਟ-ਸੈਕੂਲਰ...

ਕਰਮਚਾਰੀ ਨੇ ਏ ਕੇ 47 ਰਾਈਫਲ ਨਾਲ ਵਿਦਿਆਰਥੀਆਂ 'ਤੇ ਗੋਲੀਬਾਰੀ ਕੀਤੀ ਸੀ। ਕਾਂਸਟੇਬਲ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ, ਪਰ ਅਸੀਂ ਐੱਸ ਪੀ ਵਿਰੁੱਧ ਵੀ ਕਾਰਵਾਈ ਦੀ ਮੰਗ ਕਰਦੇ ਹਾਂ, ਜੋ ਆਪਣੇ ਅਧੀਨ ਅਧਿਕਾਰੀਆਂ ਨੂੰ ਭੜਕਾਉਣ ਲਈ ਜ਼ਿੰਮੇਵਾਰ ਹੈ।' ਇੱਕ ਹੋਰ ਵਿਦਿਆਰਥੀ ਨੇ ਕਿਹਾ, 'ਮੀਡੀਆ ਸਾਡੀਆਂ ਮੰਗਾਂ ਨਹੀਂ ਚੁੱਕਦਾ। ਸੜਕ 'ਤੇ ਖੜ੍ਹੇ ਵਿਦਿਆਰਥੀ ਗਰਮੀ ਵਿੱਚ ਮਰ ਰਹੇ ਹਨ। ਅਸੀਂ ਦਿੱਖ, ਕੰਮ ਜਾਂ ਪੇਸ਼ੇ ਤੋਂ ਅੱਤਵਾਦੀ ਨਹੀਂ ਹਾਂ। ਫਿਰ ਵੀ, ਸਾਡੀਆਂ ਆਵਾਜ਼ਾਂ ਨਹੀਂ ਸੁਣੀਆਂ ਜਾ ਰਹੀਆਂ। ਕਿਰਪਾ ਕਰਕੇ ਸਾਨੂੰ ਦੱਸੋ ਕਿ ਸਾਡੀਆਂ ਆਵਾਜ਼ਾਂ ਕਿੱਥੇ ਸੁਣੀਆਂ ਜਾਣਗੀਆਂ।'

ਪੂਰਨੀਆ ਦੇ ਆਜ਼ਾਦ ਸੰਸਦ ਮੈਂਬਰ ਪੱਪੂ ਯਾਦਵ ਵੀ ਪ੍ਰਦਰਸ਼ਨਕਾਰੀਆਂ ਵਿੱਚ ਸ਼ਾਮਲ ਹੋਏ। ਉਨ੍ਹਾ ਕਿਹਾ, 'ਵਿਦਿਆਰਥੀਆਂ ਨੂੰ ਗੋਲੀ ਮਾਰਨ ਦੇ ਮਾਮਲੇ ਵਿੱਚ ਕੁਝ ਨਹੀਂ ਕੀਤਾ ਗਿਆ। ਇਹ ਲੜਾਈ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਅਸਤੀਫਾ ਨਹੀਂ ਦਿੰਦੇ।'

### ਥਾਣੇ 'ਚ ਆਤਮਦਾਹ...

ਸਾਥੀਆਂ ਮੱਖਣ ਸਿੰਘ, ਜੁਗਰਾਜ ਸਿੰਘ ਜਿੰਮੀ ਅਤੇ ਇੰਦਰਪ੍ਰੀਤ ਸਿੰਘ ਇਸ਼ੂ ਵੱਲੋਂ ਉਸ ਨੂੰ ਧਮਕੀਆਂ ਦਿੱਤੀਆਂ ਜਾਣ ਲੱਗੀਆਂ।ਪੁਲਸ ਨੇ ਗੋਬਿੰਦ ਸਿੰਘ ਦੀ ਸ਼ਿਕਾਇਤ 'ਤੇ ਕੋਈ ਕਾਰਵਾਈ ਨਹੀਂ ਕੀਤੀ ਸੀ। ਦੱਸਿਆ ਜਾਂਦਾ ਹੈ ਕਿ ਪੁਲਸ ਨੇ ਦੋਹਾਂ ਧਿਰਾਂ ਨੂੰ ਸੋਮਵਾਰ ਸੱਦਿਆ ਸੀ। ਗੋਬਿੰਦ ਸਿੰਘ ਪਹੁੰਚ ਗਿਆ ਸੀ, ਪਰ ਦੂਜੀ ਧਿਰ ਨਹੀਂ ਆਈ। ਘਟਨਾ ਤੋਂ ਬਾਅਦ ਪੁਲਸ ਦੇ ਉੱਚ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਮੈਜਿਸਟਰੇਟੀ ਜਾਂਚ ਦੇ ਹੁਕਮ ਦਿੱਤੇ ਗਏ।ਇਸ ਤੋਂ ਬਾਅਦ ਪੁਲਸ ਨੇ ਮ੍ਰਿਤਕ ਦੀ ਪਹਿਲਾਂ ਦਿੱਤੀ ਸ਼ਿਕਾਇਤ ਦੇ ਆਧਾਰ 'ਤੇ ਚਰਨ ਦਾਸ ਅਤੇ ਉਸ ਦੇ ਤਿੰਨ ਸਾਥੀਆਂ ਖ਼ਿਲਾਫ਼ ਖੁਦਕੁਸ਼ੀ ਲਈ ਉਕਸਾਉਣ ਦਾ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ।

## ਜ਼ੋਨ ਪੱਧਰੀ ਸਕੂਲ ਖੇਡਾਂ 'ਚ ਭਾਗੀ ਵਾਂਦਰ ਸਕੂਲ ਦੀ ਝੰਡੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪਿਛਲੇ ਦਿਨੀਂ ਖਾਲਸਾ ਕੰਨਿਆ ਸਕੂਲ ਰਾਮਾਂ ਤੇ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਤਲਵੰਡੀ ਸਾਬੋ ਵਿਖੇ ਕਰਵਾਈਆਂ ਜ਼ੋਨ ਪੱਧਰੀ ਸਕੂਲ ਖੇਡਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਦੇ ਖਿਡਾਰੀਆਂ ਤੇ ਖਿਡਾਰਨਾਂ ਦਾ ਵਧੀਆ ਪ੍ਰਦਰਸ਼ਨ ਰਿਹਾ, ਜਿਸ ਵਿੱਚ ਸ.ਸ.ਸ. ਸਕੂਲ ਭਾਗੀ ਵਾਂਦਰ ਦੇ ਅੰਡਰ-14 ਖੋ ਖੋ ਲੜਕੇ ਪਹਿਲਾ ਸਥਾਨ, ਅੰਡਰ-17 ਖੋਖੋ ਲੜਕੀਆਂ ਪਹਿਲਾ ਸਥਾਨ, ਅੰਡਰ-14 ਨੈਸ਼ਨਲ ਕਬੱਡੀ ਪਹਿਲਾ ਸਥਾਨ, ਅੰਡਰ-17 ਸਰਕਲ ਕਬੱਡੀ ਪਹਿਲਾ ਸਥਾਨ, ਅੰਡਰ-19 ਨੈਸ਼ਨਲ ਕਬੱਡੀ ਪਹਿਲਾ ਸਥਾਨ, ਅੰਡਰ-19 ਸਰਕਲ ਕਬੱਡੀ ਦੂਜਾ ਸਥਾਨ, ਅੰਡਰ-17 ਰਸਾਕੱਸੀ ਪਹਿਲਾ ਸਥਾਨ, ਅੰਡਰ-17 ਟੇਬਲ ਟੈਨਿਸ ਦੂਜਾ ਸਥਾਨ, ਅੰਡਰ-19 ਬੈਡਮਿੰਟਨ ਲੜਕੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ, ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।ਜੇਤੂ ਖਿਡਾਰੀਆਂ ਨੂੰ ਸਵੇਰ ਦੀ ਸਭਾ ਵਿੱਚ ਸਕੂਲ ਇੰਚਾਰਜ ਮੈਡਮ ਸੁਖਦੀਪ ਕੌਰ, ਅਧਿਆਪਕਾ ਮੈਡਮ ਗੁਰਵਿੰਦਰ ਕੌਰ, ਮਨਦੀਪ ਕੌਰ, ਪੀ ਟੀ ਆਈ ਅਧਿਆਪਕਾ ਮੈਡਮ ਕਵਿਤਾ ਰਾਣੀ, ਅਧਿਆਪਕ ਰੋਹੀ ਸਿੰਘ, ਮੈਡਮ ਪਰਮਿੰਦਰ ਕੌਰ, ਅਧਿਆਪਕ ਮਲਕੀਤ ਸਿੰਘ ਸਮੇਤ ਸਮੂਹ ਸਟਾਫ ਵੱਲੋਂ ਜੇਤੂ ਖਿਡਾਰੀ ਵਿਦਿਆਰਥੀਆਂ ਨੂੰ ਸਨਮਾਨ ਚਿੰਨ ਤੇ ਜੇਤੂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

## ਕਲੱਸਟਰ ਪੱਧਰੀ ਖੇਡ ਮੁਕਾਬਲਿਆਂ 'ਚ ਡੀ ਏ ਵੀ ਦਾ ਸ਼ਾਨਦਾਰ ਪ੍ਰਦਰਸ਼ਨ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ ਏ ਵੀ ਸਕੂਲ ਦੇ ਵਿਦਿਆਰਥੀਆਂ ਨੇ ਡੀਏਵੀ ਕਲੱਸਟਰ ਪੱਧਰ ਦੇ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਨੇ ਸਕੇਟਿੰਗ ਮੁਕਾਬਲੇ ਵਿੱਚ ਸੋਨ ਤਮਗਾ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ, ਜਦੋਂ ਕਿ ਉਨ੍ਹਾਂ ਨੇ ਸ਼ਤਰੰਜ ਵਿੱਚ ਚਾਂਦੀ ਦਾ ਤਮਗਾ ਜਿੱਤਿਆ।ਬਾਸਕਟਬਾਲ ਟੀਮ ਨੇ ਦੂਜਾ ਸਥਾਨ 'ਤੇ ਸਥਾਨ ਪ੍ਰਾਪਤ ਕੀਤਾ।ਐਥਲੈਟਿਕਸ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ 14 ਸੋਨੇ, 9 ਚਾਂਦੀ ਤੇ 4 ਕਾਂਸੀ ਦੇ ਤਮਗੇ ਜਿੱਤ ਕੇ ਆਪਣੀ ਪ੍ਰਤਿਭਾ ਤੇ ਮਿਹਨਤ ਦਾ ਪ੍ਰਦਰਸ਼ਨ ਕੀਤਾ।ਸਕੂਲ ਪ੍ਰਬੰਧਨ ਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਾਦੀਆਂ ਪੁਲਸ ਵੱਲੋਂ ਆਪਰੇਸ਼ਨ ਪਰਹਾਰ ਸ਼ੁਰੂ; ਐੱਸ ਐੱਸ ਪੀ ਬਟਾਲਾ ਨੇ ਲਿਆ ਜਾਇਜ਼ਾ



**ਕਾਦੀਆਂ (ਯਾਦਵਿੰਦਰ ਸਿੰਘ ਮਸੌਤਰਾ)**- ਗੌਰਵ ਯਾਦਵ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐੱਸਐੱਸਪੀ ਬਟਾਲਾ ਡਾਕਟਰ ਮਹਿਤਾਬ ਸਿੰਘ ਦੀ ਅਗਵਾਈ ਹੇਠ ਡੀਐੱਸਪੀ ਮਨੋਜ ਕੁਮਾਰ ਅਤੇ ਐੱਸਐੱਚਓ ਕੰਵਲਪ੍ਰੀਤ ਸਿੰਘ ਥਾਣਾ ਕਾਦੀਆਂ ਵੱਲੋਂ ਮਾੜੇ ਅਨਸਰਾਂ ਗੈਂਗਸਟਰ ਅਤੇ ਨਸ਼ਾ ਤਸਕਰਾਂ ਅਤੇ ਗੈਰ-ਕਾਨੂੰਨੀ ਹਥਿਆਰ ਅਤੇ ਅਪਰਾਧਕ ਗਤੀਵਿਧੀਆਂ ਖ਼ਿਲਾਫ ਵਿਸ਼ੇਸ਼ ਮੁਹਿੰਮ ਕਾਦੀਆਂ ਪੁਲਸ ਵੱਲੋਂ ਚਲਾਈ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਕਾਦੀਆਂ ਪਹੁੰਚੇ ਐੱਸਐੱਸਪੀ ਬਟਾਲਾ ਡਾ. ਮਹਿਤਾਬ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਪਰੇਸ਼ਨ ਪਰਹਾਰ ਚਲਾਇਆ ਜਾ ਰਿਹਾ ਹੈ।ਇਸ ਦੌਰਾਨ ਜ਼ਿਲ੍ਹਾ ਪੁਲਸ ਵੱਲੋਂ ਵਿਸ਼ੇਸ਼ ਟੀਮਾਂ ਬਣਾ ਕੇ ਸ਼ੱਕੀ ਵਿਅਕਤੀਆਂ ਲੋੜੀਂਦੇ ਮੁਲਜ਼ਮਾਂ ਅਤੇ ਗੈਂਗਸਟਰਾਂ ਦੇ ਸਾਥੀਆਂ ਤੇ ਉਨ੍ਹਾਂ ਦੇ ਟਿਕਾਣਿਆਂ 'ਤੇ ਰੇਡ ਕੀਤੇ ਗਏ ਹਨ।ਇਸ ਤੋਂ ਇਲਾਵਾ ਸੰਵੇਦਨਸ਼ੀਲ ਖੇਤਰਾਂ ਦੀ ਚੈਕਿੰਗ ਕਰਕੇ ਉਨ੍ਹਾਂ ਇਲਾਕਿਆਂ ਦੀ ਸਰਚ ਕੀਤੀ ਜਾ ਰਹੀ ਹੈ ਕਿ ਇਸ ਵਿੱਚ ਕਰੀਬ 1000 ਦੇ ਕਰੀਬ ਪੁਲਸ ਫੋਰਸ ਲਗਾਈ ਗਈ ਹੈ, 300 ਦੇ ਕਰੀਬ ਵਿਅਕਤੀ ਨੂੰ ਰੇਡ ਅਧ ਕੀਤਾ ਗਿਆ ਹੈ।200 ਦੇ ਕਰੀਬ ਰੇਡ ਪਾਈ ਗਈ ਹੈ ਜਿਸ ਵਿੱਚ 80 ਦੇ ਕਰੀਬ ਵਿਅਕਤੀ ਜੋ ਕਿ ਵੱਖ ਵੱਖ ਕੇਸਾਂ ਵਿੱਚ ਪੀਓ ਸਨ ਉਹ ਵੀ ਫੜੇ ਗਏ ਹਨ। ਐੱਨਡੀਪੀਐੱਸ ਐਕਟ ਅਧੀਨ ਗ੍ਰਿਫ਼ਤਾਰੀਆਂ ਵੀ ਕੀਤੀਆਂ ਗਈਆਂ ਹਨ। ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਪੁਲਸ ਸੰਗਠਿਤ ਅਪਰਾਧ ਗੈਂਗਸਟਰਵਾਦ ਅਤੇ ਨਸ਼ਾ ਤਸਕਰੀ ਪ੍ਰਤੀ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾ ਰਹੀ ਹੈ। ਆਮ ਲੋਕਾਂ ਦੀ ਸੁਰੱਖਿਆ ਤੇ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਅਜਿਹੀਆਂ ਵਿਸ਼ੇਸ਼ ਮੁਹਿੰਮਾਂ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ। ਕਿਸੇ ਵੀ ਸ਼ੱਕੀ ਵਿਅਕਤੀਆਂ ਜਾਂ ਅਪਰਾਧਕ ਗਤੀਵਿਧੀਆਂ ਬਾਰੇ ਤੁਰੰਤ ਨਜ਼ਦੀਕੀ ਪੁਲਸ ਥਾਣੇ ਜਾਂ ਪੁਲਸ ਹੈਲਪਲਾਈਨ ਤੇ ਸੂਚਨਾ ਦੇਣ ਸੂਚਨਾ ਦੇਣ ਵਾਲੇ ਵਿਅਕਤੀਆਂ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਇਸ ਮੌਕੇ ਐੱਸਐੱਸਪੀ ਬਟਾਲਾ ਡਾਕਟਰ ਮਹਿਤਾਬ ਸਿੰਘ ਤੋਂ ਇਲਾਵਾ ਡੀਐੱਸਪੀ ਮਨੋਜ ਕੁਮਾਰ ਅਤੇ ਐੱਸਐੱਚਓ ਥਾਣਾ ਕਾਦੀਆਂ ਕੰਵਲਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਸ਼ਾਮਲ ਸਨ।

## ਅੱਤਵਾਦੀ ਸਾਜ਼ਿਸ਼ ਨਾਕਾਮ; ਚਾਰ ਪੈਟਰੋਲ ਬੰਬਾਂ ਤੇ 3 ਪਿਸਤੌਲਾਂ ਸਮੇਤ 9 ਕਾਬੂ



**ਛੇਹਰਟਾ/ਖਾਸਾ (ਮਨੋਜ ਕੁਮਾਰ/ਬਸ਼ਪਾਲ ਸਿੰਘ)**- ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਆਈ.ਐੱਸ.ਆਈ. ਦੀ ਹਮਾਇਤ ਵਾਲੇ ਦੋ ਸਰਹੱਦ ਪਾਰਲੇ ਅੱਤਵਾਦੀ ਮਡਿਊਲਾਂ ਦਾ ਪਰਦਾਫਾਸ਼ ਕਰਕੇ ਚਾਰ ਪੈਟਰੋਲ ਬੰਬਾਂ ਅਤੇ ਤਿੰਨ ਪਿਸਤੌਲਾਂ ਸਮੇਤ ਨੌਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ 'ਚੋਂ 9 ਜ਼ਿੰਦਾ ਕਾਰਤੂਸ ਸਮੇਤ ਤਿੰਨ ਗੈਰ-ਕਾਨੂੰਨੀ ਪਿਸਤੌਲ ਤੇ ਚਾਰ ਪੈਟਰੋਲ ਬੰਬ ਬਰਾਮਦ ਕੀਤੇ ਹਨ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਵੰਸ਼ ਕੁਮਾਰ (19) ਅਤੇ ਅਨਮੋਲ ਸਿੰਘ ਉਰਫ਼ ਸਾਹਿਲ (20) ਦੋਵੇਂ ਵਾਸੀ ਪਿੰਡ (ਤਰਨ ਤਾਰਨ); ਹਰਮਨ ਸਿੰਘ ਉਰਫ਼ ਮੂੰਗਾ (24) ਤੇ ਸੁਖਦੇਵ ਸਿੰਘ (30) ਦੋਵੇਂ ਵਾਸੀ ਪਿੰਡ ਭੰਗਾਲੀ (ਅੰਮ੍ਰਿਤਸਰ); ਸੁਖਮਨ ਸਿੰਘ (19) ਵਾਸੀ ਪਿੰਡ ਜੇਠ (ਅੰਮ੍ਰਿਤਸਰ) ਵਜੋਂ ਹੋਈ ਹੈ। ਇਸ ਤੋਂ ਇਲਾਵਾ ਮੁਲਜ਼ਮਾਂ ਵਿੱਚ ਚਾਰ ਨਾਬਾਲਗ ਵੀ ਸ਼ਾਮਲ ਹੈ। ਪਿਸਤੌਲਾਂ ਤੇ ਪੈਟਰੋਲ ਬੰਬਾਂ ਦੀ ਬਰਾਮਦਗੀ ਤੋਂ ਇਲਾਵਾ ਪੁਲਸ ਟੀਮਾਂ ਨੇ ਮੁਲਜ਼ਮਾਂ ਕੋਲੋਂ ਚੋਰੀ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸ ਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕਰ ਰਹੇ ਸਨ। ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਤਫ਼ਤੀਸ਼ ਤੋਂ ਖ਼ੁਲਾਸਾ ਹੋਇਆ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਵਿਦੇਸ਼ ਅਧਾਰਤ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ, ਜੋ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ, ਸੁਰੱਖਿਆ ਅਦਾਰਿਆਂ ਦੀ ਰੇਕੀ ਕਰਨ, ਗੈਰ-ਕਾਨੂੰਨੀ ਹਥਿਆਰ ਮੁਹੱਈਆ ਕਰਵਾਉਣ ਤੇ ਅਮਨ-ਸ਼ਾਂਤੀ ਭੰਗ ਕਰਨ ਲਈ ਸਥਾਨਕ ਨੌਜਵਾਨਾਂ ਨੂੰ ਭਰਤੀ ਕਰ ਰਹੇ ਸਨ। ਡੀ.ਜੀ.ਪੀ. ਨੇ ਦੱਸਿਆ ਕਿ ਜਾਂਚ ਦੌਰਾਨ ਹੋਰ ਸਬੰਧਾਂ ਨੂੰ ਨੰਗਾ ਕਰਨ ਲਈ ਸਰਵੋਤਮ ਕੋਸ਼ਿਸ਼ ਕਰਨਗੇ ਉਨ੍ਹਾਂ ਦਾ ਵੀ ਪਤਾ ਲੱਗਾ ਹੈ, ਜਿਨ੍ਹਾਂ ਦੀ ਭੂਮਿਕਾ ਵਿਦੇਸ਼ੀ ਹੈਂਡਲਰਾਂ ਨਾਲ ਸਾਂਝੀ ਕੀਤੀ ਜਾ ਰਹੀ ਹੈ।

## ਪੀ. ਐੱਚ. ਸੀ. ਤੇ ਆਮ ਆਦਮੀ ਕਲੀਨਿਕ ਰਣਜੀਤ ਬਾਗ ਤੋਂ ਹਜ਼ਾਰਾਂ ਦਾ ਸਾਮਾਨ ਚੋਰੀ




**ਗੁਰਦਾਸਪੁਰ, (ਜਨਕ ਮਹਾਜਨ)**- ਦਿਹਾਤੀ ਪੁਲਸ ਚੌਕੀ ਬਰਿਆਰ ਅਧੀਨ ਪੈਂਦੀ ਪੀ. ਐੱਚ. ਸੀ. ਰਣਜੀਤ ਬਾਗ ਵਿਚ ਚੋਰਾਂ ਨੇ ਕਮਰਿਆਂ ਦੇ ਰਾਤ ਸਮੇਂ ਤਾਲੇ ਤੋੜ ਕੇ ਹਜ਼ਾਰਾਂ ਰੁਪਏ ਦਾ ਸਮਾਨ ਖ਼ੁਰਦ ਬੁਰਦ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ. ਐੱਮ. ਓ. ਡਾ. ਸ਼ਿਲਪਾ ਨੇ ਦੱਸਿਆ ਕਿ ਜਦੋਂ ਸੰਸਥਾ ਦੇ ਮੁਲਾਜ਼ਮ ਡਿਊਟੀ 'ਤੇ ਪਹੁੰਚੇ ਤਾਂ ਉਨ੍ਹਾਂ ਦੇਖਿਆ ਕਿ ਮੁੱਖ ਬਿਲਡਿੰਗ ਦੇ ਦਰਵਾਜ਼ੇ ਦਾ ਤਾਲੇ ਟੁਟੇ ਪਏ ਸਨ ਅਤੇ ਅੰਦਰਲੇ ਸਾਰੇ ਕਮਰਿਆਂ ਅਤੇ ਅਲਮਾਰੀਆਂ ਦੇ ਤਾਲੇ ਤੋੜ ਕੇ ਸਾਮਾਨ ਇਧਰ-ਉਧਰ ਡਿੱਗਿਆ ਹੋਇਆ ਸੀ। ਉਨ੍ਹਾਂ ਦੱਸਿਆ ਕਿ ਚੋਰਾਂ ਵਲੋਂ ਓ.ਓ.ਏ.ਟੀ. ਸੈਂਟਰ ਅਤੇ ਬਿਲਡਿੰਗ ਅੰਦਰ ਪਏ ਹੋਰ ਸਾਮਾਨ ਜਿਵੇਂ ਇਕ ਇਨਵਰਟਰ ਬੈਟਰੀ, ਵਾਈ-ਫਾਈ ਸੈਟਅੱਪ ਬਾਕਸ ਰਾਊਟਰ ਅਤੇ ਰਿਪੋਰਟਿੰਗ ਲਈ ਵਰਤਿਆ ਜਾਣ ਵਾਲਾ ਇਕ ਟੈਬਲੇਟ, ਬੀ. ਪੀ. ਚੈੱਕ ਕਰਨ ਵਾਲੀ ਮਸ਼ੀਨ ਅਤੇ ਵਾਈ-ਫਾਈ ਸੈੱਟਅੱਪ ਬਾਕਸ ਰਾਊਟਰ, ਓ.ਓ.ਏ.ਟੀ ਸੈਂਟਰ ਵਿੱਚ ਵਰਤੀਆਂ ਜਾਣ ਵਾਲੀਆਂ 552 ਨਸ਼ਾ ਛਡਾਊ ਗੋਲੀਆਂ, ਰਿਫਰੈਕਟੋਮੀਟਰ ਚੋਰੀ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਘਟਨਾ ਦੀ ਸੂਚਨਾ ਤੁਰੰਤ ਇੰਚਾਰਜ ਦਿਹਾਤੀ ਪੁਲਸ ਚੌਕੀ ਬਰਿਆਰ ਨੂੰ ਲਿਖਤੀ ਰੂਪ ਵਿੱਚ ਦੇ ਦਿੱਤੀ ਗਈ ਹੈ। ਪੁਲਸ ਨੇ ਭਰੋਸਾ ਦਿੱਤਾ ਹੈ ਕਿ ਜਲਦੀ ਹੀ ਚੋਰਾਂ ਨੂੰ ਕਾਬੂ ਕਰਕੇ ਚੋਰੀ ਹੋਏ ਸਾਮਾਨ ਨੂੰ ਬਰਾਮਦ ਕਰ ਲਿਆ ਜਾਵੇਗਾ।

## ਨਗਰ ਕੌਂਸਲ ਪੱਟੀ ਦੇ ਸਫਾਈ ਕਰਮਚਾਰੀਆਂ ਦੀ ਹੜਤਾਲ ਸਮਾਪਤ



**ਪੱਟੀ (ਬਲਜੀਤ ਸਿੰਘ ਖੈਰਾ)**- ਪੱਟੀ ਨਗਰ ਕੌਂਸਲ ਦੇ ਕਰਮਚਾਰੀਆਂ ਨੇ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਲੈ ਕੇ ਕਈ ਦਿਨਾਂ ਤੋਂ ਚੱਲ ਰਹੀ ਹੜਤਾਲ ਖ਼ਤਮ ਕਰਨ ਦਾ ਐਲਾਨ ਕਰ ਦਿੱਤਾ ਹੈ।ਕਰਮਚਾਰੀਆਂ ਨੇ ਸਫ਼ਾਈ ਸੇਵਾਵਾਂ ਨੂੰ ਮੁੜ ਸ਼ੁਰੂ ਕਰਦੇ ਹੋਏ ਕਿਹਾ ਕਿ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀਆਂ ਮੁੱਖ ਮੰਗਾਂ ਨੂੰ ਸਵੀਕਾਰ ਕਰਨ ਦਾ ਭਰੋਸਾ ਦਿੱਤਾ ਗਿਆ ਹੈ, ਜਿਸ ਤੋਂ ਬਾਅਦ ਯੂਨੀਅਨ ਇੰਚਾਰਜ ਜਸਕੰਵਰ ਸਿੰਘ ਸੰਧੂ ਪੱਟੀ ਨੇ ਨਗਰ ਕੌਂਸਲ ਦੇ ਕਰਮਚਾਰੀਆਂ ਅਤੇ ਸਫ਼ਾਈ ਸੇਵਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਰਕਾਰ ਵਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ। ਇਸ ਦੌਰਾਨ ਦੋਵਾਂ ਧਿਰਾਂ ਵਿੱਚ ਆਪਸੀ ਸਹਿਮਤੀ ਬਣੀ ਅਤੇ ਕਰਮਚਾਰੀਆਂ ਨੇ ਤੁਰੰਤ ਪ੍ਰਭਾਵ ਨਾਲ ਹੜਤਾਲ ਖ਼ਤਮ ਕਰਨ ਦਾ ਫ਼ੈਸਲਾ ਕੀਤਾ ਗਿਆ।ਹੜਤਾਲ ਸਮਾਪਤ ਹੋਣ ਨਾਲ ਨਗਰ ਕੌਂਸਲ ਦੇ ਦਫ਼ਤਰੀ ਕੰਮਕਾਜ ਅਤੇ ਸ਼ਹਿਰ ਦੀ ਸਫ਼ਾਈ ਸਮੇਤ ਹੋਰ ਨਾਗਰਿਕ ਸੇਵਾਵਾਂ ਮੁੜ ਆਮ ਵਾਂਗ ਸ਼ੁਰੂ ਹੋ ਗਈਆਂ ਹਨ।ਸਫਾਈ ਕਰਮਚਾਰੀਆਂ ਨੇ ਕਿਹਾ ਕਿ ਉਹ ਲੋਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਆਪਣੀਆਂ ਡਿਊਟੀਆਂ 'ਤੇ ਵਾਪਸ ਪਰਤ ਆਏ ਹਨ, ਸ਼ਹਿਰ ਵਿਚ ਥਾਂ ਥਾਂ ਲੱਗੇ ਕੂੜੇ ਦੇ ਢੇਰਾਂ ਨੂੰ ਚੁੱਕਿਆ ਜਾਵੇਗਾ ਅਤੇ ਸ਼ਹਿਰ ਨੂੰ ਪਹਿਲਾਂ ਵਾਂਗ ਸਾਫ ਸੁਥਰੇ ਬਣਾਇਆ ਜਾਵੇਗਾ।ਨਗਰ ਕੌਂਸਲ ਦੇ ਸਮੂਹ ਕਰਮਚਾਰੀਆਂ ਨੇ ਕਿਹਾ ਕਿ ਜੇਕਰ ਭਵਿੱਖ ਵਿੱਚ ਦਿੱਤੇ ਗਏ ਭਰੋਸਿਆਂ ਨੂੰ ਅਮਲ ਵਿੱਚ ਨਾ ਲਿਆਂਦਾ ਗਿਆ ਜਾਂ ਸਾਡੀਆਂ ਜਾਇਜ਼ ਮੰਗਾਂ ਨੂੰ ਪੂਰਾ ਨਾ ਕੀਤਾ ਗਿਆ ਤਾਂ ਉਹ ਅਗਲੀ ਰਣਨੀਤੀ ਬਣਾਉਣ ਲਈ ਮਜਬੂਰ ਹੋਣਗੇ।ਇਸ ਉਪਰੰਤ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਨੇ ਆਪਸੀ ਭਾਈਚਾਰੇ ਸਾਂਝ ਦੀ ਸ਼ਲਾਘਾ ਕੀਤੀ ਤੇ ਇਕਮੁੱਠ ਹੋਣ ਦਾ ਸਬੂਤ ਦਿੱਤਾ ਅਤੇ ਸਾਰਿਆਂ ਦਾ ਦਿਲੋਂ ਧੰਨਵਾਦ ਕੀਤਾ।

## ਏ. ਕੇ. ਇਮੀਗ੍ਰੇਸ਼ਨ ਸਰਵਿਸਿਜ਼ ਟਰੈਵਲ ਏਜੰਸੀ ਦਾ ਲਾਇਸੰਸ ਰੱਦ



**ਧਾਰੀਵਾਲ, (ਮਨਜੀਵ ਵਿੱਕੀ)**- ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਹਰਜਿੰਦਰ ਸਿੰਘ ਬੇਦੀ ਵੱਲੋਂ ਜਾਰੀ ਕੀਤੇ ਹੁਕਮ ਰਾਹੀਂ ਪੰਜਾਬ ਮਨੁੱਖੀ ਤਸਕਰੀ ਰੋਕੂ ਐਕਟ 2012 ਅਧੀਨ ਜਾਰੀ ਪੰਜਾਬ ਮਨੁੱਖੀ ਤਸਕਰੀ ਨਿਯਮ 2013 (ਸੋਧਿਆ ਨਾਮ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ) ਤਹਿਤ ਏ. ਕੇ. ਇਮੀਗ੍ਰੇਸ਼ਨ ਸਰਵਿਸਿਜ਼ ਸ਼ਾਪਿੰਗ ਕੰਪਲੈਕਸ, ਸਾਹਮਣੇ ਸੀ ਐੱਸ ਡੀ ਕੰਟੀਨ, ਹਰਦੋਛੰਨੀ ਰੋਡ, ਦੇ ਨਾਮ ਤੇ ਅਯੁੱਧਿਆ ਪ੍ਰਕਾਸ਼ ਪੁੱਤਰ ਮੂਰਤੀ ਰਾਮ, ਵਾਸੀ ਮਕਾਨ ਨੰਬਰ 632/13, ਬਹਿਰਾਮਪੁਰ ਰੋਡ, ਨੇੜੇ ਮਹਿਰ ਹਸਪਤਾਲ ਗੁਰਦਾਸਪੁਰ ਨੂੰ ਟਰੈਵਲ ਏਜੰਸੀ ਦਾ ਲਾਇਸੰਸ ਨੰਬਰ 306/ਐੱਸ ਯੂ ਐੱਮ/ਐਕਟ-ਐੱਮ ਏ 3/ਈ ਮਿਤੀ 09.02.2024 ਨੂੰ ਜਾਰੀ ਕੀਤਾ ਲਾਇਸੰਸ ਰੱਦ ਕੀਤਾ ਜਾਂਦਾ ਹੈ।ਜਾਰੀ ਹੁਕਮਾਂ ਅਨੁਸਾਰ ਪ੍ਰਾਰਥੀ ਵੱਲੋਂ 16 ਜੁਲਾਈ 2026 ਨੂੰ ਆਪਣੀ ਦਿੱਤੀ ਅਰਜ਼ੀ ਵਿਚ ਲਿਖਿਆ ਗਿਆ ਹੈ ਕਿ ਹੁਣ ਉਹ ਟਰੈਵਲ ਏਜੰਟ ਦਾ ਕੰਮ ਨਹੀਂ ਕਰਦਾ ਹੈ।ਇਸ ਲਈ ਉਸਦਾ ਟਰੈਵਲ ਏਜੰਟ ਦਾ ਲਾਇਸੰਸ ਕੈਂਸਲ ਕੀਤਾ ਜਾਵੇ।ਇਸ ਤੋਂ ਇਲਾਵਾ ਐਕਟ/ਰੂਲਜ਼ ਮੁਤਾਬਕ ਕਿਸੇ ਵੀ ਕਿਸਮ ਦੀ ਲਾਇਸੰਸ ਧਾਰਕ ਜਾਂ ਉਸਦੀ ਫਰਮ ਦੇ ਖਿਲਾਫ਼ ਕੋਈ ਵੀ ਸ਼ਿਕਾਇਤ ਦਰਜ ਹੁੰਦੀ ਹੈ, ਤਾਂ ਉਸਦਾ ਉਕਤ ਲਾਇਸੰਸ ਧਾਰਕ ਅਯੁੱਧਿਆ ਪ੍ਰਕਾਸ਼ ਹਰ ਪੱਖੋਂ ਜ਼ਿੰਮੇਵਾਰ ਹੋਵੇਗਾ।

## ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਸਹੁੰ-ਚੁੱਕ ਸਮਾਗਮ



**ਬੁਤਾਲਾ, ਬਿਆਸ (ਨਿਰਮਲ ਸਿੰਘ ਬੱਬ), ਪਰਮਜੀਤ ਸਿੰਘ ਰੱਖੜਾ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਉਪ ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. (ਡਾ.) ਸਰੋਜ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਨਾਲ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ 'ਯੁਵਾ ਫ਼ਾਰ ਵਿਕਸਤ ਭਾਰਤ-ਨਸ਼ੇ ਤੋਂ ਦੂਰੀ, ਵਿਕਸਤ ਭਾਰਤ ਲਈ ਜ਼ਰੂਰੀ' ਵਿਸ਼ੇ ਅਧੀਨ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਸਭ ਤੋਂ ਵੱਡੀਆਂ ਰੁਕਾਵਟਾਂ ਵਿੱਚੋਂ ਇੱਕ ਹੈ। ਉਨ੍ਹਾ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ, ਅਨੁਸ਼ਾਸਿਤ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ ਅਤੇ ਕਿਹਾ ਕਿ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ 'ਵਿਕਸਤ ਭਾਰਤ' ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕਦਾ ਹੈ। ਸਮਾਗਮ ਨੂੰ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਕਰਮਬੀਰ ਸਿੰਘ ਵੱਲੋਂ ਕੋਆਰਡੀਨੇਟ ਕੀਤਾ ਗਿਆ। ਉਹਨਾਂ ਨਸ਼ਿਆਂ ਤੋਂ ਦੂਰ ਰਹਿਣ, ਆਪਣੇ ਪਰਵਾਰ, ਦੋਸਤਾਂ ਅਤੇ ਸਮਾਜ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਨਸ਼ਾ ਮੁਕਤ ਭਾਰਤ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾਉਣ ਦੀ ਸਹੁੰ ਚੁਕਾਈ। ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਵੱਲੋਂ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਅਭਿਆਨ ਤਹਿਤ 241 ਵਿਦਿਆਰਥੀਆਂ ਅਤੇ 17 ਅਧਿਆਪਕਾਂ ਨੇ ਭਾਰਤ ਸਰਕਾਰ ਦੇ ਨਿਰਧਾਰਿਤ ਪੋਰਟਲ 'ਤੇ ਆਨਲਾਈਨ ਈ-ਪਲੇਜ ਵੀ ਲਈ ਅਤੇ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਪ੍ਰਗਟਾਇਆ ।ਇਸ ਮੌਕੇ ਕਾਲਜ ਸਟਾਫ ਵਿੱਚੋਂ ਜਸਵਿੰਦਰ ਕੌਰ, ਕਰਮਬੀਰ ਸਿੰਘ, ਮਨਦੀਪ ਸਿੰਘ, ਹੀਰਾ ਲਾਲ, ਰੋਹਿਤ ਗੁਪਤਾ, ਮਨੂੰ ਬਾਲਾ ਤੇ ਗਗਨ ਸ਼ਰਮਾ ਵੱਲੋਂ ਸਹੁੰ ਚੁੱਕੀ ਗਈ।

## ਮਾਤਾ ਗੁਜਰੀ ਕਾਨਵੈਂਟ ਸਕੂਲ 'ਚ ਮੁਟਿਆਰਾਂ ਨੇ ਪਾਈਆਂ ਤੀਆਂ ਦੀਆਂ ਧਮਾਲਾਂ




**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਮਾਤਾ ਗੁਜਰੀ ਕਾਨਵੈਂਟ ਸਕੂਲ, ਸਰਹਾਲੀ ਕਲਾਂ ਵਿਖੇ ਪੰਜਾਬ ਦੇ ਪ੍ਰਸਿੱਧ ਲੋਕ-ਤਿਉਹਾਰ ਤੀਆਂ ਨੂੰ ਬੜੇ ਹੀ ਉਤਸ਼ਾਹ, ਖੁਸ਼ੀ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਨੂੰ ਰੰਗ-ਬਿਰੰਗੀਆਂ ਝਾਲਰਾਂ ਨਾਲ ਸ਼ਿੰਗਾਰਿਆ ਗਿਆ ਅਤੇ ਵਿਦਿਆਰਥਣਾਂ ਨੇ ਪੰਜਾਬੀ ਵਿਰਸੇ ਨੂੰ ਦਰਸਾਉਂਦੇ ਸੁੰਦਰ ਪਹਿਰਾਵੇ ਪਾ ਕੇ ਸਮਾਗਮ ਦੀ ਰੌਣਕ ਨੂੰ ਹੋਰ ਵਧਾ ਦਿੱਤਾ।ਸਮਾਗਮ ਦੌਰਾਨ ਵਿਦਿਆਰਥਣਾਂ ਨੇ ਤੀਆਂ ਨਾਲ ਸਬੰਧਿਤ ਲੋਕ-ਗੀਤਾਂ, ਗਿੱਧੇ, ਭੰਗੜੇ, ਬੋਲੀਆਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਜੀਵੰਤ ਕੀਤਾ। ਵੱਖ-ਵੱਖ ਕਲਾਸਾਂ ਦੀਆਂ ਵਿਦਿਆਰਥਣਾਂ ਨੇ ਆਪਣੀ ਕਲਾ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦਰਸ਼ਕਾਂ ਤੋਂ ਖੂਬ ਪ੍ਰਸ਼ੰਸਾ ਹਾਸਲ ਕੀਤੀ।ਸਮਾਗਮ ਦੌਰਾਨ ਮਹਿੰਦੀ, ਰਵਾਇਤੀ ਪਹਿਰਾਵੇ ਅਤੇ ਲੋਕ-ਸੱਭਿਆਚਾਰ ਨਾਲ ਜੁੜੀਆਂ ਗਤੀਵਿਧੀਆਂ ਨੇ ਵਿਦਿਆਰਥਣਾਂ ਵਿੱਚ ਵਿਸ਼ੇਸ਼ ਉਤਸ਼ਾਹ ਪੈਦਾ ਕੀਤਾ।ਇਸ ਮੌਕੇ ਸਕੂਲ ਦੇ ਡਾਇਰੈਕਟਰ ਮਨਜਿੰਦਰ ਸਿੰਘ ਕੁਕਰੇਜਾ, ਪ੍ਰਿੰਸੀਪਲ ਗੀਤਾ ਕੁਕਰੇਜਾ, ਸਮੂਹ ਅਧਿਆਪਕਾਂ ਅਤੇ ਸਟਾਫ਼ ਨੇ ਵਿਦਿਆਰਥਣਾਂ ਨੂੰ ਤੀਆਂ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੀ ਭਾਸ਼ਾ, ਵਿਰਾਸਤ ਅਤੇ ਰਵਾਇਤਾਂ ਨਾਲ ਜੋੜਦੇ ਹਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕਤਾ ਅਤੇ ਟੀਮ ਭਾਵਨਾ ਦਾ ਵਿਕਾਸ ਕਰਦੇ ਹਨ।ਸਮਾਗਮ ਦੇ ਅੰਤ ਵਿੱਚ ਸ਼ਾਨਦਾਰ ਪੇਸ਼ਕਾਰੀਆਂ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ।ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਸ ਸੱਭਿਆਚਾਰਕ ਤਿਉਹਾਰ ਦਾ ਭਰਪੂਰ ਆਨੰਦ ਮਾਣਿਆ ਅਤੇ ਪੰਜਾਬੀ ਵਿਰਸੇ ਨੂੰ ਸਾਂਭਣ ਅਤੇ ਅੱਗੇ ਵਧਾਉਣ ਦਾ ਸੰਕਲਪ ਲਿਆ।ਇਹ ਸਮਾਗਮ ਵਿਦਿਆਰਥਣਾਂ ਲਈ ਯਾਦਗਾਰ ਬਣਿਆ ਅਤੇ ਸਕੂਲ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਬਣਿਆ ਰਿਹਾ।

## ਹੋਲੀ ਸਿਟੀ 'ਚ ਬੜੇ ਉਤਸ਼ਾਹ ਨਾਲ ਮਨਾਇਆ ਤੀਆਂ ਦਾ ਤਿਉਹਾਰ




**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** - ਪੰਜਾਬ ਦੇ ਅਮੀਰ ਸੱਭਿਆਚਾਰ ਅਤੇ ਵਿਰਸੇ ਨੂੰ ਸਮਰਪਿਤ ਤੀਆਂ ਦਾ ਮੇਲਾ 2026 ਹੋਲੀ ਸਿਟੀ ਵਿੱਚ ਬੜੇ ਹੀ ਉਤਸ਼ਾਹ ਅਤੇ ਸਭਿਆਚਾਰਕ ਢੰਗ ਨਾਲ ਮਨਾਇਆ ਗਿਆ। ਇਹ ਮੇਲਾ ਹੋਲੀ ਸਿਟੀ ਦੀ ਵਸਨੀਕ ਰਬਿੰਦਰ ਕੌਰ ਵੱਲੋਂ ਅੰਮੜੀ ਦਾ ਵੇਹੜਾ ਦੇ ਨਾਮ ਹੇਠ ਕਰਵਾਇਆ ਗਿਆ। ਇਸ ਮੌਕੇ ਰਬਿੰਦਰ ਕੌਰ ਅਤੇ ਉਨ੍ਹਾਂ ਦੀਆਂ ਸਹੇਲੀਆਂ ਵੱਲੋਂ ਪੰਜਾਬੀ ਲੋਕ ਨਾਚ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ, ਜਿਸ ਨੇ ਸਮਾਗਮ ਵਿੱਚ ਮੌਜੂਦ ਔਰਤਾਂ ਅਤੇ ਮਹਿਮਾਨਾਂ ਦਾ ਮਨ ਮੋਹ ਲਿਆ। ਸਮਾਗਮ ਦੌਰਾਨ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਸਵਾਲ-ਜਵਾਬ ਮੁਕਾਬਲੇ ਵੀ ਕਰਵਾਏ ਗਏ ਅਤੇ ਵਧੀਆ ਬੋਲੀ, ਸੋਹਣੀ ਪੰਜਾਬਣ ਆਦਿ ਵਰਗੇ ਖਿਤਾਬਾਂ ਨਾਲ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਮੇਲੇ ਦੌਰਾਨ ਪਹੁੰਚੇ ਮਹਿਮਾਨਾਂ ਨੂੰ ਸੁੰਦਰ ਤੋਹਫੇ ਵੀ ਭੇਟ ਕੀਤੇ ਗਏ। ਸਮੁੱਚੇ ਤੌਰ 'ਤੇ ਤੀਆਂ ਦਾ ਇਹ ਮੇਲਾ ਖੁਸ਼ੀਆਂ, ਉਤਸ਼ਾਹ ਅਤੇ ਪੰਜਾਬੀ ਸੱਭਿਆਚਾਰ ਦੀ ਝਲਕ ਨਾਲ ਭਰਪੂਰ ਰਿਹਾ। ਇਸ ਮੌਕੇ ਹਾਜ਼ਰ ਔਰਤਾਂ ਨੇ ਪੰਜਾਬ ਦੇ ਪੁਰਾਤਨ ਸੱਭਿਆਚਾਰ ਅਤੇ ਵਿਰਸੇ ਨੂੰ ਜੀਵਤ ਰੱਖਣ ਲਈ ਹਰ ਸਾਲ ਤੀਆਂ ਦਾ ਤਿਉਹਾਰ ਮਨਾਉਣ ਦਾ ਫੈਸਲਾ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨਵੀਂ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ, ਰੀਤੀ-ਰਿਵਾਜਾਂ ਅਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

## ਜਲੰਧਰ ਰੈਲੀ ਦੀਆਂ ਪਿੰਡ-ਪਿੰਡ ਤਿਆਰੀਆਂ ਜ਼ੋਰਾਂ 'ਤੇ : ਕਾਮਰੇਡ ਜੋਗਿੰਦਰ ਸਿੰਘ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਦਿਹਾਤੀ ਮਜ਼ਦੂਰ ਸਭਾ ਦੀ ਮੀਟਿੰਗ ਪਿੰਡ ਰਾਮਪੁਰ ਵਿਖੇ ਰਮਨ ਕੌਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੇਂਡੂ ਤੇ ਖੇਤ ਮਜ਼ਦੂਰਾਂ ਦੇ ਸਾਂਝੇ ਮੋਰਚੇ ਵੱਲੋਂ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਮਜ਼ਦੂਰਾਂ ਦੇ ਮਸਲਿਆਂ ਨੂੰ ਲੈ ਕੇ ਕੀਤੇ ਜਾ ਰਹੇ ਇਕੱਠ ਵਿੱਚ ਵੱਡੀ ਸ਼ਮੂਲੀਅਤ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਨੇ ਲੰਬੇ ਸਮੇਂ ਤੋਂ ਮਜ਼ਦੂਰਾਂ ਦਾ ਕੋਈ ਮਸਲਾ ਹੱਲ ਨਹੀਂ ਕੀਤਾ ਮਜ਼ਦੂਰਾਂ ਨੂੰ ਫੋਕੇ ਲਾਰਿਆਂ ਤੋਂ ਬਿਨਾਂ ਕੁਝ ਨਹੀਂ ਦਿੱਤਾ ਗਿਆ। ਜਥੇਬੰਦੀਆਂ ਵੱਲੋਂ ਕੀਤਾ ਜਾ ਰਿਹਾ ਇਕੱਠ ਸਰਕਾਰ ਦੇ ਨੱਕ ਵਿੱਚ ਦਮ ਕਰ ਦੇਵੇਗਾ।ਇਨ੍ਹਾਂ ਤੋਂ ਇਲਾਵਾ ਕਾਮਰੇਡ ਜੋਗਿੰਦਰ ਸਿੰਘ ਖਡੂਰ ਸਾਹਿਬ ਨੇ ਕਿਹਾ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਵੱਡੀ ਪੱਧਰ ਤੇ ਰੈਲੀ ਦੀ ਤਿਆਰੀ ਕੀਤੀ ਜਾ ਰਹੀ ਹੈ।ਇਸ ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਵਿੱਚ ਸੁੱਖਾ ਸਿੰਘ, ਕਰਮਜੀਤ ਸਿੰਘ, ਕਸ਼ਮੀਰ ਸਿੰਘ, ਪ੍ਰਗਟ ਸਿੰਘ, ਜਗੀਰ ਸਿੰਘ ਰਿੰਕੂ, ਜਾਨੋ ਜੋਤੀ, ਪਰਮਜੀਤ ਕੌਰ, ਮਹਿੰਦਰ ਕੌਰ, ਰਮਨ ਕੌਰ, ਕਰਨਬੀਰ ਸਿੰਘ ਹਾਜ਼ਰ ਸਨ।

## ਸਰਕਲ ਸਟਾਈਲ ਕਬੱਡੀ ਮੁਕਾਬਲੇ 'ਚ ਅੱਵਲ ਸਥਾਨ ਹਾਸਲ



**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਾਹਲੀ ਸਾਹਿਬ ਦੀ ਕਬੱਡੀ ਟੀਮ ਨੇ ਸਰਕਲ ਸਟਾਈਲ ਕਬੱਡੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਮੌਕੇ ਕਬੱਡੀ ਕੋਚ ਗੁਰਪ੍ਰੀਤ ਸਿੰਘ ਡਾਹਰੀਕੇ ਨੇ ਕਿਹਾ ਕਿ ਇਹ ਪ੍ਰਾਪਤੀ ਖਿਡਾਰੀਆਂ ਦੀ ਲਗਨ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਤਰਸਿੱਕਾ, ਭੀਲੋਵਾਲ, ਰਸੂਲਪੁਰਾ, ਚੁਗਾਵਾਂ, ਸਾਧਪੁਰ ਅਤੇ ਮਹਿਤਾ ਦੇ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ।

ਸਖ਼ਤ ਮੁਕਾਬਲੇ ਦੇ ਬਾਵਜੂਦ ਟਾਹਲੀ ਸਾਹਿਬ ਸਕੂਲ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਲਗਾਤਾਰ ਜਿੱਤ ਦਰਜ ਕੀਤੀ ਅਤੇ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ।ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਇਸ ਸ਼ਾਨਦਾਰ ਉਪਲਬਧੀ 'ਤੇ ਖਿਡਾਰੀਆਂ, ਕਬੱਡੀ ਕੋਚ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਸਫਲਤਾ ਦਾ ਸਿਹਰਾ ਖਿਡਾਰੀਆਂ ਦੀ ਅਣਥੱਕ ਮਿਹਨਤ, ਕੋਚ ਦੀ ਸਿਖਲਾਈ, ਅਧਿਆਪਕਾਂ ਦੇ ਸਹਿਯੋਗ ਅਤੇ ਸਕੂਲ ਪ੍ਰਬੰਧਨ ਦੇ ਉਤਸ਼ਾਹ ਨੂੰ ਜਾਂਦਾ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਟੀਮ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਹੋਰ ਉਚਾਈਆਂ ਨੂੰ ਛੂਹੇਗੀ।

ਇਸ ਮੌਕੇ ਪ੍ਰਿੰ. ਬਿਕਰਮਜੀਤ ਸਿੰਘ, ਡੀ. ਪੀ. ਬਲਜਿੰਦਰ ਸਿੰਘ, ਕੈਂਪਸ ਮੈਨੇਜਰ ਰਣਜੀਤ ਸਿੰਘ, ਕਬੱਡੀ ਕੋਚ ਗੁਰਪ੍ਰੀਤ ਸਿੰਘ ਡਾਹਰੀਕੇ, ਮੈਡਮ ਰਾਜਵਿੰਦਰ ਕੌਰ, ਗੁਰਪ੍ਰੀਤ ਕੌਰ, ਹਰਪ੍ਰੀਤ ਕੌਰ, ਰੁਪਿੰਦਰਜੀਤ ਕੌਰ, ਗਗਨਦੀਪ ਅਤੇ ਬਲਜਿੰਦਰ ਨੇ ਜੇਤੂ ਟੀਮ ਦੇ ਕਪਤਾਨ ਜਸ਼ਨਦੀਪ ਸਿੰਘ ਸਮੇਤ ਅਭੀਜੋਤ ਸਿੰਘ, ਮੋਹਿਤ ਭਨੋਟ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਗੁਰਕੀਰਤ, ਮਨਜੋਤ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਬਰਨਾਲਾ ਵਿਖੇ ਤਰਕਸ਼ੀਲ ਪੁਸਤਕ ਮੇਲਾ 21 ਤੋਂ 23 ਤੱਕ

**• ਲੋਕ ਪੱਖੀ ਸਾਹਿਤ, ਵਿਗਿਆਨਕ ਸੋਚ, ਪੱਤਰਕਾਰੀ ਤੇ ਸਿਹਤ ਬਾਰੇ ਸੈਮੀਨਾਰ ਹੋਣਗੇ ਪੁਸਤਕ ਮੇਲੇ ਦਾ ਹਿੱਸਾ**



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਲੋਕ ਪੱਖੀ ਸਾਹਿਤ, ਸਿਹਤਮੰਦ ਸੱਭਿਆਚਾਰ ਅਤੇ ਵਿਗਿਆਨਕ ਚੇਤਨਾ ਨੂੰ ਵਿਕਸਤ ਕਰਨ ਦੇ ਮਕਸਦ ਵਜੋਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਨਾਮਵਰ ਤਰਕਸ਼ੀਲ ਬੁੱਧੀਜੀਵੀ ਡਾ. ਨਰਿੰਦਰ ਦਾਭੋਲਕਰ ਦੀ ਯਾਦ ਨੂੰ ਸਮਰਪਿਤ ਤਿੰਨ ਰੋਜ਼ਾ ਪੁਸਤਕ ਮੇਲਾ ਤਰਕਸ਼ੀਲ ਭਵਨ ਬਰਨਾਲੇ ਵਿਖੇ 21 ਤੋਂ 23 ਅਗਸਤ ਤੱਕ ਲਗਾਇਆ ਜਾਵੇਗਾ ਜਿਸ ਵਿੱਚ ਪੰਜਾਬ ਦੇ ਨਾਮਵਰ ਪ੍ਰਕਾਸ਼ਕਾਂ ਵੱਲੋਂ ਤਰਕਸ਼ੀਲ, ਇਨਕਲਾਬੀ, ਮਾਨਵਵਾਦੀ ਅਤੇ ਅਗਾਂਹਵਧੂ ਸਾਹਿਤ ਦੇ ਸਟਾਲ ਲਗਾਏ ਜਾਣਗੇ।ਇਸ ਸਬੰਧੀ ਹੋਈ ਸੂਬਾ ਕਮੇਟੀ ਦੀ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਸੂਬਾ ਕਮੇਟੀ ਆਗੂਆਂ ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ ਇਸ ਪੁਸਤਕ ਮੇਲੇ ਵਿੱਚ 21 ਅਗਸਤ ਨੂੰ ਡਾ. ਦਾਭੋਲਕਰ ਦੀ ਬੇਟੀ ਮੁਕਤਾ ਦਾਭੋਲਕਰ ਪੁਸਤਕ ਮੇਲੇ ਦਾ ਉਦਘਾਟਨ ਕਰਨ ਉਪਰੰਤ 'ਮਹਾਰਾਸ਼ਟਰ ਦੀ ਅੰਧ ਸ਼ਰਧਾ ਨਿਰਮੂਲਨ ਸੰਮਤੀ ਦੇ ਕਾਰਜ, ਪ੍ਰਾਪਤੀਆਂ ਅਤੇ ਚੁਣੌਤੀਆਂ' ਸਬੰਧੀ ਆਪਣੇ ਵਿਚਾਰ ਸਾਂਝੇ ਕਰਨਗੇ।22 ਅਗਸਤ ਨੂੰ ਪਹਿਲੇ ਸੈਸ਼ਨ ਵਿੱਚ 'ਪੰਜਾਬੀ ਸਾਹਿਤ ਅਤੇ ਵਿਗਿਆਨਕ ਚਿੰਤਨ' ਦੇ ਵਿਸ਼ੇ ਸਬੰਧੀ ਪ੍ਰਸਿੱਧ ਚਿੰਤਕ ਡਾ. ਰਾਜਿੰਦਰਪਾਲ ਸਿੰਘ ਮੁੱਖ ਬੁਲਾਰੇ ਵਜੋਂ ਸੰਬੋਧਨ ਕਰਨਗੇ ਅਤੇ ਸਮਾਗਮ ਦੀ ਪ੍ਰਧਾਨਗੀ ਪ੍ਰਗਤੀਸ਼ੀਲ ਲੇਖਕ ਸੰਘ ਦੇ ਸੂਬਾਈ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ ਵੱਲੋਂ ਕੀਤੀ ਜਾਵੇਗੀ।ਇਸੇ ਹੀ ਦਿਨ ਦੂਜੇ ਸੈਸ਼ਨ ਵਿੱਚ ਪੱਤਰਕਾਰ ਗੌਰੀ ਲੰਕੇਸ਼ ਨੂੰ ਸਮਰਪਿਤ 'ਮੀਡੀਆ ਅਤੇ ਫਿਰਕਾਪ੍ਰਸਤੀ' ਵਿਸ਼ੇ ਸਬੰਧੀ ਨਾਮਵਰ ਲੋਕ ਪੱਖੀ ਪੱਤਰਕਾਰਾਂ ਸ਼ਿਵਇੰਦਰ, ਅੰਸ਼ੁਲ ਛਤਰਪਤੀ, ਜਤਿੰਦਰ ਕੌਰ ਤੁੜ ਅਤੇ ਨੇਹਾ ਦੀਕਸ਼ਿਤ ਵੱਲੋਂ ਗੰਭੀਰ ਵਿਚਾਰ ਚਰਚਾ ਕੀਤੀ ਜਾਵੇਗੀ।ਤੀਜੇ ਸੈਸ਼ਨ ਵਿੱਚ ਪ੍ਰਸਿੱਧ ਵਿਦਵਾਨ ਪ੍ਰੋ. ਹਰਵਿੰਦਰ ਸਿੰਘ ਭੱਟੀ 'ਨੌਜਵਾਨ ਪੀੜ੍ਹੀ ਦਾ ਪਰਵਾਸ ਅਤੇ ਮਾਪਿਆਂ ਦਾ ਸੰਕਟ' ਵਿਸ਼ੇ ਸਬੰਧੀ ਆਪਣੇ ਵਿਚਾਰ ਸਾਂਝੇ ਕਰਨਗੇ।23 ਅਗਸਤ ਨੂੰ ਆਖਰੀ ਦਿਨ ਪ੍ਰਸਿੱਧ ਚਿੰਤਕ ਅਤੇ ਫ਼ਿਲਮਸਾਜ਼ ਪ੍ਰੋ. ਗੌਹਰ ਰਜ਼ਾ 'ਮੌਜੂਦਾ ਦੌਰ ਵਿੱਚ ਵਿਗਿਆਨਕ ਸੋਚ ਨੂੰ ਚੁਣੌਤੀਆਂ ਅਤੇ ਸਾਡੇ ਕਾਰਜ' ਸਬੰਧੀ ਵਿਚਾਰ ਸਾਂਝੇ ਕਰਨਗੇ।ਦੂਜੇ ਸੈਸ਼ਨ ਵਿੱਚ ਪ੍ਰਸਿੱਧ ਸਿਹਤ ਮਾਹਿਰਾਂ ਡਾ. ਅੰਮ੍ਰਿਤਪਾਲ ਸਿੰਘ, ਡਾ. ਜਗਰੂਪ ਸਿੰਘ ਅਤੇ ਡਾ. ਜਸ਼ਨਪ੍ਰੀਤ ਸਿੰਘ ਵੱਲੋਂ ਸਿਹਤ ਸੰਬੰਧੀ ਸਮੱਸਿਆਵਾਂ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਇਸ ਉਪਰੰਤ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ ਪ੍ਰਸਿੱਧ ਨਾਟਕਕਾਰ ਕੀਰਤੀ ਕਿਰਪਾਲ ਦੀ ਨਿਰਦੇਸ਼ਨਾ ਹੇਠ ਨਾਟਕ 'ਸੁਕਰਾਤ' ਪੇਸ਼ ਕੀਤਾ ਜਾਵੇਗਾ ਜਿਸਦੀ ਪ੍ਰਧਾਨਗੀ ਪ੍ਰਸਿੱਧ ਨਾਵਲਕਾਰ ਬਲਦੇਵ ਸੜਕਨਾਮਾ ਵੱਲੋਂ ਕੀਤੀ ਜਾਵੇਗੀ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਪੁਸਤਕ ਮੇਲੇ ਦੀ ਪ੍ਰਬੰਧਕ ਕਮੇਟੀ ਦੇ ਆਗੂਆਂ ਦੀਪ ਦਿਲਬਰ, ਖੁਸ਼ਵੰਤ ਬਰਗਾੜੀ, ਅਮਿਤ ਮਿੱਤਰ ਅਤੇ ਵਰਿੰਦਰ ਦਿਵਾਨਾ ਨੇ ਦੱਸਿਆ ਕਿ ਇਸ ਪੁਸਤਕ ਮੇਲੇ ਵਿੱਚ ਵਿਦਿਆਰਥੀਆਂ ਦੇ ਸੁੰਦਰ ਲਿਖਾਈ ਮੁਕਾਬਲੇ, ਪੋਸਟਰ ਮੁਕਾਬਲੇ ਕਰਵਾਉਣ ਸਮੇਤ ਗਾਇਕੀ ਤੇ ਸੱਭਿਆਚਾਰਕ ਪ੍ਰੋਗਰਾਮਾਂ ਦੀ ਪੇਸ਼ਕਾਰੀ ਹੋਵੇਗੀ ਅਤੇ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਅਤੇ ਤਰਕਸ਼ੀਲ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਸੂਬਾ ਕਮੇਟੀ ਆਗੂਆਂ ਸੁਖਵਿੰਦਰ ਬਾਗਪੁਰ, ਗੁਰਪ੍ਰੀਤ ਸ਼ਹਿਣਾ, ਮੋਹਨ ਬਡਲਾ, ਜੁਝਾਰ ਲੌਂਗੋਵਾਲ ਅਤੇ ਕੁਲਜੀਤ ਡੰਗਰਖੇੜਾ ਨੇ ਸਮੂਹ ਵਿਦਿਆਰਥੀਆਂ, ਲੇਖਕਾਂ, ਪਾਠਕਾਂ, ਅਧਿਆਪਕਾਂ, ਰੰਗਕਰਮੀਆਂ, ਨੌਜਵਾਨਾਂ, ਔਰਤਾਂ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਦੁਕਾਨਦਾਰਾਂ, ਸਮਾਜਿਕ ਕਾਰਕੁਨਾਂ, ਸਾਹਿਤਕ, ਸਭਿਆਚਾਰਕ, ਸਮਾਜਿਕ ਅਤੇ ਜਨਤਕ ਜਮਹੂਰੀ ਜਥੇਬੰਦੀਆਂ, ਟਰੇਡ ਯੂਨੀਅਨਾਂ ਸਮੇਤ ਸਮਾਜ ਦੇ ਸਮੂਹ ਵਰਗਾਂ ਦੇ ਲੋਕਾਂ ਨੂੰ ਪਰਿਵਾਰਾਂ ਸਮੇਤ ਇਸ ਪੁਸਤਕ ਮੇਲੇ ਵਿੱਚ ਸ਼ਾਮਿਲ ਹੋਣ ਅਤੇ ਲੋਕ ਪੱਖੀ ਸਾਹਿਤ ਅਤੇ ਸਿਹਤਮੰਦ ਸੱਭਿਆਚਾਰ ਨਾਲ ਜੁੜਨ ਦਾ ਖੁੱਲ੍ਹਾ ਸੱਦਾ ਦਿੱਤਾ ਹੈ।

## ਸਚਿਨਦੀਪ ਸਿੰਘ ਬਾਠ ਤੇ ਛਿਛਰੇਵਾਲ ਨੇ ਜੋਬਨ ਰੰਧਾਵਾ ਨੂੰ ਦਿੱਤੀ ਮੁਬਾਰਕਬਾਦ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਵਿਧਾਨ ਸਭਾ ਹਲਕਾ ਫਤਹਿਗੜ੍ਹ ਚੂੜੀਆਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਨੌਜਵਾਨ ਆਗੂ ਜੋਬਨ ਰੰਧਾਵਾ ਨੂੰ ਹਲਕਾ ਇੰਚਾਰਜ ਨਿਯੁਕਤ ਕੀਤੇ ਜਾਣ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਵੇਖਣ ਨੂੰ ਮਿਲ ਰਿਹਾ ਹੈ।ਪਿੰਡ ਛਿਛਰੇਵਾਲ ਦੇ ਸਾਬਕਾ ਸਰਪੰਚ ਤੇ ਯੂਥ ਕੁਆਰਡੀਨੇਟਰ ਸਚਿਨਦੀਪ ਸਿੰਘ ਬਾਠ ਨੇ ਵਧਾਈ ਦਿੰਦੇ ਹੋਏ ਕਿਹਾ ਕੇ ਜੋਬਨ ਰੰਧਾਵਾ ਇਕ ਇਮਾਨਦਾਰ ਤੇ ਹਰਮਨ ਪਿਆਰਾ ਲੀਡਰ ਸਾਬਤ ਹੋਇਆ ਹੈ ਤੇ ਵੱਡੀ ਪੱਧਰ ਤੇ ਨੌਜਵਾਨ ਉਹਨਾਂ ਨਾਲ ਜੁੜ ਰਹੇ ਹਨ ਜਿਸ ਨਾਲ ਆਉਣ ਵਾਲੀਆਂ ਚੋਣਾਂ ਦੌਰਾਨ ਪਾਰਟੀ ਨੂੰ ਹੋਰ ਜ਼ਿਆਦਾ ਤਾਕਤ ਮਿਲੇਗੀ ਤੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਹੋਵੇਗੀ।ਉਨ੍ਹਾਂ ਕਿਹਾ ਕਿ ਜੋਬਨ ਰੰਧਾਵਾ ਦੀ ਇਮਾਨਦਾਰ ਛਵੀ ਤੇ ਉਨ੍ਹਾਂ ਵੱਲੋਂ ਕੀਤੀ ਗਈ ਮਿਹਨਤ ਨੂੰ ਵੇਖਦੇ ਹੋਏ ਜੋ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਇਸ ਨਾਲ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਮਨੋਬਲ ਹੋਰ ਉੱਚਾ ਉੱਠੇਗਾ।ਸਰਪੰਚ ਸਚਿਨਦੀਪ ਸਿੰਘ ਬਾਠ ਨੇ ਖੁਸ਼ੀ ਜ਼ਾਹਿਰ ਕਰਦਿਆਂ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏਕਿਹਾ ਕੇ ਹੁਣ ਆਉਣ ਵਾਲੀ ਇਲੈਕਸ਼ਨ ਨਵੇਂ ਉਤਸ਼ਾਹ ਤੇ ਜੋਸ਼ ਨਾਲ ਲੜੀ ਜਾਵੇਗੀ ਤੇ ਯਕੀਨਨ ਇਸ ਵਾਰ ਜਿੱਤ ਸਾਡੇ ਹਰਮਨ ਪਿਆਰੇ ਲੀਡਰ ਜੋਬਨ ਰੰਧਾਵਾ ਦੀ ਹੋਵੇਗੀ।

## ਪੰਜਾਬੀ ਸਾਹਿਤ ਸਭਾ ਤੇ ਸੱਭਿਆਚਾਰਕ ਕੇਂਦਰ ਤਰਨਤਾਰਨ ਵੱਲੋਂ ਵਿਸ਼ੇਸ਼ ਮੀਟਿੰਗ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ (ਰਜਿ) ਦੀ ਇੱਕ ਵਿਸ਼ੇਸ਼ ਮੀਟਿੰਗ ਸਰਦਾਰ ਬਲਬੀਰ ਸਿੰਘ ਭੈਲ ਦੀ ਪ੍ਰਧਾਨਗੀ ਹੇਠ ਮਿਤੀ 02-08-2026 ਨੂੰ ਭਾਈ ਮੋਹਨ ਸਿੰਘ ਵੈਦ ਯਾਦਗਰੀ ਲਾਇਬਰੇਰੀ ਤਰਨ ਤਾਰਨ ਵਿਖੇ ਇੱਕ ਵਿਸ਼ੇਸ਼ ਮੀਟਿੰਗ ਹੋਈ।ਪਿਛਲੇ ਦਿਨੀਂ 2026 ਵਿੱਚ ਕੁਝ ਸਮੇਂ ਦੇ ਅੰਤਰ ਵਿੱਚ ਪੰਜਾਬ ਦੀਆਂ ਕਈ ਸਾਹਿਤਕ ਸ਼ਖ਼ਸੀਅਤਾਂ ਜਿਨ੍ਹਾਂ ਵਿੱਚੋਂ ਸਵਰਨ ਸਿੰਘ ਭੰਗੂ ਬਠਿੰਡਾ, ਮਲਵਿੰਦਰ ਸ਼ਾਇਰ, ਪ੍ਰਿੰਸੀਪਲ ਡਾ: ਕੁਲਵੰਤ ਸਿੰਘ ਸੂਦ ਤਰਨ ਤਾਰਨ ਮਾਸਟਰ ਗੁਰਮੇਜ ਸਿੰਘ ਕੈਰੋਂ, ਇਕਬਾਲ ਕੌਰ ਸੌਂਦ ਅੰਮ੍ਰਿਤਸਰ, ਸਰਦਾਰ ਗੁਰਮੀਤ ਸਿੰਘ ਐਡਵੋਕੇਟ ਪੱਟੀ, ਰਣਜੀਤ ਸਿੰਘ ਮੁਰਾਦਪੁਰ (ਸਰੋਤਾ) ਇਸ ਫਾਨੀ ਸੰਸਾਰ ਤੋਂ ਕੂਚ ਕਰ ਗਏ ਹਨ, ਸਭਾ ਵੱਲੋਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਪਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਇਨ੍ਹਾਂ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਇਸ ਉਪਰੰਤ ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਕੇਂਦਰ (ਰਜਿ) ਤਰਨ ਤਾਰਨ ਵੱਲੋਂ ਸਾਵਣ ਕਵੀ ਦਰਬਾਰ ਕਰਵਾਇਆ ਗਿਆ।ਜਿਸ ਵਿੱਚ ਵੱਖ-ਵੱਖ ਸਾਹਿਤਕਾਰਾਂ ਨੇ ਆਪਣੀਆਂ ਸਾਵਣ ਨੂੰ ਸਮਰਪਿਤ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।

ਸਮਾਗਮ ਵਿੱਚ ਸ਼ਮੂਲੀਅਤ ਕਰਨ ਵਾਲੇ ਸਾਹਿਤਕਾਰਾਂ 'ਚ ਬਲਬੀਰ ਸਿੰਘ ਭੈਲ, ਜਸਵਿੰਦਰ ਸਿੰਘ ਢਿੱਲੋਂ, ਏ. ਐੱਸ ਦਲੇਰ, ਬਲਬੀਰ ਸਿੰਘ ਬੇਲੀ, ਜਸਵਿੰਦਰ ਸਿੰਘ ਮਾਨੋਚਾਹਲ, ਕੰਵਲਜੀਤ ਸਿੰਘ ਢਿੱਲੋਂ, ਲਾਲੀ ਕਰਤਾਰਪੁਰੀ, ਕਮਲਜੀਤ ਕੌਰ ਢਿੱਲੋਂ ਦਬੁਰਜੀ, ਸੁਖਵਿੰਦਰ ਸਿੰਘ ਖਾਰਾ, ਕਾਮਰੇਡ ਚਰਨ ਸਿੰਘ, ਜਸਬੀਰ ਸਿੰਘ ਝਬਾਲ, ਜਸਵਿੰਦਰ ਸਿੰਘ ਝਬਾਲ, ਸਤਬੀਰ ਸਿੰਘ ਢੋਟੀ, ਬਲਬੀਰ ਸਿੰਘ ਲਹਿਰੀ, ਗੁਰਚਰਨ ਸਿੰਘ ਸਭਰਾਂ, ਹਰਕੀਰਤ ਸਿੰਘ, ਸਕੱਤਰ ਸਿੰਘ ਤੇਜਾ ਸਿੰਘ ਵਾਲਾ, ਬਾਬਾ ਜਸਪਾਲ ਸਿੰਘ ਕੋਟ ਧਰਮ ਚੰਦ, ਗੁਰਮੀਤ ਸਿੰਘ ਨੂਰਦੀ, ਅਵਤਾਰ ਸਿੰਘ ਗੋਇੰਦਵਾਲ, ਰਾਕੇਸ਼ ਸੱਚ ਦੇਵਾ, ਦੀਦਾਰ ਸਿੰਘ ਲਾਇਬ੍ਰੇਰੀਅਨ, ਮਹਿੰਦਰ ਪਾਲ ਸਿੰਘ ਨੇ ਬਤੌਰ ਸਰੋਤੇ ਇਸ ਕਵੀ ਦਰਬਾਰ ਦਾ ਆਨੰਦ ਮਾਣਿਆ।ਸਟੇਜ ਦੀ ਸੇਵਾ ਜਸਵਿੰਦਰ ਸਿੰਘ ਮਾਨੋਚਾਹਲ ਨੇ ਨਿਭਾਈ।ਅੰਤ ਵਿੱਚ ਬਲਬੀਰ ਸਿੰਘ ਭੈਲ ਨੇ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

## ਹਲਕਾ ਮਜੀਠਾ ਦੇ ਵਿਕਾਸ ਕਾਰਜਾਂ ਦੀ ਰਫਤਾਰ 'ਚ ਆਈ ਤੇਜ਼ੀ : ਤਲਬੀਰ ਗਿੱਲ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਮਜੀਠਾ ਵਿੱਚ ਵੀ ਵਿਕਾਸ ਕਾਰਜਾਂ ਦੀ ਰਫਤਾਰ ਤੇਜ਼ ਕੀਤੀ ਗਈ ਹੈ ਤਾਂ ਜੋ ਹਲਕੇ ਦੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਸੁੱਖ ਸਹੂਲਤਾਂ ਜਾਰੀ ਕੀਤੀਆਂ ਜਾ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਰਾਮਦਵਾਲੀ ਮੁਸਲਮਾਨਾਂ ਵਿਖੇ ਪਿੰਡ ਵਾਸੀਆਂ ਦੇ ਨਾਲ ਕੀਤੀ ਗਈ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਸ. ਗਿੱਲ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਮਜੀਠਾ ਦਾ ਵਿਕਾਸ ਕਰਾਉਣ ਦੀ ਜ਼ਿੰਮੇਵਾਰੀ ਹਲਕੇ ਵਾਲਿਆਂ ਨੇ ਮੈਨੂੰ ਸੌਂਪੀ ਹੈ। ਇਸ ਜ਼ਿੰਮੇਵਾਰੀ ਵਿੱਚ ਮੈਂ ਕੋਈ ਵੀ ਕੁਤਾਹੀ ਨਹੀਂ ਆਉਣ ਦਿਆਂਗਾ । ਸ. ਗਿੱਲ ਨੇ ਪਿੰਡ ਦੇ ਮੋਹਤਬਰ ਸੱਜਣਾਂ, ਸਰਪੰਚ, ਪੰਚਾਇਤ ਮੈਂਬਰਾਂ ਅਤੇ ਸਮੂਹ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਪਿੰਡ ਦੇ ਚੱਲ ਰਹੇ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ।ਉਨ੍ਹਾਂ ਨੇ ਪਿੰਡ ਵਾਸੀਆਂ ਦੇ ਕੀਮਤੀ ਸੁਝਾਅ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਦੀ ਲੋਕ-ਪੱਖੀ ਨੀਤੀਆਂ ਅਨੁਸਾਰ ਪਿੰਡ ਦੇ ਸਰਵਪੱਖੀ ਵਿਕਾਸ ਅਤੇ ਲੋਕ ਭਲਾਈ ਲਈ ਹਰ ਸੰਭਵ ਯਤਨ ਲਗਾਤਾਰ ਜਾਰੀ ਰਹਿਣਗੇ ।ਪਿੰਡ ਰਾਮਦਵਾਲੀ ਦੇ ਮੁਸਲਮਾਨਾਂ ਦੇ ਆਪ ਆਗੂਆਂ ਵੱਲੋਂ ਤਲਬੀਰ ਸਿੰਘ ਗਿੱਲ ਨੂੰ ਸਿਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ ।

## ਐੱਨ. ਸੀ. ਸੀ. ਕੈਡਿਟਾਂ ਨੇ ਸੀ.ਏ.ਟੀ.ਸੀ.-24 ਕੈਂਪ 'ਚ ਜਿੱਤੇ 20 ਮੈਡਲ



**ਝਬਾਲ, (ਹਰਜਿੰਦਰ ਸਿੰਘ ਸੋਨੀ)**- 24 ਪੰਜਾਬ ਬਟਾਲੀਅਨ ਐੱਨ. ਸੀ. ਸੀ. ਅੰਮ੍ਰਿਤਸਰ ਵੱਲੋਂ ਕਮਾਂਡਿੰਗ ਅਫ਼ਸਰ (ਸੀ.ਓ.) ਪ੍ਰਮਜੀਤ ਸਿੰਘ ਰਿਆੜ ਦੀ ਅਗਵਾਈ ਹੇਠ ਰੋਪੜ ਵਿਖੇ ਆਯੋਜਿਤ 10 ਰੋਜ਼ਾ ਸੀਏਟੀਸੀ.-24 ਵਿੱਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੀੜ ਸਾਹਿਬ ਦੇ 50 ਐੱਨ. ਸੀ. ਸੀ. ਕੈਡਿਟਾਂ (ਲੜਕੇ ਅਤੇ ਲੜਕੀਆਂ) ਨੇ ਉਤਸ਼ਾਹ ਨਾਲ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕੈਂਪ ਦੌਰਾਨ ਕੈਡਿਟਾਂ ਨੂੰ ਐੱਨ.ਡੀ.ਆਰ.ਐੱਫ. ਵੱਲੋਂ ਆਫ਼ਤ ਪ੍ਰਬੰਧਨ,ਅੱਗ ਬੁਝਾਉਣ ਦੇ ਤਰੀਕੇ, ਹਥਿਆਰਾਂ ਦੀ ਮੁੱਢਲੀ ਸਿਖਲਾਈ, ਨਸ਼ਿਆਂ ਤੋਂ ਬਚਾਅ, ਸਰੀਰਕ ਤੰਦਰੁਸਤੀ,ਖੇਡਾਂ ਦੀ ਮਹੱਤਤਾ ਅਤੇ ਭੂਚਾਲ,ਹੜ੍ਹਾਂ ਸਮੇਤ ਹੋਰ ਕੁਦਰਤੀ ਆਫ਼ਤਾਂ ਦੌਰਾਨ ਆਪਣੀ ਅਤੇ ਦੂਜਿਆਂ ਦੀ ਸੁਰੱਖਿਆ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਸਿਖਲਾਈ ਨੇ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਲੀਡਰਸ਼ਿਪ ਅਤੇ ਸੇਵਾ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਕੈਂਪ ਦੌਰਾਨ ਹੋਏ ਵੱਖ-ਵੱਖ ਮੁਕਾਬਲਿਆਂ ਵਿੱਚ ਸਕੂਲ ਦੇ ਕੈਡਿਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰੱਸਾਕਸੀ ਮੁਕਾਬਲੇ ਵਿੱਚ ਲੜਕਿਆਂ ਨੇ ਦੂਜਾ ਸਥਾਨ,ਡਰਿੱਲ ਮੁਕਾਬਲੇ ਵਿੱਚ ਲੜਕੀਆਂ ਨੇ ਦੂਜਾ ਸਥਾਨ ਅਤੇ ਡਾਂਸ ਮੁਕਾਬਲੇ ਵਿੱਚ ਲੜਕੀਆਂ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਵਿਅਕਤੀਗਤ ਅਤੇ ਟੀਮ ਮੁਕਾਬਲਿਆਂ ਵਿੱਚ ਕੁੱਲ 20 ਮੈਡਲ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਕੈਂਪ ਦੇ ਸਮਾਪਤੀ ਸਮਾਰੋਹ ਦੌਰਾਨ ਸੀ ਓ. ਪ੍ਰਮਜੀਤ ਸਿੰਘ ਰਿਆੜ ਵੱਲੋਂ ਜੇਤੂ ਕੈਡਿਟਾਂ ਨੂੰ ਸਰਟੀਫਿਕੇਟ ਅਤੇ ਮੈਡਲ ਅਤੇ ਦੀ ਸੀ. ਟੀ. ਓ. ਮੈਡਮ ਹਰਪ੍ਰੀਤ ਕੌਰ ਪੱਧਰੀ ਨੂੰ ਵੀ ਸ਼ਾਨਦਾਰ ਸੇਵਾਵਾਂ ਲਈ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਕੂਲ ਪਹੁੰਚਣ 'ਤੇ ਸਵੇਰ ਦੀ ਸਭਾ ਦੌਰਾਨ ਪ੍ਰਿੰਸੀਪਲ ਮੈਡਮ ਸਰਬਜੀਤ ਕੌਰ ਜਫਰਵਾਲ ਨੇ ਸੀ. ਟੀ. ਓ. ਮੈਡਮ ਹਰਪ੍ਰੀਤ ਕੌਰ ਪੱਧਰੀ ਅਤੇ ਸਾਰੇ ਐੱਨ. ਸੀ. ਸੀ. ਕੈਡਿਟਾਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਐੱਨ. ਸੀ. ਸੀ. ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਲਾਭਦਾਇਕ ਸਾਬਤ ਹੁੰਦੇ ਹਨ।ਅਜਿਹੇ ਕੈਂਪਾਂ ਰਾਹੀਂ ਵਿਦਿਆਰਥੀਆਂ ਨੂੰ ਨਵੀਂ ਕਾਬਲੀਅਤ ਸਿੱਖਣ, ਅਨੁਸ਼ਾਸਨ ਅਤੇ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਨ ਦੇ ਨਾਲ-ਨਾਲ ਐੱਨ. ਸੀ. ਸੀ. ਦੇ ਸਰਟੀਫਿਕੇਟ ਭਵਿੱਖ ਵਿੱਚ ਸਰਕਾਰੀ ਨੌਕਰੀਆਂ ਅਤੇ ਹੋਰ ਮੁਕਾਬਲੇ ਵਾਲੇ ਖੇਤਰਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਖਾਲਸਾ ਮਾਰਚ ਦਾ ਪਿੰਡ ਬਾਦਲ ਵਿਖੇ ਸੰਗਤਾਂ ਵੱਲੋਂ ਭਰਵਾਂ ਸਵਾਗਤ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਮੀਰੀ-ਪੀਰੀ ਖ਼ਾਲਸਾ ਮਾਰਚ ਕੋਈ ਸਿਆਸੀ ਰੋਡ ਸ਼ੋ ਨਹੀਂ, ਸਗੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਸਿਧਾਂਤ ਅਤੇ ਪੰਥਕ ਪਰੰਪਰਾਵਾਂ ਦਾ ਪ੍ਰਗਟਾਵਾ ਹੈ। ਇਤਿਹਾਸ ਗਵਾਹ ਹੈ ਕਿ ਸਿੱਖ ਕੌਮ ਉੱਤੇ ਆਏ ਚੁਣੌਤੀ ਭਰੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਅਤੇ ਪੰਥਕ ਮੋਰਚੇ ਆਰੰਭ ਹੋਏ, ਜਿਨ੍ਹਾਂ ਨੇ ਕੌਮ ਨੂੰ ਇਕਜੁੱਟ ਕੀਤਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਥੇਹੜੀ ਸਾਹਿਬ ਤੋਂ ਮੀਰੀ ਪੀਰੀ ਖਾਲਸਾ ਮਾਰਚ ਦੀ ਆਰੰਭਤਾ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਲੋਕਾਂ ਦੁਆਰਾ ਚੁਣੇ ਹੋਏ ਨੁਮਾਇੰਦੇ ਵੱਲੋਂ ਮੀਰੀ-ਪੀਰੀ ਖ਼ਾਲਸਾ ਮਾਰਚ ਨੂੰ ਰੋਡ ਸ਼ੋ ਕਹਿਣਾ ਨਾ ਸਿਰਫ਼ ਸਿੱਖ ਪਰੰਪਰਾਵਾਂ ਦੀ ਅਣਜਾਣਤਾ ਹੈ, ਸਗੋਂ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਠੇਸ ਪਹੁੰਚਾਉਣ ਵਾਲਾ ਵੀ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਨੂੰ ਅਜਿਹੇ ਬਿਆਨਾਂ ਦਾ ਸਮੇਂ ਸਿਰ ਜਵਾਬ ਦੇਣਾ ਚਾਹੀਦਾ ਹੈ ਤਾਂ ਜੋ ਗੁਰੂ ਘਰਾਂ ਦੀ ਮਰਿਆਦਾ ਅਤੇ ਪੰਥਕ ਪਰੰਪਰਾਵਾਂ ਦਾ ਸਨਮਾਨ ਕਾਇਮ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਹਮੇਸ਼ਾ ਸਰਬੱਤ ਦੇ ਭਲੇ, ਨਿਆਂ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਖੜ੍ਹਾ ਰਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਜਨਮ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ-ਛਾਇਆ ਹੇਠ ਹੋਇਆ ਅਤੇ ਇਹ ਸੰਸਥਾਵਾਂ ਹਮੇਸ਼ਾ ਪੰਥਕ ਸੇਵਾ ਲਈ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਜੈਤੋ ਮੋਰਚੇ ਤੋਂ ਲੈ ਕੇ 1995 ਦੇ ਔਖੇ ਦੌਰ ਸਮੇਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਥ ਨੂੰ ਹਮੇਸ਼ਾ ਸੇਧ ਦਿੱਤੀ ਹੈ। ਐਮਰਜੈਂਸੀ ਦੇ ਦੌਰਾਨ ਵੀ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਕੌਮ ਨੂੰ ਜਾਗਰੂਕ ਕਰਨ ਅਤੇ ਗੁਰਮਤਿ ਨਾਲ ਜੋੜਨ ਲਈ ਲਗਭਗ 37 ਮਹਾਨ ਨਗਰ ਕੀਰਤਨ ਕੱਢੇ। ਇਸੇ ਤਰ੍ਹਾਂ ਸਿੰਘ ਸਾਹਿਬ ਗਿਆਨੀ ਮਨਜੀਤ ਸਿੰਘ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਨਗਰ ਕੀਰਤਨ ਕੱਢ ਕੇ ਮੀਰੀ-ਪੀਰੀ ਦੇ ਸਿਧਾਂਤ ਅਤੇ ਸੰਤ-ਸਿਪਾਹੀ ਦੀ ਵਿਚਾਰਧਾਰਾ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਗਿਆ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਚੱਲ ਰਹੇ ਮੀਰੀ-ਪੀਰੀ ਖ਼ਾਲਸਾ ਮਾਰਚ ਨੂੰ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਮਿਲ ਰਿਹਾ ਵਿਸ਼ਾਲ ਹੁੰਗਾਰਾ ਕੁਝ ਲੋਕਾਂ ਨੂੰ ਰਾਸ ਨਹੀਂ ਆ ਰਿਹਾ। ਇਸੇ ਕਾਰਨ ਇਸ ਪਵਿੱਤਰ ਪੰਥਕ ਪਰੰਪਰਾ ਨੂੰ ਰੋਡ ਸ਼ੋ ਵਰਗੇ ਸ਼ਬਦਾਂ ਨਾਲ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਨਿੰਦਣਯੋਗ ਹੈ।

## ਸੱਚਰ ਵੱਲੋਂ ਵਰਕਰਾਂ ਨੂੰ ਆਗਾਮੀ ਚੋਣਾਂ ਲਈ ਕਮਰਕੱਸੇ ਕਰਨ ਦਾ ਸੱਦਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਸੀਨੀਅਰ ਕਾਂਗਰਸੀ ਆਗੂ ਅਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਵੱਲੋਂ ਹਲਕੇ ਦੀਆਂ ਵੱਖ-ਵੱਖ ਮੰਡਲ ਕਮੇਟੀਆਂ ਦੀਆਂ ਮੀਟਿੰਗਾਂ ਕਰਨ ਉਪਰੰਤ ਜਤਿੰਦਰ ਪਾਲ ਸਿੰਘ ਸਰਪੰਚ ਕੱਥੂਨੰਗਲ ਦੇ ਫਾਰਮ ਹਾਊਸ ਤੇ ਜ਼ੋਨ ਕੱਥੂਨੰਗਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਵਰਕਰਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਪੂਰੀ ਤਨਦੇਹੀ ਨਾਲ ਕਮਰਕੱਸੇ ਕਰਨ ਦਾ ਸੱਦਾ ਦਿੱਤਾ ਗਿਆ।ਸੱਚਰ ਨੇ ਕਿਹਾ ਕਿ ਮੰਡਲ ਕਮੇਟੀਆਂ ਪਾਰਟੀ ਸੰਗਠਨ ਦੀ ਮਜ਼ਬੂਤ ਨੀਂਹ ਹਨ ਅਤੇ ਇਨ੍ਹਾਂ ਦੀ ਸਰਗਰਮੀ ਨਾਲ ਹੀ ਕਾਂਗਰਸ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਹਰ ਵਰਕਰ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖੇ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣੇ ਅਤੇ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਏ।ਮੀਟਿੰਗ ਦੌਰਾਨ ਮੰਡਲ ਕਮੇਟੀਆਂ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਲਗਨ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਸੱਚਰ ਨੇ ਵਿਸ਼ਵਾਸ ਪ੍ਰਗਟਾਇਆ ਕਿ ਪਾਰਟੀ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦੇ ਸਹਿਯੋਗ ਨਾਲ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਹਲਕਾ ਮਜੀਠਾ ਸਮੇਤ ਪੂਰੇ ਪੰਜਾਬ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਇਸ ਮੌਕੇ ਸਰਪੰਚ ਜਤਿੰਦਰ ਪਾਲ ਸਿੰਘ, ਨਵਤੇਜ ਪਾਲ ਸਿੰਘ ਬਲਾਕ ਪ੍ਰਧਾਨ, ਸਰਪੰਚ ਜਰਮਨਜੀਤ ਸਿੰਘ ਤਲਵੰਡੀ, ਸੁਰਜੀਤ ਸਿੰਘ ਝੰਡੇ, ਸਨਦੀਪ ਸਿੰਘ,ਗੁਰਵਿੰਦਰ ਸਿੰਘ ਵਰਿਆਮ ਨੰਗਲ, ਸੰਤੋਖ ਸਿੰਘ ਭੋਆ, ਸਾਬੀ ਪਿੰਡ ਮਾਨ , ਦਿਲਬਾਗ ਸਿੰਘ,ਸੇਵਾ ਸਿੰਘ, ਸੁਲੱਖਣ ਸਿੰਘ, ਮੋਹਨ ਸਿੰਘ, ਡਾ. ਸੁਖਵਿੰਦਰ ਸਿੰਘ ਰੰਧਾਵਾ, ਹਰਭਜਨ ਸਿੰਘ, ਰਾਜਾ ਕੱਥੂਨੰਗਲ, ਜੀਤ ਸਿੰਘ, ਤਰਲੋਚਨ ਸਿੰਘ ਤੋਚੀ, ਬਿੱਲਾ ਚਵਿੰਡਾ ਦੇਵੀ, ਕਰਮ ਸਿੰਘ, ਭੁਪਿੰਦਰ ਸਿੰਘ ਸੱਚਰ, ਬਿੱਕਾ ਕੱਥੂਨੰਗਲ, ਵਿੱਕੀ ਮਸੀਹ ਤੇ ਹੋਰ ਵੀ ਆਗ ਹਾਜ਼ਰ ਸਨ ।

## ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜ਼ੇਸ਼ਨ ਨੂੰ ਮਿਲੀ ਪ੍ਰਵਾਨਗੀ, ਕੁੱਲ ਸਟੇਸ਼ਨਾਂ ਦੀ ਗਿਣਤੀ ਹੋਈ 1600



**ਗੁਰਦਾਸਪੁਰ, (ਜਨਕ ਮਹਾਜਨ)**- ਡਿਪਟੀ ਕਮਿਸ਼ਨਰ-ਕਮ ਜ਼ਿਲ੍ਹਾ ਚੋਣ ਅਫ਼ਸਰ ਆਦਿਤਿਆ ਉਪਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਭੇਜੀ ਗਈ ਤਜਵੀਜ਼ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸ ਪ੍ਰਵਾਨਗੀ ਉਪਰੰਤ ਜ਼ਿਲ੍ਹੇ ਵਿਚ ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 1553 ਤੋਂ ਵਧ ਕੇ 1600 ਹੋ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਰੈਸ਼ਨਲਾਈਜ਼ੇਸ਼ਨ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਤਿਆਰ ਤਜਵੀਜ਼ 'ਤੇ ਵਿਚਾਰ-ਵਟਾਂਦਰੇ ਲਈ ਸਮੂਹ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕੀਤੀ ਗਈ ਸੀ ਅਤੇ ਪਾਰਟੀਆਂ ਦੀ ਸਹਿਮਤੀ ਪ੍ਰਾਪਤ ਹੋਣ ਉਪਰੰਤ ਇਹ ਤਜਵੀਜ਼ ਮੁੱਖ ਚੋਣ ਅਫ਼ਸਰ ਪੰਜਾਬ ਰਾਹੀਂ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਨੂੰ ਭੇਜੀ ਗਈ ਸੀ, ਜਿਸ ਨੂੰ ਹੁਣ ਮਨਜ਼ੂਰੀ ਮਿਲ ਗਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਵਾਨਗੀ ਮਿਲਣ ਤੋਂ ਬਾਅਦ ਵਿਧਾਨ ਸਭਾ ਹਲਕੇ ਅਨੁਸਾਰ ਪੋਲਿੰਗ ਸਟੇਸ਼ਨਾਂ 'ਚ ਵਿਧਾਨ ਸਭਾ ਹਲਕਾ ਗੁਰਦਾਸਪੁਰ ਪੋਲਿੰਗ ਸਟੇਸ਼ਨਾਂ ਦੀ ਗਿਣਤੀ 207 ਤੋਂ ਵੱਧ ਕੇ 212 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਦੀਨਾਨਗਰ (ਰਾਖਵਾਂ) 229 ਤੋਂ ਵੱਧ ਕੇ 234 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਕਾਦੀਆਂ 223 ਤੋਂ ਵੱਧ ਕੇ 228 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਬਟਾਲਾ 201 ਤੋਂ ਵੱਧ ਕੇ 214 (13 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ (ਰਾਖਵਾਂ) 226 ਤੋਂ ਵੱਧ ਕੇ 231 (05 ਨਵੇਂ ਪੋਲਿੰਗ ਸਟੇਸ਼ਨ), ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ 226 ਤੋਂ ਵੱਧ ਕੇ 231 (05 ਨਵੇਂ ਪੋਲਿੰਗ ਸਟੇਸ਼ਨ) ਅਤੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ 241 ਤੋਂ ਵੱਧ ਕੇ 250 (09 ਨਵੇਂ ਪੋਲਿੰਗ ਸਟੇਸ਼ਨ) ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਵੀ ਪੋਲਿੰਗ ਸਟੇਸ਼ਨਾਂ ਦੀ ਪ੍ਰਵਾਨਿਤ ਰੈਸ਼ਨਲਾਈਜ਼ੇਸ਼ਨ ਬਾਰੇ ਸੂਚਿਤ ਕੀਤਾ ਜਾ ਰਿਹਾ ਹੈ।

# ਗਿਗ ਵਰਕਰਾਂ ਦੀ ਹੋਣੀ

ਗਿਗ ਵਰਕਰ ਇਕ ਸਵੀਕਾਰਿਆ ਸ਼ਬਦ ਬਣ ਚੁੱਕਾ ਹੈ, ਜਿਹੜਾ ਡਿਜੀਟਲ ਪਲੇਟਫਾਰਮਾਂ 'ਤੇ/ਤੋਂ ਕੰਮ ਕਰਨ ਵਾਲੇ ਕਾਮਿਆਂ ਲਈ ਵਰਤਿਆ ਜਾਂਦਾ ਹੈ। ਇਹ ਪਿਛਲੇ 20 ਸਾਲਾਂ ਵਿੱਚ ਸਭ ਤੋਂ ਤੇਜ਼ੀ ਨਾਲ ਉੱਭਰਦਾ ਹੋਇਆ ਕੰਮ ਦਾ ਉਹ ਹਿੱਸਾ ਹੈ, ਜਿਸ ਵਿੱਚ ਕਾਮਿਆਂ ਦੀ ਗਿਣਤੀ ਤੇਜ਼ੀ ਨਾਲ ਵਧ ਰਹੀ ਹੈ। ਇਹ ਭਾਰਤ ਵਿੱਚ ਸਭ ਤੋਂ ਵੱਧ ਰੁਜ਼ਗਾਰ ਦੇ ਵਿਕਲਪ ਵਜੋਂ ਉੱਭਰ ਰਿਹਾ ਹੈ। ਗਿਗ ਵਰਕਰਾਂ ਦਾ ਮੁੱਦਾ ਹਾਲ ਹੀ ਵਿੱਚ ਇੱਕ ਵਾਰ ਫਿਰ ਚਰਚਾ ਦਾ ਵਿਸ਼ਾ ਬਣਿਆ, ਜਦੋਂ ਕਾਂਗਰਸੀ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ 12 ਜੂਨ ਨੂੰ ਕੌਮਾਂਤਰੀ ਕਿਰਤ ਸੰਗਠਨ (ਆਈ ਐੱਲ ਓ) ਦੇ 114ਵੇਂ ਸੰਮੇਲਨ ਵਿੱਚ ਗਿਗ ਵਰਕਰਾਂ ਦੇ ਹੱਕ ਵਿੱਚ ਇੱਕ ਮਤੇ 'ਤੇ ਵੋਟਿੰਗ ਤੋਂ ਦੂਰ ਰਹਿਣ ਦੇ ਭਾਰਤ ਸਰਕਾਰ ਦੇ ਫੈਸਲੇ 'ਤੇ ਸਵਾਲ ਉਠਾਇਆ। ਇਸ ਤੱਥ ਦੇ ਬਾਵਜੂਦ ਕਿ ਉੱਥੇ ਮੌਜੂਦ ਕਾਮਿਆਂ ਅਤੇ ਮਾਲਕਾਂ ਦੇ ਨੁਮਾਇੰਦਿਆਂ ਨੇ ਮਤੇ ਦੇ ਹੱਕ ਵਿੱਚ ਵੋਟ ਦਿੱਤੀ। ਥਰੂਰ ਨੇ ਭਾਰਤ ਸਰਕਾਰ ਦੇ ਰੁਖ ਨੂੰ 'ਕੌਮੀ ਸ਼ਰਮ' ਕਰਾਰ ਦਿੱਤਾ। ਇਹ ਮਤਾ ਕੰਮ ਵਾਲੀ ਥਾਂ 'ਤੇ ਆਰਥਕ ਅਤੇ ਸਮਾਜਕ ਸੁਰੱਖਿਆ ਦੇ ਮਿਆਰਾਂ ਨੂੰ ਯਕੀਨੀ ਬਣਾਉਂਦਾ ਹੈ। 406 ਡੈਲੀਗੇਟਾਂ ਨੇ ਹੱਕ ਵਿੱਚ ਵੋਟ ਦਿੱਤੀ, ਸਿਰਫ 8 ਨੇ ਵਿਰੁੱਧ ਵੋਟ ਪਾਈ, ਅਤੇ 36 ਵੋਟਿੰਗ ਤੋਂ ਦੂਰ ਰਹੇ, ਜਿਨ੍ਹਾਂ ਵਿੱਚ ਭਾਰਤ ਵੀ ਸ਼ਾਮਲ ਸੀ।

ਗਿਗ ਵਰਕਰਾਂ ਦਾ ਡਿਜੀਟਲ ਪਲੇਟਫਾਰਮ 'ਤੇ ਚੱਲਣ ਵਾਲਾ ਕਾਰੋਬਾਰ ਹੈ, ਜਿਸ ਵਿੱਚ ਮਾਲਕ ਦੀ ਸਿੱਧੀ ਮੌਜੂਦਗੀ ਨਹੀਂ ਹੁੰਦੀ। ਕਾਮਿਆਂ ਨੂੰ ਖਪਤਕਾਰਾਂ ਨਾਲ ਸਿੱਧੇ ਸੰਬੰਧਾਂ ਵਿੱਚ ਰਹਿਣਾ ਪੈਂਦਾ ਹੈ। ਮਾਲਕ ਕਾਮਿਆਂ ਨਾਲ ਇੱਕਤਰਫਾ ਰਿਸ਼ਤੇ ਵਿੱਚ ਹੁੰਦਾ ਹੈ, ਅਤੇ ਸਾਰਾ ਕਾਰੋਬਾਰ ਅਲਗੋਰਿਦਮ ਦੇ ਮਾਧਿਅਮ ਨਾਲ ਚੱਲਦਾ ਹੈ। ਭੁਗਤਾਨ ਵੀ ਉਸੇ ਅਨੁਸਾਰ ਹੁੰਦਾ ਹੈ। ਇਹ ਕਾਰੋਬਾਰ ਡਿਜੀਟਲ ਪਲੇਟਫਾਰਮ 'ਤੇ ਜਿੰਨਾ ਸੰਗਠਤ ਹੁੰਦਾ ਹੈ, ਅਮਲ ਵਿੱਚ ਓਨਾ ਹੀ ਬਿਖਰਿਆ ਹੁੰਦਾ ਹੈ। ਇਸ ਕਾਰੋਬਾਰ ਨਾਲ ਜੁੜੀਆਂ ਸਾਰੀਆਂ ਅਸੁਰੱਖਿਆਵਾਂ ਵਰਕਰਾਂ ਦੇ ਮੋਢਿਆਂ 'ਤੇ ਹੁੰਦੀਆਂ ਹਨ। ਇਸ ਨਾਲ ਕਾਮਿਆਂ 'ਤੇ ਕੰਮ ਪੂਰਾ ਕਰਨ, ਭੁਗਤਾਨ ਲੈਣ ਆਦਿ ਨੂੰ ਲੈ ਕੇ ਭਿਆਨਕ ਦਬਾਅ ਹੁੰਦਾ ਹੈ।

ਨੀਤੀ ਆਯੋਗ ਦੁਆਰਾ ਜਾਰੀ ਕੀਤੀ ਗਈ ਰਿਪੋਰਟ, 'ਇੰਡੀਆਜ਼ ਬੂਮਿੰਗ ਗਿਗ ਐਂਡ ਪਲੇਟਫਾਰਮ ਇਕਾਨਮੀ, 2022', ਵੀ ਗਿਗ ਵਰਕਰਾਂ ਦੀ ਵਧਦੀ ਗਿਣਤੀ ਅਤੇ ਉਨ੍ਹਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ 'ਤੇ ਵਿਆਪਕ ਦ੍ਰਿਸ਼ਟੀਕੋਣ ਨਾਲ ਅਧਿਐਨ ਕਰਨ ਅਤੇ ਢੁੱਕਵੇਂ ਕਦਮ ਚੁੱਕਣ ਦੀ ਮੰਗ ਕਰਦੀ ਹੈ। ਨੀਤੀ ਆਯੋਗ ਉਨ੍ਹਾਂ ਨੂੰ ਗੈਰ-ਰਸਮੀ ਖੇਤਰ ਵਿੱਚ ਰੱਖਣ ਦੀ ਵਕਾਲਤ ਨਹੀਂ ਕਰਦਾ; ਉਹ ਇਸ 'ਤੇ ਵਾਜਬ ਕਦਮ ਚੁੱਕਣ ਦੀ ਗੱਲ ਕਰਦਾ ਹੈ। ਦਸੰਬਰ 2025 ਵਿੱਚ ਹੀ ਜਾ ਕੇ ਗਿਗ ਵਰਕਰਾਂ ਨੂੰ ਰਸਮੀ ਮਾਨਤਾ ਮਿਲੀ ਅਤੇ ਉਨ੍ਹਾਂ ਨੂੰ ਕਿਰਤ ਕਾਨੂੰਨ ਦੇ ਦਾਇਰੇ ਵਿੱਚ ਲਿਆਂਦਾ ਗਿਆ। ਉਨ੍ਹਾਂ ਦੀ ਸਮਾਜਿਕ ਸੁਰੱਖਿਆ ਦੀ ਜ਼ਿੰਮੇਵਾਰੀ ਸਰਕਾਰ ਨੇ ਚੁੱਕਣ ਦਾ ਫੈਸਲਾ ਕੀਤਾ ਅਤੇ ਉਨ੍ਹਾਂ ਨੂੰ ਈ-ਸ਼੍ਰਮ ਪੋਰਟਲ ਨਾਲ ਜੋੜਨਾ ਤੈਅ ਹੋਇਆ, ਪਰ ਉਨ੍ਹਾਂ ਨੂੰ ਗੈਰ-ਰਸਮੀ ਜਾਂ ਅਸੰਗਠਤ ਖੇਤਰ ਦੇ ਕਾਮੇ ਹੀ ਮੰਨਿਆ ਗਿਆ। ਉਸ ਸਮੇਂ ਇਹ ਪ੍ਰਚਾਰਿਆ ਗਿਆ ਕਿ ਸਰਕਾਰ ਗਿਗ ਵਰਕਰਾਂ ਨੂੰ ਮਾਨਤਾ ਦੇ ਰਹੀ ਹੈ ਅਤੇ ਉਨ੍ਹਾਂ ਨੂੰ ਸਮਾਜਿਕ ਸੁਰੱਖਿਆ ਪ੍ਰਦਾਨ ਕਰੇਗੀ ਅਤੇ ਇਸ ਸੰਦਰਭ ਵਿੱਚ ਉਨ੍ਹਾਂ ਨੂੰ ਹੋਰ ਪ੍ਰਾਵਧਾਨਾਂ ਨਾਲ ਵੀ ਜੋੜਿਆ ਜਾਵੇਗਾ। ਇੱਥੇ ਸਮੱਸਿਆ ਰਾਜ ਵੱਲੋਂ ਕਿਰਤ ਸ਼੍ਰੇਣੀਆਂ ਨੂੰ ਲੈ ਕੇ ਬਣਾਏ ਜਾਣ ਵਾਲੇ ਪ੍ਰਾਵਧਾਨਾਂ ਨੂੰ ਲੈ ਕੇ ਵੀ ਹੈ। ਜਿਵੇਂ ਹੀ ਗਿਗ ਵਰਕਰ ਅਸੰਗਠਤ ਤੇ ਗੈਰ-ਰਸਮੀ ਖੇਤਰ ਵਿੱਚ ਗਿਣ ਲਏ ਜਾਂਦੇ ਹਨ, ਉਹ ਘੱਟੋ-ਘੱਟ ਉਜਰਤ ਦੇ ਕਈ ਪ੍ਰਾਵਧਾਨਾਂ ਤੋਂ ਬਾਹਰ ਹੋ ਜਾਂਦੇ ਹਨ। ਆਮ ਤੌਰ 'ਤੇ, ਅਸੰਗਠਤ ਅਤੇ ਗੈਰ-ਰਸਮੀ ਕਾਮਿਆਂ ਲਈ ਘੱਟੋ-ਘੱਟ ਉਜਰਤ ਦੇ ਮਾਪਦੰਡ ਸਰਕਾਰ ਨੋਟੀਫਿਕੇਸ਼ਨਾਂ ਰਾਹੀਂ ਨਿਰਧਾਰਤ ਕਰਦੀ ਹੈ, ਜੋ ਕਿ ਆਮ ਤੌਰ 'ਤੇ ਇੱਕਤਰਫਾ ਹੁੰਦੇ ਹਨ। ਇਸੇ ਤਰ੍ਹਾਂ, ਸਮਾਜਿਕ ਸੁਰੱਖਿਆ ਦੇ ਮਿਆਰ ਵੀ ਉੱਪਰੋਂ ਨਿਰਧਾਰਤ ਕੀਤੇ ਜਾਂਦੇ ਹਨ ਅਤੇ ਭੁਗਤਾਨ ਤੈਅ ਮਿਆਰਾਂ ਨਾਲ ਹੁੰਦੇ ਹਨ, ਲੋੜਾਂ ਜਾਂ ਕਾਰਜ ਸਥਾਨਾਂ ਦੇ ਹਿਸਾਬ ਨਾਲ ਤੈਅ ਨਹੀਂ ਹੁੰਦੇ। ਜੇ ਗਿਗ ਵਰਕਰ ਪਲੇਟਫਾਰਮਾਂ 'ਤੇ ਨਜ਼ਰ ਮਾਰੀਏ, ਤਾਂ ਇਹ ਕਾਫੀ ਵਿਸ਼ਾਲ ਕਾਰਪੋਰੇਟ ਸਮੂਹ ਹੁੰਦੇ ਹਨ, ਜਿਸ 'ਤੇ ਲੱਖਾਂ ਕਾਮੇ ਕੰਮ ਕਰ ਰਹੇ ਹੁੰਦੇ ਹਨ ਅਤੇ ਉਨ੍ਹਾਂ ਦੇ ਕੰਮ ਅਤੇ ਭੁਗਤਾਨ 'ਤੇ ਨਿਯੰਤਰਣ ਬਹੁਤ ਜ਼ਿਆਦਾ ਕੇਂਦਰੀਕ੍ਰਿਤ ਹੁੰਦਾ ਹੈ। ਇਸ ਲਈ, ਕੰਮ ਵਾਲੀ ਥਾਂ ਅਤੇ ਕੰਮ ਦੀਆਂ ਵਿਸ਼ੇਸ਼ਤਾਵਾਂ ਦੇ ਆਧਾਰ 'ਤੇ ਹੀ ਵਰਕਰਾਂ ਦੇ ਸੰਦਰਭ ਵਿੱਚ ਕਾਨੂੰਨ ਪ੍ਰਾਵਧਾਨ ਹੋਣੇ ਚਾਹੀਦੇ ਹਨ, ਜੋ ਫਿਲਹਾਲ ਨਹੀਂ ਦਿਖ ਰਿਹਾ। ਕੌਮਾਂਤਰੀ ਕਿਰਤ ਸੰਗਠਨ ਵਿੱਚ ਇਸ ਦਿਸ਼ਾ ਵਿੱਚ ਚੁੱਕੇ ਗਏ ਕੁਝ ਕਦਮਾਂ ਤੋਂ ਵੀ ਭਾਰਤ ਸਰਕਾਰ ਵੱਲੋਂ ਹੱਥ ਖਿੱਚ ਲੈਣਾ ਉਸ ਦੇ ਮਜ਼ਦੂਰ ਵਿਰੋਧੀ ਰਵੱਈਏ ਨੂੰ ਦਰਸਾਉਂਦਾ ਹੈ, ਜੋ ਕੋਵਿਡ ਆਫਤ ਦੌਰਾਨ ਖੁੱਲ੍ਹ ਕੇ ਸਾਹਮਣੇ ਆਇਆ ਸੀ ਅਤੇ ਹੁਣ ਵੀ ਜਾਰੀ ਹੈ।

ਇਸ ਜੁਲਾਈ ਤੱਕ ਈ-ਸ਼੍ਰਮ ਪੋਰਟਲ 'ਤੇ ਰਜਿਸਟਰਡ ਅਸੰਗਠਤ ਕਾਮਿਆਂ ਦੀ ਗਿਣਤੀ 31.78 ਕਰੋੜ ਤੱਕ ਪਹੁੰਚ ਗਈ ਸੀ। ਇਹ ਇਸ ਤੱਥ ਦੇ ਬਾਵਜੂਦ ਹੈ ਕਿ ਭਾਰਤ ਦਾ ਵਿਸ਼ਾਲ ਅਸੰਗਠਤ ਕਾਰਜਬਲ ਖੁਦ ਨੂੰ ਰਜਿਸਟਰ ਕਰਾ ਸਕਣ ਦੀ ਸਥਿਤੀ ਵਿੱਚ ਨਹੀਂ। ਅਸੰਗਠਤ ਕਾਮਿਆਂ ਦੀ ਅਨੁਮਾਨਤ ਗਿਣਤੀ ਇਸ ਸਮੇਂ ਲੱਗਭੱਗ 50 ਕਰੋੜ ਦੇ ਲਾਗੇ-ਚਾਗੇ ਮੰਨੀ ਜਾਂਦੀ ਹੈ। ਗਿਗ ਵਰਕਰ ਇਸੇ ਸ਼੍ਰੇਣੀ ਵਿੱਚ ਆਉਂਦੇ ਹਨ। ਆਰਥਿਕ ਸਰਵੇਖਣ 2025-26 ਮੁਤਾਬਕ 2025 ਵਿੱਚ ਭਾਰਤ ਵਿੱਚ ਗਿਗ ਵਰਕਰਾਂ ਦੀ ਗਿਣਤੀ ਇੱਕ ਕਰੋੜ 20 ਲੱਖ ਸੀ। ਕੌਮਾਂਤਰੀ ਕਿਰਤ ਸੰਗਠਨ ਦੇ ਮਤੇ ਨੇ ਗਿਗ ਵਰਕਰਾਂ ਨੂੰ ਕਾਮੇ ਮੰਨਣ ਅਤੇ ਉਨ੍ਹਾਂ ਨੂੰ ਹੋਣ ਵਾਲੇ ਭੁਗਤਾਨਾਂ ਨੂੰ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ। ਸੰਮੇਲਨ ਨੇ ਸਮੇਂ ਸਿਰ ਭੁਗਤਾਨ, ਕੰਮ ਵਾਲੀ ਥਾਂ 'ਤੇ ਸੁਰੱਖਿਆ, ਕੰਮ ਦੀਆਂ ਪ੍ਰਕਿਰਿਆਵਾਂ ਵਿੱਚ ਪਾਰਦਰਸ਼ਤਾ, ਮਾਲਕਾਂ ਦੁਆਰਾ ਮਨਮਾਨੇ ਢੰਗ ਨਾਲ ਬਰਖਾਸਤਗੀ ਨੂੰ ਰੋਕਣ ਅਤੇ ਸ਼ਿਕਾਇਤਾਂ ਦੇ ਹੱਲ ਲਈ ਢੁਕਵੀਂ ਵਿਵਸਥਾ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਇਸ ਸੰਬੰਧ ਵਿੱਚ ਕਾਨੂੰਨੀ ਪ੍ਰਾਵਧਾਨ ਯਕੀਨੀ ਬਣਾਉਣ ਲਈ ਕਿਹਾ। ਹਾਲਾਂਕਿ ਏਟਕ ਤੇ ਹੋਰ ਟਰੇਡ ਯੂਨੀਅਨਾਂ ਗਿਗ ਵਰਕਰਾਂ ਨੂੰ ਮਾਣ-ਸਨਮਾਨ ਦਿਵਾਉਣ ਲਈ ਯਤਨਸ਼ੀਲ ਹਨ, ਪਰ ਨਿਸਚਿਤ ਤੌਰ 'ਤੇ ਵਧੇਰੇ ਪ੍ਰਭਾਵੀ ਤੇ ਫੈਸਲਾਕੁੰਨ ਪ੍ਰਭਾਵ ਤਾਂ ਖੁਦ ਗਿਗ ਵਰਕਰ ਹੀ ਪਾ ਸਕਦੇ ਹਨ। ਉਨ੍ਹਾਂ ਨੂੰ ਹੀ ਇਸ ਦਿਸ਼ਾ ਵਿੱਚ ਪਹਿਲਕਦਮੀ ਕਰਨੀ ਪਵੇਗੀ। ਉਨ੍ਹਾਂ ਕੋਲ ਏਨੀ ਤਾਕਤ ਹੈ ਕਿ ਉਹ ਆਪਣੀਆਂ ਮੰਗਾਂ ਮੰਨਵਾ ਸਕਦੇ ਹਨ, ਪਰ ਇਸ ਲਈ ਏਕਾ ਜ਼ਰੂਰੀ ਹੈ।

# ਵਕੀਲਾਂ ਦੀ ਹੜਤਾਲ ਰੋਜ਼ੀ-ਰੋਟੀ ਜਾਂ ਨਿਆਂ ਪ੍ਰਣਾਲੀ ਦੇ ਭਵਿੱਖ ਦਾ ਸਵਾਲ ?


ਅਰਮਿੰਦਰ ਸਿੰਘ ਮਾਨ

ਨਿਆਂ ਕੇਵਲ ਕੀਤਾ ਹੀ ਨਾ ਜਾਵੇ, ਸਗੋਂ ਹੁੰਦਾ ਹੋਇਆ ਵੀ ਦਿਖਾਈ ਦੇਵੇ, ਇਹ ਸਿਧਾਂਤ ਕਿਸੇ ਵੀ ਲੋਕਤੰਤਰ ਦੀ ਰੂਹ ਹੈ, ਪਰ ਜਦੋਂ ਅਦਾਲਤਾਂ ਦੇ ਦਰਵਾਜ਼ੇ ਖੁੱਲ੍ਹੇ ਹੋਣ ਦੇ ਬਾਵਜੂਦ ਅੰਦਰ ਬਹਿਸ ਕਰਨ ਵਾਲੇ ਵਕੀਲ ਹੜਤਾਲ 'ਤੇ ਹੋਣ, ਓਦੋਂ ਸਭ ਤੋਂ ਵੱਡਾ ਸਵਾਲ ਇਹ ਨਹੀਂ ਰਹਿੰਦਾ ਕਿ ਕੌਣ ਸਹੀ ਹੈ ਅਤੇ ਕੌਣ ਗਲਤ, ਸਵਾਲ ਇਹ ਬਣ ਜਾਂਦਾ ਹੈ ਕਿ ਨਿਆਂ ਕਿਸ ਦੀ ਉਡੀਕ ਕਰੇਗਾ ?

ਭਾਰਤੀ ਲੋਕਤੰਤਰ ਦੇ ਚਾਰ ਮਜ਼ਬੂਤ ਥੰਮ੍ਹਾਂ ਵਿੱਚੋਂ ਨਿਆਂ ਪਾਲਿਕਾ ਨੂੰ ਉਹ ਸਥਾਨ ਪ੍ਰਾਪਤ ਹੈ, ਜਿਸ 'ਤੇ ਆਮ ਨਾਗਰਿਕ ਦਾ ਆਖ਼ਰੀ ਭਰੋਸਾ ਟਿਕਿਆ ਹੁੰਦਾ ਹੈ। ਜਦੋਂ ਪ੍ਰਸ਼ਾਸਨ ਨਾਕਾਮ ਹੋ ਜਾਂਦਾ ਹੈ, ਜਦੋਂ ਵਿਧਾਨਿਕ ਸੰਸਥਾਵਾਂ ਲੋਕਾਂ ਦੀਆਂ ਉਮੀਦਾਂ 'ਤੇ ਖਰੀਆਂ ਨਹੀਂ ਉਤਰਦੀਆਂ ਅਤੇ ਜਦੋਂ ਕਾਰਜ ਪਾਲਿਕਾ ਦੇ ਫ਼ੈਸਲੇ ਸਵਾਲਾਂ ਦੇ ਘੇਰੇ ਵਿੱਚ ਆ ਜਾਂਦੇ ਹਨ, ਤਾਂ ਨਿਆਂ ਪਾਲਿਕਾ ਹੀ ਉਹ ਸੰਸਥਾ ਹੈ, ਜਿੱਥੇ ਆਮ ਨਾਗਰਿਕ ਇਨਸਾਫ਼ ਦੀ ਉਮੀਦ ਨਾਲ ਪਹੁੰਚਦਾ ਹੈ। ਇਸ ਪੂਰੀ ਨਿਆਂ ਪ੍ਰਣਾਲੀ ਵਿੱਚ ਜੱਜ ਅਤੇ ਵਕੀਲ ਦੋਵੇਂ ਇੱਕ-ਦੂਜੇ ਦੇ ਪੂਰਕ ਹਨ। ਜੱਜ ਨਿਆਂ ਕਰਦੇ ਹਨ, ਪਰ ਨਿਆਂ ਤੱਕ ਸੱਚ ਅਤੇ ਕਾਨੂੰਨ ਨੂੰ ਪਹੁੰਚਾਉਣ ਦਾ ਕੰਮ ਵਕੀਲ ਕਰਦੇ ਹਨ। ਇਸੇ ਕਰਕੇ ਵਕੀਲ ਨੂੰ ਸਿਰਫ਼ ਇੱਕ ਪੇਸ਼ੇਵਰ ਨਹੀਂ, ਸਗੋਂ 'ਅਦਾਲਤ ਦਾ ਅਧਿਕਾਰੀ' ਵੀ ਕਿਹਾ ਜਾਂਦਾ ਹੈ। ਭਾਰਤੀ ਲੋਕਤੰਤਰ ਦੀ ਮਜ਼ਬੂਤੀ ਕੇਵਲ ਸੰਵਿਧਾਨ, ਸੰਸਦ, ਸਰਕਾਰ ਜਾਂ ਅਦਾਲਤਾਂ ਵਿੱਚ ਨਹੀਂ, ਸਗੋਂ ਉਸ ਸੁਤੰਤਰ ਅਤੇ ਨਿਡਰ ਵਕਾਲਤ ਵਿੱਚ ਵੀ ਨਿਹਿਤ ਹੈ, ਜੋ ਰਾਜ ਅਤੇ ਨਾਗਰਿਕ ਵਿਚਕਾਰ ਕਾਨੂੰਨੀ ਪੁਲ ਦਾ ਕੰਮ ਕਰਦੀ ਹੈ। ਵਕੀਲ ਕੇਵਲ ਆਪਣੇ ਮੁਅੱਕਲ ਦਾ ਪ੍ਰਤੀਨਿਧ ਨਹੀਂ ਹੁੰਦਾ, ਸਗੋਂ ਨਿਆਂ ਪ੍ਰਣਾਲੀ ਦਾ ਇੱਕ ਅਟੁੱਟ ਅੰਗ ਹੁੰਦਾ ਹੈ।

ਪੰਜਾਬ ਵਿੱਚ ਚੱਲ ਰਹੇ ਵਕੀਲਾਂ ਦੇ ਅੰਦੋਲਨ ਨੇ ਇਸੇ ਬਹਿਸ ਨੂੰ ਮੁੜ ਕੇਂਦਰ ਵਿੱਚ ਲਿਆ ਖੜ੍ਹਾ ਕੀਤਾ ਹੈ। ਵਿਰੋਧ ਦਾ ਮੁੱਖ ਕਾਰਨ 'ਮੁਫ਼ਤ ਕਾਨੂੰਨੀ ਸਹਾਇਤਾ ਰੱਖਿਆ ਪ੍ਰਣਾਲੀ' (LADC) ਹੈ, ਜਿਸ ਨੂੰ ਕਾਨੂੰਨੀ ਸੇਵਾਵਾਂ ਅਥਾਰਟੀ ਐਕਟ, 1987 (NALSA) ਨੇ ਦੇਸ਼ ਭਰ ਵਿੱਚ ਪੜਾਅਵਾਰ ਢੰਗ ਨਾਲ ਲਾਗੂ ਕੀਤਾ ਹੈ। ਸਰਕਾਰ ਅਤੇ ਕਾਨੂੰਨੀ ਸੇਵਾ ਅਥਾਰਟੀਆਂ ਇਸ ਨੂੰ ਗਰੀਬ ਅਤੇ ਲੋੜਵੰਦ ਲੋਕਾਂ ਲਈ ਪ੍ਰਭਾਵਸ਼ਾਲੀ ਮੁਫ਼ਤ ਕਾਨੂੰਨੀ ਸਹਾਇਤਾ ਦਾ ਸਾਧਨ ਮੰਨਦੀਆਂ ਹਨ, ਜਦਕਿ ਪੰਜਾਬ ਸਮੇਤ ਕਈ ਰਾਜਾਂ ਦੇ ਵਕੀਲਾਂ ਦਾ ਇੱਕ ਵੱਡਾ ਵਰਗ ਇਸ ਨੂੰ ਸੁਤੰਤਰ ਵਕਾਲਤ ਅਤੇ ਨੌਜਵਾਨ ਵਕੀਲਾਂ ਦੇ ਭਵਿੱਖ ਲਈ ਚਿੰਤਾਜਨਕ ਮੰਨ ਰਿਹਾ ਹੈ।

ਇਹ ਵਿਵਾਦ ਕੇਵਲ ਰੋਜ਼ਗਾਰ ਦਾ ਨਹੀਂ, ਸਗੋਂ ਦੋ ਸੰਵਿਧਾਨਕ ਮੁੱਲਾਂ ਦੇ ਸੰਤੁਲਨ ਦਾ ਹੈ। ਇੱਕ ਪਾਸੇ ਗਰੀਬ ਨਾਗਰਿਕ ਦਾ ਨਿਆਂ ਤੱਕ ਪਹੁੰਚ ਦਾ ਅਧਿਕਾਰ ਅਤੇ ਦੂਜੇ ਪਾਸੇ ਸੁਤੰਤਰ ਵਕਾਲਤ ਦੀ ਸੰਸਥਾਗਤ ਮਜ਼ਬੂਤੀ। ਇਸ ਲਈ ਇਸ ਮਸਲੇ ਨੂੰ ਨਾ ਤਾਂ ਸਿਰਫ਼ 'ਵਕੀਲਾਂ ਦੀ ਹੜਤਾਲ' ਕਹਿ ਕੇ ਟਾਲਿਆ ਜਾ ਸਕਦਾ ਹੈ ਅਤੇ ਨਾ ਹੀ 'ਸਰਕਾਰੀ ਨੀਤੀ' ਕਹਿ ਕੇ।

ਇਸ ਪੂਰੇ ਵਿਵਾਦ ਨੂੰ ਸਮਝਣ ਲਈ ਸਭ ਤੋਂ ਪਹਿਲਾਂ ਉਸ ਸੰਵਿਧਾਨਕ ਦ੍ਰਿਸ਼ਟੀਕੋਣ ਨੂੰ ਸਮਝਣਾ ਜ਼ਰੂਰੀ ਹੈ, ਜਿਸ 'ਤੇ ਭਾਰਤ ਦੀ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਣਾਲੀ ਖੜ੍ਹੀ ਹੈ। ਭਾਰਤੀ ਸੰਵਿਧਾਨ ਦਾ ਅਨੁਛੇਦ 39-ਓ ਰਾਜ ਨੂੰ ਇਹ ਦਿਸ਼ਾ ਦਿੰਦਾ ਹੈ ਕਿ ਆਰਥਿਕ ਜਾਂ ਸਮਾਜਿਕ ਕਮਜ਼ੋਰੀ ਕਿਸੇ ਵੀ ਵਿਅਕਤੀ ਨੂੰ ਨਿਆਂ ਤੋਂ ਵਾਂਝਾ ਨਾ ਰਹਿਣ ਦੇਵੇ। ਇਹ ਸਿਰਫ਼ ਇੱਕ ਨੀਤੀਗਤ ਸਿਧਾਂਤ ਨਹੀਂ, ਸਗੋਂ ਸਮਾਜਿਕ ਨਿਆਂ ਦੀ ਉਹ ਭਾਵਨਾ ਹੈ, ਜਿਸ ਰਾਹੀਂ ਸੰਵਿਧਾਨ ਨਿਆਂ ਨੂੰ ਅਮੀਰਾਂ ਦੀ ਵਿਸ਼ੇਸ਼ ਸਹੂਲਤ ਨਹੀਂ, ਸਗੋਂ ਹਰ ਨਾਗਰਿਕ ਦਾ ਅਧਿਕਾਰ ਬਣਾਉਣਾ ਚਾਹੁੰਦਾ ਹੈ। ਇਸੇ ਉਦੇਸ਼ ਦੀ ਪੂਰਤੀ ਲਈ ਕਾਨੂੰਨੀ ਸੇਵਾਵਾਂ ਅਥਾਰਟੀ ਐਕਟ, 1987 ਬਣਾਇਆ ਗਿਆ। ਇਸ ਕਾਨੂੰਨ ਦੇ ਅਧੀਨ NALSA, ਰਾਜ ਕਾਨੂੰਨੀ ਸੇਵਾ ਅਥਾਰਿਟੀਆਂ, ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਿਟੀਆਂ ਅਤੇ ਤਹਿਸੀਲ ਕਮੇਟੀਆਂ ਗਰੀਬਾਂ, ਔਰਤਾਂ, ਬੱਚਿਆਂ, ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ, ਜੇਲ੍ਹਾਂ 'ਚ ਬੰਦ ਕੈਦੀਆਂ, ਦਿਵਿਆਂਗ ਵਿਅਕਤੀਆਂ ਅਤੇ ਹੋਰ ਯੋਗ ਵਿਅਕਤੀਆਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕਰਦੀਆਂ ਹਨ। ਨਿਆਂ ਤੱਕ ਪਹੁੰਚ ਕੇਵਲ ਅਦਾਲਤ ਦਾ ਦਰਵਾਜ਼ਾ ਖੁੱਲ੍ਹਾ ਹੋਣ ਨਾਲ ਨਹੀਂ ਹੁੰਦੀ, ਇੱਕ ਸਮਰੱਥ ਅਤੇ ਪ੍ਰਭਾਵਸ਼ਾਲੀ ਵਕੀਲ ਦੀ ਉਪਲੱਬਧਤਾ ਵੀ ਓਨੀ ਹੀ ਲਾਜ਼ਮੀ ਹੈ।

ਇਸੇ ਵਿਚਾਰ ਨੂੰ ਅਮਲੀ ਰੂਪ ਦੇਣ ਲਈ NALSA ਨੇ ਐੱਲ ਏ ਡੀ ਸੀ ਨੂੰ ਸ਼ੁਰੂ ਕੀਤਾ। ਇਸ ਪ੍ਰਣਾਲੀ ਅਧੀਨ ਹਰ ਜ਼ਿਲ੍ਹੇ ਵਿੱਚ ਇੱਕ ਸਥਾਈ ਰੱਖਿਆ ਅਧਿਕਾਰੀ ਬਣਾਇਆ ਜਾਂਦਾ ਹੈ, ਜਿਸ ਵਿੱਚ ਮੁੱਖ ਕਾਨੂੰਨੀ ਸਹਾਇਤਾ ਬਚਾਅ ਵਕੀਲ, ਉਪ ਕਾਨੂੰਨੀ ਸਹਾਇਤਾ ਬਚਾਅ ਵਕੀਲ, ਸਹਾਇਕ ਬਚਾਅ ਵਕੀਲ ਅਤੇ ਸਹਾਇਕ ਕਰਮਚਾਰੀ ਨਿਯੁਕਤ ਹੁੰਦੇ ਹਨ। ਉਨ੍ਹਾਂ ਨੂੰ ਨਿਰਧਾਰਿਤ ਤਨਖਾਹ, ਦਫ਼ਤਰੀ ਢਾਂਚਾ, ਡਿਜੀਟਲ ਰਿਕਾਰਡ ਅਤੇ ਨਿਯਮਤ ਨਿਗਰਾਨੀ ਦੀ ਵਿਵਸਥਾ ਦਿੱਤੀ ਜਾਂਦੀ ਹੈ। ਇਸ ਦਾ ਉਦੇਸ਼ ਇਹ ਹੈ ਕਿ ਲੀਗਲ ਏਡ ਸਿਰਫ਼ ਕਾਗਜ਼ਾਂ ਤੱਕ ਸੀਮਤ ਨਾ ਰਹੇ, ਸਗੋਂ ਪੇਸ਼ੇਵਰ ਅਤੇ ਗੁਣਵੱਤਾ ਵਾਲੀ ਸੇਵਾ ਬਣੇ।

ਨੀਤੀ ਦੇ ਸਮਰਥਕ ਕਹਿੰਦੇ ਹਨ ਕਿ ਪਹਿਲਾਂ ਪੈਨਲ ਪ੍ਰਣਾਲੀ ਵਿੱਚ ਕਈ ਵਾਰ ਕੇਸ ਤਾਂ ਅਲਾਟ ਹੋ ਜਾਂਦੇ ਸਨ, ਪਰ ਗਰੀਬ ਮੁਲਜ਼ਮ ਨੂੰ ਓਨਾ ਸਮਾਂ ਅਤੇ ਧਿਆਨ ਨਹੀਂ ਮਿਲਦਾ ਸੀ, ਜਿੰਨਾ ਇੱਕ ਨਿੱਜੀ ਮੁਅੱਕਲ ਨੂੰ ਮਿਲਦਾ ਹੈ। ਕਈ ਵਕੀਲਾਂ ਕੋਲ ਨਿੱਜੀ ਕੇਸਾਂ ਦਾ ਬੋਝ ਜ਼ਿਆਦਾ ਹੋਣ ਕਾਰਨ ਕਾਨੂੰਨੀ ਸਹਾਇਤਾ ਦੇ ਕੇਸਾਂ ਨੂੰ ਤਰਜੀਹ ਨਹੀਂ ਮਿਲਦੀ ਸੀ। ਐੱਲ ਏ ਡੀ ਸੀ ਮਾਡਲ ਇਸ ਕਮੀ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰਦਾ ਹੈ, ਕਿਉਂਕਿ ਇਸ ਵਿੱਚ ਨਿਯੁਕਤ ਵਕੀਲ ਪੂਰੇ ਸਮੇਂ ਲਈ ਇਸ ਕੰਮ ਲਈ ਸਮਰਪਤ ਹੁੰਦੇ ਹਨ।

ਪਰ ਇੱਥੋਂ ਹੀ ਵਿਵਾਦ ਦੀ ਸ਼ੁਰੂਆਤ ਹੁੰਦੀ ਹੈ। ਵਕੀਲ ਭਾਈਚਾਰੇ ਦਾ ਇੱਕ ਵੱਡਾ ਹਿੱਸਾ ਮੰਨਦਾ ਹੈ ਕਿ ਇਹ ਸਿਰਫ਼ ਇੱਕ ਪ੍ਰਸ਼ਾਸਕੀ ਸੁਧਾਰ ਨਹੀਂ, ਸਗੋਂ ਵਕਾਲਤ ਦੇ ਢਾਂਚੇ ਵਿੱਚ ਬੁਨਿਆਦੀ ਤਬਦੀਲੀ ਹੈ। ਉਨ੍ਹਾਂ ਦੀ ਚਿੰਤਾ ਹੈ ਕਿ ਜੇ ਲੀਗਲ ਏਡ ਨਾਲ ਸੰਬੰਧਤ ਵੱਡੀ ਗਿਣਤੀ ਦੇ ਕੇਸ ਕੁਝ ਨਿਯੁਕਤ ਵਕੀਲਾਂ ਤੱਕ ਹੀ ਸੀਮਿਤ ਹੋ ਜਾਣਗੇ, ਤਾਂ ਨਵੇਂ ਅਤੇ ਸੁਤੰਤਰ ਵਕੀਲਾਂ ਲਈ ਪੇਸ਼ੇ ਵਿੱਚ ਆਪਣੀ ਪਛਾਣ ਬਣਾਉਣ ਦੇ ਮੌਕੇ ਘਟਣਗੇ। ਉਨ੍ਹਾਂ ਦੇ ਅਨੁਸਾਰ ਬਾਰ ਕੇਵਲ ਇੱਕ ਪੇਸ਼ਾਵਰ ਸੰਸਥਾ ਨਹੀਂ, ਸਗੋਂ ਨਿਆਂ ਪ੍ਰਣਾਲੀ ਦਾ ਜੀਵੰਤ ਅੰਗ ਹੈ। ਇਸ ਲਈ ਕੋਈ ਵੀ ਨੀਤੀ ਬਾਰ ਦੀ ਭੂਮਿਕਾ ਨੂੰ ਘਟਾ ਕੇ ਨਹੀਂ ਬਣਨੀ ਚਾਹੀਦੀ। ਪੰਜਾਬ ਦੇ ਵਕੀਲਾਂ ਦਾ ਕਹਿਣਾ ਹੈ ਕਿ ਇਹ ਪ੍ਰਣਾਲੀ ਹੌਲੀ-ਹੌਲੀ ਇੱਕ ਸਮਾਨਾਂਤਰ ਰੱਖਿਆ ਪ੍ਰਣਾਲੀ ਦਾ ਰੂਪ ਧਾਰ ਰਹੀ ਹੈ। ਪਹਿਲਾਂ ਲੀਗਲ ਏਡ ਦੇ ਕੇਸ ਬਾਰ ਦੇ ਪੈਨਲ ਰਾਹੀਂ ਵੱਖ-ਵੱਖ ਵਕੀਲਾਂ ਨੂੰ ਮਿਲਦੇ ਸਨ। ਇਸ ਨਾਲ ਨਵੇਂ ਵਕੀਲਾਂ ਨੂੰ ਅਦਾਲਤੀ ਤਜਰਬਾ, ਕੁਝ ਆਮਦਨ ਅਤੇ ਪੇਸ਼ੇ ਵਿੱਚ ਪੈਰ ਜਮਾਉਣ ਦਾ ਮੌਕਾ ਮਿਲਦਾ ਸੀ। ਹੁਣ ਜੇ ਵੱਡੀ ਗਿਣਤੀ ਵਿੱਚ ਕੇਸ ਕੁਝ ਨਿਯੁਕਤ ਵਕੀਲਾਂ ਤੱਕ ਹੀ ਸੀਮਤ ਹੋ ਜਾਣ, ਤਾਂ ਬਾਕੀ ਵਕੀਲਾਂ ਲਈ ਮੌਕੇ ਘੱਟ ਹੋ ਸਕਦੇ ਹਨ।

ਇਹ ਚਿੰਤਾ ਖਾਲੀ ਕਲਪਨਾ ਨਹੀਂ। ਭਾਰਤ ਵਿੱਚ ਹਰ ਸਾਲ ਹਜ਼ਾਰਾਂ ਨੌਜਵਾਨ ਕਾਨੂੰਨ ਦੀ ਡਿਗਰੀ ਲੈ ਕੇ ਜ਼ਿਲ੍ਹਾ ਅਦਾਲਤਾਂ ਵਿੱਚ ਆਪਣਾ ਕੈਰੀਅਰ ਸ਼ੁਰੂ ਕਰਦੇ ਹਨ। ਸ਼ੁਰੂਆਤੀ ਸਾਲਾਂ ਵਿੱਚ ਉਨ੍ਹਾਂ ਦੀ ਆਮਦਨ ਦਾ ਵੱਡਾ ਹਿੱਸਾ ਲੀਗਲ ਏਡ, ਜ਼ਮਾਨਤਾਂ, ਛੋਟੇ ਫ਼ੌਜਦਾਰੀ ਕੇਸਾਂ ਅਤੇ ਸਥਾਨਕ ਮੁਕੱਦਮਿਆਂ ਤੋਂ ਆਉਂਦਾ ਹੈ। ਜੇ ਇਹ ਮੌਕੇ ਘੱਟ ਹੋ ਜਾਂਦੇ ਹਨ ਤਾਂ ਇਸ ਦਾ ਪ੍ਰਭਾਵ ਸਿਰਫ਼ ਉਨ੍ਹਾਂ ਦੀ ਆਮਦਨ 'ਤੇ ਨਹੀਂ, ਸਗੋਂ ਭਵਿੱਖ ਵਿੱਚ ਸੁਤੰਤਰ ਅਤੇ ਮਜ਼ਬੂਤ ਬਾਰ ਦੇ ਨਿਰਮਾਣ 'ਤੇ ਵੀ ਪੈ ਸਕਦਾ ਹੈ।

ਦੂਜੇ ਪਾਸੇ ਇਹ ਵੀ ਸੱਚ ਹੈ ਕਿ ਰਾਜ ਉੱਤੇ ਇਹ ਸੰਵਿਧਾਨਕ ਫ਼ਰਜ਼ ਹੈ ਕਿ ਕੋਈ ਵੀ ਗਰੀਬ ਜਾਂ ਲਾਚਾਰ ਵਿਅਕਤੀ ਸਿਰਫ਼ ਪੈਸਿਆਂ ਦੀ ਕਮੀ ਕਾਰਨ ਨਿਆਂ ਤੋਂ ਵਾਂਝਾ ਨਾ ਰਹਿ ਜਾਵੇ। ਜੇ ਮੌਜੂਦਾ ਪ੍ਰਣਾਲੀ ਵਿੱਚ ਕਮੀਆਂ ਸਨ, ਤਾਂ ਉਨ੍ਹਾਂ ਨੂੰ ਦੂਰ ਕਰਨ ਲਈ ਸੁਧਾਰ ਲਿਆਉਣਾ ਵੀ ਰਾਜ ਦੀ ਜ਼ਿੰਮੇਵਾਰੀ ਹੈ। ਇਸ ਤਰ੍ਹਾਂ ਇਹ ਵਿਵਾਦ ਅਸਲ ਵਿੱਚ ਦੋ ਸੰਵਿਧਾਨਕ ਮੁੱਲਾਂ ਦੇ ਸੰਤੁਲਨ ਦਾ ਵਿਵਾਦ ਹੈ। ਇੱਕ ਪਾਸੇ ਨਿਆਂ ਤੱਕ ਸਭ ਦੀ ਪਹੁੰਚ ਅਤੇ ਦੂਜੇ ਪਾਸੇ ਸੁਤੰਤਰ ਵਕਾਲਤ। ਇਹ ਦੋਵੇਂ ਹੀ ਲੋਕਤੰਤਰ ਲਈ ਅਹਿਮ ਹਨ। ਇਸ ਲਈ ਇਸ ਮਸਲੇ ਨੂੰ ਨਾ ਤਾਂ ਸਿਰਫ਼ ਰੋਜ਼ੀ-ਰੋਟੀ ਦਾ ਵਿਵਾਦ ਕਹਿ ਕੇ ਰੱਦ ਕੀਤਾ ਜਾ ਸਕਦਾ ਹੈ ਅਤੇ ਨਾ ਹੀ ਹਰ ਵਿਰੋਧ ਨੂੰ ਤਰੱਕੀ ਵਿਰੋਧੀ ਕਰਾਰ ਦਿੱਤਾ ਜਾ ਸਕਦਾ ਹੈ।

ਕਿਸੇ ਵੀ ਲੋਕਤੰਤਰ ਵਿੱਚ ਜਦੋਂ ਇੱਕ-ਦੋ ਦਿਨ ਲਈ ਵਕੀਲ ਅਦਾਲਤੀ ਕੰਮ ਦਾ ਬਾਈਕਾਟ ਕਰਦੇ ਹਨ, ਤਾਂ ਇਸ ਨੂੰ ਆਮ ਤੌਰ 'ਤੇ ਇੱਕ ਪ੍ਰਤੀਕਾਤਮਕ ਵਿਰੋਧ ਵਜੋਂ ਦੇਖਿਆ ਜਾਂਦਾ ਹੈ, ਪਰ ਜਦੋਂ ਇਹ ਵਿਰੋਧ ਲੰਮਾ ਚੱਲਣ ਲੱਗੇ ਅਤੇ ਜ਼ਿਲ੍ਹਾ ਅਦਾਲਤਾਂ ਦਾ ਰੋਜ਼ਾਨਾ ਕੰਮਕਾਜ ਪ੍ਰਭਾਵਿਤ ਹੋਣ ਲੱਗੇ, ਤਾਂ ਇਹ ਕੇਵਲ ਇੱਕ ਪੇਸ਼ੇਵਰ ਅੰਦੋਲਨ ਨਹੀਂ ਰਹਿੰਦਾ, ਸਗੋਂ ਨਿਆਂ ਪ੍ਰਣਾਲੀ ਦੀ ਕਾਰਗੁਜ਼ਾਰੀ ਨਾਲ ਜੁੜਿਆ ਜਨਤਕ ਮੁੱਦਾ ਬਣ ਜਾਂਦਾ ਹੈ। ਪੰਜਾਬ ਵਿੱਚ ਐੱਲ ਏ ਡੀ ਸੀ ਨੂੰ ਲੈ ਕੇ ਚੱਲ ਰਿਹਾ ਵਿਵਾਦ ਵੀ ਇਸੇ ਮੋੜ 'ਤੇ ਆ ਖੜ੍ਹਾ ਹੋਇਆ ਹੈ। ਇਸ ਅੰਦੋਲਨ ਨੂੰ ਸਿਰਫ਼ 'ਵਕੀਲ ਆਪਣੀ ਕਮਾਈ ਬਚਾਉਣਾ ਚਾਹੁੰਦੇ ਹਨ' ਕਹਿ ਕੇ ਰੱਦ ਕਰ ਦੇਣਾ ਵੀ ਗਲਤ ਹੋਵੇਗਾ ਅਤੇ 'ਐੱਲ ਏ ਡੀ ਸੀ ਨਾਲ ਨਿਆਂ ਪ੍ਰਣਾਲੀ ਖ਼ਤਮ ਹੋ ਜਾਵੇਗੀ' ਕਹਿ ਦੇਣਾ ਵੀ ਓਨਾ ਹੀ ਅਤਿਕਥਨੀ ਹੋਵੇਗੀ। ਅਸਲ ਤਸਵੀਰ ਇਨ੍ਹਾਂ ਦੋਵਾਂ ਧੁਰਿਆਂ ਦੇ ਵਿਚਕਾਰ ਹੈ। ਭਾਰਤੀ ਵਕਾਲਤ ਦੀ ਪਰੰਪਰਾ ਹਮੇਸ਼ਾ ਇੱਕ ਸੁਤੰਤਰ ਵਕਾਲਤ ਦੀ ਰਹੀ ਹੈ, ਜਿੱਥੇ ਵਕੀਲ ਕਿਸੇ ਸਰਕਾਰੀ ਕਰਮਚਾਰੀ ਵਾਂਗ ਨਹੀਂ, ਸਗੋਂ ਇੱਕ ਸੁਤੰਤਰ ਪੇਸ਼ੇਵਰ ਵਜੋਂ ਕੰਮ ਕਰਦਾ ਹੈ। ਕੁਝ ਵਕੀਲਾਂ ਦਾ ਮੰਨਣਾ ਹੈ ਕਿ ਜੇ ਵਕਾਲਤ ਦਾ ਇੱਕ ਹਿੱਸਾ ਸਰਕਾਰੀ ਢਾਂਚੇ ਦੇ ਅਧੀਨ ਸਥਾਈ ਤਨਖ਼ਾਹਦਾਰ ਮਾਡਲ ਵੱਲ ਵਧਦਾ ਹੈ, ਤਾਂ ਲੰਮੇ ਸਮੇਂ ਵਿੱਚ ਇਸ ਦੇ ਪ੍ਰਭਾਵਾਂ ਦਾ ਧਿਆਨ ਨਾਲ ਮੁਲਾਂਕਣ ਕਰਨਾ ਪਵੇਗਾ।

ਪੰਜਾਬ ਦੀਆਂ ਕਈ ਬਾਰ ਐਸੋਸੀਏਸ਼ਨਾਂ ਦੀ ਸਾਂਝੀ ਕਾਰਵਾਈ ਕਮੇਟੀ ਲਗਾਤਾਰ ਇਹ ਮੰਗ ਕਰ ਰਹੀ ਹੈ ਕਿ ਮੌਜੂਦਾ ਐੱਲ ਏ ਡੀ ਸੀ ਨੀਤੀ ਦੀ ਸਮੀਖਿਆ ਜਾਂ ਵਾਪਸੀ ਕੀਤੀ ਜਾਵੇ ਅਤੇ ਪਹਿਲਾਂ ਵਾਲੀ ਪੈਨਲ ਪ੍ਰਣਾਲੀ ਬਹਾਲ ਕੀਤੀ ਜਾਵੇ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਇਸ ਸੰਬੰਧੀ NALSA ਅਤੇ ਸੰਬੰਧਤ ਅਥਾਰਿਟੀਆਂ ਕੋਲ ਕਈ ਵਾਰ ਆਪਣਾ ਪੱਖ ਰੱਖਿਆ ਹੈ ਅਤੇ ਜਦ ਤੱਕ ਕੋਈ ਠੋਸ ਫ਼ੈਸਲਾ ਨਹੀਂ ਹੁੰਦਾ, ਅੰਦੋਲਨ ਜਾਰੀ ਰਹੇਗਾ।

ਇਸੇ ਸੰਦਰਭ ਵਿੱਚ ਕੁਝ ਵਕੀਲ ਇਹ ਚਿੰਤਾ ਪ੍ਰਗਟ ਕਰ ਰਹੇ ਹਨ ਕਿ ਐੱਲ ਏ ਡੀ ਸੀ ਪ੍ਰਣਾਲੀ ਦੇ ਲਾਗੂ ਹੋਣ ਨਾਲ ਰਵਾਇਤੀ ਬਾਰ ਦੀ ਭੂਮਿਕਾ ਹੌਲੀ-ਹੌਲੀ ਸੀਮਤ ਹੋ ਸਕਦੀ ਹੈ। ਜੇ ਫ਼ੌਜਦਾਰੀ ਮਾਮਲਿਆਂ ਦਾ ਇੱਕ ਮਹੱਤਵਪੂਰਨ ਹਿੱਸਾ ਸਥਾਈ ਤੌਰ 'ਤੇ ਐੱਲ ਏ ਡੀ ਸੀ ਦਫ਼ਤਰਾਂ ਰਾਹੀਂ ਚੱਲਣ ਲੱਗੇ, ਤਾਂ ਜ਼ਿਲ੍ਹਾ ਬਾਰਾਂ ਦੀ ਅਦਾਲਤੀ ਸਰਗਰਮੀ ਅਤੇ ਨਵੇਂ ਵਕੀਲਾਂ ਦੀ ਭਾਗੀਦਾਰੀ ਉੱਤੇ ਅਸਰ ਪੈਣ ਦੀ ਚਿੰਤਾ ਜਤਾਈ ਜਾਂਦੀ ਹੈ। ਹਾਲਾਂਕਿ ਇਸ ਚਿੰਤਾ ਨੂੰ ਤੱਥਾਂ ਦੀ ਕਸੌਟੀ 'ਤੇ ਪਰਖਣਾ ਵੀ ਓਨਾ ਹੀ ਜ਼ਰੂਰੀ ਹੈ। ਹੁਣ ਤੱਕ ਅਜਿਹਾ ਕੋਈ ਵਿਆਪਕ ਅਤੇ ਨਿਰਣਾਇਕ ਅਧਿਐਨ ਸਾਹਮਣੇ ਨਹੀਂ ਆਇਆ, ਜਿਸ ਤੋਂ ਇਹ ਸਾਬਤ ਹੋਵੇ ਕਿ ਐੱਲ.ਏ ਡੀ ਸੀ ਪ੍ਰਣਾਲੀ ਨੇ ਕਿਸੇ ਰਾਜ ਵਿੱਚ ਬਾਰ-ਬੈਂਚ ਦੇ ਸੰਬੰਧਾਂ ਨੂੰ ਸੰਸਥਾਗਤ ਤੌਰ 'ਤੇ ਕਮਜ਼ੋਰ ਕੀਤਾ ਹੈ। ਇਸ ਲਈ ਇਸ ਨੂੰ ਸਥਾਪਤ ਤੱਥ ਵਜੋਂ ਨਹੀਂ, ਸਗੋਂ ਇੱਕ ਨੀਤੀਗਤ ਚਿੰਤਾ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਅਸਲ ਲੋੜ ਇਹ ਹੈ ਕਿ ਇਸ ਪ੍ਰਣਾਲੀ ਨੂੰ ਮੁਕਾਬਲੇ ਦੀ ਬਜਾਏ ਸਹਿਯੋਗ ਦੇ ਮਾਡਲ ਵਜੋਂ ਵਿਕਸਤ ਕੀਤਾ ਜਾਵੇ। ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਿਟੀਆਂ, ਬਾਰ ਐਸੋਸੀਏਸ਼ਨਾਂ ਅਤੇ ਅਦਾਲਤਾਂ ਵਿਚਕਾਰ ਨਿਯਮਤ ਸੰਵਾਦ, ਸਾਂਝੀਆਂ ਸਮੀਖਿਆ ਬੈਠਕਾਂ ਅਤੇ ਪਾਰਦਰਸ਼ੀ ਨਿਯੁਕਤੀ ਪ੍ਰਕਿਰਿਆ ਨਾਲ ਬਹੁਤ ਸਾਰੀਆਂ ਗਲਤਫ਼ਹਿਮੀਆਂ ਦੂਰ ਹੋ ਸਕਦੀਆਂ ਹਨ।

ਅਸਲ ਹੱਲ ਟਕਰਾਅ ਵਿੱਚ ਨਹੀਂ, ਸਗੋਂ ਸਾਂਝੇ ਸੁਧਾਰ ਵਿੱਚ ਹੈ। ਪੰਜਾਬ ਬਾਰ ਕੌਂਸਲ, ਜ਼ਿਲ੍ਹਾ ਬਾਰ ਐਸੋਸੀਏਸ਼ਨਾਂ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਪੰਜਾਬ ਰਾਜ ਕਾਨੂੰਨੀ ਸੇਵਾ ਅਥਾਰਿਟੀ ਅਤੇ ਨਾਲਸਾ ਨੂੰ ਇੱਕ ਸਾਂਝੀ ਕਮੇਟੀ ਬਣਾ ਕੇ ਇਸ ਮਾਡਲ ਦੀ ਸਮੀਖਿਆ ਕਰਨੀ ਚਾਹੀਦੀ ਹੈ। ਜੇ ਲੋੜ ਹੋਵੇ ਤਾਂ ਅਜਿਹੇ ਸੁਧਾਰ ਕੀਤੇ ਜਾਣ, ਜਿਨ੍ਹਾਂ ਨਾਲ ਗਰੀਬਾਂ ਨੂੰ ਉੱਚ ਪੱਧਰੀ ਕਾਨੂੰਨੀ ਸਹਾਇਤਾ ਵੀ ਮਿਲੇ ਅਤੇ ਨੌਜਵਾਨ ਵਕੀਲਾਂ ਲਈ ਸਿੱਖਣ, ਰੋਜ਼ਗਾਰ ਅਤੇ ਅਦਾਲਤੀ ਤਜਰਬੇ ਦੇ ਮੌਕੇ ਵੀ ਕਾਇਮ ਰਹਿਣ।

ਇਸ ਦੇ ਨਾਲ ਹੀ ਸਰਕਾਰ ਨੂੰ ਵੀ ਇਹ ਸਮਝਣਾ ਹੋਵੇਗਾ ਕਿ ਵਕੀਲ ਸਿਰਫ਼ ਇੱਕ ਪੇਸ਼ੇਵਰ ਵਰਗ ਨਹੀਂ ਹਨ, ਉਹ ਨਿਆਂ ਪ੍ਰਣਾਲੀ ਦੇ ਅਟੁੱਟ ਹਿੱਸੇ ਹਨ। ਕਿਸੇ ਵੀ ਨੀਤੀ ਦੀ ਸਫ਼ਲਤਾ ਉਸ ਵੇਲੇ ਹੀ ਸੰਭਵ ਹੈ, ਜਦੋਂ ਉਸ ਨਾਲ ਜੁੜੇ ਹਿੱਸੇਦਾਰ ਆਪਣੇ ਆਪ ਨੂੰ ਉਸ ਦਾ ਭਾਗੀਦਾਰ ਮਹਿਸੂਸ ਕਰਨ, ਨਾ ਕਿ ਉਸ ਤੋਂ ਵੱਖਰਾ। ਇਸੇ ਤਰ੍ਹਾਂ ਬਾਰ ਨੂੰ ਵੀ ਇਹ ਮੰਨਣਾ ਪਵੇਗਾ ਕਿ ਗਰੀਬ ਵਿਅਕਤੀ ਦਾ ਸੰਵਿਧਾਨਕ ਅਧਿਕਾਰ ਸਭ ਤੋਂ ਉੱਪਰ ਹੈ।

ਵਕੀਲਾਂ ਦੀ ਹੜਤਾਲ ਬਾਰੇ ਚਰਚਾ ਨੂੰ ਸਿਰਫ਼ ਹੱਕ ਜਾਂ ਗਲਤ ਦੀ ਬਹਿਸ ਤੱਕ ਸੀਮਿਤ ਨਹੀਂ ਕੀਤਾ ਜਾ ਸਕਦਾ, ਇਹ ਲੋਕਤੰਤਰ, ਨਿਆਂ ਪ੍ਰਣਾਲੀ ਅਤੇ ਨਾਗਰਿਕਾਂ ਦੇ ਅਧਿਕਾਰਾਂ ਨਾਲ ਜੁੜਿਆ ਹੋਇਆ ਮੁੱਦਾ ਹੈ। ਵਕੀਲਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ, ਕਿਉਂਕਿ ਇੱਕ ਸੁਤੰਤਰ ਬਾਰ ਹੀ ਸੁਤੰਤਰ ਨਿਆਂ ਪਾਲਿਕਾ ਦੀ ਬੁਨਿਆਦ ਹੈ, ਪਰ ਇਹ ਵੀ ਓਨਾ ਹੀ ਸੱਚ ਹੈ ਕਿ ਨਿਆਂ ਦੀ ਮੰਗ ਕਰਦੇ ਹੋਏ ਨਿਆਂ ਦੀ ਪ੍ਰਕਿਰਿਆ ਨੂੰ ਰੋਕਣਾ ਇੱਕ ਅਜਿਹਾ ਵਿਰੋਧਾਭਾਸ ਹੈ, ਜਿਸ ਤੋਂ ਬਚਣਾ ਚਾਹੀਦਾ ਹੈ। ਸੁਪਰੀਮ ਕੋਰਟ ਦੀ ਸੋਚ ਵੀ ਇਹੀ ਹੈ ਕਿ ਅਸਹਿਮਤੀ ਲੋਕਤੰਤਰ ਦੀ ਤਾਕਤ ਹੈ, ਪਰ ਅਦਾਲਤਾਂ ਨੂੰ ਬੰਦ ਕਰਕੇ ਉਸ ਅਸਹਿਮਤੀ ਨੂੰ ਪ੍ਰਗਟ ਕਰਨਾ ਲੋਕਤੰਤਰ ਦੀ ਮਜ਼ਬੂਤੀ ਨਹੀਂ, ਸਗੋਂ ਉਸ ਦੀ ਕਮਜ਼ੋਰੀ ਦਾ ਸੰਕੇਤ ਹੈ।ਅੱਜ ਲੋੜ ਇਸ ਗੱਲ ਦੀ ਹੈ ਕਿ ਸਰਕਾਰ ਸੰਵਾਦ ਲਈ ਆਪਣੇ ਦਰਵਾਜ਼ੇ ਖੋਲ੍ਹੇ, ਬਾਰ ਕੌਂਸਲਾਂ ਆਪਣੇ ਮੈਂਬਰਾਂ ਦੀਆਂ ਚਿੰਤਾਵਾਂ ਨੂੰ ਮਜ਼ਬੂਤੀ ਨਾਲ ਰੱਖਣ ਅਤੇ ਵਕੀਲ ਆਪਣੇ ਸੰਘਰਸ਼ ਨੂੰ ਅਜਿਹੇ ਲੋਕਤੰਤਰੀ ਅਤੇ ਸੰਵਿਧਾਨਕ ਰੂਪ ਵਿੱਚ ਅੱਗੇ ਵਧਾਉਣ, ਜਿਸ ਨਾਲ ਨਿਆਂ ਦੀ ਰਫ਼ਤਾਰ ਪ੍ਰਭਾਵਤ ਨਾ ਹੋਵੇ।

ਇਹ ਲੜਾਈ ਕੇਵਲ ਵਕੀਲਾਂ ਦੀ ਰੋਜ਼ੀ-ਰੋਟੀ ਦੀ ਨਹੀਂ ਅਤੇ ਨਾ ਹੀ ਸਿਰਫ਼ ਇੱਕ ਸਰਕਾਰੀ ਯੋਜਨਾ ਦੀ ਹੈ। ਇਹ ਉਸ ਨਿਆਂ ਪ੍ਰਣਾਲੀ ਦੀ ਦਿਸ਼ਾ ਤੈਅ ਕਰਨ ਵਾਲਾ ਪਲ ਹੈ, ਜਿਸ 'ਤੇ ਕਰੋੜਾਂ ਭਾਰਤੀਆਂ ਦਾ ਭਰੋਸਾ ਟਿਕਿਆ ਹੋਇਆ ਹੈ। ਜੇ ਇਸ ਵਿਵਾਦ ਦਾ ਹੱਲ ਦੂਰਅੰਦੇਸ਼ੀ, ਸੰਵਾਦ ਅਤੇ ਸੰਵਿਧਾਨਕ ਮੁੱਲਾਂ ਦੇ ਆਧਾਰ 'ਤੇ ਕੀਤਾ ਗਿਆ ਤਾਂ ਇਹ ਭਵਿੱਖ ਲਈ ਇੱਕ ਮਿਸਾਲ ਬਣ ਸਕਦਾ ਹੈ, ਪਰ ਜੇ ਇਹ ਟਕਰਾਅ ਅਤੇ ਹਠਧਰਮੀ ਵਿੱਚ ਬਦਲ ਗਿਆ ਤਾਂ ਇਸ ਦੀ ਸਭ ਤੋਂ ਵੱਡੀ ਕੀਮਤ ਉਹ ਆਮ ਨਾਗਰਿਕ ਚੁਕਾਏਗਾ, ਜੋ ਸਾਲਾਂ ਤੋਂ ਸਿਰਫ਼ ਇੱਕ ਨਿਰਪੱਖ ਅਤੇ ਸਮੇਂ ਸਿਰ ਨਿਆਂ ਦੀ ਉਡੀਕ ਕਰ ਰਿਹਾ ਹੈ।

# ਸੰਪਰਕ : 99154-26454

# ਬੱਚਿਆਂ ਨੂੰ ਆਪਣੇ ਅਸਲ ਸਰੂਪ 'ਚ ਖਿੜਨ ਦਿਓ


ਡਾ. ਪਰਦੀਪ ਨਾਂਗਲੂ

ਸਾਡਾ ਸਿੱਖਿਆ ਪ੍ਰਬੰਧ ਇੱਕ ਅਜਿਹੀ ਧਾਰਨਾ ਉੱਤੇ ਖੜ੍ਹਾ ਹੈ, ਜਿਸ ਨੂੰ ਅਸੀਂ ਬਿਨਾਂ ਸੋਚੇ-ਸਮਝੇ ਸੱਚ ਮੰਨ ਲਿਆ ਹੈ। ਬੱਚੇ ਤਦੋਂ ਹੀ ਕਾਮਯਾਬ ਬਣਦੇ ਹਨ, ਜਦੋਂ ਉਹ ਦੂਜਿਆਂ ਨੂੰ ਪਿੱਛੇ ਛੱਡਣ। ਸਕੂਲਾਂ ਵਿੱਚ ਅੰਕਾਂ ਦੀ ਦੌੜ, ਰੈਂਕਿੰਗ, ਟਰਾਫੀਆਂ, ਮੁਕਾਬਲੇ ਅਤੇ ਲਗਾਤਾਰ ਮੁਕਾਬਲਿਆਂ ਨੇ ਬੱਚਿਆਂ ਦੇ ਮਨ ਵਿੱਚ ਇਹ ਬੀਜ ਬੀਜ ਦਿੱਤਾ ਹੈ ਕਿ ਉਨ੍ਹਾਂ ਦੀ ਕੀਮਤ ਉਨ੍ਹਾਂ ਦੇ ਅੰਦਰ ਨਹੀਂ, ਸਗੋਂ ਦੂਜਿਆਂ ਨਾਲੋਂ ਉਪਰ ਹੋਣ ਵਿੱਚ ਹੈ।

ਆਧੁਨਿਕ ਮਨੋਵਿਗਿਆਨ, ਨਿਊਰੋ ਸਾਇੰਸ ਅਤੇ ਦਰਸ਼ਨ ਸਾਨੂੰ ਇੱਕ ਹੋਰ ਹੀ ਸੱਚ ਵੱਲ ਲੈ ਜਾਂਦੇ ਹਨ। ਉਹ ਸਵਾਲ ਪੁੱਛਦੇ ਹਨ—ਕੀ ਮੁਕਾਬਲਾ ਸੱਚਮੁੱਚ ਬੱਚੇ ਨੂੰ ਵਿਕਸਤ ਕਰਦਾ ਹੈ ਜਾਂ ਉਸ ਨੂੰ ਆਪਣੀ ਅਸਲ ਪਛਾਣ ਤੋਂ ਦੂਰ ਕਰ ਦਿੰਦਾ ਹੈ ?

ਓਸ਼ੋ ਦੀ ਪੁਸਤਕ 'ਬਿਯੌਂਡ ਸਾਈਕਾਲੋਜੀ ਦਾ ਟ੍ਰੀਜ਼ ਗਰੋਅ ਵਿਦਾਊਟ ਬੀਅੰਗ ਟਾਟ' ਅਧਿਆਇ ਇਸੇ ਵਿਸ਼ੇ ਨੂੰ ਡੂੰਘਾਈ ਨਾਲ ਛੂੰਹਦਾ ਹੈ। ਭਾਵੇਂ ਇਹ ਦਰਸ਼ਨਿਕ ਰਚਨਾ ਹੈ, ਪਰ ਇਸ ਦੇ ਕਈ ਵਿਚਾਰ ਅੱਜ ਦੇ ਮਨੋਵਿਗਿਆਨਕ ਖੋਜਾਂ ਨਾਲ ਮੇਲ ਖਾਂਦੇ ਹਨ। ਓਸ਼ੋ ਕਹਿੰਦੇ ਹਨ ਕਿ ਜਿਵੇਂ ਰੁੱਖਾਂ ਨੂੰ ਵੱਡਾ ਹੋਣ ਲਈ ਕੋਈ ਸਿਖਲਾਈ ਨਹੀਂ ਚਾਹੀਦੀ, ਉਸੇ ਤਰ੍ਹਾਂ ਬੱਚਿਆਂ ਦੇ ਅੰਦਰ ਵੀ ਕੁਦਰਤੀ ਵਿਕਾਸ ਦੀ ਅਦਭੁੱਤ ਸਮਰੱਥਾ ਮੌਜੂਦ ਹੁੰਦੀ ਹੈ, ਸਾਡਾ ਕੰਮ ਉਨ੍ਹਾਂ ਨੂੰ ਢਾਲਣਾ ਨਹੀਂ, ਸਗੋਂ ਉਨ੍ਹਾਂ ਦੇ ਵਿਕਾਸ ਲਈ ਸੁਰੱਖਿਅਤ, ਪਿਆਰ ਭਰਿਆ ਅਤੇ ਆਜ਼ਾਦ ਮਾਹੌਲ ਸਿਰਜਣ ਦਾ ਉਪਰਾਲਾ ਕਰਨਾ ਹੈ।

ਵਿਕਾਸਾਤਮਕ ਮਨੋਵਿਗਿਆਨ ਦੇ ਮਹਾਨ ਵਿਗਿਆਨੀ ਜੌਨ ਬੋਲਬੀ ਅਤੇ ਮੇਰੀ ਐਨਸਵਰਥ ਦੀਆਂ ਖੋਜਾਂ ਦੱਸਦੀਆਂ ਹਨ ਕਿ ਜਿਨ੍ਹਾਂ ਬੱਚਿਆਂ ਨੂੰ ਭਾਵਨਾਤਮਕ ਸੁਰੱਖਿਆ ਅਤੇ ਬੇਸ਼ਰਤ ਪਿਆਰ ਮਿਲਦਾ ਹੈ, ਉਹ ਹੋਰ ਵਧੇਰੇ ਆਤਮਵਿਸ਼ਵਾਸੀ, ਰਚਨਾਤਮਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਦੇ ਹਨ। ਮਨੁੱਖੀ ਮਨੋਵਿਗਿਆਨ ਦੇ ਪ੍ਰਸਿੱਧ ਵਿਦਵਾਨ ਕਾਰਲ ਰੋਜਰਜ਼ ਵੀ ਇਹੀ ਕਹਿੰਦੇ ਹਨ ਕਿ ਮਨੁੱਖ ਦੇ ਅੰਦਰ ਵਿਕਾਸ ਕਰਨ ਦੀ ਕੁਦਰਤੀ ਪ੍ਰਵਿਰਤੀ ਪਹਿਲਾਂ ਹੀ ਮੌਜੂਦ ਹੈ, ਉਸ ਨੂੰ ਸਿਰਫ਼ ਸਵੀਕਾਰਤਾ, ਭਰੋਸੇ ਅਤੇ ਆਜ਼ਾਦੀ ਦੀ ਲੋੜ ਹੁੰਦੀ ਹੈ।ਅੱਜ ਦਾ ਸਭ ਤੋਂ ਵੱਡਾ ਮਨੋਵਿਗਿਆਨਕ ਸੰਕਟ ਤੁਲਨਾ ਹੈ।ਜਦੋਂ ਬੱਚੇ ਨੂੰ ਹਰ ਵੇਲੇ ਕਿਹਾ ਜਾਂਦਾ ਹੈ— ਵੇਖ, ਉਹ ਤੈਥੋਂ ਵਧੀਆ ਹੈ , ਪਹਿਲਾ ਆਉਣਾ ਹੀ ਸਫਲਤਾ ਹੈ ਜਾਂ ਤੈਨੂੰ ਆਪਣੇ ਭਰਾ ਵਰਗਾ ਬਣਨਾ ਚਾਹੀਦਾ ਹੈ , ਤਾਂ ਉਹ ਹੌਲੀ-ਹੌਲੀ ਆਪਣੇ ਆਪ ਨੂੰ ਗੁਆ ਬੈਠਦਾ ਹੈ। ਉਹ ਆਪਣੇ ਆਪ ਨੂੰ ਜਾਣਨ ਦੀ ਬਜਾਏ ਦੂਜਿਆਂ ਨਾਲ ਆਪਣੀ ਕੀਮਤ ਮਾਪਣ ਲੱਗ ਜਾਂਦਾ ਹੈ । ਇਹੀ ਥਾਂ ਤੋਂ ਹੀਣ-ਭਾਵਨਾ, ਚਿੰਤਾ, ਪ੍ਰਦਰਸ਼ਨ ਦਾ ਦਬਾਅ ਅਤੇ ਅਸਫਲਤਾ ਦਾ ਡਰ ਜਨਮ ਲੈਂਦੇ ਹਨ।

ਐਡਵਰਡ ਡੈਸੀ ਅਤੇ ਰਿਚਰਡ ਰਿਆਨ ਦੀ 'ਸੈਲਫ ਡਿਟਰਮੀਨੇਸ਼ਨ' ਥਿਊਰੀ ਸਪੱਸ਼ਟ ਕਰਦੀ ਹੈ ਕਿ ਮਨੁੱਖੀ ਵਿਕਾਸ ਲਈ ਤਿੰਨ ਚੀਜ਼ਾਂ ਬਹੁਤ ਜ਼ਰੂਰੀ ਹਨ—ਆਤਮ-ਨਿਰਣੈ, ਯੋਗਤਾ ਦਾ ਅਨੁਭਵ ਅਤੇ ਰਿਸ਼ਤਿਆਂ ਦੀ ਭਾਵਨਾ । ਜਦੋਂ ਬੱਚਿਆਂ ਉੱਤੇ ਬੇਹੱਦ ਨਿਯੰਤਰਣ ਕੀਤਾ ਜਾਂਦਾ ਹੈ ਜਾਂ ਹਰ ਸਮੇਂ ਉਨ੍ਹਾਂ ਦੀ ਤੁਲਨਾ ਕੀਤੀ ਜਾਂਦੀ ਹੈ, ਤਾਂ ਇਹ ਤਿੰਨੋਂ ਲੋੜਾਂ ਕਮਜ਼ੋਰ ਪੈ ਜਾਂਦੀਆਂ ਹਨ।ਇੱਕ ਹੋਰ ਮਹੱਤਵਪੂਰਨ ਸੱਚ ਇਹ ਹੈ ਕਿ ਗਲਤੀ ਕਰਨਾ ਵਿਕਾਸ ਦਾ ਵਿਰੋਧੀ ਨਹੀਂ, ਸਗੋਂ ਵਿਕਾਸ ਦਾ ਹਿੱਸਾ ਹੈ।

ਨਿਊਰੋ ਸਾਇੰਸ ਦੱਸਦੀ ਹੈ ਕਿ ਦਿਮਾਗ ਗਲਤੀਆਂ ਤੋਂ ਹੀ ਨਵੇਂ ਤੰਤਰਿਕ ਸੰਬੰਧ ਬਣਾਉਂਦਾ ਹੈ। ਜਦੋਂ ਬੱਚੇ ਨੂੰ ਡਰਾਉਣ ਦੀ ਬਜਾਏ ਸਮਝਾਇਆ ਜਾਂਦਾ ਹੈ, ਤਾਂ ਉਸ ਦਾ ਦਿਮਾਗ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਸਿੱਖਦਾ ਹੈ। ਸਜ਼ਾ ਕੁਝ ਸਮੇਂ ਲਈ ਆਗਿਆਕਾਰੀ ਤਾਂ ਬਣਾ ਸਕਦੀ ਹੈ, ਪਰ ਸਮਝ ਜੀਵਨ ਭਰ ਦੀ ਸਿਆਣਪ ਦਿੰਦੀ ਹੈ।ਇਸ ਲਈ ਸਵਾਲ ਇਹ ਨਹੀਂ ਹੋਣਾ ਚਾਹੀਦਾ ਕਿ ਬੱਚਾ ਮੇਰੀ ਗੱਲ ਕਿਵੇਂ ਮੰਨੇ? ਸਗੋਂ ਇਹ ਹੋਣਾ ਚਾਹੀਦਾ ਹੈ ਕਿ ਬੱਚਾ ਆਪਣੇ ਅੰਦਰ ਦੀ ਸੂਝ ਕਿਵੇਂ ਵਿਕਸਤ ਕਰੇ? ਇਹੀ ਅਸਲ ਸਿੱਖਿਆ ਹੈ।

ਦਰਸ਼ਨ ਵੀ ਇਹੀ ਕਹਿੰਦਾ ਹੈ ਕਿ ਹਰ ਮਨੁੱਖ ਆਪਣੇ ਨਾਲ ਇੱਕ ਵਿਲੱਖਣ ਸੰਭਾਵਨਾ ਲੈ ਕੇ ਜਨਮ ਲੈਂਦਾ ਹੈ। ਹਰ ਬੱਚੇ ਦੀ ਆਪਣੀ ਪ੍ਰਕਿਰਤੀ, ਆਪਣੀ ਰੁਚੀ, ਆਪਣੀ ਪ੍ਰਤਿਭਾ ਅਤੇ ਆਪਣਾ ਜੀਵਨ-ਰਾਹ ਹੁੰਦਾ ਹੈ। ਜੇਕਰ ਇੱਕ ਬੱਚਾ ਸੰਗੀਤ ਵਿੱਚ ਖਿੜਦਾ ਹੈ, ਤਾਂ ਉਸ ਨੂੰ ਡਾਕਟਰ ਬਣਾਉਣ ਦੀ ਜ਼ਿੱਦ ਉਸ ਦੇ ਅੰਦਰਲੇ ਜੀਵਨ ਨੂੰ ਮੁਰਝਾ ਸਕਦੀ ਹੈ। ਇਸੇ ਤਰ੍ਹਾਂ ਵਿਗਿਆਨ-ਪ੍ਰੇਮੀ ਬੱਚੇ ਨੂੰ ਕਲਾ ਵੱਲ ਧੱਕਣਾ ਵੀ ਉਸ ਦੀ ਕੁਦਰਤੀ ਯੋਗਤਾ ਨਾਲ ਅਨਿਆਇ ਹੋ ਸਕਦਾ ਹੈ।ਅੱਜ ਦੇ ਦੌਰ ਦੇ ਮੇਰੇ ਪਸੰਦੀਦਾ ਅਮਰੀਕੀ ਮਨੋਵਿਗਿਆਨਕ ਮਾਰਟਿਨ ਸੈਲਿਗਮੈਨ ਦਾ ਹਾਂ-ਪੱਖੀ ਮਨੋਵਿਗਿਆਨ ਵੀ ਇਸ ਗੱਲ ਦਾ ਸਮਰਥਨ ਕਰਦਾ ਹੈ ਕਿ ਮਨੁੱਖ ਸਭ ਤੋਂ ਵੱਧ ਖਿੜਦਾ ਹੈ, ਜਦੋਂ ਉਹ ਆਪਣੀਆਂ ਕੁਦਰਤੀ ਤਾਕਤਾਂ ਨੂੰ ਪਛਾਣ ਕੇ ਉਨ੍ਹਾਂ ਦਾ ਵਿਕਾਸ ਕਰਦਾ ਹੈ, ਨਾ ਕਿ ਸਿਰਫ਼ ਆਪਣੀਆਂ ਕਮਜ਼ੋਰੀਆਂ ਨਾਲ ਲੜਦਾ ਰਹਿੰਦਾ ਹੈ।ਇਸ ਦਾ ਮਤਲਬ ਇਹ ਨਹੀਂ ਕਿ ਬੱਚਿਆਂ ਨੂੰ ਬਿਨਾਂ ਮਾਰਗ-ਦਰਸ਼ਨ ਦੇ ਛੱਡ ਦਿੱਤਾ ਜਾਵੇ। ਆਜ਼ਾਦੀ ਦਾ ਅਰਥ ਅਨੁਸ਼ਾਸਨ ਦੀ ਗੈਰਹਾਜ਼ਰੀ ਨਹੀਂ, ਸਗੋਂ ਜ਼ਿੰਮੇਵਾਰੀ ਨਾਲ ਜੀਣਾ ਹੈ। ਮਾਪਿਆਂ ਦਾ ਕੰਮ ਹੁਕਮ ਚਲਾਉਣਾ ਨਹੀਂ, ਸਗੋਂ ਮਾਰਗਦਰਸ਼ਕ ਬਣਨਾ ਹੈ; ਡਰ ਪੈਦਾ ਕਰਨਾ ਨਹੀਂ, ਸਗੋਂ ਵਿਸ਼ਵਾਸ ਜਗਾਉਣਾ ਹੈ।

ਇੱਕ ਸਿਹਤਮੰਦ ਪਰਵਾਰ ਉਹ ਹੈ, ਜਿੱਥੇ ਹੁਕਮਾਂ ਨਾਲੋਂ ਸੰਵਾਦ ਵੱਧ ਹੁੰਦਾ ਹੈ, ਜਿੱਥੇ ਤੁਲਨਾ ਨਾਲੋਂ ਹੌਸਲਾ-ਅਫ਼ਜ਼ਾਈ ਵੱਧ ਹੁੰਦੀ ਹੈ, ਜਿੱਥੇ ਬੱਚੇ ਨੂੰ ਕੀ ਬਣਨਾ ਹੈ? ਨਾਲੋਂ ਪਹਿਲਾਂ ਤੂੰ ਕੌਣ ਹੈਂ? ਪੁੱਛਿਆ ਜਾਂਦਾ ਹੈ।

ਅੱਜ ਸਾਨੂੰ ਅਜਿਹੀ ਸਿੱਖਿਆ ਦੀ ਲੋੜ ਹੈ, ਜੋ ਸਿਰਫ਼ ਨੌਕਰੀ ਲਈ ਨਹੀਂ, ਸਗੋਂ ਜੀਵਨ ਲਈ ਤਿਆਰ ਕਰੇ; ਜੋ ਸਿਰਫ਼ ਬੁੱਧੀ ਨੂੰ ਨਹੀਂ, ਸਗੋਂ ਚੇਤਨਾ ਨੂੰ ਵੀ ਵਿਕਸਤ ਕਰੇ; ਜੋ ਸਿਰਫ਼ ਸਫ਼ਲ ਇਨਸਾਨ ਨਹੀਂ, ਸਗੋਂ ਸੰਤੁਲਿਤ, ਦਿਆਲੂ ਅਤੇ ਸਚੇਤ ਮਨੁੱਖ ਤਿਆਰ ਕਰੇ।

ਬੱਚੇ ਤਦੋਂ ਸਭ ਤੋਂ ਵੱਧ ਖਿੜਦੇ ਹਨ, ਜਦੋਂ ਉਨ੍ਹਾਂ ਦੀਆਂ ਜੜ੍ਹਾਂ ਪਿਆਰ ਵਿੱਚ, ਮਨ ਆਜ਼ਾਦੀ ਵਿੱਚ ਅਤੇ ਜੀਵਨ ਸਮਝਦਾਰੀ ਵਿੱਚ ਵਧਦਾ ਹੈ।

# ਸੰਪਰਕ : +12792453149

ਬਰਸੀ 'ਤੇ ਵਿਸ਼ੇਸ਼

# ਜਿਨ੍ਹਾ ਲਈ ਸੇਵਾ ਹੀ ਸਭ ਤੋਂ ਵੱਡਾ ਧਰਮ ਸੀ- ਭਗਤ ਪੂਰਨ ਸਿੰਘ

ਧਰਮਿੰਦਰ ਸਿੰਘ (ਚੱਬਾ)

'ਸਤਿਗੁਰ ਕੀ ਸੇਵਾ ਸਫਲ ਹੈ ਜੇ ਕੋ ਕਰੇ ਚਿਤ ਲਾਇ॥' ਪਿੰਗਲਵਾੜਾ ਸੰਸਥਾ ਦੇ ਬਾਨੀ ਭਗਤ ਪੂਰਨ ਸਿੰਘ ਜੀ ਨੇ ਆਪਣਾ ਸਾਰਾ ਜੀਵਨ ਮਨੁੱਖਤਾ ਦੀ ਭਲਾਈ ਵਾਸਤੇ ਗੁਜ਼ਾਰਿਆ। ਆਪ ਗੁਰੂ ਦਰ ਘਰ ਦੇ ਸੱਚੇ ਸਿੱਖ ਸੇਵਾਦਾਰ ਸਨ। ਆਪ ਵਾਤਾਵਰਨ ਪ੍ਰੇਮੀ ਸਨ। ਭਗਤ ਜੀ ਆਪਣੇ ਬਚਪਨ ਦੀ ਯਾਦ ਤਾਜ਼ਾ ਕਰਦੇ ਦੱਸਦੇ ਹਨ ਕਿ ਉਹਨਾ ਦੇ ਪਿਤਾ ਜੀ ਨੇ ਪਿੰਡ ਵਿੱਚ ਇੱਕ ਤਲਾਅ ਪੁਟਾਇਆ ਸੀ ਤੇ ਮਾਂ ਨੇ ਦੋ ਤ੍ਰਿਵੈਣੀਆ ਤੇ ਤਿੰਨ ਪਿੱਪਲ ਦੇ ਰੁੱਖ ਲਾਏ ਸਨ। ਤ੍ਰਿਵੈਣੀ ਤਿੰਨ ਰੁੱਖਾਂ ਦੀ ਹੁੰਦੀ ਹੈ- ਪਿੱਪਲ, ਬੋਹੜ ਤੇ ਨਿੰਮ। ਪਿੱਪਲ ਤੇ ਬੋਹੜ ਦੋ ਸੌ ਬੰਦਿਆਂ ਨੂੰ ਜ਼ਿੰਦਾ ਰੱਖਣ ਲਈ ਆਕਸੀਜਨ ਪੈਦਾ ਕਰ ਦਿੰਦਾ ਹੈ। ਬੋਹੜ ਦੇ ਪੱਤੇ ਸੂਰਜ ਦੀ ਧੁੱਪ ਨੂੰ ਸੋਖ ਲੈਂਦੇ ਹਨ, ਇਸ ਲਈ ਬੋਹੜ ਦੀ ਛਾਂ ਠੰਢੀ ਹੁੰਦੀ ਹੈ। ਅੱਜ ਦੇਖਿਆ ਜਾਵੇ ਤਾਂ ਵਿਕਾਸ ਦੇ ਨਾਂਅ 'ਤੇ ਹਜ਼ਾਰਾਂ, ਲੱਖਾਂ ਦਰੱਖਤਾਂ ਦੀ ਬਲੀ ਦੇ ਦਿੱਤੀ ਗਈ, ਪਰ ਉਹਨਾਂ ਕੱਟੇ ਗਏ ਦਰੱਖਤਾਂ ਦੀ ਜਗ੍ਹਾ ਨਵੇਂ ਦਰੱਖਤ ਨਹੀ ਲਾਏ ਗਏ। ਧਰਤੀ ਦਾ ਤੇਤੀ ਫੀਸਦੀ ਹਿੱਸਾ ਜੰਗਲਾਂ ਹੇਠ ਹੋਣਾ ਲਾਜ਼ਮੀ ਹੈ, ਪਰ ਇਹ ਚਾਰ ਜਾਂ ਪੰਜ ਫੀਸਦੀ ਹੀ ਰਹਿ ਗਿਆ ਹੈ, ਜੋ ਬੇਹੱਦ ਚਿੰਤਾ ਦਾ ਵਿਸ਼ਾ ਹੈ। ਭਗਤ ਜੀ ਦੀ ਸਿੱਖਿਆ ਨੂੰ ਹਰ ਇਨਸਾਨ ਨੂੰ ਪੱਲੇ ਬੰਨ੍ਹ ਲੈਣਾ ਚਾਹੀਦਾ ਹੈ ਤੇ ਘੱਟੋ-ਘੱਟ ਹਰ ਇਨਸਾਨ ਨੂੰ ਇੱਕ ਰੁੱਖ ਲਾ ਕੇ ਵੱਡਾ ਹੋਣ ਤੱਕ ਸਾਂਭ-ਸੰਭਾਲ ਕਰਨੀ ਚਾਹੀਦੀ ਹੈ।



ਭਗਤ ਜੀ ਦਾ ਦਾ ਜਨਮ 4 ਜੂਨ 1904 ਨੂੰ ਪਿਤਾ ਲਾਲਾ ਸ਼ਿੱਬੂ ਮੱਲ ਅਤੇ ਮਾਤਾ ਮਹਿਤਾਬ ਕੌਰ ਦੀ ਕੁੱਖੋਂ ਪਿੰਡ ਰਾਜੇਵਾਲ, ਤਹਿਸੀਲ ਖੰਨਾ ਜ਼ਿਲ੍ਹਾ ਲੁਧਿਆਣਾ ਵਿੱਚ ਹੋਇਆ। ਪਿਤਾ ਸ਼ਾਹੂਕਾਰਾ ਕਰਦੇ ਸਨ। ਆਪ ਦੀ ਮਾਤਾ ਧਾਰਮਿਕ ਖਿਆਲਾਂ ਵਾਲੀ ਔਰਤ ਸੀ, ਜਿਸ ਨੇ ਆਪ ਦੇ ਦਿਲ ਵਿੱਚ ਦਇਆ ਭਾਵਨਾ ਪੈਦਾ ਕੀਤੀ। ਆਪ ਦਾ ਬਚਪਨ ਦਾ ਨਾਂਅ ਰਾਮ ਜੀ ਦਾਸ ਸੀ। ਆਪ ਨੂੰ ਸਕੂਲ ਵਿੱਚ ਪੜ੍ਹਨੇ ਪਾਇਆ ਗਿਆ। ਇੱਕ ਵਕਤ ਐਸਾ ਆਇਆ ਕਿ ਕਿਸੇ ਕਾਰਨ ਕਰਕੇ ਪਿਤਾ ਦਾ ਸ਼ਾਹੂਕਾਰਾ ਖਤਮ ਹੋ ਗਿਆ। ਗਰੀਬੀ ਨੇ ਘਰ ਵਿੱਚ ਆਣ ਪੈਰ ਪਸਾਰੇ। ਪਿਤਾ ਦੀ ਮੌਤ ਤੋਂ ਬਾਅਦ ਗੁਰਬਤ ਦੀ ਜ਼ਿੰਦਗੀ ਗੁਜ਼ਾਰਦਿਆਂ ਆਪ ਦੀ ਮਾਤਾ ਨੇ ਆਪ ਦਾ ਪੜ੍ਹਨਾ ਜਾਰੀ ਰੱਖਿਆ, ਭਾਵੇਂ ਇਸ ਲਈ ਆਪ ਦੀ ਮਾਤਾ ਨੂੰ ਕਿਸੇ ਡਾਕਟਰ ਦੇ ਘਰ ਭਾਂਡੇ ਮਾਂਜਣ ਦੀ ਨੌਕਰੀ ਹੀ ਕਿਉਂ ਨਾ ਕਰਨੀ ਪਈ।

ਸੰਨ 1923 ਵਿੱਚ ਆਪ ਨੇ ਲੁਧਿਆਣੇ ਜਦ ਦਸਵੀਂ ਦਾ ਇਮਤਿਹਾਨ ਦਿੱਤਾ ਤਾਂ ਆਪ ਦੇ ਜੀਵਨ ਵਿੱਚ ਇੱਕ ਘਟਨਾ ਘਟੀ, ਜਿਸ ਦੇ ਚੱਲਦਿਆਂ ਆਪ ਦਾ ਝੁਕਾਅ ਗੁਰੂ ਘਰ ਵੱਲ ਜ਼ਿਆਦਾ ਹੋ ਗਿਆ ਤੇ ਆਪ ਡੇਹਰਾ ਸਾਹਿਬ ਲਾਹੌਰ ਸੇਵਾ ਕਰਦੇ ਰਹੇ। ਉੱਥੇ ਹੀ ਆਪ ਦਾ ਨਾਂਅ 'ਪੂਰਨ ਸਿੰਘ' ਰੱਖਿਆ ਗਿਆ ਤੇ ਗਿਆਨੀ ਕਰਤਾਰ ਸਿੰਘ ਨੇ 'ਭਗਤ' ਸ਼ਬਦ ਜੋੜ ਕੇ ਰਹਿੰਦੀ ਕਸਰ ਵੀ ਪੂਰੀ ਕਰ ਦਿੱਤੀ ਤੇ ਮਹੰਤ ਤੇਜਾ ਸਿੰਘ ਦੇ ਉਤਸ਼ਾਹ ਸਦਕਾ 18-20 ਸਾਲ ਗੁਰਦੁਆਰਾ ਡੇਹਰਾ ਸਾਹਬ ਆਪ ਨੇ ਜੋੜੇ ਝਾੜਨ, ਪਸ਼ੂਆਂ ਨੂੰ ਪੱਠੇ ਪਾਉਣ, ਭਾਡੇ ਮਾਂਜਣ, ਰੋਗੀਆਂ, ਅਪਾਹਜਾਂ ਦੀ ਹਰ ਪ੍ਰਕਾਰ ਦੀ ਸੇਵਾ ਕਰਨ ਦਾ ਕਾਰਜ ਨਿਭਾਇਆ। 30 ਜੂਨ 1930 ਨੂੰ ਆਪ ਦੀ ਮਾਤਾ ਮਹਿਤਾਬ ਕੌਰ ਦਾ ਗੁਰਦੁਆਰਾ ਛੇਹਰਟਾ ਸਾਹਿਬ ਵਿਖੇ ਦਿਹਾਂਤ ਹੋ ਗਿਆ। ਉਸ ਤੋਂ ਬਾਅਦ 1934 ਨੂੰ ਆਪ ਨੇ ਬੇਸਹਾਰਾ, ਯਤੀਮ, ਰੋਗੀਆਂ, ਅਨਾਥਾਂ ਤੇ ਬੇਆਸਰਿਆਂ ਦੀ ਸੇਵਾ-ਸੰਭਾਲ ਦੀ ਸ਼ੁਰੂਆਤ ਕਰਕੇ ਆਪਣੀ ਮਾਤਾ ਨੂੰ ਸੱਚੀ-ਸੁੱਚੀ ਸ਼ਰਧਾਂਜਲੀ ਭੇਟ ਕੀਤੀ। ਗੁਰਦੁਆਰਾ ਡੇਹਰਾ ਸਾਹਬ ਲਾਹੌਰ ਵਿੱਚ ਕੋਈ ਚਾਰ ਕੁ ਸਾਲ ਦੇ ਅਪੰਗ ਬੱਚੇ ਨੂੰ ਰੋਂਦਾ ਛੱਡ ਗਏ। ਭਗਤ ਜੀ ਨੇ ਉਸ ਬੱਚੇ ਦੀ ਸੇਵਾ-ਸੰਭਾਲ ਕੀਤੀ ਤੇ ਉਸ ਦਾ ਨਾਂਅ ਪਿਆਰਾ ਸਿੰਘ ਰੱਖਿਆ। ਉਸ ਦਿਨ ਤੋਂ ਭਗਤ ਜੀ ਦੀ ਜ਼ਿੰਦਗੀ ਵਿੱਚ ਇੱਕ ਨਵਾਂ ਅਧਿਆਇ ਜੁੜ ਗਿਆ ਤੇ ਮਾਨੋ ਪਿੰਗਲਵਾੜਾ ਸੰਸਥਾ ਦੀ ਸ਼ੁਰੂਆਤ ਹੋਈ।

ਸੰਨ 1947 ਨੂੰ ਜਦ ਦੇਸ਼ ਅਜ਼ਾਦ ਹੋਇਆ ਤਾਂ ਵੰਡ ਕਾਰਨ ਦੋਹਾਂ ਮੁਲਕਾਂ ਦੇ ਲੋਕਾਂ 'ਤੇ ਜਦ ਭਾਰੀ ਕਹਿਰ ਟੁੱਟਾ ਤਾਂ ਆਪ ਲਾਹੌਰ ਤੋਂ ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਪਿਆਰਾ ਸਿੰਘ ਨੂੰ ਪਿੱਠ 'ਤੇ ਚੁੱਕ ਕੇ ਲੱਗੇ ਰਫਿਊਜ਼ੀ ਕੈਂਪ ਵਿੱਚ ਪਹੁੰਚੇ। ਜਿੱਥੇ ਆਪ ਨੇ ਤਨ-ਮਨ ਨਾਲ ਸੇਵਾ ਨਿਭਾਈ। ਸੰਨ 1958 ਨੂੰ ਅੰਮ੍ਰਿਤਸਰ ਵਿੱਚ ਪਿੰਗਲਵਾੜਾ ਸੰਸਥਾ ਦੀ ਸ਼ੁਰੂਆਤ ਹੋਈ। ਆਪ ਵਾਤਾਵਰਣ ਪ੍ਰੇਮੀ ਅਤੇ ਇੱਕ ਬਹੁਤ ਹੀ ਸੁਲਝੇ ਹੋਏ ਲੇਖਕ ਵੀ ਸਨ। ਆਪ ਨੇ ਕਿਤਾਬਾਂ ਪੜ੍ਹ ਕੇ ਜੋ ਗਿਆਨ ਹਾਸਲ ਕੀਤਾ, ਉਸ ਗਿਆਨ ਨੂੰ ਕਿਤਾਬਾਂ, ਪੈਂਫਲਟ, ਟ੍ਰੈਕਟ ਤੇ ਹੋਰ ਅਨੇਕਾਂ ਤਰੀਕਿਆਂ ਨਾਲ ਲੋਕਾਂ ਤੱਕ ਪਹੁੰਚਾਇਆ। ਅੱਜ ਵੀ ਧਾਰਮਿਕ ਥਾਵਾਂ 'ਤੇ ਪਿੰਗਲਵਾੜਾ ਸੰਸਥਾ ਵੱਲੋਂ ਫਰੀ ਲਿਟਰੇਚਰ ਵੰਡਿਆ ਜਾਂਦਾ ਹੈ। ਭਗਤ ਜੀ ਜੋ ਲੋਕਾਂ ਨੂੰ ਸੁਨੇਹਾ ਦਿੰਦੇ ਸਨ, ਪਹਿਲਾਂ ਆਪ ਉਸ 'ਤੇ

• ਬਾਕੀ ਸਫ਼ਾ 9 'ਤੇ

# ਟਰੇਡ ਯੂਨੀਅਨਾਂ ਤੇ ਐੱਸ ਕੇ ਐੱਮ ਵੱਲੋਂ 10 ਨੂੰ ਲੁਧਿਆਣਾ 'ਚ ਵਿਸ਼ਾਲ ਰੋਸ ਪ੍ਰਦਰਸ਼ਨ

**ਟਰੇਡ ਯੂਨੀਅਨਾਂ ਤੇ ਐੱਸ ਕੇ ਐੱਮ ਵੱਲੋਂ ਸਾਂਝੇ ਤੌਰ 'ਤੇ ਲਾਗੂ ਕੀਤਾ ਜਾਵੇਗਾ ਦੇਸ਼ ਵਿਆਪੀ ਪ੍ਰੋਗਰਾਮ**



**ਲੁਧਿਆਣਾ (ਐੱਮ ਐੱਸ ਭਾਟੀਆ)**

ਨਵੀਂ ਦਿੱਲੀ ਵਿੱਚ ਕੇਂਦਰੀ ਟਰੇਡ ਯੂਨੀਅਨਾਂ (ਸੀਟੀਯੂਜ਼), ਵੱਖ-ਵੱਖ ਅਜ਼ਾਦ ਫੈਡਰੇਸ਼ਨਾਂ, ਐਸੋਸੀਏਸ਼ਨਾਂ ਤੇ ਸੰਯੁਕਤ ਕਿਸਾਨ ਮੋਰਚਾ (ਐੱਸਕੇਐੱਮ) ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਮਜ਼ਦੂਰ-ਕਿਸਾਨ ਰਾਸ਼ਟਰੀ ਕਨਵੈਨਸ਼ਨ ਨੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਦੇਸ਼-ਪੱਧਰੀ ਤਾਲਮੇਲ ਵਾਲੇ ਸੰਘਰਸ਼ ਨੂੰ 10 ਅਗਸਤ 2026 ਨੂੰ 'ਭਾਰਤ ਛੱਡੋ ਅੰਦੋਲਨ' ਦੀ ਯਾਦ ਵਿੱਚ ਦੇਸ਼ ਭਰ ਵਿੱਚ ਜ਼ਿਲ੍ਹਾ ਤੇ ਰਾਜ ਪੱਧਰ 'ਤੇ ਧਰਨੇ, ਮੁਜ਼ਾਹਰੇ, ਰੇਲ ਰੋਕੋ, ਰਸਤਾ ਰੋਕੋ, ਕੰਮਕਾਜ ਵਾਲੀਆਂ ਥਾਵਾਂ 'ਤੇ ਵਿਰੋਧ ਪ੍ਰਦਰਸ਼ਨ, ਮਨੁੱਖੀ ਲੜੀਆਂ ਤੇ ਹੋਰ ਸ਼ਾਂਤਮਈ ਜਨ-ਸੰਘਰਸ਼ ਕਰਨ ਦੇ ਸੱਦੇ ਤਹਿਤ ਲੁਧਿਆਣਾ ਵਿਖੇ ਇਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਸਬੰਧੀ ਸ਼ਹੀਦ ਕਰਨੈਲ ਸਿੰਘ ਇਸੜੂ ਭਵਨ ਵਿਖੇ ਟ੍ਰੇਡ ਯੂਨੀਅਨ ਤੇ ਐੱਸਕੇਐੱਮ ਦੀ ਇੱਕ ਸਾਂਝੀ ਮੀਟਿੰਗ ਹੋਈ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ 10 ਅਗਸਤ ਨੂੰ ਲੁਧਿਆਣੇ ਵਿੱਚ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਵਿੱਚ ਵੱਖ-ਵੱਖ ਟਰੇਡ ਯੂਨੀਅਨਾਂ, ਜਿਨ੍ਹਾਂ ਵਿੱਚ ਏਟਕ, ਸੀਟੂ, ਇਟਕ, ਐਕਟੂ 'ਤੇ ਸੀਟੀਯੂ ਪੰਜਾਬ ਤੇ ਐੱਸਕੇਐੱਮ ਵਿੱਚ ਬੀਕੇਯੂ ਏਕਤਾ ਉਗਰਾਹਾਂ, ਕੁੱਲ ਹਿੰਦ ਕਿਸਾਨ ਸਭਾ 1936, ਸਮੂਹੀ ਕਿਸਾਨ ਸਭਾ ਤੇ ਬੀਕੇਯੂ ਡਕੌਂਦਾ ਧਨੇਰ ਸ਼ਾਮਲ ਸਨ। ਸੰਚਾਲਨ ਸਿੰਘ [illegible] ਤੇ ਜਗਦੀਸ਼ ਚੰਦ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਬੋਲਦਿਆਂ ਆਗੂਆਂ ਨੇ ਕਿਹਾ ਕਿ ਤਾਲਕਟੋਰਾ ਕਨਵੈਨਸ਼ਨ ਵੱਲੋਂ ਸਰਬਸੰਮਤੀ ਨਾਲ ਪਾਸ ਕੀਤੇ ਘੋਸ਼ਣਾ ਪੱਤਰ ਵਿੱਚ ਚਾਰ ਲੇਬਰ ਕੋਡ ਰੱਦ ਕਰਨ, ਟਰੇਡ ਯੂਨੀਅਨ ਹੱਕਾਂ ਦੀ ਗਾਰੰਟੀ, ਮਹਿੰਗਾਈ ਭੱਤੇ ਨਾਲ ਜੋੜ ਕੇ ₹42,000 ਘੱਟੋ-ਘੱਟ ਕਾਨੂੰਨੀ ਤਨਖ਼ਾਹ, ਸੀ-2 ਲਾਗਤ 'ਤੇ 50 ਫ਼ੀਸਦੀ ਮੁਨਾਫ਼ੇ (32+50%) ਦੇ ਆਧਾਰ 'ਤੇ ਕਾਨੂੰਨੀ ਐੱਮ ਐੱਸ ਪੀ ਤੇ ਯਕੀਨੀ ਸਰਕਾਰੀ ਖ਼ਰੀਦ, ਕਿਸਾਨ ਤੇ ਮਜ਼ਦੂਰ ਵਿਰੋਧੀ ਮੁਕਤ ਵਪਾਰ ਸਮਝੌਤਿਆਂ (ਐੱਫਟੀਏ) ਨੂੰ ਰੱਦ ਕਰਨ, ਨਿੱਜੀਕਰਨ ਤੇ ਨੈਸ਼ਨਲ ਮੋਨੇਟਾਈਜ਼ੇਸ਼ਨ ਪਾਈਪਲਾਈਨ 2.0 ਨੂੰ ਰੋਕਣ, ਮਨਰੇਗਾ ਨੂੰ ਮਜ਼ਬੂਤ ਕਰਨ, ਸਮਾਜਿਕ ਸੁਰੱਖਿਆ ਦਾ ਵਿਸਥਾਰ, ਰੁਜ਼ਗਾਰ ਸਿਰਜਣ, ਸਰਕਾਰੀ ਸਿੱਖਿਆ ਤੇ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ, ਜਨਤਕ ਵੰਡ ਪ੍ਰਣਾਲੀ ਦੀ ਰੱਖਿਆ, ਦਮਨਕਾਰੀ ਕਾਨੂੰਨਾਂ ਦੀ ਵਾਪਸੀ ਤੇ ਸੰਵਿਧਾਨਕ ਤੇ ਲੋਕਤੰਤਰੀ ਹੱਕਾਂ ਦੀ ਰੱਖਿਆ ਦੀ ਮੰਗ ਕੀਤੀ ਜਾਵੇਗੀ।ਬੁਲਾਰਿਆਂ ਨੇ ਕਿਹਾ ਕਿ ਮਜ਼ਦੂਰਾਂ ਤੇ ਕਿਸਾਨਾਂ ਦੀ ਸਾਂਝੀ ਲੜਾਈ ਹੀ ਕਾਰਪੋਰੇਟ ਪੱਖੀ ਤੇ ਲੋਕ ਵਿਰੋਧੀ ਨੀਤੀਆਂ ਦਾ ਪ੍ਰਭਾਵਸ਼ਾਲੀ ਜਵਾਬ ਹੈ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਐੱਮ ਐੱਸ ਭਾਟੀਆ, ਸੁਦਾਗਰ ਸਿੰਘ ਘੁਡਾਣੀ, ਅਮਰ ਨਾਥ ਕੂਮਕਲਾਂ, ਚਮਕੌਰ ਸਿੰਘ, ਜਗਦੀਸ਼ ਚੰਦ, ਹਰਨੇਕ ਸਿੰਘ ਗੁੱਜਰਵਾਲ, ਗੁਰਜੀਤ ਸਿੰਘ ਜਗਪਾਲ, ਜੇ ਪ੍ਰਕਾਸ਼ ਨਰਾਇਣ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਸੁਭਾਸ਼ ਰਾਣੀ, ਸੁਖਵਿੰਦਰ ਸਿੰਘ ਲੋਟੇ, ਹਰਜਿੰਦਰ ਕੌਰ, ਵਿਜੇ ਕੁਮਾਰ, ਹਨੂਮਾਨ ਪ੍ਰਸਾਦ, ਕੇਵਲ ਸਿੰਘ ਬਣਵੈਤ, ਰਾਮ ਲਾਲ, ਟਾਹਿਰ ਸਿੰਘ, ਤਹਿਸੀਲਦਾਰ ਬਲਰਾਮ ਸਿੰਘ ਸ਼ਾਮਲ ਸਨ।

# ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਖ਼ਿਲਾਫ਼ ਜੇਲ੍ਹ ਭਰੋ ਅੰਦੋਲਨ 10 ਨੂੰ



**ਮਾਨਸਾ (ਆਤਮਾ ਸਿੰਘ ਪਮਾਰ)**-ਬਾਬਾ ਬੂਝਾ ਸਿੰਘ ਭਵਨ ਮਾਨਸਾ ਵਿਖੇ ਸਮੂਹ ਟ੍ਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਦੀ ਇੱਕ ਸਾਂਝੀ ਤੇ ਅਹਿਮ ਮੀਟਿੰਗ ਕਾ. ਰਾਜਵਿੰਦਰ ਰਾਣਾ ਤੇ ਕਰਨੈਲ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਭੋਲਾ ਸਿੰਘ ਸਮਾਓ, ਚਹਿਲ, ਮੱਖਣ ਸਿੰਘ ਭੈਣੀਬਾਘਾ, ਅਮਰੀਕ ਸਿੰਘ ਫਫੜੇ ਭਾਈਕੇ, ਮਹਿੰਦਰ ਸਿੰਘ ਭੈਣੀਬਾਘਾ, ਕ੍ਰਿਸ਼ਨ ਚੌਹਾਨ, ਕੁਲਵਿੰਦਰ ਉੱਡਤ, ਸੁਖਚਰਨ ਦਾਨੇਵਾਲੀਆ, ਗੁਰਮੇਲ ਮਾਨ, ਗੁਰਮੀਤ ਸਿੰਘ ਮਾਨਸਾ, ਰੂਪ ਸਿੰਘ ਢਿੱਲੋਂ, ਹੈਪੀ ਮਾਨ ਤੇ ਰਤਨ ਭੋਲਾ, ਲਛਮਣ ਚੱਕ ਅਲੀਸ਼ੇਰ, ਬਲਜੀਤ ਸਿੰਘ ਸਮੇਤ ਬਹੁਤ ਸਾਰੇ ਆਗੂ ਸ਼ਾਮਲ ਹੋਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਐਲਾਨ ਕੀਤਾ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ-ਪ੍ਰਸਤ ਨੀਤੀਆਂ ਖ਼ਿਲਾਫ਼ 10 ਅਗਸਤ ਨੂੰ 'ਸਾਮਰਾਜ ਵਿਰੋਧੀ ਦਿਵਸ' ਵਜੋਂ ਮਨਾਇਆ ਜਾਵੇਗਾ।ਇਸ ਤਹਿਤ ਦੇਸ਼ ਪੱਧਰ 'ਤੇ 'ਕਾਰਪੋਰੇਟ ਭਜਾਓ, ਦੇਸ਼ ਬਚਾਓ' ਦੇ ਨਾਅਰੇ ਹੇਠ ਮਾਲ ਗੋਦਾਮ 'ਤੇ ਵੱਡਾ ਇਕੱਠ ਕਰਕੇ ਸ਼ਹਿਰ 'ਚ ਸ਼ਾਂਤਮਈ ਮੁਜ਼ਾਹਰਾ ਕੀਤਾ ਜਾਵੇਗਾ ਤੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਗ੍ਰਿਫ਼ਤਾਰੀਆਂ ਵੀ ਦਿੱਤੀਆਂ ਜਾਣਗੀਆਂ।

ਆਗੂਆਂ ਨੇ ਕਿਹਾ ਕਿ ਪ੍ਰਸਤਾਵਿਤ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤਾ ਛੋਟੇ ਤੇ ਦਰਮਿਆਨੇ ਕਿਸਾਨਾਂ ਨੂੰ ਖੇਤੀ 'ਚੋਂ ਬਾਹਰ ਕਰ ਦੇਵੇਗਾ।ਇਸ ਸਮਝੌਤੇ ਦੀਆਂ ਅਸਮਾਨ ਟੈਰਿਫ ਨੀਤੀਆਂ ਭਾਰਤੀ ਕਿਸਾਨਾਂ ਦੇ ਹਿੱਤਾਂ 'ਤੇ ਸਿੱਧਾ ਹਮਲਾ ਹਨ, ਇਨ੍ਹਾਂ ਨੀਤੀਆਂ ਕਾਰਨ ਖੇਤੀ, ਡੇਅਰੀ ਫਾਰਮਿੰਗ ਤੇ ਪੋਲਟਰੀ ਫਾਰਮਿੰਗ ਤਬਾਹ ਹੋ ਕੇ ਰਹਿ ਜਾਵੇਗਾ।ਇਸ ਤਰ੍ਹਾਂ ਦੀਆਂ ਨੀਤੀਆਂ ਕਿਸੇ ਵੀ ਕੀਮਤ 'ਤੇ ਬਰਦਾਸ਼ਤਯੋਗ ਨਹੀਂ।ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਮਜ਼ਦੂਰਾਂ 'ਤੇ ਗੁਲਾਮੀ ਦੇ ਚਾਰ ਲੇਬਰ ਕੋਡ ਸਿੱਧੇ ਤੌਰ 'ਤੇ ਲਾਗੂ ਕਰ ਦਿੱਤੇ ਹਨ, ਜਿਸ ਤੋਂ ਸਾਫ਼ ਜ਼ਾਹਿਰ ਹੈ ਕਿ ਮੋਦੀ ਰਾਜ ਕਾਰਪੋਰੇਟ ਘਰਾਣਿਆਂ ਅਤੇ ਮਾਲਕਾਂ ਦੀ ਤਾਨਾਸ਼ਾਹੀ ਤੋਂ ਇਲਾਵਾ ਕੁੱਝ ਵੀ ਨਹੀਂ।ਲੇਬਰ ਕੋਡਾਂ ਨੂੰ ਰੱਦ ਕਰਵਾਉਣ ਲਈ ਹਰ ਫੈਕਟਰੀ ਤੇ ਸੈਕਟਰ ਪੱਧਰ 'ਤੇ ਇਕਜੁੱਟ ਹੋ ਕੇ ਹਮਲਾਵਰ ਲੜਾਈ ਲੜਨਾ ਸਮੇਂ ਦੀ ਮੁੱਖ ਲੋੜ ਹੈ।ਆਗੂਆਂ ਨੇ ਕਿਸਾਨਾਂ, ਮਜ਼ਦੂਰਾਂ ਤੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ 10 ਅਗਸਤ ਨੂੰ 'ਸਾਮਰਾਜ ਵਿਰੋਧੀ ਦਿਵਸ' ਮੌਕੇ ਵੱਡੀ ਗਿਣਤੀ 'ਚ ਪਹੁੰਚ ਕੇ ਸੰਘਰਸ਼ ਨੂੰ ਸਫ਼ਲ ਬਣਾਇਆ ਜਾਵੇ।

# ਆਊਟਸੋਰਸ ਮੁਲਾਜ਼ਮਾਂ ਨੂੰ ਪੂਰੇ ਤਨਖਾਹ ਸਕੇਲਾਂ ਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ

**ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਨੇ ਪੰਜਾਬ ਸਰਕਾਰ ਤੋਂ ਕੀਤੀ ਮੰਗ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿਛਲੇ ਕਈ ਸਾਲ ਪੰਜਾਬ ਵਿੱਚ ਹੁਕਮਰਾਨ ਅਕਾਲੀ ਭਾਜਪਾ ਗੱਠਜੋੜ, ਕਾਂਗਰਸ ਪਾਰਟੀ ਤੇ ਹੁਣ ਆਮ ਆਦਮੀ ਪਾਰਟੀ ਨੇ ਸਵਾ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਆਪਣੀ ਜ਼ਿੰਮੇਵਾਰੀਆਂ ਤੋਂ ਭੱਜਦੇ ਹੋਏ ਸਰਕਾਰੀ ਵਿਭਾਗਾਂ ਨੂੰ ਤਬਾਹ ਕਰਨ ਦੀ ਨੀਤੀ ਨਾਲ ਪੰਜਾਬ ਰੋਡਵੇਜ਼, ਪਨ ਬੱਸ, ਪੀਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਤੇ ਹੋਰ ਵੱਖ ਵੱਖ ਸਰਕਾਰੀ ਅਤੇ ਅਰਧ ਸਰਕਾਰੀ ਵਿਭਾਗਾਂ ਵਿੱਚ ਰੈਗੂਲਰ ਭਰਤੀਆਂ ਕਰਨ ਦੀ ਬਜਾਏ ਵੱਖ ਵੱਖ ਆਊਟ ਸੋਰਸ ਏਜੰਸੀਆਂ ਰਾਹੀਂ ਮੁਲਾਜ਼ਮ ਭਰਤੀ ਕਰਨ ਨੂੰ ਤਰਜੀਹ ਦਿੱਤੀ ਹੋਈ ਹੈ।ਆਮ ਆਦਮੀ ਪਾਰਟੀ ਨੇ ਦੂਜੀਆਂ ਰਾਜਨੀਤਕ ਪਾਰਟੀਆਂ ਨੂੰ ਪਿੱਛੇ ਛੱਡਦੇ ਹੋਏ ਆਊਟ ਸੋਰਸ ਪ੍ਰਣਾਲੀ ਨੂੰ ਬਹੁਤ ਤੇਜ਼ੀ ਨਾਲ ਅੱਗੇ ਵਧਾਇਆ ਹੈ। ਜ਼ਿਕਰਯੋਗ ਹੈ ਕਿ ਪੰਜਾਬ ਰੋਡਵੇਜ਼, ਪਨਬੱਸ ਤੇ ਪੀ ਆਰ ਟੀ ਸੀ ਵਿੱਚ ਆਊਟ ਸੋਰਸ ਅਧੀਨ ਕੰਮ ਕਰਦੇ ਮੁਲਾਜ਼ਮ ਆਪਣੀਆਂ ਸੇਵਾਵਾਂ ਆਪਣੇ ਆਪਣੇ ਵਿਭਾਗਾਂ ਵਿੱਚ ਪੂਰੇ ਤਨਖਾਹ ਸਕੇਲਾਂ ਤੇ ਭੱਤਿਆਂ ਸਮੇਤ ਰੈਗੂਲਰ ਕਰਨ ਦੀ ਹੱਕੀ ਤੇ ਜਾਇਜ਼ ਮੰਗ ਨੂੰ ਮਨਵਾਉਣ ਲਈ ਲਗਾਤਾਰ ਹੜਤਾਲਾਂ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।ਟਰਾਂਸਪੋਰਟ ਕਾਮਿਆਂ ਦੀ ਹੜਤਾਲ ਉਪਰੰਤ ਪੰਜਾਬ ਸਰਕਾਰ ਵੱਲੋਂ ਕੀਤੀਆਂ ਗਈਆਂ ਸਾਰੀਆਂ ਮੀਟਿੰਗਾਂ ਦੇ ਅਜੇ ਤੱਕ ਕੋਈ ਠੋਸ ਨਤੀਜੇ ਸਾਹਮਣੇ ਨਹੀਂ ਆ ਸਕੇ ਅਤੇ ਮਸਲੇ ਜਿਵੇਂ ਦਾ ਤਿਵੇਂ ਲਮਕ ਰਿਹਾ ਹੈ।ਹਰ ਰੋਜ਼ ਦੀਆਂ ਹੜਤਾਲਾਂ ਕਾਰਨ ਲੋਕ ਅੱਤ ਖੱਜਲ ਖੁਆਰ ਹੁੰਦੇ ਹਨ ਤੇ ਪੰਜਾਬ ਸਰਕਾਰ ਦਾ ਅਕਸ ਲੋਕਾਂ ਵਿੱਚ ਖਰਾਬ ਹੁੰਦਾ ਹੈ।ਪੰਜਾਬ ਸਰਕਾਰ ਦੇ ਅਜਿਹੇ ਵਤੀਰੇ ਅਤੇ ਲੋਕ ਵਿਰੋਧੀ ਪਹੁੰਚ ਦੀ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸੂਬਾ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ, ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਹਨਾਂ ਮੁਲਾਜ਼ਮਾਂ ਦੇ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕੀਤੀ ਹੈ।ਆਗੂਆਂ ਨੇ ਅੱਗੇ ਕਿਹਾ ਕਿ ਹੁਣ ਜਦ ਇਹ ਮੁਲਾਜ਼ਮ ਪੂਰੇ ਤਨਖਾਹ ਸਕੇਲਾਂ ਤੇ ਭੱਤਿਆਂ ਸਮੇਤ ਰੈਗੂਲਰ ਕਰਨ ਦੀ ਮੰਗ ਨੂੰ ਲੈ ਕੇ ਲਗਾਤਾਰ ਸੰਘਰਸ਼ ਦੇ ਰਾਹ ਪਏ ਹੋਏ ਹਨ ਤਾਂ ਪੰਜਾਬ ਸਰਕਾਰ ਹਰ ਰੋਜ਼ ਪੁਲਸ ਤੇ ਡੰਡੇ ਦੇ ਜ਼ੋਰ ਨਾਲ ਇਨ੍ਹਾਂ ਸੰਘਰਸ਼ਾਂ ਨੂੰ ਦਬਾਉਣ ਦੇ ਰਾਹ ਪਈ ਹੋਈ ਹੈ।


ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਪੰਜਾਬ ਰੋਡਵੇਜ਼, ਪਨ ਬੱਸ, ਪੀਪਸੂ ਰੋਡ ਟ੍ਰਾਂਸਪੋਰਟ ਕਾਰਪੋਰੇਸ਼ਨ ਤੇ ਹੋਰ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਆਊਟਸੋਰਸ ਮੁਲਾਜ਼ਮਾਂ ਨੂੰ ਤੁਰੰਤ ਆਊਟਸੋਰਸ ਪ੍ਰਣਾਲੀ ਵਿੱਚੋਂ ਬਾਹਰ ਕਰਕੇ ਪੂਰੇ ਤਨਖਾਹ ਸਕੇਲਾਂ ਤੇ ਸਾਰੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ, ਕਿਉਂਕਿ ਇਨ੍ਹਾਂ ਵਿਭਾਗਾਂ ਵਿੱਚ ਕੀਤਾ ਜਾ ਰਿਹਾ ਕੰਮ ਲਗਾਤਾਰ ਚੱਲਣ ਵਾਲਾ ਹੈ।ਸਾਡੇ ਦੇਸ਼ ਦੇ ਕਾਨੂੰਨ ਅਨੁਸਾਰ ਰੈਗੂਲਰ ਤੌਰ 'ਤੇ ਚੱਲਣ ਵਾਲੇ ਕੰਮ ਵਿੱਚ ਆਊਟਸੋਰਸ ਰਾਹੀਂ ਭਰਤੀ ਕਰਨਾ ਬਿਲਕੁਲ ਗੈਰ-ਕਾਨੂੰਨੀ ਤੇ ਗੈਰ-ਤਰਕ ਸੰਗਤ ਹੈ।

## ਕਾਤਰਾਂ

### ਹੈਰੋਇਨ ਸਣੇ 2 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਤੇ ਥਾਣਾ ਵੈਰੋਕ ਦੀ ਪੁਲਸ ਵੱਲੋਂ 6.80 ਗ੍ਰਾਮ ਹੈਰੋਇਨ ਸਮੇਤ 2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਦੇ ਤਫਤੀਸ਼ੀ ਅਫਸਰ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸ੍ਰੀ ਮੁਕਤਸਰ ਸਾਹਿਬ ਬੱਸ ਅੱਡਾ ਫਲਾਈ ਓਵਰ ਦੇ ਥੱਲੇ ਪੁੱਜੇ ਤਾਂ ਸਾਹਮਣੇ ਪਿੱਲਰ ਦੇ ਕੋਲ ਕ੍ਰਿਸ਼ਨ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪ੍ਰਭਾਤ ਸਿੰਘ ਵਾਲਾ ਹਿਠਾੜ ਆਪਣੇ ਹੱਥ ਵਿੱਚ ਲਿਫਾਫਾ ਫੜਿਆ ਹੋਇਆ ਦਿਖਾਈ ਦਿੱਤਾ, ਜਿਸ ਦੀ ਤਲਾਸ਼ੀ ਕਰਨ 'ਤੇ ਉਸ ਵਿੱਚੋਂ 5.80 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਹੈ। ਉਧਰ, ਥਾਣਾ ਵੈਰੋਕੇ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਕਸ਼ਮੀਰ ਲਾਲ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸਤਨਾਮ ਸਿੰਘ ਪੁੱਤਰ ਮਾਹਲਾ ਸਿੰਘ ਵਾਸੀ ਢਾਣੀ ਰੇਸ਼ਮ ਸਿੰਘ ਦਾਖਲੀ ਚੱਕ ਪਾਲੀਵਾਲਾ ਉਰਫ ਮੋਹਲਾ ਹੈਰੋਇਨ ਵੇਚਣ ਦਾ ਆਦੀ ਹੈ, ਜੋ ਅੱਜ ਵੀ ਟੀ-ਪੁਆਇੰਟ ਪਾਲੀਵਾਲਾ ਲਿੰਕ ਰੋਡ ਕਾਠਗੜ੍ਹ ਕੋਲ ਖੜਾ ਹੈ ਅਤੇ ਗਾਹਕਾਂ ਦੀ ਉਡੀਕ ਕਰ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਰੇਡ ਕਰਕੇ 1 ਗ੍ਰਾਮ ਹੈਰੋਇਨ ਸਮੇਤ ਉਸ ਨੂੰ ਕਾਬੂ ਕੀਤਾ ਹੈ। ਇਸ ਖਿਲਾਫ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਹੈ।

### ਪਰਮ ਐਗਰੋ ਦੇ ਐੱਮ ਡੀ ਨੂੰ ਸਦਮਾ, ਮਾਤਾ ਦਾ ਦੇਹਾਂਤ



**ਧੂਰੀ (ਮਨੋਹਰ ਸਿੰਘ ਸੱਗੂ)**-ਰਾਮਗੜ੍ਹੀਆ ਬਰਾਦਰੀ ਦੇ ਆਗੂ, ਉਦਯੋਗਿਕ ਖੇਤਰ ਦੀ ਨਾਮਵਰ ਸ਼ਖ਼ਸੀਅਤ ਤੇ ਸਥਾਨਕ ਪਰਮ ਐਗਰੋ ਇੰਡਸਟਰੀ ਦੇ ਮੈਨੇਜਿੰਗ ਡਾਇਰੈਕਟਰ ਸ੍ਰ: ਤੇਜਿੰਦਰ ਸਿੰਘ ਨੰਨੜੇ ਨੂੰ ਉਸ ਸਮੇਂ ਭਾਰੀ ਸਦਮਾ ਪੁੱਜਾ, ਜਦੋਂ ਉਨ੍ਹਾ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਚਰਨਜੀਤ ਕੌਰ ਦਾ ਮੰਗਲਵਾਰ ਅਚਾਨਕ ਦਿਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਸ਼ਾਮ 3 ਵਜੇ ਰਾਮਬਾਗ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।ਵਿੱਛੜੀ ਰੂਹ ਦੀ ਅੰਤਿਮ ਯਾਤਰਾ ਵਿੱਚ ਰਿਸ਼ਤੇਦਾਰਾਂ, ਸਕੇ-ਸੰਬੰਧੀਆਂ, ਧਾਰਮਿਕ ਤੇ ਸਮਾਜ ਸੇਵੀ ਜਥੇਬੰਦੀਆਂ ਦੇ ਨੁਮਾਇੰਦਿਆਂ, ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ, ਇਲਾਕੇ ਦੇ ਉਦਯੋਗਪਤੀਆਂ ਤੇ ਹੋਰ ਪਤਵੰਤਿਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕਰਕੇ ਸ਼ਰਧਾਂਜਲੀ ਭੇਟ ਕੀਤੀ।

### ਨੈਸ਼ਨਲ ਕਾਲਜ ਦਾ ਨਵਾਂ ਸੈਸ਼ਨ ਸ਼ੁਰੂ

**ਭੀਖੀ (ਗੁਰਿੰਦਰ ਸਿੰਘ ਔਲਖ)**-ਇਸ ਖੇਤਰ ਦੀ ਨਾਮਵਰ ਵਿੱਦਿਅਕ ਸੰਸਥਾ ਨੈਸ਼ਨਲ ਕਾਲਜ ਭੀਖੀ ਵਿਖੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਮੌਕੇ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਵਾਸਤੇ ਹਰ ਸਾਲ ਦੀ ਤਰ੍ਹਾਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਆਡੀਟੋਰੀਅਮ ਵਿਖੇ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਐੱਮ ਕੇ ਮਿਸ਼ਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ।ਕਾਲਜ ਦੇ ਪ੍ਰਧਾਨ ਹਰਬੰਸ ਦਾਸ ਬਾਵਾ ਨੇ ਸਾਰੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਕਾਲਜ ਦੇ ਪ੍ਰਧਾਨ ਹਰਬੰਸ ਦਾਸ ਬਾਵਾ, ਪ੍ਰੋ. ਗੁਰਤੇਜ ਸਿੰਘ ਤੇਜੀ, ਸਮੂਹ ਸਟਾਫ਼ ਤੇ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

# ਗੁਰਦੁਆਰਾ ਲੰਗਰ ਸਾਹਿਬ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਏ ਚਾਰ ਮਹਾਂਪੁਰਸ਼ਾਂ ਦੇ ਬਰਸੀ ਸਮਾਗਮ

**ਜੋ ਸਿੱਖ ਕੌਮ ਦਾ ਨੁਕਸਾਨ ਤਲਵਾਰਾਂ ਤੇ ਬੰਦੂਕਾਂ ਨਹੀਂ ਕਰ ਸਕੀਆਂ, ਉਹ ਨਸ਼ਿਆਂ ਨਾਲ ਹੋ ਰਿਹੈ : ਕੁਲਵੰਤ ਸਿੰਘ**

**ਹਜ਼ੂਰ ਸਾਹਿਬ (ਇਕਬਾਲ ਸਿੰਘ ਖਹਿਰਾ)**

ਸੇਵਾ ਤੇ ਸਿਮਰਨ ਦੇ ਕੇਂਦਰ ਡੇਰਾ ਬਾਬਾ ਨਿਧਾਨ ਸਿੰਘ ਗੁਰਦੁਆਰਾ ਲੰਗਰ ਸਾਹਿਬ ਸ੍ਰੀ ਹਜ਼ੂਰ ਸਾਹਿਬ ਵਿਖੇ ਸੰਤ ਬਾਬਾ ਨਿਧਾਨ ਸਿੰਘ ਜੀ, ਸੰਤ ਬਾਬਾ ਹਰਨਾਮ ਸਿੰਘ ਜੀ, ਸੰਤ ਬਾਬਾ ਆਤਮਾ ਸਿੰਘ ਜੀ ਮੋਨੀ ਤੇ ਸੰਤ ਬਾਬਾ ਸ਼ੀਸ਼ਾ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਸਾਲਾਨਾ ਯਾਦ ਵਿੱਚ ਬਰਸੀ ਸਮਾਗਮ ਮੌਜੂਦਾ ਮੁਖੀ ਸੰਤ ਬਾਬਾ ਨਰਿੰਦਰ ਸਿੰਘ ਜੀ, ਸੰਤ ਬਾਬਾ ਬਲਵਿੰਦਰ ਸਿੰਘ ਜੀ ਵੱਲੋਂ ਸਹਿਯੋਗੀ ਨੇਮੀ-ਪ੍ਰੇਮੀ ਜਥੇਦਾਰਾਂ-ਸੇਵਾਦਾਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਨ੍ਹਾਂ ਬਰਸੀ ਸਮਾਗਮਾਂ ਵਿੱਚ ਦੇਸ਼ ਵਿਦੇਸ਼ ਦੀਆਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ।ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ, ਉਪਰੰਤ ਸ੍ਰੀ ਆਸਾ ਜੀ ਦੇ ਵਾਰ ਦੇ ਕੀਰਤਨ ਤੋਂ ਬਾਅਦ ਖੁੱਲ੍ਹੇ ਪੰਡਾਲ ਵਿੱਚ ਬਰਸੀ ਸਮਾਗਮਾਂ ਦੀ ਆਰੰਭਤਾ ਹੋਈ, ਪਦਮਸ਼੍ਰੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲਿਆ, ਭਾਈ ਗੁਰਪ੍ਰੀਤ ਸਿੰਘ ਜਵੱਦੀ ਟਕਸਾਲ, ਭਾਈ ਗੁਰਪ੍ਰਤਾਪ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਹਜ਼ੂਰ ਸਾਹਿਬ ਤੇ ਬੀਬੀ ਰਵਿੰਦਰ ਕੌਰ ਪਟਿਆਲਾ ਆਦਿ ਦੇ ਰਾਗੀ ਜੱਥਿਆਂ ਨੇ ਰਾਗਾਂ 'ਤੇ ਅਧਾਰਤ ਰਸਭਿੰਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਨ੍ਹਾਂ ਬਰਸੀ ਸਮਾਗਮਾਂ 'ਚ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜਥੇਦਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਵੱਲੋਂ ਵੀ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ ਗਈ।



ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰਬਾਣੀ ਵਿੱਚ ਦਰਸਾਏ ਗੁਰਮੁਖਿ ਮਹਾਂਪੁਰਸ਼ਾਂ ਦੇ ਜੀਵਨ ਦੇ ਹਵਾਲੇ ਨਾਲ ਸੰਤ ਬਾਬਾ ਨਿਧਾਨ ਸਿੰਘ ਜੀ, ਸੰਤ ਬਾਬਾ ਹਰਨਾਮ ਸਿੰਘ ਜੀ, ਸੰਤ ਬਾਬਾ ਆਤਮਾ ਸਿੰਘ ਜੀ ਮੋਨੀ ਤੇ ਸੰਤ ਬਾਬਾ ਸ਼ੀਸ਼ ਸਿੰਘ ਜੀ ਦੇ ਜੀਵਨ ਹਵਾਲਿਆਂ ਦੇ ਨਾਲ ਨਾਲ ਮੌਜੂਦਾ ਮਹਾਂਪੁਰਸ਼ ਸੰਤ ਬਾਬਾ ਨਰਿੰਦਰ ਸਿੰਘ ਜੀ, ਸੰਤ ਬਾਬਾ ਬਲਵਿੰਦਰ ਸਿੰਘ ਜੀ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਸੇਵਾ ਦੇ ਦਾਇਰੇ ਨੂੰ ਵਿਸ਼ਾਲ ਕਰਨ ਦੇ ਸੁਝਾਅ ਦਿੰਦਿਆਂ ਕਿਹਾ ਕਿ ਹੁਣ ਵਿਦਿਅਕ ਖੇਤਰ ਦੇ ਨਾਲ-ਨਾਲ ਸਿੱਖ ਬੱਚਿਆਂ ਨੂੰ ਸੁਚੱਜੀ ਅਗਵਾਈ ਦੇ ਕੇ ਆਈ. ਏ. ਐੱਸ, ਆਈ. ਪੀ. ਐੱਸ, ਸਾਇੰਸਦਾਨ ਤੇ ਨੈਤਿਕ ਸਿੱਖਿਆ ਮੁਹੱਈਆ ਕਰਵਾਈਏ ਤਾਂ ਜੋ ਉਹ ਬੁਲੰਦੀਆਂ ਸਰ ਕਰਕੇ ਸਿੱਖ ਕੌਮ ਦਾ ਨਾਮ ਰੋਸ਼ਨ ਕਰਨ।ਉਨ੍ਹਾਂ ਅਜੋਕੇ ਦੌਰ 'ਚ ਗੁਰੂ ਵਰੋਸਾਈ ਧਰਤੀ ਪੰਜਾਬ ਵਿੱਚ ਨਸ਼ਿਆਂ ਦੇ ਵਧੇ ਰੁਝਾਨ ਦੀ ਚਿੰਤਾ ਪ੍ਰਗਟਾਉਂਦਿਆਂ ਹਰ ਸਿੱਖ ਨੂੰ ਹਲੂਣਾ ਦਿੱਤਾ ਕਿ ਨਸ਼ਿਆਂ ਦੇ ਜ਼ਹਿਰ ਤੋਂ ਬੱਚਿਆਂ ਨੂੰ ਬਚਾਉਣ ਲਈ ਉਨ੍ਹਾਂ ਨੂੰ ਗੁਰਸਿੱਖੀ, ਸੇਵਾ, ਸਿਮਰਨ ਦੇ ਧਾਰਨੀ ਬਣਾਇਆ ਜਾਵੇ।ਉਨ੍ਹਾਂ ਸੁਚੇਤ ਕੀਤਾ ਕਿ ਯੋਗ ਉਚੇਰੀ ਵਿੱਦਿਆ ਦੀ ਘਾਟ ਤੇ ਗੁਰੂ ਦੇ ਸਿਧਾਂਤ ਤੋਂ ਟੁੱਟਣ ਕਾਰਨ ਸਾਡੀ ਨੌਜੁਆਨੀ ਕੁਰਾਹੇ ਪੈ ਰਹੀ ਹੈ।ਸਿੱਖ ਕੌਮ ਦਾ ਜੋ ਨੁਕਸਾਨ ਤਲਵਾਰਾਂ ਤੇ ਬੰਦੂਕਾਂ ਨਹੀਂ ਕਰ ਸਕੀਆਂ, ਉਹ ਨੁਕਸਾਨ ਨਸ਼ਿਆਂ ਨਾਲ ਹੋ ਰਿਹਾ ਹੈ।ਇਸ ਲਈ ਹੁਣ ਗੁਰੂ ਘਰਾਂ ਦੀਆਂ ਇਮਾਰਤਾਂ ਦੇ ਨਾਲ-ਨਾਲ ਮਿਆਰੀ ਵਿੱਦਿਆ ਦੇ ਪ੍ਰਬੰਧ ਕਰੀਏ।ਸਿੱਖ ਨੌਜਵਾਨ ਬੱਚੇ ਬੱਚੀਆਂ ਲਈ ਵਧੀਆ ਸਕੂਲ-ਕਾਲਜ ਤੇ ਯੂਨੀਵਰਸਿਟੀਆਂ ਦਾ ਨਿਰਮਾਣ ਕੀਤਾ ਜਾਵੇ ਤਾਂ ਜੋ ਸਿੱਖ ਬੱਚਿਆਂ ਨੂੰ ਉੱਚ ਵਿੱਦਿਆ ਗ੍ਰਹਿਣ ਕਰਵਾ ਕੇ ਸਮੇਂ ਦੇ ਹਾਣੀ ਬਣਾਇਆ ਜਾ ਸਕੇ।ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਨੇ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਦੀ ਕਾਰਜ ਸ਼ੈਲੀ, ਸੇਵਾ ਤੇ ਸਿਮਰਨ ਦੇ ਸਿਧਾਂਤ ਵਿਸ਼ਿਆਂ 'ਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਮਹਾਂਪੁਰਸ਼ਾਂ ਵੱਲੋਂ ਜੀਵਨ 'ਚ ਕੀਤੀਆਂ ਘਾਲਣਾ, ਨਿਭਾਈਆਂ ਸੇਵਾਵਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਜ਼ੋਰ ਦਿੱਤਾ।ਬਰਸੀ ਸਮਾਗਮ ਵਿੱਚ ਪੁੱਜੇ ਸੰਤ ਮਹਾਂਪੁਰਸ਼ਾਂ, ਨੇਮੀ-ਪ੍ਰੇਮੀ ਜਥੇਦਾਰਾਂ-ਸੇਵਾਦਾਰਾਂ ਤੇ ਦੇਸ਼ ਵਿਦੇਸ਼ ਤੋਂ ਪੁੱਜੀਆਂ ਸੰਗਤਾਂ ਦਾ ਧੰਨਵਾਦ ਕਰਦੇ ਹਾਂ ਸੰਤ ਬਾਬਾ ਨਰਿੰਦਰ ਸਿੰਘ ਜੀ ਨੇ ਫਰਮਾਇਆ ਕਿ ਗੁਰਮਤਿ ਦੀ ਘਾੜਤ ਵਿੱਚ ਨਾਮ-ਸਿਮਰਨ ਤੇ ਸੇਵਾ ਤਾਣੇ ਪੇਟੇ ਵਾਂਗੂੰ ਸਬੰਧਤ ਹਨ।ਇਸ ਮੌਕੇ ਗਿਆਨੀ ਸਰਬਜੀਤ ਸਿੰਘ ਜੀ ਨਿਰਮਲੇ ਮੁੱਖ ਗ੍ਰੰਥੀ, ਮੀਤ ਗ੍ਰੰਥੀ ਭਾਈ ਗੁਰਮੀਤ ਸਿੰਘ, ਭਾਈ ਗੁਰਦੀਪ ਸਿੰਘ ਧੂਪੀਆ, ਸ੍ਰ: ਰਵਿੰਦਰ ਸਿੰਘ ਕਪੂਰ ਸੁਪਰਡੈਂਟ ਗੁ: ਬੋਰਡ, ਸ੍ਰ: ਬਲਵਿੰਦਰ ਸਿੰਘ ਫੌਜੀ ਤੇ ਸ੍ਰ: ਜੈਮਲ ਸਿੰਘ ਢਿੱਲੋਂ (ਦੋਵੇਂ ਸਹਾਇਕ ਸੁਪਰਡੈਂਟ), ਬਾਬਾ ਕੁਲਵਿੰਦਰ ਸਿੰਘ ਸਤਲਾਣੀ ਸਾਹਿਬ, ਬਾਬਾ ਜੋਗਾ ਸਿੰਘ ਨਾਨਕਸਰ ਕਰਨਾਲ ਆਦਿ ਸ਼ਖਸੀਅਤਾਂ ਹਾਜ਼ਰ ਸਨ।ਸੰਤ ਬਾਬਾ ਨਰਿੰਦਰ ਸਿੰਘ ਤੇ ਸੰਤ ਬਾਬਾ ਬਲਵਿੰਦਰ ਸਿੰਘ ਨੇ ਸਿੱਖ ਸੰਪਰਦਾਵਾਂ, ਸੰਸਥਾਵਾਂ ਨਿਹੰਗ ਸਿੰਘ ਜਥੇਬੰਦੀਆਂ, ਵੱਖ-ਵੱਖ ਖੇਤਰ ਨਾਲ ਸਬੰਧਤ ਸ਼ਖਸਸੀਅਤਾਂ ਨੂੰ ਗੁਰ ਮਰਿਆਦਾ ਅਨੁਸਾਰ ਸਿਰੋਪਾਓ ਨਾਲ ਸਨਮਾਨਤ ਕੀਤਾ।

# ਪਨਬੱਸ ਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਦੀ ਹੜਤਾਲ ਮੁਲਤਵੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਰਕਾਰੀ ਬੱਸਾਂ 'ਚ ਸਫਰ ਕਰਨ ਵਾਲੇ ਪੰਜਾਬ ਦੇ ਲੋਕਾਂ ਲਈ ਵੱਡੀ ਰਾਹਤ ਦੀ ਖਬਰ ਆਈ ਹੈ।ਸੀ ਐੱਮ ਰਿਹਾਇਸ਼ 'ਚ ਹੋਈ ਮੀਟਿੰਗ ਦੌਰਾਨ ਸਰਕਾਰ ਵੱਲੋਂ ਲੰਬਿਤ ਮੰਗਾਂ ਪ੍ਰਤੀ ਹਾਂ-ਪੱਖੀ ਭਰੋਸਾ ਮਿਲਣ ਤੋਂ ਬਾਅਦ ਪੀ ਆਰ ਟੀ ਸੀ ਤੇ ਪਨਬੱਸ ਦੇ ਕੱਚੇ ਮੁਲਾਜ਼ਮਾਂ ਨੇ 14 ਅਗਸਤ ਤੱਕ ਹੜਤਾਲ ਮੁਲਤਵੀ ਕਰ ਦਿੱਤੀ ਹੈ।ਯੂਨੀਅਨ ਦੇ ਸੂਬਾ ਪ੍ਰਧਾਨ ਕੁਲਵੰਤ ਸਿੰਘ ਨੇ ਦੱਸਿਆ ਕਿ ਸਰਕਾਰ ਨਾਲ ਹੋਈ ਗੱਲਬਾਤ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਹਾਂ-ਪੱਖੀ ਰਵੱਈਆ ਅਪਣਾਇਆ ਗਿਆ ਹੈ, ਜਿਸ ਤੋਂ ਬਾਅਦ ਸੀ ਐੱਮ ਹਾਊਸ ਦੇ ਘਿਰਾਓ ਦਾ ਪ੍ਰੋਗਰਾਮ ਵੀ ਟਾਲਿਆ ਗਿਆ।ਜ਼ਿਕਰਯੋਗ ਹੈ ਕਿ ਪੰਜਾਬ 'ਚ ਅੱਜ ਦੂਜੇ ਦਿਨ ਵੀ ਸਰਕਾਰੀ ਬੱਸ ਸੇਵਾਵਾਂ ਠੱਪ ਰਹੀਆਂ, ਜਿਸ ਕਾਰਨ ਲੋਕਾਂ ਨੂੰ ਕਾਫੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪਿਆ।

### ਯਾਤਰੀਆਂ ਦੀ ਸੁਵਿਧਾ ਲਈ ਛੱਤੀਸਗੜ੍ਹ ਐਕਸਪ੍ਰੈੱਸ 'ਚ ਵਾਧੂ ਜਨਰਲ ਕੋਚ


**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਯਾਤਰੀਆਂ ਦੀ ਸੁਵਿਧਾ ਤੇ ਰੇਲਵੇ ਭਰਤੀ ਬੋਰਡ (ਆਰ.ਆਰ.ਬੀ.) ਲੈਵਲ-1 ਪ੍ਰੀਖਿਆ ਨੂੰ ਦੇਖਦੇ ਹੋਏ ਰੇਲਵੇ ਨੇ ਟਰੇਨ ਸੰਖਿਆ 18237/18238 (ਅੰਮ੍ਰਿਤਸਰ-ਕੋਰਬਾ ਛੱਤੀਸਗੜ੍ਹ ਐਕਸਪ੍ਰੈਸ) ਵਿੱਚ ਇਕ ਵਾਧੂ ਸੈਕਿੰਡ ਕਲਾਸ (ਜਨਰਲ) ਕੋਚ ਅਸਥਾਈ ਤੌਰ 'ਤੇ ਜੋੜਨ ਦਾ ਫੈਸਲਾ ਲਿਆ ਹੈ। ਇਹ ਸੁਵਿਧਾ 22 ਅਗਸਤ 2026 ਤੱਕ ਉਪਲਬੱਧ ਰਹੇਗੀ। ਇਸ ਵਾਧੂ ਜਨਰਲ ਕੋਚ ਨਾਲ ਯਾਤਰੀਆਂ ਤੇ ਆਰ.ਆਰ.ਬੀ. ਲੈਵਲ-1 ਪ੍ਰੀਖਿਆ ਦੌਰਾਨ ਪ੍ਰੀਖਿਆਰਥੀਆਂ ਨੂੰ ਸੁਵਿਧਾਜਨਕ ਯਾਤਰਾ ਦਾ ਲਾਭ ਮਿਲੇਗਾ। ਬਸੰਤ ਕੁਮਾਰ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਉੱਤਰ ਰੇਲਵੇ ਫਿਰੋਜ਼ਪੁਰ ਨੇ ਯਾਤਰੀਆਂ ਤੋਂ ਅਪੀਲ ਕੀਤੀ ਹੈ ਕਿ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਆਪਣੀ ਟਰੇਨ ਦੀ ਰਿਜ਼ਰਵੇਸ਼ਨ ਸਬੰਧੀ ਤਾਜ਼ਾ ਜਾਣਕਾਰੀ ਰਾਸ਼ਟਰੀ ਟਰੇਨ ਪੁੱਛਗਿੱਛ ਪ੍ਰਣਾਲੀ (ਐੱਨ.ਟੀ.ਈ.ਐੱਸ.) ਜਾਂ ਰੇਲਵੇ ਹੈਲਪਲਾਈਨ 139 ਦੇ ਮਾਧਿਅਮ ਨਾਲ ਜ਼ਰੂਰ ਪ੍ਰਾਪਤ ਕਰ ਲੈਣ। ਯਾਤਰੀਆਂ ਨੂੰ ਬਿਹਤਰ ਤੇ ਸੁਖਾਲੀਆਂ ਯਾਤਰਾ ਸੁਵਿਧਾਵਾਂ ਉਪਲਬਧ ਕਰਵਾਉਣਾ ਮੰਡਲ ਦੀ ਪਹਿਲੀ ਪ੍ਰਾਥਮਿਕਤਾ ਹੈ।

# ਪੈਰਾਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਵੱਲੋਂ ਸੰਘਰਸ਼ ਦਾ ਐਲਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦੇ ਆਗੂਆਂ ਵੱਲੋਂ 'ਜ਼ੂਮ ਐਪ' ਰਾਹੀਂ ਇਕ ਆਨਲਾਈਨ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਤੇ ਮੰਗਾਂ ਪ੍ਰਤੀ ਅਪਣਾਏ ਜਾ ਰਹੇ ਟਾਲ-ਮਟੋਲ ਵਾਲੇ ਰਵੱਈਏ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਗਈ। ਮੀਟਿੰਗ ਦੌਰਾਨ ਕੋਆਰਡੀਨੇਟਰ ਗੁਲਜ਼ਾਰ ਖਾਨ ਤੇ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਬੀਤੇ ਦਿਨੀਂ ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦੇ ਨੁਮਾਇੰਦਿਆਂ ਵੱਲੋਂ ਡਾਇਰੈਕਟਰ ਦਫ਼ਤਰ ਚੰਡੀਗੜ੍ਹ ਵਿਖੇ ਡਾਇਰੈਕਟਰ ਸਾਹਿਬਾ ਨੂੰ ਮਿਲ ਕੇ ਮੁਲਾਜ਼ਮਾਂ ਦੀਆਂ ਲਟਕਦੀਆਂ ਆ ਰਹੀਆਂ ਮੰਗਾਂ ਸਬੰਧੀ ਮੀਟਿੰਗ ਲਈ ਸਮਾਂ ਦੇਣ ਦੀ ਮੰਗ ਕੀਤੀ ਗਈ ਸੀ। ਪਰ ਬਹੁਤ ਹੀ ਅਫ਼ਸੋਸ ਦੀ ਗੱਲ ਹੈ ਕਿ ਕਰੀਬ 15 ਦਿਨਾਂ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਡਾਇਰੈਕਟਰ ਦਫ਼ਤਰ ਵੱਲੋਂ ਮੀਟਿੰਗ ਲਈ ਕੋਈ ਸਮਾਂ ਨਹੀਂ ਦਿੱਤਾ ਗਿਆ, ਜਿਸ ਕਾਰਨ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਡਾਇਰੈਕਟਰ ਦਫ਼ਤਰ ਵੱਲੋਂ ਮੁਲਾਜ਼ਮ ਮੰਗਾਂ ਉੱਤੇ ਗੱਲਬਾਤ ਕਰਨ ਲਈ ਸਮਾਂ ਨਾ ਦੇਣ ਦੇ ਰੋਸ ਵਜੋਂ ਅੱਜ ਜਥੇਬੰਦੀ ਦੇ ਆਗੂਆਂ ਨੇ ਇਸ ਵਿਸ਼ੇ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਸਰਕਾਰ ਵਿਰੁੱਧ ਤਿੱਖੇ ਸੰਘਰਸ਼ ਵਿੱਢਣ ਦਾ ਫੈਸਲਾ ਕੀਤਾ ਹੈ। ਜਿਸ ਦੇ ਚਲਦਿਆਂ ਸਮੂਹ ਪੈਰਾ ਮੈਡੀਕਲ ਮੁਲਾਜ਼ਮਾਂ ਵੱਲੋਂ 11 ਅਗਸਤ ਨੂੰ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਰੋਸ ਪ੍ਰਦਰਸ਼ਨ ਕਰਕੇ ਸਿਵਲ ਸਰਜਨਾਂ ਰਾਹੀਂ ਸਿਹਤ ਡਾਇਰੈਕਟਰ ਨੂੰ ਨੋਟਿਸ ਭੇਜੇ ਜਾਣਗੇ ਅਤੇ 20 ਅਗਸਤ ਨੂੰ ਪੰਜਾਬ ਭਰ ਵਿੱਚੋਂ ਪੈਰਾ ਮੈਡੀਕਲ ਸਿਹਤ ਮੁਲਾਜ਼ਮਾਂ ਦਾ ਵੱਡਾ ਇਕੱਠ ਚੰਡੀਗੜ੍ਹ ਪਹੁੰਚ ਕੇ ਡਾਇਰੈਕਟਰ ਦਫ਼ਤਰ ਦੇ ਖਿਲਾਫ ਧਰਨਾ ਦੇਵੇਗਾ ਤੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਮੀਟਿੰਗ ਵਿੱਚ ਸਾਥੀਆਂ ਨੇ ਕਿਹਾ ਕਿ ਜਦੋਂ ਤੱਕ ਮੁਲਾਜ਼ਮ ਮੰਗਾਂ ਦਾ ਹੱਲ ਨਹੀਂ ਹੁੰਦਾ, ਉਦੋਂ ਤੱਕ ਜਥੇਬੰਦੀ ਪੰਜਾਬ ਸਰਕਾਰ ਤੇ ਡਾਇਰੈਕਟਰ ਦਫ਼ਤਰ ਖਿਲਾਫ ਲਗਾਤਾਰ ਸੰਘਰਸ਼ ਜਾਰੀ ਰੱਖੇਗੀ। ਇਸ ਮੌਕੇ ਗਗਨਦੀਪ ਸਿੰਘ ਭੁੱਲਰ, ਸੁਖਵਿੰਦਰ ਦੋਦਾ, ਵਿਰਸਾ ਸਿੰਘ ਪੰਨੂ, ਮੁਨੱਵਰ ਜਹਾਂ, ਰਾਜਿੰਦਰ ਬੱਲੂਆਣਾ, ਸੁਨੀਲ ਤਰਗੋਤਰਾ, ਪ੍ਰੀਤ ਮੁਖੀਜਾ, ਹਰਜੀਤ ਸਿੰਘ ਤਰਨਤਾਰਨ, ਗੁਰਦੇਵ ਢਿੱਲੋਂ, ਜਸਮੇਲ ਸਿੰਘ ਦਿਓਲ, ਗੁਰਜਿੰਦਰ ਸਿੰਘ ਆਊਟਸੋਰਸ ਪ੍ਰਧਾਨ, ਸੁਰਿੰਦਰ ਸੋਨੀ, ਜਸਵਿੰਦਰ ਸਿੰਘ ਕੌੜਾ, ਹਰਮਿੰਦਰ ਪਾਲ ਫਤਹਿਗੜ੍ਹ, ਅਸ਼ੋਕ ਕੁਮਾਰ, ਚਮਕੌਰ ਸਿੰਘ, ਰਾਮ ਪ੍ਰਸ਼ਾਦ, ਜਸਮੇਲ ਜੱਸੀ ਫਰੀਦਕੋਟ, ਗੁਰਦੇਵ ਸਿੰਘ ਬੱਲ, ਸੰਦੀਪ ਸਿੰਘ ਸਿੱਧੂ, ਰਜਵੰਤ ਸਿੰਘ ਬਾਗੜੀਆ, ਅਮਨਦੀਪ ਸਿੰਘ, ਸੁਖਵੀਰ ਸਿੰਘ ਰੋਪੜ ਆਦਿ ਆਗੂ ਹਾਜ਼ਰ ਸਨ।




# 'ਪੇੜ-ਪੌਦੇ ਸਾਨੂੰ ਕੀ-ਕੀ ਦਿੰਦੇ ਹਨ' ਵਿਸ਼ੇ 'ਤੇ ਗਤੀਵਿਧੀ ਕਰਵਾਈ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਵਿੱਚ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ 'ਪੇੜ-ਪੌਦੇ ਸਾਨੂੰ ਕੀ-ਕੀ ਦਿੰਦੇ ਹਨ' ਵਿਸ਼ੇ 'ਤੇ ਇੱਕ ਵਿਸ਼ੇਸ਼ ਤੇ ਗਿਆਨਵਰਧਕ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਨੇ ਬਹੁਤ ਹੀ ਉਤਸ਼ਾਹ ਤੇ ਰੁਚੀ ਨਾਲ ਭਾਗ ਲੈਂਦਿਆਂ ਚਿੱਤਰਾਂ, ਚਾਰਟਾਂ ਤੇ ਮੌਖਿਕ ਪ੍ਰਸਤੁਤੀਆਂ ਰਾਹੀਂ ਪੇੜ-ਪੌਦਿਆਂ ਦੀ ਮਹੱਤਤਾ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਬੱਚਿਆਂ ਨੇ 'ਇੱਕ ਬੱਚਾ-ਇੱਕ ਪੌਦਾ' ਵਰਗੇ ਸੰਦੇਸ਼ਾਂ ਰਾਹੀਂ ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਰੁੱਖ ਲਗਾਉਣ ਤੇ ਉਸ ਦੀ ਦੇਖਭਾਲ ਕਰਨ ਦੀ ਅਪੀਲ ਕੀਤੀ।ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਵਾਤਾਵਰਣ ਦੀ ਰੱਖਿਆ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਕੁਦਰਤ ਪ੍ਰਤੀ ਪਿਆਰ, ਸਮਾਜਿਕ ਜ਼ਿੰਮੇਵਾਰੀ ਤੇ ਵਾਤਾਵਰਣ ਸੰਭਾਲ ਦੀ ਭਾਵਨਾ ਵਿਕਸਿਤ ਹੁੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਜਨਮ ਦਿਨ ਜਾਂ ਹੋਰ ਖ਼ਾਸ ਮੌਕਿਆਂ 'ਤੇ ਇੱਕ ਪੌਦਾ ਲਗਾਉਣ ਤੇ ਉਸ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ, ਸ਼ਿਵਾਨੀ ਅਰੋੜਾ, ਰਮਨ ਅਰੋੜਾ ਨੇ ਕਿਹਾ ਕਿ ਇਹ ਗਤੀਵਿਧੀ ਵਿਦਿਆਰਥੀਆਂ ਲਈ ਗਿਆਨਵਰਧਕ, ਪ੍ਰੇਰਨਾਦਾਇਕ ਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਾਲੀ ਸਾਬਿਤ ਹੋਵੇਗੀ।

# ਅੱਜ ਦੀ ਮੋਗਾ ਵਰਕਰ ਮਿਲਣੀ ਨਾਲ ਮਿਸ਼ਨ-2027 ਨੂੰ ਮਿਲੇਗੀ ਨਵੀਂ ਰਫ਼ਤਾਰ : ਕਾਲੇਕੇ

**ਹਜ਼ਾਰਾਂ ਵਰਕਰਾਂ ਦੇ ਕਾਫ਼ਲੇ ਨਾਲ ਪੁੱਜਣ ਦਾ ਕੀਤਾ ਦਾਅਵਾ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਵਿਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਸੂਬੇ ਭਰ ਵਿਚ ਹਲਕਾ ਪੱਧਰ 'ਤੇ ਸਿਆਸੀ ਸਰਗਰਮੀਆਂ ਨੂੰ ਤੇਜ਼ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ 5 ਅਗਸਤ ਨੂੰ ਮੋਗਾ ਵਿਖੇ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਦੀ ਅਗਵਾਈ ਹੇਠ ਮਿਸ਼ਨ-2027 ਅਧੀਨ ਇਕ ਵਰਕਰ ਮਿਲਣੀ ਕਰਵਾਈ ਜਾ ਰਹੀ ਹੈ, ਜਿਸ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸ਼ਮੂਲੀਅਤ ਕਰੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਸੀਨੀਅਰ ਕਾਂਗਰਸੀ ਆਗੂ ਤੇ ਹਲਕੇ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਬਾਘਾ ਪੁਰਾਣਾ ਹਲਕੇ ਤੋਂ ਵੱਡੇ ਕਾਫ਼ਲੇ ਦੇ ਨਾਲ ਮੋਗਾ ਵਰਕਰ ਮਿਲਣੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਵਰਕਰ ਮਿਲਣੀ ਨੂੰ ਸਫ਼ਲ ਬਣਾਉਣ ਲਈ ਪਿਛਲੇ ਕਈ ਦਿਨਾਂ ਤੋਂ ਹਲਕੇ ਦੇ ਪਿੰਡਾਂ ਤੇ ਸ਼ਹਿਰੀ ਖੇਤਰਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਵਰਕਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਵਰਕਰ ਮਿਲਣੀ ਵਿੱਚ ਸ਼ਾਮਲ ਹੋਣ ਲਈ ਲਾਮਬੰਦ ਕੀਤਾ ਗਿਆ ਹੈ।ਕਾਲੇਕੇ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਮੁੱਖ ਟੀਚਾ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨਾ ਹੈ।ਇਸੇ ਉਦੇਸ਼ ਨਾਲ ਮੋਗਾ ਜ਼ਿਲ੍ਹੇ ਵਿੱਚ 'ਹਰ ਬੂਥ ਤੇ ਕਾਂਗਰਸ ਮਜ਼ਬੂਤ' ਮੁਹਿੰਮ ਨੂੰ ਵੱਡੇ ਪੱਧਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਬੂਥ ਪੱਧਰ 'ਤੇ ਮਜ਼ਬੂਤ ਸੰਗਠਨ ਹੀ 2027 ਦੀਆਂ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਦਾ ਆਧਾਰ ਬਣੇਗਾ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ 5 ਅਗਸਤ ਦੀ ਵਰਕਰ ਮਿਲਣੀ ਵਿੱਚ ਹਜ਼ਾਰਾਂ ਦੀ ਗਿਣਤੀ 'ਚ ਵਰਕਰਾਂ ਦੀ ਸ਼ਮੂਲੀਅਤ ਕਾਂਗਰਸ ਦੀ ਤਾਕਤ ਦਾ ਪ੍ਰਦਰਸ਼ਨ ਕਰੇਗੀ ਤੇ ਪਾਰਟੀ ਨੂੰ ਮਿਸ਼ਨ-2027 ਵੱਲ ਮਜ਼ਬੂਤੀ ਨਾਲ ਅੱਗੇ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਅੰਤ ਵਿੱਚ ਕਾਲੇਕੇ ਨੇ ਸਮੂਹ ਕਾਂਗਰਸੀ ਆਗੂਆਂ, ਅਹੁਦੇਦਾਰਾਂ, ਵਰਕਰਾਂ ਤੇ ਹਮਦਰਦਾਂ ਨੂੰ ਅਪੀਲ ਕੀਤੀ ਕਿ ਉਹ 5 ਅਗਸਤ ਨੂੰ ਮੋਗਾ ਵਿਖੇ ਹੋਣ ਵਾਲੀ ਵਰਕਰ ਮਿਲਣੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਪਾਰਟੀ ਦੀ ਏਕਤਾ ਤੇ ਮਜ਼ਬੂਤੀ ਦਾ ਸੰਦੇਸ਼ ਦੇਣ।

# ਨੰਬਰਦਾਰਾਂ ਨੇ ਵਿਧਾਇਕ ਜਗਸੀਰ ਸਿੰਘ ਨੂੰ ਸੌਂਪਿਆ ਮੰਗ ਪੱਤਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਨੰਬਰਦਾਰ ਯੂਨੀਅਨ (ਰਜਿ. 643) ਸਮਰਾ ਗਰੁੱਪ ਦੇ ਸੂਬਾ ਮੀਤ ਪ੍ਰਧਾਨ ਦਰਸ਼ਨ ਸਿੰਘ ਮਾਲਵਾ, ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਲਹਿਰਾ ਮੁਹੱਬਤ ਤੇ ਸਬ-ਤਹਿਸੀਲ ਨਥਾਣਾ ਦੇ ਪ੍ਰਧਾਨ ਮੇਜਰ ਸਿੰਘ ਬੱਜੋਆਣਾ ਦੀ ਅਗਵਾਈ ਹੇਠ ਸਬ-ਤਹਿਸੀਲ ਨਥਾਣਾ ਦੇ ਸਮੂਹ ਨੰਬਰਦਾਰਾਂ ਵੱਲੋਂ ਲਹਿਰਾ ਮੁਹੱਬਤ ਵਿਖੇ ਹਲਕਾ ਭੁੱਚੋ ਦੇ ਵਿਧਾਇਕ ਮਾਸਟਰ ਜਗਸੀਰ ਸਿੰਘ ਨੂੰ ਯਾਦ ਦਿਵਾਉਂਦੇ ਹੋਏ ਇੱਕ ਮੰਗ ਪੱਤਰ ਸੌਂਪਿਆ ਗਿਆ। ਯੂਨੀਅਨ ਆਗੂਆਂ ਨੇ ਦੱਸਿਆ ਕਿ 2022 ਦੀਆਂ ਚੋਣਾਂ ਵੇਲੇ ਆਮ ਆਦਮੀ ਪਾਰਟੀ ਨੇ ਚੋਣ ਮੈਨੀਫੈਸਟੋ ਵਿੱਚ ਨੰਬਰਦਾਰਾਂ ਨੂੰ ਦੋ ਗਾਰੰਟੀਆਂ ਦਿੱਤੀਆਂ ਸਨ ਜਿਵੇਂ ਕਿ ਨੰਬਰਦਾਰੀ ਜੱਦੀ ਪੁਸ਼ਤੀ ਤੇ ਮਾਣ ਭੱਤੇ ਵਿੱਚ ਵਾਧਾ ਕਰਨਾ, ਜੋ ਕਿ ਲਾਗੂ ਨਹੀਂ ਹੋਇਆ। ਇਨ੍ਹਾਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਹਲਕਾ ਵਿਧਾਇਕ ਮਾ. ਜਗਸੀਰ ਸਿੰਘ ਨੂੰ ਆਉਣ ਵਾਲੇ ਵਿਧਾਨ ਸਭਾ ਸੈਸ਼ਨ ਵਿੱਚ ਨੰਬਰਦਾਰਾਂ ਦੀਆਂ ਜਾਇਜ਼ ਮੰਗਾਂ ਸਬੰਧੀ ਬੋਲਣ ਲਈ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਨੰਬਰਦਾਰ ਸਾਹਿਬਾਨ ਮਨਪ੍ਰੀਤ ਸਿੰਘ ਲਹਿਰਾ ਮੁਹੱਬਤ, ਨਿਰਮਲਜੀਤ ਸਿੰਘ, ਰਣਜੀਤ ਸਿੰਘ, ਜਗਸੀਰ ਸਿੰਘ, ਰਣਜੀਤ ਸਿੰਘ, ਜਗਵਿੰਦਰ ਸਿੰਘ, ਜਗਸੀਰ ਸਿੰਘ, ਰਣਜੀਤ ਸਿੰਘ, ਜੋਗਿੰਦਰ ਸਿੰਘ ਲਹਿਰਾ ਖਾਨਾ, ਕਰਮਜੀਤ ਸਿੰਘ, ਮਨਪ੍ਰੀਤ ਸਿੰਘ ਲਹਿਰਾ ਸੌਧਾ, ਬਲੌਰ ਸਿੰਘ, ਸੁਖਵੀਰ ਸਿੰਘ ਲਹਿਰਾ ਬੇਗਾ, ਸੁਖਮੰਦਰ ਸਿੰਘ, ਮਨਦੀਪ ਸਿੰਘ ਬੱਜੋਆਣਾ, ਸੁਖਵਿੰਦਰ ਸਿੰਘ ਤੇ ਹਰਪ੍ਰੀਤ ਸਿੰਘ ਕਲਿਆਣ ਆਦਿ ਹਾਜ਼ਰ ਸਨ।

# ਦੇਸ਼ ਭਗਤ ਗਲੋਬਲ ਸਕੂਲ 'ਚ ਮਨਾਇਆ ਇਨਵੈਸਟਿਚਰ ਸਮਾਰੋਹ

**ਲੀਡਰਸ਼ਿਪ, ਅਨੁਸ਼ਾਸਨ ਤੇ ਜ਼ਿੰਮੇਵਾਰੀ ਦੇ ਮੁੱਲਾਂ ਨਾਲ ਵਿਦਿਆਰਥੀਆਂ ਨੂੰ ਸੌਂਪੀ ਨਵੀਂ ਜ਼ਿੰਮੇਵਾਰੀ : ਡਾਕਟਰ ਜ਼ੋਰਾ ਸਿੰਘ**

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਸਥਾਨਕ ਦੇਸ਼ ਭਗਤ ਗਲੋਬਲ ਸਕੂਲ ਵਿਖੇ ਇਨਵੈਸਟਿਚਰ ਸਮਾਰੋਹ-2026 ਬੜੀ ਸ਼ਾਨੋ-ਸ਼ੌਕਤ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਰੋਹ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਲੀਡਰਸ਼ਿਪ, ਅਨੁਸ਼ਾਸਨ, ਜ਼ਿੰਮੇਵਾਰੀ ਤੇ ਸੇਵਾ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਸੀ।ਸਮਾਰੋਹ ਦੀ ਸ਼ੁਰੂਆਤ ਸ਼ੁਭ ਦੀਪ ਪ੍ਰਜਵਲਨ ਤੇ ਸਰਸਵਤੀ ਵੰਦਨਾ ਨਾਲ ਹੋਈ। ਉਪਰੰਤ ਸਕੂਲ ਦੇ ਨਵ-ਚੁਣੇ ਵਿਦਿਆਰਥੀ ਕੌਂਸਲ ਮੈਂਬਰਾਂ ਨੇ ਪ੍ਰਭਾਵਸ਼ਾਲੀ ਮਾਰਚ ਪਾਸਟ ਰਾਹੀਂ ਅਨੁਸ਼ਾਸਨ ਤੇ ਏਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੇ ਕੈਪਟਨ, ਵਾਈਸ ਕੈਪਟਨ, ਹਾਊਸ ਕੈਪਟਨ, ਹਾਊਸ ਵਾਈਸ ਕੈਪਟਨ ਤੇ ਹੋਰ ਵਿਦਿਆਰਥੀ ਅਹੁਦੇਦਾਰਾਂ ਨੂੰ ਬੈਜ਼ ਤੇ ਸੈਸ਼ ਪਹਿਨਾ ਕੇ ਸਨਮਾਨਤ ਕੀਤਾ ਗਿਆ।



ਇਸ ਮੌਕੇ ਨਵ-ਨਿਯੁਕਤ ਵਿਦਿਆਰਥੀ ਆਗੂਆਂ ਨੇ ਸਹੁੰ ਚੁੱਕਦਿਆਂ ਵਚਨ ਦਿੱਤਾ ਕਿ ਉਹ ਆਪਣੇ ਫਰਜ਼ਾਂ ਨੂੰ ਪੂਰੀ ਇਮਾਨਦਾਰੀ, ਨਿਰਪੱਖਤਾ ਤੇ ਸਮਰਪਣ ਨਾਲ ਨਿਭਾਉਣਗੇ ਅਤੇ ਸਕੂਲ ਦੇ ਅਨੁਸ਼ਾਸਨ, ਮਰਿਆਦਾ ਤੇ ਮਾਣ ਨੂੰ ਹਮੇਸ਼ਾ ਬਰਕਰਾਰ ਰੱਖਣਗੇ।ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਲੀਡਰਸ਼ਿਪ ਸਿਰਫ਼ ਅਹੁਦਾ ਨਹੀਂ, ਸਗੋਂ ਇੱਕ ਵੱਡੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਇੱਕ ਸੱਚਾ ਆਗੂ ਉਹ ਹੁੰਦਾ ਹੈ ਜੋ ਇਮਾਨਦਾਰੀ, ਨਿਮਰਤਾ ਤੇ ਸੇਵਾ ਭਾਵਨਾ ਨਾਲ ਆਪਣੀ ਟੀਮ ਦੀ ਅਗਵਾਈ ਕਰਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਹਮੇਸ਼ਾ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ ਤੇ ਮਿਹਨਤ ਨੂੰ ਆਪਣੇ ਜੀਵਨ ਦਾ ਅਧਾਰ ਬਣਾਉਣ ਲਈ ਪ੍ਰੇਰਿਤ ਕੀਤਾ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਨਵੇਂ ਚੁਣੇ ਗਏ ਵਿਦਿਆਰਥੀ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੇ ਵਿਵਹਾਰ, ਕਰਤੱਵ ਨਿਭਾਉਣ ਦੀ ਭਾਵਨਾ ਤੇ ਸਕਾਰਾਤਮਕ ਸੋਚ ਨਾਲ ਹੋਰਨਾਂ ਲਈ ਪ੍ਰੇਰਣਾ ਸਰੋਤ ਬਣਨ।ਉਨ੍ਹਾਂ ਕਿਹਾ ਕਿ ਅੱਜ ਸੌਂਪੀ ਗਈ ਇਹ ਜ਼ਿੰਮੇਵਾਰੀ ਉਨ੍ਹਾਂ ਦੇ ਵਿਅਕਤੀਗਤ ਵਿਕਾਸ ਤੇ ਭਵਿੱਖ ਦੀ ਸਫ਼ਲਤਾ ਵੱਲ ਇੱਕ ਮਹੱਤਵਪੂਰਨ ਕਦਮ ਹੈ।ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਦੇ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਵਿਦਿਆਰਥੀਆਂ ਵਿੱਚ ਲੀਡਰਸ਼ਿਪ ਦੇ ਗੁਣਾਂ ਦਾ ਵਿਕਾਸ ਕਰਨਾ ਇੱਕ ਸਿੱਖਿਆ ਸੰਸਥਾ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸਮਾਰੋਹ ਵਿਦਿਆਰਥੀਆਂ ਨੂੰ ਸਮਾਜ ਤੇ ਰਾਸ਼ਟਰ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਪ੍ਰੇਰਿਤ ਕਰਦੇ ਹਨ।ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਮਾਣਯੋਗ ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਨੇ ਨਵੇਂ ਵਿਦਿਆਰਥੀ ਆਗੂਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਇਮਾਨਦਾਰੀ, ਅਨੁਸ਼ਾਸਨ ਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਤੇ ਸਕੂਲ ਦਾ ਨਾਮ ਹਰ ਖੇਤਰ ਵਿੱਚ ਰੌਸ਼ਨ ਕਰਨ।ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ, ਸੱਭਿਆਚਾਰਕ ਤੇ ਪ੍ਰੇਰਣਾਦਾਇਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਵੀ ਰੰਗਤ ਬਖ਼ਸ਼ੀ।ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਨੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਸਮਾਰੋਹ ਸਫ਼ਲਤਾਪੂਰਵਕ ਸੰਪੰਨ ਹੋਇਆ।

# ਸਰਕਾਰ ਵੱਲੋਂ ਮੰਗਾਂ ਮੰਨਣ 'ਤੇ ਸਫਾਈ ਸੇਵਕਾਂ ਵੱਲੋਂ ਹੜਤਾਲ ਖਤਮ



**ਕੋਟ ਈਸੇ ਖਾਂ (ਅਰੋੜਾ)**-ਸਫਾਈ ਸੇਵਕ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਪਿਛਲੇ ਕਈ ਦਿਨਾਂ ਤੋਂ ਹੜਤਾਲ 'ਤੇ ਬੈਠੇ ਸਨ, ਜਿਸ ਕਾਰਨ ਸ਼ਹਿਰ ਅੰਦਰ ਸਫਾਈ ਸਬੰਧੀ ਕੋਈ ਵੀ ਕੰਮ ਨਹੀਂ ਹੋ ਰਿਹਾ ਸੀ, ਜਿਸ ਕਰਕੇ ਕੂੜਾ ਕਰਕਟ ਇਕੱਠਾ ਹੋਣ ਕਰਕੇ ਤੇ ਸਫਾਈ ਨਾ ਹੋਣ ਕਰਕੇ ਸ਼ਹਿਰ ਵਾਸੀਆਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਅੱਜ ਨਗਰ ਪੰਚਾਇਤ ਕੋਟ ਈਸੇ ਖਾਂ ਵਿਖੇ ਦਫਤਰ ਦੇ ਕਰਮਚਾਰੀ ਤੇ ਸਫਾਈ ਸੇਵਕ ਅਤੇ ਯੂਨੀਅਨ ਦੇ ਆਗੂ ਇਕੱਤਰ ਹੋਏ, ਜਿਸ ਵਿੱਚ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਹੱਕੀ ਮੰਗਾਂ ਪ੍ਰਵਾਨ ਕਰਨ ਤੇ ਆਪਣੀ ਹੜਤਾਲ ਮੁਕੰਮਲ ਤੌਰ 'ਤੇ ਖਤਮ ਕਰ ਦਿੱਤੀ।ਇਸ ਮੌਕੇ ਦਫਤਰ ਦੇ ਕਰਮਚਾਰੀ ਰਮੇਸ਼ ਕੁਮਾਰ (ਲਾਡੀ ਸ਼ਰਮਾ) ਨੇ ਕਿਹਾ ਕਿ ਸਫਾਈ ਸੇਵਕਾਂ ਦੀਆਂ ਜੋ ਮੰਗਾਂ ਨੂੰ ਲੈ ਕੇ ਅਸੀਂ ਪਿਛਲੇ ਕਈ ਦਿਨਾਂ ਤੋਂ ਹੜਤਾਲ 'ਤੇ ਸੀ, ਸੋ ਅੱਜ ਪੰਜਾਬ ਸਰਕਾਰ ਵੱਲੋਂ ਜੋ ਸਾਡੀਆਂ ਮੰਗਾਂ ਸਨ, ਉਨ੍ਹਾਂ ਨੂੰ ਪ੍ਰਵਾਨ ਕਰ ਲਿਆ ਗਿਆ ਹੈ, ਜਿਸ ਤੋਂ ਬਾਅਦ ਅਸੀਂ ਇਹ ਹੜਤਾਲ ਅੱਜ ਖਤਮ ਕਰ ਰਹੇ ਹਾਂ ਅਤੇ ਸ਼ਹਿਰ ਅੰਦਰ ਪੂਰੀ ਸਾਫ ਸਫਾਈ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਜੋ ਹੜਤਾਲ ਦੌਰਾਨ ਲੋਕਾਂ ਨੇ ਸਾਡਾ ਬਹੁਤ ਸਾਥ ਦਿੱਤਾ, ਜਿਸ ਕਰਕੇ ਅਸੀਂ ਸਾਰੇ ਆਗੂਆਂ ਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦੇ ਹਾਂ।ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਸਚਿਨ ਧੀਰ, ਆਪ ਆਗੂ ਸੁਰਿੰਦਰ ਕੁਮਾਰ ਸ਼ਿੰਦੂ ਭੱਟੀ, ਆਪ ਆਗੂ ਅਮਨ ਟੱਕਰ, ਅਰੁਣ ਸਿਕਰੀ ਕੌਂਸਲਰ, ਆਪ ਆਗੂ ਬਿੱਲਾ ਸ਼ਰਮਾ, ਕਪਿਲ ਮਹਿਤਾ ਕੌਂਸਲਰ, ਸੁਚਾ ਸਿੰਘ ਪੁਰਬਾ ਕੌਂਸਲਰ, ਮੁਕੇਸ਼ ਸਚਦੇਵਾ ਕੌਂਸਲਰ, ਜਰਨੈਲ ਸਿੰਘ ਰਾਜਪੂਤ ਕੌਂਸਲਰ, ਬਗੜ ਸਿੰਘ ਤੇ ਹੋਰ ਸੱਜਣ ਪਤਵੰਤਿਆਂ ਨੇ ਪਹੁੰਚ ਕੇ ਸਫਾਈ ਯੂਨੀਅਨ ਦੇ ਆਗੂਆਂ ਦਾ ਮੂੰਹ ਮਿੱਠਾ ਕਰਾਇਆ ਤੇ ਹੜਤਾਲ ਖਤਮ ਕਰਵਾਈ।ਸਫਾਈ ਸੇਵਕ ਯੂਨੀਅਨ ਦੇ ਆਗੂਆਂ ਨੇ ਸ਼ਹਿਰ ਵਾਸੀਆਂ ਨੂੰ ਕਿਹਾ ਕਿ ਉਹ ਸਾਫ ਸਫਾਈ ਦੇ ਵਿੱਚ ਸਾਡਾ ਸਹਿਯੋਗ ਜ਼ਰੂਰ ਦੇਣ। ਇਸ ਮੌਕੇ ਦਫਤਰ ਦੇ ਕਰਮਚਾਰੀ ਤੇ ਸਫਾਈ ਸੇਵਕ ਹਾਜ਼ਰ ਸਨ।

## ਨਾਰੰਗਵਾਲ ਕਾਲਜ 'ਚ ਵਿਦਿਆਰਥੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ



ਰਾਏਕੋਟ (ਸੰਤੋਖ ਗਿੱਲ)-ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਮੌਕੇ ਗੋਬਿੰਦ ਨੈਸ਼ਨਲ ਕਾਲਜ ਨਾਰੰਗਵਾਲ ਵਿੱਚ ਬੀ.ਏ, ਬੀ.ਐੱਸ.ਸੀ, ਬੀ.ਕਾਮ ਅਤੇ ਬੀ.ਸੀ.ਏ ਭਾਗ ਪਹਿਲਾ ਦੇ ਨਵੇਂ ਵਿਦਿਆਰਥੀਆਂ ਲਈ 'ਵਿਦਿਆਰਥੀ ਜਾਗਰੂਕਤਾ ਪ੍ਰੋਗਰਾਮ' ਕਰਵਾਇਆ ਗਿਆ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਕਾਲਜ ਦੇ ਅਕਾਦਮਿਕ ਮਾਹੌਲ, ਨਿਯਮਾਂ, ਸਹੂਲਤਾਂ ਤੇ ਸਹਿ-ਪਾਠਕ੍ਰਮ ਗਤੀਵਿਧੀਆਂ ਨਾਲ ਜਾਣੂ ਕਰਵਾਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਦੌਰਾਨ ਡਾ. ਕਮਲਜੀਤ ਸਿੰਘ ਸੋਹੀ ਨੇ ਕਾਲਜ ਦੇ ਅਨੁਸ਼ਾਸਨ, ਨਿਯਮਾਂ ਤੇ ਵਿਦਿਆਰਥੀਆਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਦਿੱਤੀ।ਡਾ. ਗੁਰਪ੍ਰੀਤ ਸਿੰਘ ਨੇ ਨਵੀਂ ਸਿੱਖਿਆ ਨੀਤੀ ਤੇ ਇਸ ਅਧੀਨ ਉਪਲਬਧ ਅਕਾਦਮਿਕ ਮੌਕਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਡਾ. ਪਰਮਜੀਤ ਕੌਰ ਨੇ ਕਾਮਰਸ ਵਿਭਾਗ, ਡਾ. ਲਖਬੀਰ ਕੌਰ ਨੇ ਬੀ.ਐੱਸ.ਸੀ. ਨਾਨ-ਮੈਡੀਕਲ ਤੇ ਪ੍ਰੋ. ਜਸਕਰਨ ਸਿੰਘ ਨੇ ਬੀ.ਸੀ.ਏ ਕੋਰਸ ਨਾਲ ਸੰਬੰਧਤ ਜਾਣਕਾਰੀ ਸਾਂਝੀ ਕੀਤੀ।ਇਸ ਤੋਂ ਇਲਾਵਾ ਐਨ.ਐੱਸ.ਐੱਸ ਦੀਆਂ ਗਤੀਵਿਧੀਆਂ ਤੇ ਵਿਦਿਆਰਥੀਆਂ ਲਈ ਇਸ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ ਗਿਆ।ਡਾ. ਜਗਜੀਤ ਸਿੰਘ ਨੇ ਕਾਲਜ ਵਿੱਚ ਉਪਲਬਧ ਵਿੱਤੀ ਸਹਾਇਤਾ ਤੇ ਵੱਖ-ਵੱਖ ਵਜ਼ੀਫ਼ਾ ਯੋਜਨਾਵਾਂ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ, ਜਦਕਿ ਡਾ. ਰਮਨਦੀਪ ਕੌਰ ਨੇ ਕਾਲਜ ਦੇ ਕਲੱਬਾਂ, ਸੱਭਿਆਚਾਰਕ ਤੇ ਸਹਿ-ਪਾਠਕ੍ਰਮ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਡਾ. ਗੁਰਸ਼ੇ ਕੁਮਾਰ ਨੇ ਸਰੀਰਕ ਸਿੱਖਿਆ ਅਤੇ ਖੇਡਾਂ ਵਿੱਚ ਭਾਗੀਦਾਰੀ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਸੰਦੀਪ ਸਾਹਨੀ ਨੇ ਨਵੇਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਨੁਸ਼ਾਸਨ, ਮਿਹਨਤ ਅਤੇ ਲਗਨ ਹੀ ਸਫ਼ਲਤਾ ਦੀ ਕੁੰਜੀ ਹਨ।

## 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ ਮੀਟਿੰਗਾਂ ਜਾਰੀ



ਨਾਭਾ (ਅਮਨ ਗਰਗ)-ਕਾਂਗਰਸ ਵੱਲੋਂ ਹਰ ਬੂਥ ਕਾਂਗਰਸ ਮਜ਼ਬੂਤ ਮੁਹਿੰਮ ਤਹਿਤ ਪੂਰੇ ਪੰਜਾਬ ਅੰਦਰ ਮੀਟਿੰਗਾਂ ਦਾ ਦੌਰ ਚੱਲ ਰਿਹਾ ਹੈ, ਜਿਸ 'ਤੇ ਚੱਲਦਿਆਂ ਵੱਖ-ਵੱਖ ਪਿੰਡਾਂ 'ਚ ਐਸ.ਸੀ ਵਿੰਗ ਕਾਂਗਰਸ ਦੇ ਸੂਬਾ ਆਗੂ ਕੁਲਵਿੰਦਰ ਸਿੰਘ ਸੁੱਖੇਵਾਲ ਨੇ ਵਰਕਰਾਂ ਨਾਲ ਕਾਂਗਰਸ ਦੀਆਂ ਨੀਤੀਆਂ ਬਾਰੇ ਚਰਚਾ ਕੀਤੀ। ਸੁੱਖੇਵਾਲ ਨੇ ਕਿਹਾ ਪਿੰਡਾਂ ਵਿੱਚ ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਕਾਹਲੇ ਹਨ ਤੇ ਲੋਕਾਂ ਵੱਲੋਂ ਮੀਟਿੰਗਾਂ ਦੌਰਾਨ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

## ਵਰਲਡ ਯੂਨੀਵਰਸਿਟੀ 'ਚ ਇੰਡਕਸ਼ਨ ਪ੍ਰੋਗਰਾਮ ਦਾ ਆਗਾਜ਼



ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਇੰਡਕਸ਼ਨ ਪ੍ਰੋਗਰਾਮ ਨਾਲ ਹੋਈ।ਯੂਨੀਵਰਸਿਟੀ ਦੇ 22 ਅਕਾਦਮਿਕ ਵਿਭਾਗਾਂ ਵੱਲੋਂ ਨਵੇਂ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ।ਵਿਭਾਗ ਮੁਖੀਆਂ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਮਾਹੌਲ, ਸਹੂਲਤਾਂ ਤੇ ਸੰਸਥਾ ਦੀਆਂ ਕਦਰਾਂ-ਕੀਮਤਾਂ ਨਾਲ ਜਾਣੂ ਕਰਵਾਇਆ।ਇਹ ਇੰਡਕਸ਼ਨ ਪ੍ਰੋਗਰਾਮ ਵਾਇਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਅਗਵਾਈ ਹੇਠ ਗੁਣਵੱਤਾ ਭਰਪੂਰ, ਮੁੱਲ-ਅਧਾਰਤ ਅਤੇ ਸਰਵਪੱਖੀ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦੀ ਰਹਿਨੁਮਾਈ ਵਿੱਚ ਤਿਆਰ ਕੀਤੇ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਅਤੇ ਸੰਸਥਾਗਤ ਵਾਤਾਵਰਨ ਨਾਲ ਸੁਚਾਰੂ ਢੰਗ ਨਾਲ ਜੋੜਨਾ ਹੈ।ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਅਨੁਸ਼ਾਸਨ, ਆਤਮਵਿਸ਼ਵਾਸ ਤੇ ਸਹਿਯੋਗ ਦੀ ਭਾਵਨਾ ਨਾਲ ਯੂਨੀਵਰਸਿਟੀ ਜੀਵਨ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।

## ਤਹਿਸੀਲ ਪਾਰਕ 'ਚ ਰੁੱਖ ਲਾਉਣ ਦੀ ਮੁਹਿੰਮ ਸ਼ੁਰੂ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਰੋਟਰੀ ਕਲੱਬ ਸਮਾਣਾ ਸਿਟੀ ਵੱਲੋਂ ਵਾਤਾਵਰਣ ਸੰਰੱਖਣ ਤੇ ਟਿਕਾਊ ਸਮਾਜਿਕ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਦੇ ਤਹਿਤ ਤਹਿਸੀਲ ਪਾਰਕ, ਸਮਾਣਾ ਵਿੱਚ ਰੁੱਖ ਲਾਉਣ ਦਾ ਇੱਕ ਵਿਸ਼ੇਸ਼ ਅਭਿਆਨ ਆਯੋਜਿਤ ਕੀਤਾ ਗਿਆ।ਇਸ ਅਭਿਆਨ ਦਾ ਮੁੱਖ ਉਦੇਸ਼ ਵਾਤਾਵਰਣ ਸੰਭਾਲ ਪ੍ਰਤੀ ਆਮ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਤੇ ਹਰਿਆਲੇ ਤੇ ਸਿਹਤਮੰਦ ਭਵਿੱਖ ਲਈ ਸਮੂਹਿਕ ਭਾਗੀਦਾਰੀ ਨੂੰ ਉਤਸ਼ਾਹਤ ਕਰਨਾ ਸੀ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਸ਼ਸ਼ੀ ਬਾਂਸਲ ਤੇ ਸ੍ਰੀਮਤੀ ਪੂਜਾ ਬਾਂਸਲ ਨੇ ਸ਼ਿਰਕਤ ਕੀਤੀ, ਜਦੋਂਕਿ ਰੋਟਰੀ ਡਿਸਟ੍ਰਿਕਟ 3090 ਦੀ ਫਸਟ ਲੇਡੀ ਰੋਟੇਰੀਅਨ ਸਾਚੀ ਸਿੰਗਲਾ ਦੀ ਵਿਸ਼ੇਸ਼ ਹਾਜ਼ਰੀ ਰਹੀ।ਉਨ੍ਹਾਂ ਨੇ ਕਲੱਬ ਦੀ ਇਸ ਸ਼ਲਾਘਾਯੋਗ ਪਹਿਲ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਸਮੂਹ ਮੈਂਬਰਾਂ ਨੂੰ ਵਾਤਾਵਰਣ ਸੰਰੱਖਣ ਨਾਲ ਸੰਬੰਧਿਤ ਸਮਾਜ ਸੇਵੀ ਕਾਰਜ ਲਗਾਤਾਰ ਜਾਰੀ ਰੱਖਣ ਲਈ ਪ੍ਰੇਰਤ ਕੀਤਾ। ਸਮਾਗਮ ਦੌਰਾਨ ਰੁੱਖ ਲਾਉਣ ਲਈ ਸਾਰੇ ਪੌਦੇ ਰੋਟੇਰੀਅਨ ਮਲਿਕਾ ਬਾਂਸਲ ਵੱਲੋਂ ਉਦਾਰਤਾਪੂਰਵਕ ਦਾਨ ਕੀਤੇ ਗਏ। ਪ੍ਰੋਗਰਾਮ ਦੀ ਅਗਵਾਈ ਕਲੱਬ ਪ੍ਰਧਾਨ ਰੋਟੇਰੀਅਨ ਵਾਨਿਕਾ ਗੋਇਲ, ਸਕੱਤਰ ਰੋਟੇਰੀਅਨ ਸ਼ਾਲੂ ਗਰਗ ਤੇ ਖ਼ਜ਼ਾਨਚੀ ਰੋਟੇਰੀਅਨ ਸੀਮਾ ਗਰਗ ਨੇ ਕੀਤੀ।ਰੋਟੇਰੀਅਨ ਰੇਖਾ ਮਿੱਤਲ, ਰੋਟੇਰੀਅਨ ਜੋਤੀ, ਰੋਟੇਰੀਅਨ ਜੋਤੀ ਗਰਗ, ਰੋਟੇਰੀਅਨ ਨਿਸ਼ਾ ਜਿੰਦਲ, ਰੋਟੇਰੀਅਨ ਪੂਜਾ ਜਿੰਦਲ, ਰੋਟੇਰੀਅਨ ਡਾ. ਸੰਦੀਪਿਕਾ ਮਿੱਤਲ, ਰੋਟੇਰੀਅਨ ਮੋਨਾ ਗਰਗ, ਰੋਟੇਰੀਅਨ ਸੁਮਨ ਗੋਇਲ ਤੇ ਰੋਟੇਰੀਅਨ ਸੋਨਾਕਸ਼ੀ ਗਰਗ ਨੇ ਵਧ-ਚੜ੍ਹ ਕੇ ਸਰਗਰਮ ਭੂਮਿਕਾ ਨਿਭਾਈ।

## ਭੁੱਲਰ ਨੇ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਿਰੋਜ਼ਪੁਰ ਸ਼ਹਿਰੀ ਹਲਕੇ ਦੇ ਲੋਕਾਂ ਨੂੰ ਬਿਹਤਰ ਤੇ ਸੁਵਿਧਾਜਨਕ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਹਲਕੇ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ 3 ਮਹੱਤਵਪੂਰਨ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਵਿੱਚ ਮੱਖੂ ਗੇਟ ਤੋਂ ਆਰ ਐੱਸ ਡੀ ਕਾਲਜ ਤੱਕ 24.75 ਲੱਖ ਦੀ ਲਾਗਤ, ਪ੍ਰੈੱਸ ਕਲੱਬ ਚੌਕ ਤੋਂ ਸ਼ਰਨਮ ਆਸ਼ਰਮ ਤੱਕ 20 ਲੱਖ ਦੀ ਲਾਗਤ ਤੇ ਮੁਲਤਾਨੀ ਗੇਟ ਰੇਲਵੇ ਕਰੋਸਿੰਗ ਤੋਂ ਬਾਰਡਰ ਰੋਡ ਤੱਕ 2 ਕਰੋੜ ਦੀ ਲਾਗਤ ਸੜਕ ਦਾ ਨਿਰਮਾਣ ਸ਼ਾਮਲ ਹੈ। ਇਸ ਮੌਕੇ ਵਿਧਾਇਕ ਸ੍ਰ. ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ ਆਵਾਜਾਈ ਹੋਰ ਸੁਗਮ ਤੇ ਸੁਰੱਖਿਅਤ ਬਣੇਗੀ ਤੇ ਲੋਕਾਂ ਨੂੰ ਆਵਾਜਾਈ ਵਿੱਚ ਇਹ ਰੋਡ ਬਣਨ ਨਾਲ ਕਾਫ਼ੀ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਖੇਤਰ ਵਿੱਚ ਵੱਡੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਤੇ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ।

## ਵਿਧਾਇਕਾ ਨੇ ਬੋਲੀਆਂ ਪਾ ਕੇ ਆਰੰਭ ਕਰਵਾਇਆ ਤੀਆਂ ਦਾ ਤਿਉਹਾਰ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਕੋਰੇਵਾਲਾ ਖੁਰਦ ਵਿਖੇ ਸਰਬਜੀਤ ਕੌਰ ਬਰਾੜ ਤੇ ਪਰਮਜੀਤ ਕੌਰ ਵੱਲੋਂ ਕਰਵਾਏ ਗਏ ਧੀਆਂ ਦੇ ਤਿਉਹਾਰ ਨੂੰ ਹਲਕਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਬੋਲੀਆਂ ਪਾ ਕੇ ਆਰੰਭ ਕੀਤਾ ਗਿਆ।ਇਸ ਤੀਆਂ ਦੇ ਤਿਉਹਾਰ ਵਿੱਚ ਵੱਡੀ ਗਿਣਤੀ 'ਚ ਮੁਟਿਆਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ।ਪੰਜਾਬੀ ਪੁਰਾਤਨ ਵਿਰਸੇ ਤੇ ਸੱਭਿਆਚਾਰ ਨੂੰ ਰੂਪਮਾਨ ਕਰਦੀਆਂ ਤੀਆਂ ਵਿੱਚ ਮੁਟਿਆਰਾਂ ਵੱਲੋਂ ਹਾਰ ਸ਼ਿੰਗਾਰ ਕਰਕੇ ਸੱਗੀ ਫੁੱਲ, ਪਰਾਂਦੇ ਤੇ ਕੱਢੀਆਂ ਜੁੱਤੀਆਂ ਪਾ ਕੇ ਸ਼ੀਸ਼ਿਆਂ ਨਾਲ ਸ਼ਿੰਗਾਰੇ ਦੁਪੱਟੇ ਲੈ ਕੇ ਪੰਜਾਬੀ ਲੋਕ ਨਾਚ ਗਿੱਧਾ ਤੇ ਬੋਲੀਆਂ ਪਾਈਆਂ। ਇਸ ਮੌਕੇ ਮੇਅਰ ਬਿਨਪਾਲ ਕੌਰ, ਪਿੰਡ ਕੋਰੇਵਾਲਾ ਖੁਰਦ ਦੀ ਸਮੁੱਚੀ ਗ੍ਰਾਮ ਪੰਚਾਇਤ, ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਲਵਲੀ ਸਿੰਗਲਾ, ਵਾਈਸ ਪ੍ਰਧਾਨ ਸਿਮਰਜੀਤ ਕੌਰ, ਹਲਕਾ ਕੋਆਰਡੀਨੇਟਰ ਸੁਖਵਿੰਦਰ ਕੌਰ, ਪਰਮਜੀਤ ਕੌਰ, ਬਲਾਕ ਪ੍ਰਧਾਨ ਰੀਨਾ ਸਮੇਤ ਵੱਡੀ ਗਿਣਤੀ ਵਿੱਚ ਮਾਤਾਵਾਂ, ਭੈਣਾਂ ਤੇ ਮੁਟਿਆਰਾਂ ਹਾਜ਼ਰ ਸਨ।ਸਮਾਗਮ ਵਿੱਚ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਮਹਿਲਾਵਾਂ ਨਾਲ ਬੋਲੀਆਂ ਪਾਈਆਂ ਤੇ ਗਿੱਧੇ ਵਿੱਚ ਵੀ ਭਾਗ ਲਿਆ। ਆਪਣੇ ਸੰਬੋਧਨ ਦੌਰਾਨ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸਮਾਗਮ ਸਾਡੀ ਅਮੀਰ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਸਮਾਗਮ ਦੇ ਅੰਤ ਵਿੱਚ ਸਮੂਹ ਮਹਿਲਾਵਾਂ ਤੇ ਮੁਟਿਆਰਾਂ ਨੂੰ ਤੀਆਂ ਦੇ ਤਿਉਹਾਰ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੇ ਖੁਸ਼ਹਾਲ ਜੀਵਨ ਸੁੱਖ, ਸਮ੍ਰਿੱਧੀ ਤੇ ਚੜ੍ਹਦੀ ਕਲਾ ਦੀ ਕਾਮਨਾ ਕੀਤੀ ਗਈ।

## ਕਲਾ ਸੰਗਮ ਨੀਲੋਂ ਪੁਲ ਦੀ ਗੋਸ਼ਟੀ 'ਚ ਗੁਰਦੀਪ ਸੈਣੀ ਦੀ ਸ਼ਾਇਰੀ 'ਤੇ ਚਰਚਾ



ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੰਨੂ)-ਨੀਲੋਂ ਪੁਲ ਦੀ ਸਾਹਿਤਕ ਧਰਤੀ ਇੱਕ ਵਾਰ ਫਿਰ ਸ਼ਬਦਾਂ ਦੀ ਮਹਿਕ ਤੇ ਵਿਚਾਰਾਂ ਦੀ ਰੌਸ਼ਨੀ ਨਾਲ ਮਹਿਕ ਉੱਠੀ, ਜਦੋਂ ਕਲਾ ਸੰਗਮ ਨੀਲੋਂ ਪੁਲ ਵੱਲੋਂ ਪ੍ਰਸਿੱਧ ਗ਼ਜ਼ਲਗੋ ਗੁਰਦੀਪ ਸੈਣੀ ਦੀ ਪਹਿਲੀ ਪੁਸਤਕ 'ਅੱਗ ਤੇ ਬਰਸਾਤ' ਉੱਤੇ ਇੱਕ ਯਾਦਗਾਰ ਸਾਹਿਤਕ ਗੋਸ਼ਟੀ ਕਰਵਾਈ ਗਈ। ਜਲੌਰ ਸਿੰਘ ਖੀਵਾ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਗਮ ਵਿੱਚ ਸੰਤ ਸਿੰਘ ਸੋਹਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਸੁਰਿੰਦਰ ਰਾਮਪੁਰੀ, ਅਨਿਲ ਫ਼ਤਿਹਗੜ੍ਹ ਜੱਟਾਂ, ਗੁਰਦੀਪ ਸੈਣੀ ਤੇ ਬੁੱਧ ਸਿੰਘ ਨੀਲੋਂ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਰਹੇ।ਸਭਾ ਦੇ ਪ੍ਰਧਾਨ ਅਨਿਲ ਫ਼ਤਿਹਗੜ੍ਹ ਜੱਟਾਂ ਨੇ ਸਾਹਿਤਕਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਸਾਹਿਤਕ ਸੰਵਾਦ ਨੂੰ ਨਵੀਂ ਊਰਜਾ ਪ੍ਰਦਾਨ ਕਰਦੇ ਹਨ।ਇਸ ਉਪਰੰਤ ਗੁਰਦੀਪ ਸੈਣੀ ਨੇ ਆਪਣੀ ਰਚਨਾ-ਪ੍ਰਕਿਰਿਆ ਬਾਰੇ ਗੱਲ ਕਰਦਿਆਂ ਆਪਣੀਆਂ ਚੋਣਵੀਆਂ ਗ਼ਜ਼ਲਾਂ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ, ਜਿਨ੍ਹਾਂ ਨੂੰ ਭਰਪੂਰ ਸਰਾਹਨਾ ਮਿਲੀ। ਪੁਸਤਕ 'ਤੇ ਪਹਿਲਾ ਪਰਚਾ ਪੇਸ਼ ਕਰਦਿਆਂ ਚਰਨਜੀਤ ਸਿੰਘ ਸਮਾਲਸਰ ਨੇ ਕਿਹਾ ਕਿ ਗੁਰਦੀਪ ਸੈਣੀ ਦੀ ਕਵਿਤਾ ਸਮੇਂ ਦੀ ਕਠੋਰ ਹਕੀਕਤ ਨਾਲ ਸੰਵਾਦ ਕਰਦੀ ਹੈ। ਪ੍ਰਸਿੱਧ ਨਾਵਲਕਾਰ ਗੁਰਦਿਆਲ ਮੁਕੰਮਲ, ਦੀਪ ਜਗਦੀਪ, ਗੁਰਨਾਮ ਬਾਵਾ, ਬੁੱਧ ਸਿੰਘ ਨੀਲੋਂ, ਸੁਰਿੰਦਰ ਰਾਮਪੁਰੀ, ਮਨਜੀਤ ਮਾਂਗਟ, ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਨੇ ਗ਼ਜ਼ਲ ਦੀ ਤਕਨੀਕ ਤੇ ਲਗਾਤਾਰ ਅਭਿਆਸ ਦੀ ਮਹੱਤਤਾ ਉੱਤੇ ਚਾਨਣਾ ਪਾਇਆ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਜਲੌਰ ਸਿੰਘ ਖੀਵਾ ਨੇ ਕਿਹਾ ਕਿ ਸਾਹਿਤ ਜੀਵਨ ਦਾ ਵਿਸਥਾਰ ਨਹੀਂ, ਸਗੋਂ ਉਸ ਦਾ ਨਿਚੋੜ ਹੁੰਦਾ ਹੈ। ਉਨ੍ਹਾਂ ਨੇ ਕਵਿਤਾ ਵਿੱਚ ਵਰਤੇ ਬਿੰਬਾਂ ਤੇ ਕਾਵਿ-ਸੰਵੇਦਨਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਲੋਕ-ਜੀਵਨ ਨੂੰ ਸਮਝੇ ਬਿਨਾਂ ਸਾਹਿਤ ਦੀ ਡੂੰਘਾਈ ਤੱਕ ਨਹੀਂ ਪਹੁੰਚਿਆ ਜਾ ਸਕਦਾ।ਇਸ ਸੈਸ਼ਨ ਦਾ ਸੰਚਾਲਨ ਬੁੱਧ ਸਿੰਘ ਨੀਲੋਂ ਨੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ। ਅੰਤ ਵਿੱਚ ਸਭਾ ਦੇ ਮੀਤ ਪ੍ਰਧਾਨ ਨੇ ਸਭਨਾਂ ਸਾਹਿਤਕਾਰਾਂ, ਕਵੀਆਂ ਤੇ ਸਰੋਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਗੋਸ਼ਟੀਆਂ ਪੰਜਾਬੀ ਸਾਹਿਤ ਦੀ ਜੀਵੰਤ ਪਰੰਪਰਾ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਸਾਧਨ ਹਨ।

## ਜੈਪਾਲਗੜ੍ਹ ਵਿਖੇ ਤਿੰਨ ਰੋਜ਼ਾ ਵਿਰਾਸਤੀ ਤੀਆਂ ਦਾ ਮੇਲਾ ਸੰਪੰਨ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਮਾਲਵਾ ਹੈਰੀਟੇਜ ਤੇ ਸੱਭਿਆਚਾਰਕ ਫਾਊਂਡੇਸ਼ਨ ਬਠਿੰਡਾ ਵੱਲੋਂ ਤਿੰਨ ਰੋਜ਼ਾ ਵਿਰਾਸਤੀ ਤੀਆਂ ਦਾ ਮੇਲਾ ਵਿਰਾਸਤੀ ਪਿੰਡ ਜੈਪਾਲਗੜ੍ਹ ਪਿੰਡ ਖੇਡ ਸਟੇਡੀਅਮ ਬਠਿੰਡਾ ਵਿਖੇ ਲਗਾਇਆ ਗਿਆ।ਇਸ ਤਿੰਨ ਰੋਜ਼ਾ ਤੀਆਂ ਦੇ ਮੇਲੇ ਵਿੱਚ ਦੂਜੇ ਦਿਨ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਬਬੀਤਾ ਮਹਿਤਾ ਧਰਮਪਤਨੀ ਅਮਰਜੀਤ ਮਹਿਤਾ ਵਿਸ਼ੇਸ਼ ਮਹਿਮਾਨ ਵਜੋਂ ਸ੍ਰੀਮਤੀ ਊਸ਼ਾ ਸਿੰਗਲਾ ਧਰਮਪਤਨੀ ਸਰੂਪ ਚੰਦ ਸਿੰਗਲਾ, ਮੈਡਮ ਕਿਰਨ ਗਰਗ, ਸ੍ਰੀਮਤੀ ਮਨੀ ਧਰਮਪਤਨੀ ਸ਼੍ਰੀਲ ਗੋਲਡੀ, ਮੈਡਮ ਰਜਨੀ ਗੁਪਤਾ ਧਰਮ ਪਤਨੀ ਨੀਲ ਗਰਗ ਤੇ ਡਾ. ਅਮਰਜੀਤ ਕੌਰ ਕੋਟਫੱਤਾ ਪ੍ਰਧਾਨ ਤਰਕਸ਼ੀਲ ਕਲੱਬ ਵਿਸ਼ੇਸ਼ ਤੌਰ 'ਤੇ ਪੁੱਜੇ।ਤੀਆਂ ਦੇ ਆਖਰੀ ਤੇ ਤੀਜੇ ਦਿਨ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਪਰਮਪਾਲ ਕੌਰ ਮਲੂਕਾ ਸਾਬਕਾ ਮੁਕਤ ਆਈਏਐੱਸ, ਵਿਸ਼ੇਸ਼ ਮਹਿਮਾਨ ਵਜੋਂ ਪਰਮਪਾਲ ਕੌਰ ਢਿੱਲੋਂ ਧਰਮ ਪਤਨੀ ਨਿਰਮਲ ਸਿੰਘ ਭਾਈ ਢਿੱਲੋਂ, ਸ੍ਰੀਮਤੀ ਖੁਰਾਣਾ ਡੀਈਓ ਸੈਕੰਡਰੀ ਬਠਿੰਡਾ ਤੇ ਮਨਦੀਪ ਕੌਰ ਰਾਮਗੜ੍ਹੀਆ ਕੌਂਸਲਰ ਪੁੱਜੇ। ਆਏ ਹੋਏ ਮਹਿਮਾਨਾਂ ਵੱਲੋਂ ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਰਮਨਦੀਪ ਕੌਰ ਬਰਾੜ ਪਿੰਡ ਦਿਓਣ, ਜੋ ਕਿ ਆਪਣੇ ਪਿਤਾ ਨਾਲ ਖੇਤੀਬਾੜੀ ਦੇ ਕੰਮ ਵਿੱਚ ਵੀ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਦੀ ਹੈ, ਉਥੇ ਉਨ੍ਹਾਂ ਸਵੈ ਰੁਜ਼ਗਾਰ ਦਾ ਧੰਦਾ ਅਪਣਾ ਕੇ ਘੋੜੇ ਪਾਲਣਾ, ਬੱਕਰੀਆਂ ਪਾਲਣਾ ਆਦਿ ਕੰਮਕਾਰ ਕਰਕੇ ਵੱਡਾ ਨਾਮ ਨਾ ਖੱਟਿਆ ਹੋਇਆ, ਉਨ੍ਹਾਂ ਦਾ ਫੁਲਕਾਰੀ ਤੇ ਸਨਮਾਨ ਚਿੰਨ੍ਹ ਅਤੇ ਨਗਦ ਰਾਸ਼ੀ ਦੇ ਕੇ ਆਏ ਹੋਏ ਮਹਿਮਾਨਾਂ ਵੱਲੋਂ ਸਨਮਾਨ ਕੀਤਾ ਗਿਆ। ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਸੰਸਥਾ ਦੇ ਪ੍ਰਧਾਨ ਭਾਈ ਹਰਵਿੰਦਰ ਸਿੰਘ ਖਾਲਸਾ ਨੇ ਕਿਹਾ। ਸਮਾਗਮ ਦੇ ਸਾਰੇ ਪ੍ਰੋਗਰਾਮ ਦਾ ਸੰਚਾਲਨ ਚਮਕੌਰ ਸਿੰਘ ਮਾਨ, ਸੀਨੀਅਰ ਮੀਤ ਪ੍ਰਧਾਨ ਦਿਲਜੀਤ ਸਿੰਘ, ਜਨਰਲ ਸਕੱਤਰ ਸੁਖਦੇਵ ਸਿੰਘ ਗਰੇਵਾਲ ਤੇ ਖ਼ਜ਼ਾਨਚੀ ਜਗਜੀਤ ਸਿੰਘ ਧਨੌਲਾ ਨੇ ਕੀਤੀ। ਇਸ ਮੌਕੇ ਸੰਸਥਾ ਵੱਲੋਂ ਮਹਿਮਾਨ ਮੈਂਬਰਾਂ ਨੇ ਆਏ ਹੋਏ ਮਹਿਮਾਨਾਂ ਨੂੰ ਫੁਲਕਾਰੀ ਤੇ ਵਿਰਾਸਤੀ ਪੱਖੀ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਸੁਰਿੰਦਰ ਕੌਰ ਬਰਾੜ, ਹਰਜਿੰਦਰ ਕੌਰ ਬਰਾੜ, ਗੁਰਪ੍ਰੀਤ ਕੌਰ ਸਿੱਧੂ, ਬੀਬੀ ਗੁਰਬਖਸ਼ ਕੌਰ, ਬੀਬੀ ਗੁਰਦੀਪ ਕੌਰ, ਹਰਪ੍ਰੀਤ ਕੌਰ ਬਰਾੜ, ਕਮਲਪ੍ਰੀਤ ਕੌਰ ਹਾਜੀ ਰਤਨ, ਬੀਬੀ ਸੁਰਜੀਤ ਕੌਰ ਗੁਰੂ ਕੀ ਨਗਰੀ, ਰਾਜ ਕੁਮਾਰ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਸਥਾ ਦੇ ਮੈਂਬਰ ਸਾਹਿਬਾਨ ਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

## ਮਾਤਾ ਗੁਜਰੀ ਸਕੂਲ 'ਐਜੂਕੇਸ਼ਨ ਅਚੀਵਰ ਐਵਾਰਡ' ਨਾਲ ਸਨਮਾਨਤ

ਦੇਵੀਗੜ੍ਹ (ਰਜਿੰਦਰ ਸਿੰਘ ਥਿੰਦ)-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਵੱਲੋਂ ਵਿੱਦਿਅਕ ਖੇਤਰ 'ਚ ਸ਼ਾਨਦਾਰ ਸੇਵਾਵਾਂ ਨਿਭਾਉਣ ਬਦਲੇ ਨੂੰ ਪਟਿਆਲਾ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਵੱਕਾਰੀ 'ਐਜੂਕੇਸ਼ਨ ਅਚੀਵਰ ਐਵਾਰਡ' ਨਾਲ ਸਨਮਾਨਤ ਕੀਤਾ ਗਿਆ।ਇਹ ਐਵਾਰਡ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ ਢੋਟ ਨੂੰ ਭੇਟ ਕੀਤਾ, ਜੋ ਸਮੁੱਚੇ ਦੇਵੀਗੜ੍ਹ ਇਲਾਕੇ ਲਈ ਮਾਣ ਦਾ ਪਲ ਬਣਿਆ।ਇਹ ਐਵਾਰਡ ਵਿਸ਼ੇਸ਼ ਤੌਰ 'ਤੇ ਉਨ੍ਹਾਂ ਸੰਸਥਾਵਾਂ ਨੂੰ ਦਿੱਤਾ ਜਾਂਦਾ ਹੈ, ਜੋ ਪੇਂਡੂ ਖੇਤਰਾਂ ਵਿੱਚ ਗੁਣਵੱਤਾ ਭਰਪੂਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਮੋਹਰੀ ਭੂਮਿਕਾ ਨਿਭਾਉਂਦੀਆਂ ਹਨ।ਸਮਾਗਮ ਵਿੱਚ ਸਿੱਖਿਆ, ਸਿਹਤ ਤੇ ਸਮਾਜ ਸੇਵਾ ਦੇ ਖੇਤਰਾਂ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਸੰਸਥਾਵਾਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਮਾਣਮੱਤੀ ਉਪਲਬਧੀ 'ਤੇ ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਢੋਟ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਸਨਮਾਨ ਕਿਸੇ ਇੱਕ ਵਿਅਕਤੀ ਦਾ ਨਹੀਂ ਸਗੋਂ ਸਮੁੱਚੇ ਸਕੂਲ ਪਰਿਵਾਰ ਦੀ ਸਮੂਹਕ ਮਿਹਨਤ ਦਾ ਨਤੀਜਾ ਹੈ।ਇਸ ਸਨਮਾਨ ਦਾ ਸਿਹਰਾ ਸਮੂਹ ਅਧਿਆਪਕਾਂ, ਗੈਰ-ਅਧਿਆਪਕ ਸਟਾਫ, ਵਿਦਿਆਰਥੀਆਂ, ਮਾਪਿਆਂ ਤੇ ਦੇਵੀਗੜ੍ਹ ਇਲਾਕੇ ਦੇ ਵਾਸੀਆਂ ਦੇ ਸਿਰ ਬੰਨ੍ਹਦਿਆਂ ਭਰੋਸਾ ਦਿਵਾਇਆ ਕਿ ਸਕੂਲ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਿਆਰ ਸਥਾਪਤ ਕਰਦਾ ਰਹੇਗਾ।



## ਗਲੋਬਲ ਵਾਰਮਿੰਗ ਤੋਂ ਬਚਣ ਲਈ ਵੱਧ ਤੋਂ ਵੱਧ ਪੌਦੇ ਲਗਾਉਣੇ ਲਾਜ਼ਮੀ : ਡੀ ਐੱਸ ਪੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)-'ਰੁੱਖ, ਰੁੱਖ ਤੇ ਪਾਣੀ ਬਚਾਓ' ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਬ੍ਰਾਹਮਣ ਸਭਾ ਦੇ ਚਾਲੀ ਮੁਕਤੇ ਵੈੱਲਫੇਅਰ ਸੋਸਾਇਟੀ ਤੇ ਪ੍ਰੈੱਸ ਕਲੱਬ ਦੇ ਸਹਿਯੋਗ ਨਾਲ ਸਭਾ ਦੇ ਪ੍ਰਧਾਨ ਦੀਪਕ ਪਾਲ ਸ਼ਰਮਾ ਦੀ ਅਗਵਾਈ ਹੇਠ ਗੋਨੇਆਣਾ ਰੋਡ ਸਥਿਤ ਸ਼ਮਸ਼ਾਨ ਘਾਟ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਮੁੱਖ ਮਹਿਮਾਨ ਵਜੋਂ ਡੀ ਐੱਸ ਪੀ ਬਚਨ ਸਿੰਘ ਤੇ ਵਿਸ਼ੇਸ਼ ਮਹਿਮਾਨ ਵਜੋਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਪੀਏ ਵਿਕਰਮ ਵਿੱਕੀ ਡਮੋਲੀਆ (ਐੱਮਸੀ) ਸ਼ਾਮਲ ਹੋਏ।ਡੀਐੱਸਪੀ ਬਚਨ ਸਿੰਘ ਨੇ ਕਿਹਾ ਕਿ ਗਲੋਬਲ ਵਾਰਮਿੰਗ ਤੋਂ ਬਚਣ ਲਈ ਹਰ ਵਿਅਕਤੀ ਨੂੰ ਆਪਣੀ ਜ਼ਿੰਦਗੀ ਵਿੱਚ ਘੱਟੋ-ਘੱਟ ਪੰਜ ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਸਿਰਫ਼ ਪੌਦੇ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਰੁੱਖ ਬਣਨ ਤੱਕ ਸੰਭਾਲ ਕਰਨੀ ਵੀ ਬਹੁਤ ਜ਼ਰੂਰੀ ਹੈ।ਰੁੱਖਾਂ ਦੀ ਬੇਤਹਾਸ਼ਾ ਕਟਾਈ ਕਾਰਨ ਹੀ ਅੱਜ ਅਸੀਂ ਵਧਦੀ ਗਰਮੀ, ਘੱਟ ਬਾਰਿਸ਼, ਮੌਸਮੀ ਤਬਦੀਲੀਆਂ ਤੇ ਗਲੋਬਲ ਵਾਰਮਿੰਗ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਾਂ।ਐੱਮ ਸੀ ਡਮੋਲੀਆ ਨੇ ਕਿਹਾ ਕਿ ਸਾਨੂੰ ਇਹ ਸੰਕਲਪ ਲੈਣਾ ਚਾਹੀਦਾ ਹੈ ਕਿ ਘਰ ਵਿੱਚ ਜਨਮ ਦਿਨ, ਵਿਆਹ, ਵਿਆਹ ਦੀ ਵਰ੍ਹੇਗੰਢ ਜਾਂ ਕਿਸੇ ਵੀ ਖੁਸ਼ੀ ਦੇ ਮੌਕੇ 'ਤੇ ਪੌਦੇ ਲਗਾ ਕੇ ਖੁਸ਼ੀ ਮਨਾਈਏ।ਉਨ੍ਹਾਂ ਇਸ ਉਪਰਾਲੇ ਲਈ ਬ੍ਰਾਹਮਣ ਸਭਾ ਦੀ ਸ਼ਲਾਘਾ ਵੀ ਕੀਤੀ।ਇਸ ਮੌਕੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਨੂੰ ਲੈ ਕੇ ਰਾਏਕੋਟ 'ਚ ਕਾਂਗਰਸ ਦਾ ਸ਼ਕਤੀ ਪ੍ਰਦਰਸ਼ਨ



ਰਾਏਕੋਟ (ਸੰਤੋਖ ਗਿੱਲ)-ਪਟਿਆਲਾ ਸਮੇਤ ਕੁਝ ਹੋਰ ਥਾਵਾਂ ਉੱਪਰ 'ਰੰਗਲੀ ਸਰਕਾਰ' ਵੱਲੋਂ ਕੀਤੀ ਨਾਕਾਬੰਦੀ ਤੋਂ ਬਾਅਦ ਪੈਦਾ ਹੋਈ ਸਥਿਤੀ ਦਾ ਮੁਕਾਬਲਾ ਕਰਨ ਲਈ ਕਾਂਗਰਸ ਪਾਰਟੀ ਵੱਲੋਂ ਵੀ ਤਿਆਰੀਆਂ ਵਿੱਢ ਦਿੱਤੀਆਂ ਹਨ।6 ਅਗਸਤ ਨੂੰ ਲੁਧਿਆਣਾ (ਦਿਹਾਤੀ) ਵਿੱਚ ਹੋਣ ਵਾਲੇ ਪੰਜਾਬ ਕਾਂਗਰਸ ਦੇ ਜ਼ਬਰਦਸਤ ਪ੍ਰੋਗਰਾਮ 'ਹਰ ਬੂਥ ਕਾਂਗਰਸ ਮਜ਼ਬੂਤ' ਨੂੰ ਸਫ਼ਲ ਬਣਾਉਣ ਲਈ ਰਾਏਕੋਟ ਵਿੱਚ ਹਲਕਾ ਇੰਚਾਰਜ ਕਾਮਿਲ ਅਮਰ ਸਿੰਘ ਦੀ ਅਗਵਾਈ ਹੇਠ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਅਹਿਮ ਮੀਟਿੰਗ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਕਾਂਗਰਸ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ ਤੇ ਜ਼ਿਲ੍ਹਾ ਯੂਥ ਕਾਂਗਰਸ ਪ੍ਰਧਾਨ ਹਰਜਾਪ ਸਿੰਘ ਗਿੱਲ ਨੇ ਸ਼ਿਰਕਤ ਕਰਦਿਆਂ ਬੂਥ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।ਮੇਜਰ ਸਿੰਘ ਮੁੱਲਾਂਪੁਰ ਨੇ ਕਿਹਾ ਕਿ ਬੂਥ ਪੱਧਰ ਦੀ ਮਜ਼ਬੂਤੀ ਹੀ ਕਾਂਗਰਸ ਦੀ ਜਿੱਤ ਦਾ ਆਧਾਰ ਬਣੇਗੀ, ਜਦਕਿ ਹਰਜਾਪ ਸਿੰਘ ਗਿੱਲ ਨੇ ਨੌਜਵਾਨਾਂ ਨੂੰ ਮੁਹਿੰਮ ਦੀ ਰੀੜ੍ਹ ਦੀ ਹੱਡੀ ਕਰਾਰ ਦਿੰਦਿਆਂ 6 ਅਗਸਤ ਦੇ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਦੀ ਅਪੀਲ ਕੀਤੀ।ਆਗੂਆਂ ਨੇ ਦੱਸਿਆ ਕਿ ਲੁਧਿਆਣਾ (ਦਿਹਾਤੀ) ਦਾ ਇਹ ਵਿਸ਼ਾਲ ਪ੍ਰੋਗਰਾਮ ਪੰਜਾਬ ਕਾਂਗਰਸ ਇੰਚਾਰਜ ਭੂਪੇਸ਼ ਬਘੇਲ, ਪ੍ਰਦੇਸ਼ ਪ੍ਰਧਾਨ ਰਾਜਾ ਵੜਿੰਗ, ਸੰਸਦ ਮੈਂਬਰ ਡਾ. ਅਮਰ ਸਿੰਘ ਤੇ ਹੋਰ ਸੀਨੀਅਰ ਆਗੂਆਂ ਦੀ ਅਗਵਾਈ ਹੇਠ ਹੋਵੇਗਾ, ਜਿਸ ਵਿੱਚ ਬੂਥ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਰਣਨੀਤੀ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ।ਮੀਟਿੰਗ ਵਿੱਚ ਰਾਏਕੋਟ ਹਲਕੇ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਪ੍ਰੋਗਰਾਮ ਨੂੰ ਸਫਲ ਬਣਾਉਣ ਦਾ ਭਰੋਸਾ ਦਿੱਤਾ।

# ਅਧਿਆਪਕ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਮਹਾਂ ਰੈਲੀ ਦੀਆਂ ਤਿਆਰੀਆਂ ਮੁਕੰਮਲ

**ਜਲਾਲਾਬਾਦ ਤੋਂ ਵੱਡੀ ਗਿਣਤੀ 'ਚ ਅਧਿਆਪਕ ਰੈਲੀ ਲਈ ਰਵਾਨਾ ਹੋਣਗੇ : ਜਗਨੰਦਨ, ਅਸ਼ੋਕ ਸਰਾਰੀ**



ਜਲਾਲਾਬਾਦ (ਜੀਤ ਕੁਮਾਰ)

ਬੀ.ਪੀ.ਈ.ਓ. ਦਫਤਰ ਜਲਾਲਾਬਾਦ ਵਿਖੇ ਅਧਿਆਪਕ ਜਥੇਬੰਦੀਆਂ ਵੱਲੋਂ ਮੀਟਿੰਗ ਕੀਤੀ ਗਈ ਤੇ 7 ਅਗਸਤ ਨੂੰ ਸਾਂਝਾ ਮੁਲਾਜ਼ਮ ਮੰਚ ਪੰਜਾਬ ਤੇ ਪੈਨਸ਼ਨਰ ਐਸੋਸੀਏਸ਼ਨ ਦੇ ਝੰਡੇ ਥੱਲੇ ਸੈਕਟਰ 39 ਚੰਡੀਗੜ੍ਹ ਵਿੱਚ ਹੋ ਰਹੀ ਮਹਾਂ ਰੈਲੀ ਦੀ ਤਿਆਰੀ ਮੀਟਿੰਗ ਕੀਤੀ ਗਈ, ਜਿਸ ਵਿੱਚ ਯੂਨੀਅਨ ਦੇ ਆਗੂਆਂ ਨੇ ਪੰਜਾਬ ਸਰਕਾਰ ਦੀ ਮੁਲਾਜ਼ਮ ਵਰਗ ਪ੍ਰਤੀ ਬੇਰੁਖੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਰੈਲੀ ਸਬੰਧੀ ਆਪਣੇ ਵਿਚਾਰ ਰੱਖੇ। ਅਧਿਆਪਕ ਆਗੂ ਜਗਨੰਦਨ ਸਿੰਘ ਤੇ ਅਸ਼ੋਕ ਸਰਾਰੀ ਨੇ ਕਿਹਾ ਕਿ ਸਮੂਹ ਆਗੂਆਂ ਦੁਆਰਾ ਵੱਡੀ ਗਿਣਤੀ ਵਿੱਚ 7 ਅਗਸਤ ਦੀ ਰੈਲੀ ਵਿੱਚ ਸ਼ਾਮਲ ਹੋਣ ਲਈ ਅਧਿਆਪਕ ਵਰਗ ਨੂੰ ਲਾਮਬੰਦ ਕਰਨ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਜਲਾਲਾਬਾਦ ਤੋਂ ਇਕ ਵੱਡੀ ਬੱਸ ਤੇ 6-7 ਗੱਡੀਆਂ ਦਾ ਪ੍ਰਬੰਧ ਕੀਤਾ ਗਿਆ। ਸਮੂਹ ਆਗੂਆਂ ਨੇ ਇੱਕ ਸੁਰ ਵਿੱਚ ਆਪਣੀਆਂ ਹੱਕੀ ਮੰਗਾਂ ਦੇ ਹੱਲ ਲਈ ਮੌਜੂਦਾ ਸਰਕਾਰ ਦੀ ਇੱਟ ਨਾਲ ਇੱਟ ਖੜਕਾਉਣ ਵਾਲੇ ਫੈਸਲੇ ਲਏ ਗਏ, ਕਿਉਂਕਿ ਮੌਜੂਦਾ ਸਰਕਾਰ ਨੇ ਮੁਲਾਜ਼ਮ ਵਰਗ ਨਾਲ ਕੀਤੇ ਕਿਸੇ ਵੀ ਵਾਅਦੇ 'ਤੇ ਵਫਾ ਨਹੀਂ ਕਮਾਈ ਹੈ। ਇਸ ਮੀਟਿੰਗ ਵਿੱਚ ਦਲੀਪ ਸਿੰਘ ਸੈਣੀ ਜ਼ਿਲ੍ਹਾ ਜਨਰਲ ਸਕੱਤਰ ਈ ਟੀ ਯੂ, ਇੰਦਰਜੀਤ ਸਿੰਘ ਬਲਾਕ ਪ੍ਰਧਾਨ, ਸਤੀਸ਼ ਕੁਮਾਰ ਸਟੇਟ ਕਮੇਟੀ ਮੈਂਬਰ, ਚਿਮਨ ਸਿੰਘ, ਰਾਧੇ ਸ਼ਾਮ, ਅਸ਼ੋਕ ਕੁਮਾਰ, ਸੰਦੀਪ ਕੁਮਾਰ, ਨੀਰਜ ਨੰਬਰ ਬਲਾਕ ਸਕੱਤਰ ਮਾਸਟਰ ਕੇਡਰ ਯੂਨੀਅਨ, ਸਤੀਸ਼ ਕੁਮਾਰ ਰਿਟਾਇਰ ਪੈਨਸ਼ਨਰ ਆਗੂ, ਪਾਵਨ ਕਮਰਾ, ਸੁਰਜੀਤ ਸਿੰਘ, ਬਲਵੀਰ ਸਿੰਘ, ਦਰਸ਼ਨ ਲਾਲ ਮੈਨੀ, ਆਸ਼ੂਤੋਸ਼ ਕੁਮਾਰ, ਤਿਲਕ ਰਾਜ, ਅਸ਼ੋਕ ਕੁਮਾਰ ਸੈਂਟਰ ਮੁੱਖ ਅਧਿਆਪਕ ਤੇ ਵੱਡੀ ਗਿਣਤੀ ਵਿੱਚ ਅਧਿਆਪਕ ਹਜ਼ਾਰ ਸਨ।

## ਐਕਸੀਅਨ ਦਫਤਰ ਅੱਗੇ ਆਊਟਸੋਰਸ ਕਰਮਚਾਰੀਆਂ ਵੱਲੋਂ ਧਰਨਾ



ਜਲਾਲਾਬਾਦ (ਜੀਤ ਕੁਮਾਰ)-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ: 31) ਸਬ ਕਮੇਟੀ ਦਫਤਰੀ ਸਟਾਫ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਮਹੀਨਾ ਜੂਨ ਤੇ ਜੁਲਾਈ 2026 ਦੀ ਤਨਖਾਹ ਨਾ ਮਿਲਣ ਦੇ ਰੋਸ ਵਜੋਂ ਲਏ ਗਏ ਫੈਸਲੇ ਅਨੁਸਾਰ ਦਫਤਰ ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ ਫਾਜ਼ਿਲਕਾ ਅੱਗੇ ਸਰਕਾਰ ਤੇ ਜਲ ਸਪਲਾਈ ਮੈਨੇਜਮੈਂਟ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਆਗੂ ਪਵਨ ਕੁਮਾਰ ਤੇ ਅਸ਼ੋਕ ਕੁਮਾਰ (ਅਭੁੰਨ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿੰਨਾ ਸਮਾਂ ਆਊਟਸੋਰਸ ਵਰਕਰਾਂ ਦੀਆਂ ਤਨਖਾਹਾਂ ਰਿਲੀਜ਼ ਨਹੀਂ ਕੀਤੀਆਂ ਜਾਂਦੀਆਂ, ਉਦੋਂ ਤੱਕ ਇਹ ਧਰਨਾ ਜਾਰੀ ਰਹੇਗਾ। ਇਸ ਪ੍ਰੋਗਰਾਮ ਵਿੱਚ ਗੌਰਵ ਬੱਬਰ, ਸੁਸ਼ੀਲ ਕੁਮਾਰ, ਸੰਦੀਪ, ਪ੍ਰਦੀਪ ਕੁਮਾਰ, ਕੁਲਵਿੰਦਰ ਕੌਰ ਡਾਟਾ ਐਂਟਰੀ ਅਪ੍ਰੇਟਰ ਤੇ ਰਾਜ ਕੁਮਾਰ ਲੈਬ ਸਟਾਫ, ਰਾਜਿੰਦਰ ਬਿੱਲ ਡਿਸਟਰੀਬਿਊਟਰ, ਫੀਲਡ ਸਟਾਫ ਮੰਗਤ ਰਾਮ, ਸੁਲਤਾਨ, ਸੋਨੂੰ ਆਦਿ ਸਾਥੀ ਹਾਜ਼ਰ ਹੋਏ।


**PUNJAB NATIONAL BANK**
BRANCH:- Dugri, Urban Estate, Phase 1, Dugri, Ludhiana.

**( ਰੂਲ-8 (1) ) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਦੁੱਗਰੀ, ਅਰਬਨ ਇਸਟੇਟ, ਫੇਸ-1, ਦੁੱਗਰੀ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈ ਮਿਤੀ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ। ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ ਭੌਤਿਕ/ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਦੁੱਗਰੀ, ਅਰਬਨ ਇਸਟੇਟ, ਫੇਸ-1, ਦੁੱਗਰੀ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਦਾ ਹੱਕਦਾਰ ਬਣਾਵੇਗਾ।

**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
| --- | --- | --- | --- | --- |
| 1. (ਕਰਜ਼ਦਾਰ) : ਸ੍ਰੀ ਮਨਜੀਤ ਸਿੰਘ ਪੁੱਤਰ ਸ੍ਰੀ ਸੁੱਚਾ ਸਿੰਘ # ਮਕਾਨ ਨੰ. 301, ਸਟਰੀਟ ਨੰ. 9, ਬਲਾਕ ਬੀ, ਭਾਈ ਹਿੰਮਤ ਸਿੰਘ ਨਗਰ, ਦੁੱਗਰੀ, ਲੁਧਿਆਣਾ 2. (ਕਰਜ਼ਦਾਰ) : ਸ੍ਰੀਮਤੀ ਗੁਰਵੰਤ ਕੌਰ ਪਤਨੀ ਸ੍ਰੀ ਮਨਜੀਤ ਸਿੰਘ # ਮਕਾਨ ਨੰ. 301, ਸਟਰੀਟ ਨੰ. 9, ਬਲਾਕ ਬੀ, ਭਾਈ ਹਿੰਮਤ ਸਿੰਘ ਨਗਰ, ਦੁੱਗਰੀ, ਲੁਧਿਆਣਾ-141116 | ਰਹਿਣ ਕੀਤੀ ਰਿਹਾਇਸ਼ੀ ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 100 ਵਰਗ ਗਜ਼, ਖਸਰਾ ਨੰ. 1524/2/2-1525 ਖਾਤਾ ਨੰ. 299/323 ਜਮ੍ਹਾਂਬੰਦੀ ਸਾਲ 2000-2001 ਅਨੁਸਾਰ, ਐੱਚ ਬੀ 263, ਪਤਾ : ਗਲੀ ਨੰ. 1, ਭਾਈ ਹਿੰਮਤ ਸਿੰਘ ਨਗਰ, ਤਹਿ. ਤੇ ਜ਼ਿਲ੍ਹਾ ਲੁਧਿਆਣਾ। ਬੈਨਾਮਾ ਅਨੁਸਾਰ ਵਸੀਕਾ ਨੰ. 8405 ਮਿਤੀ 06.07.2024, ਜੋ ਕਿ ਸ੍ਰੀ ਮਨਜੀਤ ਸਿੰਘ ਪੁੱਤਰ ਸ੍ਰੀ ਸੁੱਚਾ ਸਿੰਘ ਤੇ ਸ੍ਰੀਮਤੀ ਗੁਰਵੰਤ ਕੌਰ ਪਤਨੀ ਸ੍ਰੀ ਮਨਜੀਤ ਸਿੰਘ ਦੇ ਨਾਂਅ 'ਤੇ ਹੈ। ਹੱਦਬੰਦੀ ਹੇਠਾਂ ਅਨੁਸਾਰ ਪੂਰਬ : ਸੰਦੀਪ ਕਚਰੂ, ਪੱਛਮ : ਵਿਕ੍ਰੇਤਾ, ਉੱਤਰ : ਗਲੀ, ਦੱਖਣ : ਵਿਕ੍ਰੇਤਾ | 23-12-2025 | 30-07-2026 | ਸੰਕੇਤਕ ਕਬਜ਼ਾ — 30.11.2025 ਨੂੰ ਰੁਪਏ 3,06,951.81 (ਤਿੰਨ ਲੱਖ ਛੇ ਹਜ਼ਾਰ ਨੌ ਸੌ ਇਕਵੰਜਾ ਰੁਪਏ ਅਤੇ ਇਕਾਸੀ ਪੈਸੇ ਕੇਵਲ) ਸਮੇਤ 01.12.2025 ਤੋਂ ਅਗਲਾ ਵਿਆਜ ਜਮ੍ਹਾਂ ਮੁਕੰਮਲ ਅਦਾਇਗੀ ਤੱਕ ਲਾਗਤਾਂ ਅਤੇ ਹੋਰ ਖਰਚੇ |

ਮਿਤੀ : 04.08.2026, ਸਥਾਨ : ਲੁਧਿਆਣਾ, ਅਧਿਕਾਰਤ ਅਫਸਰ



YES BANK

ਰਜਿਸਟਰਡ ਅਤੇ ਕਾਰਪੋਰੇਟ ਦਫਤਰ : ਯੈੱਸ ਬੈਂਕ ਹਾਊਸ, ਆਫ ਵੈਸਟਰਨ ਐੱਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ (ਈਸਟ), ਮੁੰਬਈ-400055 ਭਾਰਤ ਯੈੱਸ ਬੈਂਕ ਲਿਮਟਿਡ, ਧਰਾਤਲ ਮੰਜ਼ਲ, ਬੀ-XX2427-928 ਗੋਵਿੰਦ ਨਗਰ, ਫਿਰੋਜ਼ਪੁਰ ਰੋਡ, ਲੁਧਿਆਣਾ 141007 ਵੈੱਬਸਾਈਟ : www.yesbank.in, Email : comminications@yesbank.in ਸੀ ਆਈ ਐੱਨ : ਐੱਲ 65190 ਐੱਮ ਐੱਚ 2003 ਪੀ ਐੱਲ ਸੀ 143249

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ, ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਜੋ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | ਸਕਿਉਰਡ ਐੱਸਟ ਦਾ ਵੇਰਵਾ |
| --- | --- |
| 1. ਮੈਸਰਜ਼ ਪੀ ਕੇ ਫੈਬਰਿਕਸ ਰਾਹੀਂ (ਕਰਜ਼ਦਾਰਾਂ) ਇਸ ਦੇ ਮਾਲਕ ਪਵਨ ਕੁਮਾਰ ਭੁੰਬਲਾ ਮਾਰਫਤ #1718/2, ਗਲੀ #3 ਮੁੱਹਲਾ ਫਤਹਿਗੜ੍ਹ ਗਾਂਧੀ ਨਗਰ, ਲੁਧਿਆਣਾ-141007 2. ਸ੍ਰੀ ਪਵਨ ਕੁਮਾਰ ਭੁੰਬਲਾ ਪੁੱਤਰ ਸੀਤਾ ਰਾਮ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ # ਨੇੜੇ ਗੁਰੂ ਅਮਰਦਾਸ ਨਗਰ ਪ੍ਰੋਫੈਸਰ ਕਲੋਨੀ, ਰਾਜਗੁਰੂ ਨਗਰ, ਪੱਖੋਵਾਲ ਰੋਡ, ਲੁਧਿਆਣਾ-141012. 3. ਸ੍ਰੀਮਤੀ ਗੋਲਡੀ ਭੁੰਬਲਾ ਪਤਨੀ ਪਵਨ ਕੁਮਾਰ ਭੁੰਬਲਾ (ਸਹਿ-ਕਰਜ਼ਦਾਰ) ਵਾਸੀ ਮਕਾਨ # ਨੇੜੇ ਗੁਰੂ ਅਮਰਦਾਸ ਨਗਰ, ਪ੍ਰੋਫੈਸਰ ਕਲੋਨੀ, ਰਾਜਗੁਰੂ ਨਗਰ, ਪੱਖੋਵਾਲ ਰੋਡ, ਲੁਧਿਆਣਾ-141012. | ਜਾਇਦਾਦ ਨੰ. 1 :- ਜਾਇਦਾਦ ਰਕਬਾ ਖੇਤਰ 239 ਵਰਗ ਗਜ਼, ਐੱਮ ਸੀ #XXXVI-545 (ਸਾਲ 2018-2019 ਲਈ ਟੀ ਐੱਸ ਫਾਰਮ ਅਨੁਸਾਰ), ਖਸਰਾ # 21//2/2-9-592-593, ਖੱਤਾ # 363/419 ਤੋਂ 422, ਜਮ੍ਹਾਂਬੰਦੀ ਸਾਲ 2008-2009 (ਖੱਤਾ # 365/422 ਜਮ੍ਹਾਂਬੰਦੀ ਸਾਲ 2013-2014), ਪਿੰਡ ਜਵੱਦੀ ਵਿਖੇ ਸਥਿਤ, ਹੱਦਬਸਤ # 160, ਅਬਾਦੀ ਗੁਰੂ ਗੋਬਿੰਦ ਨਗਰ ਵਜੋਂ ਜਾਣੀ ਜਾਂਦੀ, ਪੱਖੋਵਾਲ ਰੋਡ, ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਸੜਕ 20' ਚੌੜੀ, ਪੱਛਮ : ਦਵਿੰਦਰ ਸਿੰਘ, ਉੱਤਰ : ਸੜਕ 20' ਚੌੜੀ : ਬਲਵੰਤ ਸਿੰਘ। ਜਾਇਦਾਦ ਨੰ. 2 :- ਜਾਇਦਾਦ ਜੋ ਕਿ ਮਕਾਨ # ਬੀ-2-1718/16/1 ਰਕਬਾ 36.44 ਵਰਗ ਗਜ਼ 72.88 ਵਰਗ ਗਜ਼ 'ਚੋਂ ਖਸਰਾ # 731-734-732, ਖੱਤਾ #448/506/449/507 582/668 ਜਮ੍ਹਾਂਬੰਦੀ ਸਾਲ 2004-2005 (ਖੱਤਾ # 451/510 ਜਮ੍ਹਾਂਬੰਦੀ ਸਾਲ 2014-2015) ਪਿੰਡ ਤਰਫ ਮਾਹਲ ਭਗਤ ਵਿਖੇ ਸਥਿਤ, ਹੱਦਬਸਤ # 164, ਅਬਾਦੀ ਮੁਹੱਲਾ ਸੋਹਨ ਸਿੰਘ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ :- ਪੂਰਬ : ਅਜੇ ਕੁਮਾਰ, ਪੱਛਮ : ਇਕਬਾਲ ਸਿੰਘ, ਉੱਤਰ : ਗਲੀ 12' ਚੌੜੀ, ਦੱਖਣ : ਚਰਨਜੀਤ ਸਿੰਘ। ਰਹਿਣਕਾਰ : ਸ੍ਰੀ ਪਵਨ ਕੁਮਾਰ ਭੁੰਬਲਾ ਪੁੱਤਰ ਸ੍ਰੀ ਸੀਤਾ ਰਾਮ |

| ਐੱਨ ਪੀ ਏ ਦੀ ਮਿਤੀ | ਨੋਟਿਸ ਦੀ ਮਿਤੀ | 13(2) ਨੋਟਿਸ ਅਨੁਸਾਰ ਬਕਾਇਆ ਰਕਮ | ਖਾਤਾ ਨੰ./ਕਰਜ਼ੇ ਦੀ ਕਿਸਮ |
| --- | --- | --- | --- |
| 15.04.2026 | 20.07.2026 | 17.07.2026 ਨੂੰ ਰੁਪਏ 2,39,03,871.06/- (ਦੋ ਕਰੋੜ ਉਨਤਾਲੀ ਲੱਖ ਤਿੰਨ ਹਜ਼ਾਰ ਅੱਠ ਸੌ ਇਕੱਤਰ ਰੁਪਏ ਅਤੇ ਛੇ ਪੈਸੇ ਕੇਵਲ) | ਐੱਮ ਓ ਆਰ 002300982155/ਕ੍ਰੈਡਿਟ ਸਹੂਲਤ ਪੀ ਐੱਲ ਐੱਨ 000501506495/ਨਿੱਜੀ ਕਰਜ਼ਾ ਸਹੂਲਤ |

ਉਪਰੋਕਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਰੇ ਬਕਾਏ ਸਮੇਤ ਸਕਿਉਰਡ ਕ੍ਰੈਡਿਟਰ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਕਿਉਰਡ ਕ੍ਰੈਡਿਟਰ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 05.08.2026, ਸਥਾਨ : ਲੁਧਿਆਣਾ — ਸਹੀ/- (ਅਧਿਕਾਰਤ ਅਫ਼ਸਰ) ਯੈੱਸ ਬੈਂਕ ਲਿਮਟਿਡ



YES BANK

Registered and Corporate Office: YES BANK House, Off Western Express Highway, Santacruz East, Mumbai – 400055 India. Also at: Ground Floor, B-XX 2427-928 Govind Nagar Firozpur Road Ludhiana 141007 Also At : SCO No 129-130 2 nd floor Sector 9-C Madhya Marg Chandigarh 160009 Email: comminications@yesbank.in, CIN: L65190MH2003PLC143249 Website: www.yesbank.in

**[ਰੂਲ - 8(1)] ਕਬਜ਼ਾ ਨੋਟਿਸ**

ਜਦੋਂਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਨੂੰ ਹੇਠਾਂ ਦਿੱਤੇ ਖਾਤਿਆਂ 'ਚ ਹੇਠਾਂ ਵਰਣਿਤ ਰਕਮ ਅਤੇ ਇਸ ਉਪਰ ਵਿਆਜ ਐਕਟ ਦੇ ਸੈਕਸ਼ਨ 13 (2) ਤਹਿਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਉਕਤ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਵਿਰੁੱਧ ਦਰਸਾਈ ਮਿਤੀ 'ਤੇ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠ ਦਰਸਾਈ ਬਕਾਇਆ ਰਕਮ ਅਤੇ ਇਸ ਉੱਪਰ ਇਕਰਾਰਨਾਮੇ ਦੀ ਦਰ 'ਤੇ ਵਿਆਜ ਸਮੇਤ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ ਦਾ ਨਾਂਅ | ਸਕਿਉਰਡ ਐੱਸਟ ਦਾ ਵੇਰਵਾ |
| --- | --- |
| (1) ਰਾਸ਼ੀ ਇੰਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਮਾਲਕ ਨੀਰਜ ਭੱਲਾ ਪੁੱਤਰ ਬਲਵਿੰਦਰ ਸਿੰਘ ਭੱਲਾ ਪਤਾ: ਕ੍ਰਿਸ਼ਨਾ ਨਗਰ, ਵਾਰਡ ਨੰ: 14, ਸਾਹਮਣੇ ਸ਼ਿਵ ਮਾਡਲ ਸਕੂਲ, ਗਲੀ ਨੰ. 1, ਖੰਨਾ, ਲੁਧਿਆਣਾ-141401 (ਕਰਜ਼ਦਾਰ) (2) ਨੀਰਜ ਭੱਲਾ ਪੁੱਤਰ ਬਲਵਿੰਦਰ ਸਿੰਘ ਭੱਲਾ ਪਤਾ : ਕ੍ਰਿਸ਼ਨਾ ਨਗਰ, ਵਾਰਡ ਨੰ. 14, ਸਾਹਮਣੇ ਸ਼ਿਵ ਮਾਡਲ ਸਕੂਲ, ਗਲੀ ਨੰ. 1, ਖੰਨਾ, ਲੁਧਿਆਣਾ-141401 (ਸਹਿ-ਕਰਜ਼ਦਾਰ ਅਤੇ ਰਹਿਣਕਾਰ) (3) ਸ੍ਰੀਮਤੀ ਸਵਰਨ ਲਤਾ ਪਤਨੀ ਸ੍ਰੀ ਬਲਵਿੰਦਰ ਭੱਲਾ ਪਤਾ: ਕ੍ਰਿਸ਼ਨਾ ਨਗਰ, ਵਾਰਡ ਨੰ. 14, ਸਾਹਮਣੇ ਸ਼ਿਵ ਮਾਡਲ ਸਕੂਲ, ਗਲੀ ਨੰ. 1, ਖੰਨਾ, ਲੁਧਿਆਣਾ-141401 ਖਾਤਾ ਨੰ. : 2479728 | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਜਾਇਦਾਦ ਰਕਬਾ 0 ਕਨਾਲ 10 ਮਰਲਾ, ਖਸਰਾ ਨੰ. 2379, ਖੱਤਾ ਨੰ. 2002-1397, ਜਮ੍ਹਾਂਬੰਦੀ-ਸਾਲ 2011-12, ਪਿੰਡ ਖੰਨਾ ਕਲਾਂ ਵਿਖੇ ਸਥਿਤ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ: ਮੇਵਾ ਸਿੰਘ ਬਾਹੀ 70'-0", ਪੱਛਮ: ਦਰਸ਼ਨ ਸਿੰਘ ਬਾਹੀ 70'-0", ਉੱਤਰ ਗਲੀ ਬਾਹੀ 37'-6", ਦੱਖਣ : ਹੋਰ ਮਾਲਕ ਬਾਹੀ 37'-6" ਰਹਿਣਕਾਰ : ਨੀਰਜ ਭੱਲਾ ਪੁੱਤਰ ਬਲਵਿੰਦਰ ਸਿੰਘ ਭੱਲਾ। |
| ਸੈਕਸ਼ਨ 13(2) ਤਹਿਤ ਨੋਟਿਸ ਦੀ ਮਿਤੀ 20.04.2026 — ਕਬਜ਼ੇ ਦੀ ਮਿਤੀ 1 ਅਗਸਤ 2026 | ਨੋਟਿਸ ਦੀ ਰਕਮ: 20/04/2026 ਨੂੰ ਬਕਾਇਆ ਰਕਮ ਰੁਪਏ 1,41,45,852.73/- (ਇੱਕ ਕਰੋੜ ਇਕਤਾਲੀ ਲੱਖ ਪੰਜਤਾਲੀ ਹਜ਼ਾਰ ਅੱਠ ਸੌ ਬਵੰਜਾ ਰੁਪਏ ਅਤੇ ਤਿਹੱਤਰ ਪੈਸੇ ਕੇਵਲ) |
| (1) ਮੈਸਰਜ਼ ਟਰੈਵਲ 4 ਯੂ ਡਾਟ ਕਾਮ ਰਾਹੀਂ ਇਸ ਦੇ ਮਾਲਕ ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਰਾਹੀਂ ਇਸ ਦੇ ਕਾਨੂੰਨੀ ਵਾਰਸਾਂ ਦਫ਼ਤਰ:-ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (2) ਮੈਸਰਜ਼ ਸ੍ਰੀ ਨਾਥ ਪੈਲੇਸ ਰਾਹੀਂ ਇਸ ਦੇ ਮਾਲਕ ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਦਫ਼ਤਰ:-ਸ੍ਰੀ ਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, (ਕਰਜ਼ਦਾਰ ਅਤੇ ਰਹਿਣਕਾਰ) (3) ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਦਫ਼ਤਰ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ : ਵਾਸੀ ਮਕਾਨ # 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ ਫਗਵਾੜਾ ਜ਼ਿਲ੍ਹਾ ਕਪੂਰਥਲਾ-144401 ਸਵ: ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਦੇ ਕਾਨੂੰਨੀ ਵਾਰਸ ਵਜੋਂ (4) ਸ੍ਰੀਮਤੀ ਮੰਜੁਲ ਸ਼ਰਮਾ ਪਤਨੀ ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਵਾਸੀ ਮਕਾਨ ਨੰ. 209 ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ 144401, ਨਾਲ ਹੀ : ਦਫ਼ਤਰ ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਦੇ ਕਾਨੂੰਨੀ ਵਾਰਸ ਵਜੋਂ, (5) ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਰਾਹੀਂ ਉਸ ਦੇ ਕਾਨੂੰਨੀ ਵਾਰਸਾਂ, ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ ਜ਼ਿਲ੍ਹਾ ਕਪੂਰਥਲਾ-144401, ਨਾਲ ਹੀ: ਦਫ਼ਤਰ: ਸ੍ਰੀ ਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 (6) ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਦਫ਼ਤਰ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ: ਵਾਸੀ ਮਕਾਨ ਨੰ: 209, ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (ਕਰਜ਼ਦਾਰ ਅਤੇ ਰਹਿਣਕਾਰ) (7) ਸ੍ਰੀਮਤੀ ਮੰਜੁਲ ਸ਼ਰਮਾ ਪਤਨੀ ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ : ਦਫ਼ਤਰ ਸ੍ਰੀ ਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 (ਸਹਿ-ਕਰਜ਼ਦਾਰ ਅਤੇ ਗਰੰਟਰ) ਸ੍ਰੀਮਤੀ ਸੋਨੀਆ ਸ਼ਰਮਾ ਪਤਨੀ ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 ਨਾਲ ਹੀ ਦਫ਼ਤਰ ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 (ਸਹਿ-ਕਰਜ਼ਦਾਰ ਅਤੇ ਗਰੰਟਰ) ਕਰਜ਼ਾ ਖਾਤਾ # 98588 9000 00082 | 1 ਜਾਇਦਾਦ ਵੇਰਵਾ ਮਕਾਨ ਨੰ. 210, ਰਕਬਾ 11 ਮਰਲਾ (10.85 ਮਰਲਾ) ਹੱਦਾਂ :'ਪੂਰਬ : ਰੋਡ, ਪੱਛਮ: ਇਮਾਰਤ, ਉੱਤਰ: ਨੰ. 211, ਦੱਖਣ : ਨੰ. 209 ਖਸਰਾ ਨੰ. 3545, 7074/3546, 7073/3546, 3549 ਅਤੇ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। (2) ਜਾਇਦਾਦ ਵੇਰਵਾ ਮਕਾਨ ਨੰ. 211 ਰਕਬਾ 12 ਮਰਲਾ, ਹੱਦਾਂ : ਪੂਰਬ: ਸੜਕ, ਪੱਛਮ : ਇਮਾਰਤ, ਉੱਤਰ: ਨੰ. 211, ਦੱਖਣ: ਨੰ. 209, ਖਸਰਾ ਨੰ. 3545, 7074/3546, 7073/3546 ਅਤੇ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। (3) ਜਾਇਦਾਦ ਵੇਰਵਾ ਮਕਾਨ ਨੰ. 209, ਰਕਬਾ 13-3/4 ਮਰਲਾ, ਹੱਦਾਂ : ਪੂਰਬ ਸੜਕ, ਪੱਛਮ: ਇਮਾਰਤ, ਉੱਤਰ: ਨੰ. 211, ਦੱਖਣ : ਨੰ. 209 ਖਸਰਾ ਨੰ. 3545, 7074/3546, 7073/3546, 3549 ਅਤੇ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। ਰਹਿਣਕਾਰ: (1) ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ (2) ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ ਰਾਹੀਂ ਇਸ ਦੇ ਕਾਨੂੰਨੀ ਵਾਰਸਾਂ |
| ਸੈਕਸ਼ਨ 13 (2) ਤਹਿਤ ਨੋਟਿਸ ਦੀ ਮਿਤੀ 18 ਮਈ 2026 — ਕਬਜ਼ੇ ਦੀ ਮਿਤੀ 31/07/2026 | ਨੋਟਿਸ 'ਚ ਰਕਮ: 15 ਮਈ 2026 ਨੂੰ ਰੁਪਏ 1,27,04,656.30/- (ਇੱਕ ਕਰੋੜ ਸਤਾਈ ਲੱਖ ਚਾਰ ਹਜ਼ਾਰ ਛੇ ਸੌ ਛਪੰਜਾ ਰੁਪਏ ਅਤੇ ਤੀਹ ਪੈਸੇ ਕੇਵਲ) |
| (1) ਨਵਨੀਤ ਚਾਵਲਾ (ਸਹਿ-ਕਰਜ਼ਦਾਰ ਅਤੇ/ਜਾਂ ਰਹਿਣਕਾਰ) ਪੁੱਤਰ ਸੁਭਾਸ਼ ਚਾਵਲਾ, ਪਤਾ : 861-ਸੀ ਆਦਰਸ਼ ਨਗਰ, ਫਗਵਾੜਾ, ਕਪੂਰਥਲਾ, ਪੰਜਾਬ-144401 (2) ਰਸ਼ਮੀ ਚਾਵਲਾ (ਸਹਿ-ਕਰਜ਼ਦਾਰ) ਪਤਨੀ ਨਵਨੀਤ ਚਾਵਲਾ ਪਤਾ : 861 ਸੀ, ਆਦਰਸ਼ ਨਗਰ, ਫਗਵਾੜਾ, ਕਪੂਰਥਲਾ, ਪੰਜਾਬ-144401. ਕਰਜ਼ਾ ਖਾਤਾ ਨੰ. : ਐੱਮ ਆਈ ਸੀ 007101521986 | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਅੱਚਲ ਜਾਇਦਾਦ ਪਿੰਡ ਫਗਵਾੜਾ ਗਰਬੀ ਜ਼ਿਲ੍ਹਾ ਕਪੂਰਥਲਾ, ਹੱਦਬਸਤ ਨੰ. 74, 3 ਮਰਲਾ ਪਲਾਟ ਜਿਸ ਦੀ ਵੈਲਿਊ 1/130 ਹਿੱਸਾ 19 ਕਨਾਲ ਪਲਾਟ 10 ਮਰਲੇ ਦਾ ਰਜਿਸਟਰਡ ਨੰ. ਸਮੇਤ, ਖਸਰਾ ਨੰ. 3508 (3-8), 3509 (6-0), 4284/3507 (4-11), 4285/3510 (3-19), 4286/3510 (1-12) ਵਿਧਾ/5 ਢਾਡਾ ਘਾਟ : 415/578 ਨਵਨੀਤ ਚਾਵਲਾ ਦੀ ਮਲਕੀਅਤ, ਹੱਦਾਂ (ਸਾਈਟ ਅਨੁਸਾਰ) ਪੂਰਬ : ਦਰਸ਼ਨ ਰਾਮ ਦਾ ਮਕਾਨ, ਪੱਛਮ : ਕਮਲਜੀਤ ਦਾ ਮਕਾਨ, ਉੱਤਰ : ਗਲੀ, ਦੱਖਣ: ਕਮਲਜੀਤ ਦਾ ਮਕਾਨ। ਰਹਿਣਕਾਰ : ਨਵਨੀਤ ਚਾਵਲਾ ਪੁੱਤਰ ਸੁਭਾਸ਼ ਚਾਵਲਾ |
| ਸੈਕਸ਼ਨ 13(2) ਤਹਿਤ ਨੋਟਿਸ ਦੀ ਮਿਤੀ 5 ਫਰਵਰੀ 2026 — ਕਬਜ਼ੇ ਦੀ ਮਿਤੀ 31/07/2026 | 02-02-2026 ਨੂੰ ਨੋਟਿਸ 'ਚ ਰਕਮ ਰੁਪਏ 14,07,430/- (ਚੌਦਾਂ ਲੱਖ ਸੱਤ ਹਜ਼ਾਰ ਚਾਰ ਸੌ ਤੀਹ ਰੁਪਏ ਕੇਵਲ) |
| (1) ਮੈਸ: ਸ੍ਰੀਨਾਥ ਪੈਲੇਸ ਰਾਹੀਂ ਇਸ ਦੇ ਮਾਲਕ ਸ੍ਰੀ ਓਮੇਸ਼ ਸ਼ਰਮਾ (ਕਰਜ਼ਦਾਰ ਅਤੇ ਰਹਿਣਕਾਰ) ਦਫਤਰ : ਸ੍ਰੀ ਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401, ਨਾਲ ਹੀ: ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (2) ਸਵ. ਸ੍ਰੀ ਆਸ਼ੂ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ (ਮ੍ਰਿਤਕ ਸਹਿ-ਕਰਜ਼ਦਾਰ/ਗਰੰਟਰ ਅਤੇ ਰਹਿਣਕਾਰ) ਰਾਹੀਂ ਇਸ ਦੇ ਕਾਨੂੰਨੀ ਵਾਰਸਾਂ : ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 (3) ਸ੍ਰੀ ਓਮੇਸ਼ ਸ਼ਰਮਾ (ਭਰਾ ਅਤੇ ਕਾਨੂੰਨੀ ਵਾਰਸ), ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ : ਸ੍ਰੀ ਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (4) ਸ੍ਰੀਮਤੀ ਮੰਜੁਲ ਸ਼ਰਮਾ (ਪਤਨੀ ਅਤੇ ਕਾਨੂੰਨੀ ਵਾਰਸ) ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401, ਨਾਲ ਹੀ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ ਫਗਵਾੜਾ-144401 (5) ਸ੍ਰੀਮਤੀ ਮੰਜੁਲ ਸ਼ਰਮਾ ਪਤਨੀ ਸਵ: ਸ੍ਰੀ ਆਸ਼ੂ ਸ਼ਰਮਾ (ਸਹਿ-ਕਰਜ਼ਦਾਰ ਅਤੇ ਗਰੰਟਰ) ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (6) ਸ੍ਰੀਮਤੀ ਸੋਨੀਆ ਸ਼ਰਮਾ ਪਤਨੀ ਸ੍ਰੀ ਓਮੇਸ਼ ਸ਼ਰਮਾ (ਸਹਿ-ਕਰਜ਼ਦਾਰ ਅਤੇ ਗਰੰਟਰ) ਵਾਸੀ ਮਕਾਨ ਨੰ. 210, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (7) ਸ੍ਰੀ ਓਮੇਸ਼ ਸ਼ਰਮਾ ਪੁੱਤਰ ਪ੍ਰਸ਼ੋਤਮ ਲਾਲ ਸ਼ਰਮਾ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ ਨੰ. 209, ਨੇੜੇ ਨਿਊ ਮਾਡਲ ਟਾਊਨ, ਰਿਜੈਂਸੀ ਟਾਊਨ, ਫਗਵਾੜਾ, ਜ਼ਿਲ੍ਹਾ ਕਪੂਰਥਲਾ-144401 (8) ਮੈਸਰਜ਼ ਟਰੈਵਲ 4 ਯੂ ਡਾਟ ਕਾਮ ਰਾਹੀਂ ਇਸ ਦੇ ਮਾਲਕ ਸ੍ਰੀ ਓਮੇਸ਼ ਸ਼ਰਮਾ/ਸਵ: ਸ੍ਰੀ ਆਸ਼ੂ ਸ਼ਰਮਾ (ਕਰਜ਼ਦਾਰ ਅਤੇ ਰਹਿਣਕਾਰ) ਦਫਤਰ : ਸ੍ਰੀਨਾਥ ਪੈਲੇਸ, ਪੁਰਾਣਾ ਡਾਕਖਾਨਾ ਰੋਡ, ਫਗਵਾੜਾ-144401 ਕਰਜ਼ਾ ਖਾਤਾ ਨੰ. 98588900000052 | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਜਾਇਦਾਦ ਨੰ. 1 ਮਕਾਨ ਨੰ. 210, ਰਕਬਾ 11 ਮਰਲੇ (10.85 ਮਰਲਾ) ਖਸਰਾ ਨੰ. 3545, 7074/3546, 7073/3546, 3549 ਵਿਖੇ ਸਥਿਤ, ਰਿਜੈਂਸੀ ਟਾਊਨ, ਨੇੜੇ ਨਿਊ ਮਾਡਲ ਟਾਊਨ, ਫਗਵਾੜਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ। ਹੱਦਾਂ : ਪੂਰਬ : ਸੜਕ, ਪੱਛਮ : ਇਮਾਰਤ, ਉੱਤਰ : ਜਾਇਦਾਦ ਨੰ. 211, ਦੱਖਣ : ਜਾਇਦਾਦ ਨੰ. 209, ਰਹਿਣਕਾਰ : ਸ੍ਰੀ ਓਮੇਸ਼ ਸ਼ਰਮਾ ਅਤੇ ਸ੍ਰੀ ਆਸ਼ੂ ਸ਼ਰਮਾ (ਮ੍ਰਿਤਕ ਰਾਹੀਂ ਕਾਨੂੰਨੀ ਵਾਰਸਾਂ) ਜਾਇਦਾਦ ਨੰ. 2 : ਮਕਾਨ ਨੰ. 211, ਰਕਬਾ 12 ਮਰਲੇ, ਖਸਰਾ ਨੰ. 3545, 7074/3546, 7073/3546 ਵਿਖੇ ਸਥਿਤ, ਰਿਜੈਂਸੀ ਟਾਊਨ, ਨੇੜੇ ਨਿਊ ਮਾਡਲ ਟਾਊਨ, ਫਗਵਾੜਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ। ਹੱਦਾਂ : ਪੂਰਬ : ਸੜਕ, ਪੱਛਮ : ਇਮਾਰਤ, ਉੱਤਰ : ਜਾਇਦਾਦ ਨੰ. 211, ਦੱਖਣ : ਜਾਇਦਾਦ ਨੰ. 209, ਰਹਿਣਕਾਰ : ਸ੍ਰੀ ਓਮੇਸ਼ ਸ਼ਰਮਾ ਅਤੇ ਸ੍ਰੀ ਆਸ਼ੂ ਸ਼ਰਮਾ (ਮ੍ਰਿਤਕ ਰਾਹੀਂ ਕਾਨੂੰਨੀ ਵਾਰਸਾਂ) ਜਾਇਦਾਦ ਨੰ. 3, ਮਕਾਨ ਨੰ. 209, ਰਕਬਾ 13-3/4 ਮਰਲਾ ਖਸਰਾ ਨੰ. 3545, 7074/3546, 7073/3546, 3549 'ਚ ਸਥਿਤ, ਰਿਜੈਂਸੀ ਟਾਊਨ ਵਿਖੇ, ਨੇੜੇ ਨਿਊ ਮਾਡਲ ਟਾਊਨ, ਫਗਵਾੜਾ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ। ਹੱਦਾਂ : ਪੂਰਬ : ਸੜਕ, ਪੱਛਮ : ਇਮਾਰਤ, ਉੱਤਰ : ਜਾਇਦਾਦ ਨੰ. 211, ਦੱਖਣ : ਜਾਇਦਾਦ ਨੰ. 209, ਰਹਿਣਕਾਰ : ਸ੍ਰੀ ਓਮੇਸ਼ ਸ਼ਰਮਾ ਅਤੇ ਸ੍ਰੀ ਆਸ਼ੂ ਸ਼ਰਮਾ (ਮ੍ਰਿਤਕ ਰਾਹੀਂ ਕਾਨੂੰਨੀ ਵਾਰਸਾਂ) |
| ਸੈਕਸ਼ਨ 13 (2) ਤਹਿਤ ਨੋਟਿਸ ਦੀ ਮਿਤੀ 30.04.2026 — ਕਬਜ਼ੇ ਦੀ ਮਿਤੀ 31.07.2026 | ਨੋਟਿਸ 'ਚ ਰਕਮ : 30.04.2026 ਨੂੰ ਰੁਪਏ 39,65,149.70/- (ਉਨਤਾਲੀ ਲੱਖ ਪੈਂਹਠ ਹਜ਼ਾਰ ਇੱਕ ਸੌ ਉਨੰਜਾ ਰੁਪਏ ਅਤੇ ਸੱਤਰ ਪੈਸੇ ਕੇਵਲ) |

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਅਧੀਨ ਜੇਕਰ ਸਾਰੇ ਬਕਾਏ ਸਮੇਤ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਜਨਤਕ ਨਿਲਾਮੀ/ਵਿਕਰੀ ਲਈ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ ਜਮ੍ਹਾਂ ਕਰਵਾਏ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਦੀ ਵਿਕਰੀ ਨਹੀਂ ਕੀਤੀ ਜਾਵੇਗੀ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਦੀ ਵਿਕਰੀ ਜਾਂ ਤਬਦੀਲੀ ਨਹੀਂ ਕੀਤੀ ਜਾਵੇਗੀ ਅਤੇ ਸਾਡੇ ਵੱਲੋਂ ਉਸ ਸਕਿਉਰਡ ਐੱਸਟ ਦੀ ਵਿਕਰੀ ਜਾਂ ਤਬਦੀਲੀ ਲਈ ਹੋਰ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

ਮਿਤੀ : 05/08/2026, ਸਥਾਨ : ਪੰਜਾਬ — ਸਹੀ/- (ਅਧਿਕਾਰਤ ਅਫਸਰ), ਯੈੱਸ ਬੈਂਕ ਲਿਮਟਿਡ

# ਅਪਰੇਸ਼ਨ ਪ੍ਰਹਾਰ 04 ਤਹਿਤ ਵੱਖ-ਵੱਖ ਮਾਮਲਿਆਂ 'ਚ 4 ਨੌਜਵਾਨ ਗ੍ਰਿਫ਼ਤਾਰ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਡੇਰਾ ਬਾਬਾ ਨਾਨਕ ਪੁਲਸ ਵੱਲੋਂ ਆਪਰੇਸ਼ਨ ਪ੍ਰਹਾਰ 04 ਦੇ ਚੱਲਦਿਆਂ ਚਾਰ ਵੱਖ-ਵੱਖ ਮਾਮਲਿਆਂ ਵਿੱਚ 2 ਨੌਜਵਾਨਾਂ ਨੂੰ ਹੈਰੋਇਨ ਸਮੇਤ, 1 ਨੌਜਵਾਨ ਨੂੰ ਲੜਾਈ ਝਗੜੇ ਅਤੇ 1 ਜੋ ਪਹਿਲਾਂ ਹੀ ਅਸਲਾ ਐਕਟ ਅਧੀਨ ਲੋੜੀਂਦਾ ਸੀ, ਨੂੰ ਅਸਲਾ ਐਕਟ ਤਹਿਤ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਇਸ ਸਬੰਧੀ ਪੱਤਰਕਾਰਾਂ ਨੂੰ ਵਧੇਰੇ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਇੰਸਪੈਕਟਰ ਕੈਲਾਸ਼ ਚੰਦਰ ਨੂੰ ਪੁਲਸ ਪਾਰਟੀ ਸਮੇਤ ਦੌਰਾਨੇ ਗਸ਼ਤ ਪਿੰਡ ਵੈਰੋਕੇ ਨੇੜੇ ਪੈਦਲ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ। ਜਦ ਉਕਤ ਨੌਜਵਾਨ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 8 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਸ ਦਾ ਨਾਂਅ ਲਵਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਠੇਠਰਕੇ ਹੈ। ਉਕਤ ਨੌਜਵਾਨ ਖਿਲਾਫ ਐੱਨ ਡੀ ਪੀ ਐੱਸ ਐਕਟ ਅਧੀਨ ਮੁਕੱਦਮਾ ਨੰਬਰ 171 ਮਿਤੀ 3/8/2026 ਦਰਜ ਕੀਤਾ ਗਿਆ ਹੈ। ਧਰਮਕੋਟ ਰੰਧਾਵਾ ਚੌਕੀ ਇੰਚਾਰਜ ਸੁਖਦੇਵ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਨਾਕਾਬੰਦੀ ਦੌਰਾਨ ਸੁਖਵਿੰਦਰ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਧਰਮਕੋਟ ਪੱਤਣ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਉਸ ਨੌਜਵਾਨ ਖਿਲਾਫ ਐੱਨ ਡੀ ਪੀ ਐੱਸ ਐਕਟ ਮੁਕੱਦਮਾ ਨੰਬਰ 170 ਮਿਤੀ 3/8/2026 ਦਰਜ ਕੀਤਾ ਗਿਆ ਹੈ। ਆਪਸੀ ਲੜਾਈ ਝਗੜੇ ਵਿੱਚ ਲੋੜੀਂਦੇ ਪੀਟਰ ਮਸੀਹ ਪੁੱਤਰ ਸੁੱਚਾ ਮਸੀਹ ਪਿੰਡ ਮੇਘਾ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਇੱਕ ਨੌਜਵਾਨ ਇੰਦਰਾਸ ਮਸੀਹ ਪੁੱਤਰ ਸੈਮੂਅਲ ਮਸੀਹ ਵਾਸੀ ਪਿੰਡ ਮੰਗੀਆਂ ਜੋ ਪੁਲਸ ਨੂੰ ਅਸਲਾ ਐਕਟ ਅਧੀਨ ਪਹਿਲਾਂ ਹੀ ਕੇਸ ਵਿੱਚ ਲੋੜੀਂਦਾ ਸੀ ਉਸ ਨੂੰ ਵੀ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਉਕਤ ਨੌਜਵਾਨ ਨੂੰ 111/26/25,54,59 ਅਸਲਾ ਐਕਟ ਅਧੀਨ ਨਾਮਜ਼ਦ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਾਰੇ ਨੌਜਵਾਨਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਇੰਸਪੈਕਟਰ ਕੈਲਾਸ਼ ਚੰਦਰ, ਏਐੱਸਆਈ ਸੁਖਦੇਵ ਸਿੰਘ, ਚੌਕੀ ਇੰਚਾਰਜ ਧਰਮਕੋਟ ਰੰਧਾਵਾ ਅਤੇ ਹੌਲਦਾਰ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I Balwant Kaur W/O Des Raj R/O Vpo Taunsa Teh Balachaur Distt Sbs Nagar Punjab Have Changed My Name To Kaur Balwant. Kaur Is My Surname. All Please Note.

I, Sanjeev S/O Shri Mithu lal R/o House No 3, Khuria Kingra, Near Bolstar, Khambra, Jalandhar - 144 026 have changed my name Sanjeev to Sanjeev Sharma. All concerned please note.

I, Pushpa Heer wife of Late Sh Amar Paul Heer resident of HNo. NG 67 Prabhat Nagar Mohalla Gazi Gulla Jalandhar declare that Pushpa Heer and Pushpa Devi are one and the same person in the eyes of law

I, Sonia wife of Tarlochan Singh resident of VPO Pakhowal District Hoshiarpur, Punjab-144528 declare that I have changed the name Sonia to Sonia Kaur please note.

I,Gurbakhash Singh Chhina S/O Raghbir Singh R/O VPO Harse Chhina (Vichla Qilla) Tehsil Ajnala Distt. Amritsar, Punjab have changed my daughter's name from Samreen Kaur Chhina to Samreen Kaur.Concerned note.

I, Amit Gagneja S/o Surinder Kumar Gagneja R/o H.No. B-34-7968/11, Street No. 15, Durgapuri, Near Sidhi Vinayak Mandir, New Maya Nagar, Haibowal Kalan, PO. Ludhiana Distt. Ludhiana Punjab have changed my name from Amit Gagneja to Amit Kumar Gagneja. Concerned note.

I, Chandni W/o Amit Kumar Gagneja R/o H.No. B-34-7968/11, Street No. 15, Durgapuri, Near Sidhi Vinayak Mandir, New Maya Nagar, Haibowal Kalan, PO. Ludhiana Distt. Ludhiana Punjab have changed my name from Chandni to Chandni Gagneja. Concerned note.

I, Priya Verma D/o Tarsem Verma W/o Kamalpreet Singh R/O F.G.C Road, Baba Deep Singh Colony, Nangli Bhatha, Amritsar, Punjab-143001 have changed my name from Priya Verma to Priya.

I, Sonia W/o Happy Vig R/o 480, Gali Faqir Khana, Bazar Kaserian, Amritsar have changed my name from Sonia to Sonia Vig.

I, Ruby W/o Beant Singh R/o 73, Anmol Enclave Ram Tirath Road, Mahal Sub Urban, Distt. Amritsar, Punjab- 143105 have changed my name from Ruby to Ruby Rani.

I, Asif Ali S/o Avtar Singh R/o Ajnala, Gurdwara Wali Gali, Dalam, Distt. Amritsar, Punjab-143102 have changed my name from Asif Ali to Ali is my surname and Asif is my given name.

Jaspreet Singh S/O Gurnam Singh R/O Gali No. 05 Friends Colony, Phagwara, Distt. Kapurthala, Punjab I have changed my name from Jaspreet Singh To Singh Jaspreet. (Singh as my surname). All concerned please note.

I Manpreet Kaur W/O Arun Sidhu, R/o Catholic Church, Nandanpur, PO Nagra, Distt Jalandhar, Punjab-144013 have changed my name from Manpreet Kaur to Manpreet Kaur Sidhu. All concerned may note.

I, Rohit S/o Dalbir Chand, R/o H.No. B IX 449/23, Santokhpura, Jalandhar have changed my name from Rohit to Rohit Heer.

I Kajal W/O Ajay Kumar R/O Vill Dhandour PO Isharwal Distt. Jalandhar, punjab, 144302 have changed my name from Kajal to Kajal Kumari.

I, Reena Gill W/o Kamaldeep Gill R/o H.No. 96, Subhana, PO. Mithapur, Jalandhar-144001, Punjab have changed my name from Reena to Reena Gill. All concerned please note.

I, Sunil Kumar son of Surinder Pal resident of Village Nangal Karar Khan, District Jalandhar, Punjab-144024 have changed my name from Sunil Kumar to Given Name Sunil & Surname as Kumar. All concerned please note.

I, Jatinder Singh son of Parmjit Singh R/o Village Sheikhpur Kalan, PO. Jaintipur, Tehsil Batala, Distt. Gurdaspur, Punjab-143505 have changed my name from Jatinder Singh to Given Name Jatinder & Surname as Singh. Concerned note.

I, Sonia Kour W/o Jagjit Singh R/o Gali No. 2, Preet Nagar, Batala, District Gurdaspur, Punjab-143505 have changed the name of my minor son from Harshit Bhasin to Harshdeep Singh. Concerned note.

I Palav K Batra S/O Hemant Batra R/O 46-A, Basant Avenue, Amritsar have changed my name from Palav K Batra to Pallav Batraa. Concerned please note.

I, Jasbir Kaur alias Harjinder Kaur W/o Sukha Singh R/O VPO Baler Tehsil Patti District Tarn Taran have changed my name from Jasbir Kaur alias Harjinder Kaur to Jasbir Kaur

I, Rajwinder Kaur Bhangu W/o Gurnam Singh Bhangu R/o H.No.161/70, Sun Sahib Road, Baba Deep Singh colony, Chheharta, Amritsar have changed my name from Rajwinder Kaur Bhangu to Rajwinder Kaur

I Sunny Masih S/O Yaqub Masih R/O Vpo Shikar Teh Dera Baba Nanak Distt Gurdaspur.That Declare Masih Is My Surname And Sunny Is My Given Name

I, Payal Mahajan W/O Danish Davar R/O H. No. 20-A, Dosandha Singh Road, Amritsar Have Changed My Name After Marriage To Payal Davar. All Concerned Please Note.

I, Gurmeet Singh and Gurmit Singh S/o Mukhtar Singh R/o Village Dhun Tehsil Bhikhiwind District Tarn Taran have declare that above both names are mine one and same person.

## Change of Name

I, Inamulla S/o Mahfuj R/o Ward No. 6 Khajur Wali Masjid Patti have changed my name from Inamulla to Inam Ulla Khan.

I, PRABHSIMRAN SINGH S/o Sukhjit Singh R/O VPO. Ramidi, Distt. Kapurthala have changed my name from PRABHSIMRAN SINGH to PRABHSIMRAN SINGH BAL.

I, Rajesh Kumar s/o Davinder Nath r/o Vill. Fajjupur, Po. Dhariwal, Gurdaspur have changed my Given name as Rajesh & Surname as Kumar. All Please Note.

I, Dawinder Nath S/o Bhag Mal r/o Vill. Fajjupur, Po. Dhariwal, Gurdaspur have correction in my name as Davinder Nath. All Please Note.

I, Love Verma s/o Vijay Kumar Verma r/o 34, New Friends Colony, Khurla Kingra, Near Belleuve Green Apartments, Jalandhar have changed my name from Love verma to Love Kumar Verma. All Please Note.

I, Sachin Mirajakar s/o Arun Mirajkar r/o Flat No. J-603, Jalandhar Heights-2, 66 Feet Road, Pholriwala, Po.Garha, Jalandhar have changed my name from Sachin Mirajakar to Sachin Mirajkar. All Please Note.

I, Tulika Mirajakar d/o Sachin Mirajkar r/o Flat No. J-603, Jalandhar Heights-2, 66 Feet Road, Pholriwala, Po. Garha, Jalandhar have changed my name from Tulika Mirajakar to Tulika Mirajkar. All Please Note.

I, Sukhbir Kaur Arora w/o Surinder Singh r/o 47-A, Raja Garden Extension, Basti Peer Dad, Basti Bawa Khel, Jalandhar have changed my name from Sukhbir Kaur Arora to Sukhbir Kaur. All Please Note.

I, Kulvadhar Kaur W/o Sulakhan Singh R/O VPO. Tahli, Dasuya, Distt. Hoshiarpur, Punjab, 144202 have changed my name to Kulwinder Kaur. All Please Note.

I, Jaskaran Singh S/o Jaswinder Singh R/o Vill. Dhawankhe Nishan, Po. Mansoorwal Dona, Distt. Kapurthala, Punjab have changed my name from Jaskaran Singh to Singh Jaskaran (Surname as Singh) All Please Note.

I, Gurpreet S/o Prem Lal R/o Vill. Lakhan Kalan, Distt. Kapurthala, Punjab have changed my name from Gurpreet to Gurpreet Singh (Surname as Singh) All Please Note.

I, Harnek Singh S/o Sohan Singh R/o VPO. Saiflabad, Distt. Kapurthala, Punjab have changed my name from Harnek Singh to Singh Harnek (Surname as Singh) All Please Note.

## ਬੇਦਖਲੀ ਨੋਟਿਸ

[illegible]

## ਬੇਦਖਲੀ ਨੋਟਿਸ

ਮੈਂ ਨਿਸ਼ਾਨ ਮਸੀਹ ਪੁੱਤਰ ਦੀਵਾਨ ਮਸੀਹ ਵਾਸੀ ਪਿੰਡ ਉਧੋਵਾਲ ਡਾਕਖਾਨਾ ਖੋਖਰ ਫ਼ੌਜੀਆਂ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਸਪਨਾ ਪਤਨੀ ਦਾਨੀਅਲ ਅਕਸਰ ਹੀ ਲੜਾਈ ਝਗੜਾ ਕਰਦੀ ਰਹਿੰਦੀ ਹੈ ਅਤੇ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ ਅਤੇ ਅੱਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਮੰਗੂ ਸਿੰਘ ਪੁੱਤਰ ਇੰਦਰ ਸਿੰਘ ਵਾ ਬਲਦੇਵ ਕੌਰ ਪਤਨੀ ਮੰਗੂ ਸਿੰਘ ਵਾਸੀਆਨ ਵਾਰਡ ਨੰ: 10, ਟਿੱਬਾ ਬਸਤੀ ਬਰੇਟਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਜਰਨੈਲ ਸਿੰਘ ਅਤੇ ਨੂੰਹ ਹਰਦੀਪ ਕੌਰ ਪਤਨੀ ਜਰਨੈਲ ਸਿੰਘ ਵਾ ਇਨ੍ਹਾਂ ਦੇ ਬੱਚੇ ਯਸਮੀਨ ਕੌਰ, ਗੁਰਪ੍ਰੀਤ ਕੌਰ, ਭਾਨੀ ਕੌਰ, ਸਗਨਪ੍ਰੀਤ ਸਿੰਘ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਆਪਣੇ ਪੁੱਤਰ, ਨੂੰਹ ਅਤੇ ਪੋਤੇ ਪੋਤਰੀਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ, ਬਲਵਿੰਦਰ ਸਿੰਘ ਪੁੱਤਰ ਜਸਮੇਰ ਸਿੰਘ ਵਾਸੀ ਮਕੋਰੜ ਸਾਹਿਬ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ ਗੁਰਮੀਤ ਕੌਰ ਪਤਨੀ ਲਖਵਿੰਦਰ ਸਿੰਘ ਪੁੱਤਰ ਬਸੰਤ ਸਿੰਘ, ਵਾਸੀ ਮਹਿਤਾ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਮਨਪ੍ਰੀਤ ਸਿੰਘ, ਨੂੰਹ ਮਨਦੀਪ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ । ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਜਸਵਿੰਦਰ ਸਿੰਘ ਪੁੱਤਰ ਤਰਲੋਕ ਸਿੰਘ ਵਾਸੀ ਪਿੰਡ ਮਹਿਲਾਂਵਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿਸਪਾਲ ਸਿੰਘ, ਜੋ ਸ਼ਾਦੀਸ਼ੁਦਾ ਹੈ ਤੇ ਦੁਬਈ ਰਹਿ ਰਿਹਾ ਹੈ। ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਗਲਤ ਸੁਸਾਇਟੀ ਵਿਚ ਪੈ ਚੁੱਕਾ ਹੈ। ਮੈਂ ਉਸ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਸੋਢੀ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਨਸੀਰੇਵਾਲ, ਤਹਿ. ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦਾ ਰਹਿਣ ਵਾਲਾ ਹਾਂ। ਇਹ ਹੈ ਕਿ ਮੇਰਾ ਲੜਕਾ ਰਾਹੁਲ ਮੇਰੇ ਕਹਿਣੇਕਾਰ ਤੋਂ ਬਾਹਰ ਹੈ। ਮੈਂ ਉਸ ਨੂੰ ਕੁਲ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।

ਅਸੀਂ, ਗਿੰਦਰ ਸਿੰਘ ਪੁੱਤਰ ਛੋਟਾ ਸਿੰਘ, ਜਸਪਾਲ ਕੌਰ ਪਤਨੀ ਗਿੰਦਰ ਸਿੰਘ, ਵਾਸੀਆਨ ਖੰਡੇਬਾਦ, ਤਹਿਸੀਲ ਲਹਿਰਾ, ਜ਼ਿਲ੍ਹਾ ਸੰਗਰੂਰ ਬਿਆਨ ਕਰਦੇ ਹਾਂ ਕਿ ਸਾਡੀ ਨੂੰਹ ਸੁਮਨਜੀਤ ਕੌਰ ਪਤਨੀ ਸਵ: ਸੈਬਰ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਅਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਚੰਗੂ ਲਾਲ ਪੁੱਤਰ ਸ੍ਰੀ ਰਾਮ ਨਰਾਇਣ ਵਾਸੀ ਮਕਾਨ ਨੰਬਰ 747, ਗਲੀ ਨੰ: 2, ਜੀ. ਟੀ. ਰੋਡ, ਨਿਊ ਆਜ਼ਾਦ ਨਗਰ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਦੀਪ ਕੁਮਾਰ ਅਤੇ ਉਸ ਦੀ ਪਤਨੀ ਊਸ਼ਾ ਦੇਵੀ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

[illegible]

## ਬੇਦਖਲੀ ਨੋਟਿਸ

ਮੈਂ, ਤਰਸੇਮ ਸਿੰਘ ਪੁੱਤਰ ਭਾਨ ਸਿੰਘ, ਵਾਸੀ ਮੁਹੱਲਾ ਸ਼ਿਵ ਕਾਲੋਨੀ, ਨੇੜੇ ਸਰਕਾਰੀ ਸਕੂਲ, ਵਾਰਡ ਨੰਬਰ-40, ਜ਼ਿਲ੍ਹਾ ਕਪੂਰਥਲਾ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜਵੀਰ, ਜੋ ਕਿ ਮੇਰੇ ਕਹਿਣਕਾਰ ਵਿੱਚ ਨਹੀਂ ਹੈ। ਮੈਂ ਆਪਣੇ ਲੜਕੇ ਰਾਜਵੀਰ ਸਿੰਘ ਨੂੰ ਆਪਣੀ ਤਮਾਮ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੇ ਉਕਤ ਲੜਕੇ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਦਾਰ ਹੋਵੇਗਾ। ਮੇਰੀ ਕੋਈ ਜ਼ਿੰਮੇਦਾਰੀ ਨਹੀਂ ਹੋਵੇਗੀ।

ਅਸੀਂ, ਜੋਗਰਾਜ ਸਿੰਘ ਅਤੇ ਮਨਿੰਦਰਜੀਤ ਸਿੰਘ ਪੁੱਤਰ ਦਲਜੀਤ ਸਿੰਘ, ਵਾਸੀ ਮਕਾਨ ਨੰ: 32, 3, ਤਰਨ ਤਾਰਨ ਰੋਡ, ਕੋਟ ਮਿਤ ਸਿੰਘ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਪਿਤਾ ਦਲਜੀਤ ਸਿੰਘ, ਜੋ ਸਾਡੇ ਕਹਿਣੇ ਵਿਚ ਨਹੀਂ ਹਨ ਅਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਅਸੀਂ ਆਪਣੇ ਪਿਤਾ ਦਲਜੀਤ ਸਿੰਘ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਅੱਜ ਤੋਂ ਦਲਜੀਤ ਸਿੰਘ ਦਾ ਸਾਡੀ ਮਾਤਾ ਹਰਦੀਪ ਕੌਰ ਤੇ ਸਾਡੇ ਬਾਕੀ ਪਰਵਾਰਕ ਮੈਂਬਰਾਂ ਨਾਲ ਕੋਈ ਸੰਬੰਧ ਵਾ ਤਲਕ-ਵਾਸਤਾ ਨਹੀਂ ਹੋਵੇਗਾ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਗੁਰਬਚਨ ਲਾਲ ਪੁੱਤਰ ਹੰਸਰਾਜ ਸੈਣੀ ਅਤੇ ਦਯਾ ਰਾਣੀ ਪਤਨੀ ਗੁਰਬਚਨ ਲਾਲ ਵਾਸੀਆਨ ਮ: ਨੰ: 898/7 ਗਲੀ ਮੱਟੀ ਵਾਲੀ, ਚੌਕ ਪਾਸੀਆਂ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਕੇਸ਼ ਸੈਣੀ (ਕੁਆਰਾ) ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਅਤੇ ਸਾਡੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

## ਨਾਂਅ ਦੀ ਬਦਲੀ

ਮੈਂ ਹਰਪ੍ਰੀਤ ਕੌਰ ਪਲਾਹਾ ਪਤਨੀ ਹਰਪ੍ਰੀਤ ਸਿੰਘ ਰਿਹਾਇਸ਼ #112, ਨੇੜੇ ਬਲੇਜ਼ਿੰਗ ਸਟਾਰ, ਟੀਚਰ ਕਲੋਨੀ ਬਠਿੰਡਾ ਨੇ ਆਪਣਾ ਨਾਮ ਹਰਪ੍ਰੀਤ ਕੌਰ ਪਲਾਹਾ ਬਦਲ ਕੇ ਹਰਪ੍ਰੀਤ ਕੌਰ ਰੱਖ ਲਿਆ ਹੈ।

ਮੈਂ ਹਰਪ੍ਰੀਤ ਸਿੰਘ ਪਲਾਹਾ, ਪੁੱਤਰ ਅਵਤਾਰ ਸਿੰਘ ਪਲਾਹਾ ,ਵਾਸੀ # 112, ਨੇੜੇ ਬਲੇਜ਼ਿੰਗ ਸਟਾਰ, ਟੀਚਰ ਕਲੋਨੀ, ਬਠਿੰਡਾ, ਨੇ ਆਪਣਾ ਨਾਮ ਹਰਪ੍ਰੀਤ ਸਿੰਘ ਪਲਾਹਾ ਤੋਂ ਬਦਲ ਕੇ 'ਹਰਪ੍ਰੀਤ ਸਿੰਘ' ਰੱਖ ਲਿਆ ਹੈ।

ਮੈਂ ਮੇਜਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਬਡਲਾ ਤਹਿਸੀਲ ਅਤੇ ਜਿਲਾ ਹੁਸ਼ਿਆਰਪੁਰ ਨੇ ਆਪਣੀ ਨਾਬਾਲਗ ਲੜਕੀ ਦਾ ਨਾਮ ਗੁਰਪ੍ਰੀਤ ਤੋ ਬਦਲ ਕੇ ਗੁਰਪ੍ਰੀਤ ਕੌਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਮੋਹਿਤ ਪੁੱਤਰ ਸ੍ਰੀ ਪ੍ਰੇਮ ਸਿੰਘ, ਵਾਸੀ ਸ੍ਰੀ ਗੰਗਾਨਗਰ ਰੋਡ, ਮਹਾਤਮਾ ਬੁੱਧ ਕਾਲੋਨੀ, ਅਬੋਹਰ, ਜ਼ਿਲ੍ਹਾ ਫਾਜ਼ਿਲਕਾ, ਪੰਜਾਬ - 152116, ਇਸ ਦੁਆਰਾ ਐਲਾਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਮੋਹਿਤ ਤੋਂ ਬਦਲ ਕੇ ਮੋਹਿਤ ਸ਼ਾਕੀਆ ਰੱਖ ਲਿਆ ਹੈ ਅਤੇ ਭਵਿੱਖ ਵਿੱਚ ਮੈਂ ਮੋਹਿਤ ਸ਼ਾਕੀਆ ਦੇ ਨਾਮ ਨਾਲ ਹੀ ਜਾਣਿਆ ਜਾਵਾਂਗਾ।

ਮੈਂ, ਦਲਜੀਤ ਕੌਰ ਪਤਨੀ ਕਮਲ ਵਾਸੀ ਪਿੰਡ ਜੈਤੇ ਵਾਲੀ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣੇ ਨਾਬਾਲਗ ਲੜਕੇ ਦਾ ਨਾਮ ਪਾਰਸ ਤੋਂ ਬਦਲ ਕੇ ਪਾਰਸ ਮਹਿਮੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ। (ਆਰ)

ਮੈਂ, ਨੇਹਾ ਪਤਨੀ ਮੁਰਲੀ ਧਰ ਸਿੰਗਲਾ, ਵਾਸੀ ਵਾਰਡ ਨੰਬਰ 16-ਏ/130, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਨੇਹਾ ਸਿੰਗਲਾ ਰੱਖ ਲਿਆ ਹੈ।

## ਆਮ ਸੂਚਨਾ

ਮੈਂ, ਸੁਰੇਸ਼ ਕੁਮਾਰ ਪੁੱਤਰ ਸ੍ਰੀ ਫਲੀਆ ਰਾਮ (ਰਾਮ ਫਲ) ਨਿਵਾਸੀ ਬਨਾਰਸੀ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੇ ਨਿੱਜੀ ਪਛਾਣ ਪੱਤਰਾਂ, ਵਿਦਿਅਕ ਰਿਕਾਰਡਾਂ ਅਤੇ ਸਰਕਾਰੀ ਕਾਗਜ਼ਾਂ ਵਿਚ ਮੇਰੇ ਪਿਤਾ ਦਾ ਨਾਂਅ ਫਲੀਆ ਰਾਮ ਦਰਜ ਹੈ। ਜਦ ਕਿ ਜ਼ਮੀਨ ਦੇ ਮਾਲ ਰਿਕਾਰਡ (ਜਮ੍ਹਾਂਬੰਦੀ/ਫਰਦ), ਜਾਇਦਾਦ ਦੇ ਦਸਤਾਵੇਜ਼ਾਂ ਵਿਚ ਅਤੇ ਮੇਰੀ ਮਾਤਾ, ਮੇਰੇ ਭੈਣ-ਭਰਾਵਾਂ ਦੇ ਸਰਕਾਰੀ ਪਛਾਣ ਪੱਤਰਾਂ ਵਿਚ ਪਿਤਾ ਦਾ ਨਾਂਅ ਰਾਮ ਫਲ ਦਰਜ ਹੈ। ਫਲੀਆ ਰਾਮ ਅਤੇ ਰਾਮ ਫਲ ਇਕ ਹੀ ਵਿਅਕਤੀ ਦੇ ਨਾਂਅ ਹਨ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 19/0510 ਅਰੂੜ ਸਿੰਘ ਉਰਫ ਰੂੜ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਬੋਹੜ ਸਿੰਘ ਪੁੱਤਰ ਰੂੜ ਸਿੰਘ ਰਕਬਾ ਮੱਲਾਂਵਾਲਾ ਸ਼ਮਾਲੀ, ਤਹਿਸੀਲ ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਰਾਮ ਸਿੰਘ ਪੁੱਤਰ ਜਾਵੰਦ ਸਿੰਘ, ਪਿੰਡ ਕਰਤਾਰਪੁਰ (ਅੰਮ੍ਰਿਤਸਰ) ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 18/2658-ਐਕਸ ਨੂੰ ਬਲਦੇਵ ਸਿੰਘ ਪੁੱਤਰ ਬੇਲਾ ਸਿੰਘ ਕਰਤਾਰਪੁਰ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ 20 ਦਿਨਾਂ ਅੰਦਰ ਦਫਤਰ ਉਪ ਮੰਡਲ ਅਫਸਰ ਬਾਬਾ ਬਕਾਲਾ ਸਾਹਿਬ ਪੁੱਜਣ ।

ਏ.ਪੀ.ਟਿਊਬਵੈਲ ਕੁਨੈਕਸਨ ਖਾਤਾ ਨੰਬਰ 49/179 ਜੋ ਕਿ ਲੇਟ ਸ੍ਰੀ ਦਰਸ਼ਨ ਸਿੰਘ ਪੁੱਤਰ ਮੇਜਾ ਸਿੰਘ ਵਾਸੀ ਕਿਰਤੋਵਾਲ ਖੁਰਦ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੇ ਨਾਮ ਉਪਰ ਸਬ ਡਵੀਜਨ ਪੀ.ਐਸ.ਪੀ.ਸੀ.ਐਲ. ਹਰੀਕੇ ਅਧੀਨ ਵਾਕਿਆ ਰਕਬਾ ਕਿਰਤੋਵਾਲ ਖੁਰਦ ਤਹਿਸੀਲ ਪੱਟੀ ਵਿਖੇ ਚੱਲ ਰਿਹਾ ਹੈ। ਇਸ ਕੁਨੈਕਸ਼ਨ ਦਾ ਨਾਮ ਬਦਲੀ ਸ੍ਰੀਮਤੀ ਹਰਪ੍ਰੀਤ ਕੌਰ ਉਪਲ ਪਤਨੀ ਗੁਰਲਾਲ ਸਿੰਘ ਪੁੱਤਰ ਜਗਦੀਸ਼ ਸਿੰਘ ਵਾਸੀ ਕਿਰਤੋਵਾਲ ਖੁਰਦ ਤਹਿਸੀਲ ਪੱਟੀ ਜਿਲਾ ਤਰਨਤਾਰਨ ਦੇ ਨਾਮ ਉਪਰ ਤਬਦੀਲ ਕੀਤਾ ਜਾ ਰਿਹਾ ਹੈ।ਜੇਕਰ ਕਿਸੇ ਵਿਅਕਤੀ ਨੂੰ ਕਿਸੇ ਕਿਸਮ ਦਾ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਦਫਤਰ ਪੇਸ਼ ਹੋ ਕੇ ਆਪਣਾ ਇਤਰਾਜ ਜਾਹਿਰ ਕਰ ਸਕਦਾ ਹੈ ਜੀ। ਉਪ ਮੰਡਲ ਅਫ਼ਸਰ, ਪੰਜਾਬ ਸਟੇਟ ਪਾਵਰ ਕਾਰ: ਲਿਮ. ਸਬ ਡਵੀਜ਼ਨ ਹਰੀਕੇ (ਤਰਨਤਾਰਨ)।

ਖਾਤਾ ਨੰ. ਏ ਪੀ 29/0201 (3004544241) ਬਚਨ ਸਿੰਘ ਪੁੱਤਰ ਠਾਕੁਰ ਸਿੰਘ, ਵਾਸੀ ਪਿੰਡ ਡੱਲਾ, ਤਹਿ. ਫਿਲੌਰ ਵਿਖੇ ਟਿਊਬਵੈੱਲ ਕੁਨੈਕਸ਼ਨ ਉਪ ਮੰਡਲ ਨੂਰਮਹਿਲ ਪੀ ਐੱਸ ਪੀ ਸੀ ਐੱਲ ਵਿਖੇ ਚੱਲ ਰਿਹਾ ਹੈ। ਇਹ ਕੁਨੈਕਸ਼ਨ ਸਰਬਜੀਤ ਕੌਰ ਪਤਨੀ ਬਲਵਿੰਦਰ ਸਿੰਘ ਦੇ ਨਾਂਅ 'ਤੇ ਤਬਦੀਲ ਕੀਤਾ ਜਾ ਰਿਹਾ ਹੈ, ਜੇ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿਚ ਪੀ ਐੱਸ ਪੀ ਸੀ ਐੱਲ ਨੂਰਮਹਿਲ ਉਪ ਮੰਡਲ ਨੂੰ 30 ਦਿਨਾਂ ਵਿਚ ਦੇਵੇ।

ਮੈਂ ਕਰਨੈਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਲੱਖਣ ਕਲਾਂ ਜਿਲਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਵੀਰ ਸਿੰਘ ਜੋ ਕੀ ਮੇਰੇ ਕਹਿਣੇ ਕਾਰ ਵਿੱਚ ਨਾ ਹੋਣ ਕਰਕੇ ਮੈਂ ਆਪਣੇ ਪੁੱਤਰ ਗੁਰਵੀਰ ਸਿੰਘ ਨੂੰ ਆਪਣੀ ਤਮਾਮ ਚਲ ਅਚਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਮੈਂ ਆਪਣੇ ਉਕਤ ਲੜਕੇ ਗੁਰਵੀਰ ਸਿੰਘ ਦੀ ਬੇਦਖਲੀ ਕੈਂਸਲ ਕਰਦਾ ਹੈ।

ਅਸੀਂ, ਮਨਜੀਤ ਕੌਰ ਪਤਨੀ ਮਹਿਲ ਸਿੰਘ ਸੰਧੂ ਅਤੇ ਮਹਿਲ ਸਿੰਘ ਸੰਧੂ ਪੁੱਤਰ ਦਿਆਲ ਸਿੰਘ ਵਾਸੀ ਮਕਾਨ ਨੰ: 91, ਗਰੇਟਰ ਕੈਲਾਸ਼ ਕਾਲੋਨੀ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਅਸੀਂ ਆਪਣੇ ਲੜਕੇ ਅੰਮ੍ਰਿਤਪਾਲ ਸਿੰਘ ਸੰਧੂ ਨੂੰ 30 ਅਗਸਤ 2019 ਨੂੰ 'ਨਵਾਂ ਜ਼ਮਾਨਾ' ਅਖਬਾਰ ਰਾਹੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਲੜਕਾ ਸਾਡੇ ਕਹਿਣੇ ਵਿਚ ਹੈ। ਇਸ ਲਈ ਅਸੀਂ ਆਪਣਾ ਬੇਦਖਲੀ ਨੋਟਿਸ ਵਾਪਸ ਲੈਂਦੇ ਹਾਂ।

ਅਸੀਂ, ਬਲਦੇਵ ਸਿੰਘ ਪੁੱਤਰ ਜਾਗੀਰ ਸਿੰਘ ਅਤੇ ਗੁਰਜੀਤ ਕੌਰ ਪਤਨੀ ਬਲਦੇਵ ਸਿੰਘ ਵਾਸੀਆਨ ਮਕਾਨ ਨੰ: 584, ਗਲੀ ਲੋਹਾਰਾਂ ਵਾਲੀ, ਚੌਕ ਲਛਮਣਸਰ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਬੇਟਾ ਸੱਜਣ ਸਿੰਘ ਅਤੇ ਉਸ ਦੀ ਪਤਨੀ ਸਿਮਰਨਜੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹੋਣ ਕਾਰਨ ਅਸੀਂ ਮਿਤੀ 26.01.2023 ਨੂੰ 'ਨਵਾਂ ਜ਼ਮਾਨਾ' ਅਖਬਾਰ ਰਾਹੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਬੇਟਾ ਸੱਜਣ ਸਿੰਘ ਇਕੱਲਾ ਸਾਡੇ ਕਹਿਣੇ ਵਿਚ ਹੈ ਅਤੇ ਉਸ ਦਾ ਸਿਮਰਨਜੀਤ ਕੌਰ ਨਾਲ ਤਲਾਕ ਹੋ ਚੁੱਕਾ ਹੈ। ਅਸੀਂ ਆਪਣੇ ਬੇਟੇ ਸੱਜਣ ਸਿੰਘ ਦੀ ਬੇਦਖਲੀ ਕੈਂਸਲ ਕਰਦੇ ਹਾਂ ਅਤੇ ਹੁਣ ਉਹ ਸਾਡੀ ਹਰ ਤਰ੍ਹਾਂ ਦੀ ਜਾਇਦਾਦ ਦਾ ਹਿੱਸੇਦਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

**DBH INVESTMENT CAPITAL INDIA PRIVATE LIMITED**
CIN: U65100PB1985PTC049210,
Email : sect@eicl.in
Regd Office: Flat No. J-3/602, The Views, Mohali Hills, Sector-105, Sas Nagar, Mohali, Punjab 140306 INDIA
Corp. Office: 8th Floor Plaza Tower, DLF Phase 1, DLF QE, Gurgaon, Haryana 122002, India

### ਪਬਲਿਕ ਨੋਟਿਸ
(ਡਾਇਰੈਕਟਰ ਦੀ ਨਿਯੁਕਤੀ)

ਨੋਟਿਸ ਦਿੱਤਾ ਜਾਂਦਾ ਹੈ ਕਿ ਸ੍ਰੀ ਦੇਵਿਕਾ ਥਾਪਰ (ਡੀ ਆਈ ਐੱਨ : 11765560) ਨੂੰ ਡੀ ਬੀ ਐੱਚ ਇਨਵੈਸਟਮੈਂਟ ਕੈਪੀਟਲ ਇੰਡੀਆ ਪ੍ਰਾਈਵੇਟ ਲਿਮਟਿਡ ਦਾ ਗੈਰ-ਕਾਰਜਕਾਰੀ ਡਾਇਰੈਕਟਰ ਨਿਯੁਕਤ ਕਰਨ ਦਾ ਪ੍ਰਸਤਾਵ ਹੈ, ਜੋ ਕਿ ਲਾਗੂਯੋਗ ਰੈਗੂਲੇਟਰੀ ਲੋੜਾਂ ਅਨੁਸਾਰ ਰਿਜ਼ਰਵ ਬੈਂਕ ਆਫ ਇੰਡੀਆ ਦੀ ਅਗਾਊਂ ਪ੍ਰਵਾਨਗੀ 'ਤੇ ਨਿਰਭਰ ਹੈ। ਜੇਕਰ ਕਿਸੇ ਵਿਅਕਤੀ ਨੂੰ ਪ੍ਰਸਤਾਵਿਤ ਨਿਯੁਕਤੀ 'ਤੇ ਕੋਈ ਇਤਰਾਜ਼ ਹੈ ਜਾਂ ਪ੍ਰਸਤਾਵਿਤ ਡਾਇਰੈਕਟਰ ਨਾਲ ਸੰਬੰਧਤ ਫਿੱਟ ਤੇ ਉਸ ਦੇ ਉਚਿਤ ਰੁਤਬੇ ਬਾਰੇ ਕੋਈ ਜਾਣਕਾਰੀ ਹੈ ਤਾਂ ਉਹ ਇਸ ਨੂੰ ਸਹਾਇਕ ਦਸਤਾਵੇਜ਼ਾਂ ਸਮੇਤ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਤਰੀਕ ਤੋਂ ਬਾਅਦ 30 ਦਿਨਾਂ ਅੰਦਰ ਡੀ ਬੀ ਐੱਚ ਇਨਵੈਸਟਮੈਂਟ ਕੈਪੀਟਲ ਇੰਡੀਆ ਪ੍ਰਾਈਵੇਟ ਲਿਮਟਿਡ ਰਜਿਸਟਰਡ ਦਫ਼ਤਰ : ਫਲੈਟ ਨੰ. ਜੇ-3/602, ਦ ਵਿਊਜ਼, ਮੋਹਾਲੀ ਹਿਲਜ਼, ਸੈਕਟਰ 105, ਐੱਸ ਏ ਐੱਸ ਨਗਰ, ਮੁਹਾਲੀ, ਪੰਜਾਬ 140306 ਨੂੰ ਦੇ ਸਕਦਾ ਹੈ।
ਈਮੇਲ : sect@eicl.in
ਡੀ ਬੀ ਐੱਚ ਇਨਵੈਸਟਮੈਂਟ ਕੈਪੀਟਲ ਇੰਡੀਆ ਪ੍ਰਾਈਵੇਟ ਲਿਮਟਿਡ

ਸਹੀ/-
ਸੁਰੇਸ਼ ਕੁਮਾਰ ਜੈਨ
ਡਾਇਰੈਕਟਰ
ਡੀ ਆਈ ਐੱਨ : 00003500

ਸਥਾਨ : ਗੁਰੂਗਰਾਮ
ਮਿਤੀ : ਅਗਸਤ 4, 2026

ਫਾਰਮ ਨੰ. 3
[(ਦੇਖੋ ਰੈਗੂਲੇਸ਼ਨ -13(1)(ਏ)]

### DEBTS RECOVERY TRIBUNAL CHANDIGARH (DRT 1)
### 2nd Floor, SCO No. 33-34-35, Sector-17-A, Chandigarh

ਮੁਕੱਦਮਾ ਨੰ. ਓ ਏ/150/2024 ਈ ਐੱਕਸ ਐੱਚ ਨੰ.34426

ਕਰਜ਼ਾ ਵਸੂਲੀ ਟ੍ਰਿਬਿਊਨਲ (ਅਮਲ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

ਐਕਸਿਸ ਬੈਂਕ
ਬਨਾਮ
ਮੈਸ. ਸਦਿਓਰਡ਼ ਇੰਟਰਪ੍ਰਾਈਜ਼ਜ਼

ਸੇਵਾ 'ਚ
1. ਮੈਸ. ਸਦਿਓੜਾ ਇੰਟਰਪ੍ਰਾਈਜ਼ਜ਼
ਇਸ ਦੇ ਮਾਲਕ ਗੁਰਵਿੰਦਰ ਸਿੰਘ, ਮਿੱਲ ਰੋਡ, ਨੇੜੇ ਬੱਸ ਸਟੈਂਡ, ਗੋਨਿਆਣਾ ਮੰਡੀ, ਬਠਿੰਡਾ, ਪੰਜਾਬ-151201
2. ਗੁਰਵਿੰਦਰ ਸਿੰਘ
ਪੁੱਤਰ ਆਰਦਿਆਲ ਸਿੰਘ, ਮਕਾਨ ਨੰ. 297, ਵਾਰਡ ਨੰ. 9, ਬੱਸ ਸਟੈਂਡ ਦੇ ਪਿਛਲੇ ਪਾਸੇ, ਗੋਨਿਆਣਾ ਮੰਡੀ, ਘੁਬਾਇਆ ਕਲਾਂ, ਬਠਿੰਡਾ, ਪੰਜਾਬ-151201

#### ਸੰਮਨ

ਜਦੋਂ ਕਿ ਓ ਏ/150/2024 ਮਾਣਯੋਗ ਪ੍ਰਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 05.05.2026 ਨੂੰ ਸੂਚੀਬੱਧ ਕੀਤਾ ਗਿਆ ਸੀ।

ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 30,81,030.14/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4)(ਓ ਏ) ਤਹਿਤ (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ, ਨੱਥੀ) ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :

(i) ਸੰਮਨ ਪ੍ਰਾਪਤੀ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।
(ii) ਅਸਲ ਅਰਜ਼ੀ ਦੇ ਲੜੀ ਨੰ. 3 ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐੱਸਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।
(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐੱਸਟਸ ਜਾਂ ਅਜਿਹੇ ਹੋਰ ਐੱਸਟਸ, ਲੰਬਿਤ ਸੁਣਵਾਈ ਅਤੇ ਜਾਇਦਾਦਾਂ ਦੀ ਕੁਰਕੀ ਲਈ ਅਰਜ਼ੀ ਦੇ ਨਿਪਟਾਰੇ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ।
(iv) ਜਿਹੜੀ ਸਕਿਉਰਟੀ 'ਤੇ ਹਿੱਤ ਲਾਗੂ ਹਨ ਜਾਂ ਹੋਰ ਐੱਸਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।
(v) ਸਕਿਉਰਡ ਐੱਸਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐੱਸਟਸ ਅਤੇ ਜਾਇਦਾਦਾਂ ਅਤੇ ਅਜਿਹੇ ਐੱਸਟਸ 'ਤੇ ਸਕਿਉਰਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਆਮਦਨ ਸਾਕਾਰ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੋਗੇ।

ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇਣ ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 14.08.2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।

ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 07.05.2026 ਨੂੰ ਜਾਰੀ ਕੀਤਾ ਗਿਆ।

ਅਧਿਕਾਰਤ ਅਫਸਰ ਦੇ ਦਸਤਖਤ
ਸੰਮਨ ਜਾਰੀ ਕਰਨ ਵਾਲੇ

## ਨਿਲਾਮੀ ਨੋਟਿਸ

**ਥਾਣਾ ਐਸ.ਐਸ.ਓ.ਸੀ, ਅੰਮ੍ਰਿਤਸਰ ਦੇ ਵੱਖ-ਵੱਖ ਮੁਕੱਦਮਿਆਂ ਵਿਚ ਜਬਤ ਕੀਤੇ 30 ਵਹੀਕਲ (ਦੁਬਾਰਾ ਨਾ ਵਰਤੋਯੋਗ) ਮਿਤੀ 07.08.2026 ਬਾਅਦ ਦੁਪਹਿਰ 02:00 PM ਵਜੇ ਮਾਲ ਮੰਡੀ ਕੰਪਲੈਕਸ ਵਿਖੇ ਨਿਲਾਮ ਕੀਤੇ ਜਾਣੇ ਹਨ।**

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀਮਤੀ ਸ਼ੁਭੀ ਆਂਗਰਾ, ਪੀ. ਸੀ. ਐੱਸ. ਸਹਾਇਕ ਕੁਲੈਕਟਰ ਦਰਜਾ ਅੱਵਲ ਕਮ ਉਪ ਮੰਡਲ ਮੈਜਿਸਟਰੇਟ ਜਲੰਧਰ-1

ਕੇਸ ਨੰ: 102/ਏ.ਸੀ./25
ਦਾਇਰ ਮਿਤੀ : 13.10 2025
ਅਗਲੀ ਤਾਰੀਖ : 31.08.2026

ਵਿਸ਼ਾ : ਇੰਤਕਾਲ ਨੰ: 24391, ਪਿੰਡ ਜਲੰਧਰ-3, ਤਹਿਸੀਲ ਵਾ ਜ਼ਿਲ੍ਹਾ ਜਲੰਧਰ।

ਵਿਸ਼ਾ ਅੰਕਿਤ ਵਰਾਸਤ ਸ੍ਰੀਮਤੀ ਸ਼ਿਕਸ਼ਾਵਤੀ ਪਤਨੀ ਸ੍ਰੀ ਦੌਲਤ ਰਾਮ ਬਾਹੱਕ ਸ੍ਰੀ ਓਮ ਪ੍ਰਕਾਸ਼ ਪੁੱਤਰ ਸ੍ਰੀ ਚਾਨਣ ਮਲ ਪੁੱਤਰ ਸ੍ਰੀ ਕਾਲੂ ਮਲ ਦਾ ਕੇਸ ਇਸ ਅਦਾਲਤ ਵਿਚ ਕਾਰਵਾਈ ਅਧੀਨ ਹੈ, ਜਿਸ ਦੀ ਅਗਲੀ ਸੁਣਵਾਈ ਮਿਤੀ 31.08.2026 ਨੂੰ ਨਿਸ਼ਚਿਤ ਕੀਤੀ ਗਈ ਹੈ। ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਧਿਰ ਨੂੰ ਉਕਤ ਕੇਸ ਵਿਚ ਉਜ਼ਰ ਹੋਵੇ ਜਾਂ ਆਪਣਾ ਪੱਖ ਪੇਸ਼ ਕਰਨਾ ਚਾਹੁੰਦਾ ਹੋਵੇ ਤਾਂ ਉਹ ਇਸ ਅਦਾਲਤ ਵਿਚ ਨਿਸ਼ਚਿਤ ਮਿਤੀ 'ਤੇ ਸਮਾਂ ਬਾਅਦ ਦੁਪਹਿਰ 02:30 ਵਜੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਪੇਸ਼ ਕਰ ਸਕਦਾ ਹੈ। ਕੇਸ ਬਾਅਦ ਗੁਜ਼ਰਨੇ ਮਿਆਦ ਯਕਤਰਫਾ ਕਾਰਵਾਈ ਨਿਯਮਾਂ ਅਨੁਸਾਰ ਅਮਲ ਵਿਚ ਲਿਆਂਦੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 31.08.2026 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, ਜਲੰਧਰ-1
ਨੰ: 761-762/ਰੀਡਰ ਮਿਤੀ : 04.08.2026

## ਅਦਾਲਤੀ ਇਸ਼ਤਿਹਾਰ

ਸਰਕਲ ਰੈਵੇਨਿਊ ਅਫਸਰ-ਕਮ-ਨਾਇਬ ਤਹਿਸੀਲਦਾਰ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਪੰਜਾਬ)
(ਨੋਟਿਸ ਬਨਾਮ ਜਨਤਾ)


ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀਮਤੀ ਪਰਮਜੀਤ ਕੌਰ ਪਤਨੀ ਅਮਰਜੀਤ ਰਾਮ ਪੁੱਤਰ ਵਰਿਆਮ ਰਾਮ ਵਾਸੀ ਪਿੰਡ ਖੈਰਾ ਖੁਰਦ ਨੇ ਇੱਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਦੇ ਆਧਾਰ ਕਾਰਡ, ਪੈਨ ਕਾਰਡ ਅਤੇ ਬੱਚਿਆਂ ਦੇ ਸਕੂਲ ਰਿਕਾਰਡ ਵਿੱਚ ਪਰਮਜੀਤ ਕੌਰ ਪਤਨੀ ਅਮਰਜੀਤ ਰਾਮ ਪੁੱਤਰ ਵਰਿਆਮ ਰਾਮ ਦਰਜ ਹੈ, ਪ੍ਰੰਤੂ ਖੇਵਟ/ਖਤੌਨੀ 268/844 ਤਾਦਾਦੀ (1-17) ਦਾ ਹਿੱਸਾ 41/260 ਹਿੱਸਾ ਬਕੱਦਰ 0-9.48 ਮਰਲੇ ਦੀ ਮਾਲਕੀ ਵਿਦਿਆ ਰਾਨੀ ਪਤਨੀ ਅਮਰਜੀਤ ਪੁੱਤਰ ਵਰਿਆਮ ਰਾਮ ਦਰਜ ਹੈ। ਦਰਅਸਲ ਉਸ ਨੂੰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਸ ਲਈ ਉਸ ਵੱਲੋਂ ਮਾਲ ਰਿਕਾਰਡ ਪਿੰਡ ਖੈਰਾ ਖੁਰਦ ਵਿੱਚ ਆਪਣਾ ਨਾਂਅ ਵਿਦਿਆ ਰਾਣੀ ਉਰਫ ਪਰਮਜੀਤ ਕੌਰ ਪਤਨੀ ਅਮਰਜੀਤ ਰਾਮ ਪੁੱਤਰ ਵਰਿਆਮ ਰਾਮ ਦਰਜ ਕੀਤੇ ਜਾਣ ਦੀ ਬੇਨਤੀ ਕੀਤੀ ਗਈ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤਕਰਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਖੈਰਾ ਖੁਰਦ ਦੀ ਖੇਵਟ/ਖਤੌਨੀ 268/844 ਤਾਦਾਦੀ (1-17) ਦਾ ਹਿੱਸਾ 41/260 ਹਿੱਸਾ ਬਕੱਦਰ 0-9.48 ਮਰਲੇ ਵਿੱਚ ਵਿਦਿਆ ਰਾਨੀ ਦੀ ਬਜਾਏ ਵਿਦਿਆ ਰਾਨੀ ਉਰਫ ਪਰਮਜੀਤ ਕੌਰ ਪਤਨੀ ਅਮਰਜੀਤ ਰਾਮ ਪੁੱਤਰ ਵਰਿਆਮ ਰਾਮ ਕੀਤੇ ਜਾਣ ਦੀ ਤਬਦੀਲੀ ਸਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਅਖਬਾਰ ਵਿੱਚ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 15 (ਪੰਦਰਾਂ ਦਿਨਾਂ) ਦੇ ਅੰਦਰ-ਅੰਦਰ ਇਸ ਦਫਤਰ ਵਿਖੇ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤਕਰਤਾ ਦਾ ਨਾਂਅ ਮਾਲ ਰਿਕਾਰਡ ਵਿੱਚ ਵਿਦਿਆ ਰਾਨੀ ਦੀ ਬਜਾਏ ਵਿਦਿਆ ਰਾਨੀ ਉਰਫ ਪਰਮਜੀਤ ਕੌਰ ਪਤਨੀ ਅਮਰਜੀਤ ਰਾਮ ਪੁੱਤਰ ਵਰਿਆਮ ਰਾਮ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 03/08/2026 ਨੂੰ ਮੇਰੇ ਦਸਤਖਤ ਅਤੇ ਮੋਹਰ ਦਫ਼ਤਰ ਰਾਹੀਂ ਜਾਰੀ ਕੀਤਾ ਗਿਆ।
ਨੰਬਰ: 254/ਰੀਡਰ-2 ਮਿਤੀ: 03/08/2026

ਸਹੀ/-ਸਰਕਲ ਰੈਵੇਨਿਊ ਅਫ਼ਸਰ -ਕਮ-ਨਾਇਬ ਤਹਿਸੀਲਦਾਰ, ਸਰਦੂਲਗੜ੍ਹ।

### ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਗੁਰਬਚਨ ਸਿੰਘ** ਪਿਤਾ/ਪਤੀ ਦਾ ਨਾਮ : **ਸੰਤਾ ਸਿੰਘ**

ਪਤਾ: Village Gohir Tehsil Nakodar Distt Jalandhar, Village - Gohir / Tehsil- Nakodar / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ: **ਜਗਮੋਹਨ ਸਿੰਘ** ਪੱਕਾ ਪਤਾ: Village Gohir Tehsil Nakodar Distt Jalandhar, Gohir Nakodar, Jalandhar, Punjab ਵਿਦੇਸ਼ੀ ਪਤਾ: Davtashen 10th Street 32 Yerevan Armenia / ਦਵਤਾਸ਼ੇਨ 10ਵੀਂ ਸਟ੍ਰੀਟ 32 ਯੇਰੇਵਾਨ ਅਰਮੀਨੀਆ ਉਮਰ/ਜਨਮ ਮਿਤੀ: 33-(27/10/1992)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-08-2026 ਨੂੰ ਜਾਰੀ ਹੋਇਆ।

ਨੰਬਰ 56 /ਨੰਬਰ/ਰੀਡਰ ਮਤੀ 03.08.2026 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

**YES BANK**

ਰਜਿਸਟਰਡ ਅਤੇ ਕਾਰਪੋਰੇਟ ਦਫ਼ਤਰ : ਯੈੱਸ ਬੈਂਕ ਹਾਊਸ, ਆਫ ਵੈਸਟਰਨ ਐਕਸਪ੍ਰੈੱਸ ਹਾਈਵੇ, ਸਾਂਤਾਕਰੂਜ਼, ਈਸਟ ਮੁੰਬਈ-400055, ਭਾਰਤ
ਵੈੱਬਸਾਈਟ : www.yesbank.in, Email : comminications@yesbank.in
ਸੀ ਆਈ ਐੱਨ : ਐੱਲ 65190 ਐੱਮ ਐੱਚ 2003 ਪੀ ਐੱਲ ਸੀ 143249
ਖੇਤਰੀ ਦਫ਼ਤਰ : ਚੌਥੀ ਮੰਜ਼ਲ, ਮੈਕਸ ਟਾਵਰ, ਸੈਕਟਰ 16 ਬੀ, ਨੋਇਡਾ, ਯੂ ਪੀ 201301

## ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਅਰਥਾਤ ਸਕਿਓਰਡ ਕ੍ਰੈਡਿਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਤੇ ਸਕਿਓਰਡ ਕ੍ਰੈਡਿਟਰ ਵੱਲੋਂ (1) ਮੈਸ. ਬੀ ਟੀ ਐੱਲ ਇੰਟਰਨੈਸ਼ਨਲ ਰਾਹੀਂ ਇਸ ਦੇ ਭਾਈਵਾਲਾਂ ਸ੍ਰੀ ਸੁੱਚਾ ਸਿੰਘ ਅਤੇ ਅਮਿਤੋਜ ਸਿੰਘ ਮਲਹੋਤਰਾ ਪਤਾ : 2255/ਬੀ ਗਲੀ ਨੰ. 11, ਜਨਤਾ ਨਗਰ, ਲੁਧਿਆਣਾ, ਪੰਜਾਬ-141002. (2) ਸ੍ਰੀ ਸੁੱਚਾ ਸਿੰਘ ਪੁੱਤਰ ਮਿਲਖਾ ਸਿੰਘ, ਪਤਾ : ਮਕਾਨ ਨੰ. 1213 ਐੱਚ ਆਈ ਜੀ, ਸੈਕਟਰ-40, ਅਰਬਨ ਇਸਟੇਟ, ਚੰਡੀਗੜ੍ਹ ਰੋਡ, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ-141010. ਨਾਲ ਹੀ : 2255/ਬੀ, ਗਲੀ ਨੰ. 11, ਜਨਤਾ ਨਗਰ, ਲੁਧਿਆਣਾ, ਪੰਜਾਬ-141002. (3) ਸ੍ਰੀ ਅਮਿਤੋਜ ਸਿੰਘ ਮਲਹੋਤਰਾ ਪੁੱਤਰ ਸ੍ਰੀ ਹਰਿੰਦਰ ਪਾਲ ਸਿੰਘ, ਪਤਾ : ਮਕਾਨ ਨੰ. 41/9, ਆਤਮ ਨਗਰ, ਮਿਲਰ ਗੰਜ, ਲੁਧਿਆਣਾ, ਪੰਜਾਬ-141010, ਨਾਲ ਹੀ : 2255/ਬੀ, ਗਲੀ 11, ਜਨਤਾ ਨਗਰ, ਲੁਧਿਆਣਾ, ਪੰਜਾਬ-141002 ਤੋਂ ਠੇਕਾ ਦਰ ਅਤੇ ਅਗਲਾ ਵਿਆਜ ਅਤੇ ਚਾਰਜਿਜ਼ ਸਮੇਤ 12 ਸਤੰਬਰ 2022 ਨੂੰ ਬਕਾਇਆ ਰਕਮ ਰੁਪਏ 2,52,85,147.46/- (ਦੋ ਕਰੋੜ ਬਵੰਜਾ ਲੱਖ ਪਚਾਸੀ ਹਜ਼ਾਰ ਇੱਕ ਸੌ ਸੰਤਾਲੀ ਰੁਪਏ ਅਤੇ ਛਿਆਲੀ ਪੈਸੇ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ ਬਿਨਾਂ ਰਿਕੋਰਸ ਦੇ ਆਧਾਰ 'ਤੇ ਮਿਤੀ 26 ਅਗਸਤ 2026 ਨੂੰ ਵਿਕਰੀ ਕੀਤੀ ਜਾਵੇਗੀ। ਰਾਖਵੀਂ ਕੀਮਤ ਰੁਪਏ 3,10,00,000/- ਤਿੰਨ ਕਰੋੜ ਦਸ ਲੱਖ ਰੁਪਏ ਕੇਵਲ) ਅਤੇ ਰਕਮ ਬਿਆਨਾ ਜਮ੍ਹਾਂ ਰੁਪਏ 31,00,000/- (ਇਕੱਤੀ ਲੱਖ ਰੁਪਏ ਕੇਵਲ) ਹੋਵੇਗੀ।

### ਜਾਇਦਾਦ ਦਾ ਵੇਰਵਾ

ਵਪਾਰਕ ਜਾਇਦਾਦ ਫੈਕਟਰੀ ਰਕਬਾ 3720 ਵਰਗ ਗਜ਼ (06 ਕਨਾਲ 03 ਮਰਲਾ), ਖਸਰਾ ਨੰ. 69//15/2, 16/1/1, 16/1/2, 16/1/3, 25/2/1, 25/2/2, 70/11/1 ਖੱਤਾ ਨੰ. 454/469, ਜਮ੍ਹਾਂਬੰਦੀ ਸਾਲ 2011-12, ਵਾਕਿਆ ਪਿੰਡ ਢੰਡਾਰੀ ਕਲਾਂ ਵਿਖੇ ਸਥਿਤ, ਹੱਦਬਸਤ ਨੰ. 241, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਹਰਜੀਤ ਕੌਰ ਬਾਹੀ 341-8", ਪੱਛਮ : ਨੀਰਜ ਬਾਹੀ 341'-8", ਉੱਤਰ : ਰਸਤਾ 22' ਚੌੜਾ ਬਾਹੀ 98', ਦੱਖਣ : ਬਲਵਿੰਦਰ ਸਿੰਘ ਬਾਹੀ 98'

**ਈ-ਨਿਲਾਮੀ ਦੀ ਮਿਤੀ ਤੇ ਸਮਾਂ : 26 ਅਗਸਤ 2026 ਸਵੇਰੇ 11.00 ਵਜੇ ਤੋਂ 2.00 ਵਜੇ ਬਾਅਦ ਦੁਪਹਿਰ 5 ਮਿੰਟਾਂ ਦੇ ਹਰੇਕ ਵਾਧੇ ਨਾਲ।**

**ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 24 ਅਗਸਤ 2026 ਸ਼ਾਮ ਦੇ 3.00 ਵਜੇ ਤੱਕ ।**

**ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 21 ਅਗਸਤ 2026, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।**

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਓਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ। ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਅਮਿਤ ਸ਼ਰਮਾ ਨੂੰ 9996467419 ਜਾਂ ਈ-ਮੇਲ Amit.Sharma62@yes. bank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ ਅਤੇ ਸਕਿਉਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

### ਕਰਜ਼ਦਾਰ/ਗਰੰਟਰਾਂ ਲਈ ਵਿਕਰੀ ਨੋਟਿਸ

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 15 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 05 ਅਗਸਤ 2026, ਸਥਾਨ : ਚੰਡੀਗੜ੍ਹ ਯੈੱਸ ਬੈਂਕ ਲਿਮਟਿਡ, ਅਧਿਕਾਰਤ ਅਫਸਰ

### ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਬਿਨੈਕਾਰ ਦਾ ਨਾਮ : **ਮੰਗਲ ਰਾਮ** ਪਿਤਾ/ਪਤੀ ਦਾ ਨਾਮ : **ਚੰਨੂ ਰਾਮ**

ਪਤਾ: Vill Paragpur P O Dhanowali Jalandhar, Village - Paragpur / Tehsil - Jalandhar-1 / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ: **ਅਮਿਤ ਕੁਮਾਰ** ਪੱਕਾ ਪਤਾ: Vill Paragpur P O Dhanowali Jalandhar, Paragpur Jalandhar-1, Jalandhar, Punjab ਵਿਦੇਸ਼ੀ ਪਤਾ: Via Della Casella 47/b 50142 Firenze Italy / ਵਾਇਆ ਡੇਲਾ ਕੇਸੇਲਾ 47 ਬੀ 50142 ਫਾਇਰਨਜ਼ ਇਟਲੀ ਉਮਰ/ਜਨਮ ਮਿਤੀ: 29-(08/06/1997)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-08-2026 ਨੂੰ ਜਾਰੀ ਹੋਇਆ।

ਨੰਬਰ 55 /ਨੰਬਰ/ਰੀਡਰ ਮਤੀ 03.08.2026 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਉਤਰ ਰੇਲਵੇ

### ਦਰਖਾਸਤ ਸੂਚਨਾ

ਸੀਨੀਅਰ ਮੰਡਲ ਵਾਨਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੇ ਮਾਧਿਅਮ ਨਾਲ ਫਿਰੋਜਪੁਰ ਮੰਡਲ ਤੇ ਹਾਲਟ ਸਟੇਸ਼ਨਾਂ ਤੇ ਟਿਕਟ ਵੰਡ ਕਰਨ ਲਈ ਹਾਲਟ ਠੇਕੇਦਾਰ ਦੀ ਨਿਯੁਕਤੀ ਲਈ ਦਰਖਾਸਤ ਪੱਤਰ ਦੀ ਮੰਗ ਕੀਤੀ ਗਈ ਹੈ:-

| | |
|---|---|
| ਕੰਮ ਦਾ ਨਾਮ | ਫਿਰੋਜਪੁਰ ਮੰਡਲ (1) ਬੋਲੀਨਾ ਦੋਆਬਾ (2) ਮਾਲੂਪੋਤਾ (3) ਗੜ੍ਹਸ਼ੰਕਰ (4) ਸ਼ਾਮ ਚੌਰਾਸੀ (5) ਜੈਜੋ ਦੁਆਬਾ (6) ਜਮਸ਼ੇਰ ਖਾਸ (7) ਖੜਕੜ ਕਲਾਂ ਝੰਡਾ ਜੀ (8) ਪ੍ਰਤਾਬਪੁਰਾ (9) ਮਹੰਗਰਵਾਲ ਦੋਆਬਾ (10) ਸਤਨੌਰ ਬਡਸਰੋ ਹਾਲਟ ਸਟੇਸ਼ਨ ਆਉਂਦੇ 5 ਸਾਲ ਦੇ ਲਈ ਠੇਕੇ ਦਾ ਅਲਾਟਮੈਂਟ |
| ਨਿਵਿਦਾ ਜਮ੍ਹਾ ਕਰਨ ਦੀ ਅੰਤਮ ਮਿਤੀ ਤੇ ਨਿਵਿਦਾ ਖੁਲਣ ਦਾ ਸਮਾਂ | ਮਿਤੀ 09.09.2026 ਨੂੰ 15:00 ਵਜੇ ਤਕ (ਕਿਸੇ ਕਾਰਨ ਦਫਤਰ ਬੰਦ ਹੋਣ ਦੀ ਸਥਿਤੀ ਵਿਚ ਦਰਖਾਸਤ ਪੱਤਰ ਅਗਲੇ ਕੰਮ ਵਾਲੇ ਦਿਨ ਖੋਹਲੇ ਜਾਣਗੇ। |
| ਦਫਤਰ ਦਾ ਪਤਾ ਅਤੇ ਤਾਰੀਕ ਜਿਥੋਂ ਤੋਂ ਦਰਖਾਸਤ ਪੱਤਰ ਪ੍ਰਾਪਤ ਕੀਤੇ ਜਾ ਸਕਦੇ ਹਨ। | ਸੀਨੀਅਰ ਮੰਡਲ ਵਾਨਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਮਿਤੀ 05.08.2026-09.09.2026 ਤਕ ਕਿਸੇ ਵੀ ਕੰਮ ਵਾਲੇ ਦਿਨ ਅਤੇ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। |

ਇਸ ਅਲਾਟਮੈਂਟ ਨਾਲ ਸਬੰਧਿਤ ਦਸਤਾਵੇਜ ਜਿਵੇਂ ਪੱਤਰ, ਅਨੁਦੇਸ਼ ਕਰਾਰਨਾਮਾ ਅਤੇ ਨਿਯਮ ਤੇ ਸ਼ਰਤਾਂ ਨੂੰ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਊਨਲੋਡ ਕਰ ਸਕਦੇ ਹਨ।

2689/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਜੀ, ਉੱਤਰ ਰੇਲਵੇ ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ । ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ।

| |
|---|
| **ਟੈਂਡਰ ਨੰਬਰ :** 251-ਬਿਜਲੀ-ਟੀ-04-2026-27 |
| **ਕੰਮਾਂ ਦਾ ਵੇਰਵਾ :** ਅੰਮ੍ਰਿਤ ਭਾਰਤ ਸਟੇਸ਼ਨ (ABSS) ਦੇ ਅੰਤਰਗਤ ਫ਼ਿਰੋਜ਼ਪੁਰ ਮੰਡਲ ਦੇ ਫਗਵਾੜਾ (03 ਨੰਬਰ), ਫ਼ਿਰੋਜ਼ਪੁਰ (03 ਨੰਬਰ), ਹੋਸ਼ਿਆਰਪੁਰ (01 ਨੰਬਰ) ਅਤੇ ਕੋਟਕਪੂਰਾ (02 ਨੰਬਰ) ਰੇਲਵੇ ਸਟੇਸ਼ਨਾਂ ਉਤੇ ਕੁਲ 09 ਲਿਫਟਾਂ ਦੇ ਪੂਰਾ ਕਰਨ ਤੋਂ ਸਬੰਧਿਤ ਬਿਜਲੀ ਕੰਮ; ਅਤੇ ਫ਼ਿਰੋਜ਼ਪੁਰ ਮੰਡਲ ਦੇ ਫਗਵਾੜਾ (04 ਨੰਬਰ), ਫ਼ਿਰੋਜ਼ਪੁਰ (04 ਨੰਬਰ) ਅਤੇ ਫਿਲੌਰ (04 ਨੰਬਰ) ਰੇਲਵੇ ਸਟੇਸ਼ਨਾਂ ਉਤੇ ਕੁਲ 12 ਏਸਕੇਲੇਟਰਾਂ ਦੇ ਪੂਰਾ ਕਰਨ ਤੋਂ ਸਬੰਧਿਤ ਬਿਜਲੀ ਕੰਮ । |
| **ਅਨੁਮਾਨਿਤ ਲਾਗਤ (ਰੁ:) :** ਰੁ:1,58,83,576.34/- |
| **ਬਿਆਨਾ ਰਾਸ਼ੀ (ਰੁ) :** ਰੁ: 3,17,700/- |
| **ਕੰਮ ਦਾ ਸਮਾਂ :** 06 ਮਹੀਨੇ |
| **ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ :** 25.08.2026, 15:00 ਵਜੇ ਦੇ ਬਾਦ |
| **ਵੈੱਬਸਾਈਟ :** www.ireps.gov.in |

ਨੰ: 251-Elect/T.Notice No.04-Elect/2026-27 ਮਿਤੀ : 03.08.2026 2681/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਪੰਜਾਬ ਨੈਸ਼ਨਲ ਬੈਂਕ punjab national bank**

### ਬਰਾਂਚ : ਨਕੋਦਰ ਰੋਡ (351200), ਜਲੰਧਰ-144001

**ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ ਦੇ ਬਕਾਇਆਂ ਲਈ ਨੋਟਿਸ**

ਪੰਜਾਬ ਨੈਸ਼ਨਲ ਬੈਂਕ, ਬੀ ਓ : ਨਕੋਦਰ ਰੋਡ (351200), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| SR NO. | LOCKER NO. | ਨਾਂਅ | ਬਰਾਂਚ |
|---|---|---|---|
| 1 | AB00064 | ਸੰਤੋਖ ਸਿੰਘ ਅਤੇ ਮੋਹਿੰਦਰ ਕੌਰ | ਨਕੋਦਰ ਰੋਡ |
| 2 | AD00219 | ਸਤ ਪਾਲ ਸਿੰਘ ਅਤੇ ਕੁਲਵੰਤ ਕੌਰ | ਨਕੋਦਰ ਰੋਡ |
| 3 | AD00225 | ਮਧੂ ਅਤੇ ਅਜੈ | ਨਕੋਦਰ ਰੋਡ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਕਿਰਾਇਆ ਡੀਡ ਦੀ ਕਲਾਜ਼ ਨੰ. 9 ਤਹਿਤ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 04.08.2026 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ: 76-2026-27-DEN-HQ-FZR ਤਾਰੀਕ: 03.08.2026

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮਾਂ ਦੇ ਲਈ ਖੁਲ੍ਹੀ ਦੀ ਮੰਗ ਕਰਦੇ ਹਨ, ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੀ ਨਿਵਿਦਾ ਬੰਦ ਹੋਣ ਦੀ ਮਿਤੀ **24.08.2026** ਸਮਾਂ 15.00 ਵਜੇ ਤਕ ਹੈ। ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੋਈ ਮੈਨੂੰਅਲ ਨਿਵਿਦਾ ਪ੍ਰਾਪਤ ਹੁੰਦੀ ਹੈ, ਤਾਂ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਮਾਧਿਅਮਾਂ, ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਹੀ ਕਰ ਸਕਣਗੇ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਜਮ੍ਹਾ ਰਸੀਦ, ਐਫ.ਡੀ.ਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਸਵੀਕਾਰ ਨਹੀਂ ਕੀਤਾ ਜਾਵੇਗਾ। ਵਧੇਰੇ ਜਾਣਕਾਰੀ ਦੇ ਲਈ www.ireps.gov.in ਤੇ ਲਾਗ ਆਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 31/07/2026 | 10/08/2026 | 24/08/2026 15:00 ਵਜੇ |

ਲੜੀ ਨੰਬਰ: 1 ਨਿਵਿਦਾ ਨੰਬਰ: 76-2026-27-DEN-HQ-FZR

ਨਿਵਿਦਾ ਦਾ ਵੇਰਵਾ: ਮੰਡਲ ਇੰਜੀਨੀਅਰ/ਹੈਡਕੁਆਟਰ, ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਫਿਰੋਜਪੁਰ ਡਵੀਜਨ ਦੇ ਨਾਨ-ਇੰਟਰਲਾਕ ਲੇਵਲ ਕ੍ਰਾਸਿੰਗ ਗੇਟਸ (TVU ਤੋਂ 20,000 ਦੇ ਵਿਚ) ਤੇ ਗੇਟ ਸਿਗਨਲਿੰਗ ਦੇ ਲਈ ਰਿਲੇ ਹਟ (18 ਲੇਵਲ ਕ੍ਰਾਸਿੰਗ ਉਤੇ) ਦੀ ਪ੍ਰਬੰਧ, ਟਾਈਪ ਪਲਾਨ ਨੰਬਰ NRHQ ਪਲਾਨ ਨੰਬਰ 0-97/2017/ਆਰ1 ਦੇ ਅਨੁਸਾਰ।

| ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 2,34,25,123.05 | 4,68,500.00 | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: "ਪ੍ਰੀ-ਕਾਸਟ PSC/RCC ਪੈਨਲ ਨਾਲ ਬਣਿਆ ਕੋਈ ਵੀ ਸਟ੍ਰਕਚਰਲ ਕੰਮ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

2687/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**AXIS BANK**

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਗਬਰਿਜ, ਅਹਿਮਦਾਬਾਦ-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**1.** ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : 1. ਸ੍ਰੀ ਕਾਰਤਿਕ ਹਾਂਡਾ ਪੁੱਤਰ ਵਿਪਨ ਕੁਮਾਰ (ਕਰਜ਼ਦਾਰ/ਰਹਿਣਕਾਰ) 2. ਸ੍ਰੀ ਵਿਪਨ ਕੁਮਾਰ ਪੁੱਤਰ ਅਮਰ ਨਾਥ (ਸਹਿ-ਕਰਜ਼ਦਾਰ) ਅਤੇ 3. ਸ੍ਰੀਮਤੀ ਸੀਮਾ ਪਤਨੀ ਵਿਪਨ ਕੁਮਾਰ (ਸਹਿ-ਕਰਜ਼ਦਾਰ/ਰਹਿਣਕਾਰ)

ਰਹਿਣ ਕੀਤੀ ਜਾਇਦਾਦ ਦਾ ਵੇਰਵਾ : 1. ਰਿਹਾਇਸ਼ੀ ਜਾਇਦਾਦ/ ਮਕਾਨ ਨੰ. 26, ਰਕਬਾ 528 ਵਰਗ ਗਜ਼ (ਲਗਭਗ), ਖਸਰਾ ਨੰ. 67//12/1, 67//139/2/2 ਵਾਕਿਆ ਪਿੰਡ ਮੀਰਾ ਕੋਟ ਕਲਾਂ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਸ੍ਰੀ ਕਾਰਤਿਕ ਹਾਂਡਾ ਪੁੱਤਰ ਵਿਪਨ ਕੁਮਾਰ ਦੇ ਨਾਂਅ ਰਜਿਸਟਰਡ ਬੈਨਾਮਾ ਦਸਤਾਵੇਜ਼ 2021-22/197/1/2021 ਮਿਤੀ 07 ਜਨਵਰੀ 2022 ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਅਗਲਾ ਪਾਸਾ : ਗਲੀ 30' ਚੌੜੀ, ਪਿਛਲਾ ਪਾਸਾ : ਹੋਰਾਂ ਦੀ ਜਾਇਦਾਦ, ਇੱਕ ਪਾਸਾ : ਜ਼ਮੀਨ ਦਾ ਬਾਕੀ ਹਿੱਸਾ, ਹੋਰ ਵਾਲੇ ਪਾਸੇ : ਗਲੀ 22' ਚੌੜੀ।

2. ਰਿਹਾਇਸ਼ੀ ਜਾਇਦਾਦ/ਮਕਾਨ ਨੰ. 84, ਰਕਬਾ 622.64 ਵਰਗ ਗਜ਼, ਖੱਤਾ/ਖਤੌਨੀ ਨੰ. 390/454 ਖਸਰਾ ਨੰ. 23//11/1 ਮਿੰਨ, ਜਮ੍ਹਾਂਬੰਦੀ ਸਾਲ 2017-2018, ਹੱਦਬਸਤ ਨੰ. 369, ਵਾਕਿਆ ਪਿੰਡ ਮਾਹਲ ਵਿਖੇ ਸਥਿਤ, ਸਬ-ਅਰਬਨ ਕਲੋਨੀ, ਹੋਲੀ ਸਿਟੀ ਆਰਚਿਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਸ੍ਰੀਮਤੀ ਸੀਮਾ ਪਤਨੀ ਵਿਪਨ ਕੁਮਾਰ ਅਤੇ ਸ੍ਰੀ ਕਾਰਤਿਕ ਹਾਂਡਾ ਪੁੱਤਰ ਵਿਪਨ ਕੁਮਾਰ ਦੇ ਨਾਂਅ ਰਜਿਸਟਰਡ ਨਾਲ ਸੰਬੰਧਤ ਸਭ ਕੁਝ, ਬੈਨਾਮਾ ਦਸਤਾਵੇਜ਼ ਨੰ. 2023-24/93/7410 ਮਿਤੀ 02 ਨਵੰਬਰ 2023 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ 35' ਚੌੜੀ, ਪੱਛਮ : ਪਲਾਟ ਨੰ. 81-82, ਉੱਤਰ : ਪਲਾਟ ਨੰ. 59,60,61, ਦੱਖਣ : ਕੰਧ

| ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 11 ਮਈ 2026 | 13 ਮਈ 2026 | 03 ਅਗਸਤ 2026 |

ਡਿਮਾਂਡ ਨੋਟਿਸ 'ਚ ਰਕਮ (ਰੁਪਏ) : ਰੁਪਏ 3,83,74,279/-
(ਤਿੰਨ ਕਰੋੜ ਤਿਰਾਸੀ ਲੱਖ ਚੌਹੱਤਰ ਹਜ਼ਾਰ ਦੋ ਸੌ ਉਨਾਸੀ ਰੁਪਏ ਕੇਵਲ)

ਸਥਾਨ : ਲੁਧਿਆਣਾ, ਮਿਤੀ : 05/08/2026, ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

# 7 ਦੀ ਮਹਾਂਰੈਲੀ ਨੂੰ ਸਫਲ ਬਣਾਇਆ ਜਾਵੇਗਾ : ਪ ਸ ਸ ਫ




**ਮਾਹਿਲਪੁਰ (ਸ਼ਫ਼ਰੀ)**- ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਬਲਾਕ ਮਾਹਿਲਪੁਰ ਵਲੋਂ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ, ਮਲਕੀਤ ਸਿੰਘ ਬਾਹੋਵਾਲ, ਪਰਮਜੀਤ ਕਾਤਿਬ ਅਤੇ ਅਮਰਜੀਤ ਨੰਗਲ ਖਿਲਾੜੀਆਂ ਸੰਯੁਕਤ ਰੂਪ ਵਿੱਚ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ, ਹਰ ਪ੍ਰਕਾਰ ਦੇ ਕੱਚੇ ਅਤੇ ਮਾਣਭੱਤੇ ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੈਨਸ਼ਨਰਜ ਨੂੰ 2.59 ਦਾ ਗੁਣਾਕ, ਪੇਅ-ਕਮਿਸ਼ਨ ਅਤੇ ਡੀ.ਏ ਦੇ ਬਕਾਏ, ਕੱਟੇ 37 ਭੱਤੇ ਬਹਾਲ ਕਰਨ, ਹਾਈਕੋਰਟ ਵਲੋਂ ਅਠਾਰਾਂ ਫੀਸਦੀ ਡੀਏ ਦੇ ਸੁਣਾਏ ਫੈਸਲੇ ਨੂੰ ਲਾਗੂ ਕਰਨ, ਕੇਂਦਰੀ ਪੇਅ-ਕਮਿਸ਼ਨ ਰੱਦ ਕਰਨ ਅਤੇ ਕਈ ਹੋਰ ਹੱਕੀ ਅਤੇ ਜਾਇਜ਼ ਮੰਗਾਂ ਮਨਵਾਉਣ ਲਈ 7 ਅਗਸਤ ਚੰਡੀਗੜ੍ਹ ਦਾਨਾ ਮੰਡੀ ਵਿਖੇ ਮਹਾਂਰੈਲੀ ਵਿੱਚ ਪ ਸ ਸ ਫ ਦੀ ਅਗਵਾਈ ਵਿੱਚ ਮੁਲਾਜਮਾਂ ਅਤੇ ਪੈਨਸ਼ਨਰਾਂ ਦਾ ਵੱਡਾ ਜੱਥਾ ਸ਼ਾਮਿਲ ਹੋਵੇਗਾ।

ਆਗੂਆਂ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਹੈ ਕਿ ਉਹ ਇਸ ਮਹਾਂਰੈਲੀ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ।

ਇਸ ਮੌਕੇ ਸਤਨਾਮ ਸਿੰਘ, ਜਸਵਿੰਦਰ ਸਿੰਘ, ਗਿਆਨ ਚੰਦ, ਕੁਲਵਿੰਦਰ ਸਿੰਘ, ਅਜੇ ਕੁਮਾਰ, ਸਗਲੀ ਰਾਮ, ਹਰਮਨੋਜ ਕੁਮਾਰ, ਮਹਿੰਦਰ ਪਾਲ, ਓਮ ਦੱਤ, ਅਮਰਜੀਤ ਸਿੰਘ, ਸੁਖਦੇਵ ਸਿੰਘ, ਸ਼ਿੰਦਰ ਪਾਲ, ਰਕੇਸ਼ ਕੁਮਾਰ, ਕਮਲਜੀਤ ਸਿੰਘ, ਸੁਖਦੇਵ ਸਿੰਘ, ਸੋਹਣ ਲਾਲ, ਮਨਜਿੰਦਰ ਸਿੰਘ, ਵਿਜੇ ਕੁਮਾਰ, ਮਨਜੀਤ ਸਿੰਘ, ਭੁਪਿੰਦਰ ਸਿੰਘ, ਬਖਤਾਵਰ ਸਿੰਘ, ਕਮਲਜੀਤ ਕੌਰ, ਜਸਵੀਰ ਕੌਰ, ਸੁਖਵਿੰਦਰ ਕੌਰ, ਆਸ਼ਾ ਰਾਣੀ, ਸੋਨੀਆ, ਜਸਵੀਰ ਕੌਰ, ਹਰਪ੍ਰੀਤ ਕੌਰ, ਬਬਲੀ ਸਰੋਜ ਸਮੇਤ ਵੱਡੀ ਗਿਣਤੀ ਵਿੱਚ ਮੁਲਾਜਮ-ਪੈਨਸ਼ਨਰ ਹਾਜ਼ਰ ਸਨ।

# ਡੇਵੀਏਟ 'ਚ ਇੰਡਕਸ਼ਨ ਪ੍ਰੋਗਰਾਮ ਦਾ ਸ਼ੁਭ ਆਰੰਭ

**ਜਲੰਧਰ (ਨ ਜ਼ ਸ)**- ਜਲੰਧਰ ਦੇ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਡੇਵੀਏਟ ਵਿੱਚ ਇੰਡਕਸ਼ਨ ਪ੍ਰੋਗਰਾਮ 2026 ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਸੰਸਥਾ ਦੇ ਅਕਾਦਮਿਕ ਮਾਹੌਲ, ਮੁੱਲਾਂ ਅਤੇ ਉਪਲਬਧ ਮੌਕਿਆਂ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਪੜ੍ਹਾਈ, ਹੁਨਰ ਵਿਕਾਸ ਤੇ ਸ਼ਖਸੀਅਤ ਨਿਰਮਾਣ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਵਿੱਚ ਭਾਰਤ ਸਰਕਾਰ ਦੇ ਸਕਿਲ ਡਿਵੈਲਪਮੈਂਟ ਐਂਡ ਐਂਟਰਪ੍ਰਿਨਿਊਰਸ਼ਿਪ ਮੰਤਰਾਲੇ ਨਾਲ ਸੰਬੰਧਤ ਰੀਜਨਲ ਡਾਇਰੈਕਟਰ ਕਰਨਲ ਵਿਸ਼ਾਲ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਪ੍ਰਸਿੱਧ ਮੋਟੀਵੇਸ਼ਨਲ ਸਪੀਕਰ ਤੇ ਅਨੁਰਾਧਾ ਚਾਵਲਾ ਨੇ ਕੀਨੋਟ ਸੰਬੋਧਨ ਦਿੱਤਾ। ਕਾਰਜਕਾਰੀ ਪ੍ਰਿੰਸੀਪਲ ਡਾ. ਨੀਰੂ ਮਲਹੋਤਰਾ ਨੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਅਕਾਦਮਿਕ ਉਤਕ੍ਰਿਸ਼ਟਤਾ, ਅਨੁਸ਼ਾਸਨ ਅਤੇ ਸਰਵਾਂਗੀਣ ਵਿਕਾਸ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਐਪਲਾਈਡ ਸਾਇੰਸਜ਼ ਵਿਭਾਗ ਦੀ ਮੁਖੀ ਡਾ. [illegible]



# ਪੰਜਾਬ 'ਚ ਮਾਈਨਿੰਗ ਕਾਰਜ ਹੋਏ ਪੂਰੀ ਤਰ੍ਹਾਂ ਡਿਜ਼ੀਟਲ : ਗੋਇਲ



[illegible]

# ਸਾਲਾਨਾ ਸਮਾਗਮ ਤੇ ਨਗਰ ਕੀਰਤਨ 9 ਨੂੰ

[illegible]

# ਪਾਸ਼-ਹੰਸਰਾਜ ਯਾਦਗਾਰੀ ਕੰਪਲੈਕਸ ਦਾ ਜਿੰਦਰਾ ਤੋੜੇ ਜਾਣ ਖ਼ਿਲਾਫ਼ ਫੈਲਿਆ ਭਾਰੀ ਰੋਹ

**ਸ਼ਾਹਕੋਟ (ਗਿਆਨ ਸੈਦਪੁਰੀ)**- ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਤੇ ਉਸ ਦੇ ਸਾਥੀ ਹੰਸਰਾਜ ਦੀ ਯਾਦ ਵਿੱਚ, ਪਾਸ਼ ਯਾਦਗਾਰੀ ਕੌਮਾਂਤਰੀ [illegible]



**ਜਥੇਬੰਦੀਆਂ ਨੇ ਸੰਘਰਸ਼ ਵਿੱਢਣ ਲਈ 9 ਨੂੰ ਸੱਦੀ ਮੀਟਿੰਗ**

[illegible] ਯਾਦਗਾਰ ਕਮੇਟੀ ਦੇ ਕਨਵੀਨਰ ਮੋਹਣ ਸਿੰਘ ਬੱਲ, ਪਾਸ਼ ਦੇ ਪਿੰਡ ਤਲਵੰਡੀ ਸਲੇਮ ਤੋਂ ਮਨਜਿੰਦਰ ਸਿੰਘ ਸਾਬਕਾ ਸਰਪੰਚ, ਰਮੇਸ਼ ਕੁਮਾਰ ਸਾਬਕਾ ਪੰਚ, ਸੁਰਿੰਦਰ ਸਿੰਘ, ਮਜ਼ਦੂਰ ਭਾਈਚਾਰੇ ਦੇ ਆਗੂ ਜੀਤਾ,ਮਜ਼ਦੂਰ ਕਿਸਾਨ ਅਤੇ ਵੱਖ ਤਬਕਿਆਂ ਦੀਆਂ ਸਾਹਿਤਕ, ਤਰਕਸ਼ੀਲ, ਜਮਹੂਰੀ ਜਥੇਬੰਦੀਆਂ ਦੇ ਸੂਬਾਈ ਆਗੂਆਂ ਦੀ ਅਗਵਾਈ ਹੇਠ ਇਕ ਵਫ਼ਦ ਐੱਸ ਡੀ ਐੱਮ ਨਕੋਦਰ ਸਿਮਰਜੀਤ ਸਿੰਘ ਨੂੰ ਮਿਲਿਆ ਅਤੇ ਲਿਖਤੀ ਦਰਖਾਸਤ ਦੇ ਕੇ, ਯਾਦਗਾਰ ਦੀ ਬੇਹੁਰਮਤੀ ਕਰਨ ਅਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸਰਪੰਚ ਅਤੇ ਉਸ ਦੇ ਹਮਾਇਤੀਆਂ 'ਤੇ ਕਾਰਵਾਈ ਕਰਨ ਦੀ ਮੰਗ [illegible] ਸਹਾਇਤਾ, ਨਗਰ ਨਿਵਾਸੀਆਂ ਅਤੇ ਪੰਚਾਇਤ ਵਲੋਂ ਦਿੱਤੀ ਜਗ੍ਹਾ ਉੱਪਰ ਸੰਨ 2000 ਵਿੱਚ ਕੌਮਾਂਤਰੀ ਟਰੱਸਟ ਵਲੋਂ ਯਾਦਗਾਰੀ ਕੰਪਲੈਕਸ ਦੀ ਲੱਖਾਂ ਰੁਪਏ ਲੋਕਾਂ ਕੋਲੋਂ ਸਹਾਇਤਾ ਇਕੱਠੀ ਕਰਕੇ ਉਸਾਰੀ ਕੀਤੀ ਗਈ। ਕਰੀਬ 26 ਸਾਲਾਂ ਤੋਂ ਸਲਾਨਾ ਸ਼ਹੀਦੀ ਸਮਾਗਮ ਇਥੇ ਹੀ ਹੋ ਰਿਹਾ ਹੈ। ਇਕੱਠੇ ਹੋਏ ਲੋਕ-ਜੱਥੇਬੰਦੀਆਂ ਦੇ ਨੁਮਾਇੰਦਿਆਂ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਮਨੋਹਰ ਸਿੰਘ [illegible] ਆਗੂ ਗੁਰਚਰਨ ਸਿੰਘ ਚਾਹਿਲ, ਪੰਜਾਬ ਲੋਕ ਸਭਿਆਚਾਰਕ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਜਨਰਲ ਸਕੱਤਰ ਕੰਵਲਜੀਤ ਖੰਨਾ, ਗੁਰਸ਼ਰਨ ਸਿੰਘ ਲੋਕ ਕਲਾ ਸਲਾਮ ਕਾਫ਼ਲਾ ਦੇ ਪਾਵੇਲ ਕੁੱਸਾ, ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਕਨਵੀਨਰ ਸੁਰਿੰਦਰ ਧੰਜਲ (ਡਾ.), ਗੁਰਸ਼ਰਨ ਸਿੰਘ ਦੀਆਂ ਧੀਆਂ ਡਾ. ਅਰੀਤ, ਡਾ. ਨਵਸ਼ਰਨ ਨੇ ਪਾਸ਼ ਯਾਦਗਾਰ ਨਾਲ਼ ਛੇੜ ਛਾੜ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ।

# ਪੀ ਸੀ ਬੀ ਟੀ ਵਿਖੇ 'ਬਿਗ ਲੀਪ' ਇੰਡਕਸ਼ਨ ਪ੍ਰੋਗਰਾਮ ਦਾ ਆਗਾਜ਼

**ਫਗਵਾੜਾ (ਡਾ. ਰਮਨ)**- [illegible] ਬਿਜ਼ਨਸ ਐਂਡ ਟੈਕਨਾਲੋਜੀ [illegible] ਅਕਾਦਮਿਕ ਸੈਸ਼ਨ 2026-27 [illegible]



[illegible] ਮਾਤਾ ਸਰਸਵਤੀ ਨੂੰ ਫੁੱਲ ਅਰਪਿਤ ਕਰਕੇ ਕੀਤੀ ਗਈ। ਇਸ ਮੌਕੇ ਡਾ. ਇੰਦਰਪਾਲ ਸਿੰਘ (ਡਾਇਰੈਕਟਰ), ਡਾ. ਸਚਿਨ ਖੁੱਲਰ (ਮੁੱਖ ਮਹਿਮਾਨ ਅਤੇ ਪ੍ਰਧਾਨ ਏ ਆਈ ਐੱਮ ਏ), ਡਾ. ਮਲਕੀਤ ਸਿੰਘ (ਮੁੱਖ ਅਕਾਦਮਿਕ), ਸ਼੍ਰੀ ਕੁਲਵਿੰਦਰ ਸਿੰਘ (ਮੁਖੀ, ਆਈ ਟੀ ਵਿਭਾਗ), ਡਾ. ਰਾਕੇਸ਼ ਮਹਾਜਨ (ਮੁਖੀ, ਮੈਨੇਜਮੈਂਟ ਵਿਭਾਗ), ਡਾ. ਰਿਤਿੰਦਰ (ਮੁਖੀ, ਮਲਟੀਮੀਡੀਆ ਵਿਭਾਗ), ਸ਼੍ਰੀ ਸੁਰਿੰਦਰ (ਮੁਖੀ, ਹੋਟਲ ਮੈਨੇਜਮੈਂਟ ਵਿਭਾਗ), ਸੁਸ਼੍ਰੀ ਅਮਨਜੋਤ (ਮੁਖੀ, [illegible] ਉਦਯੋਗਿਕ ਦੌਰੇ, ਇੰਟਰਨਸ਼ਿਪਾਂ, ਸ਼ਖ਼ਸੀਅਤ ਵਿਕਾਸ ਪ੍ਰੋਗਰਾਮ ਅਤੇ ਬਿਹਤਰ ਪਲੇਸਮੈਂਟ ਸਹੂਲਤਾਂ ਮੁਹੱਈਆ ਕਰਵਾਉਂਦਾ ਹੈ।

ਇੰਡਕਸ਼ਨ ਪ੍ਰੋਗਰਾਮ ਦੌਰਾਨ ਯੰਗ ਲੀਡਰਸ਼ਿਪ ਕੌਂਸਲ-ਏ ਆਈ ਐੱਮ ਏ ਦੇ ਪ੍ਰਧਾਨ ਡਾ. ਸਚਿਨ ਖੁੱਲਰ ਨੇ ਪ੍ਰੇਰਨਾਦਾਇਕ ਸੈਸ਼ਨ ਵਿੱਚ ਵਿਦਿਆਰਥੀਆਂ ਨੂੰ ਸਾਫਟ ਸਕਿੱਲਜ਼ ਅਤੇ ਲਾਈਫ ਸਕਿੱਲਜ਼ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।


# ਆਟੋਮੋਬਾਈਲ ਤੇ ਫਾਰਮੇਸੀ ਵਿਭਾਗ ਨੇ ਸਰਵੋਤਮ ਵਿਭਾਗ ਦਾ ਸਨਮਾਨ ਕੀਤਾ ਹਾਸਲ



[illegible]


# ਸਨਮਾਨ ਸਮਾਰੋਹ ਤੇ ਮਿਊਜ਼ੀਕਲ ਸ਼ਾਮ ਕਰਵਾਈ

**ਚੰਡੀਗੜ੍ਹ (ਸੁਰਜੀਤ ਸੁਮਨ)**- ਸ਼ਿਵਾਲਿਕ ਵੈੱਲਫੇਅਰ, ਸਪੋਰਟਸ ਤੇ ਕਲਚਰਲ ਸੋਸਾਇਟੀ ਵੱਲੋਂ ਪੈਰਾਗਾਨ ਸਕੂਲ ਵਿਖੇ ਇੱਕ ਸਨਮਾਨ ਸਮਾਰੋਹ ਤੇ ਮਿਊਜ਼ੀਕਲ ਸ਼ਾਮ ਦਾ ਆਯੋਜਨ ਕੀਤਾ ਗਿਆ। ਮੁੱਖ ਮਹਿਮਾਨ ਵਜੋਂ ਪ੍ਰਭਜੋਤ ਕੌਰ, ਚੇਅਰਮੈਨ, ਜ਼ਿਲ੍ਹਾ ਯੋਜਨਾ ਬੋਰਡ, ਮੋਹਾਲੀ ਤੇ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਫੂਲਰਾਜ ਸਿੰਘ ਐੱਮ ਐੱਲ ਏ ਮੋਹਾਲੀ ਕੁਲਵੰਤ ਸਿੰਘ ਦੇ ਨੁਮਾਇੰਦੇ ਵਜੋਂ ਸ਼ਾਮਿਲ ਹੋਏ। ਇਸ ਦੇ ਨਾਲ ਹੀ ਸਮਾਗਮ ਵਿੱਚ ਡਿਪਟੀ ਮੇਅਰ ਆਰ ਪੀ ਸ਼ਰਮਾ, ਹਰਪਾਲ ਸਿੰਘ, ਸਾਬਕਾ ਐਡਵੋਕੇਟ ਜਨਰਲ ਸੀ ਐੱਲ ਪਵਾਰ, ਮੈਡਲ ਸ਼ੇਰਗਿੱਲ, ਡਾਇਰੈਕਟਰ ਤੇ ਪ੍ਰਿੰਸੀਪਲ ਜਸਮੀਤ ਕੌਰ ਅਤੇ ਹੋਰ ਉੱਘੀਆਂ ਸ਼ਖ਼ਸੀਅਤਾਂ ਨੇ ਭਾਗ ਲਿਆ। ਸੋਸਾਇਟੀ ਵੱਲੋਂ ਇਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਉੱਘੇ ਗਾਇਕ ਬਲਬੀਰ ਸੂਫੀ ਦਾ ਗੀਤ ਵੀ ਰਲੀਜ਼ ਕੀਤਾ ਗਿਆ। ਸੰਗੀਤਕ ਸ਼ਾਮ ਵਿੱਚ ਉੱਘੇ ਲੋਕ ਗਾਇਕ ਬਲਬੀਰ ਸੂਫੀ, ਬੱਲੀ ਬਾਜਵਾ, ਰਜਨੀਸ਼ ਤੇ ਹਰਪ੍ਰੀਤ ਹਨੀ, ਕੁਲਵੰਤ ਮਨਾਨਾ ਅਤੇ ਪੰਜਾਬੀ ਲੋਕ ਗਾਇਕ ਲੱਖੀ ਵੱਲੋਂ ਆਪਣੇ ਆਪਣੇ ਗੀਤਾਂ ਨਾਲ ਵਧੀਆ ਪੇਸ਼ਕਾਰੀ ਕੀਤੀ ਗਈ। ਪੈਰਾਗਾਨ ਸਕੂਲ ਦੇ ਬੱਚਿਆਂ ਦਾ ਭੰਗੜਾ ਖਿੱਚ ਦਾ ਕੇਂਦਰ ਰਿਹਾ। ਸੋਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਰੰਗਰਾ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਉਂਕਾਰ ਸਿੰਘ ਰਾਜਾ, ਰਮਨੀਕ ਸਿੰਘ ਤੇ ਰਵਿੰਦਰ ਸਿੰਘ, ਕੁਲਦੀਪ ਸਿੰਘ ਆਦਿ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੈਰਾਥਨ ਦੌੜ 8 ਨੂੰ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ 8 ਅਗਸਤ ਨੂੰ ਵਿਸ਼ਾਲ ਮੈਰਾਥਨ ਦੌੜ ਕਰਵਾਈ ਜਾਵੇਗੀ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪ੍ਰਸ਼ਾਸਨਿਕ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਮੀਟਿੰਗ ਦੌਰਾਨ ਮੈਰਾਥਨ ਦੇ ਰੂਟ ਪਲਾਨ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਦਿਆਂ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਇਹ ਮੈਰਾਥਨ 8 ਅਗਸਤ ਦਿਨ ਸ਼ਨੀਵਾਰ ਨੂੰ ਸਵੇਰੇ 6:30 ਵਜੇ ਆਈ ਟੀ ਆਈ ਗਰਾਊਂਡ ਨਵਾਂਸ਼ਹਿਰ ਤੋਂ ਸ਼ੁਰੂ ਹੋਵੇਗੀ। ਮੈਰਾਥਨ ਦੌੜ ਦਾ ਰੂਟ ਆਈ ਟੀ ਆਈ ਗਰਾਊਂਡ ਤੋਂ ਚੰਡੀਗੜ੍ਹ ਰੋਡ ਹੁੰਦਾ ਹੋਇਆ ਸ਼ੂਗਰ ਮਿੱਲ ਵਿਖੇ ਯੂ-ਟਰਨ ਲੈ ਕੇ ਵਾਪਸ ਆਈ ਟੀ ਆਈ ਗਰਾਊਂਡ ਵਿਖੇ ਹੀ ਸਮਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿੱਚ ਪਹਿਲੇ 15 ਸਥਾਨ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਸਾਰੇ ਭਾਗੀਦਾਰਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਮੈਰਾਥਨ ਦੀ ਸਮਾਪਤੀ ਤੋਂ ਬਾਅਦ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਨਸ਼ੀਲੇ ਪਦਾਰਥਾਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਭਾਸ਼ਣ ਮੁਕਾਬਲੇ ਵੀ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮੈਰਾਥਨ ਦੌੜ ਸਬੰਧੀ ਸਾਰੇ ਢੁੱਕਵੇਂ ਪ੍ਰਬੰਧ ਕਰਨ ਨੂੰ ਯਕੀਨੀ ਬਣਾਉਣ ਤਾਂ ਜੋ ਕਿ ਖਿਡਾਰੀਆਂ ਅਤੇ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਲੋਕਾਂ ਅਤੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੈਰਾਥਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਭਾਗ ਲੈਣ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਪੇਂ. ਵਿਕਾਸ) ਅਵਨੀਤ ਕੌਰ, ਐਸ.ਡੀ.ਐਮ. ਨਵਾਂਸ਼ਹਿਰ ਅਨਮਯਜੋਤ ਕੌਰ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਤੋਂ ਇਲਾਵਾ ਪੁਲਿਸ, ਖੇਡ, ਸਿਹਤ, ਸਿੱਖਿਆ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



**ਡਾਕਟਰਾਂ ਨੂੰ ਲੋਕ ਰੱਬ ਦਾ ਰੂਪ ਸਮਝਦੇ**

# ਰਘੁਬੀਰ ਲਾਲ ਦੀ ਪਤਨੀ ਅਜੇ ਵੀ ਭੁਗਤ ਰਹੀ ਡਾਕਟਰ ਦੀ ਲਾਪ੍ਰਵਾਹੀ ਦਾ ਖਮਿਆਜ਼ਾ

## ਜਿਸ ਡਾਕਟਰ ਨੇ ਚੂਲੇ ਦਾ ਅਪ੍ਰੇਸ਼ਨ ਕੀਤਾ, ਉਹ ਕਹਿੰਦਾ ਪਲੇਟ ਠੀਕ ਆ, ਦੂਜਾ ਕਹਿੰਦਾ ਪਲੇਟ ਟੁੱਟੀ ਆ !

**ਜਲੰਧਰ** : ਕੋਰੋਨਾ ਕਾਲ 'ਚ ਮਰਨ ਵਾਲਿਆਂ ਦਾ ਅੰਤਮ ਸੰਸਕਾਰ ਕਰਕੇ ਪੰਜਾਬ ਸਰਕਾਰ ਤੋਂ ਗੋਲਡ ਮੈਡਲ ਅਤੇ ਪ੍ਰਸੰਸਾ ਪੱਤਰ ਪ੍ਰਾਪਤ ਕਰ ਚੁੱਕੇ 87 ਸਾਲਾ ਸਮਾਜ ਸੇਵੀ ਰਘੁਬੀਰ ਲਾਲ ਨੇ ਸਿਹਤ ਸੇਵਾਵਾਂ 'ਚ ਵਧ ਰਹੀ ਕਥਿਤ ਲਾਪਰਵਾਹੀ ਅਤੇ ਭ੍ਰਿਸ਼ਟਾਚਾਰ 'ਤੇ ਚਿੰਤਾ ਪ੍ਰਗਟਾਈ ਹੈ। ਉਨ੍ਹਾ ਕਿਹਾ ਕਿ ਸਮਾਜ 'ਚ ਡਾਕਟਰਾਂ ਨੂੰ ਭਗਵਾਨ ਦਾ ਦਰਜਾ ਦਿੱਤਾ ਜਾਂਦਾ ਹੈ ਅਤੇ ਜ਼ਿਆਦਾਤਰ ਡਾਕਟਰ ਇਮਾਨਦਾਰੀ ਨਾਲ ਸੇਵਾ ਕਰਦੇ ਹਨ, ਪਰ ਕੁਝ ਕੁ ਕਾਲੀਆਂ ਭੇਡਾਂ ਕਾਰਨ ਪੂਰੇ ਡਾਕਟਰੀ ਸਮਾਜ ਦੀ ਛਵੀ ਖ਼ਰਾਬ ਹੋ ਰਹੀ ਹੈ।

ਰਘੁਬੀਰ ਲਾਲ ਨੇ ਦੋਸ਼ ਲਾਇਆ ਕਿ ਕਈ ਮਾਮਲਿਆਂ 'ਚ ਆਯੁਸ਼ਮਾਨ ਭਾਰਤ ਯੋਜਨਾ ਦੇ ਲਾਭਪਾਤਰੀਆਂ ਤੋਂ ਵੀ ਪੈਸੇ ਵਸੂਲੇ ਜਾਂਦੇ ਹਨ। ਉਨ੍ਹਾ ਹਾਲ ਹੀ 'ਚ ਸਾਹਮਣੇ ਆਏ ਇੱਕ ਮਾਮਲੇ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇੱਕ ਸਰਕਾਰੀ ਹਸਪਤਾਲ 'ਚ 20 ਸਾਲਾ ਨੌਜਵਾਨ ਨੂੰ ਕਥਿਤ ਤੌਰ 'ਤੇ ਪੂਰੀ ਤਰ੍ਹਾਂ ਜਾਂਚ ਕੀਤੇ ਬਿਨਾਂ ਮ੍ਰਿਤਕ ਐਲਾਨ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ। ਬਾਅਦ 'ਚ ਨੌਜਵਾਨ ਦੇ ਸਰੀਰ 'ਚ ਹਲਚਲ ਹੋਣ 'ਤੇ ਉਸ ਨੂੰ ਹੋਸ਼ ਆਇਆ, ਜਿਸ ਕਾਰਨ ਵੱਡਾ ਹਾਦਸਾ ਹੋਣੋ ਟਲ ਗਿਆ। ਉਸ ਲੜਕੇ ਨੇ ਬਾਅਦ 'ਚ ਕਿਹਾ ਕਿ ਜੇਕਰ ਉਸ ਨੂੰ ਸਮੇਂ ਸਿਰ ਹੋਸ਼ ਨਾ ਆਉਂਦੀ ਤਾਂ ਡਾਕਟਰ ਨੇ ਉਸ ਨੂੰ ਜ਼ਿੰਦਾ ਹੀ ਚੀਰ ਦੇਣਾ ਸੀ।

ਉਨ੍ਹਾ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਗਰੀਬ ਅਤੇ ਬਜ਼ੁਰਗਾਂ ਦੀ ਸੁਰੱਖਿਆ ਲਈ ਸਿਹਤ ਸੇਵਾਵਾਂ 'ਚ ਲਾਪਰਵਾਹੀ ਅਤੇ ਭ੍ਰਿਸ਼ਟਾਚਾਰ 'ਚ ਦੋਸ਼ੀ ਪਾਏ ਜਾਣ ਵਾਲੇ ਡਾਕਟਰਾਂ ਖਿਲਾਫ਼ ਸਖ਼ਤ ਕਾਨੂੰਨ ਬਣਾਏ ਜਾਣ। ਉਨ੍ਹਾ ਦਾ ਕਹਿਣਾ ਹੈ ਕਿ ਇਨ੍ਹਾਂ ਦੋਸ਼ੀ ਡਾਕਟਰਾਂ 'ਤੇ ਇਸ ਤਰ੍ਹਾਂ ਦੀ ਕਾਰਵਾਈ ਹੋਣੀ ਚਾਹੀਦੀ, ਜਿਸ ਨਾਲ ਸਿਹਤ ਸੇਵਾਵਾਂ 'ਚ ਲੋਕਾਂ ਦਾ ਭਰੋਸਾ ਬਣਿਆ ਰਹੇ ਅਤੇ ਭਵਿੱਖ 'ਚ ਇਸ ਤਰ੍ਹਾਂ ਦੀਆਂ ਘਟਨਾਵਾਂ ਨਾ ਹੋਣ। ਰਘੁਬੀਰ ਲਾਲ ਦਾ ਕਹਿਣਾ ਹੈ ਕਿ ਉਨ੍ਹਾ ਦੀ ਪਤਨੀ ਮੋਹਿਨੀ ਦੇਵੀ (77) ਦੇ ਚੂਲੇ ਦਾ ਅਪਰੇਸ਼ਨ ਪਹਿਲਾਂ ਤਾ ਡਾਕਟਰ ਵੱਲੋਂ ਆਯੁਸ਼ਮਾਨ ਕਾਰਡ 'ਤੇ ਕਰਨ ਤੋਂ ਇਨਕਾਰ ਕਰ ਦਿੱਤਾ।

ਤਤਕਾਲੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਸ਼ਿਕਾਇਤ ਕਰਨ 'ਤੇ ਅਗਲੇ ਦਿਨ ਗੁੱਸੇ 'ਚ ਆ ਕੇ ਦੋ ਦਿਨ ਪੰਜ-ਛੇ ਘੰਟੇ ਅਪਰੇਸ਼ਨ ਥੀਏਟਰ 'ਚ ਰੱਖਿਆ। ਡੀ ਸੀ ਦੀ ਝਾੜ ਤੋਂ ਬਾਅਦ ਤੀਜੀ ਵਾਰ ਗੁੱਸੇ 'ਚ ਟੁੱਟੀ ਪਲੇਟ ਪਾ ਦਿੱਤੀ, ਜਿਸ ਨਾਲ ਹਾਲੇ ਵੀ ਉਨ੍ਹਾ ਦੀ ਪਤਨੀ ਪੀੜਤ ਹੈ। ਜਿਸ ਤੋਂ ਪ੍ਰੇਸ਼ਾਨ ਹੋ ਕੇ ਪ੍ਰਾਈਵੇਟ ਹਸਪਤਾਲ 'ਚ ਦੋਬਾਰਾ ਅਪ੍ਰੇਸ਼ਨ ਕਰਵਾਇਆ।




ਰਘੁਬੀਰ ਲਾਲ

ਇਸ ਡਾਕਟਰ ਨੇ ਲਿਖਿਆ ਕਿ ਉਨ੍ਹਾ ਟੁੱਟੀ ਪਲੇਟ ਕੱਢ ਕੇ ਨਵੀਂ ਪਾ ਦਿੱਤੀ ਹੈ, ਇਸ ਤੋਂ ਬਾਅਦ ਵੀ ਮੋਹਿਨੀ ਦੇਵੀ 11 ਦਸੰਬਰ 2024 ਤੋਂ ਲੈ ਕੇ ਅੱਜ ਤੱਕ ਬਿਸਤਰ 'ਤੇ ਹੈ। ਚੂਲੇ ਦੀ ਟੁੱਟੀ ਹੋਈ ਪਲੇਟ ਬਾਰੇ ਡਿਪਟੀ ਕਮਿਸ਼ਨਰ, ਕੈਬਨਿਟ ਮੰਤਰੀ ਮਹਿੰਦਰ ਭਗਤ ਤੇ ਵਨੀਤ ਧੀਰ ਨੂੰ ਵੀ ਦੱਸਿਆ। ਇਸ ਦੇ ਨਾਲ ਹੀ ਆਮ ਆਦਮੀ ਪਾਰਟੀ ਦੇ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਘਰ ਆ ਕੇ ਮੋਹਿਨੀ ਦੇਵੀ ਦਾ ਹਾਲ-ਚਾਲ ਪੁੱਛ ਕੇ ਗਏ ਤੇ ਭਰੋਸਾ ਦਿਵਾਇਆ ਕਿ ਦੋਸ਼ੀ ਡਾਕਟਰ ਨੂੰ ਸਖ਼ਤ ਸਜ਼ਾ ਦਿਵਾਈ ਜਾਵੇਗੀ। ਪੰਜਾਬ 'ਚ ਜਿੱਥੇ ਭ੍ਰਿਸ਼ਟ ਡਾਕਟਰ ਹਨ, ਉਥੇ ਇਮਾਨਦਾਰ ਵੀ ਹਨ।

ਰਘੁਬੀਰ ਲਾਲ ਨੇ ਕਿਹਾ ਕਿ ਮੈਂ ਚਾਹੁੰਦਾ ਹਾਂ ਇਨ੍ਹਾਂ ਬੇਈਮਾਨ ਡਾਕਟਰਾਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮਾਮਲੇ 'ਚ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਨੂੰ ਵੀ ਚਿੱਠੀ ਲਿਖੀ ਹੋਈ ਹੈ, ਪਰ ਹਾਲੇ ਤੱਕ ਕੋਈ ਕਾਰਵਾਈ ਨਹੀਂ ਹੋਈ।


# ਸੰਤ ਹਰਚਰਨ ਦਾਸ ਦੀ ਸਾਲਾਨਾ ਬਰਸੀ ਤੇ ਸਮਾਗਮ 9 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸ਼ਿਵਾਲਕ ਪਹਾੜੀਆਂ ਦੀ ਗੋਦ ਅਤੇ ਹਿਮਾਚਲ ਪ੍ਰਦੇਸ਼ ਦੀ ਸੀਮਾ ਨਾਲ ਲੱਗਦੇ ਡੇਰਾ ਰਤਨਪੁਰੀ ਜੇਜੋ ਦੋਆਬਾ ਵਿਖੇ ਧੰਨ- ਧੰਨ ਸੰਤ ਬਾਬਾ ਹਰਚਰਨ ਦਾਸ ਮਹਾਰਾਜ ਜੀ ਦੀ 16 ਵੀਂ ਸਲਾਨਾ ਬਰਸੀ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ 9 ਅਗਸਤ ਦਿਨ ਐਤਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਰੇ ਦੀ ਮੁੱਖ ਸੰਚਾਲਕਾ ਸੰਤ ਬੀਬੀ ਮੀਨਾ ਦੇਵੀ ਸਟੇਜ ਸਕੱਤਰ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਏ ਸੁਸਾਇਟੀ ਰਜਿਸਟਰਡ ਪੰਜਾਬ ਅਤੇ ਗੱਦੀ ਨਸ਼ੀਨ ਸੰਤ ਬਾਬਾ ਅਮਨਦੀਪ ਨੇ ਸਾਂਝੇ ਤੌਰ ਤੇ ਦੱਸਿਆ ਕਿ ਬਰਸੀ ਸਮਾਗਮ ਨੂੰ ਮੁੱਖ ਰੱਖਦੇ ਹੋਏ 7 ਅਗਸਤ ਦਿਨ ਸ਼ੁਕਰਵਾਰ ਨੂੰ ਸ਼੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ, ਜਿਨਾਂ ਦੇ ਭੋਗ 9 ਅਗਸਤ ਦਿਨ ਐਤਵਾਰ ਨੂੰ ਪੈਣਗੇ। ਇਸ ਤੋਂ ਬਾਅਦ ਕੀਰਤਨੀ ਜਥੇ ਸੰਗਤਾਂ ਨੂੰ ਉਸ ਪਰਮਾਤਮਾ ਨਾਲ ਜੋੜਦੇ ਹੋਏ ਸੰਤ ਬਾਬਾ ਹਰਚਰਨ ਦਾਸ ਮਹਾਰਾਜ ਦੀ ਪਰਉਪਕਾਰੀ ਜਿੰਦਗੀ ਤੇ ਚਾਨਣਾ ਪਾਉਣਗੇ। ਸਮਾਗਮ ਵਿੱਚ ਪਹੁੰਚ ਰਹੇ ਸੰਤ ਮਹਾਂਪੁਰਸ਼ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕਰਦੇ ਹੋਏ ਉਹਨਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦੇਣਗੇ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ।ਗੁਰੂ ਕੇ ਲੰਗਰ ਅਤੁੱਟ ਚੱਲਣਗੇ।



# 'ਮੇਰੀ ਰਸੋਈ' ਸਕੀਮ ਤਹਿਤ ਲੋੜਵੰਦਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਹਲਕਾ ਨਕੋਦਰ ਦੇ ਪਿੰਡ ਆਧੀ ਵਿਖੇ ਆਮ ਆਦਮੀ ਪਾਰਟੀ ਦੇ ਆਗੂ ਬਲਦੇਵ ਕੁਮਾਰ ਗੋਰਾ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੀ 'ਮੇਰੀ ਰਸੋਈ' ਸਕੀਮ ਤਹਿਤ ਲੋੜਵੰਦਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਪਿੰਡ ਵਾਸੀਆਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਦੇ ਆਗੂ ਬਲਦੇਵ ਕੁਮਾਰ ਗੋਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਆਪ ਆਗੂ ਬਲਦੇਵ ਕੁਮਾਰ ਨੇ ਪਿੰਡ ਦੇ ਵਿਕਾਸ ਕਾਰਜਾਂ ਲਈ ਮਿਲੀਆਂ ਗਰਾਂਟਾਂ ਲਈ ਬੀਬੀ ਇੰਦਰਜੀਤ ਕੌਰ ਮਾਨ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਆਪ ਆਗੂ ਬਲਦੇਵ ਕੁਮਾਰ ਗੋਰਾ, ਸਰਪੰਚ ਮਨਜੀਤ ਰਾਣੀ, ਬਲਵੀਰ ਸਿੰਘ, ਦਲਜੀਤ ਸਿੰਘ ਨਿੱਕੂ, ਹਰਨੇਕ ਸਿੰਘ (ਸਾਬਕਾ ਪੰਚ), ਰਣਵੀਰ ਸਿੰਘ, ਰਜਿੰਦਰ ਸਿੰਘ (ਪੰਚ), ਸਰਬਜੀਤ ਕੌਰ (ਪੰਚ), ਅਮਰਜੀਤ ਕੌਰ (ਪੰਚ), ਰਸ਼ਪਾਲ ਸਿੰਘ (ਪੰਚ), ਪਲਵਿੰਦਰ ਸਿੰਘ, ਗੁਰਵਿੰਦਰ ਕੌਰ (ਪੰਚ), ਬਲਜੀਤ ਕੌਰ, ਪਰਮਜੀਤ ਕੌਰ (ਪ੍ਰਧਾਨ ਮਹਿਲਾ ਵਿੰਗ), ਸੁਖਦੇਵ ਸਿੰਘ ਬੱਗਾ , ਰਾਜਕੁਮਾਰ, ਸਾਧਾਂ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜ਼ਰ ਸਨ।



# ਕਪੂਰ ਪਿੰਡ ਚੋਂ ਦੋ ਮੱਝਾਂ ਚੋਰੀ



**ਆਦਮਪੁਰ, (ਪਰਮਜੀਤ ਸਿੰਘ)**- ਕਪੂਰ ਪਿੰਡ ਜਲੰਧਰ ਵਿੱਚ ਕਿਸੇ ਜਿਮੀਦਾਰ ਭਰਾ ਦੀਆਂ ਦੋ ਮੱਝਾਂ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦੇ ਕਪੂਰ ਪਿੰਡ ਦੇ ਸੁਰਜੀਤ ਸਿੰਘ ਪੁੱਤਰ ਹਜ਼ੂਰਾ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਕਰੀਬ ਡੇਢ ਦੋ ਵਜੇ ਕੁਝ ਵਿਅਕਤੀ ਉਹਨਾਂ ਦੇ ਖੂਹ ਤੇ ਆਏ ਅਤੇ ਦੋ ਮੱਝਾਂ ਚੋਰੀ ਕਰਕੇ ਲੈ ਗਏ/ ਸੁਰਜੀਤ ਸਿੰਘ ਨੇ ਕਿਹਾ ਉਹਨਾਂ ਦਾ ਕਰੀਬ 2 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਦੀਆਂ ਮੱਝਾਂ ਚੰਗੀ ਨਸਲ ਦੀਆਂ ਸਨ। ਉਹਨਾਂ ਕਿਹਾ ਮੱਝਾਂ ਚੋਰੀ ਕਰਨ ਵੇਲੇ ਚੋਰਾਂ ਅਤੇ ਮੱਝਾਂ ਦੇ ਪੈਰਾਂ ਦੇ ਨਿਸ਼ਾਨ ਵੀ ਉਹਨਾਂ ਦੇ ਖੇਤ ਵਿੱਚ ਪਾਏ ਗਏ ਹਨ ਜੋ ਕਿ ਮੱਝਾਂ ਨੂੰ ਖੋਲ ਕੇ ਤੋਰ ਕੇ ਖੇਤਾਂ ਵਿੱਚੋਂ ਲੈ ਕੇ ਗਏ ਹਨ। ਸੁਰਜੀਤ ਸਿੰਘ ਨੇ ਕਿਹਾ ਕਿ ਉਹਨਾਂ ਦੇ ਪਰਵਾਰ ਵੱਲੋਂ ਇਸ ਚੋਰੀ ਸਬੰਧੀ ਥਾਣਾ ਪਤਾਰਾ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ। ਉਹਨਾਂ ਦੇ ਖੂਹ ਤੇ ਮੌਕਾ ਦੇਖਣ ਲਈ ਥਾਣਾ ਪਤਾਰਾ ਦੀ ਪੁਲਿਸ ਆਈ ਸੀ ਜਿਨ੍ਹਾਂ ਨੇ ਉਹਨਾਂ ਨੂੰ ਭਰੋਸਾ ਦਵਾਇਆ ਕਿ ਮੱਝਾਂ ਚੋਰੀ ਕਰਨ ਵਾਲੇ ਚੋਰ ਜਲਦ ਕਾਬੂ ਕਰ ਲਏ ਜਾਣਗੇ।

# ਪੁਲੀ ਤੁਰੰਤ ਬਣਾਓ ਨਹੀਂ ਤਾਂ 15 ਨੂੰ ਫੂਕਾਂਗੇ ਪੁਤਲੇ : ਅਸ਼ੋਕ ਸੰਧੂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੰਬਰਦਾਰ ਯੂਨੀਅਨ ਪੰਜਾਬ ਜ਼ਿਲਾ ਜਲੰਧਰ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਅਤੇ ਉਹਨਾਂ ਦੇ ਜਾਂਬਾਜ਼ ਸਿਪਾਸਿਲਾਰ ਨੰਬਰਦਾਰ ਸਾਹਿਬਾਨਾਂ ਨੇ ਨੂਰਮਹਿਲ ਵਿਖੇ ਨੂਰਮਹਿਲ-ਜੰਡਿਆਲਾ-ਨਕੋਦਰ ਨੂੰ ਜੋੜਨ ਵਾਲੀ ਟੀ-ਪੁਆਇੰਟ ਵਾਲੀ ਪੁਲੀ ਨੂੰ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਤੋੜ ਕੇ ਸੁੱਟਣ ਦਾ ਸਖਤ ਨੋਟਿਸ ਲਿਆ। ਨੰਬਰਦਾਰ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਗਟ ਸਿੰਘ ਸਰਹਾਲੀ, ਜਨਰਲ ਸਕੱਤਰ ਸੁਰਿੰਦਰ ਸਿੰਘ ਸ਼ਿੰਦਾ, ਪ੍ਰੈਸ ਸਕੱਤਰ ਤਰਸੇਮ ਲਾਲ ਉੱਪਲ, ਪੀ ਆਰ ਓ ਜਗਨ ਨਾਥ ਚਾਹਲ, ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੇ ਪ੍ਰਧਾਨ ਲਾਇਨ ਦਿਨਕਰ ਸੰਧੂ ਨੇ ਕਿਹਾ ਕਿ ਪੁਲੀ ਤੇ ਲੋਕਾਂ ਦੀ ਸੁਰੱਖਿਆ ਲਈ ਕੋਈ ਕਿਸੇ ਤਰਾਂ ਦੇ ਚੇਤਾਵਨੀ ਚਿੰਨ੍ਹ ਨਹੀਂ ਲਗਾਏ, ਜਦਕਿ ਚੰਦ ਦਿਨ ਪਹਿਲਾਂ ਹੀ ਨਗਰ ਕੌਂਸਲ ਪ੍ਰਧਾਨ ਦੇ ਵਾਰਡ ਵਿੱਚ ਨਗਰ ਕੌਂਸਲ ਵੱਲੋਂ ਪੁੱਟੇ ਹੋਏ ਟੋਏ ਵਿੱਚ ਨੌਜਵਾਨ ਮੋਟਰਸਾਈਕਲ ਸਮੇਤ ਹੀ ਡਿੱਗ ਪਏ ਸਨ ਤੇ ਜੇ ਸੀ ਬੀ ਨਾਲ ਮੋਟਰਸਾਈਕਲ ਕੱਢਣਾ ਪਿਆ। ਜੇਕਰ ਉੱਥੇ ਅਣਗਿਹਲੀ ਨਾ ਵਰਤੀ ਜਾਂਦੀ ਤਾਂ ਹਾਦਸਾ ਨਾ ਹੁੰਦਾ। ਨੰਬਰਦਾਰ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਸਰਬਜੀਤ ਸਿੰਘ ਚਾਨਾ ਫਗਵਾੜਾ, ਮਹਿਲਾ ਨੰਬਰਦਾਰ ਦਲਜੀਤ ਕੌਰ ਜੰਡਿਆਲਾ, ਜ਼ੋਨ ਇੰਚਾਰਜ ਜਸਵੰਤ ਸਿੰਘ ਜੰਡਿਆਲਾ ਸਮੇਤ ਸਮੂਹ ਨੰਬਰਦਾਰ ਸਾਹਿਬਾਨਾਂ ਨੇ ਕਿਹਾ ਕਿ ਨੰਬਰਦਾਰ ਯੂਨੀਅਨ ਵੱਲੋਂ ਹਰ ਸਾਲ ਆਜ਼ਾਦੀ ਦਿਵਸ ਮਨਾਇਆ ਜਾਂਦਾ ਹੈ। ਜਥੇਬੰਦੀ ਨੇ ਬੇਨਤੀ ਕੀਤੀ ਹੈ ਕਿ 12 ਤਾਰੀਕ ਤੱਕ ਪ੍ਰਮੁੱਖ ਪੁਲੀ ਨੂੰ ਚਾਲੂ ਕੀਤਾ ਜਾਵੇ ਨਹੀਂ ਤਾਂ 15 ਅਗਸਤ ਨੂੰ ਇਸ ਪੁਲੀ ਨੂੰ ਤੋੜਨ, ਮੁੜ ਉਸਾਰਣ ਵਿੱਚ ਦੇਰੀ, ਲੋਕਾਂ ਦੀਆਂ ਕੀਮਤੀ ਜਾਨਾਂ ਨਾਲ ਖਿਲਵਾੜ, ਸ਼ਹਿਰ ਦੀ ਸੰਪਤੀ ਦਾ ਬੇਵਜ੍ਹਾ ਨੁਕਸਾਨ ਕਰਨ ਵਾਲਿਆਂ ਦਾ ਪੁੱਤਲਾ ਫੂਕਿਆ ਜਾਵੇਗਾ। ਇਸ ਮੌਕੇ ਨੰਬਰਦਾਰ ਦਿਲਾਵਰ ਸਿੰਘ ਗੁਮਟਾਲੀ, ਪ੍ਰੇਮ ਚੰਦ ਮੁਆਈ, ਰਾਜਿੰਦਰ ਸਿੰਘ ਫਤਿਹਪੁਰ, ਅਜੀਤ ਰਾਮ ਤਲਵਣ, ਪ੍ਰੀਤਪਾਲ ਬੁਰਜ ਹਸਨ, ਕੁਲਦੀਪ ਉੱਪਲ ਭੂਪਾ, ਬੱਗੜ ਰਾਮ ਬਿਲਗਾ, ਹਰਪਾਲ ਸਿੰਘ ਪੁਆਦੜਾ, ਬੂਟਾ ਸਿੰਘ ਤਲਵਣ, ਲਖਵੀਰ ਸਿੰਘ ਪੁਆਦੜਾ, ਜਰਨੈਲ ਸਿੰਘ ਗਦਰਾ, ਕੁਲਵਿੰਦਰ ਰਾਮ ਸਾਗਰਪੁਰ, ਆਤਮਾ ਰਾਮ ਭੰਡਾਲ ਬੂਟਾ, ਦਵਿੰਦਰ ਸਿੰਘ ਪਾਸਲਾ, ਦਵਿੰਦਰ ਕੁਮਾਰ ਪਾਸਲਾ, ਕੁਲਵਿੰਦਰ ਸਾਗਰਪੁਰ, ਹਰਭਜਨ ਸਿੰਘ ਭੰਡਾਲ ਬੂਟਾ, ਹਰਬਲਜੀਤ ਸਿੰਘ ਲੱਧੜ ਕਲਾਂ, ਮਹਿੰਗਾ ਰਾਮ ਫਤਿਹਪੁਰ, ਹਰਮੇਲ ਚੰਦ ਦਾਦੂਵਾਲ, ਜਗੀਰ ਸਿੰਘ ਸੰਗੋਵਾਲ, ਸੰਤੋਖ ਸਿੰਘ ਬਿਲਗਾ, ਸੰਤੋਖ ਰਾਮ ਪੰਡੋਰੀ ਮੁਸ਼ਾਰਕਤੀ, ਸ਼ਿੰਗਾਰਾ ਸਿੰਘ ਸ਼ਾਦੀਪੁਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਨੰਬਰਦਾਰ ਸਾਹਿਬਾਨਾਂ ਨੇ ਬਰਸਾਤਾਂ ਵਿੱਚ ਪੁਲੀ ਤੋੜਨ ਅਤੇ ਭਾਰੀ ਭਰਕਮ ਟਰੈਫਿਕ ਨੂੰ ਤਹਿਸੀਲ ਕੰਪਲੈਕਸ ਦੇ ਰਸਤੇ ਵੱਲ ਜਾਣ ਨੂੰ ਨਾ ਰੋਕਣ ਦੀ ਨਿਖੇਧੀ ਕੀਤੀ।



# ਕਰਨਾਣਾ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਬੰਗਾ (ਅਵਤਾਰ ਕਲੇਰ)**- ਤੀਆਂ ਕਮੇਟੀ ਕਰਨਾਣਾ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਕਰਨਾਣਾ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਉਹਨਾਂ ਨੇ ਰੀਬਨ ਕੱਟ ਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ। ਉਹਨਾਂ ਦਾ ਸਵਾਗਤ ਜਗਜੀਤ ਕੌਰ ਕਰਨਾਣਾ ਸਟੇਟ ਜੁਇੰਟ ਸਕੱਤਰ ਵੁਮੈਨ ਵਿੰਗ ਆਪ, ਤੀਆਂ ਕਮੇਟੀ ਪ੍ਰਧਾਨ ਜੋਗਿੰਦਰ ਕੌਰ, ਸਕੱਤਰ ਨੀਲਮ ਕੁਮਾਰੀ, ਜੋਗਿੰਦਰ ਪਾਲ ਸਾਬਕਾ ਪੰਚ ਅਤੇ ਪਿੰਡ ਦੇ ਸਮੂਹ ਪਤਵੰਤੇ ਸੱਜਣਾਂ ਨੇ ਉਹਨਾਂ ਦੇ ਹਾਰ ਪਾ ਕੇ ਕੀਤਾ। ਡਾ. ਸੁੱਖੀ ਨੇ ਜਿੱਥੇ ਤੀਆਂ ਦੇ ਤਿਉਹਾਰ ਦੇ ਸਫਲ ਪ੍ਰੋਗਰਾਮ ਲਈ ਪ੍ਰਬੰਧਕ ਕਮੇਟੀ ਅਤੇ ਸਮੂਹ ਪਿੰਡ ਨਿਵਾਸੀਆਂ ਨੂੰ ਵਧਾਈ ਦਿੱਤੀ ਉੱਥੇ ਔਰਤਾਂ ਦੇ ਜਿੰਮ ਲਈ ਇਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਪ੍ਰੋਗਰਾਮ ਵਿੱਚ ਪਿੰਡ ਦੇ ਬੱਚੇ ਅਤੇ ਔਰਤਾਂ ਪੰਜਾਬੀ ਵਿਰਸੇ ਨਾਲ ਸੰਬੰਧਤ ਰੰਗ ਬਿਰੰਗੇ ਸੂਟਾਂ ਵਿੱਚ ਸੱਜ ਧੱਜ ਕੇ ਆਏ ਅਤੇ ਉਹਨਾਂ ਵੱਲੋਂ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਪਿੰਡ ਦੀਆਂ ਹੀ ਨੂੰਹਾਂ, ਧੀਆਂ ਅਤੇ ਮੁਟਿਆਰਾਂ ਵੱਲੋਂ ਲੋਕ ਬੋਲੀਆਂ, ਲੋਕ ਨਾਚ ਗਿੱਧਾ ਅਤੇ ਭੰਗੜਾ ਪਾ ਕੇ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਵਿਸ਼ੇਸ਼ ਮਹਿਮਾਨ ਕੁਲਜੀਤ ਸਿੰਘ ਸਰਹਾਲ ਲੋਕ ਸਭਾ ਇੰਚਾਰਜ ਸ੍ਰੀ ਅਨੰਦਪੁਰ ਸਾਹਿਬ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸਮੂਹ ਨਗਰ ਨੂੰ 'ਤੀਆਂ ਦੇ ਮੇਲੇ' ਦੀਆਂ ਵਧਾਈ ਦਿੱਤੀਆਂ। ਇਸ ਮੌਕੇ ਚੇਅਰਮੈਨ ਬਲਵੀਰ ਕਰਨਾਣਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਮਲਕੀਤ ਸਿੰਘ ਚਾਹਲ, ਜੋਗਿੰਦਰ ਕੌਰ, ਨੀਲਮ ਕੁਮਾਰੀ, ਮੀਨੂ, ਸਾਬਕਾ ਪੰਚ ਜੋਗਿੰਦਰ ਪਾਲ, ਰਾਜਵਿੰਦਰ ਕੌਰ, ਗੁਰਦੀਪ ਕੌਰ ਆਦਿ ਦੇ ਇਲਾਵਾ ਦਰਸ਼ਕ ਹਾਜ਼ਰ ਸਨ।




# ਪੰਜਾਬ ਪੈਨਸ਼ਨਰਜ ਯੂਨੀਅਨ ਦੀ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੈਨਸ਼ਨਰਜ ਯੂਨੀਅਨ ਹੁਸ਼ਿਆਰਪੁਰ ਦੀ ਤਤਕਾਲ ਮੀਟਿੰਗ ਉਂਕਾਰ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਪਾਰਟੀ ਦਫਤਰ ਵਿਖੇ ਹੋਈ। ਮੀਟਿੰਗ ਵਿਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ 3 ਅਗਸਤ 2026 ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਡੀ.ਏ. ਦੇ ਕੇਸ ਵਿਚ ਦਿਤੇ ਫੈਸਲੇ ਨੂੰ ਮੁਲਾਜ਼ਮਾਂ ਦੀ ਇਤਿਹਾਸਕ ਜਿੱਤ ਕਰਾਰ ਦਿਤਾ ਗਿਆ। ਯੂਨੀਅਨ ਆਗੂਆਂ ਨੇ ਕਿਹਾ ਕਿ ਹੁਣ ਪੰਜਾਬ ਸਰਕਾਰ ਨੂੰ ਇਸ ਫੈਸਲੇ ਅਨੁਸਾਰ ਤੁਰੰਤ ਡੀ.ਏ. ਅਤੇ ਬਕਾਇਆ ਦੇ ਦੇਣਾ ਚਾਹੀਦਾ ਹੈ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਮਿਤੀ 7 ਅਗਸਤ ਨੂੰ ਮੁਹਾਲੀ ਸੈਕਟਰ 39 ਦਾਣਾ ਮੰਡੀ ਵਿਖੇ ਮੁਲਾਜ਼ਮ ਅਤੇ ਪੈਨਸ਼ਨਰਜ ਜੁਆਇੰਟ ਫਰੰਟ ਦੀ ਹੋ ਰਹੀ ਮਹਾਂ ਰੈਲੀ ਵਿਚ ਪੰਜਾਬ ਪੈਨਸ਼ਨਰਜ ਯੂਨੀਅਨ ਹੁਸ਼ਿਆਰਪੁਰ ਤੋਂ ਵੱਡੀ ਗਿਣਤੀ ਵਿਚ ਪੈਨਸ਼ਨਰਜ ਹਿਸਾ ਲੈਣਗੇ। ਮੀਟਿੰਗ ਵਿਚ ਉਕਾਂਰ ਸਿੰਘ. ਅਮਰੀਕ ਸਿੰਘ, ਕੁਲਦੀਪ ਸਿੰਘ, ਬਿਕਰ ਸਿੰਘ, ਦਵਿੰਦਰ ਸਿੰਘ, ਜਗਜੀਤ ਸਿੰਘ ਜਗੀ, ਕਿਸ਼ਨ ਦਾਸ ਆਦਿ ਹਾਜ਼ਰ ਹੋਏ।



# ਡਾਕੂਮੈਂਟਰੀ ਫਿਲਮਸਾਜ਼ ਵਿਸ਼ਾਲ ਸਿੰਘ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**- ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ ਪਾਲ ਨੇ ਡਾਕੂਮੈਂਟਰੀ ਫਿਲਮਸਾਜ਼ ਅਤੇ ਕਾਰਕੁਨ ਵਿਸ਼ਾਲ ਸਿੰਘ ਦੀ ਗੰਭੀਰ ਹਾਲਤ ਦੇ ਮੱਦੇਨਜ਼ਰ ਉਸ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਦੀ ਜੀਵਨ ਸਾਥਣ ਰੇਬੇਕਾ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਲਖਨਊ ਸਾਜ਼ਿਸ਼ ਕੇਸ ਵਿੱਚ ਜੂਨ 2025 ਤੋਂ ਹਿਰਾਸਤ ਵਿਚ ਵਿਸ਼ਾਲ ਸਿੰਘ ਦੀ ਸਿਹਤ ਬਹੁਤ ਗੰਭੀਰ ਹੈ। 34 ਸਾਲਾ ਵਿਸ਼ਾਲ ਸਿੰਘ ਪਹਿਲਾਂ ਤੋਂ ਹੀ ਮਾਈਗ੍ਰੇਨ ਦੀ ਸਮੱਸਿਆ ਨਾਲ ਪੀੜਤ ਸਨ, ਪਰ ਜੇਲ੍ਹ ਵਿੱਚ ਰਹਿਣ ਦੌਰਾਨ ਉਨ੍ਹਾਂ ਦੀ ਹਾਲਤ ਤੇਜ਼ੀ ਨਾਲ ਵਿਗੜ ਗਈ ਹੈ। ਉਨ੍ਹਾਂ ਨੂੰ ਹਰ ਦੋ-ਤਿੰਨ ਦਿਨਾਂ ਬਾਅਦ ਮਾਈਗ੍ਰੇਨ ਦਾ ਦੌਰਾ ਪੈਂਦਾ ਹੈ ਅਤੇ ਉਹ ਬਿਨਾਂ ਮਾਹਰ ਡਾਕਟਰੀ ਇਲਾਜ ਜਾਂ ਲੋੜੀਂਦੀ ਡਾਕਟਰੀ ਨਿਗਰਾਨੀ ਦੇ ਸਿਰਫ਼ ਆਰਜ਼ੀ ਦਵਾਈਆਂ ਦੇ ਸਹਾਰੇ ਵਕਤ ਗੁਜ਼ਾਰ ਰਹੇ ਹਨ। ਮਾਰਚ ਵਿੱਚ ਉਨ੍ਹਾਂ ਨੂੰ ਦੌਰੇ ਵਰਗੀ ਗੰਭੀਰ ਮੈਡੀਕਲ ਸਥਿਤੀ ਦਾ ਸਾਹਮਣਾ ਕਰਨਾ ਪਿਆ, ਜਿਸ ਕਾਰਨ ਉਨ੍ਹਾਂ ਦੇ ਚਿਹਰੇ ਦਾ ਇੱਕ ਪਾਸਾ ਸੁੰਨ ਹੋ ਗਿਆ। ਇਸ ਤੋਂ ਬਾਅਦ ਉਨ੍ਹਾਂ ਦੀ ਸਿਹਤ ਹੋਰ ਵਿਗੜ ਗਈ। ਵਿਸ਼ਾਲ ਸਿੰਘ ਨੂੰ ਐੱਨ ਆਈ ਏ ਨੇ 2023 ਵਿੱਚ ਕੀਤੀਆਂ ਗ੍ਰਿਫ਼ਤਾਰੀਆਂ ਤੇ ਛਾਪੇਮਾਰੀਆਂ ਸਮੇਂ ਹਿਰਾਸਤ ਵਿਚ ਲਿਆ ਗਿਆ ਸੀ ਜਿਸ ਵਿੱਚ ਕਈ ਰਾਜਾਂ ਦੇ ਸਮਾਜਿਕ ਕਾਰਕੁਨਾਂ, ਪੱਤਰਕਾਰਾਂ, ਵਕੀਲਾਂ, ਵਿਦਿਆਰਥੀਆਂ ਅਤੇ ਮਜ਼ਦੂਰ ਆਗੂਆਂ ਨੂੰ ਸੀ.ਪੀ.ਆਈ. (ਮਾਓਵਾਦੀ) ਦੇ ਓਵਰ ਗਰਾਊਂਡ ਵਰਕਰ ਹੋਣ ਦਾ ਦੋਸ਼ ਲਾ ਕੇ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਇਹ ਭੀਮਾ ਕੋਰੇਗਾਓਂ ਸਾਜ਼ਿਸ਼ ਮਾਮਲੇ ਦੀ ਤਰਜ਼ 'ਤੇ ਲੋਕਪੱਖੀ ਅਤੇ ਜਮਹੂਰੀ ਕਾਰਕੁਨਾਂ ਨੂੰ ਅਰਬਨ ਨਕਸਲ ਜਾਂ ਓਵਰ ਗਰਾਊਂਡ ਵਰਕਰ ਦਾ ਠੱਪਾ ਲਗਾ ਕੇ ਉਨ੍ਹਾਂ ਦੀ ਲੰਮਾ ਸਮਾਂ ਜੇਲ੍ਹਬੰਦੀ ਨੂੰ ਜਾਇਜ਼ ਠਹਿਰਾਉਣ ਦੀ ਸਾਜ਼ਿਸ਼ ਹੈ। ਅਜਿਹੇ ਕੇਸਾਂ ਨੂੰ ਕਈ ਕਈ ਸਾਲ ਅਦਾਲਤਾਂ ਵਿਚ ਵਿਚਾਰ ਅਧੀਨ ਰੱਖਕੇ ਕਾਰਕੁਨਾਂ ਨੂੰ ਜੇਲ੍ਹਾਂ ਵਿਚ ਸਾੜਿਆ ਜਾ ਰਿਹਾ ਹੈ। ਗ੍ਰਿਫ਼ਤਾਰੀ ਤੋਂ ਇੱਕ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਐੱਨ ਆਈ ਏ ਨੇ ਅਜੇ ਤੱਕ ਵਿਸ਼ਾਲ ਸਿੰਘ ਵਿਰੁੱਧ ਚਾਰਜਸ਼ੀਟ ਵੀ ਦਾਇਰ ਨਹੀਂ ਕੀਤੀ।



ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਝੂਠਾ ਲਖਨਊ ਸਾਜ਼ਿਸ਼ ਕੇਸ ਰੱਦ ਕੀਤਾ ਜਾਵੇ, ਵਿਸ਼ਾਲ ਸਿੰਘ ਸਮੇਤ ਇਸ ਕੇਸ ਵਿਚ ਜੇਲ੍ਹਬੰਦ ਸਾਰੇ ਕਾਰਕੁਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਜਬਰ ਦਾ ਸੰਦ ਕੌਮੀ ਜਾਂਚ ਏਜੰਸੀ ਭੰਗ ਕੀਤੀ ਜਾਵੇ।


# ਸੈਨਟ ਚੋਣਾਂ 'ਚ ਭਾਰੀ ਲੀਡ ਪ੍ਰਾਪਤ ਕਰਨਗੇ ਸੁਰਜੀਤ ਸਿੰਘ ਮੁਹਾਲੀ : ਵਿਰਲੀ



**ਜਲੰਧਰ, ਫਿਲੌਰ (ਸ਼ੈਲੀ ਐਲਬਰਟ, ਨਿਰਮਲ)**- ਪੰਜਾਬ ਯੂਨੀਵਰਸਟੀ ਚੰਡੀਗੜ੍ਹ ਦੀਆਂ 20 ਸਤੰਬਰ ਨੂੰ ਹੋਣ ਵਾਲੀਆਂ ਸੈਨਟ ਚੋਣਾਂ ਸੰਬੰਧੀ ਜ਼ਿਲ੍ਹਾ ਜਲੰਧਰ ਦੇ ਬੁੱਧੀਜੀਵੀਆਂ ਅਤੇ ਮੁਲਾਜ਼ਮਾਂ ਦੀ ਮੀਟਿੰਗ ਕਰਨੈਲ ਫਿਲੌਰ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ ਜਿਸ ਵਿੱਚ ਪੰਜਾਬ ਯੂਨਵਰਸਿਟੀ ਚੰਡੀਗੜ੍ਹ ਦੀਆਂ 20 ਸਤੰਬਰ ਨੂੰ ਹੋਣ ਵਾਲੀਆਂ ਸੈਨਟ ਚੋਣਾਂ ਲਈ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਅਗਾਂਹ ਵਧੂ ਜੱਥੇਬੰਦੀਆਂ ਤੇ ਮੁਲਾਜ਼ਮਾਂ ਦੇ ਸਾਂਝੇ ਉਮੀਦਵਾਰ ਸੁਰਜੀਤ ਸਿੰਘ ਮੁਹਾਲੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਉੱਘੇ ਵਿਦਵਾਨ ਤੇ ਬੁੱਧੀਜੀਵੀ ਡਾਕਟਰ ਤਜਿੰਦਰ ਵਿਰਲੀ ਵਲੋਂ ਉਮੀਦਵਾਰ ਸੁਰਜੀਤ ਸਿੰਘ ਮੁਹਾਲੀ ਨੂੰ ਜਿਲ੍ਹਾ ਜਲੰਧਰ ਤੋਂ ਭਾਰੀ ਲੀਡ ਨਾਲ ਜਿਤਾਉਣ ਦਾ ਸੱਦਾ ਦਿੱਤਾ। ਇਸ ਮੌਕੇ ਚੋਣਾਂ ਸਬੰਧੀ ਵੋਟਰਾਂ ਨਾਲ ਸੰਪਰਕ ਕਰਨ ਲਈ ਬੂਥ ਲੈਵਲ ਕਮੇਟੀਆਂ ਦਾ ਗਠਨ ਕੀਤਾ ਗਿਆ। ਇਸ ਮੌਕੇ ਤੀਰਥ ਸਿੰਘ ਬਾਸੀ ਅਤੇ ਬਲਵਿੰਦਰ ਸਿੰਘ ਨੇ ਕਿਹਾ ਕਿ ਸਸਤੀ ਸਿੱਖਿਆ ਨੂੰ ਬਚਾਉਣ ਅਤੇ ਪੰਜਾਬ ਯੂਨੀਵਰਸਟੀ ਚੰਡੀਗੜ੍ਹ ਨੂੰ ਫਿਰਕੂ ਸ਼ਕਤੀਆਂ ਦਾ ਕੇਂਦਰ ਬਣਨ ਤੋਂ ਰੋਕਣ ਲਈ ਅਗਾਂਹ ਵਧੂ ਉਮੀਦਵਾਰਾਂ ਨੂੰ ਸਦਨ ਵਿੱਚ ਭੇਜਿਆ ਜਾਵੇਗਾ। ਇਸ ਮੌਕੇ ਕਰਨੈਲ ਫਿਲੌਰ ਤੇ ਸੁਖਵਿੰਦਰ ਸਿੰਘ ਮੱਕੜ ਨੇ ਅਪੀਲ ਕੀਤੀ ਕਿ ਸੁਰਜੀਤ ਸਿੰਘ ਮੁਹਾਲੀ ਨੂੰ ਪਹਿਲੀ ਪਸੰਦ ਤੇ ਵੋਟ ਦੇ ਕੇ ਚੁਣਿਆ ਜਾਵੇ। ਇਸ ਮੌਕੇ ਬਲਜੀਤ ਸਿੰਘ ਕੁਲਾਰ, ਤੀਰਥ ਸਿੰਘ ਬਾਸੀ, ਵੇਦ ਰਾਜ, ਹਰਮਨਜੋਤ ਸਿੰਘ ਵਾਲੀਆ, ਵਿਨੋਦ ਭੱਟੀ, ਗੁਰਿੰਦਰ ਸਿੰਘ, ਮੁਲਖ਼ ਰਾਜ, ਮੰਗਲਦੀਪ, ਸੰਦੀਪ ਕੁਮਾਰ ਰਾਜੋਵਾਲ, ਪਿਆਰਾ ਸਿੰਘ, ਜਸਬੀਰ ਸਿੰਘ, ਲੇਖ ਰਾਜ ਪੰਜਾਬੀ, ਸੁਸ਼ੀਲ ਕੁਮਾਰ, ਜਸਬੀਰ ਫਿਲੌਰ, ਰਣਜੀਤ ਕੁਮਾਰ, ਬਲਵਿੰਦਰ ਸਿੰਘ, ਰਘਵੀਰ ਪਾਲ ਨਕੋਦਰ, ਭੁਪਿੰਦਰ ਸਿੰਘ,ਸੰਦੀਪ ਕੁਮਾਰ ਸ਼ਰਮਾਂ, ਅਮਰਜੀਤ ਭਗਤ, ਰਾਕੇਸ਼ ਅਲਾਵਲਪੁਰ ਆਦਿ ਹਾਜ਼ਰ ਸਨ।


# 'ਚਿੱਟੇ ਦੇ ਨਸ਼ੇ ਨੇ ਪੰਜਾਬ ਦੀ ਜਵਾਨੀ ਕੀਤੀ ਤਬਾਹ'

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਵਿੱਚ ਦਿਨ-ਬ-ਦਿਨ ਵਧ ਰਹੇ ਚਿੱਟੇ ਦੇ ਪ੍ਰਕੋਪ ਤੇ ਡੂੰਘੀ ਚਿੰਤਾ ਪ੍ਰਗਟਾਉਂਦੇ ਹੋਏ ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਦੇ ਐਮ ਡੀ ਅਤੇ ਦਲ ਖਾਲਸਾ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਨੇ ਸਰਕਾਰਾਂ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਚਿੱਟੇ ਦੀ ਭੇਂਟ ਚੜ੍ਹ ਰਹੇ ਨੌਜਵਾਨਾਂ ਦੀਆਂ ਮੌਤਾਂ ਕਾਰਨ ਅੱਜ ਸਿਵਿਆਂ ਦੇ ਰਾਹ ਵੀ ਵਿਲਕ ਰਹੇ ਹਨ, ਪਰ ਅਫ਼ਸੋਸ ਦੀ ਗੱਲ ਹੈ ਕਿ ਅੱਜ ਤੱਕ ਕਿਸੇ ਵੀ ਸਰਕਾਰ ਕੋਲੋਂ ਇਸ 'ਤੇ ਕਾਬੂ ਨਹੀਂ ਪਾਇਆ ਜਾ ਸਕਿਆ। ਉਨ੍ਹਾਂ ਆਖਿਆ ਕਿ ਪੰਜਾਬ ਦਾ ਅਸਲ ਸਰਮਾਇਆ ਯਾਨੀ ਸਾਡੀ ਜਵਾਨੀ ਰੋਜ਼ਾਨਾ ਖ਼ਤਮ ਹੋ ਰਹੀ ਹੈ। ਹਰ ਰੋਜ਼ ਅਖ਼ਬਾਰਾਂ ਦੀਆਂ ਸੁਰਖੀਆਂ ਚਿੱਟੇ ਦੀ ਓਵਰਡੋਜ਼ ਨਾਲ ਹੋ ਰਹੀਆਂ ਮੌਤਾਂ ਨਾਲ ਭਰੀਆਂ ਹੁੰਦੀਆਂ ਹਨ। ਬਲਜਿੰਦਰ ਸਿੰਘ ਖ਼ਾਲਸਾ ਨੇ ਭਾਵੁਕ ਹੁੰਦਿਆਂ ਕਿਹਾ ਕਿ ਜਦੋਂ ਇੱਕ ਪਿਓ ਦੇ ਮੋਢੇ 'ਤੇ ਜਵਾਨ ਪੁੱਤ ਦੀ ਅਰਥੀ ਜਾਂਦੀ ਹੈ, ਤਾਂ ਉਸ ਬਾਪ ਦਾ ਲੱਕ ਪੂਰੀ ਤਰ੍ਹਾਂ ਟੁੱਟ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਚਿੱਟਾ ਇੱਕ ਮੌਤ ਦੀ ਮਸ਼ੀਨ ਬਣ ਚੁੱਕਾ ਹੈ।



# ਚਿੱਟੇ ਮੋਤੀਏ ਦੀ ਜਾਂਚ ਲਈ ਅੱਖਾਂ ਦਾ ਕੈਂਪ

**ਨਕੋਦਰ (ਮਨਜੀਤ ਮਾਨ)**- ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੰਤਮੀਤ ਸਿੰਘ ਦੀ ਅਗਵਾਈ ਹੇਠ ਕੰਗ ਸਾਹਬੂ ਬਲਾਕ ਪੀ.ਐੱਚ.ਸੀ. ਮਹਿਤਪੁਰ ਵਿਖੇ ਚਿੱਟੇ ਮੋਤੀਆ ਦੀ ਸਕ੍ਰੀਨਿੰਗ ਲਈ ਵਿਸ਼ੇਸ਼ ਅੱਖਾਂ ਦਾ ਕੈਂਪ ਆਯੋਜਿਤ ਕੀਤਾ ਗਿਆ।ਕੈਂਪ ਦੌਰਾਨ ਆਏ ਮਰੀਜ਼ਾਂ ਦੀਆਂ ਅੱਖਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ ਅਤੇ ਚਿੱਟੇ ਮੋਤੀਆ ਤੋਂ ਪੀੜਤ ਮਰੀਜ਼ਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਅਗਲੇ ਇਲਾਜ ਅਤੇ ਲੋੜ ਅਨੁਸਾਰ ਆਪ੍ਰੇਸ਼ਨ ਲਈ ਮਾਰਗਦਰਸ਼ਨ ਦਿੱਤਾ ਗਿਆ। ਨਾਲ ਹੀ ਲੋਕਾਂ ਨੂੰ ਅੱਖਾਂ ਦੀ ਸਿਹਤ ਸੰਬੰਧੀ ਜਾਗਰੂਕ ਕੀਤਾ ਗਿਆ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਕੈਂਪ ਵਿੱਚ ਡਾ. ਭੂਮਿਕਾ, ਡਾ. ਪ੍ਰਭਲੀਨ, ਡਾ. ਸਿਵਾਲੀ, ਤਰੁਨ ਕੁਮਾਰ ਬੀ. ਐਸ. ਏ ਅਤੇ ਦਵਿੰਦਰ ਸਿੰਘ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਸਿਹਤ ਟੀਮ ਵੱਲੋਂ ਮਰੀਜ਼ਾਂ ਨੂੰ ਚਿੱਟੇ ਮੋਤੀਆ ਦੇ ਲੱਛਣਾਂ, ਬਚਾਅ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਸੀਨੀਅਰ ਮੈਡੀਕਲ ਅਫ਼ਸਰ ਡਾ. ਸੰਤਮੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਨਜ਼ਰ ਧੁੰਦਲੀ ਹੋਣ, ਰੌਸ਼ਨੀ ਵਿੱਚ ਤਕਲੀਫ਼ ਜਾਂ ਅੱਖਾਂ ਨਾਲ ਸੰਬੰਧਿਤ ਕੋਈ ਵੀ ਸਮੱਸਿਆ ਮਹਿਸੂਸ ਹੋਵੇ ਤਾਂ ਨੇੜਲੇ ਸਰਕਾਰੀ ਸਿਹਤ ਕੇਂਦਰ ਵਿੱਚ ਮੁਫ਼ਤ ਜਾਂਚ ਜ਼ਰੂਰ ਕਰਵਾਉਣ, ਤਾਂ ਜੋ ਸਮੇਂ ਸਿਰ ਇਲਾਜ ਕਰਕੇ ਨਜ਼ਰ ਨੂੰ ਸੁਰੱਖਿਅਤ ਰੱਖਿਆ ਜਾ ਸਕੇ।



# ਕਿਸਾਨ ਸੰਘਰਸ਼ ਕਮੇਟੀ ਨੇ ਪੁਲ ਦੀ ਮੁਰੰਮਤ ਕਰਵਾਉਣ ਦੀ ਕੀਤੀ ਮੰਗ

**ਸ਼ਾਹਕੋਟ (ਗਿਆਨ ਸੈਦਪੁਰੀ)**- ਕਿਸਾਨ ਸੰਘਰਸ਼ ਕਮੇਟੀ (ਕੋਟ ਬੁੱਢਾ) ਬਲਾਕ ਸ਼ਾਹਕੋਟ ਦੀ ਅਗਵਾਈ ਵਿਚ ਕਿਸਾਨਾਂ ਨੇ ਸ਼ਾਹਕੋਟ-ਮਲਸੀਆਂ ਦੇ ਵਿਚਕਾਰ ਸਥਿਤ ਰੇਲਵੇ ਫਾਟਕ ਉੱਪਰ ਉਸਾਰੇ ਹੋਏ ਪੁਲ ਦੀ ਚੱਲ ਰਹੀ ਮੁਰੰਮਤ ਦਾ ਕੰਮ ਦਾ ਜਾਇਜ਼ਾ



ਲੈਂਦਿਆਂ ਇਸ ਨੂੰ ਨਿਗੂਣਾ ਕੰਮ ਦੱਸਿਆ। ਕਿਸਾਨ ਸੰਘਰਸ਼ ਕਮੇਟੀ (ਕੋਟ ਬੁੱਢਾ) ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਅਲੀਵਾਲ ਤੇ ਬਲਾਕ ਸ਼ਾਹਕੋਟ ਦੇ ਪ੍ਰਧਾਨ ਰਣਜੋਧ ਸਿੰਘ ਕੋਟਲੀ ਨੇ ਕਿਹਾ ਕਿ ਰਾਸ਼ਟਰੀ ਹਾਈਵੇ ਦੇ ਪੁਲ ਵਿਚ ਪਈਆਂ ਤਰੇੜਾਂ ਕਾਰਣ ਸਮੁੱਚੇ ਪੁਲ ਦੀ ਹੀ ਹਾਲਤ ਖ਼ਸਤਾ ਹੋ ਗਈ ਹੈ। ਸਿਵਲ ਪ੍ਰਸ਼ਾਸਨ ਤੇ ਰਾਸ਼ਟਰੀ ਹਾਈਵੇ ਅਥਾਰਿਟੀ ਪੁਲ ਦੇ ਇਕ ਸਲੈਬ ਦੀ ਮੁਰੰਮਤ ਕਰਵਾ ਕੇ ਹੀ ਕੰਮ ਸਾਰਨਾ ਚਾਹੁੰਦੀ ਹੈ। ਇਕ ਸਲੈਬ ਦੀ ਮੁਰੰਮਤ ਕਰਵਾਉਣ 'ਤੇ ਬਾਅਦ ਵੀ ਪੁਲ ਲੋਕਾਂ ਲਈ ਖਤਰਾ ਬਣਿਆ ਰਹੇਗਾ। ਪੁਲ ਦੀ ਮੁਰੰਮਤ ਕਰਵਾ ਰਹੇ ਇੰਜਨੀਅਰ ਗੁਰਵਿੰਦਰ ਸਿੰਘ ਨੂੰ ਉਨ੍ਹਾਂ ਪੁਲ ਵਿਚ ਪਈਆਂ ਦਰਾਰਾਂ ਦਿਖਾਉਂਦਿਆਂ ਜਦੋਂ ਉਨ੍ਹਾਂ ਦੀ ਮੁਰੰਮਤ ਕਰਨ ਲਈ ਕਿਹਾ ਤਾਂ ਇੰਜੀਨੀਅਰ ਨੇ ਕਿਹਾ ਕਿ ਉਹ ਤਾਂ ਹੁਕਮਾਂ ਦੇ ਬੰਨ੍ਹੇ ਹੋਏ ਹਨ, ਜਿੰਨੇ ਕੰਮ ਦੀ ਮਨਜ਼ੂਰੀ ਮਿਲੀ ਹੈ ਉਹ ਤਾਂ ਉਹ ਹੀ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਕ ਸਲੈਬ ਦੀ ਮੁਰੰਮਤ ਦਾ ਕੰਮ ਕਰੀਬ ਪੰਜ ਦਿਨਾਂ ਵਿਚ ਮੁਕੰਮਲ ਹੋ ਜਾਵੇਗਾ ਪਰ ਇਸ ਨਾਲ ਸਬੰਧਿਤ ਰਹਿ ਗਏ ਕੰਮ ਕਰੀਬ ਇਕ ਮਹੀਨੇ ਅੰਦਰ ਪੂਰਾ ਹੋਵੇਗਾ। ਇੰਜੀਨੀਅਰ ਦੇ ਜਵਾਬ 'ਤੇ ਅਸੰਤੁਸ਼ਟੀ ਜਾਹਰ ਕਰਦਿਆਂ ਕਿਸਾਨ ਤਹਿਸੀਲ ਕੰਪਲੈਕਸ ਸ਼ਾਹਕੋਟ ਜਾ ਪੁੱਜੇ। ਐਸ ਡੀ ਐਮ ਦੀ ਗੈਰ ਮੌਜੂਦਗੀ ਵਿਚ ਜਦੋਂ ਉਹ ਤਹਿਸੀਲਦਾਰ ਸ਼ਾਹਕੋਟ ਨੂੰ ਮਿਲਣ ਗਏ ਤਾਂ ਉਹ ਉਨ੍ਹਾਂ ਨੂੰ ਮਿਲਣ ਤੋਂ ਇਨਕਾਰੀ ਹੋ ਗਏ। ਕਿਸਾਨਾਂ ਦੇ ਰੋਹ ਨੂੰ ਦੇਖਦਿਆਂ ਬਾਅਦ ਵਿਚ ਤਹਿਸੀਲਦਾਰ ਨੇ ਉਨ੍ਹਾਂ ਨੂੰ ਬਾਹਰ ਬੁਲਾ ਕੇ ਉਨ੍ਹਾਂ ਦੀ ਗੱਲ ਸੁਣਕੇ ਉਨ੍ਹਾਂ ਨੂੰ ਹੀ ਕਿਹਾ ਕਿ ਇਹ ਕੰਮ ਟੈਕਨੀਕਲ ਮਾਹਰਾਂ ਨਾਲ ਸਬੰਧਿਤ ਹੈ। ਉਨ੍ਹਾਂ ਐਸ ਡੀ ਐਮ ਦੇ ਰੀਡਰ ਨਾਲ ਗੱਲ ਕਰਕੇ ਰਾਸ਼ਟਰੀ ਹਾਈਵੇ ਦੇ ਅਧਿਕਾਰੀਆਂ ਨਾਲ ਮੀਟਿੰਗ ਦਾ ਸਮਾਂ ਤੈਅ ਕਰਵਾਉਣ ਦਾ ਵਿਸ਼ਵਾਸ ਦਿਵਾਇਆ। ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਰਾਸ਼ਟਰੀ ਹਾਈਵੇ ਨਾਲ ਮੀਟਿੰਗ ਨਾ ਕਰਵਾਈ ਤਾਂ ਉਹ ਸੰਘਰਸ਼ ਉਲੀਕਣ ਲਈ ਮਜਬੂਰ ਹੋਣਗੇ।

# ਡੀ ਸੀ ਵੱਲੋਂ ਸੇਫ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼

**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਜ਼ਿਲ੍ਹਾ ਪੱਧਰੀ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੌਰਾਨ ਸੇਫ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ



ਯਕੀਨੀ ਬਣਾਉਣ ਲਈ ਸਕੂਲੀ ਬੱਸਾਂ ਦੀ ਚੈਕਿੰਗ ਕਰਨ ਦੇ ਨਿਰਦੇਸ਼ ਦਿੱਤੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਮੂਹ ਐਸ.ਡੀ.ਐਮ., ਟ੍ਰੈਫਿਕ ਪੁਲਿਸ, ਟਰਾਂਸਪੋਰਟ ਤੇ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਸਕੂਲਾਂ ਵਿੱਚ ਚੱਲ ਰਹੀਆਂ ਸਕੂਲੀ ਬੱਸਾਂ ਤੇ ਹੋਰ ਵਾਹਨਾਂ ਵੱਲੋਂ ਇਸ ਪਾਲਿਸੀ ਦੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਸਪਸ਼ਟ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਦੌਰਾਨ ਸੜਕ ਹਾਦਸਿਆਂ ਦੀ ਰੋਕਥਾਮ, ਟ੍ਰੈਫਿਕ ਪ੍ਰਬੰਧਨ, ਸੁਪਰੀਮ ਕੋਰਟ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ। ਸ਼੍ਰੀ ਵਾਲੀਆ ਨੇ ਮਾਨਸੂਨ ਦੇ ਮੱਦੇਨਜ਼ਰ ਜਲ ਭਰਾਵ ਵਾਲੇ ਥਾਵਾਂ ਦੀ ਪਛਾਣ ਕਰਕੇ ਲੋੜੀਂਦੇ ਪ੍ਰਬੰਧ ਕਰਨ ਅਤੇ ਸੜਕਾਂ 'ਤੇ ਪਏ ਟੋਇਆਂ ਦੀ ਮੁਰੰਮਤ ਕਰਨ ਦੇ ਵੀ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਹਿੱਟ ਐਂਡ ਰਨ ਦੇ ਮਾਮਲਿਆਂ ਦੀ ਸਮੀਖਿਆ ਕਰਦਿਆਂ ਪ੍ਰਭਾਵਿਤ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨ, ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕਰਨ, ਬਲੈਕ ਸਪਾਟਾਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ ਨੂੰ ਦੂਰ ਕਰਨ ਲਈ ਤੁਰੰਤ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਉਣ ਦੀ ਹਦਾਇਤ ਕੀਤੀ।

# ਜ਼ਿਲ੍ਹਾ ਪ੍ਰਧਾਨਗੀ ਨੂੰ ਲੈ ਕੇ ਭਾਜਪਾ 'ਚ ਪਿਆ ਕਾਟੋ ਕਲੇਸ਼ ਸਿਖਰਾਂ ਤੇ

**ਤੀਕਸ਼ਨ ਸੂਦ ਧੜੇ ਨੇ ਪਾਰਟੀ ਅਹੁਦਿਆਂ ਤੋਂ ਅਸਤੀਫੇ ਤੇ ਕੰਮ ਨਾ ਕਰਨ ਦਾ ਕੀਤਾ ਐਲਾਨ**

**ਹੁਸ਼ਿਆਰਪੁਰ (ਓ ਪੀ ਰਾਣਾ)**- ਜ਼ਿਲ੍ਹਾ ਪ੍ਰਧਾਨਗੀ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਅੰਦਰ ਚਲ ਰਹੀ ਅੰਦਰੂਨੀ ਲੜਾਈ ਅਤੇ ਧੜੇਬੰਦੀ ਪੂਰੀ ਤਰ੍ਹਾਂ ਜੱਗ ਜ਼ਾਹਿਰ ਹੋ ਕੇ ਮੈਦਾਨ ਵਿੱਚ ਆ ਗਈ ਹੈ ਅਤੇ ਪੰਜਾਬ ਭਾਜਪਾ ਹਾਈਕਮਾਂਡ ਦੇ ਕੰਮ ਕਰਨ ਦੇ ਤਰੀਕੇ ਅਤੇ ਅਹੁਦਿਆਂ ਦੀ ਵੰਡ ਕਰਨ ਦੀ ਵਿਧੀ ਨੂੰ ਲੈ ਕੇ ਨਰਾਜ਼ਗੀ ਸਿਖਰਾਂ 'ਤੇ ਹੈ। ਜ਼ਿਕਰਯੋਗ ਹੈ ਕਿ ਕੁੱਝ ਦਿਨ ਪਹਿਲਾਂ ਹੀ ਪੰਜਾਬ ਭਾਜਪਾ ਵੱਲੋਂ ਤੀਕਸ਼ਨ ਸੂਦ ਦੇ ਨਜ਼ਦੀਕੀ ਮੰਨੇ ਜਾਂਦੇ ਸਤੀਸ਼ ਬਾਵਾ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ ਜਿਸਦਾ ਹੁਸ਼ਿਆਰਪੁਰ ਭਾਜਪਾ ਦੇ ਤੀਕਸ਼ਨ ਸੂਦ ਧੜੇ ਵਲੋਂ ਵੱਡੀ ਪੱਧਰ ਤੇ ਸਵਾਗਤ ਕੀਤਾ ਗਿਆ ਸੀ ਅਤੇ ਸਤੀਸ਼ ਬਾਵਾ ਵਲੋਂ ਪੂਰੇ ਜਿਲੇ ਅੰਦਰ ਵੱਡੇ ਫੇਰਬਦਲ ਕਰਦੇ ਹੋਇਆਂ ਅਹੁਦੇਦਾਰਾਂ ਦੀ ਨਿਯੁਕਤੀ ਲਈ ਪੰਦਰਵਾੜ ਵੀ ਕੀਤਾ ਗਿਆ ਸੀ। ਪਰ ਅਖ਼ਬਾਰਾਂ ਦੀਆਂ ਸੁਰਖੀਆਂ ਅਜੇ ਸੁਕੀਆਂ ਨਹੀਂ ਸਨ ਕਿ ਪਿਛਲੇ ਦਿਨੀਂ ਪੰਜਾਬ ਦੇ 6 ਜ਼ਿਲ੍ਹਿਆਂ ਦੇ ਨਵੇਂ ਜਿਹਾਤੀ ਅਤੇ ਸ਼ਹਿਰੀ ਪ੍ਰਧਾਨਾਂ ਦੇ ਨਾਵਾਂ ਦਾ ਐਲਾਨ ਹੋਣ ਕਰਕੇ ਜਿਸ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਦੋ ਹਿੱਸਿਆਂ ਵਿੱਚ ਵੰਡ ਕੇ ਪ੍ਰਧਾਨ ਲਗਾਏ ਗਏ ਪ੍ਰਧਾਨ ਸਤੀਸ਼ ਬਾਵਾ ਨੂੰ ਲਾਹ ਕੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਦੇ ਨਜ਼ਦੀਕੀ ਨਿਤਿਨ ਗੁਪਤਾ ਨੂੰ ਜ਼ਿਲ੍ਹਾ ਪ੍ਰਧਾਨ ਬਣਾਉਣ 'ਤੇ ਤੀਕਸ਼ਨ ਸੂਦ ਧੜੇ ਨੇ ਹਾਈਕਮਾਂਡ ਦੇ ਇਸ ਫੈਸਲੇ ਨੂੰ ਪੂਰੀ ਤਰ੍ਹਾਂ ਪਾਰਟੀ ਅਤੇ ਪਾਰਟੀ ਸੰਵਿਧਾਨ ਵਿਰੋਧੀ ਦੱਸਦਿਆਂ ਨਾਰਾਜ਼ਗੀ ਜਾਹਿਰ ਕੀਤੀ। ਤੀਕਸ਼ਨ ਸੂਦ ਦੀ ਅਗਵਾਈ ਹੇਠ ਹੋਈ ਪ੍ਰੈਸ ਕਾਨਫਰੰਸ ਵਿਚ ਨਵੇਂ ਪ੍ਰਧਾਨ ਦੀ ਚੋਣ ਨੂੰ ਰੋਕ ਕਰਨ ਦੀ ਮੰਗ ਕਰਦਿਆਂ ਕਿਹਾ ਕਿ 100 ਦੇ ਕਰੀਬ ਪਾਰਟੀ ਵਰਕਰਾਂ ਵੱਲੋਂ ਆਪਣੇ ਅਹੁਦਿਆਂ ਤੋਂ ਸਮੂਹਿਕ ਅਸਤੀਫੇ ਦੇਣ ਅਤੇ ਪਾਰਟੀ ਲਈ ਕੰਮ ਨਾ ਕਰਨ ਦਾ ਐਲਾਨ ਕਰ ਦਿੱਤਾ, ਜਿਸ ਨਾਲ ਹੁਸ਼ਿਆਰਪੁਰ ਭਾਜਪਾ ਵਿੱਚ ਭੂਚਾਲ ਆ ਗਿਆ ਹੈ। ਪ੍ਰੈਸ ਕਾਨਫਰੰਸ ਵਿੱਚ ਸਾਬਕਾ ਮੰਤਰੀ ਤੀਕਸ਼ਨ ਸੂਦ, ਸਾਬਕਾ ਮੇਅਰ ਸ਼ਿਵ ਸੂਦ, ਡਾ. ਦਿਲਬਾਗ ਰਾਏ ਮਹਿਲਪੁਰ ਅਤੇ ਅਹੁਦੇ ਤੋਂ ਹਟਾਏ ਗਏ ਪ੍ਰਧਾਨ ਸਤੀਸ਼ ਬਾਵਾ ਅਤੇ ਭਾਰੀ ਗਿਣਤੀ ਵਿੱਚ ਉਨ੍ਹਾਂ ਦੇ ਸਮਰਥਕ ਹਾਜ਼ਰ ਸਨ। ਪ੍ਰੈਸ ਕਾਨਫਰੰਸ ਦੌਰਾਨ ਤੀਕਸ਼ਨ ਸੂਦ ਨੇ ਕਿਹਾ ਕਿ ਸੂਬਾ ਕਾਰਜਕਾਰਨੀ ਵੱਲੋਂ ਟਕਸਾਲੀ ਅਤੇ ਲੰਮੇ ਸਮੇਂ ਤੋਂ ਪਾਰਟੀ ਨਾਲ ਜੁੜੇ ਆਗੂਆਂ ਨੂੰ ਨਜ਼ਰਅੰਦਾਜ਼ ਕਰਕੇ ਪਾਰਟੀ ਵਰਕਰਾਂ ਨਾਲ ਧੋਖਾ ਕੀਤਾ ਗਿਆ ਹੈ ਜਿਸ ਕਾਰਨ ਪਾਰਟੀ ਆਗੂਆਂ ਅਤੇ ਵਰਕਰਾਂ ਅੰਦਰ ਭਾਰੀ ਨਰਾਜ਼ਗੀ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਤੀਸ਼ ਬਾਵਾ ਨੂੰ ਪ੍ਰਧਾਨਗੀ ਤੋਂ ਹਟਾਉਣ ਦਾ ਕਾਰਨ ਜਾਨਣ ਲਈ ਉਨ੍ਹਾਂ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਕਈ ਵਾਰ ਫੋਨ ਕੀਤੇ ਪਰ ਉਨ੍ਹਾਂ ਫੋਨ ਚੁੱਕਣਾ ਵੀ ਜ਼ਰੂਰੀ ਨਹੀਂ ਸਮਝਿਆ। ਤੀਕਸ਼ਨ ਸੂਦ ਨੇ ਦੋਸ਼ ਲਗਾਇਆ ਕਿ ਅੱਜ ਤੱਕ ਪਹਿਲਾਂ ਕਦੀ ਵੀ ਭਾਜਪਾ ਅੰਦਰ ਅਜਿਹਾ ਵਤੀਰਾ ਦੇਖਣ ਨੂੰ ਨਹੀਂ ਮਿਲਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ ਤੋਂ ਹਟਾਏ ਗਏ ਸਤੀਸ਼ ਬਾਵਾ ਨੇ ਕਿਹਾ ਕਿ ਮੈਨੂੰ ਇਸ ਗੱਲ ਦਾ ਬਿਲਕੁਲ ਵੀ ਅਫ਼ਸੋਸ ਨਹੀਂ ਕਿਉਂ ਬਣਾਇਆ ਗਿਆ।

# 7 ਦੀ ਮਹਾਂ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕਰੇਗੀ ਪੈਨਸ਼ਨਰਜ਼ ਐਸੋਸੀਏਸ਼ਨ



**ਬੰਗਾ (ਅਵਤਾਰ ਕਲੇਰ)** ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਤੇ ਟ੍ਰਾਂਸਕੋ ਡਵੀਜ਼ਨ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਧਾਨ ਨਰਿੰਦਰ ਮਹਿਤਾ ਦੀ ਅਗਵਾਈ ਵਿਚ ਕੀਤੀ ਗਈ। ਮੀਟਿੰਗ ਵਿਚ ਪੈਨਸ਼ਨਰਜ਼ ਦੇ ਮਸਲਿਆਂ ਅਤੇ ਮੰਗਾਂ ਸਬੰਧੀ ਜਥੇਬੰਦੀ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਰਕਲ ਪ੍ਰਧਾਨ ਕੁਲਵਿੰਦਰ ਅਟਵਾਲ, ਸਰਕਲ ਆਗੂ ਨਿਰੰਜਨ ਕੰਗ, ਵਿਜੇ ਬਾਲੀ, ਡਵੀਜ਼ਨਲ ਆਗੂ ਸ਼ੰਭੂ ਨਰਾਇਣ, ਜੁਗਿੰਦਰ ਬੇਗਮਪੁਰ, ਪਰੇਮ ਚਣਕੋਆ, ਪਰੇਮ ਸ਼ਹਾਬਪੁਰ, ਸਤਪਾਲ ਭਾਟੀਆ, ਸ਼ਿਵਰਾਜ, ਇੰਦਰਜੀਤ ਸਿੰਘ ਆਦਿ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਵਿਦਿਆਰਥੀਆਂ, ਮਨਰੇਗਾ ਕਾਮਿਆਂ ਅਤੇ ਬਰਨਾਲਾ ਵਿਚ ਸਫਾਈ ਕਰਮਚਾਰੀਆਂ ਉਤੇ ਸਰਕਾਰਾਂ ਵਲੋਂ ਕਰਵਾਏ ਗਏ ਵਹਿਸ਼ੀਆਨਾ ਲਾਠੀਚਾਰਜ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਅਤੇ ਚੱਲ ਰਹੇ ਸੰਘਰਸ਼ ਦਾ ਸਮਰਥਨ ਕੀਤਾ। ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਉਲੀਕੇ ਸੰਘਰਸ਼ ਮੁਤਾਬਿਕ 7 ਅਗਸਤ ਨੂੰ ਚੰਡੀਗੜ੍ਹ 39 ਸੈਕਟਰ ਦੀ ਅਨਾਜ ਮੰਡੀ ਵਿਚ ਕੀਤੀ ਜਾ ਰਹੀ ਮਹਾਂ ਰੈਲੀ ਵਿਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਤਾਂ ਜੋ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰਜ਼ ਵਿਰੋਧੀ ਨੀਤੀਆਂ ਨੂੰ ਠੱਲ੍ਹ ਪਾਈ ਜਾ ਸਕੇ। ਆਗੂਆਂ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਅਤੇ ਦੇਸ਼ ਦੇ ਸਾਰੇ ਸੈਂਟਰ ਵੱਲੋਂ ਮਹਿਗਾਈ ਭੱਤਾ ਸੈਂਟਰ ਦੀ ਤਰਜ ਤੇ ਦਿੱਤਾ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹੁਕਮ ਚੰਦ, ਦੇਵ ਰਾਜ ਸੁੱਜੋਂ, ਰਾਮ ਲੁਭਾਇਆ, ਗੁਰਸ਼ਰਨਪਾਲ ਸਿੰਘ, ਨਿਰਮਲ ਸਿੰਘ, ਮਦਨ ਬਿਛੌੜੀ, ਇਕਬਾਲ ਸਿੰਘ, ਜਰਨੈਲ ਭਾਰਟਾ, ਸਵਰਨ ਦਾਸ, ਜੁਗਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਡਵੀਜਨਲ ਸਕੱਤਰ ਮਦਨ ਲਾਲ ਰਾਮਰਾਏ ਪੁਰ ਵਲੋਂ ਨਿਭਾਈ ਗਈ।

# ਈ-20 'ਤੇ ਤੁਰੰਤ ਮੁੜ ਵਿਚਾਰ ਕਰਨ ਦੀ ਲੋੜ : ਹਰਪਾਲ ਸਿੰਘ ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਨਿਸ਼ਾਨਾ ਲਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ 20 ਫੀਸਦੀ ਈਥਾਨੌਲ ਮਿਸ਼ਰਣ (ਈ-20 ਪੈਟਰੋਲ) ਨੂੰ ਜ਼ਬਰਦਸਤੀ ਲਾਗੂ ਕਰਨ ਦੀ ਆਲੋਚਨਾ ਕੀਤੀ, ਜਿਸ ਦੀ ਅਸਲ ਸਮਾਂ-ਸੀਮਾ 2030 'ਤੇ ਘਟਾ ਕੇ ਪਹਿਲਾਂ ਕਰ ਦਿੱਤੀ ਗਈ ਸੀ। ਉਨ੍ਹਾਂ ਆਪਣੇ ਵੱਲੋਂ ਪੇਸ਼ ਕੀਤੇ ਮਤੇ ਦੇ ਹੱਕ ਵਿੱਚ ਸਦਨ ਵਿੱਚ ਬੋਲ ਰਹੇ ਸਨ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਮਰੀਕਾ ਵਿੱਚ ਵੀ ਸਿਰਫ 5 ਫੀਸਦੀ ਈਥਾਨੌਲ ਦੇ 60 ਫੀਸਦੀ ਈਥਾਨੌਲ ਦਾ ਉਤਪਾਦਨ ਕਰਦਾ ਹੈ ਜਦੋਂ ਕਿ ਭਾਰਤ ਸਿਰਫ 5 ਫੀਸਦੀ ਦੀ ਉਤਪਾਦਨ ਕਰਦਾ ਹੋਣ ਦੇ ਬਾਵਜੂਦ ਹੋਏ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਭਾਰਤੀ ਉਪਭੋਗਤਾਵਾਂ ਉੱਤੇ ਵਾਧੂ ਮਾਲਕਾਂ ਦੀ ਕੀਮਤ 'ਤੇ ਕਾਰਪੋਰੇਸ਼ਨਾਂ ਅਤੇ ਡੀਲਰਸ਼ਿਪ ਰਕਮ ਐਂਟੀ ਸਮਰਥਨ ਕਰਨ ਦਾ ਦੋਸ਼ ਲਗਾਇਆ। ਸ੍ਰੀ ਵਿੱਚ ਇਸ ਮੁੱਦੇ ਦੀ ਗੰਭੀਰਤਾ 'ਤੇ ਧਿਆਨ ਕੇਂਦਰਿਤ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਪੰਜਾਬ ਦੇ ਟਰਾਂਸਪੋਰਟ ਵਿਭਾਗ ਕੋਲ ਵਰਤਮਾਨ ਵਿੱਚ 1,25,88,851 ਰਜਿਸਟਰਡ ਵਾਹਨ ਹਨ, ਜਿਨ੍ਹਾਂ ਵਿੱਚ ਭਾਰੀ ਗਿਣਤੀ ਪੁਰਾਣੇ ਵਾਹਨ ਹਨ, ਜਦਕਿ ਗੁਆਂਢੀ ਸੂਬਿਆਂ 'ਤੇ ਖਰੀਦੇ ਗਏ ਕੁੱਝ ਹੋਰ ਵਾਹਨਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਅਜੇ ਜਾਰੀ ਹੈ। ਇਨ੍ਹੀਂ ਵੱਡੀ ਗਿਣਤੀ ਵਿੱਚ ਪੁਰਾਣੇ ਵਾਹਨਾਂ ਵਾਲੇ ਸੂਬਿਆਂ 'ਤੇ ਈ-20 ਈਧਨ ਜ਼ਬਰਦਸਤੀ ਥੋਪਣਾ ਬਹੁਤ ਭਾਰੀ ਪੈ ਰਿਹਾ ਹੈ।' ਸਥਾਨਕ ਮਕੈਨਿਕਾਂ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਦਾ ਹਵਾਲਾ ਦਿੰਦਿਆਂ ਉਨ੍ਹਾਂ ਖੁਲਾਸਾ ਕੀਤਾ, 'ਈਥਾਨੌਲ ਮਿਸ਼ਰਣ ਨਾਲ ਖਰਾਬ ਹੋਈ ਕਾਰ ਦੀ ਮੁਰੰਮਤ 'ਤੇ 25,000 ਤੋਂ 50,000 ਤੱਕ ਦਾ ਖਰਚਾ ਆਉਂਦਾ ਹੈ।' ਮੰਤਰੀ ਹਰਪਾਲ ਸਿੰਘ ਚੀਮਾ ਨੇ ਦਾਅਵਾ ਕੀਤਾ, 'ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਵੀ ਸੰਸਦ ਵਿੱਚ ਈਂਧਨ ਦੀ ਮਾਈਲੇਜ ਵਿੱਚ 6% ਦੀ ਗਿਰਾਵਟ ਦੀ ਗੱਲ ਕਬੂਲ ਕੀਤੀ ਸੀ, ਜਦੋਂ ਕਿ ਅਸਲ ਕੁਸ਼ਲਤਾ ਦਾ ਨੁਕਸਾਨ ਇਸ ਤੋਂ ਕਿਤੇ ਜ਼ਿਆਦਾ ਹੈ।ਘਰੇਲੂ ਵਿਗਿਆਨੀਆਂ, ਨਿਰਮਾਤਾਵਾਂ, ਸੰਸਦ ਮੈਂਬਰਾਂ ਜਾਂ ਆਮ ਜਨਤਾ ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਅਜਿਹੀਆਂ ਨੀਤੀਆਂ ਨੂੰ ਦੇਸ਼ 'ਤੇ ਥੋਪਣਾ ਨਿੰਦਣਯੋਗ ਹੈ। ਇਹ ਨੀਤੀ ਦੇਸ਼ ਨੂੰ ਕਾਰਪੋਰੇਟ ਹਿੱਤਾਂ ਹੱਥੋਂ ਵੇਚ ਰਹੀ ਹੈ।

# ਪੰਜਾਬੀ ਫ਼ਿਲਮ 'ਸੂਹਾ ਇਨਸਾਫ਼' 21 ਨੂੰ ਰਿਲੀਜ਼ ਹੋਵੇਗੀ



**ਜਲੰਧਰ (ਲਖਵਿੰਦਰ ਸਿੰਘ ਆਧੀ)**- ਸਿਨੇਮਾ ਜਗਤ ਵਿੱਚ ਦਰਸ਼ਕਾਂ ਲਈ ਇੱਕ ਹੋਰ ਮਿਆਰੀ ਪੰਜਾਬੀ ਫ਼ਿਲਮ 'ਸੂਹਾ ਇਨਸਾਫ਼' ਰਿਲੀਜ਼ ਹੋਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਹ ਫ਼ਿਲਮ 21 ਅਗਸਤ ਨੂੰ ਦੁਨੀਆ ਭਰ ਦੇ ਸਿਨੇਮਾਘਰਾਂ ਵਿੱਚ ਰਿਲੀਜ਼ ਕੀਤੀ ਜਾਵੇਗੀ। ਫ਼ਿਲਮ ਦੇ ਨਿਰਮਾਤਾਵਾਂ ਵੱਲੋਂ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 'ਸੂਹਾ ਇਨਸਾਫ਼' ਸਿਰਫ਼ ਮਨੋਰੰਜਨ ਦਾ ਸਾਧਨ ਹੀ ਨਹੀਂ ਹੈ, ਸਗੋਂ ਇਹ ਸਮਾਜ ਨੂੰ ਇੱਕ ਬੇਹੱਦ ਅਹਿਮ ਅਤੇ ਸਕਾਰਾਤਮਕ ਸੰਦੇਸ਼ ਦੇਣ ਦਾ ਕੰਮ ਕਰੇਗੀ।

ਕਹਾਣੀ ਵਿੱਚ ਪਰਵਾਰਕ ਰਿਸ਼ਤਿਆਂ, ਪਿਆਰ, ਆਪਸੀ ਵਿਸ਼ਵਾਸ ਅਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਬਹੁਤ ਹੀ ਡੂੰਘਾਈ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਫ਼ਿਲਮ ਦੇ ਮੇਕਰਸ ਦਾ ਦਾਅਵਾ ਹੈ ਕਿ ਦਰਸ਼ਕਾਂ ਨੂੰ ਇਸ ਵਿੱਚ ਰੋਮਾਂਸ, ਐਕਸ਼ਨ, ਕਾਮੇਡੀ, ਇਮੋਸ਼ਨ, ਪਰਵਾਰਕ ਡਰਾਮਾ ਅਤੇ ਸਸਪੈਂਸ ਦਾ ਭਰਪੂਰ ਸੁਮੇਲ ਦੇਖਣ ਨੂੰ ਮਿਲੇਗਾ। ਫ਼ਿਲਮ ਦਾ ਮੁੱਖ ਉਦੇਸ਼ ਮਨੋਰੰਜਨ ਦੇ ਨਾਲ-ਨਾਲ ਸਮਾਜ ਵਿੱਚ ਇਨਸਾਨੀਅਤ, ਸੱਚਾਈ ਅਤੇ ਇਨਸਾਫ਼ ਦੀ ਅਸਲ ਮਹੱਤਤਾ ਨੂੰ ਉਜਾਗਰ ਕਰਨਾ ਹੈ, ਜਿਸ ਨਾਲ ਹਰ ਵਰਗ ਦਾ ਦਰਸ਼ਕ ਆਪਣੇ ਆਪ ਨੂੰ ਇਸ ਕਹਾਣੀ ਨਾਲ ਜੁੜਿਆ ਮਹਿਸੂਸ ਕਰੇਗਾ।

ਫ਼ਿਲਮ ਵਿੱਚ ਮੰਨੇ-ਪ੍ਰਮੰਨੇ ਕਲਾਕਾਰਾਂ ਦੀ ਲੰਬੀ ਸਟਾਰ ਕਾਸਟ ਨਜ਼ਰ ਆਵੇਗੀ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਅਰਪਨ ਸਿੰਘ, ਰਿਤਿਕਾ ਗੋਗਨਾ, ਅਰਿਸ਼ਾਂਤ, ਮਲਕੀਤ ਰੌਣੀ, ਸੁਨੀਤਾ ਧੀਰ, ਰੇਣੂਕਾ ਰਾਜਪੂਤ, ਰਾਣਾ ਜੰਗ ਬਹਾਦਰ, ਘੁੱਲੇ ਸ਼ਾਹ, ਚੰਦ ਕੁਮਾਰ, ਜਿੰਮੀ (ਗੋਬਿੰਦਗੜ੍ਹ), ਅਨਮੋਲ ਵਾਲੀਆ, ਸਾਈਨ, ਕ੍ਰਿਸ਼, ਗੁਰਪ੍ਰੀਤ ਕਲਰਾ ਅਤੇ ਗਰੀਮਾ ਸੇਵੀ ਆਦਿ ਸ਼ਾਮਲ ਹਨ।

# ਲਗਾਤਾਰ ਹੋ ਰਹੀਆਂ ਹਨ ਕਿਸਾਨਾਂ ਦੀਆਂ ਮੋਟਰਾਂ ਤੋਂ ਤਾਰਾਂ ਚੋਰੀ

**ਅੱਡਾ ਸਰਾਂ (ਜਸਵੀਰ ਕਾਜਲ)** ਪਿੰਡ ਮਸੀਤ ਪਲ ਕੋਟ ਵਿਖੇ ਕਿਸਾਨਾਂ ਦੀਆਂ ਮੋਟਰਾਂ ਤੋਂ ਤਾਰਾਂ ਚੋਰੀ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਅਤੇ ਵਾਰ-ਵਾਰ ਚੋਰੀ ਹੋਣ ਕਾਰਨ ਲੋਕਾਂ ਦੀ ਫ਼ਸਲ ਨੂੰ ਨਿਰਵਿਘਨ ਪਾਣੀ ਦੇਣਾ ਵੀ ਮੁਸ਼ਕਿਲ ਹੋ ਰਿਹਾ ਹੈ।



ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮਹਾਂਵੀਰ ਸਿੰਘ ਅਤੇ ਸਰਪੰਚ ਸਰਬਜੀਤ ਸਿੰਘ ਨੇ ਦੱਸਿਆ ਕਿ ਨੰਬਰਦਾਰ ਹਰਜੀਤ ਸਿੰਘ, ਮਹਾਂਵੀਰ ਸਿੰਘ, ਹਰਪਾਲ ਸਿੰਘ, ਕੁਲਜੀਤ ਸਿੰਘ, ਇੰਦਰ ਕਰਮਾਲੀ, ਲਖਵਿੰਦਰ ਸਿੰਘ, ਚੰਨਣ ਸਿੰਘ ਤੇ ਸੁਖਵੀਰ ਸਿੰਘ ਦੀਆਂ ਮੋਟਰਾਂ ਤੋਂ ਚੋਰਾਂ ਨੇ ਤਾਰਾਂ ਚੋਰੀ ਕਰ ਲਈਆਂ ਅਤੇ ਕੁਝ ਦਿਨ ਪਹਿਲਾਂ ਹੀ ਇਨ੍ਹਾਂ ਕੁੱਝ ਮੋਟਰਾਂ ਤੋਂ ਚੋਰੀ ਹੋਈਆਂ ਤਾਰਾਂ ਨੂੰ ਦੁਆਰਾ ਪਾਇਆ ਗਿਆ ਸੀ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਸ ਏਰੀਏ ਵਿੱਚ ਰਾਤ ਦੇ ਸਮੇਂ ਗਸ਼ਤ ਤੇਜ਼ ਕੀਤੀ ਜਾਵੇ ਤਾਂ ਜੋ ਤਾਰਾਂ ਚੋਰੀ ਕਰਨ ਵਾਲੇ ਇਸ ਗਰੋਹ ਨੂੰ ਕਾਬੂ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵੀਰ ਸਿੰਘ, ਦਲਜੀਤ ਸਿੰਘ, ਤਰਲੋਕ ਸਿੰਘ, ਗੁਰਦੇਵ ਸਿੰਘ, ਪੰਚ ਨਿਰਮਲ ਸਿੰਘ, ਕਰਨੈਲ ਸਿੰਘ, ਮਾ. ਸਰਵਣ ਸਿੰਘ ਆਦਿ ਮੌਜੂਦ ਸਨ।

## ਤੀਆਂ ਦਾ ਤਿਉਹਾਰ ਮਨਾਇਆ

**ਨੂਰਮਹਿਲ (ਬਲ ਕ੍ਰਿਸ਼ਨ ਬਾਲੀ)**- ਨਕੋਦਰ ਵਿਖੇ ਤੀਆਂ ਦੇ ਮੇਲੇ ਵਿੱਚ ਬੀਬੀ ਗੁਰਿੰਦਰ ਕੌਰ ਭੁੱਲਰ, ਪਤਨੀ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ, ਸੇਵਾਦਾਰ ਹਲਕਾ ਨਕੋਦਰ, ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ



ਬੀਬੀ ਗੁਰਿੰਦਰ ਕੌਰ ਭੁੱਲਰ ਨੇ ਸਮੂਹ ਇਲਾਕਾ ਵਾਸੀਆਂ, ਖ਼ਾਸ ਕਰਕੇ ਮਹਿਲਾਵਾਂ ਅਤੇ ਧੀਆਂ ਨੂੰ ਤੀਜ ਦੇ ਤਿਉਹਾਰ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਤੀਜ ਦਾ ਤਿਉਹਾਰ ਪੰਜਾਬ ਦੇ ਅਮੀਰ ਸੱਭਿਆਚਾਰ, ਪਰੰਪਰਾਵਾਂ ਅਤੇ ਆਪਸੀ ਭਾਈਚਾਰੇ ਦਾ ਪ੍ਰਤੀਕ ਹੈ। ਅਜਿਹੇ ਸਮਾਗਮ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਰਸਮਾਂ-ਰਿਵਾਜਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਸਮਾਗਮ ਦੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸੱਭਿਆਚਾਰਕ ਮੇਲੇ ਸਮਾਜ ਵਿੱਚ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਇਸ ਦੌਰਾਨ ਉਨ੍ਹਾਂ ਨੇ ਮੇਲੇ ਵਿੱਚ ਮੌਜੂਦ ਮਹਿਲਾਵਾਂ ਨਾਲ ਮੁਲਾਕਾਤ ਕੀਤੀ ਅਤੇ ਸਮਾਗਮ ਦੀ ਸਫਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ।

# 'ਸਮੁੰਦਰ ਤੋਂ ਬੂੰਦ' 'ਤੇ ਹੋਇਆ ਸਾਹਿਤਕ ਸਮਾਗਮ



**ਅੱਡਾ ਸਰਾਂ (ਜਸਵੀਰ ਕਾਜਲ)**- ਸਾਹਿਤ ਆਸ਼ਰਮ ਟਾਂਡਾ ਵੱਲੋਂ ਨੌਜਵਾਨ ਸ਼ਾਇਰ ਡਾ. ਸੁਖਵਿੰਦਰ ਸਿੰਘ ਦੇ ਪਲੇਠੇ ਗ਼ਜ਼ਲ ਸੰਗ੍ਰਹਿ 'ਸਮੁੰਦਰ ਤੋਂ ਬੂੰਦ' 'ਤੇ ਸਾਹਿਤਕ ਸਮਾਗਮ ਮਹਿਕ ਰੈਸਟੋਰੈਂਟ ਟਾਂਡਾ ਵਿਖੇ ਕਰਵਾਇਆ ਗਿਆ, ਪੁਸਤਕ ਨੂੰ ਲੋਕ ਅਰਪਣ ਕੀਤਾ ਗਿਆ ਅਤੇ ਵਿਦਵਾਨਾਂ ਵੱਲੋਂ ਪੁਸਤਕ 'ਤੇ ਵਿਚਾਰ ਗੋਸ਼ਟੀ ਕੀਤੀ ਗਈ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕਵੀ ਡਾ. ਨਿਰੰਜਨ ਸਿੰਘ ਨੇ ਕਿਹਾ ਕਿ ਇਹ ਪੁਸਤਕ ਗਜ਼ਲ ਖੇਤਰ ਵਿਚ ਮੀਲ ਪੱਥਰ ਸਾਬਿਤ ਹੋਵੇਗੀ।ਪ੍ਰੋ. ਮਲਕੀਤ ਜੌੜਾ ਨੇ ਪੁਸਤਕ ਤੇ ਪਰਚਾ ਪੜ੍ਹਿਆ ਅਤੇ ਪੁਸਤਕ ਦੇ ਵੱਖ-ਵੱਖ ਪਹਿਲੂਆਂ ਤੇ ਬਾਰੀਕੀ ਨਾਲ ਚਰਚਾ ਕੀਤੀ।ਮਾਸਟਰ ਸ਼ੇਖ਼ਦੀਪ ਗੜ੍ਹਦੀਵਾਲਾ ਨੇ ਪੁਸਤਕ ਵਿਚਲੇ ਵਿਸ਼ੇ ਵਸਤੂਆਂ ਦੀ ਸਾਹਿਤਕ ਮਹੱਤਤਾ ਉਜਾਗਰ ਕਰਦਿਆਂ ਆਪਣਾ ਖੋਜ ਪੱਤਰ ਪੜ੍ਹਿਆ।ਡਾ. ਅਰਮਨਪ੍ਰੀਤ ਨੇ ਕਿਹਾ ਕਿ ਭਵਿੱਖ 'ਚ ਵੀ ਕਵੀ ਤੋਂ ਏਸੇ ਤਰ੍ਹਾਂ ਦੀਆਂ ਚੰਗੀਆਂ ਲਿਖਤਾਂ ਸਾਹਿਤ ਦੀ ਝੋਲੀ ਪਾਉਣ ਦੀ ਉਮੀਦ ਰਹੇਗੀ।

ਡਾ. ਸੁਖਵਿੰਦਰ ਸਿੰਘ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਰਵਿੰਦਰ ਓਹੜਪੁਰੀ, ਅਵਤਾਰ ਜ਼ਹੂਰਵੀ, ਰਾਜਿੰਦਰ ਹੁੰਦਲ, ਗੁਰਨੇਕ ਝਾਵਰ, ਅਜਮੇਰ ਕੰਧਾਲਾ, ਚੰਦਨ ਦਿਵੇਦੀ, ਪੰਕਜ ਸ਼ਰਮਾ, ਸੰਦੀਪ ਸ਼ਰਮਾ ਅਤੇ ਅਨੰਤਬੀਰ ਸਿੰਘ ਹਾਜ਼ਰ ਸਨ।ਮੰਚ ਸੰਚਾਲਨ ਦੀ ਭੂਮਿਕਾ ਸਭਾ ਦੇ ਜਨਰਲ ਸਕੱਤਰ ਪੰਮੀ ਦਿਵੇਦੀ ਨੇ ਬਾਖ਼ੂਬੀ ਨਿਭਾਈ।

# ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦੀ ਨਿਵੇਕਲੀ ਪਹਿਲਕਦਮੀ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਦੀਆਂ ਲੋੜਵੰਦ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਅਤੇ ਸਵੈ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਮਕਸਦ ਆਈਸ ਕ੍ਰੀਮ ਦੀ ਵਿਕਰੀ ਲਈ ਈ-ਕਾਰਟ (ਫਰੀਜ਼ਰ ਆਨ ਵ੍ਹੀਲਜ਼') ਮੁਹੱਈਆ ਕਰਵਾਉਣ ਦੀ ਨਿਵੇਕਲੀ ਪਹਿਲਕਦਮੀ ਸ਼ੁਰੂ ਕੀਤੀ ਗਈ ਹੈ। ਇਸ ਉਪਰਾਲੇ ਤਹਿਤ ਜ਼ਿਲ੍ਹੇ ਵਿੱਚ



ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਬਣੇ ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਨੂੰ ਬੈਟਰੀ ਵਾਲੇ 9 ਈ-ਕਾਰਟ ਮੁਹੱਈਆ ਕਰਵਾਏ ਗਏ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਯੋਜਨਾ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਤੇ ਵੇਰਕਾ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ, ਜਿਸ ਦਾ ਮਨੋਰਥ ਮਹਿਲਾਵਾਂ ਨੂੰ ਪਿੰਡਾਂ ਅਤੇ ਸਥਾਨਕ ਬਾਜ਼ਾਰਾਂ ਵਿੱਚ ਆਈਸਕ੍ਰੀਮ ਦੀ ਵਿਕਰੀ ਰਾਹੀਂ ਰੋਜ਼ਗਾਰ ਦਾ ਜ਼ਰੀਆ ਪ੍ਰਦਾਨ ਕਰਨਾ ਹੈ। ਇਸ ਪਹਿਲਕਦਮੀ ਤਹਿਤ ਯੋਗ ਸਵੈ-ਸਹਾਇਤਾ ਸਮੂਹਾਂ ਦੇ ਮੈਂਬਰਾਂ ਨੂੰ ਈ-ਕਾਰਟ ਮੁਹੱਈਆ ਕਰਵਾਉਣ ਲਈ ਬਿਨਾਂ ਵਿਆਜ ਤੋਂ ਸਸਤਾ ਕਰਜ਼ਾ ਮੁਹੱਈਆ ਕਰਵਾਇਆ ਗਿਆ ਸੀ ਤਾਂ ਜੋ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਜਾਂ ਫਿਰ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਆਪਣਾ ਰੋਜ਼ਗਾਰ ਚਲਾ ਕੇ ਆਪਣੀ ਪਰਿਵਾਰਿਕ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ।

ਇਸ ਮੌਕੇ ਜਨਰਲ ਮੈਨੇਜਰ, ਵੇਰਕਾ ਹਰਮਿੰਦਰ ਸਿੰਘ ਸੰਧੂ, ਡੀ.ਪੀ.ਐਮ. ਸੁਖਵੰਤ ਕੌਰ, ਡੀ.ਐਫ.ਐਮ. ਕੋਮਲ ਕਸ਼ਯਪ, ਲੇਖਾਕਾਰ ਵਿਕਾਸ ਬਖਸ਼ੀ ਅਤੇ ਆਜੀਵਿਕਾ ਮਿਸ਼ਨ ਦਾ ਬਲਾਕ ਸਟਾਫ ਵੀ ਮੌਜੂਦ ਸੀ।

# ਪੁਲਸ ਕਮਿਸ਼ਨਰ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਆਜ਼ਾਦੀ ਦਿਵਸ ਦੇ ਮੱਦੇਨਜ਼ਰ ਪੰਚਕੂਲਾ ਪੁਲਿਸ ਨੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਦਿਆਂ ਜ਼ਿਲ੍ਹੇ ਵਿੱਚ ਵਿਸ਼ੇਸ਼ ਪਾਬੰਦੀਆਂ ਲਾਗੂ ਕਰ ਦਿੱਤੀਆਂ ਹਨ। ਪੁਲਿਸ ਕਮਿਸ਼ਨਰ ਪੰਕਜ ਨੈਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜਾਰੀ ਇਨ੍ਹਾਂ ਹੁਕਮਾਂ ਦਾ ਮਕਸਦ ਕਾਨੂੰਨ-ਵਿਵਸਥਾ ਕਾਇਮ ਰੱਖਣਾ, ਸ਼ੱਕੀ ਗਤੀਵਿਧੀਆਂ 'ਤੇ ਨਜ਼ਰ ਰੱਖਣਾ ਅਤੇ ਆਜ਼ਾਦੀ ਦਿਵਸ ਸਮਾਗਮਾਂ ਨੂੰ ਸੁਰੱਖਿਅਤ ਢੰਗ ਨਾਲ ਸੰਪੰਨ ਕਰਵਾਉਣਾ ਹੈ। ਡੀ ਸੀ ਪੀ



ਅਦਿਤੀ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਤਹਿਤ ਹੁਕਮ ਜਾਰੀ ਕਰਦੇ ਹੋਏ ਜ਼ਿਲ੍ਹੇ ਦੇ ਸਾਰੇ ਹੋਟਲਾਂ, ਗੈਸਟ ਹਾਊਸਾਂ, ਪੀ ਜੀ, ਸਾਈਬਰ ਕੈਫੇ ਅਤੇ ਕਿਰਾਏ 'ਤੇ ਰਿਹਾਇਸ਼ ਮੁਹੱਈਆ ਕਰਵਾਉਣ ਵਾਲਿਆਂ ਲਈ ਨਵੇਂ ਨਿਯਮ ਲਾਗੂ ਕੀਤੇ ਹਨ। ਹੁਣ ਹਰ ਆਉਣ ਵਾਲੇ ਮਹਿਮਾਨ, ਕਿਰਾਏਦਾਰ ਅਤੇ ਕਰਮਚਾਰੀ ਦਾ ਪੂਰਾ ਵੇਰਵਾ ਰਜਿਸਟਰ ਵਿੱਚ ਦਰਜ ਕਰਨਾ ਅਤੇ ਉਸ ਦੇ ਵੈਧ ਪਛਾਣ ਪੱਤਰ ਦੀ ਕਾਪੀ ਸੰਭਾਲ ਕੇ ਰੱਖਣਾ ਲਾਜ਼ਮੀ ਹੋਵੇਗਾ। ਜੇ ਕੋਈ ਵਿਅਕਤੀ ਇੱਕ ਹਫ਼ਤੇ ਤੋਂ ਵੱਧ ਸਮੇਂ ਲਈ ਠਹਿਰਦਾ ਹੈ ਤਾਂ ਉਸ ਦਾ ਪੁਲਿਸ ਵੈਰੀਫਿਕੇਸ਼ਨ ਕਰਵਾਉਣਾ ਵੀ ਲਾਜ਼ਮੀ ਕੀਤਾ ਗਿਆ ਹੈ। ਸੁਰੱਖਿਆ ਦੇ ਮੱਦੇਨਜ਼ਰ ਜ਼ਿਲ੍ਹਾ ਪੰਚਕੂਲਾ ਦੀ ਹੱਦ ਅੰਦਰ ਡਰੋਨ, ਯੂਏਵੀ, ਮਾਈਕ੍ਰੋ ਲਾਈਟ ਏਅਰਕ੍ਰਾਫਟ, ਗਲਾਈਡਰ, ਪਾਵਰ ਗਲਾਈਡਰ, ਹੌਟ ਏਅਰ ਬੈਲੂਨ, ਪੈਰਾਮੋਟਰ ਅਤੇ ਹੋਰ ਉਡਾਣ ਵਾਲੇ ਸਾਜ਼ੋ-ਸਾਮਾਨ ਦੀ ਵਰਤੋਂ ਅਤੇ ਉਡਾਣ 'ਤੇ ਵੀ ਪੂਰਨ ਪਾਬੰਦੀ ਲਗਾਈ ਗਈ ਹੈ। ਕਿਸੇ ਵੀ ਤਰ੍ਹਾਂ ਦੇ ਅਜਿਹੇ ਉਪਕਰਨ ਦੀ ਵਰਤੋਂ ਲਈ ਸਮਰੱਥ ਅਧਿਕਾਰੀ ਤੋਂ ਪਹਿਲਾਂ ਲਿਖਤੀ ਮਨਜ਼ੂਰੀ ਲੈਣੀ ਲਾਜ਼ਮੀ ਹੋਵੇਗੀ।

ਇਹ ਹੁਕਮ 3 ਅਗਸਤ ਦੀ ਅੱਧੀ ਰਾਤ ਤੋਂ 15 ਅਗਸਤ 2026 ਤੱਕ ਲਾਗੂ ਰਹਿਣਗੇ। ਪੁਲਿਸ ਨੇ ਚੇਤਾਵਨੀ ਦਿੱਤੀ ਹੈ ਕਿ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ-2023 ਦੀ ਧਾਰਾ 223 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਮਾਤਾ ਗੰਗਾ ਜੀ ਵੈਲਫੇਅਰ ਸੋਸਾਇਟੀ ਦਾ ਪੁਨਰਗਠਨ


**ਟਾਂਡਾ ਉੜਮੁੜ, ਅਗਸਤ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਮਾਤਾ ਗੰਗਾ ਜੀ ਵੈਲਫੇਅਰ ਸੋਸਾਇਟੀ ਪੁਨਰ ਗਠਨ ਕੀਤਾ ਗਿਆ। ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ



ਦੀ ਅਗਵਾਈ ਵਿੱਚ ਸਰਬ ਸੰਮਤੀ ਨਾਲ ਕੀਤੇ ਗਏ ਇਸ ਗਠਨ ਦੇ ਦੌਰਾਨ ਸ਼ਰਨਦੀਪ ਸਿੰਘ ਟੀਵਾਨਾ ਨੂੰ ਪ੍ਰਧਾਨ, ਮਾਸਟਰ ਰਾਜਾ ਸਿੰਘ ਸੈਣੀ ਨੂੰ ਸੀਨੀਅਰ ਮੀਤ ਪ੍ਰਧਾਨ, ਦਲਜੀਤ ਸਿੰਘ ਨੂੰ ਜਨਰਲ ਸਕੱਤਰ, ਜਸਪ੍ਰੀਤ ਸਿੰਘ ਸੈਣੀ ਨੂੰ ਸੀਨੀਅਰ ਮੀਤ ਪ੍ਰਧਾਨ ਯੂਥ, ਸਰਪੰਚ ਸੁਖਨਿੰਦਰ ਸਿੰਘ ਕਰਾਲਾ ਨੂੰ ਸਕੱਤਰ, ਹਰਵਿੰਦਰ ਸਿੰਘ ਰਵੀ ਨੂੰ ਪ੍ਰਚਾਰ ਸਕੱਤਰ, ਗਗਨਦੀਪ ਸਿੰਘ ਨੂੰ ਕੈਸ਼ੀਅਰ, ਕਰਨ ਸਿੰਘ ਨੂੰ ਜੁਆਇੰਟ ਸਕੱਤਰ ਨਿਯੁਕਤ ਕਰਨ ਤੋਂ ਇਲਾਵਾ ਸਾਜਨ ਸਿੰਘ, ਸੰਦੀਪ ਸਿੰਘ ਮਨਪ੍ਰੀਤ ਸਿੰਘ, ਗੁਰਮੀਤ ਸਿੰਘ ਤੇ ਨਵਕਰਨ ਸਿੰਘ ਨੂੰ ਸੁਸਾਇਟੀ ਦੇ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਨੇ ਨਵ ਨਿਯੁਕਤ ਪ੍ਰਧਾਨ ਸ਼ਰਨਦੀਪ ਸਿੰਘ ਤੇ ਹੋਰਨਾ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਇਲਾਕੇ ਅੰਦਰ ਕੀਤੇ ਜਾਣ ਵਾਲੇ ਧਾਰਮਿਕ ਸਮਾਜਿਕ ਖੇਤਰ ਵਿੱਚ ਵੱਧ ਚੜ ਕੇ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

## 7 ਦੀ ਚੰਡੀਗੜ੍ਹ ਰੈਲੀ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ : ਖਮਾਣੂ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪੀ ਡਬਲਿਊ ਡੀ ਜਲ ਸਪਲਾਈ ਅਤੇ ਸੈਨੀਟੇਸ਼ਨ, ਭਵਨ ਤੇ ਮਾਰਗ, ਸਿੰਚਾਈ ਤੇ ਸੀਵਰੇਜ ਬੋਰਡ ਦੇ ਫੀਲਡ ਮੁਲਾਜ਼ਮਾਂ ਦੀ ਜਥੇਬੰਦੀ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਰਜਿ 36 ਪੰਜਾਬ ਦੇ ਸੂਬਾ ਪ੍ਰਧਾਨ ਮਲਾਗਰ ਸਿੰਘ ਖਮਾਣੋ, ਜਨਰਲ ਸਕੱਤਰ ਜਸਵਿੰਦਰ ਸਿੰਘ ਕਾਲਝਰਾਣੀ, ਵਿੱਤ ਸਕੱਤਰ ਭੂਸ਼ਣ ਗੋਇਲ, ਪ੍ਰੈਸ ਸਕੱਤਰ ਅਸ਼ੋਕ ਕੁਮਾਰ ਨੇ ਪ੍ਰੈਸ ਨੂੰ ਬਿਆਨ ਜਾਰੀ ਦੱਸਿਆ ਕਿ



ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਅਤੇ ਪੈਨਸ਼ਨਰਾਂ ਵਿਰੋਧੀ ਪਹੁੰਚ ਵਿਰੁੱਧ 7 ਅਗਸਤ ਨੂੰ ਦਾਣਾ ਮੰਡੀ ਸੈਕਟਰ 39, ਚੰਡੀਗੜ੍ਹ ਵਿਖੇ ਕੀਤੀ ਵਿਖੇ ਕੀਤੀ ਜਾ ਵਿਸ਼ਾਲ ਰੈਲੀ ਵਿਚ ਫੀਲਡ ਮੁਲਾਜ਼ਮ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਮੋਰਿੰਡਾ ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਮੋਰਿੰਡਾ ਦੀ ਮੀਟਿੰਗ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਮੁੰਡੀਆਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਹੋਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ, ਜ਼ਿਲ੍ਹਾ ਜੋਆਇੰਟ ਸਕੱਤਰ ਗੁਰਚਰਨ ਸਿੰਘ ਢੋਲਣ ਮਾਜਰਾ ਅਤੇ ਚਰਨ ਸਿੰਘ ਮੁੰਡੀਆਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰੈਸ ਸਕੱਤਰ ਸੁਖਜੰਤ ਸਿੰਘ ਕੋਟਲੀ ਅਤੇ



ਕਿਸਾਨ ਆਗੂ ਜਸਵਿੰਦਰ ਸਿੰਘ ਕਾਈਨੌਰ ਨੇ ਦੱਸਿਆ ਕਿ ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਗੁਰਚਰਨ ਸਿੰਘ ਢੋਲਣ ਮਾਜਰਾ ਨੇ ਸ਼ਹੀਦ ਊਧਮ ਸਿੰਘ ਜੀ ਦੇ ਇਨਕਲਾਬੀ ਜੀਵਨ 'ਤੇ ਚਾਨਣਾ ਪਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ ਰੌਣੀ, ਨੰਬਰਦਾਰ ਰਣਧੀਰ ਸਿੰਘ ਮਾਜਰੀ, ਨੇਤਰ ਸਿੰਘ ਰੌਣੀ, ਇੰਦਰ ਸਿੰਘ ਕਾਈਨੌਰ, ਸੁਖਪਾਲ ਸਿੰਘ ਮੋਰਿੰਡਾ, ਨਿਰਮਲ ਸਿੰਘ ਪਾਲਮ ਇਨਕਲੇਵ ਮੋਰਿੰਡਾ ਆਦਿ ਹਾਜ਼ਰ ਸਨ।

# ਨਗਰ ਕੌਂਸਲ ਸੁਲਤਾਨਪੁਰ ਲੋਧੀ ਨੂੰ ਮਿਲੀ ਪਹਿਲੀ ਮਹਿਲਾ ਪ੍ਰਧਾਨ

**ਸੁਲਤਾਨਪੁਰ ਲੋਧੀ, (ਹਨੀ)** ਸੁਲਤਾਨਪੁਰ ਲੋਧੀ ਦੇ ਇਤਿਹਾਸ 'ਚ ਇੱਕ ਇਤਿਹਾਸਕ ਅਤੇ ਯਾਦਗਾਰ ਪਲ ਉਸ ਵੇਲੇ ਦਰਜ ਹੋਇਆ ਜਦੋਂ ਨਗਰ ਕੌਂਸਲ ਸੁਲਤਾਨਪੁਰ ਲੋਧੀ ਨੂੰ ਆਪਣੀ ਪਹਿਲੀ ਮਹਿਲਾ ਪ੍ਰਧਾਨ ਦੇ ਰੂਪ ਵਿੱਚ ਸੰਦੀਪ ਕੌਰ ਚੀਮਾ



ਦੀ ਅਗਵਾਈ ਮਿਲੀ। ਸ਼ਾਨੋ-ਸ਼ੌਕਤ ਨਾਲ ਕਰਵਾਏ ਗਏ ਤਾਜਪੋਸ਼ੀ ਸਮਾਗਮ ਦੌਰਾਨ ਉਨ੍ਹਾਂ ਨੇ ਨਗਰ ਕੌਂਸਲ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ।ਇਸ ਮੌਕੇ ਹਲਕਾ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਨਵ-ਨਿਯੁਕਤ ਪ੍ਰਧਾਨ ਸੰਦੀਪ ਕੌਰ ਚੀਮਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਿਰਫ਼ ਇੱਕ ਵਿਅਕਤੀ ਦੀ ਤਾਜਪੋਸ਼ੀ ਨਹੀਂ, ਸਗੋਂ ਸੁਲਤਾਨਪੁਰ ਲੋਧੀ ਦੇ ਵਿਕਾਸ ਦੀ ਨਵੀਂ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਅਤੇ ਸਰਕਾਰ ਮਿਲ ਕੇ ਪਵਿੱਤਰ ਨਗਰੀ ਨੂੰ ਵਿਕਾਸ, ਵਿਰਾਸਤ ਅਤੇ ਧਾਰਮਿਕ ਸੈਰ-ਸਪਾਟੇ ਦੇ ਖੇਤਰ ਵਿੱਚ ਪੰਜਾਬ ਦੀ ਮੋਹਰੀ ਨਗਰੀ ਬਣਾਉਣ ਲਈ ਦਿਨ-ਰਾਤ ਕੰਮ ਕਰਨਗੇ। ਅਹੁਦਾ ਸੰਭਾਲਣ ਤੋਂ ਬਾਅਦ ਆਪਣੇ ਪਹਿਲੇ ਸੰਬੋਧਨ ਵਿੱਚ ਪ੍ਰਧਾਨ ਸੰਦੀਪ ਕੌਰ ਚੀਮਾ ਨੇ ਕਿਹਾ ਕਿ ਇਹ ਅਹੁਦਾ ਉਨ੍ਹਾਂ ਲਈ ਸਨਮਾਨ ਦੇ ਨਾਲ-ਨਾਲ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਹਰ ਨਾਗਰਿਕ ਦੀ ਸਮੱਸਿਆ ਨੂੰ ਆਪਣੀ ਸਮੱਸਿਆ ਸਮਝ ਕੇ ਹੱਲ ਕੀਤਾ ਜਾਵੇਗਾ ਅਤੇ ਨਗਰ ਕੌਂਸਲ ਦੇ ਦਰਵਾਜ਼ੇ ਹਰ ਵਰਗ ਲਈ ਹਮੇਸ਼ਾ ਖੁੱਲ੍ਹੇ ਰਹਿਣਗੇ।ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਵਿਕਾਸ ਲਈ ਵਿਸਥਾਰਤ ਰੋਡਮੈਪ ਪਹਿਲਾਂ ਹੀ ਤਿਆਰ ਹੈ ਅਤੇ ਹੁਣ ਉਸ ਨੂੰ ਤੇਜ਼ੀ ਨਾਲ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾਵੇਗਾ। ਸਮਾਗਮ ਦੇ ਅੰਤ ਵਿੱਚ ਨਗਰ ਕੌਂਸਲ ਦੀ ਨਵੀਂ ਟੀਮ ਨੇ ਸੁਲਤਾਨਪੁਰ ਲੋਧੀ ਨੂੰ ਸਾਫ਼-ਸੁਥਰਾ, ਸੁੰਦਰ, ਵਿਕਾਸਸ਼ੀਲ ਅਤੇ ਪਾਰਦਰਸ਼ੀ ਪ੍ਰਸ਼ਾਸਨ ਵਾਲਾ ਮਾਡਲ ਸ਼ਹਿਰ ਬਣਾਉਣ ਦਾ ਸੰਕਲਪ ਦੁਹਰਾਇਆ। ਇਸ ਮੌਕੇ ਈ.ਓ. ਕਮਲਜੀਤ ਸਿੰਘ, ਨਗਰ ਕੌਂਸਲ ਦੇ ਸਾਬਕਾ ਮੀਤ ਪ੍ਰਧਾਨ ਨਵਨੀਤ ਸਿੰਘ ਚੀਮਾ, ਨਗਰ ਕੌਂਸਲ ਦੀ ਮੀਤ ਪ੍ਰਧਾਨ ਗੁਰਜੀਤ ਕੌਰ, ਸਾਬਕਾ ਪ੍ਰਧਾਨ ਅਸ਼ੋਕ ਕੁਮਾਰ ਮੋਗਲਾ,ਸਾਬਕਾ ਪ੍ਰਧਾਨ ਦੀਪਕ ਧੀਰ ਰਾਜੂ, ਸਾਬਕਾ ਚੇਅਰਮੈਨ ਤੇਜਵੰਤ ਸਿੰਘ, ਕੌਂਸਲਰ ਸਿਮਰਪ੍ਰੀਤ ਕੌਰ, ਕਸ਼ਮੀਰ ਸਿੰਘ, ਕੌਂਸਲਰ ਪਵਨ ਕਨੋਜੀਆ, ਸਾਬਕਾ ਕੌਂਸਲਰ ਸੰਤਪ੍ਰੀਤ ਸਿੰਘ,ਸਾਬਕਾ ਕੌਂਸਲਰ ਪ੍ਰਿਤਪਾਲ ਸਿੰਘ ਪਾਲੀ ਬਾਬਾ, ਜ਼ਿਲ੍ਹਾ ਪਰਿਸ਼ਦ ਮੈਂਬਰ ਅਮਰਜੀਤ ਸਿੰਘ ਖਿੰਡਾ, ਬਲਾਕ ਸੰਮਤੀ ਮੈਂਬਰ ਮੇਹਰ ਸਿੰਘ ਵਿਰਕ, ਜ਼ਿਲ੍ਹਾ ਪਰਿਸ਼ਦ ਮੈਂਬਰ ਜੋਗਾ ਸਿੰਘ ਕਾਲੇਵਾਲ, ਸਾਬਕਾ ਸਰਪੰਚ ਗੁਰਮੀਤ ਸਿੰਘ ਹੈਪੀ ਤੇ ਪਤਵੰਤੇ ਵਿਅਕਤੀ ਮੌਜੂਦ ਸਨ।

# ਜ਼ੋਨਲ ਪੱਧਰ ਦੇ ਟੂਰਨਾਮੈਂਟ 'ਚ ਸਰਕਾਰੀ ਆਦਰਸ਼ ਸਕੂਲ ਲੋਧੀਪੁਰ ਦੀ ਝੰਡੀ



**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਜੋਨਲ ਪੱਧਰ ਦੇ ਚੱਲ ਰਹੇ ਟੂਰਨਾਮੈਂਟ ਜੋਨਲ ਪ੍ਰਧਾਨ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਐਸ ਜੀ ਐਸ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਜੋਨਲ ਸਕੱਤਰ ਅਸ਼ੋਕ ਰਾਣਾ ਦੀ ਅਗਵਾਈ ਹੇਠ ਖਿਡਾਰੀਆਂ ਨੇ ਬੜੇ ਹੀ ਸ਼ਾਨਦਾਰ ਤਰੀਕੇ ਨਾਲ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ ।ਕਬੱਡੀ ਅੰਡਰ 17 ਸਾਲ ਵਰਗ ਸੈਮੀਫਾਈਨਲ ਅਤੇ ਫ਼ਾਈਨਲ ਦੇ ਮੁਕਾਬਲੇ ਸ ਕੰ ਸ ਸ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਗਏ ਜਿਨ੍ਹਾਂ ਦਾ ਰਸਮੀ ਉਦਘਾਟਨ ਪ੍ਰਿੰਸੀਪਲ ਨੀਰਜ ਵਰਮਾ ਜੋਨਲ ਸਕੱਤਰ ਅਸ਼ੋਕ ਕੁਮਾਰ ਰਾਣਾ ਵੱਲੋਂ ਕੀਤਾ ਜਿਸ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ।ਪਹਿਲਾ ਸਥਾਨ ਸਰਕਾਰੀ ਆਦਰਸ਼ ਸਕੂਲ ਲੋਧੀਪੁਰ ਦੂਜਾ ਸਥਾਨ ਸਰਕਾਰੀ ਐੱਸ ਓ ਈ ਸੈਕੰਡਰੀ ਸਕੂਲ ਕੀਰਤਪੁਰ ਸਾਹਿਬ ਤੀਸਰਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਾਸੋਬਾਲ ਚੌਥਾ ਸਥਾਨ ਐੱਸ ਜੀ ਐੱਸ ਖ਼ਾਲਸਾ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਨੇ ਹਾਸਲ ਕੀਤਾ ਬਾਕੀ ਖੇਡਾਂ ਦੇ ਫ਼ਾਈਨਲ ਮੁਕਾਬਲੇ ਮੌਸਮ ਨੂੰ ਦੇਖਦੇ ਹੋਏ ਕਰਵਾਏ ਜਾਣ ਗੇ।

ਕਨਵੀਨਰ ਪ੍ਰਭਿੰਦਰ ਸਿੰਘ ਉਪ ਕਨਵੀਨਰ ਦਲਜੀਤ ਸਿੰਘ ਸੁਰਜੀਤ ਸਿੰਘ ਰਾਨਾ ਯਾਦਵਿੰਦਰ ਸਿੰਘ ਅਮਰੀਕ ਸਿੰਘ ਰਣਵੀਰ ਸਿੰਘ ਗੁਰਮੇਲ ਸਿੰਘ ਨੀਲਮ ਰਾਣੀ ਸੁਮਨ ਚਾਂਦਲਾ, ਗੁਰਿੰਦਰ ਸਿੰਘ ਕੰਧੋਲਾ , ਸਤਨਾਮ ਸਿੰਘ ਬਿਨਤਾ ਰਾਨਾ ਜਤਿੰਦਰ ਕੌਰ ਤੋਂ ਇਲਾਵਾ ਵਿਦਿਆਰਥੀਆਂ ਨੇ ਹਿੱਸਾ ਲਿਆ।

# ਕੰਧਾਲਾ ਸ਼ੇਖਾਂ 'ਚ ਤੀਆਂ ਦਾ ਤਿਉਹਾਰ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਮੌਜੂਦਾ ਸਮੇਂ ਦੌਰਾਨ ਸਾਉਣ ਮਹੀਨੇ ਦਾ ਪ੍ਰਮੁੱਖ ਤੀਆਂ ਦਾ ਤਿਉਹਾਰ ਪਿੰਡ ਕੰਧਾਲਾ ਸ਼ੇਖਾਂ ਵਿਖੇ ਧੂਮਧਾਮ ਨਾਲ ਮਨਾਇਆ ਗਿਆ।ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਮਨਾਏ ਗਏ ਧੀਆਂ ਦੇ ਤਿਉਹਾਰ ਦੇ ਦੌਰਾਨ ਪਿੰਡ ਦੀਆਂ ਔਰਤਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਸੱਜ ਧੱਜ ਕੇ ਜਿੱਥੇ ਪੰਜਾਬੀ ਸੱਭਿਆਚਾਰ ਦਾ ਸੁਨੇਹਾ ਦਿੱਤਾ ਉੱਥੇ ਹੀ ਗਿੱਧਾ ਅਤੇ ਬੋਲੀਆਂ ਦੇ ਰਾਹੀਂ ਅਮੀਰ



ਪੰਜਾਬੀ ਸੱਭਿਆਚਾਰ ਦੀ ਝਲਕ ਦੀ ਪੇਸ਼ ਕੀਤੀ।ਇਸ ਮੌਕੇ ਪਿੰਡ ਦੀਆਂ ਔਰਤਾਂ ਵੱਲੋਂ ਸਾਉਣ ਮਹੀਨੇ ਵਿੱਚ ਤਿਆਰ ਕੀਤੇ ਜਾਂਦੇ ਪਕਵਾਨ ਵੀ ਬਣਾਏ ਗਏ, ਉਧਰ ਦੂਸਰੇ ਪਾਸੇ ਦਾਰਾਪੁਰ ਟਾਂਡਾ ਦੀਆਂ ਔਰਤਾਂ ਤੇ ਬੱਚੀਆਂ ਵੱਲੋਂ ਰਲ ਮਿਲ ਕੇ ਜਾਜਾ ਬਾਈਪਾਸ ਨੇੜੇ ਤੀਆਂ ਦਾ ਤਿਉਹਾਰ ਧੂਮ ਧਾਮ ਤੇ ਚਾਵਾਂ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਮਾਜ ਸੇਵਕਾ ਮੈਡਮ ਰਾਜਵਿੰਦਰ ਕੌਰ ਤੇ ਰੁਪਿੰਦਰ ਕੌਰ ਨੇ ਇਕੱਤਰ ਹੋਈਆਂ ਔਰਤਾਂ ਨੂੰ ਤੀਆਂ ਦੇ ਤਿਉਹਾਰ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਰਾਜਵਿੰਦਰ ਕੌਰ, ਰੁਪਿੰਦਰ ਕੌਰ, ਮਹਿਕ, ਸ਼ਰਨਦੀਪ, ਰਵਨੀਤ ਕੌਰ, ਗੁਰਲੀਨ ਕੌਰ ਵੀ ਹਾਜ਼ਰ ਸਨ।

## ਜਿਨ੍ਹਾ ਲਈ ਸੇਵਾ ਹੀ ਸਭ ਤੋਂ ਵੱਡਾ ਧਰਮ ਸੀ : ਭਗਤ ਪੂਰਨ ਸਿੰਘ

(ਸਫ਼ਾ 4 ਦਾ ਬਾਕੀ)

ਖਰੇ ਉੱਤਰਦੇ ਸਨ। ਆਪ ਨੇ ਲੋਕਾਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕੀਤਾ। ਆਪ ਨੇ ਲੋਕਾਂ ਨੂੰ ਵਾਤਾਵਰਨ ਨੂੰ ਪ੍ਰਦੂਸ਼ਤ ਕਰਨ ਤੋਂ ਰੋਕਿਆ। ਸਵੱਛ ਵਾਤਾਵਰਨ ਹੀ ਸੁਖੀ ਜੀਵਨ ਦਾ ਅਧਾਰ ਹੈ। ਭਗਤ ਜੀ ਆਪਣੀ ਲਾਈ ਹੋਈ ਪ੍ਰਿੰਟਿੰਗ ਪ੍ਰੈੱਸ ਵਿੱਚ ਰੱਦੀ ਕਾਗਜ਼ ਖਰੀਦ ਕੇ ਦੂਜੇ ਪਾਸੇ ਮੋਟੀ ਛਪਾਈ ਕਰਕੇ ਵਰਤ ਲੈਂਦੇ ਸਨ, ਕਿਉਂਕਿ ਲੋਕ ਕਾਗਜ਼ ਦਾ ਇੱਕ ਪਾਸਾ ਹੀ ਵਰਤੋਂ ਵਿੱਚ ਲਿਆਉਂਦੇ ਹਨ। ਭਗਤ ਪੂਰਨ ਸਿੰਘ ਜੀ ਸਮਝਦੇ ਸਨ ਕਿ ਕਾਗਜ਼ ਬਣਾਉਣ ਲਈ ਦਰੱਖਤਾਂ ਦੀ ਕਟਾਈ ਕਰਨ ਦੀ ਜ਼ਰੂਰਤ ਪੈਂਦੀ ਹੈ। ਭਗਤ ਜੀ ਜ਼ੋਰ ਦਿੰਦੇ ਸਨ ਕਿ ਜੇ ਸਮਾਂ ਰਹਿੰਦੇ ਅਸੀ ਨਾ ਬਦਲੇ ਤਾਂ ਆਉਣ ਵਾਲੇ ਸੌ ਸਾਲਾਂ ਵਿੱਚ ਦੁਨੀਆ ਦਾ ਨਕਸ਼ਾ ਹੀ ਕੁਝ ਹੋਰ ਹੀ ਹੋਵੇਗਾ। ਮਿੱਟੀ ਦਾ ਖੁਰਨਾ, ਹੁਮਸ ਦਾ ਖਤਮ ਹੋਣਾ, ਅਬਾਦੀ ਦਾ ਵਧਣਾ, ਜਿਸ ਨਾਲ ਡੇਢ ਕਰੋੜ ਲੋਕ ਹਰ ਸਾਲ ਭੁੱਖ ਨਾਲ ਮਰਨਗੇ। ਮੌਸਮ ਵਿੱਚ ਭਾਰੀ ਤਬਦੀਲੀਆਂ ਹੋ ਸਕਦੀਆਂ ਹਨ। ਧਰਤੀ ਬਰਫਾਨੀ ਯੁੱਗ ਵਿੱਚ ਪਹੁੰਚ ਸਕਦੀ ਹੈ। ਧਰਤੀ ਬੰਜਰ ਹੋ ਸਕਦੀ ਹੈ। ਰੇਤ ਦੀਆਂ ਹਨੇਰੀਆਂ ਝੁੱਲ ਸਕਦੀਆਂ ਹਨ। ਸੋਕਾ ਪੈ ਸਕਦਾ ਹੈ ਜਾਂ ਫਿਰ ਭਾਰੀ ਹੜ੍ਹ ਤਬਾਹੀ ਮਚਾ ਸਕਦੇ ਹਨ। ਧਰਤੀ ਹੇਠਲੇ ਪਾਣੀ ਦਾ ਪੱਧਰ ਹਰ ਸਾਲ ਘਟਣਾ, ਪਾਣੀ ਦਾ ਪ੍ਰਦੂਸ਼ਤ ਹੋਣਾ ਤੇ ਪਾਣੀ ਦੀ ਅੰਨ੍ਹੇਵਾਹ ਵਰਤੋਂ ਵੀ ਬੇਹੱਦ ਚਿੰਤਾ ਦਾ ਵਿਸ਼ਾ ਹੈ। ਭਗਤ ਜੀ ਦੀਆਂ ਸੇਵਾਵਾਂ ਦੇ ਮੱਦੇਨਜ਼ਰ ਭਾਰਤ ਸਰਕਾਰ ਵੱਲੋਂ 1979 ਵਿੱਚ ਭਗਤ ਜੀ ਨੂੰ ਪਦਮਸ੍ਰੀ ਨਾਲ ਨਿਵਾਜਿਆ ਗਿਆ। ਸੰਨ 1990 ਵਿੱਚ ਹਾਰਮਨੀ ਐਵਾਰਡ, ਸੰਨ 1991 ਵਿੱਚ ਰੋਗ ਰਤਨ ਅਤੇ ਭਾਈ ਘਨੱਈਆ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਸੰਨ 1984 ਨੂੰ ਦਰਬਾਰ ਸਾਹਿਬ 'ਤੇ ਸਰਕਾਰ ਵੱਲੋਂ ਕੀਤੇ ਅਟੈਕ ਨੇ ਜਿੱਥੇ ਕਈ ਸਿੱਖ ਪ੍ਰੇਮੀਆਂ ਦੇ ਹਿਰਦੇ ਛੱਲਣੀ ਕੀਤੇ ਸਨ, ਉੱਥੇ ਭਗਤ ਪੂਰਨ ਸਿੰਘ ਜੀ ਦਾ ਹਿਰਦਾ ਵੀ ਛੱਲਣੀ ਹੋਇਆ, ਜਿਸ ਦੇ ਰੋਸ ਵਜੋਂ ਭਗਤ ਜੀ ਨੇ ਪਦਮਸ੍ਰੀ ਐਵਾਰਡ ਵਾਪਸ ਕਰ ਦਿੱਤਾ ਸੀ। ਧਰਮ ਦੀ ਕਾਰ ਕਰਦਿਆਂ ਆਖਿਰ 5 ਅਗਸਤ 1992 ਨੂੰ 88 ਸਾਲ ਦੀ ਉਮਰ ਭੋਗ ਕੇ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਉਸ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ। ਉਹਨਾ ਦੇ ਮਗਰੋਂ ਡਾ. ਇੰਦਰਜੀਤ ਕੌਰ ਪਿੰਗਲਵਾੜਾ ਸੁਸਾਇਟੀ ਦੇ ਮੁੱਖ ਸੇਵਾਦਾਰ ਵਜੋਂ ਬਾਖੂਬੀ ਉਹਨਾ ਦੇ ਪਾਏ ਹੋਏ ਪੂਰਨਿਆਂ 'ਤੇ ਚੱਲ ਕੇ ਸੇਵਾ ਨਿਭਾਅ ਰਹੇ ਹਨ। ਆਓ, ਆਪਾਂ ਸਾਰੇ ਭਗਤ ਪੂਰਨ ਸਿੰਘ ਜੀ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਵਾਤਾਵਰਣ ਪ੍ਰਤੀ ਸੁਚੇਤ ਹੋਈਏ ਤੇ ਵੱਧ ਤੋਂ ਵੱਧ ਰੁੱਖ ਲਗਾਈਏ, ਪਾਣੀ ਦੀ ਸਾਂਭ-ਸੰਭਾਲ ਕਰੀਏ, ਵਾਤਾਵਰਣ ਨੂੰ ਪ੍ਰਦੂਸ਼ਤ ਨਾ ਕਰੀਏ ਤੇ ਲੋੜਵੰਦਾਂ ਦੀ ਮਦਦ ਕਰਕੇ ਆਪਣਾ ਜੀਵਨ ਸਫਲ ਬਣਾਈਏ। ਭਗਤ ਜੀ ਨੂੰ ਇਹੀ ਸੱਚੀ-ਸੁੱਚੀ ਸ਼ਰਧਾਂਜਲੀ ਹੋਵੇਗੀ।

# 'ਮੁੱਖ ਮੰਤਰੀ ਮਾਵਾਂ-ਧੀਆਂ' ਸਤਿਕਾਰ ਯੋਜਨਾ ਤਹਿਤ ਦੂਜੇ ਪੜਾਅ 'ਚ


**ਹੁਸ਼ਿਆਰਪੁਰ ਦੀਆਂ 2,34,836 ਮਹਿਲਾਵਾਂ ਦੇ ਖਾਤਿਆਂ 'ਚ 82,30,76,000 ਰੁਪਏ ਦੀ ਰਾਸ਼ੀ ਟਰਾਂਸਫਰ**

**ਹੁਸ਼ਿਆਰਪੁਰ (ਓ ਪੀ ਰਾਣਾ)** ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਮਾਜਿਕ, ਆਰਥਿਕ ਅਤੇ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਡਾਇਰੈਕਟ ਬੈਨੀਫਿਟ ਟਰਾਂਸਫਰ (ਡੀ.ਬੀ.ਟੀ.) ਰਾਹੀਂ ਰਾਸ਼ੀ ਜਮ੍ਹਾਂ ਕਰਵਾਉਣ ਦਾ ਕੰਮ ਲਗਾਤਾਰ ਜਾਰੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਹੁਸ਼ਿਆਰਪੁਰ ਗਗਨਦੀਪ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਤਹਿਤ 1 ਅਗਸਤ 2026 ਨੂੰ ਦੂਜੇ ਪੜਾਅ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ 155791 ਜਨਰਲ ਵਰਗ ਦੀਆਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ 46,73,73,500 ਰੁਪਏ ਅਤੇ 79045 ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਦੀਆਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ 35,57,02,500 ਰੁਪਏ ਦੀ ਰਾਸ਼ੀ ਸਿੱਧੇ ਤੌਰ 'ਤੇ ਟਰਾਂਸਫਰ ਕੀਤੀ ਗਈ ਸੀ।

ਗਗਨਦੀਪ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਕੇਵਲ ਉਹਨਾਂ ਮਹਿਲਾਵਾਂ ਨੂੰ ਦਿੱਤਾ ਜਾਂਦਾ ਹੈ ਜੋ ਸਰਕਾਰ ਵੱਲੋਂ ਨਿਰਧਾਰਤ ਯੋਗਤਾ ਸ਼ਰਤਾਂ ਨੂੰ ਪੂਰਾ ਕਰਦੀਆਂ ਹਨ।

# ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਹੱਲ ਬਿਨਾਂ ਕਿਸੇ ਦੇਰੀ ਦੇ ਯਕੀਨੀ ਬਣਾਉਣ ਦੇ ਨਿਰਦੇਸ਼

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਅਧਿਕਾਰੀਆਂ ਨੂੰ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ



ਦਰਪੇਸ਼ ਮੁਸ਼ਕਲਾਂ ਅਤੇ ਸ਼ਿਕਾਇਤਾਂ ਦਾ ਨਿਪਟਾਰਾ ਬਿਨਾਂ ਕਿਸੇ ਦੇਰੀ ਦੇ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਟਰੇਡਰਜ਼ ਕਮਿਸ਼ਨ ਦੇ ਜ਼ਿਲ੍ਹਾ ਤੇ ਹਲਕਾ ਪੱਧਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਪਾਵਰਕਾਮ, ਨਗਰ ਨਿਗਮ, ਪੁਲਸ, ਟੈਕਸ ਅਤੇ ਐਕਸਾਈਜ਼ ਸਮੇਤ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਕਰੀਬ 290 ਸ਼ਿਕਾਇਤਾਂ ਦਾ ਹੱਲ ਯਕੀਨੀ ਬਣਾਇਆ ਗਿਆ ਹੈ। ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਸਮਾਂਬੱਧ ਹੱਲ ਲਈ ਪੋਰਟਲ ਬਣਾਇਆ ਗਿਆ ਹੈ, ਜਿਸ 'ਤੇ ਵਪਾਰੀ ਆਪਣੀਆਂ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਨਾਲ ਜ਼ਿਲ੍ਹਾ ਅਤੇ ਸਬ ਡਵੀਜ਼ਨ ਪੱਧਰ 'ਤੇ ਲਗਾਤਾਰ ਸਮੀਖਿਆ ਮੀਟਿੰਗਾਂ ਵੀ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਢੁੱਕਵਾਂ ਹੱਲ ਕਰਕੇ ਉਨ੍ਹਾਂ ਨੂੰ ਹੋਰ ਬਿਹਤਰ ਢੰਗ ਨਾਲ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਬਿਹਤਰ ਆਪਸੀ ਤਾਲਮੇਲ ਨਾਲ ਵਪਾਰੀ ਵਰਗ ਦੇ ਮੁੱਦਿਆਂ ਦਾ ਹੱਲ ਕੀਤਾ ਜਾਵੇ।

# ਜ਼ੀਰਕਪੁਰ: ਬਲਟਾਣਾ ਪੁਲਸ ਚੌਕੀ ਇੰਚਾਰਜ 'ਤੇ ਗੰਭੀਰ ਦੋਸ਼, ਵਾਇਰਲ ਵੀਡੀਓ ਤੋਂ ਬਾਅਦ ਲਾਈਨ ਹਾਜ਼ਰ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਬਲਟਾਣਾ ਇਲਾਕੇ 'ਚ ਇੱਕ ਹੋਟਲ ਸੰਚਾਲਿਕਾ ਨਾਲ ਕਥਿਤ ਕੁੱਟਮਾਰ ਅਤੇ ਬਦਸਲੂਕੀ ਦੇ ਮਾਮਲੇ ਨੇ ਪੰਜਾਬ ਪੁਲਸ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਘਟਨਾ ਦੀ ਸੀ ਸੀ ਟੀ ਵੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਪੁਲਸ ਵਿਭਾਗ ਨੇ ਤੁਰੰਤ ਕਾਰਵਾਈ ਕਰਦਿਆਂ ਬਲਟਾਣਾ ਪੁਲਸ ਚੌਕੀ ਦੇ ਇੰਚਾਰਜ ਨੂੰ ਲਾਈਨ ਹਾਜ਼ਰ ਕਰ ਦਿੱਤਾ ਹੈ।ਹੋਟਲ ਸੰਚਾਲਿਕਾ ਨੇ ਦੋਸ਼ ਲਗਾਂਦੇ ਆਖਿਆ ਕਿ ਚੌਕੀ ਇੰਚਾਰਜ ਕਾਫ਼ੀ ਸਮੇਂ ਤੋਂ ਹਰ ਮਹੀਨੇ 20 ਹਜ਼ਾਰ ਰੁਪਏ ਦੀ ਕਥਿਤ ਮਾਸਿਕ ਵਸੂਲੀ ਦੀ ਮੰਗ ਕਰ ਰਿਹਾ ਸੀ।ਉਸਦਾ ਕਹਿਣਾ ਹੈ ਕਿ ਪਹਿਲਾਂ ਉਹ ਰਕਮ ਦਿੰਦੀ ਰਹੀ, ਪਰ ਪਿਛਲੇ ਦੋ ਮਹੀਨਿਆਂ ਤੋਂ ਹੋਟਲ ਬੰਦ ਹੋਣ ਕਾਰਨ ਭੁਗਤਾਨ ਨਹੀਂ ਕਰ ਸਕੀ।ਇਸ ਕਾਰਨ ਨਾਰਾਜ਼ ਹੋ ਕੇ ਚੌਕੀ ਇੰਚਾਰਜ ਪੁਲਸ ਮੁਲਾਜ਼ਮਾਂ ਸਮੇਤ ਹੋਟਲ ਵਿੱਚ ਦਾਖ਼ਲ ਹੋਇਆ ਅਤੇ ਉਸ ਨਾਲ ਕਥਿਤ ਤੌਰ 'ਤੇ ਧੱਕਾ-ਮੁੱਕੀ ਅਤੇ ਕੁੱਟਮਾਰ ਕੀਤੀ।



ਸੰਚਾਲਿਕਾ ਦਾ ਦਾਅਵਾ ਹੈ ਕਿ ਘਟਨਾ ਤੋਂ ਪਹਿਲਾਂ ਹੋਟਲ ਦੇ ਜ਼ਿਆਦਾਤਰ ਸੀ ਸੀ ਟੀ ਵੀ ਕੈਮਰੇ ਬੰਦ ਕਰ ਦਿੱਤੇ ਗਏ ਸਨ, ਪਰ ਇੱਕ ਕੈਮਰਾ ਚਾਲੂ ਰਹਿ ਗਿਆ, ਜਿਸ ਵਿੱਚ ਸਾਰੀ ਘਟਨਾ ਰਿਕਾਰਡ ਹੋ ਗਈ। ਵਾਇਰਲ ਹੋਈ ਵੀਡੀਓ ਵਿੱਚ ਕਥਿਤ ਤੌਰ 'ਤੇ ਚੌਕੀ ਇੰਚਾਰਜ ਨੂੰ ਮਹਿਲਾ ਨਾਲ ਹੱਥਾਪਾਈ ਕਰਦੇ ਹੋਏ ਦੇਖਿਆ ਜਾ ਰਿਹਾ ਹੈ, ਜਿਸ ਤੋਂ ਬਾਅਦ ਮਾਮਲਾ ਚਰਚਾ ਦਾ ਵਿਸ਼ਾ ਬਣ ਗਿਆ ਹੈ।ਪੀੜਤਾ ਦਾ ਕਹਿਣਾ ਹੈ ਕਿ ਅੱਜ ਤੱਕ ਉਸ ਨੂੰ ਇਹ ਨਹੀਂ ਦੱਸਿਆ ਗਿਆ ਕਿ ਉਸ ਨਾਲ ਅਜਿਹਾ ਵਿਵਹਾਰ ਕਿਉਂ ਕੀਤਾ ਗਿਆ।ਉਧਰ, ਐਸਪੀ ਹਰਮਨਦੀਪ ਸਿੰਘ ਹੰਸ ਨੇ ਦੱਸਿਆ ਕਿ ਮਾਮਲੇ ਦੀ ਵਿਸਥਾਰਪੂਰਵਕ ਜਾਂਚ ਲਈ ਜ਼ੀਰਕਪੁਰ ਦੀ ਏਐਸਪੀ ਗਜ਼ਲਪ੍ਰੀਤ ਕੌਰ ਤੋਂ ਰਿਪੋਰਟ ਮੰਗੀ ਗਈ ਹੈ।ਰਿਪੋਰਟ ਮਿਲਣ ਤੋਂ ਬਾਅਦ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਫਿਲਹਾਲ ਸੰਬੰਧਿਤ ਚੌਕੀ ਇੰਚਾਰਜ ਨੂੰ ਲਾਈਨ ਹਾਜ਼ਰ ਕਰ ਦਿੱਤਾ ਗਿਆ ਹੈ।

## ਦੀ ਪੈਨਸ਼ਨਰ ਵੈੱਲਫ਼ੇਅਰ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਦੀ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਪੈਨਸ਼ਨ ਭਵਨ ਤਹਿਸੀਲ ਕੰਪਲੈਕਸ ਵਿਖੇ ਰਾਮ ਸਰੂਪ ਢੈਪਈ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਸ਼ੁਰੂ ਕਰਨ ਸਮੇਂ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰ ਸਾਥੀ ਬਿਸ਼ਨ ਦਾਸ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਦੌਰਾਨ ਮਹਿੰਗਾਈ ਭੱਤੇ ਸਬੰਧੀ ਮਾਣਯੋਗ ਹਾਈਕੋਰਟ ਦਾ ਫੈਸਲਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਆਇਆ। ਸਾਰੀ ਮੀਟਿੰਗ ਨੇ ਹਾਈਕੋਰਟ ਦਾ ਧੰਨਵਾਦ ਕਰਦਿਆਂ ਜ਼ੋਰਦਾਰ ਨਾਅਰਬਾਜ਼ੀ ਕੀਤੀ ਅਤੇ ਖੁਸ਼ੀ ਵਿੱਚ ਲੱਡੂ ਵੰਡੇ ਗਏ। ਐਸੋਸੀਏਸ਼ਨ ਵਿੱਚ ਨਵੇਂ ਸ਼ਾਮਲ ਹੋਏ ਮੈਂਬਰ ਛੋਟਾ ਸਿੰਘ ਪਸ਼ੂ ਪਾਲਣ ਵਿਭਾਗ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ। ਆਗੂਆਂ ਨੇ 7 ਅਗਸਤ ਨੂੰ ਮੰਗਾਂ ਸਬੰਧੀ ਮੁਹਾਲੀ ਵਿਖੇ ਕੀਤੀ ਜਾ ਰਹੀ ਰੈਲੀ ਸਬੰਧੀ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜੀਤ ਸਿੰਘ ਬੰਗਾ, ਅੰਗਰੇਜ਼ ਸਿੰਘ ਚੀਮਾ, ਦਰਸ਼ਨ ਸਿੰਘ ਮੱਟੂ ਭਰੂਰ, ਭੁਪਿੰਦਰ ਸਿੰਘ ਛਾਜਲੀ, ਦਰਸ਼ਨ ਸਿੰਘ ਮੱਟੂ ਨੌਲੱਖਾ, ਬਿਰਜ ਲਾਲ ਧੀਮਾਨ, ਪ੍ਰਿੰਸੀਪਲ ਦੇਸ ਰਾਜ ਛਾਜਲੀ, ਹਰਨੇਕ ਸਿੰਘ ਨੱਢੇ, ਪ੍ਰਿਤਪਾਲ ਸਿੰਘ, ਮਦਨ ਕੁਮਾਰ ਸ਼ਰਮਾ ਨੇ ਬਰਨਾਲਾ ਵਿਖੇ ਸਫਾਈ ਸੇਵਕਾਂ ਤੇ ਕੀਤੇ ਲਾਠੀਚਾਰਜ ਅਤੇ ਦਿੱਲੀ ਵਿਖੇ ਕੇਂਦਰੀ ਮੰਤਰੀ ਦੇ ਅਸਤੀਫ਼ੇ ਨੂੰ ਲੈ ਕੇ ਸੰਘਰਸ਼ ਕਰ ਰਹੇ ਨੌਜਵਾਨਾਂ ਤੇ ਲੜਕੀਆਂ ਤੇ ਕੇਂਦਰੀ ਸਰਕਾਰ ਦੇ ਹੁਕਮਾਂ ਤੇ ਦਿੱਲੀ ਪੁਲਸ ਵੱਲੋਂ ਕੀਤੇ ਅੱਤਿਆਚਾਰ ਤਸ਼ੱਦਦ ਦੀ ਜ਼ੋਰਦਾਰ ਅਤੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।

## ਪੁਰਸ਼ ਸਿੰਗਲਜ਼ ਦਾ ਜ਼ਿਲ੍ਹਾ ਖ਼ਿਤਾਬ ਡਾ. ਅਮਰੀਕ ਸਿੰਘ ਨੇ ਜਿੱਤਿਆ



**ਰਾਏਕੋਟ (ਸੰਤੋਖ ਗਿੱਲ)**-ਧਾਲੀਵਾਲ ਬੈਡਮਿੰਟਨ ਕਲੱਬ ਰਾਏਕੋਟ ਦੇ ਸੀਨੀਅਰ ਖਿਡਾਰੀ ਡਾ. ਅਮਰੀਕ ਸਿੰਘ ਨੇ ਜ਼ਿਲ੍ਹਾ ਬੈਡਮਿੰਟਨ ਟੂਰਨਾਮੈਂਟ ਵਿੱਚ 60 ਸਾਲ ਤੋਂ ਵੱਧ ਉਮਰ ਵਰਗ ਸਿੰਗਲਜ਼ ਦਾ ਖ਼ਿਤਾਬ ਲਗਾਤਾਰ ਦੂਜੀ ਵਾਰ ਆਪਣੇ ਨਾਮ ਕਰਕੇ ਇਲਾਕੇ ਦਾ ਮਾਣ ਵਧਾਇਆ ਹੈ।ਬੈਡਮਿੰਟਨ ਐਸੋਸੀਏਸ਼ਨ ਲੁਧਿਆਣਾ ਵੱਲੋਂ ਕਰਾਏ ਗਏ ਇਸ ਟੂਰਨਾਮੈਂਟ ਵਿੱਚ ਡਾ. ਅਮਰੀਕ ਸਿੰਘ ਨੇ ਸ਼ੁਰੂ ਤੋਂ ਅੰਤ ਤੱਕ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਾਰੇ ਮੁਕਾਬਲੇ ਜਿੱਤ ਕੇ ਚੈਂਪੀਅਨਸ਼ਿਪ ਆਪਣੇ ਨਾਮ ਕੀਤੀ ਹੈ।ਉਨ੍ਹਾਂ ਦੀ ਲਗਾਤਾਰ ਦੂਜੀ ਖ਼ਿਤਾਬੀ ਜਿੱਤ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਫਿਟਨੈੱਸ ਤੇ ਖੇਡ ਪ੍ਰਤੀ ਅਟੁੱਟ ਸਮਰਪਣ ਦੀ ਗਵਾਹੀ ਦਿੰਦੀ ਹੈ।ਇਸ ਉਪਲਬਧੀ 'ਤੇ ਧਾਲੀਵਾਲ ਬੈਡਮਿੰਟਨ ਕਲੱਬ ਰਾਏਕੋਟ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਡਾ. ਅਮਰੀਕ ਸਿੰਘ ਨੂੰ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਇਹ ਸਫ਼ਲਤਾ ਕਲੱਬ ਹੀ ਨਹੀਂ, ਸਗੋਂ ਪੂਰੇ ਰਾਏਕੋਟ ਖੇਤਰ ਲਈ ਮਾਣ ਤੇ ਪ੍ਰੇਰਨਾ ਦਾ ਸਰੋਤ ਹੈ।ਖੇਡ ਪ੍ਰੇਮੀਆਂ ਨੇ ਵੀ ਡਾ. ਅਮਰੀਕ ਸਿੰਘ ਦੀ ਇਸ ਇਤਿਹਾਸਕ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਇਸ ਨੂੰ ਰਾਏਕੋਟ ਦੇ ਖੇਡ ਜਗਤ ਲਈ ਇੱਕ ਮਹੱਤਵਪੂਰਨ ਉਪਲਬਧੀ ਕਰਾਰ ਦਿੱਤਾ।

## ਪੰਜਾਬ ਬਾਜ਼ੀਗਰ ਸਮਾਜ ਭਵਨ ਲਈ ਜ਼ਮੀਨ ਅਲਾਟ ਕਰਨ ਦੀ ਮੰਗ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਬਾਜ਼ੀਗਰ ਸਮਾਜ ਭਵਨ ਟਰੱਸਟ ਦੇ ਪ੍ਰਧਾਨ ਸੁੱਚਾ ਸਿੰਘ ਧਰਮਸੋਤ ਦੀ ਅਗਵਾਈ ਹੇਠ ਇੱਕ ਵਫਦ ਨੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਨੂੰ ਮਿਲ ਕੇ ਮੰਗ ਪੱਤਰ ਰਾਹੀਂ ਮੰਗ ਕੀਤੀ ਕਿ ਮੋਹਾਲੀ ਜਾਂ ਚੰਡੀਗੜ੍ਹ ਵਿੱਚ ਬਾਜ਼ੀਗਰ ਸਮਾਜ ਲਈ ਭਵਨ ਨਿਰਮਾਣ ਲਈ ਜ਼ਮੀਨ ਅਲਾਟ ਕੀਤੀ ਜਾਵੇ।ਬੇਨਤੀ ਨੂੰ ਸਵੀਕਾਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਉਹ ਮੁੱਖ ਮੰਤਰੀ ਨਾਲ ਵਿਚਾਰ ਵਟਾਂਦਰਾ ਕਰਕੇ ਮੰਗ ਪੂਰੀ ਕਰਵਾਉਣਗੇ।ਮੌਕਾ ਸਿੰਘ ਸਾਬਕਾ ਕੌਂਸਲਰ ਤੇ ਡਾਕਟਰ ਸਵੰਦਰ ਸਿੰਘ ਸੀਨੀਅਰ ਵਾਈਸ ਪ੍ਰਧਾਨ ਨਗਰ ਕੌਂਸਲ ਮੌਜੂਦ ਸਨ।

## ਪੰਜਾਬ ਦੀ ਖੁਸ਼ਹਾਲੀ ਲਈ ਭਾਜਪਾ ਸਰਕਾਰ ਬਣਾਉਣਾ ਜ਼ਰੂਰੀ : ਪ੍ਰਨੀਤ ਕੌਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਉਣ ਵਾਲੀਆਂ 2027 ਦੀਆਂ ਚੋਣਾਂ ਦੇ ਮੱਦੇਨਜ਼ਰ ਭਾਰਤੀ ਜਨਤਾ ਪਾਰਟੀ ਵੱਲੋਂ ਆਪਣੀ ਚੋਣ ਮੁਹਿੰਮ ਤੇ ਜਨ ਸੰਪਰਕ ਅਭਿਆਨ ਨੂੰ ਤੇਜ਼ ਕਰ ਦਿੱਤਾ ਗਿਆ ਹੈ।ਇਸੇ ਲੜੀ ਤਹਿਤ ਭਾਰਤ ਨਗਰ ਵਿਖੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ ਤੇ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ ਨੇ ਵਰਤਮਾਨ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਨੂੰ ਲੈ ਕੇ ਤਿੱਖੇ ਨਿਸ਼ਾਨੇ ਸਾਧੇ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ ਤੇ ਸੂਬੇ ਵਿੱਚ ਲਗਾਤਾਰ ਵੱਧ ਰਿਹਾ ਕਰਜ਼ਾ ਮੌਜੂਦਾ ਸਰਕਾਰ ਦੀ ਨਾਕਾਮੀ ਦਾ ਪ੍ਰਮਾਣ ਹੈ।ਉਨ੍ਹਾਂ ਪੰਜਾਬ ਦੇ ਸਰਵਪੱਖੀ ਵਿਕਾਸ ਤੇ ਉੱਜਵਲ ਭਵਿੱਖ ਲਈ ਜਨਤਾ ਨੂੰ 2027 ਵਿੱਚ ਭਾਜਪਾ ਨੂੰ ਮੌਕਾ ਦੇਣ ਦੀ ਅਪੀਲ ਕੀਤੀ।ਪੰਜਾਬ ਭਾਜਪਾ ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਨੇ ਗੁਆਂਢੀ ਸੂਬੇ ਹਰਿਆਣਾ ਵਿੱਚ ਭਾਜਪਾ ਸਰਕਾਰ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉੱਥੇ ਔਰਤਾਂ ਲਈ ਵਿਸ਼ੇਸ਼ ਸਹੂਲਤਾਂ, ਬੁਢਾਪਾ ਤੇ ਵਿਧਵਾ ਪੈਨਸ਼ਨਾਂ ਸਮੇਤ ਨੌਜਵਾਨਾਂ ਨੂੰ ਰੁਜ਼ਗਾਰ ਦੇ ਭਰਪੂਰ ਮੌਕੇ ਦਿੱਤੇ ਜਾ ਰਹੇ ਹਨ।

## ਦੋ ਕਾਰ ਸਵਾਰ ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ



**ਸ੍ਰੀ ਫਤਹਿਗੜ੍ਹ ਸਾਹਿਬ (ਰਵਿੰਦਰ ਸਿੰਘ ਢੀਂਡਸਾ)**-ਸੀ.ਆਈ.ਏ. ਸਟਾਫ ਸਰਹਿੰਦ ਦੀ ਪੁਲਿਸ ਵੱਲੋਂ ਦੋ ਕਾਰ ਸਵਾਰ ਵਿਅਕਤੀਆਂ ਨੂੰ ਭਾਰੀ ਮਾਤਰਾ ਵਿੱਚ ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕੀਤੇ ਜਾਣ ਦੀ ਸੂਚਨਾ ਹੈ।ਡੀ.ਐਸ.ਪੀ. ਬਸੀ ਪਠਾਣਾ ਰਾਜ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਦੇ ਨਿਰਦੇਸ਼ਾਂ ਅਨੁਸਾਰ ਨਸ਼ਾ ਤਸਕਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸੀ.ਆਈ.ਏ. ਸਟਾਫ ਸਰਹਿੰਦ ਦੇ ਇੰਚਾਰਜ ਇੰਸਪੈਕਟਰ ਜਤਿੰਦਰਪਾਲ ਸਿੰਘ ਦੀ ਨਿਗਰਾਨੀ ਹੇਠ ਚੈਕਿੰਗ ਕਰ ਰਹੀ ਸੀ.ਆਈ.ਏ. ਦੀ ਟੀਮ ਵੱਲੋਂ ਅਨਾਜ ਮੰਡੀ ਸਰਹਿੰਦ ਨੇੜਿਓਂ ਸਿਆਜ਼ ਕਾਰ 'ਚ ਸਵਾਰ ਗੁਰਵਿੰਦਰ ਸਿੰਘ ਵਾਸੀ ਪਿੰਡ ਗੁਲਜ਼ਾਰਪੁਰ ਤੇ ਅਮਨਦੀਪ ਉਰਫ ਅਮਨੀ ਵਾਸੀ ਚੁੰਨੀ ਕਲ੍ਹਾਂ ਨੂੰ ਸ਼ੱਕ ਦੇ ਅਧਾਰ 'ਤੇ ਚੈਕਿੰਗ ਲਈ ਰੋਕਿਆ ਗਿਆ।ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਾਲੀ ਕਾਰ ਵਿੱਚੋਂ 13,980 ਗੋਲੀਆਂ ਲੋਮੋਟਿਲ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਸਰਹਿੰਦ ਵਿਖੇ ਮ/ਧ 22(ਸੀ)/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਦੋਵਾਂ ਨੂੰ ਗ੍ਰਿਫਤਾਰ ਕਰਕੇ ਸੀ.ਆਈ.ਏ. ਸਰਹਿੰਦ ਵੱਲੋਂ ਮਾਮਲੇ ਦੀ ਤਫ਼ਤੀਸ਼ ਜਾਰੀ ਹੈ।ਡੀ.ਐਸ.ਪੀ. ਰਾਜ ਕੁਮਾਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਉਕਤ ਵਿਅਕਤੀ ਕਾਫ਼ੀ ਅਰਸੇ ਤੋਂ ਨਸ਼ਾ ਤਸਕਰੀ ਕਰਦੇ ਆ ਰਹੇ ਸਨ, ਜੋ ਉੱਤਰ ਪ੍ਰਦੇਸ਼ ਤੋਂ ਸਸਤੇ ਭਾਅ 'ਤੇ ਗੋਲੀਆਂ ਖ਼ਰੀਦ ਕੇ ਮਹਿੰਗੇ ਭਾਅ 'ਤੇ ਵੇਚਦੇ ਸਨ।

## ਵਿਧਾਇਕ ਰਾਏ ਨੇ ਖੋਜੇਮਾਜਰਾ 'ਚ ਕੀਤੇ ਤਿੰਨ ਉਦਘਾਟਨ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਪਿੰਡ ਖੋਜੇਮਾਜਰਾ ਵਿਖੇ ਤਿੰਨ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ, ਜਿਸ ਕਾਰਨ ਪਿੰਡ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਹੈ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਵਿਕਾਸ ਪੱਖੋਂ ਪਿੰਡ ਖੋਜੇ ਮਾਜਰਾ ਹਲਕੇ ਦਾ ਮੋਹਰੀ ਪਿੰਡ ਬਣ ਗਿਆ ਹੈ, ਜਿਸ ਨੇ ਪਿੰਡ ਦੇ ਦੋ ਟੋਭਿਆਂ ਦੀ ਨੁਹਾਰ ਬਦਲੀ ਹੈ ਤੇ ਨਾਲ ਹੀ ਧਰਮਸ਼ਾਲਾ ਦਾ ਨਵੀਨੀਕਰਨ ਕੀਤਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਖੋਜੇਮਾਜਰਾ ਵਿਖੇ ਗੁਰਦੁਆਰਾ ਸਾਹਿਬ ਦੇ ਸਾਹਮਣੇ ਗੰਦੇ ਪਾਣੀ ਦਾ ਟੋਭਾ ਸੀ, ਜੋ ਗੁਰੂ ਘਰ ਦੀ ਦਿੱਖ ਖਰਾਬ ਕਰ ਰਿਹਾ ਸੀ ਤੇ ਨਾਲ ਹੀ ਆਉਣ-ਜਾਣ ਵਾਲੇ ਰਾਹਗੀਰਾਂ ਲਈ ਵੀ ਪ੍ਰੇਸ਼ਾਨੀ ਬਣਿਆ ਹੋਇਆ ਸੀ।ਪੰਜਾਬ ਸਰਕਾਰ ਦੇ ਯਤਨਾਂ ਸਦਕਾ ਉੱਥੇ ਸੀਚੇਵਾਲ ਪ੍ਰੋਜੈਕਟ ਲਾ ਕੇ ਟੋਭੇ ਨੂੰ ਬੰਦ ਕਰ ਦਿੱਤਾ ਗਿਆ ਹੈ।ਬਾਕੀ ਬਚੀ ਜਗ੍ਹਾ ਪਾਰਕਿੰਗ ਵਜੋਂ ਵਰਤੀ ਜਾ ਸਕੇ।ਇਸੇ ਤਰ੍ਹਾਂ ਪਿੰਡ ਦੇ ਦੂਜੇ ਪਾਸੇ ਮਾੜੀ ਦੇ ਨਾਲ ਲੱਗਦਾ ਟੋਭਾ ਵੀ ਪਿੰਡ ਦੀ ਦਿੱਖ ਨੂੰ ਖਰਾਬ ਕਰ ਰਿਹਾ ਸੀ, ਉਸ ਦਾ ਵੀ ਨਵੀਨੀਕਰਨ ਕੀਤਾ ਗਿਆ।ਪਿੰਡ ਦੇ ਵਿੱਚ ਬਣੀ ਧਰਮਸ਼ਾਲਾ ਦੀ ਦੂਸਰੀ ਮੰਜ਼ਲ ਬਣਾਉਣ ਦੇ ਲਈ 4 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰ ਦਿੱਤੀ ਗਈ।ਉਨ੍ਹਾਂ ਕਿਹਾ ਕਿ ਦੂਜੇ ਪਿੰਡਾਂ ਨੂੰ ਵੀ ਪਿੰਡ ਖੋਜੇਮਾਜਰੇ ਦੀ ਤਰ੍ਹਾਂ ਵਿਕਾਸ ਵੱਲ ਧਿਆਨ ਦੇਣ ਦੀ ਲੋੜ ਹੈ।

## ਭਰਾਜ ਵੱਲੋਂ 5 ਵਰਕਰਾਂ ਨੂੰ ਨਿਯੁਕਤੀ ਪੱਤਰ



**ਭਵਾਨੀਗੜ੍ਹ (ਰਾਜ ਖੁਰਮੀ)**-ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸੋਮਵਾਰ ਨੂੰ ਪੰਜ ਨਵ-ਨਿਯੁਕਤ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਉਨ੍ਹਾਂ ਨੂੰ ਲੋਕ ਸੇਵਾ ਦੀ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਪਿੰਡ ਪੱਧਰ 'ਤੇ ਮਹਿਲਾਵਾਂ ਅਤੇ ਬੱਚਿਆਂ ਦੀ ਸਿਹਤ, ਪੋਸ਼ਣ, ਸਿੱਖਿਆ ਤੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਵਿਧਾਇਕਾ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਂਗਣਵਾੜੀ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਤੇ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਔਰਤਾਂ ਤੇ ਬੱਚਿਆਂ ਦੇ ਸਸ਼ਕਤੀਕਰਨ ਨਾਲ ਸਬੰਧਤ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪੁਚਾਉਣ ਵਿੱਚ ਆਂਗਣਵਾੜੀ ਵਰਕਰ ਸਰਕਾਰ ਤੇ ਲੋਕਾਂ ਵਿਚਕਾਰ ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰਦੀਆਂ ਹਨ। ਉਨ੍ਹਾਂ ਨਵ-ਨਿਯੁਕਤ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ, ਲਗਨ ਤੇ ਸੇਵਾ ਭਾਵਨਾ ਨਾਲ ਨਿਭਾਉਣ ਤਾਂ ਜੋ ਹਰ ਬੱਚੇ ਨੂੰ ਬਿਹਤਰ ਪੋਸ਼ਣ ਅਤੇ ਹਰ ਮਾਂ ਨੂੰ ਲੋੜੀਂਦੀਆਂ ਸਿਹਤ ਸੇਵਾਵਾਂ ਦਾ ਲਾਭ ਮਿਲ ਸਕੇ।ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੀਆਂ ਵਰਕਰਾਂ ਵਿੱਚ ਅਮਨਦੀਪ ਕੌਰ (ਪਿੰਡ ਮੁਨਸ਼ੀਵਾਲਾ), ਜਗਦੀਪ ਕੌਰ (ਬਾਸੀਅਰਖ), ਜ਼ਰੀਨਾ (ਰਾਜਪੁਰਾ), ਮਨਪ੍ਰੀਤ ਕੌਰ (ਨਦਾਮਪੁਰ) ਅਤੇ ਗੁਰਕਮਲ ਕੌਰ (ਖਿਲਰੀਆਂ) ਸ਼ਾਮਲ ਹਨ।ਇਸ ਮੌਕੇ ਨਵ-ਨਿਯੁਕਤ ਵਰਕਰਾਂ ਨੇ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ।ਸਮਾਗਮ ਦੌਰਾਨ ਸੀ.ਡੀ.ਪੀ.ਓ. ਭਵਾਨੀਗੜ੍ਹ ਨੇਹਾ ਸਿੰਘ, ਸੀ.ਡੀ.ਪੀ.ਓ. ਸੰਗਰੂਰ ਸਰੂ ਰਾਣਾ ਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਬਕਾਏ ਜਾਰੀ ਨਾ ਕਰਨ ਵਿਰੁੱਧ ਰੋਸ ਮਾਰਚ ਤੇ ਧਰਨਾ ਭਲਕੇ

**ਲੁਧਿਆਣਾ (ਸਤੀਸ਼ ਸਚਦੇਵਾ)**-ਪੀਏਯੂ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਲਗਾਤਾਰ ਸੇਵਾਮੁਕਤ ਮੁਲਾਜ਼ਮਾਂ ਦੇ ਚਿਰਾਂ ਤੋਂ ਲਮਕਦੇ 6ਵੇਂ ਤਨਖਾਹ ਕਮਿਸ਼ਨ ਵੱਲੋਂ ਪੈਨਸ਼ਨਾਂ ਵਿੱਚ ਕੀਤੇ ਵਾਧੇ ਦਾ ਬਕਾਇਆ ਜਾਰੀ ਕਰਨ ਦੀ ਮੰਗ ਅਧਿਕਾਰੀਆਂ ਕੋਲ ਉਠਾਈ ਜਾ ਰਹੀ ਹੈ।ਆਡਿਟ ਵਿਭਾਗ ਵੱਲੋਂ ਪੂਰੀ ਤਨਦੇਹੀ ਨਾਲ ਇਨ੍ਹਾਂ ਬਕਾਇਆਂ ਸਬੰਧੀ ਆਪਣਾ ਕੰਮ ਨਿਪਟਾਉਣ ਦੇ ਬਾਵਜੂਦ ਪੀ ਏ ਯੂ ਦੇ ਕੰਪਟ੍ਰੋਲਰ ਵੱਲੋਂ ਅਣਗੌਲਿਆ ਕੀਤਾ ਜਾ ਰਿਹਾ ਹੈ। ਭਾਵੇਂ ਇਹ ਬਕਾਏ ਦਾ ਨਿਪਟਾਰਾ 30 ਜੂਨ ਤੱਕ ਕਰਨਾ ਬਣਦਾ ਸੀ, ਪਰ ਜੁਲਾਈ ਦਾ ਪੂਰਾ ਮਹੀਨਾ ਬੀਤਣ ਦੇ ਬਾਵਜੂਦ ਅਜੇ ਤੱਕ ਇਹ ਜਾਰੀ ਨਹੀਂ ਕੀਤੇ ਗਏ।ਐਸੋਸੀਏਸ਼ਨ ਦੇ ਪ੍ਰਧਾਨ ਜਸਵੰਤ ਜ਼ੀਰਖ, ਜਸਵੰਤ ਸਿੰਘ, ਜਨਰਲ ਸਕੱਤਰ ਆਸਾ ਸਿੰਘ ਪੰਨੂ ਤੇ ਸਕੱਤਰ ਸਵਰਨ ਸਿੰਘ ਰਾਣਾ ਨੇ ਦੱਸਿਆ ਕਿ ਇਸ ਸਬੰਧੀ ਮਾਣਯੋਗ ਵਾਇਸ ਚਾਂਸਲਰ ਤੇ ਕੰਪਟ੍ਰੋਲਰ ਨੂੰ ਪੱਤਰ ਲਿਖ ਕੇ ਪੈਨਸ਼ਨਰਾਂ ਨੂੰ ਇਸ ਬਕਾਏ ਦੀ ਅਦਾਇਗੀ ਕਰਨ ਲਈ ਯਾਦ ਦਿਵਾਇਆ ਜਾ ਚੁੱਕਾ ਹੈ।ਇਸ ਪੱਤਰ ਵਿੱਚ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਜੇਕਰ 5 ਅਗਸਤ ਤੱਕ ਇਹ ਬਕਾਇਆ ਪੈਨਸ਼ਨਰਾਂ ਨੂੰ ਜਾਰੀ ਨਾ ਕੀਤਾ ਗਿਆ ਤਾਂ 6 ਅਗਸਤ ਨੂੰ ਪੈਨਸ਼ਨਰਾਂ ਵੱਲੋਂ ਰੋਸ ਮਾਰਚ ਕਰਕੇ ਥਾਪਰ ਹਾਲ ਵਿਖੇ ਧਰਨਾ ਦੇ ਕੇ ਰੈਲੀ ਕਰਦਿਆਂ ਰੋਸ ਪ੍ਰਗਟਾਇਆ ਜਾਵੇਗਾ।

# 2027 'ਚ ਕਾਂਗਰਸ ਦੀ ਸਰਕਾਰ ਬਣਨਾ ਯਕੀਨੀ : ਰਾਜਿੰਦਰ ਸਿੰਘ

### ■ ਭੂਪੇਸ਼ ਬਘੇਲ ਨੇ ਦਿੱਤਾ ਥਾਪੜਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਹਰ ਬੂਥ ਤੇ ਕਾਂਗਰਸ ਮਜ਼ਬੂਤ ਮਿਸ਼ਨ 2027 ਤਹਿਤ ਸੂਬਾ ਪ੍ਰਧਾਨ ਰਾਜਾ ਵੜਿੰਗ ਤੇ ਪੰਜਾਬ ਕਾਂਗਰਸ ਦੇ ਮੁਖੀ ਭੂਪੇਸ਼ ਬਘੇਲ ਵੱਲੋਂ, ਜੋ ਮੁਹਿੰਮ ਚਲਾਈ ਗਈ ਹੈ, ਉਸ ਨਾਲ ਕਾਂਗਰਸ ਦਿਨ ਪ੍ਰਤੀ ਦਿਨ ਮਜ਼ਬੂਤ ਹੋ ਰਹੀ ਹੈ। ਕਾਂਗਰਸ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕਾਂਗਰਸ ਦੇ ਸੂਬਾ ਪ੍ਰਧਾਨ ਰਾਜਾ ਵੜਿੰਗ ਤੇ ਪੰਜਾਬ ਦੇ ਮੁੱਖੀ ਭੂਪੇਸ਼ ਬਘੇਲ ਨਾਲ ਇੱਕ ਰਸਮੀ ਮੁਲਾਕਾਤ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਰਾਜਿੰਦਰ ਸਿੰਘ ਨੇ ਕਿਹਾ ਕਿ 2027 ਚੋਣਾਂ 'ਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਸਾਰਿਆਂ ਨੂੰ ਇੱਕਜੁਟ ਹੋ ਜਾਣਾ ਚਾਹੀਦਾ ਹੈ, ਕਿਉਂਕਿ ਇਹ ਚੋਣਾਂ ਪੰਜਾਬ ਦੀ ਕਿਸਮਤ ਦਾ ਫ਼ੈਸਲਾ ਕਰਨਗੀਆਂ।

ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ 'ਚ ਭਾਜਪਾ ਵਾਂਗ ਪੰਜਾਬ 'ਚ 'ਆਪ' ਵੀ ਬਦਲੇ ਦੀ ਭਾਵਨਾ ਨਾਲ ਕੰਮ ਕਰਦੀ ਹੈ, ਜਦੋਂ ਕਿ ਕਾਂਗਰਸ ਨੇ ਕਦੇ ਬਦਲੇ ਦੀ ਰਾਜਨੀਤੀ ਨਹੀਂ ਕੀਤੀ।ਉਨ੍ਹਾਂ ਖ਼ੁਲਾਸਾ ਕੀਤਾ ਕਿ 'ਆਪ' ਦਾ ਪੰਜਾਬ 'ਚ ਸਮਾਂ ਮੁੱਕਣ ਵਾਲਾ ਹੈ ਤੇ ਸੂਬੇ ਲਈ ਕਾਂਗਰਸ ਹੀ ਇਕਲੌਤਾ ਬਦਲ ਹੈ।ਪਾਰਟੀ ਦੀ ਕਿਸਮਤ ਵਰਕਰਾਂ ਦੇ ਹੱਥ ਵਿਚ ਹੈ ਤੇ ਜਦੋਂ ਹਰ ਬੂਥ 'ਤੇ ਕਾਂਗਰਸ ਜਿੱਤੇਗੀ ਤਾਂ ਹੀ ਸਰਕਾਰ ਬਣੇਗੀ।ਉਨ੍ਹਾਂ ਕਾਂਗਰਸੀ ਵਰਕਰਾਂ ਤੇ ਆਗੂਆਂ ਨੂੰ ਕਿਹਾ ਕਿ ਪੰਜਾਬ 'ਚ ਚੋਣਾਂ ਨਵੰਬਰ-ਦਸੰਬਰ 'ਚ ਹੋਣ ਦੀ ਸੰਭਾਵਨਾ ਹੈ।ਇਸ ਲਈ-ਸਾਰੇ ਕਾਂਗਰਸੀ ਵਰਕਰਾਂ ਨੂੰ ਪੂਰੀ ਤਿਆਰੀ 'ਚ ਜੁੱਟ ਜਾਣਾ ਚਾਹੀਦਾ ਹੈ। ਇਸ ਮੌਕੇ ਪੰਜਾਬ ਕਾਂਗਰਸ ਦੇ ਇੰਚਾਰਜ ਤੇ ਸਾਬਕਾ ਮੁੱਖ ਮੰਤਰੀ ਭੂਪੇਸ਼ ਬਘੇਲ ਤੇ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੇ ਸੀਨੀਅਰ ਨੇਤਾ ਰਾਜਿੰਦਰ ਸਿੰਘ ਤੇ ਉਨ੍ਹਾਂ ਦੀ ਟੀਮ ਨੂੰ ਥਾਪੜਾ ਦਿੰਦਿਆਂ ਆਖਿਆ ਕਿ ਉਹ ਕਾਂਗਰਸ ਦੀ ਮਜ਼ਬੂਤੀ ਲਈ ਦਿਨ-ਰਾਤ ਇਕ ਕਰ ਰਹੇ ਹਨ ਤੇ ਕਾਂਗਰਸ ਨੂੰ ਅਜਿਹੇ ਨੇਤਾਵਾਂ ਦੀ ਲੋੜ ਹੈ, ਜੋ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਅਹਿਮ ਭੂਮਿਕਾ ਨਿਭਾ ਰਹੇ ਹਨ।

## ਡੀ ਏ ਵੀ ਸਕੂਲ ਕਰਾਟੇ ਜ਼ੋਨਲ ਟੂਰਨਾਮੈਂਟ 'ਚ ਓਵਰਆਲ ਚੈਂਪੀਅਨ



**ਜਗਰਾਉਂ (ਅਮਿਤ ਖੰਨਾ)**

ਪੰਜਾਬ ਸਕੂਲ ਵਿਭਾਗ ਵੱਲੋਂ ਪੰਜਾਬ ਸਕੂਲ ਖੇਡਾਂ ਦੇ 70ਵੇਂ ਜ਼ੋਨਲ ਖੇਡ ਮੁਕਾਬਲਿਆਂ ਵਿੱਚ ਕਰਾਟੇ ਖੇਡ ਦਾ ਇਵੈਂਟ ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਵਿਖੇ ਕਰਾਇਆ ਗਿਆ।ਇਹ ਕਰਾਟੇ ਜ਼ੋਨਲ ਟੂਰਨਾਮੈਂਟ ਜ਼ੋਨਲ ਕਮੇਟੀ ਵੱਲੋਂ ਕਰਾਇਆ ਗਿਆ।ਕਰਾਟੇ ਟੂਰਨਾਮੈਂਟ ਦਾ ਰਸਮੀ ਉਦਘਾਟਨ ਡੀ.ਏ.ਵੀ ਸਕੂਲ ਦੇ ਪ੍ਰਿੰਸੀਪਲ ਡਾਕਟਰ ਵੇਦ ਵਰਤ ਪਲਾਹ ਤੇ ਜ਼ੋਨ ਸਕੱਤਰ ਗੁਰਮੀਤ ਸਿੰਘ ਤੇ ਜਸਵੀਰ ਸਿੰਘ ਵੱਲੋਂ ਕੀਤਾ ਗਿਆ ।ਇਸ ਕਰਾਟੇ ਟੂਰਨਾਮੈਂਟ ਵਿੱਚ ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਵੀ ਖਿਡਾਰੀਆਂ ਨੇ ਭਾਗ ਲਿਆ। ਖਿਡਾਰੀਆਂ ਨੇ ਵਧੀਆ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ 15 ਗੋਲਡ, 4 ਸਿਲਵਰ ਤੇ 1 ਬਰੋਨਜ਼ ਮੈਡਲ ਹਾਸਲ ਕਰਕੇ ਜ਼ੋਨਲ ਦੇ ਕਰਾਟੇ ਟੂਰਨਾਮੈਂਟ ਵਿੱਚ ਓਵਰਆਲ ਚੈਂਪੀਅਨ ਬਣੇ।ਕਰਾਟੇ ਜ਼ੋਨਲ ਟੂਰਨਾਮੈਂਟ ਕੋਚ ਸੁਰਿੰਦਰਪਾਲ ਵਿੱਜ ਡੀ.ਪੀ.ਈ.ਕਨਵੀਰ ਦੇ ਦੇਖ-ਰੇਖ ਵਿੱਚ ਹੋਇਆ।ਇਸ ਮੌਕੇ ਮੁਕੇਸ਼ ਬਾਂਸਲ ਹਰਦੀਪ ਸਿੰਘ ਡੀ.ਪੀ.ਈ. ਕੋ-ਕਨਵੀਨਰ ਪਰਮਦੀਪ ਸਿੰਘ ਡੀ.ਪੀ.ਈ, ਪਰਮਜੀਤ ਕੌਰ ਡੀ.ਪੀ.ਈ, ਹਰਬੰਸ ਕੌਰ ਡੀ.ਪੀ.ਈ, ਸੁਖਵਿੰਦਰ ਕੌਰ ਡੀ.ਪੀ.ਈ. ਜੀ ਦੀ ਅਗਵਾਈ ਹੇਠ ਕਰਾਇਆ ਗਿਆ।ਪ੍ਰਿੰਸੀਪਲ ਵੇਦ ਵਰਤ ਪਲਾਹ ਨੇ ਦੱਸਿਆ ਕਿ ਅੰਡਰ -14 ਲੜਕੀਆਂ ਵਿੱਚ-34 ਕਿਲੋ ਵਿੱਚ ਨਵਿਯਾ ਗੋਲਡ, 38ਕਿਲੋ ਵਿੱਚ ਯਸਮਨ ਸਿਲਵਰ ਮੈਡਲ, -45 ਕਿਲੋ ਵਿੱਚ ਨੀਤਿਕਾ ਸਿਲਵਰ ਮੈਡਲ, -50 ਕਿਲੋ ਵਿੱਚ ਸਾਨਵੀ ਗੋਲਡ, +50 ਵਿੱਚ ਖੁਸ਼ਮਾਇਆ ਗੋਲਡ ਮੈਡਲ, ਅੰਡਰ- 14 ਲੜਕੇ-40 ਕਿੱਲੋ ਵਿੱਚ ਹੈਵਨ ਬੈਕਟਰ ਗੋਲਡ, -45 ਕਿਲੋ ਜੈਵੀਨ ਭਾਰਦਵਾਜ ਗੋਲਡ, -50 ਕਿਲੋ ਵਿੱਚ ਰੁਪੇਸ਼ ਵਰਮਾ ਗੋਲਡ ਮੈਡਲ, -55 ਕਿੱਲੋ ਵਿੱਚ ਮਨਕਰਨ ਸਿੰਘ ਗੋਲਡ, -60 ਕਿਲੋ ਵਿੱਚ ਗੁਰਵੀਰ ਸਿੰਘ ਗੋਲਡ, +60 ਕਿਲੋ ਵਿੱਚ ਭਾਰਗਵ ਮਲੋਤਰਾ ਗੋਲਡ, ਅੰਡਰ -17 ਲੜਕੀਆਂ -40 ਕਿਲੋ ਵਿੱਚ ਹਿਮਾਂਸ਼ੀ ਸਿਲਵਰ ਮੈਡਲ, 44 ਕਿਲੋ ਵਿੱਚ ਦੀਆ ਚੌਧਰੀ ਬਰੋਨਜ਼ ਮੈਡਲ, -48 ਕਿਲੋ ਵਿੱਚ ਨਵੀਕਾ ਸਿਲਵਰ ਮੈਡਲ, -56 ਕਿਲੋ ਵਿੱਚ ਸਿਮਰਨ ਵਜਾਨੀਆਂ ਗੋਲਡ ਮੈਡਲ, -60 ਕਿੱਲੋ ਵਿੱਚ ਕੀਰਤ ਕੌਰ ਨੇ ਗੋਲਡ ਮੈਡਲ ਹਾਸਲ ਕੀਤਾ।ਅੰਡਰ -17 ਲੜਕੇ-54 ਕਿਲੋ ਵਿੱਚ ਯੁਵਰਾਜ ਗੋਲਡ,-62 ਕਿਲੋ ਵਿੱਚ ਪ੍ਰਭਨੂਰ ਸਿੰਘ ਗੋਲਡ -66 ਕਿਲੋ ਵਿੱਚ ਮਨਮਯ ਪੱਬੀ ਗੋਲਡ, -70 ਕਿਲੋ ਵਿੱਚ ਗੁਰਫਤਿਹ ਸਿੰਘ ਨੇ ਗੋਲਡ ਮੈਡਲ ਹਾਸਿਲ ਕੀਤਾ।ਸਕੂਲ ਦੇ ਪ੍ਰਿੰਸੀਪਲ ਨੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਕਰਾਟੇ ਵਰਗੀਆਂ ਖੇਡਾਂ ਨਾ ਸਿਰਫ਼ ਸਰੀਰਕ ਤਾਕਤ ਵਧਾਉਂਦੀਆਂ ਹਨ, ਸਗੋਂ ਅਨੁਸ਼ਾਸਨ, ਸਵੈ-ਵਿਸ਼ਵਾਸ ਤੇ ਸੰਕਟ ਸਮੇਂ ਸਹੀ ਫ਼ੈਸਲੇ ਲੈਣ ਦੀ ਸਮਰੱਥਾ ਵੀ ਵਿਕਸਿਤ ਕਰਦੀਆਂ ਹਨ।

## ਨਸ਼ੇ ਦੀ ਓਵਰਡੋਜ਼ ਕਾਰਨ ਕਬੱਡੀ ਖਿਡਾਰੀ ਦੀ ਮੌਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹਲਕਾ ਸ਼ੁਤਰਾਣਾ ਵਿੱਚ ਉਸ ਸਮੇਂ ਧੱਕਾ ਲੱਗਾ, ਜਦੋਂ ਸਬ ਡਵੀਜ਼ਨ ਪਾਤੜਾਂ ਅਧੀਨ ਪੈਂਦੇ ਪਿੰਡ ਦੁਗਾਲ ਕਲਾਂ ਦੇ ਨੌਜਵਾਨ ਕਬੱਡੀ ਖਿਡਾਰੀ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ, ਜਿਸ ਦੀ ਲਾਸ਼ ਪੁਲਸ ਨੂੰ ਪਾਤੜਾਂ ਦੇ ਬੱਸ ਸਟੈਂਡ ਸਾਹਮਣਿਓਂ ਬਰਾਮਦ ਹੋਈ।ਜਾਣਕਾਰੀ ਮੁਤਾਬਕ ਪਿੰਡ ਦੁਗਾਲ ਕਲਾਂ ਦਾ ਨਾਮਵਰ ਕਬੱਡੀ ਖਿਡਾਰੀ ਗੁਰਪ੍ਰੀਤ ਸਿੰਘ ਉਮਰ ਵੀਹ ਸਾਲ, ਜੋ ਧਾਕੜ ਖਿਡਾਰੀ ਵਜੋਂ ਜਾਣਿਆ ਜਾਂਦਾ ਸੀ, ਨਸ਼ੇ ਦੀ ਲੱਤ ਲੱਗਣ ਕਾਰਨ ਅੱਜ ਨਸ਼ੇ ਦੇ ਦੈਂਤ ਨੇ ਨਿਗਲ ਲਿਆ, ਜੋ ਦੋ ਦਿਨ ਪਹਿਲਾਂ ਆਪਣੇ ਘਰੋਂ ਕਿਸੇ ਰਿਸ਼ਤੇਦਾਰੀ ਵਿਚ ਜਾਣ ਦਾ ਕਹਿ ਕੇ ਗਿਆ ਸੀ।ਪੁਲਸ ਅਧਿਕਾਰੀ ਜਗਦੀਸ਼ ਨੈਨ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਕੋਈ ਵਿਅਕਤੀ ਨਸ਼ੇ ਦੀ ਹਾਲਤ 'ਚ ਨਰਵਾਣਾ ਰੋਡ 'ਤੇ ਇਕ ਹੋਟਲ ਦੇ ਪਿਛਲੇ ਪਾਸੇ ਡਿੱਗਿਆ ਪਿਆ ਹੈ, ਜਦੋਂ ਜਾ ਕੇ ਦੇਖਿਆ ਤਾਂ ਉਹ ਮ੍ਰਿਤਕ ਅਵਸਥਾ ਵਿੱਚ ਸੀ, ਜਿਸ ਦੀ ਲਾਸ਼ ਨੂੰ ਪੁਲਸ ਵੱਲੋਂ ਸਿਵਲ ਹਸਪਤਾਲ ਸਮਾਣਾ ਵਿਖੇ ਮੋਰਚਰੀ 'ਚ ਪਛਾਣ ਲਈ ਰੱਖਿਆ ਗਿਆ।ਸੋਸ਼ਲ ਮੀਡੀਆ 'ਤੇ ਖਬਰ ਵਾਇਰਲ ਹੋਣ ਤੋਂ ਬਾਅਦ ਪਰਵਾਰ ਵੱਲੋਂ ਪਛਾਣ ਕਰਕੇ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਲਾਸ਼ ਵਾਰਿਸਾਂ ਹਵਾਲੇ ਕਰ ਦਿੱਤੀ ਗਈ, ਜਿਸ ਦਾ ਗਮਗੀਨ ਮਾਹੌਲ ਦੌਰਾਨ ਸੰਸਕਾਰ ਕਰ ਦਿੱਤਾ ਗਿਆ।

## ਨੌਜਵਾਨ ਦੀ ਸ਼ੱਕੀ ਹਾਲਤ 'ਚ ਮੌਤ

**ਭਵਾਨੀਗੜ੍ਹ (ਰਾਜ ਖੁਰਮੀ)**-ਨੇੜਲੇ ਪਿੰਡ ਰਾਮਪੁਰਾ ਵਿਖੇ ਇੱਕ 17 ਸਾਲਾ ਨੌਜਵਾਨ ਦੀ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਜਾਣ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ।ਮ੍ਰਿਤਕ ਦੀ ਪਛਾਣ ਖੁਸ਼ਪ੍ਰੀਤ ਸਿੰਘ ਉਰਫ਼ ਖੁਸ਼ੀ ਵਜੋਂ ਹੋਈ ਹੈ, ਜੋ ਇੱਕ ਵਿਦਿਆਰਥੀ ਸੀ ਤੇ ਗਰੀਬ ਪਰਵਾਰ ਨਾਲ ਸੰਬੰਧਤ ਦੱਸਿਆ ਜਾਂਦਾ ਹੈ।ਬਲਾਕ ਸੰਮਤੀ ਮੈਂਬਰ ਸੁਖਚੈਨ ਸਿੰਘ ਚੈਨੀ ਰਾਮਪੁਰਾ ਨੇ ਦੱਸਿਆ ਕਿ ਮ੍ਰਿਤਕ ਦਾ ਪਿਤਾ ਮਜ਼ਦੂਰੀ ਕਰਕੇ ਪਰਵਾਰ ਦਾ ਗੁਜ਼ਾਰਾ ਕਰਦਾ ਹੈ।ਉਨ੍ਹਾਂ ਦੱਸਿਆ ਕਿ ਖੁਸ਼ਪ੍ਰੀਤ ਕਥਿਤ ਤੌਰ 'ਤੇ ਨਸ਼ੇ ਦਾ ਆਦੀ ਸੀ ਤੇ ਉਸ ਦੀ ਮੌਤ ਨਸ਼ੇ ਦੀ ਓਵਰਡੋਜ਼ ਕਾਰਨ ਹੋਈ ਹੋ ਸਕਦੀ ਹੈ।ਹਾਲਾਂਕਿ ਇਸ ਸਬੰਧੀ ਪੁਲਸ ਜਾਂ ਡਾਕਟਰੀ ਰਿਪੋਰਟ ਵੱਲੋਂ ਅਜੇ ਤੱਕ ਕੋਈ ਅਧਿਕਾਰਕ ਪੁਸ਼ਟੀ ਨਹੀਂ ਕੀਤੀ ਗਈ।ਨੌਜਵਾਨ ਦੀ ਅਚਾਨਕ ਮੌਤ ਤੋਂ ਬਾਅਦ ਪਰਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ।ਪਿੰਡ ਵਿੱਚ ਵੀ ਸੋਗ ਦਾ ਮਾਹੌਲ ਬਣਿਆ ਹੋਇਆ ਹੈ ਤੇ ਸੋਮਵਾਰ ਨੂੰ ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

## ਚੰਡੀਗੜ੍ਹ ਰੈਲੀ 'ਚ ਪ.ਸ.ਸ.ਫ. ਨਾਲ ਸੰਬੰਧਤ ਮੁਲਾਜ਼ਮ, ਪੈਨਸ਼ਨਰ ਤੇ ਸਕੀਮ ਵਰਕਰ ਕਰਨਗੇ ਭਰਵੀਂ ਸ਼ਮੂਲੀਅਤ



**ਲੁਧਿਆਣਾ (ਰੈਕਟਰ ਕਥੂਰੀਆ)**

ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੀ ਸੂਬਾ ਕਮੇਟੀ ਦੀ ਮੀਟਿੰਗ ਜਥੇਬੰਦੀ ਦੇ ਸੂਬਾਈ ਸਰਪ੍ਰਸਤ ਚਰਨ ਸਿੰਘ ਸਰਾਭਾ ਤੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਕਰਤਾਰ ਸਿੰਘ ਪਾਲ, ਸੂਬਾਈ ਆਗੂ ਗੁਰਮੇਲ ਸਿੰਘ ਮੈਲਡੇ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਮਨਜੀਤ ਸਿੰਘ ਗਿੱਲ, ਸੰਜੀਵ ਕੁਮਾਰ ਲੁਧਿਆਣਾ, ਜਗਮੇਲ ਸਿੰਘ ਪੱਖੋਵਾਲ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਅਜੇ ਕੁਮਾਰ ਸਨੋਤਰਾ, ਹਰਬੰਸ ਸਿੰਘ ਪੰਧੇਰ, ਆਂਗਣਵਾੜੀ ਵਰਕਰ ਆਗੂ ਸਰੋਜ ਛੱਪੜੀ ਵਾਲਾ, ਚਰਨ ਸਿੰਘ ਤਾਜਪੁਰੀ, ਜ਼ੋਰਾ ਸਿੰਘ ਮਨਸੂਰਾਂ, ਰੁਪਿੰਦਰ ਸਿੰਘ ਤੇ ਸੁਰਿੰਦਰ ਸਿੰਘ ਬੈਂਸ ਆਗੂ ਜ਼ਿਲ੍ਹਾ ਲੁਧਿਆਣਾ ਨੇ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਾਇਆ ਕਿ ਆਪਣੇ ਸਾਢੇ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਪਿਛਲੀਆਂ ਸਾਰੀਆਂ ਹੁਕਮਰਾਨ ਸਰਕਾਰਾਂ ਤੋਂ ਨਖਿੱਧ ਸਾਬਿਤ ਹੋਈ ਹੈ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ 7 ਅਗਸਤ ਨੂੰ ਅਨਾਜ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਮਹਾਂਰੈਲੀ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨਾਲ ਸਬੰਧਤ ਸਮੂਹ ਜਥੇਬੰਦੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਨੇ ਸਰਵ ਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਭਗਵੰਤ ਮਾਨ ਸਰਕਾਰ ਵੱਲੋਂ ਪਿਛਲੇ ਕੁਝ ਦਿਨਾਂ ਦੌਰਾਨ ਵੱਖ ਵੱਖ ਵਰਗਾਂ ਦੇ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਆਮ ਆਦਮੀ ਪਾਰਟੀ ਨੂੰ ਚਿਤਾਵਨੀ ਦਿੱਤੀ ਕਿ ਇਸ ਵਤੀਰੇ ਦਾ ਖਮਿਆਜ਼ਾ ਆਮ ਆਦਮੀ ਪਾਰਟੀ ਨੂੰ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ।ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਸਮੂਹ ਹੱਕੀ ਤੇ ਜ਼ਾਇਜ਼ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ।ਮੀਟਿੰਗ ਦੌਰਾਨ ਇਹ ਵੀ ਨਿਰਣਾ ਲਿਆ ਗਿਆ ਕਿ ਫੈਡਰੇਸ਼ਨ ਦਾ ਜਥੇਬੰਦਕ ਢਾਂਚਾ ਮਜ਼ਬੂਤ ਕਰਨ ਲਈ ਸੂਬਾ ਕਾਰਜਕਾਰਨੀ ਕਮੇਟੀ ਦੀ ਮੀਟਿੰਗ 16 ਅਗਸਤ ਨੂੰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਵੇਗੀ।

## ਸ਼੍ਰੋਮਣੀ ਲਿਖਾਰੀ ਬੋਰਡ ਦੀ ਮਿਲਣੀ ਸਾਵਣ ਮਹੀਨੇ ਤੇ ਊਧਮ ਸਿੰਘ ਦੀ ਸ਼ਹਾਦਤ ਨੂੰ ਸਮਰਪਤ ਰਹੀ

**ਲੁਧਿਆਣਾ (ਰੈਕਟਰ ਕਥੂਰੀਆ)**

ਸ਼੍ਰੋਮਣੀ ਲਿਖਾਰੀ ਬੋਰਡ (ਰਜਿ.) ਦੀ ਮਹੀਨਾਵਾਰ ਸਾਹਿਤਕ ਮਿਲਣੀ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਅਤੇ ਸਾਵਣ ਮਹੀਨੇ ਨੂੰ ਸਮਰਪਤ ਰਹੀ।ਬੋਰਡ ਦੇ ਪ੍ਰਧਾਨ ਪ੍ਰਭ ਕਿਰਨ ਸਿੰਘ ਦੀ ਪ੍ਰਧਾਨਗੀ ਹੇਠ ਮਿਲਣੀ ਦੌਰਾਨ ਹਾਜ਼ਰ ਸਾਹਿਤਕਾਰਾਂ, ਗੀਤਕਾਰਾਂ, ਗਾਇਕਾਂ ਕਵੀਆਂ/ਕਵਿੱਤਰੀਆਂ ਨੇ ਆਪਣੇ ਆਪਣੇ ਅੰਦਾਜ਼ ਵਿਚ ਖ਼ੂਬ ਸਾਹਿਤਕ ਰੰਗ ਬੰਨ੍ਹੇ।ਪ੍ਰਧਾਨ ਪ੍ਰਭ ਕਿਰਨ ਸਿੰਘ ਨੇ ਆਏ ਮਹਿਮਾਨਾਂ ਦਾ ਸੁਆਗਤ ਕਰਨ ਉਪਰੰਤ ਪੰਜਾਬ ਦੇ ਪੁਰਾਤਨ ਬਹਾਦਰ ਸੂਰਬੀਰਾਂ ਦੇ ਇਤਿਹਾਸ ਬਾਰੇ ਕਈ ਨਵੇਂ ਤੱਥ ਪੇਸ਼ ਕਰਦਿਆਂ ਵਿਸਥਾਰਤ ਚਾਨਣਾ ਪਾਇਆ।ਮੰਚ ਦਾ ਸੰਚਾਲਨ ਕਰਦਿਆਂ ਬੋਰਡ ਦੇ ਜ. ਸਕੱਤਰ ਪ੍ਰਮਿੰਦਰ ਸਿੰਘ ਅਲਬੇਲਾ ਨੇ ਆਪਣੇ ਨਵੇਂ ਗੀਤ 'ਤੇਰੇ ਰੰਗ ਨਿਆਰੇ ਨੇ' ਨਾਲ ਸਾਹਿਤਕ ਮਿਲਣੀ ਦਾ ਆਗਾਜ਼ ਕੀਤਾ।

ਗ਼ਜ਼ਲ-ਗੋ ਤੇ ਗਾਇਕ ਜ਼ੋਰਾਵਰ ਸਿੰਘ ਪੰਛੀ ਨੇ 'ਚੜ੍ਹਿਆ ਸਾਵਣ ਪਿੱਪਲੀ ਪੀਘਾਂ' ਗੀਤ ਗਾਇਆ, ਜਦਕਿ ਸੁਰੀਲੀ ਤੇ ਖ਼ੂਬਸੂਰਤ ਆਵਾਜ਼ ਦੇ ਮਾਲਕ ਗੁਰਮੀਤ ਸਿੰਘ ਨੇ 'ਕਦੇ ਕਿਸੇ ਨੂੰ ਕੁਝ ਨਹੀਂ ਕਹਿਣਾ ਚਾਹੀਦਾ' ਗੀਤ ਗਾ ਕੇ ਖ਼ੂਬ ਸਮਾਂ ਬੰਨ੍ਹਿਆ।ਉੱਘੇ ਪੰਥਕ ਕਵੀ ਅਤੇ ਪਾਲੀਟੈਕਨੀਕਲ ਕਾਲਜ ਰਿਸ਼ੀ ਨਗਰ ਵਿਚ ਕਾਰਜਸ਼ੀਲ ਦੀਪ ਸਿੰਘ ਨੇ ਧਰਮਾਂ ਦੇ ਨਾਂਅ 'ਤੇ ਹੁੰਦੀ ਲੜਾਈ ਤੇ ਤਨਜ਼ ਕਸਦੀ ਕਵਿਤਾ ਪੜ੍ਹੀ, ਜਿਸ ਦੀ ਭਰਪੂਰ ਸ਼ਲਾਘਾ ਹੋਈ।ਗੀਤਕਾਰ ਸਖਬੀਰ ਸੰਧੇ ਨੇ 'ਕਿੱਕਰਾਂ ਦੀ ਛਾਂ ਹੇਠ' ਜਜ਼ਬਾਤੀ ਕਵਿਤਾ ਬੋਲੀ ਤਾਂ ਸਭ ਦਾ ਗੱਚ ਭਰ ਆਇਆ।ਗਾਇਕ ਜਗਦੇਵ ਸਿੰਘ ਜੱਗਾ ਜਮਾਲਪੁਰੀ ਨੇ ਉੱਚੀ ਸੁਰ ਵਿੱਚ 'ਊਧਮ ਸਿੰਘ ਸਰਦਾਰ ਕੋਈ ਉੱਠਿਆ ਪੰਜਾਬੀ ਮਹਾਨ ਸੂਰਮਾ' ਵਾਲਾ ਦੇਸ਼ ਭਗਤੀ ਦਾ ਜੋਸ਼ੀਲਾ ਗੀਤ ਪੇਸ਼ ਕੀਤਾ।ਗ਼ਜ਼ਲ ਗਾਇਕ ਮੀਤ ਪਾਨੀਪਤ ਨੇ ਹਰਿਆਣਾਵੀ ਅੰਦਾਜ਼ ਵਿਚ 'ਕਾਲੀ ਘਨਘੋਰ ਘਟਾ ਮੇਂ ਤੇਰੀ ਯਾਦ ਸਤਾਵੈ' ਗਾ ਕੇ ਖ਼ੂਬ ਵਾਹਵਾ ਬਟੋਰੀ।ਸ਼ਾਇਰਾ ਕੁਲਵਿੰਦਰ ਕੌਰ ਕਿਰਨ ਨੇ 'ਕਿੰਨੇ ਹੀ ਰੰਗ ਜ਼ਿੰਦਗੀ ਦੇ ਦਿਖਾਏ ਸਾਵਣ' ਕਵਿਤਾ ਪੜ੍ਹੀ।ਕਵਿੱਤਰੀ ਜਸਵਿੰਦਰ ਕੌਰ ਜੱਸੀ ਨੇ 'ਕਾਲੀਆਂ ਘਟਾਵਾਂ ਚੜ੍ਹ ਆਈਆਂ ਅੰਬਰਾਂ 'ਤੇ' ਕਵਿਤਾ ਸੁਣਾਈ।ਗ਼ਜ਼ਲਗੋ ਹਰਦੀਪ ਸਿੰਘ ਬਿਰਦੀ ਨੇ 'ਤੁਹਾਡੇ ਨਾਲ ਰਹਿ ਕੇ ਮੁਹੱਬਤ ਹੋ ਗਿਆ ਹਾਂ' ਪੜ੍ਹੀ ਤਾਂ ਮਹੌਲ ਖ਼ੁਸ਼ਗਵਾਰ ਹੋ ਗਿਆ।

ਕੁੱਜੇ ਵਿਚ ਸਮੁੰਦਰ ਬੰਦ ਕਰਨ ਵਾਲੇ ਕਹਾਣੀਕਾਰ ਪੰਮੀ ਹਬੀਬ ਨੇ 'ਤਿੰਨ ਬੱਚਿਆਂ ਦੀ ਮਾਂ ਪ੍ਰੇਮੀ ਨਾਲ ਫਰਾਰ' ਵਿਅੰਗਮਈ ਸ਼ੈਲੀ ਵਿਚ ਮਿੰਨੀ ਕਹਾਣੀ ਸੁਣਾਈ। ਸ਼ਾਇਰਾ ਸਿਮਰਨ ਧੁੱਗਾ ਨੇ ਜ਼ਾਲਮ ਹੁਕਮਰਾਨਾਂ ਨੂੰ ਵੰਗਾਰਦੀ 'ਨਹੀਂ ਮੰਨਣੀ ਤੇਰੀ ਈਨ ਨਹੀਂ ਮੰਨਣੀ' ਰਚਨਾ ਪੇਸ਼ ਕੀਤੀ।ਸਮਾਜ ਸੁਧਾਰਕ ਕਵੀ ਭੁਪਿੰਦਰ ਸਿੰਘ ਸੈਣੀ ਵਲੋਂ 'ਰੱਬ ਦੀ ਰਜ਼ਾ ਵਿਚ ਲਿਖਣਾ ਛੱਡ ਦੇ' ਕਾਫੀ ਪ੍ਰਭਾਵਿਤ ਰਹੀ।ਮੀਤ ਪਾਨੀਪਤ ਵਲੋਂ ਗਾਏ ਤੇ ਚੰਨਪ੍ਰੀਤ ਸਿੰਘ ਗਿੱਲ ਦੀ ਪ੍ਰੋਡਕਸ਼ਨ ਵੱਲੋਂ ਤਿਆਰ ਕੀਤੇ ਨਵੇਂ ਗੀਤ ਦਾ ਪੋਸਟਰ ਹਾਜ਼ਰ ਸਾਹਿਤਕਾਰਾਂ ਵੱਲੋਂ ਜਾਰੀ ਕੀਤਾ ਗਿਆ।ਪ੍ਰਧਾਨ ਪ੍ਰਭ ਕਿਰਨ ਸਿੰਘ ਨੇ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ 'ਖ਼ੁਦ ਕੇ ਖ਼ੂਨ ਸੇ ਸੀਂਚਾ ਐਸਾ ਕਿ ਬੰਜਰ ਗੁਲਿਸਤਾਂ ਆਬਾਦ ਕਰ ਗਿਆ, ਫਾਂਸੀ ਕੇ ਫੰਦੇ ਮੇਂ ਐਸਾ ਕੈਦ ਹੂਆ ਕਿ ਦੇਸ਼ ਆਜ਼ਾਦ ਕਰ ਗਿਆ' ਨਾਲ ਪਹੁੰਚੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

## ਬਾਰਸ਼ ਦੌਰਾਨ ਮਕਾਨ ਦੀ ਛੱਤ ਡਿੱਗਣ ਨਾਲ ਬੱਚੀ ਦੀ ਮੌਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਸਨੌਰ ਸ਼ਹਿਰ ਦੇ ਭਾਂਖਰ ਚੌਕ ਵਿੱਚ ਬਾਰਸ਼ ਕਾਰਨ ਇਕ ਮਕਾਨ ਦੀ ਛੱਤ ਡਿੱਗਣ ਨਾਲ ਪ੍ਰਵਾਸੀ ਮਜ਼ਦੂਰ ਦੀ ਬੱਚੀ ਦੀ ਮੌਤ ਹੋ ਗਈ। ਜਾਣਕਾਰੀ ਦਿੰਦਿਆਂ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ ਕਰੀਬ 4 ਵਜੇ ਵਾਪਰਿਆ, ਜਦੋਂ ਲਗਾਤਾਰ ਪੈ ਰਹੀ ਬਾਰਸ਼ ਕਾਰਨ ਮਕਾਨ ਦੀ ਛੱਤ ਅਚਾਨਕ ਗਿਰ ਗਈ।ਛੱਤ ਹੇਠਾਂ ਸੁੱਤੀ ਬੱਚੀ ਮਲਬੇ ਹੇਠ ਦੱਬ ਗਈ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਹ ਪ੍ਰਵਾਸੀ ਮਜ਼ਦੂਰ ਹਨ।

## ਸਬਸਿਡੀ ਲਈ ਅਰਜ਼ੀਆਂ 12 ਤੱਕ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਨੈਸ਼ਨਲ ਮਿਸ਼ਨ ਆਨ ਐਡੀਬਲ ਆਇਲ-ਆਇਲਸੀਡਜ਼ ਤਹਿਤ ਤੇਲ ਬੀਜ ਫ਼ਸਲਾਂ ਦੀ ਖੇਤੀ ਨੂੰ ਉਤਸ਼ਾਹਤ ਕਰਨ ਲਈ 10 ਟਨ ਪ੍ਰਤੀ ਦਿਨ ਸਮਰੱਥਾ ਵਾਲੇ ਆਇਲ ਐਕਸਟਰੈਕਸਨ ਯੂਨਿਟ ਸਥਾਪਤ ਕਰਨ ਲਈ 33 ਫ਼ੀਸਦੀ ਸਬਸਿਡੀ (ਵੱਧ ਤੋਂ ਵੱਧ 9.90 ਲੱਖ ਰੁਪਏ) ਪ੍ਰਦਾਨ ਕੀਤੀ ਜਾ ਰਹੀ ਹੈ।ਮੁੱਖ ਖੇਤੀਬਾੜੀ ਅਫ਼ਸਰ ਸ੍ਰੀ ਜਗਦੇਵ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਯੋਗ ਬਿਨੈਕਾਰਾਂ ਤੋਂ 12 ਅਗਸਤ ਤੱਕ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਸਿਰਫ਼ ਆਇਲ ਐਕਸਟਰੈਕਸ਼ਨ ਯੂਨਿਟ ਲਈ ਖਰੀਦੀ ਜਾਣ ਵਾਲੀ ਮਸ਼ੀਨਰੀ ਤੇ ਉਪਕਰਨਾਂ ਦੀ ਲਾਗਤ 'ਤੇ ਹੀ ਸਬਸਿਡੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਯੋਗ ਕਿਸਾਨ, ਫਾਰਮ ਪ੍ਰੋਡਿਊਸਰ ਆਰਗੇਨਾਈਜੇਸ਼ਨਜ਼, ਸਹਿਕਾਰੀ ਸਭਾਵਾਂ, ਨਿੱਜੀ ਤੇ ਹੋਰ ਯੋਗ ਸੰਸਥਾਵਾਂ ਜਾਂ ਉਦਮੀ, ਜੋ ਸਕੀਮ ਦੀਆਂ ਸ਼ਰਤਾਂ ਨੂੰ ਪੂਰਾ ਕਰਦੇ ਹਨ, ਇਸ ਸਕੀਮ ਲਈ ਅਰਜ਼ੀ ਦੇ ਸਕਦੇ ਹਨ।ਸ੍ਰੀ ਜਗਦੇਵ ਸਿੰਘ ਨੇ ਦੱਸਿਆ ਕਿ ਚਾਹਵਾਨ ਬਿਨੈਕਾਰ ਆਪਣੀਆਂ ਅਰਜ਼ੀਆਂ ਸਮੇਤ ਲੋੜੀਂਦੇ ਦਸਤਾਵੇਜ਼ 12 ਅਗਸਤ ਤੱਕ ਦਫਤਰ ਮੁੱਖ ਖੇਤੀਬਾੜੀ ਅਫ਼ਸਰ, ਫਤਹਿਗੜ੍ਹ ਸਾਹਿਬ ਜਾਂ ਸਬੰਧਤ ਬਲਾਕ ਖੇਤੀਬਾੜੀ ਅਫਸਰ ਦੇ ਦਫਤਰ ਵਿਚ ਜਮ੍ਹਾਂ ਕਰਾ ਸਕਦੇ ਹਨ।

## ਡੀ ਐੱਮ ਗਰੁੱਪ ਨੇ ਜ਼ੋਨਲ ਖੇਡਾਂ 'ਚ ਮਾਰੀਆਂ ਮੱਲਾਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਇਲਾਕੇ ਵਿੱਚ ਵਿੱਦਿਅਕ, ਅਕਾਦਮਿਕ ਤੇ ਖੇਡਾਂ ਦੇ ਖੇਤਰ ਵਿੱਚ ਨੰਬਰ ਇੱਕ ਵਜੋਂ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੀ ਸੰਸਥਾ ਡੀ ਐੱਮ ਗਰੁੱਪ ਕਰਾੜਵਾਲਾ ਨੇ ਜ਼ੋਨਲ ਖੇਡਾਂ-2026 ਵਿੱਚ ਇੱਕ ਵਾਰ ਫਿਰ ਆਪਣਾ ਸਿਰਮੌਰ ਪ੍ਰਦਰਸ਼ਨ ਜਾਰੀ ਰੱਖਿਆ, ਜਿਸ ਅਨੁਸਾਰ ਕੁੱਲ 24 ਟੀਮਾਂ ਜੇਤੂ ਕਰਾਰ ਹੋਈਆਂ, ਜਿਨ੍ਹਾਂ ਵਿੱਚੋਂ 14 ਟੀਮਾਂ ਨੇ ਪਹਿਲਾ, 6 ਟੀਮਾਂ ਨੇ ਦੂਜਾ ਤੇ 4 ਟੀਮਾਂ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਦੇ ਨਾਲ ਹੀ ਗੱਤਕੇ ਵਿੱਚ ਲੜਕੇ ਅੰਡਰ-17 ਪਹਿਲਾ, ਅੰਡਰ-14 ਲੜਕੇ ਦੂਸਰਾ ਤੇ ਅੰਡਰ-14 (ਫਰੀ ਸੋਟੀ) 'ਚ ਤੀਜਾ ਸਥਾਨ ਹਾਸਲ ਕੀਤਾ।ਇਸ ਤਰ੍ਹਾਂ ਨਾਲ ਕੁੱਲ 126 ਸੋਨੇ, 43 ਚਾਂਦੀ ਤੇ 18 ਕਾਂਸੀ ਦੇ ਤਮਗੇ ਵਿਦਿਆਰਥੀਆਂ ਦੇ ਗਲੇ ਦਾ ਸ਼ਿੰਗਾਰ ਬਣੇ।ਪ੍ਰਾਪਤ ਜਾਣਕਾਰੀ ਅਨੁਸਾਰ ਫੁੱਟਬਾਲ 'ਚ ਲੜਕਿਆਂ ਦੀਆਂ ਅੰਡਰ-19 ਤੇ ਅੰਡਰ-14 ਟੀਮਾਂ ਨੇ ਪਹਿਲਾ ਸਥਾਨ, ਜਦਕਿ ਅੰਡਰ-17 ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਲੜਕੀਆਂ ਦੀਆਂ ਅੰਡਰ-19, ਅੰਡਰ-17 ਤੇ ਅੰਡਰ-14 ਤਿੰਨਾਂ ਟੀਮਾਂ ਨੇ ਆਪਣੇ-ਆਪਣੇ ਵਰਗ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਰੱਸਾਕਸੀ 'ਚ ਲੜਕਿਆਂ ਦੀਆਂ ਅੰਡਰ-19 ਤੇ ਅੰਡਰ-14 ਟੀਮਾਂ ਪਹਿਲੇ ਸਥਾਨ 'ਤੇ ਰਹੀਆਂ, ਜਦਕਿ ਅੰਡਰ-17 ਟੀਮ ਨੇ ਦੂਜਾ ਸਥਾਨ ਹਾਸਲ ਕੀਤਾ।ਲੜਕੀਆਂ ਦੀ ਅੰਡਰ-19 ਟੀਮ ਨੇ ਦੂਜਾ ਤੇ ਅੰਡਰ-17 ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਬਾਕਸਿੰਗ 'ਚ ਲੜਕਿਆਂ ਦੀ ਅੰਡਰ-19 ਸ਼੍ਰੇਣੀ ਨੇ ਦੂਜਾ ਸਥਾਨ, ਜਦਕਿ ਅੰਡਰ-17 ਵਰਗ ਦੇ ਮੁੱਕੇਬਾਜ਼ਾਂ ਨੇ 5 ਸੋਨ ਤਮਗੇ, 1 ਚਾਂਦੀ ਤੇ 1 ਕਾਂਸੀ ਦਾ ਤਗਮਾ ਆਪਣੇ ਨਾਮ ਕੀਤਾ।ਇਸ ਤੋਂ ਇਲਾਵਾ ਸ਼ਤਰੰਜ ਵਿੱਚ ਲੜਕੀਆਂ ਦੀ ਅੰਡਰ-19 ਟੀਮ ਨੇ ਪਹਿਲਾ ਤੇ ਬੈਡਮਿੰਟਨ ਵਿੱਚ ਲੜਕੀਆਂ ਦੀ ਅੰਡਰ-17 ਟੀਮ ਨੇ ਤੀਜਾ ਸਥਾਨ ਹਾਸਲ ਕੀਤਾ।

ਚੇਅਰਮੈਨ ਇੰਜੀਨੀਅਰ ਅਵਤਾਰ ਸਿੰਘ ਢਿੱਲੋਂ ਤੇ ਡੀ ਐੱਮ ਸਕੂਲ ਕਰਾੜਵਾਲਾ ਨੇ ਜੇਤੂ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸੇ ਜਜ਼ਬੇ, ਮਿਹਨਤ ਤੇ ਲਗਨ ਨਾਲ ਖੇਡ ਮੈਦਾਨ ਵਿੱਚ ਨਵੀਆਂ ਉਚਾਈਆਂ ਛੂਹਣ ਤੇ ਸੰਸਥਾ ਦਾ ਨਾਮ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਹੋਰ ਰੌਸ਼ਨ ਕਰਨ।

## ਸਰਕਾਰੀ ਸੈਕੰਡਰੀ ਸਕੂਲ ਰੱਲੀ ਨੂੰ 5 ਲੱਖ ਦੀ ਗ੍ਰਾਂਟ ਜਾਰੀ



**ਬੁਢਲਾਡਾ (ਅਸ਼ੋਕ ਲਾਕੜਾ)**-ਪਿੰਡ ਰੱਲੀ ਵਿਖੇ ਤੇਜ਼ ਤੂਫ਼ਾਨ ਕਾਰਨ ਸਰਕਾਰੀ ਸੈਕੰਡਰੀ ਸਕੂਲ 'ਚ ਬਣੇ ਸ਼ੈੱਡ ਦਾ ਨੁਕਸਾਨ ਹੋ ਗਿਆ ਸੀ।ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਨਿੱਜੀ ਦਿਲਚਸਪੀ ਲੈ ਕੇ 5 ਲੱਖ ਦੀ ਗ੍ਰਾਂਟ ਜਾਰੀ ਕਰਦਿਆਂ ਗ੍ਰਾਂਟ ਦਾ ਸੈਂਕਸ਼ਨ ਪੱਤਰ ਗ੍ਰਾਮ ਪੰਚਾਇਤ ਨੂੰ ਸੌਂਪਿਆ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਿੱਖਿਆ ਖੇਤਰ ਵਿਚ ਆਪਣੇ ਕਰੀਬ 40 ਸਾਲ ਦੇ ਤਜ਼ਰਬੇ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਵਿੱਦਿਅਕ ਅਦਾਰਿਆਂ ਵਿਚ ਵਿਦਿਆਰਥੀਆਂ ਦੀਆਂ ਸਹੂਲਤਾਂ ਨੂੰ ਮੁੱਖ ਰੱਖ ਕੇ ਉਹ ਹਰ ਤਰ੍ਹਾਂ ਦੇ ਸਹਿਯੋਗ ਲਈ ਹਮੇਸ਼ਾਂ ਤਤਪਰ ਹਨ।

## ਸਾਬਕਾ ਵਿਧਾਇਕ ਮੰਗਤ ਰਾਏ ਬਾਂਸਲ ਭਾਜਪਾ ਦੇ ਬਣੇ ਸੂਬਾਈ ਸਕੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਦੀ ਰਹਿਨੁਮਾਈ ਤੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਪਾਰਟੀ ਦੇ ਸੂਬਾ ਅਹੁਦੇਦਾਰਾਂ ਦੀ ਨਵੀਂ ਸੂਚੀ ਜਾਰੀ ਕੀਤੀ ਗਈ ਹੈ।ਸੂਚੀ 'ਚ ਮਾਨਸਾ ਦੇ ਸਾਬਕਾ ਵਿਧਾਇਕ ਮੰਗਤ ਰਾਏ ਬਾਂਸਲ ਨੂੰ ਭਾਜਪਾ ਪੰਜਾਬ ਦਾ ਸੂਬਾ ਸਕੱਤਰ ਨਿਯੁਕਤ ਕੀਤਾ ਗਿਆ ਹੈ।ਬਾਂਸਲ ਦੀ ਨਿਯੁਕਤੀ ਨਾਲ ਭਾਜਪਾ ਵਰਕਰਾਂ ਅਤੇ ਸਮਰਥਕਾਂ 'ਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਪਾਰਟੀ ਆਗੂਆਂ ਅਤੇ ਵਰਕਰਾਂ ਦਾ ਕਹਿਣਾ ਹੈ ਕਿ ਮੰਗਤ ਰਾਏ ਬਾਂਸਲ ਲੰਬੇ ਸਮੇਂ ਤੋਂ ਪਾਰਟੀ ਦੀ ਮਜ਼ਬੂਤੀ ਤੇ ਲੋਕ ਸੇਵਾ ਲਈ ਯਤਨਸ਼ੀਲ ਹਨ। ਉਨ੍ਹਾਂ ਦੇ ਤਜ਼ੁਰਬੇ ਅਤੇ ਮਿਹਨਤ ਨੂੰ ਦੇਖਦਿਆਂ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਇਸ ਮੌਕੇ ਸੀਨੀਅਰ ਆਗੂ ਰਮਨੀਕ ਗਰਗ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਭਾਜਪਾ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਅਤੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਯੋਗ ਅਤੇ ਤਜਰਬੇਕਾਰ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਦੇ ਕੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕੀਤਾ ਹੈ।ਉਨ੍ਹਾਂ ਕਿਹਾ ਕਿ ਬਾਂਸਲ ਦੀ ਨਿਯੁਕਤੀ ਨਾਲ ਨਾ ਸਿਰਫ਼ ਮਾਨਸਾ ਜ਼ਿਲ੍ਹੇ ਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ, ਸਗੋਂ ਸੂਬੇ ਭਰ ਚ ਵੀ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਚ ਮਦਦ ਮਿਲੇਗੀ।ਇਸ ਮੌਕੇ ਭਾਜਪਾ ਦੇ ਅਹੁਦੇਦਾਰਾਂ, ਵਰਕਰਾਂ ਅਤੇ ਮੰਗਤ ਰਾਏ ਬਾਂਸਲ ਦੇ ਸਮਰਥਕਾਂ ਨੇ ਸਾਬਕਾ ਵਿਧਾਇਕ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।

## ਗੌਰਵ ਕੁਮਾਰ ਆਲੋਵਾਲ ਹਿੰਦੁਸਤਾਨ ਯੂਥ ਆਈਕਨ ਐਵਾਰਡ ਨਾਲ ਸਨਮਾਨਤ



**ਨਾਭਾ (ਅਮਨ ਗਰਗ)**-ਹਲਕਾ ਦਿਹਾਤੀ ਪਟਿਆਲਾ ਤੋਂ ਗੌਰਵ ਕੁਮਾਰ ਵਾਸੀ ਅਲੋਵਾਲ, ਜ਼ਿਲ੍ਹਾ ਪਟਿਆਲਾ (ਪੰਜਾਬ) ਦੇ ਇੱਕ ਨੌਜਵਾਨ ਖੋਜਕਰਤਾ, ਨਵੀਨਤਾ ਪ੍ਰਵਰਤਕ, ਉਦਯਮੀ ਤੇ ਸਮਾਜਿਕ ਪ੍ਰਭਾਵ ਸਿਰਜਣ ਵਾਲੇ ਯੁਵਾ ਹਨ।ਉਨ੍ਹਾਂ ਨੂੰ ਹਿੰਦੁਸਤਾਨ ਯੂਥ ਆਈਕਨ ਅਵਾਰਡ 2026, ਸਿੱਖਿਆ, ਯੁਵਾ ਸਸ਼ਕਤੀਕਰਨ, ਨਵੀਨਤਾ ਤੇ ਸਮਾਜਿਕ ਵਿਕਾਸ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਪ੍ਰਦਾਨ ਕੀਤਾ ਗਿਆ।ਉਹ ਵਿਦਿਆਰਥੀਆਂ ਵਿੱਚ ਵਿਗਿਆਨ ਤੇ ਤਕਨਾਲੋਜੀ ਅਧਾਰਿਤ ਸਿੱਖਿਆ ਨੂੰ ਉਤਸ਼ਾਹਤ ਕਰਨ, ਯੂਨੀਕੈਫ ਇੰਡੀਆ ਨਾਲ ਮਿਲ ਕੇ ਯੁਵਾਵਾਂ ਲਈ ਸਮਾਜਿਕ ਭਾਗੀਦਾਰੀ ਨੂੰ ਵਧਾਉਣ, ਸਸਤੀ ਸਿਹਤ ਤਕਨਾਲੋਜੀ 'ਤੇ ਖੋਜ ਕਰਨ ਅਤੇ ਸਮਾਜਿਕ ਭਲਾਈ ਲਈ ਤਕਨਾਲੋਜੀ ਅਤੇ ਉਦਯਮਿਤਾ ਨੂੰ ਉਤਸ਼ਾਹਿਤ ਕਰਨ ਵੱਲ ਨਿਰੰਤਰ ਕੰਮ ਕਰ ਰਹੇ ਹਨ।ਉਨ੍ਹਾਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸਸ਼ਕਤ ਬਣਾਉਣਾ, ਸਿੱਖਿਆ ਤੇ ਨਵੀਨਤਾ ਨੂੰ ਹੋਰ ਪਹੁੰਚਯੋਗ ਬਣਾਉਣਾ ਤੇ ਤਕਨਾਲੋਜੀ ਰਾਹੀਂ ਸਮਾਜ ਦੀਆਂ ਅਸਲ ਸਮੱਸਿਆਵਾਂ ਦੇ ਹੱਲ ਵਿਕਸਿਤ ਕਰਨਾ ਹੈ।ਸਮੁੱਚੇ ਪੰਜਾਬ ਚੋ ਪਟਿਆਲਾ ਜ਼ਿਲ੍ਹੇ ਦਾ ਨਾਂਅ ਰੌਸ਼ਨ ਕਰਨ ਵਾਲੇ ਅਵਾਰਡ ਪ੍ਰਾਪਤ ਗੌਰਵ ਕੁਮਾਰ ਨੇ ਕਿਹਾ ਇਹ ਰਾਸ਼ਟਰੀ ਸਨਮਾਨ ਪ੍ਰਾਪਤ ਕਰਨਾ ਮੇਰੇ ਲਈ ਹੀ ਨਹੀਂ, ਸਗੋਂ ਪੂਰੇ ਪੰਜਾਬ ਲਈ ਮਾਣ ਦੀ ਗੱਲ ਹੈ।

## ਸਵਨਾ ਵੱਲੋਂ ਸੜਕ ਨਿਰਮਾਣ ਦਾ ਉਦਘਾਟਨ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਨੇ 41 ਲੱਖ ਦੀ ਲਾਗਤ ਨਾਲ ਪਿੰਡ ਮੁਹਾਰ ਸੋਨਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਮੁਹਾਰ ਖੀਵਾ ਤੱਕ ਨਵੀਂ ਸੜਕ ਬਣਾਉਣ ਦੇ ਕੰਮ ਦਾ ਉਦਘਾਟਨ ਕੀਤਾ।ਇਸ ਮੌਕੇ ਬੋਲਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਇਥੋਂ ਦੇ ਲੋਕਾਂ ਦੀ ਕਾਫੀ ਲੰਮੇ ਸਮੇਂ ਤੋਂ ਮੰਗ ਸੀ ਕਿ ਉਨ੍ਹਾਂ ਦੀ ਇਹ ਸੜਕ ਨਵੀਂ ਬਣਵਾਈ ਜਾਵੇ ਤੇ ਅੱਜ ਇਨ੍ਹਾਂ ਲੋਕਾਂ ਦੀ ਮੰਗ ਨੂੰ ਪੂਰੀ ਕਰਦਿਆਂ ਸੜਕ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਜਿੱਥੇ ਇਸ ਪਿੰਡ ਦੇ ਲੋਕਾਂ ਨੂੰ ਫਾਇਦਾ ਹੋਵੇਗਾ, ਉੱਥੇ ਆਲੇ ਦੁਆਲੇ ਪਿੰਡ ਦੇ ਲੋਕਾਂ ਨੂੰ ਸੁਖਾਲੀ ਆਵਾਜਾਈ ਮਿਲੇਗੀ ਤੇ ਵਾਧੂ ਸਮਾਂ ਬਚੇਗਾ। ਉਨ੍ਹਾਂ ਕਿਹਾ ਕਿ ਸਾਰੇ ਵਿਕਾਸ ਦੇ ਕੰਮ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਤੇ ਬਿਨਾਂ ਕਿਸੇ ਭੇਦਭਾਵ ਦੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕੇ ਦਾ ਕੋਈ ਪਿੰਡ ਵਿਕਾਸ ਪੱਖੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਪਿੰਡ ਵਾਸੀ ਕਿਸੇ ਵੀ ਪਿੰਡ ਵਿੱਚ ਹੋਰ ਸੁਧਾਰ ਲਿਆਉਣਾ ਚਾਹੁੰਦੇ ਹਨ ਤਾਂ ਉਹ ਬੇਝਿਜਕ ਹੋ ਕੇ ਉਨਾਂ ਨੂੰ ਦੱਸਣ ਤਾਂ ਜੋ ਉਸ ਪਿੰਡ ਵਿੱਚ ਹੋਰ ਵਿਕਾਸ ਦੇ ਕਾਰਜ ਕੀਤੇ ਜਾ ਸਕਣ। ਇਸ ਮੌਕੇ ਬਲਾਕ ਪ੍ਰਧਾਨ ਕਰਨੈਲ ਸਿੰਘ, ਸਰਪੰਚ ਗੁਰਬਚਨ ਸਿੰਘ, ਸਰਪੰਚ ਬਲਵਿੰਦਰ ਸਿੰਘ, ਸਰਪੰਚ ਹਰਨੇਕ ਸਿੰਘ, ਸਾਬਕਾ ਸਰਪੰਚ ਰਾਜਿੰਦਰ ਸਿੰਘ ਤੇ ਹੋਰ ਮੈਂਬਰ, ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਕਾਲੂ ਰਾਮ ਕਥੂਰੀਆ ਸਬਜ਼ੀ ਮੰਡੀ ਐਸੋਸੀਏਸ਼ਨ ਦੇ ਬਣੇ ਪ੍ਰਧਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਸਬਜ਼ੀ ਮੰਡੀ ਮਾਨਸਾ ਆੜ੍ਹਤੀਆ ਐਸੋਸੀਏਸ਼ਨ ਦਾ ਕਾਲੂ ਰਾਮ ਕਥੂਰੀਆ ਨੂੰ ਪ੍ਰਧਾਨ ਚੁਣ ਲਿਆ ਗਿਆ ਹੈ।ਇਸ ਸਬੰਧੀ ਇੱਕ ਮੀਟਿੰਗ ਕਰਕੇ ਪੰਜ ਮੈਂਬਰੀ ਕਮੇਟੀ ਚੁਣੀ ਗਈ।ਇਸ ਪੰਜ ਮੈਂਬਰੀ ਕਮੇਟੀ ਵੱਲੋਂ ਕਾਲੂ ਰਾਮ ਕਥੂਰੀਆ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਲਿਆ ਗਿਆ।ਉਪ ਪ੍ਰਧਾਨ ਲੱਕੀ ਮਿੱਤਲ, ਖਜ਼ਾਨਚੀ ਵਿਕਾਸ ਵਰਮਾ, ਜਨਰਲ ਸਕੱਤਰ ਵਿਕਰਮ ਸੈਨੀ, ਸਲਾਹਕਾਰ ਰਮੇਸ਼ ਗਰਗ ਚੁਣੇ ਗਏ ਹਨ।ਇਸ ਮੌਕੇ ਕੌਂਸਲਰ ਸੁਨੀਲ ਕੁਮਾਰ ਨੀਨੂ ਦਾ ਵੀ ਸਨਮਾਨ ਕੀਤਾ ਗਿਆ।ਸੁਨੀਲ ਕੁਮਾਰ ਨੀਨੂੰ ਨੇ ਕਿਹਾ ਕਿ ਸਬਜ਼ੀ ਮੰਡੀ ਦੀ ਸਾਫ਼ ਸਫ਼ਾਈ ਦੀ ਜ਼ਿੰਮੇਵਾਰੀ ਉਨ੍ਹਾਂ ਦੀ ਹੋਵੇਗੀ।ਉਨ੍ਹਾਂ ਸਾਰੇ ਰੇਹੜੀ ਤੇ ਫੜ੍ਹੀ ਵਾਲਿਆਂ ਨਾਲ ਮਿਲ ਕੇ ਚੱਲਣ ਦੀ ਗੱਲ ਕਹੀ।ਸਬਜ਼ੀ ਮੰਡੀ 'ਚ ਠੰਡੇ ਪਾਣੀ ਲਈ ਵਾਟਰ ਕੂਲਰ ਦਾ ਇੰਤਜ਼ਾਮ ਕਰਨ ਦਾ ਵਾਅਦਾ ਕੀਤਾ।ਇਸ ਮੌਕੇ ਲੱਕੀ ਮਿੱਤਲ, ਵਿਜੇ ਕੁਮਾਰ, ਦਰਸ਼ਨ ਭਾਨ, ਬ੍ਰਿਛ ਭਾਨ, ਭਗਵਾਨ ਦਾਸ ਸਿੰਗਲਾ, ਵਿਕਾਸ ਕੁਮਾਰ ਵਰਮਾ, ਬਿਕਰਮ ਸੈਨੀ, ਲਵਪ੍ਰੀਤ ਸ਼ਰਮਾ, ਗੁਰਦੀਪ ਸਿੰਘ ਖਿਆਲਾ, ਹਮੇਸ਼ ਕੁਮਾਰ ਗਰਗ ਆਦਿ ਹਾਜ਼ਰ ਸਨ।

## ਅਦਾਰਾ ਅਦਬ ਇਸਲਾਮੀ ਹਿੰਦ ਵੱਲੋਂ ਮਹੀਨਾਵਾਰ ਕਾਵਿ-ਮਹਿਫ਼ਿਲ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਅਦਾਰਾ ਅਦਬ ਇਸਲਾਮੀ ਹਿੰਦ ਸਰਕਲ ਪੰਜਾਬ ਦੀ ਮਹੀਨਾਵਾਰ ਕਾਵਿ-ਮਹਿਫ਼ਿਲ ਉਸਤਾਦ ਸ਼ਾਇਰ ਜਨਾਬ ਅਨਵਾਰ ਆਜ਼ਰ ਦੀ ਪ੍ਰਧਾਨਗੀ ਹੇਠ ਸਫ਼ਲਤਾਪੂਰਵਕ ਕਰਵਾਈ ਗਈ।ਇਸ ਸਮਾਗਮ ਵਿੱਚ ਜਨਾਬ ਇਸਰਾਰੁਲ ਹੱਕ ਹਕੀ, ਮੁਫ਼ਤੀ ਅਬਦੁਲ ਮਲਿਕ ਕਾਸਮੀ ਤੇ ਅਮੀਰ ਹਲਕਾ ਪੰਜਾਬ ਮੁਹੰਮਦ ਨਜ਼ੀਰ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।ਸੰਸਥਾ ਦੇ ਪ੍ਰਧਾਨ ਜਨਾਬ ਰਮਜ਼ਾਨ ਸਈਦ ਦੀ ਦੇਖ-ਰੇਖ ਹੇਠ ਸਮਾਗਮ ਦੀ ਸ਼ੁਰੂਆਤ ਪਵਿੱਤਰ ਕੁਰਆਨ ਦੀ ਤਿਲਾਵਤ ਨਾਲ ਹੋਈ।ਸ਼ੁਰੂਆਤ ਵਿੱਚ ਇਫ਼ਤਿਖਾਰ ਸੈਫ਼ੀ ਨੇ ਸਵਰਗੀ ਡਾ. ਤਾਬਿਸ਼ ਮਹਦੀ ਦੇ ਜੀਵਨ ਬਾਰੇ ਸੰਖੇਪ ਜਾਣਕਾਰੀ ਦਿੱਤੀ ਤੇ ਉਨ੍ਹਾਂ ਦੀ ਗ਼ਜ਼ਲ ਪੇਸ਼ ਕੀਤੀ।ਇਸ ਮਹਿਫ਼ਿਲ ਲਈ ਸਵਰਗੀ ਡਾ. ਤਾਬਿਸ਼ ਮਹਦੀ ਦੀ ਕਾਵਿ-ਸਤਰ 'ਕਿਸੀ ਦਰਬਾਰ ਸੇ ਰਿਸ਼ਤੇ ਨ ਰਖਨਾ' ਦਿੱਤੀ ਗਈ ਸੀ, ਜਿਸ 'ਤੇ ਸ਼ਾਇਰਾਂ ਰਮਜ਼ਾਨ ਸਈਦ, ਡਾ. ਮੁਹੰਮਦ ਰਫ਼ੀ, ਡਾ. ਮੁਹੰਮਦ ਅਯੂਬ, ਸਾਜਿਦ ਇਸਹਾਕ, ਮੁਕੱਰਮ ਸੈਫ਼ੀ, ਅੱਬਾਸ ਧਾਲੀਵਾਲ, ਡਾ. ਸੰਦੀਪ ਗੈਰਾ, ਸ਼ੁਐਬ ਮਲਿਕ, ਸ਼ੇਖ ਮੁਬੀਨ ਕੁਰੈਸ਼ੀ, ਐਡਵੋਕੇਟ ਗ਼ਜ਼ਨਫ਼ਰ ਅਲੀ ਤੇ ਆਰਿਫ਼ ਸੈਫ਼ੀ ਨੇ ਆਪਣਾ ਕਲਾਮ ਪੇਸ਼ ਕਰਕੇ ਖ਼ੂਬ ਵਾਹ-ਵਾਹੀ ਬਟੋਰੀ।ਇਸ ਤੋਂ ਇਲਾਵਾ ਜਨਾਬ ਮੁਹੰਮਦ ਸ਼ਮਸ਼ਾਦ, ਇਬਰਾਹੀਮ ਰਾਹੀ, ਡਾ. ਸਾਲਿਕ ਜਮੀਲ ਤੇ ਨੌਜਵਾਨ ਸ਼ਾਇਰ ਜਾਵੇਦ ਮੁਸਤਫ਼ਾ ਤੇ ਸਮਾਗਮ ਦੇ ਅੰਤ ਵਿੱਚ ਉਸਤਾਦ ਜਨਾਬ ਅਨਵਾਰ ਆਜ਼ਰ ਨੇ ਆਪਣੀ ਗ਼ਜ਼ਲ ਨਾਲ ਸਮਾਂ ਬੰਨ੍ਹ ਦਿੱਤਾ।ਮੰਚ ਸੰਚਾਲਨ ਦੀ ਭੂਮਿਕਾ ਜਨਾਬ ਸਾਜਿਦ ਇਸਹਾਕ ਨੇ ਬਹੁਤ ਹੀ ਖ਼ੂਬਸੂਰਤ ਢੰਗ ਨਾਲ ਨਿਭਾਈ।



ਸ੍ਰੀ ਖਾਟੂ ਧਾਮ ਟਰੱਸਟ ਆਰੀਆ ਸਮਾਜ ਰੋਡ ਰਾਜਪੁਰਾ ਟਾਊਨ ਦੇ ਪ੍ਰਧਾਨ ਮਹਿੰਦਰ ਸ਼ਮੀ ਚੇਅਰਮੈਨ ਵਿੱਕੀ ਨੂੰ ਮੰਦਰ ਦੀ ਤਰਫੋਂ ਪਹਿਲੀ ਭਗਵਾਨ ਦੀ ਫੋਟੋ ਦਿੰਦੇ ਹੋਏ, ਉਨ੍ਹਾ ਨਾਲ ਦਿਖਾਈ ਦੇ ਰਹੇ ਹਨ ਕਾਂਗਰਸੀ ਲੀਡਰ ਅਨਿਲ ਟੋਨੀ, ਦੀਪਕ ਅਰੋੜਾ ਤੇ ਕੇ ਬੀ ਪੱਤਰਕਾਰ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ ਪੱਤਰਕਾਰ, ਰਾਜਪੁਰਾ)

## 'ਕਾਰਪੋਰੇਟ ਭਾਰਤ ਛੱਡੋ' ਅੰਦੋਲਨ ਤਹਿਤ ਡੀ ਸੀ ਦਫ਼ਤਰ ਅੱਗੇ ਪ੍ਰਦਰਸ਼ਨ 10 ਨੂੰ: ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਅੱਜ ਸੇਰੋਂ ਖੰਡ ਮਿੱਲ ਮੋਰਚੇ ਦਾ ਰੋਸ ਪ੍ਰਦਰਸ਼ਨ 75ਵੇਂ ਦਿਨ ਦਾਖ਼ਲ ਹੋ ਗਿਆ। ਦੇਸ਼ ਵਿਆਪੀ 'ਕਾਰਪੋਰੇਟ ਭਾਰਤ ਛੱਡੋ ਅੰਦੋਲਨ' ਤਹਿਤ 10 ਅਗਸਤ ਨੂੰ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਕੀਤੇ ਜਾ ਰਹੇ ਐਕਸ਼ਨ ਸਬੰਧੀ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੀ ਸਾਂਝੀ ਮੀਟਿੰਗ ਤਰਨ ਤਾਰਨ ਗਾਂਧੀ ਪਾਰਕ ਤਰਨ ਤਾਰਨ ਵਿਖੇ ਹਰਜਿੰਦਰ ਸਿੰਘ ਟਾਂਡਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਵਿਕਟਰ ਹੋਏ ਆਗੂਆਂ ਨੇ ਫ਼ੈਸਲਾ ਕੀਤਾ ਕਿ 10 ਅਗਸਤ ਨੂੰ ਡੀ ਸੀ ਦਫ਼ਤਰ ਤਰਨ ਤਾਰਨ ਅੱਗੇ ਵਿਸ਼ਾਲ ਰੈਲੀ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਟ੍ਰੇਡ ਯੂਨੀਅਨਾਂ ਦੇ ਸੱਦੇ ਤੇ ਸੰਯੁਕਤ ਕਿਸਾਨ ਮੋਰਚਾ ਭਾਰਤ ਵੱਲੋਂ 28 ਜੁਲਾਈ ਨੂੰ ਦਿੱਲੀ ਦੀ ਕਨਵੈਨਸ਼ਨ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਅੰਗਰੇਜ਼ੋ ਭਾਰਤ ਛੱਡੋ ਅੰਦੋਲਨ ਦੀ ਵਰ੍ਹੇਗੰਢ ਮਨਾਉਂਦਿਆਂ ਨੂੰ 10 ਅਗਸਤ ਨੂੰ 'ਕਾਰਪੋਰੇਟ ਭਾਰਤ ਛੱਡੋ' ਅੰਦੋਲਨ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜਿੱਥੇ ਭਾਰਤ ਦੀ ਮੌਜੂਦਾ ਬੀ ਜੇ ਪੀ ਸਰਕਾਰ ਅਮਰੀਕਾ ਸਾਮਰਾਜ ਨਾਲ ਟ੍ਰੇਡ ਸੰਧੀ ਕਰਕੇ ਭਾਰਤ ਦੀ ਕਿਸਾਨੀ ਨੂੰ ਤਬਾਹ ਕਰਨ ਜਾ ਰਹੀ ਹੈ ਉੱਥੇ ਮਜ਼ਦੂਰਾਂ ਤੇ ਮੁਲਾਜ਼ਮਾਂ ਦੇ ਮਨੁੱਖੀ ਹੱਕ ਖ਼ਤਮ ਕਰਕੇ ਇਨ੍ਹਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਗੁਲਾਮ ਬਣਾਉਣ ਜਾ ਰਹੀ ਹੈ।ਸਰਕਾਰੀ ਜਾਇਦਾਦਾਂ ਕੌਡੀਆਂ ਦੇ ਭਾਅ ਕਾਰਪੋਰੇਟ ਘਰਾਣਿਆਂ ਨੂੰ ਫੜਾਈਆਂ ਜਾ ਰਹੀਆਂ ਹਨ।ਦੇਸ਼ ਨੂੰ ਕਰਜ਼ੇ ਵਿੱਚ ਡੋਬਿਆ ਜਾ ਰਿਹਾ ਹੈ ਉਥੇ ਕਾਰਪੋਰੇਟ ਘਰਾਣਿਆਂ ਦੇ ਅਰਬਾਂ ਰੁਪਏ ਮੁਆਫ਼ ਕੀਤੇ ਜਾ ਰਹੇ ਹਨ।

ਇਸ ਮੌਕੇ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਦਸ ਅਗਸਤ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਕਰੋ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਗੰਡੀਵਿੰਡ, ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂ, ਗੁਰਚਰਨ ਸਿੰਘ ਸਭਰਾ, ਭੁਪਿੰਦਰ ਸਿੰਘ ਪੱਗੋਂ, ਨਰਿੰਦਰ ਬੇਦੀ, ਪੂਰਨ ਦਾਸ, ਕਾਮਰੇਡ ਚਰਨ ਸਿੰਘ, ਪ੍ਰਿੰ. ਦਲਬੀਰ ਸਿੰਘ ਦਿਓਲ, ਦਵਿੰਦਰ ਸੋਹਲ, ਜੱਸਾ ਸਿੰਘ ਕੱਦਗਿੱਲ, ਮੇਹਰ ਸਿੰਘ ਸਖੀਰਾ, ਰੇਸ਼ਮ ਸਿੰਘ ਫੈਲੋਕੇ, ਨਾਜਰ ਸਿੰਘ ਸਰਹਾਲੀ, ਤਰਸੇਮ ਸਿੰਘ ਲੁਹਾਰ, ਸੁਖਬਾਜ ਸਿੰਘ ਸਿੱਧੂ, ਸੁਖਦੇਵ ਸਿੰਘ ਤੁੜ, ਅਮਰੀਕ ਸਿੰਘ ਸੇਰੋਂ, ਕਸ਼ਮੀਰ ਸਿੰਘ ਸੇਰੋਂ, ਬਲਦੇਵ ਸਿੰਘ ਸੇਰੋਂ, ਬਾਬਾ ਮਹਿੰਦਰ ਸਿੰਘ ਵੇਈਂਪੂਈਂ ਸਮੇਤ ਕਈ ਆਗੂ ਹਾਜ਼ਰ ਸਨ।

## ਲੁਟੇਰੇ ਔਰਤ ਤੋਂ 2 ਲੱਖ ਦੀ ਨਗਦੀ ਲੈ ਕੇ ਫਰਾਰ

ਮਜੀਠਾ (ਸੋਇਮ ਆਨੰਦ)-ਕਸਬੇ ਦੇ ਪਿੰਡ ਹਰੀਆਂ ਵਿਖੇ ਇੱਕ ਔਰਤ ਪਾਸੋਂ ਦਿਨ-ਦਿਹਾੜੇ ਲੁਟੇਰੇ 2 ਲੱਖ ਰੁਪਏ ਦੀ ਨਗਦੀ ਲੈ ਕੇ ਫ਼ਰਾਰ ਹੋ ਗਏ।ਪੀੜਤ ਔਰਤ ਰਾਜਬੀਰ ਕੌਰ ਪਤਨੀ ਤਰਸੇਮ ਸਿੰਘ ਵਾਸੀ ਪਿੰਡ ਬੇਗੇਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਆਪਣਾ ਦੁਪਹਿਰ ਆਪਣੇ ਘਰ ਵਿਚ ਮਿਸਤਰੀ ਲੱਗੇ ਹੋਣ ਕਰਕੇ ਉਨ੍ਹਾਂ ਨੂੰ ਪੈਸੇ ਦੇਣ ਵਾਸਤੇ ਸਟੇਟ ਬੈਂਕ ਆਫ ਇੰਡੀਆ ਦੀ ਮਜੀਠਾ ਬਰਾਂਚ ਤੋਂ ਦੋ ਲੱਖ ਰੁਪਏ ਕਢਵਾ ਕੇ ਮਜੀਠਾ ਤੋਂ ਆਪਣੇ ਭਾਣਜੇ ਗੁਰਮੀਤ ਸਿੰਘ ਵੱਲੋਂ ਨਾਲ ਉਸ ਦੀ ਐਕਟਿਵਾ 'ਤੇ ਸਵਾਰ ਹੋ ਕੇ ਪਿੰਡ ਨਰੈਣੀ ਆ ਰਹੀ ਸੀ। ਪਿੰਡ ਦੇ ਲਾਗੇ ਪਹੁੰਚਣ 'ਤੇ ਉਨ੍ਹਾਂ ਦਾ ਪਿੱਛਾ ਕਰ ਰਹੇ ਦੋ ਅਣਪਛਾਤੇ ਵਿਅਕਤੀਆਂ ਨੇ ਪਿੰਡ ਹਰੀਆਂ ਨਜ਼ਦੀਕ ਜਾ ਕੇ ਉਸ ਦਾ ਪੈਸਿਆਂ ਵਾਲਾ ਪਰਸ ਖੋਹ ਲਿਆ ਅਤੇ ਵਾਪਸ ਮਜੀਠਾ ਵੱਲ ਚਲੇ ਗਏ। ਉਸ ਵੱਲੋਂ ਰੌਲਾ ਪਾਉਣ 'ਤੇ ਕੁਝ ਰਾਹਗੀਰਾਂ ਵੱਲੋਂ ਇਨ੍ਹਾਂ ਲੁਟੇਰਿਆਂ ਦਾ ਪਿੱਛਾ ਵੀ ਕੀਤਾ ਗਿਆ ਪਰ ਉਹ ਕਾਬੂ ਨਹੀਂ ਆਏ।ਔਰਤ ਵੱਲੋਂ ਥਾਣਾ ਕੱਥੂਨੰਗਲ ਵਿਖੇ ਲਿਖਤੀ ਦਰਖ਼ਾਸਤ ਦਿੱਤੀ ਗਈ ਹੈ।ਥਾਣਾ ਮੁਖੀ ਇੰਸਪੈਕਟਰ ਹਰਮਿਸ਼ਰ ਕੌਰ ਨੇ ਦੱਸਿਆ ਕਿ ਦਰਖਾਸਤ ਪ੍ਰਾਪਤ ਹੋਈ ਹੈ।ਸੀਸੀਟੀ ਵੀ ਕੈਮਰਿਆਂ ਰਾਹੀਂ ਉਕਤ ਲੁਟੇਰਿਆਂ ਦਾ ਪਤਾ ਕੀਤਾ ਜਾ ਰਿਹਾ ਹੈ।ਇਲਾਕੇ ਵਿਚ ਗਸ਼ਤ ਵਧਾ ਦਿੱਤੀ ਗਈ ਹੈ, ਜਲਦੀ ਹੀ ਇਹ ਲੁਟੇਰੇ ਪੁਲਸ ਦੀ ਗ੍ਰਿਫਤ ਵਿਚ ਹੋਣਗੇ।

## ਸਿਵਲ ਡਿਫੈਂਸ ਵਲੰਟੀਅਰ ਬਣਨ ਲਈ ਆਨਲਾਈਨ ਕੀਤੀ ਜਾ ਸਕਦੀ ਹੈ ਰਜਿਸਟ੍ਰੇਸ਼ਨ

ਬਟਾਲਾ, (ਡਾ. ਮਲਵਿੰਦਰ ਸਿੰਘ)- ਦੇਸ਼ ਦੀ ਨਿਸ਼ਕਾਮ ਸੇਵਾ ਦੀ ਭਾਵਨਾ ਰੱਖਣ ਵਾਲੇ ਨੌਜਵਾਨਾਂ, ਮਹਿਲਾਵਾਂ ਅਤੇ ਸਮਾਜ ਸੇਵਾ ਲਈ ਇੱਛੁਕ ਨਾਗਰਿਕ ਸਿਵਲ ਡਿਫੈਂਸ ਵਲੰਟੀਅਰਾਂ ਦੀ ਆਨਲਾਈਨ ਭਰਤੀ ਸ਼ੁਰੂ ਹੋ ਚੁੱਕੀ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਰਵੇਲ ਸਿੰਘ ਰੰਧਾਵਾ (ਪ੍ਰੈਜ਼ੀਡੈਂਟ ਐਵਾਰਡੀ) ਜ਼ਿਲ੍ਹਾ ਕਮਾਂਡਰ, ਪੰਜਾਬ ਹੋਮ ਗਾਰਡਜ਼-ਕਮ-ਵਧੀਕ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ 18 ਸਾਲ ਜਾਂ ਇਸ ਤੋਂ ਵੱਧ ਉਮਰ ਦਾ ਹਰ ਯੋਗ ਨਾਗਰਿਕ ਇਸ ਭਰਤੀ ਲਈ ਆਨਲਾਈਨ ਅਰਜ਼ੀ ਦੇ ਸਕਦਾ ਹੈ।ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਆਨਲਾਈਨ ਹੈ ਅਤੇ ਉਮੀਦਵਾਰ ਆਪਣੇ ਮੋਬਾਈਲ ਨੰਬਰ ਰਾਹੀਂ ਰਜਿਸਟਰ ਕਰਕੇ ਅਰਜ਼ੀ ਜਮ੍ਹਾਂ ਕਰਵਾਉਣ ਤੋਂ ਬਾਅਦ ਉਸ ਦੀ ਸਥਿਤੀ ਵੀ ਪੋਰਟਲ ਤੇ ਦੇਖੀ ਜਾ ਸਕਦੀ ਹੈ।ਪੋਸਟ ਵਾਰਡਨ ਹਰਬਖ਼ਸ਼ ਸਿੰਘ ਨੇ ਦੱਸਿਆ ਕਿ ਸਮੇਂ ਸਮੇਂ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਆਫ਼ਤ ਪ੍ਰਬੰਧਨ, ਮੁੱਢਲੀ ਸਹਾਇਤਾ (ਫਸਟ ਏਡ), ਅੱਗ ਤੋਂ ਬਚਾਅ, ਖੋਜ ਅਤੇ ਬਚਾਅ (ਸਰਚ ਐਂਡ ਰੈਸਕਿਊ), ਐਮਰਜੈਂਸੀ ਰਿਸਪਾਂਸ ਅਤੇ ਜਨ ਸੁਰੱਖਿਆ ਨਾਲ ਸੰਬੰਧਿਤ ਵਿਸ਼ੇਸ਼ ਸਿਖਲਾਈ ਦਿੱਤੀ ਜਾਂਦੀ ਹੈ। ਸੰਕਟ ਜਾਂ ਆਫ਼ਤ ਦੀ ਸਥਿਤੀ ਵਿੱਚ ਇਹ ਵਲੰਟੀਅਰ ਪ੍ਰਸ਼ਾਸਨ ਦੇ ਨਾਲ ਮਿਲ ਕੇ ਲੋਕਾਂ ਦੀ ਸੁਰੱਖਿਆ ਅਤੇ ਰਾਹਤ ਕਾਰਜਾਂ ਵਿੱਚ ਮਹੱਤਵਪੂਰਨ ਭੂਮਿਕਾ ਦੇਸ਼ ਭਰ ਵਿਚ ਨਿਭਾਉਂਦੇ ਹਨ ਤੇ ਨਿਭਾ ਰਹੇ ਹਨ।

## ਛੇੜਛਾੜ ਦੇ ਮਾਮਲੇ 'ਚ ਦਰਜ ਕੀਤੇ ਪਰਚੇ ਨੂੰ ਰੱਦ ਕਰਨ ਲਈ ਪਿੰਡ ਵਾਸੀਆਂ ਨੇ ਲਾਇਆ ਧਰਨਾ



ਪਠਾਨਕੋਟ (ਦਵਿੰਦਰ ਸਿੰਘ)-ਸ਼ਾਹਪੁਰ ਕੰਡੀ ਪੁਲਸ ਥਾਣੇ ਵਿੱਚ ਇੱਕ ਵਿਅਕਤੀ ਖ਼ਿਲਾਫ਼ ਪੋਕਸੋ ਐਕਟ ਤਹਿਤ ਮਾਮਲਾ ਦਰਜ ਹੋਣ ਤੋਂ ਬਾਅਦ ਦੋਸ਼ੀ ਦੇ ਸਮਰਥਨ ਵਿੱਚ ਔਰਤਾਂ ਨੇ ਸੜਕ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਅਤੇ ਦਰਜ ਕੀਤੇ ਗਏ ਪਰਚੇ ਨੂੰ ਰੱਦ ਕਰਨ ਦੀ ਮੰਗ ਕੀਤੀ।ਸ਼ਾਹਪੁਰ ਕੰਡੀ ਪੁਲਸ ਥਾਣੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੜ੍ਹਦੀ ਇੱਕ ਨਾਬਾਲਗ ਲੜਕੀ ਦੀ ਸ਼ਿਕਾਇਤ ਦੇ ਆਧਾਰ 'ਤੇ ਉਸੇ ਸਕੂਲ ਦੇ ਇੱਕ ਅਧਿਆਪਕ ਖ਼ਿਲਾਫ਼ ਪੋਕਸੋ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਪੁਲਸ ਨੇ ਛੇੜਛਾੜ ਦੇ ਦੋਸ਼ਾਂ ਤਹਿਤ ਪਿੰਡ ਛੰਨੀ ਮੋਆਲਾ ਦੇ ਰਹਿਣ ਵਾਲੇ ਸੁਰਜੀਤ ਸਿੰਘ ਖ਼ਿਲਾਫ਼ ਪੋਕਸੋ ਐਕਟ ਦੀ ਧਾਰਾ 75 ਅਤੇ ਪੋਕਸੋ ਐਕਟ ਦੀ ਧਾਰਾ 10 ਅਧੀਨ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕੀਤਾ ਅਤੇ ਮਾਣਯੋਗ ਅਦਾਲਤ ਵਿੱਚ ਪੇਸ਼ ਕਰ ਦਿੱਤਾ।ਇਸ ਦੇ ਵਿਰੋਧ ਵਿੱਚ ਪਿੰਡ ਛੰਨੀ ਮੋਆਲਾ ਦੇ ਲੋਕਾਂ ਨੇ, ਜਿਨ੍ਹਾਂ ਵਿੱਚ ਦੋਸ਼ੀ ਦੀ ਪਤਨੀ ਸੁਧਾ ਰਾਣੀ ਸਮੇਤ ਕਈ ਔਰਤਾਂ ਸ਼ਾਮਲ ਸਨ, ਪੁਲਸ ਪ੍ਰਸ਼ਾਸਨ 'ਤੇ ਗਲਤ ਪਰਚਾ ਦਰਜ ਕਰਨ ਦੇ ਦੋਸ਼ ਲਗਾਉਂਦਿਆਂ ਮੇਨ ਬੈਂਕ ਚੌਕ ਵਿਖੇ ਪਠਾਨਕੋਟ-ਸ਼ਾਹਪੁਰ ਕੰਡੀ ਸੜਕ 'ਤੇ ਵਾਹਨ, ਟਰੈਕਟਰ ਅਤੇ ਹੋਰ ਗੱਡੀਆਂ ਖੜ੍ਹੀਆਂ ਕਰਕੇ ਆਵਾਜਾਈ ਜਾਮ ਕਰ ਦਿੱਤੀ।ਉਨ੍ਹਾਂ ਨੇ ਦਰਜ ਕੀਤੇ ਗਏ ਮਾਮਲੇ ਨੂੰ ਰੱਦ ਕਰਨ ਦੀ ਮੰਗ ਕੀਤੀ।ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋ ਰਹੀਆਂ ਔਰਤਾਂ, ਜਿਨ੍ਹਾਂ ਵਿੱਚ ਸੁਧਾ ਰਾਣੀ, ਜੀਨਾ ਕੁਮਾਰੀ, ਰੇਣੂ ਬਾਲਾ, ਪੁਸ਼ਪਾ ਦੇਵੀ, ਨੀਨਾ ਦੇਵੀ, ਰਾਕੇਸ਼ ਕੁਮਾਰੀ, ਬੇਬੀ ਰਾਣੀ, ਨਰੇਸ਼ ਕੁਮਾਰੀ, ਸੀਮਾ, ਮੀਨਾ ਦੇਵੀ, ਸੁਨੀਤਾ ਦੇਵੀ, ਪੰਚ ਅਮਿਤ ਸਿੰਘ, ਸੋਨੀਆ ਦੇਵੀ ਅਤੇ ਹੋਰ ਕਈ ਔਰਤਾਂ ਸ਼ਾਮਲ ਸਨ, ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਦੇ ਰਹਿਣ ਵਾਲੇ ਸੁਰਜੀਤ ਸਿੰਘ ਖ਼ਿਲਾਫ਼ ਕਿਸੇ ਦੇ ਉਕਸਾਵੇ 'ਤੇ ਝੂਠਾ ਮਾਮਲਾ ਦਰਜ ਕੀਤਾ ਗਿਆ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਸੁਰਜੀਤ ਸਿੰਘ ਇੱਕ ਸ਼ਰੀਫ਼ ਵਿਅਕਤੀ ਹੈ ਅਤੇ ਉਸ ਦੇ ਦੋ ਬਾਲਗ ਬੱਚੇ ਵੀ ਹਨ।ਔਰਤਾਂ ਨੇ ਦਾਅਵਾ ਕੀਤਾ ਕਿ ਇਹ ਸਾਰਾ ਮਾਮਲਾ ਨਿੱਜੀ ਰੰਜਿਸ਼ ਦੇ ਕਾਰਨ ਬਣਾਇਆ ਗਿਆ ਹੈ ਅਤੇ ਪੂਰੀ ਤਰ੍ਹਾਂ ਬੇਬੁਨਿਆਦ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਸਕੂਲ ਦੀ ਨਾਬਾਲਗ ਵਿਦਿਆਰਥਣ ਵੱਲੋਂ ਲਗਾਏ ਗਏ ਸਾਰੇ ਦੋਸ਼ ਨਿਰਾਧਾਰ ਹਨ।


ਉਨ੍ਹਾਂ ਨੇ ਜ਼ਿਲ੍ਹਾ ਪੁਲਸ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਸੁਰਜੀਤ ਸਿੰਘ ਖ਼ਿਲਾਫ਼ ਦਰਜ ਕੀਤਾ ਗਿਆ ਮਾਮਲਾ ਰੱਦ ਕੀਤਾ ਜਾਵੇ। ਉਧਰ ਸ਼ਾਹਪੁਰ ਕੰਡੀ ਪੁਲਸ ਥਾਣੇ ਦੇ ਐੱਸਐੱਚਓ ਇੰਸਪੈਕਟਰ ਮੋਹਿਤ ਟਾਂਕ ਨੇ ਕਿਹਾ ਕਿ ਉਨ੍ਹਾਂ ਨੇ ਇਸ ਪੂਰੇ ਮਾਮਲੇ ਦੀ ਖੁਦ ਜਾਂਚ ਕੀਤੀ ਹੈ ਅਤੇ ਨਿਰਪੱਖ ਤਫ਼ਤੀਸ਼ ਦੇ ਆਧਾਰ 'ਤੇ ਹੀ ਦੋਸ਼ੀ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਵੀ ਪੇਸ਼ ਕੀਤਾ ਜਾ ਚੁੱਕਾ ਹੈ।

## 43.49 ਗ੍ਰਾਮ ਹੈਰੋਇਨ ਬਰਾਮਦ; ਮਾਮਲਾ ਦਰਜ



ਧਾਰੀਵਾਲ, (ਮਨਦੀਪ ਵਿੱਕੀ)-ਥਾਣਾ ਧਾਰੀਵਾਲ ਦੀ ਪੁਲੀਸ ਨੇ ਇੱਕ ਐੱਨਡੀਐੱਸ ਐਕਟ ਤਹਿਤ ਮੁਕੱਦਮੇ ਵਿੱਚ ਨਾਮਜ਼ਦ ਇਕ ਵਿਅਕਤੀ ਦੀ ਚੱਲ ਰਹੀ ਜਾਂਚ ਦੌਰਾਨ ਉਸ ਕੋਲੋਂ 43.49 ਗ੍ਰਾਮ ਹੈਰੋਇਨ ਬਰਾਮਦ ਹੋਈ।ਪੁਲਸ ਨੇ ਹੈਰੋਇਨ ਸਮੇਤ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਇੱਕ ਹੋਰ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਇਸ ਸਬੰਧੀ ਥਾਣਾ ਧਾਰੀਵਾਲ ਦੇ ਐਸ ਐਚ ੳ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਸਬ ਇੰਸਪੈਕਟਰ ਮੈਡਮ ਮੋਨਾ ਨੇ ਪੁਲਸ ਪਾਰਟੀ ਸਮੇਤ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸਤ ਦੌਰਾਨ ਨਹਿਰ ਕਿਨਾਰੇ ਸਥਿਤ ਸੀਐੱਚਸੀ ਧਾਰੀਵਾਲ ਨੇੜਿਓਂ ਪਤਰਸ ਉਰਫ ਜਿੰਦੀ ਪੁੱਤਰ ਸ਼ਿੰਦਾ ਵਾਸੀ ਦੀਨਪੁਰ ਨੂੰ 20 ਨਸ਼ੀਲੀਆਂ ਗੋਲੀਆਂ ਅਤੇ 1000 ਰੁਪਏ ਡਰੱਗ ਮਨੀ ਸਮੇਤ ਕਾਬੂ ਕਰਕੇ ਉਸ ਵਿਰੁੱਧ ਐੱਨਡੀਪੀਐੱਸ ਐਕਟ ਤਹਿਤ ਮੁਕਦਮਾ ਦਰਜ ਕੀਤਾ ਗਿਆ ਸੀ।ਹੋਰ ਪੁੱਛਗਿੱਛ ਦੌਰਾਨ ਮੁਲਾਜ਼ਮ ਪਤਰਸ ਉਰਫ ਜਿੰਦੀ ਦੇ ਬਿਆਨਾਂ ਅਨੁਸਾਰ ਇਸ ਮਾਮਲੇ ਵਿੱਚ ਫਾਰੂਕ ਉਰਫ ਅੱਪੂ ਪੁੱਤਰ ਨਿਸ਼ਾਦ ਵਾਸੀ ਲੁਧਿਆਣਾ ਮੁਹੱਲਾ ਧਾਰੀਵਾਲ ਨੂੰ ਨਾਮਜ਼ਦ ਕੀਤਾ ਗਿਆ ਸੀ। ਮਾਮਲੇ ਸੰਬੰਧੀ ਚੱਲ ਰਹੀ ਜਾਂਚ ਦੌਰਾਨ ਜਦੋਂ ਫਾਰੂਕ ਉਰਫ ਅੱਪੂ ਪੁੱਤਰ ਨਿਸ਼ਾਦ ਵਾਸੀ ਲੁਧਿਆਣਾ ਮੁਹੱਲਾ ਧਾਰੀਵਾਲ ਨੂੰ ਗ੍ਰਿਫ਼ਤਾਰ ਕੀਤਾ ਗਿਆ ਤਾਂ ਜਾਂਚ ਦੌਰਾਨ ਉਸ ਕੋਲੋਂ 43.49 ਗ੍ਰਾਮ ਹੈਰੋਇਨ ਬਰਾਮਦ ਹੋਈ।

## ਪ੍ਰਤਾਪ ਸਿੰਘ ਬੁੱਟਰ ਨਮਿੱਤ ਅੰਤਿਮ ਅਰਦਾਸ ਭਲਕੇ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਜਤਿੰਦਰ ਸਿੰਘ ਜੱਜ ਢਿੱਲੋਂ ਝਬਾਲ ਦੇ ਸਹੁਰਾ ਸਾਹਿਬ ਪ੍ਰਤਾਪ ਸਿੰਘ ਬੁੱਟਰ ਜਿਨ੍ਹਾਂ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਸੀ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ 6 ਅਗਸਤ ਦਿਨ ਵੀਰਵਾਰ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਪੈਣ ਉਪਰੰਤ ਗੁਰਬਾਣੀ ਦੇ ਸ਼ਬਦ ਕੀਰਤਨ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ਼ਹੀਦ ਬਾਬਾ ਤਾਰਾ ਸਿੰਘ ਜੀ ਪਿੰਡ ਵਾਂ ਤਾਰਾ ਸਿੰਘ ਨੇੜੇ ਭਿੱਖੀਵਿੰਡ ਵਿਖੇ ਬਾਅਦ ਦੁਪਹਿਰ 12 ਤੋਂ 1 ਵਜੇ ਹੋਵੇਗੀ।

ਸਰਦਾਰਨੀ ਗੁਰਚਰਨ ਕੌਰ ਬੁੱਟਰ, ਪੁੱਤਰ ਬਲਵਿੰਦਰ ਸਿੰਘ ਬੁੱਟਰ, ਪੁੱਤਰ ਰਾਜਵਿੰਦਰ ਸਿੰਘ ਬੁੱਟਰ ਤੇ ਪਰਿਵਾਰ ਵੱਲੋਂ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਸਭ ਨੇ ਅੰਤਿਮ ਅਰਦਾਸ ਮੌਕੇ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ।

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਰੋਜ਼ਗਾਰ ਕੈਂਪ ਭਲਕੇ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਦੀ ਅਗਵਾਈ ਹੇਠ ਜ਼ਿਲ੍ਹਾ ਰੋਜਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ 6 ਅਗਸਤ (ਵੀਰਵਾਰ) ਨੂੰ ਇੱਕ ਰੋਜਗਾਰ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਜ਼ਿਲ੍ਹਾ ਰੋਜਗਾਰ ਤੇ ਕਾਰੋਬਾਰ ਬਿਊਰੋ ਡੀ.ਸੀ ਦਫਤਰ ਕੰਪਲੈਕਸ ਗੁਰਦਾਸਪੁਰ ਦੇ ਕਮਰਾ ਨੰਬਰ 217 ਬੀ-ਬਲਾਕ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 1:30 ਵਜੇ ਤੱਕ ਲੱਗੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਨਰੇਸ਼ ਕੁਮਾਰ ਜ਼ਿਲ੍ਹਾ ਰੋਜਗਾਰ ਅਫਸਰ ਨੇ ਦੱਸਿਆ ਕਿ ਇਸ ਕੈਂਪ ਵਿਚ ਹੀਰੋ ਆਟੋਮੋਬਾਇਲ ਗੁਰਦਾਸਪੁਰ, ਸੀ. ਐੱਸ. ਸੀ ਅਤੇ ਸਤਿਗੁਰੂ ਸਿੱਖਿਆ ਇੰਸਟੀਚਿਊਟ, ਵੈਲਫੇਅਰ ਸੋਸਾਇਟੀ, ਗੁਰਦਾਸਪੁਰ ਵਲੋਂ ਜਿਲ੍ਹਾ ਗੁਰਦਾਸਪੁਰ ਵਿਚ ਵਾਸ਼ਿੰਗ ਬੁਆਏਜ਼, ਸੁਪਰਵਾਈਜ਼ਰ ਇੰਚਾਰਜ, ਮਕੈਨਿਕ, ਕਸਟਮਰ ਕੇਅਰ ਐਗਜ਼ੀਕਿਊਟਿਵ, ਬਿਲਿੰਗ ਐਗਜ਼ੀਕਿਊਟਿਵ ਅਤੇ ਕੰਪਿਊਟਰ ਆਪਰੇਟਰ ਦੀ ਵੱਖ-ਵੱਖ ਆਸਾਮੀਆਂ ਤੇ ਕੰਪਨੀਆਂ ਦੇ ਕਰਮਚਾਰੀਆਂ ਵਲੋਂ ਮੌਕੇ 'ਤੇ ਇੰਟਰਵਿਊ ਕੀਤੀ ਜਾਵੇਗੀ। ਇੰਟਰਵਿਊ ਪਾਸ ਕਰਨ ਵਾਲੇ ਪ੍ਰਾਰਥੀਆਂ ਦੀ ਸਿਲੈਕਸ਼ਨ ਹੋਣ ਉਪਰੰਤ ਵਧੀਆਂ ਤਨਖਾਹ ਦਿੱਤੀ ਜਾਵੇਗੀ।

ਆਸਾਮੀਆਂ ਨੂੰ ਅਪਲਾਈ ਕਰਨ ਲਈ ਘੱਟੋ-ਘੱਟ ਯੋਗਤਾ ਦਸਵੀਂ, ਬਾਰ੍ਹਵੀਂ ਪਾਸ ਹੈ। ਇਸ ਸਬੰਧੀ ਜਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਵੱਲੋਂ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਪਲੇਸਮੈਂਟ ਕੈਂਪਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣਾ ਰੋਜ਼ਗਾਰ ਸੁਨਿਸ਼ਚਿਤ ਲਈ ਆਪਣੇ ਸਾਰੇ ਅਸਲੀ ਦਸਤਾਵੇਜ਼ ( ਸਰਟੀਫਿਕੇਟ, ਆਧਾਰ ਕਾਰਡ, ਰਜ਼ਿਊਮ ਆਦਿ) ਨਾਲ ਲੈ ਕੇ ਸਮੇਂ ਸਿਰ ਦਫਤਰ ਪਹੁੰਚਣ।

## ਭਗਤ ਪੂਰਨ ਸਿੰਘ ਜੀ ਦੀ 34ਵੀਂ ਬਰਸੀ ਨੂੰ ਸਮਰਪਿਤ ਇਨਾਮ ਵੰਡ ਸਮਾਰੋਹ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਸੰਸਥਾ ਦੀ 34ਵੀਂ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਸ਼ੁਰੂਆਤ ਪਿੰਗਲਵਾੜਾ ਸੰਸਥਾ ਦੇ ਮੁੱਖ ਦਫ਼ਤਰ ਨੇੜੇ ਬੱਸ ਸਟੈਂਡ, ਅੰਮ੍ਰਿਤਸਰ ਵਿਖੇ ਪਿੰਗਲਵਾੜਾ ਸੰਸਥਾ ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰਿਆਂ ਦੇ ਸਾਲਾਨਾ ਸੱਭਿਆਚਾਰਕ ਅਤੇ ਇਨਾਮ ਵੰਡ ਸਮਾਰੋਹ ਨਾਲ ਹੋਈ। ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ (ਰਜਿ.), ਅੰਮ੍ਰਿਤਸਰ ਅਤੇ ਪਿੰਗਲਵਾੜਾ ਸੋਸਾਇਟੀ ਆਫ਼ ਓਨਟਾਰੀਓ (ਕੈਨੇਡਾ) ਦੇ ਸਾਂਝੇ ਸਹਿਯੋਗ ਨਾਲ ਚਲਾਏ ਜਾ ਰਹੇ ਪਿੰਗਲਵਾੜਾ ਸੰਸਥਾ ਦੇ ਵਿੱਦਿਅਕ ਅਦਾਰੇ ਭਗਤ ਪੂਰਨ ਸਿੰਘ ਆਦਰਸ਼ ਸੀਨੀਅਰ ਸਕੈਂਡਰੀ ਸਕੂਲ, ਭਗਤ ਪੂਰਨ ਸਿੰਘ ਸਕੂਲ ਫ਼ਾਰ ਦ ਡੈੱਫ਼, ਭਗਤ ਪੂਰਨ ਸਿੰਘ ਸਕੂਲ ਆਫ਼ ਸਪੈਸ਼ਲ ਐਜੂਕੇਸ਼ਨ ਅਤੇ ਭਗਤ ਪੂਰਨ ਸਿੰਘ ਇੰਸਟੀਚਿਊਟ ਆਫ਼ ਸਪੈਸ਼ਲ ਨੀਡਜ਼ ਮਾਨਾਂਵਾਲਾ ਕਲਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਰੰਗਮੰਚ ਦੀ ਦੁਨੀਆ ਵਿੱਚ ਉੱਚੀ ਸਖ਼ਸ਼ੀਅਤ ਰੱਖਣ ਵਾਲੇ ਕੇਵਲ ਧਾਲੀਵਾਲ ਪਹੁੰਚੇ। ਉਨ੍ਹਾਂ ਦਾ ਪਿੰਗਲਵਾੜਾ ਸੰਸਥਾ ਅੰਦਰ ਪੁੱਜਣ ਤੇ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਅਤੇ ਪਿੰਗਲਵਾੜਾ ਪਰਿਵਾਰ ਦੇ ਮੈਂਬਰਾਂ ਵੱਲੋਂ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦੇ ਰਸ-ਭਿੰਨੇ ਇਕ ਸ਼ਬਦ ਨਾਲ ਹੋਈ। ਇਸ ਉਪਰੰਤ ਮੁੱਖ ਮਹਿਮਾਨ ਵੱਲੋਂ ਸ਼ਮਾ ਰੋਸ਼ਨ ਕਰਕੇ ਸਲਾਨਾ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਤਿਆਰ ਪ੍ਰੋਗਰਾਮ ਵਿੱਚ ਭਗਤ ਪੂਰਨ ਸਿੰਘ ਜੀ ਦੀ ਵਾਤਾਵਰਨ ਪ੍ਰਤੀ ਸੋਚ ਨੂੰ ਬਿਆਨ ਕਰਦੇ ਨਾਟਕ ਪੇਸ਼ ਕੀਤੇ ਗਏ। ਇਸ ਮੌਕੇ ਮੁੱਖ ਮਹਿਮਾਨ ਕੇਵਲ ਧਾਲੀਵਾਲ ਨੇ ਆਪਣੇ ਸੰਬੋਧਨ ਵਿੱਚ ਪੰਡਾਲ ਵਿੱਚ ਬੈਠੇ ਵਿਦਿਆਰਥੀਆਂ ਅਤੇ ਦਰਸ਼ਕਾਂ ਨੂੰ ਕਿਹਾ ਕਿ ਉਹ ਪਿੰਗਲਵਾੜਾ ਪਰਿਵਾਰ ਦੇ ਮੈਂਬਰ ਹਨ ਅਤੇ ਅੱਜ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋ ਕੇ ਮਾਣ ਮਹਿਸੂਸ ਕਰ ਰਹੇ ਹਨ। ਇਸ ਮੌਕੇ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਵੱਲੋਂ ਮੁੱਖ ਮਹਿਮਾਨ ਕੇਵਲ ਧਾਲੀਵਾਲ ਅਤੇ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਇੰਦਰਜੀਤ ਕੌਰ ਭ ਨੇ ਭਗਤ ਜੀ ਦੇ ਜੀਵਨ ਨਾਲ ਜੁੜੀਆਂ ਕਈ ਯਾਦਾਂ ਨੂੰ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਇਸ ਸਾਲ ਭਗਤ ਪੂਰਨ ਸਿੰਘ ਜੀ ਦੀ ਵਾਤਾਵਰਨ ਪ੍ਰਤੀ ਜਾਗਰੂਕਤਾ ਸ਼ਤਾਬਦੀ 2027 ਵਿੱਚ ਬਹੁਤ ਵੱਡੇ ਪੱਧਰ ਤੇ ਮਨਾਈ ਜਾਵੇਗੀ ਅਤੇ ਵਾਤਾਵਰਨ ਨੂੰ ਬਚਾਉਣ ਦਾ ਹੋਕਾ ਹਰ ਆਦਮੀ ਤਕ ਪਹੁੰਚਾਉਣ ਲਈ ਯਤਨਸ਼ੀਲ ਹਨ। ਪ੍ਰੋਗਰਾਮ ਦੌਰਾਨ ਸਾਰੀ ਸੰਗਤ ਨੇ ਹੱਥ ਖੜ੍ਹੇ ਕਰਕੇ ਸਰਬਸੰਮਤੀ ਨਾਲ ਸਰਕਾਰ ਤੋਂ ਧਰਤੀ ਹੇਠ ਅਤੇ ਹੋਰ ਪਾਣੀ ਨੂੰ ਗੰਦਾ ਕਰਨ ਤੇ ਸਖ਼ਤ ਸਜ਼ਾਵਾਂ ਦਿੱਤੇ ਜਾਣ ਦੀ ਮੰਗ ਕੀਤੀ ਗਈ। ਉਹਨਾਂ ਕਿਹਾ ਕਿ ਹਵਾ, ਪਾਣੀ ਆਦਿ ਵਰਗੇ ਕੁਦਰਤੀ ਸੋਮੇ ਸਾਡੀ ਜ਼ਿੰਦਗੀ ਦਾ ਆਧਾਰ ਹਨ। ਜੇਕਰ ਇਹ ਵੀ ਸ਼ੁੱਧ ਨਾ ਰਹੇ ਤਾਂ ਸਾਡੇ ਬੱਚੇ ਕਿਵੇਂ ਨਰੋਆ ਜੀਣਗੇ।ਇਸ ਲਈ ਸਖ਼ਤ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ।ਇਸ ਦੇ ਨਾਲ ਹੀ ਸਰਕਾਰ ਨੂੰ ਵਾਤਾਵਰਣ ਸੰਭਾਲ ਅਤੇ ਖੋਜ ਨੂੰ ਉਤਸ਼ਾਹਿਤ ਕਰਨ ਲਈ ਵਾਤਾਵਰਣ ਵਿਸ਼ੇਸ਼ ਯੂਨੀਵਰਸਿਟੀ ਦੀ ਸਥਾਪਨਾ ਕਰਨ ਦੀ ਅਪੀਲ ਕੀਤੀ ਗਈ। ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਵਿਦਿਆਰਥਣਾਂ ਜਸਪ੍ਰੀਤ ਕੌਰ ਅਤੇ ਮਹਿਕਪ੍ਰੀਤ ਕੌਰ ਨੇ ਕੀਤਾ। ਅਖੀਰ ਤੇ ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗਾਇਨ ਗਾ ਕੇ ਕੀਤੀ ਗਈ ਅਤੇ ਆਈਆਂ ਸੰਗਤਾਂ ਨੂੰ ਅਟੁੱਟ ਲੰਗਰ ਵਰਤਾਇਆ। ਇਸ ਮੌਕੇ ਡਾ. ਜਗਦੀਪਕ ਸਿੰਘ ਮੀਤ ਪ੍ਰਧਾਨ ਪਿੰਗਲਵਾੜਾ, ਮੁਖਤਾਰ ਸਿੰਘ ਗੁਰਾਇਆ ਆਨਰੇਰੀ ਸਕੱਤਰ, ਰਾਜਬੀਰ ਸਿੰਘ ਜੀ ਮੈਂਬਰ ਪਿੰਗਲਵਾੜਾ, ਹਰਜੀਤ ਸਿੰਘ ਅਰੋੜਾ ਮੈਂਬਰ ਪਿੰਗਲਵਾੜਾ, ਬੀਬੀ ਪ੍ਰੀਤਇੰਦਰ ਕੌਰ ਮੈਂਬਰ ਪਿੰਗਲਵਾੜਾ, ਡਾ. ਨਿਰਮਲ ਸਿੰਘ ਮੈਂਬਰ ਪਿੰਗਲਵਾੜਾ ਸੋਸਾਇਟੀ, ਸ਼੍ਰੀ ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਰਜਿੰਦਰ ਸਿੰਘ ਪ੍ਰਸ਼ਾਸਕ ਮਾਨਾਂਵਾਲਾ, ਸ਼੍ਰੀ ਤਿਲਕ ਰਾਜ, ਗੁਰਨਾਇਬ ਸਿੰਘ, ਡਾ. ਇੰਦਰਜੀਤ ਕੌਰ (ਰੇਣੂੰ), ਤੇਜਿੰਦਰਭਾਨ ਸਿੰਘ ਬੇਦੀ, ਪ੍ਰੋ. ਕੁਲਦੀਪ ਸਿੰਘ, ਡਾ. ਪ੍ਰਭਜੀਤ ਕੌਰ, ਬੀਬੀ ਰਾਜਵਿੰਦਰ ਕੌਰ ਬਾਜਵਾ (ਰਿਟਾ.) ਇੰਸਪੈਕਟਰ, ਸਮਾਜ ਸੇਵਕ ਪਵਨ ਸ਼ਰਮਾ, ਸ੍. ਅਮਰਜੀਤ ਸਿੰਘ, ਗਿਆਨੀ ਕੇਵਲ ਸਿੰਘ, ਗਿਆਨੀ ਸੁਰਜੀਤ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਹਰਪਾਲ ਸਿੰਘ ਸੰਧੂ ਕੇਅਰ ਟੇਕਰ, ਗੁਲਸ਼ਨ ਰੰਜਨ ਮੈਡੀਕਲ ਸੋਸ਼ਲ ਵਰਕਰ, ਪਵਨ ਸ਼ਰਮਾ ਅਤੇ ਦਲਵਿੰਦਰ ਸਿੰਘ, ਸਕੂਲਾਂ ਦੇ ਪ੍ਰਿੰਸੀਪਲ, ਵਾਰਡ ਅਤੇ ਹੋਸਟਲ ਇੰਚਾਰਜ ਆਦਿ ਹਾਜ਼ਰ ਸਨ।

## ਅਸੀਂ ਉਸ 'ਰੰਗਲੇ ਪੰਜਾਬ' ਦਾ ਨਿਰਮਾਣ ਕਰ ਰਹੇ ਹਾਂ ਜਿਸ ਦਾ ਸਾਡੇ ਬੱਚੇ ਸੁਪਨਾ ਦੇਖਦੇ ਹਨ: ਸ਼ੈਰੀ ਕਲਸੀ



ਬਟਾਲਾ (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸਿੱਖਿਆ ਵਿੱਚ ਲਗਾਤਾਰ ਨਿਵੇਸ਼ ਨੇ ਸਰਕਾਰੀ ਸਕੂਲਾਂ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਹੈ ਅਤੇ ਬਿਹਤਰ ਬੁਨਿਆਦੀ ਢਾਂਚੇ, ਵਿਦੇਸ਼ਾਂ 'ਚ ਅਧਿਆਪਕਾਂ ਦੀ ਸਿਖਲਾਈ ਅਤੇ ਪੜ੍ਹਾਉਣ ਦੇ ਆਧੁਨਿਕ ਤਰੀਕਿਆਂ ਕਰਕੇ ਮਾਪਿਆਂ ਵਿੱਚ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ ਹੈ।ਉਨ੍ਹਾਂ ਦੱਸਿਆ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਹੇਠ ਪੰਜਾਬ ਦੇਸ਼ ਭਰ ਵਿੱਚ ਸਕੂਲੀ ਸਿੱਖਿਆ ਵਿੱਚ 27ਵੇਂ ਸਥਾਨ ਤੋਂ ਵੱਡੀ ਪੁਲਾਂਘ ਪੁੱਟ ਕੇ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ, ਜੋ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਇੱਕ ਸਿਹਤਮੰਦ, ਸਿੱਖਿਅਤ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦੀ ਉਨ੍ਹਾਂ ਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ ਸਾਡੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਲਈ ਕੁਆਲੀਫਾਈ ਕੀਤਾ ਹੈ ਜਦੋਂਕਿ 125 ਤੋਂ ਵੱਧ ਨੇ ਜੇਈਈ ਮੇਨਜ਼ ਦੀ ਪ੍ਰੀਖਿਆ ਪਾਸ ਕੀਤੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਅਸੀਂ ਉਸ ਰੰਗਲੇ ਪੰਜਾਬ ਦਾ ਨਿਰਮਾਣ ਕਰ ਰਹੇ ਹਾਂ ਜਿਸ ਦਾ ਸਾਡੇ ਬੱਚੇ ਸੁਪਨਾ ਦੇਖਦੇ ਹਨ।ਸੂਬਾ ਸਰਕਾਰ ਨੇ ਸਿੱਖਿਆ ਨੂੰ ਤਰਜੀਹ ਦਿੱਤੀ ਹੈ ਅਤੇ ਲੋਕਾਂ ਦੇ ਜੀਵਨ ਨੂੰ ਬਦਲਣ ਲਈ ਸਿੱਖਿਆ ਖੇਤਰ ਵਿੱਚ ਮਿਸਾਲੀ ਪਹਿਲਕਦਮੀਆਂ ਕੀਤੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਦੇ ਮਿਆਰ ਨੂੰ ਹੋਰ ਬਿਹਤਰ ਬਣਾਉਣ ਅਤੇ ਆਮ ਲੋਕਾਂ ਨੂੰ ਸਸ਼ਕਤ ਬਣਾਉਣ ਲਈ ਅਣਥੱਕ ਯਤਨ ਕਰ ਰਹੀ ਹੈ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ, ਰਾਜ ਸਰਕਾਰ ਨੇ ਅਧਿਆਪਕ ਸਿਖਲਾਈ, ਆਧੁਨਿਕ ਅਧਿਆਪਨ ਵਿਧੀਆਂ ਅਤੇ ਸਮਾਰਟ ਕਲਾਸਰੂਮਾਂ 'ਤੇ ਧਿਆਨ ਕੇਂਦਰਿਤ ਕੀਤਾ ਹੈ ਅਤੇ ਅੱਜ ਪੰਜਾਬ ਸਿਖਰ 'ਤੇ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਨੇ ਸਰਕਾਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮੀਟਿੰਗਾਂ ਦੀ ਵੀ ਅਗਵਾਈ ਕੀਤੀ ਹੈ, ਜਿਸ ਵਿੱਚ ਲਗਭਗ 24 ਲੱਖ ਮਾਪਿਆਂ ਦੀ ਸ਼ਮੂਲੀਅਤ ਦਰਜ ਕੀਤੀ ਗਈ। ਲਗਭਗ 20,000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਫ਼ਤ ਬੱਸ ਸੇਵਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚ 12000 ਕੁੜੀਆਂ ਸ਼ਾਮਲ ਹਨ।

## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਹੁੰ-ਚੁੱਕ ਪ੍ਰੋਗਰਾਮ ਕਰਵਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਮਹਿਤਾ ਚੌਂਕ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਦੇ ਉਦੇਸ਼ ਨਸ਼ਾ ਮੁਕਤੀ ਸਹੁੰ-ਚੁੱਕ ਪ੍ਰੋਗਰਾਮ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕਾਲਜ ਦੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਉਪਰੰਤ ਸਮੂਹ ਵਿਦਿਆਰਥੀਆਂ ਅਤੇ ਕਾਲਜ ਸਟਾਫ਼ ਨੇ ਪਰਮਾਤਮਾ ਨੂੰ ਹਾਜ਼ਰ-ਨਾਜ਼ਰ ਜਾਣ ਕੇ ਨਸ਼ਾ ਨਾ ਕਰਨ ਅਤੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਲਈ ਆਪਣਾ ਯੋਗਦਾਨ ਪਾਉਣ ਦੀ ਸਹੁੰ ਚੁੱਕੀ।ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦਾ ਨਸ਼ਿਆਂ ਤੋਂ ਦੂਰ ਰਹਿਣਾ ਹੀ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਨੀਂਹ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਵੀ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਇਸ ਬੁਰਾਈ ਤੋਂ ਬਚਣ ਲਈ ਜਾਗਰੂਕ ਕਰਨ।ਪ੍ਰੋਗਰਾਮ ਦੀ ਸਮਾਪਤੀ ਨਸ਼ਾ-ਮੁਕਤ ਪੰਜਾਬ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਦੇ ਸੰਕਲਪ ਨਾਲ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਨਵਨੀਤ ਕੌਰ, ਮਨਜੀਤ ਕੌਰ, ਗੁਰਵਿੰਦਰ ਕੌਰ, ਸੁਪ੍ਰੀਤ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਬਲਜੀਤ ਕੌਰ, ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ, ਰੁਪਿੰਦਰ ਕੌਰ, ਮਨਦੀਪ ਕੌਰ, ਗੁਰਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਹਾਜ਼ਰ ਸਨ ।

## ਸਰਕਾਰ ਤੇ ਪੁਲਸ ਦੀਆਂ ਧੱਕੇਸ਼ਾਹੀਆਂ ਤੋਂ ਲੋਕਾਂ ਨੂੰ ਜਲਦ ਮਿਲੇਗੀ ਨਿਜਾਤ : ਸੱਚਰ




ਮਜੀਠਾ (ਸੋਇਮ ਆਨੰਦ) ਸੀਨੀਅਰ ਕਾਂਗਰਸੀ ਆਗੂ ਅਤੇ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਸ਼ਹਿਰੀ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਦੀਪ ਸਿੰਘ ਸੋਨਾ ਦੇ ਗ੍ਰਹਿ ਵਿਖੇ ਮੀਟਿੰਗ ਕਰਨ ਉਪਰੰਤ ਗੱਲਬਾਤ ਕਰਦਿਆਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਸੂਬੇ ਵਿੱਚ ਲੋਕਤੰਤਰ ਦੀ ਥਾਂ ਡਰ ਅਤੇ ਦਹਿਸ਼ਤ ਦਾ ਮਾਹੌਲ ਬਣਾਇਆ ਜਾ ਰਿਹਾ ਹੈ।ਸਰਕਾਰ ਆਪਣੇ ਰਾਜਨੀਤਿਕ ਵਿਰੋਧੀਆਂ ਅਤੇ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਪੁਲਸ ਦੇ ਸਹਾਰੇ ਦਬਾਉਣ ਦੀ ਅਸਫਲ ਕੋਸ਼ਿਸ਼ ਕਰ ਰਹੀ ਹੈ, ਪਰ ਹੁਣ ਲੋਕ ਇਸ ਜ਼ੁਲਮ ਨੂੰ ਹੋਰ ਬਰਦਾਸ਼ਤ ਕਰਨ ਲਈ ਤਿਆਰ ਨਹੀਂ ਹਨ।ਸੱਚਰ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਦਾ ਰਾਜ ਨਹੀਂ, ਸਗੋਂ ਸਰਕਾਰ ਦੀ ਮਨਮਰਜ਼ੀ ਚੱਲ ਰਹੀ ਹੈ।ਝੂਠੇ ਪਰਚੇ ਦਰਜ ਕਰਵਾਉਣਾ, ਵਿਰੋਧੀ ਧਿਰ ਦੇ ਆਗੂਆਂ ਨੂੰ ਬੇਵਜ੍ਹਾ ਤੰਗ-ਪ੍ਰੇਸ਼ਾਨ ਕਰਨਾ ਅਤੇ ਪੁਲਸ ਨੂੰ ਸਿਆਸੀ ਹਥਿਆਰ ਵਜੋਂ ਵਰਤਣਾ ਇਸ ਸਰਕਾਰ ਦੀ ਪਹਿਚਾਣ ਬਣ ਚੁੱਕੀ ਹੈ।ਉਨ੍ਹਾਂ ਕਿਹਾ ਕਿ ਜਦੋਂ ਕਿਸਾਨ ਆਪਣੇ ਹੱਕਾਂ ਲਈ ਸੜਕਾਂ 'ਤੇ ਹਨ, ਨੌਜਵਾਨ ਰੁਜ਼ਗਾਰ ਲਈ ਦਰ-ਦਰ ਭਟਕ ਰਹੇ ਹਨ, ਵਪਾਰੀ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਅਤੇ ਨਸ਼ਾ ਮੁੜ ਪਿੰਡਾਂ ਤੇ ਸ਼ਹਿਰਾਂ ਵਿੱਚ ਆਪਣਾ ਜਾਲ ਫੈਲਾ ਰਿਹਾ ਹੈ, ਉਸ ਸਮੇਂ ਸਰਕਾਰ ਦਾ ਸਾਰਾ ਧਿਆਨ ਸਿਰਫ਼ ਰਾਜਨੀਤਿਕ ਬਦਲਾਖੋਰੀ 'ਤੇ ਕੇਂਦਰਿਤ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਇਨਸਾਫ਼ ਅਤੇ ਬਦਲਾਅ ਦੇ ਨਾਮ 'ਤੇ ਵੋਟਾਂ ਤਾਂ ਲੈ ਲਈਆਂ, ਪਰ ਅੱਜ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ।ਪੰਜਾਬ ਦੀ ਜਨਤਾ ਹੁਣ ਸਰਕਾਰ ਦੇ ਝੂਠੇ ਦਾਅਵਿਆਂ ਅਤੇ ਇਸ਼ਤਿਹਾਰਬਾਜ਼ੀ ਤੋਂ ਪ੍ਰਭਾਵਿਤ ਨਹੀਂ ਹੋਵੇਗੀ।ਲੋਕ ਹਰ ਧੱਕੇਸ਼ਾਹੀ ਦਾ ਜਵਾਬ ਲੋਕਤੰਤਰੀ ਤਰੀਕੇ ਨਾਲ ਦੇਣ ਲਈ ਤਿਆਰ ਬੈਠੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਅਜਿਹੀ ਸਰਕਾਰ ਬਣੇਗੀ ਜੋ ਬਦਲੇ ਦੀ ਨਹੀਂ, ਸਗੋਂ ਇਨਸਾਫ਼, ਪਾਰਦਰਸ਼ਤਾ ਅਤੇ ਲੋਕ-ਭਲਾਈ ਦੀ ਰਾਜਨੀਤੀ ਕਰੇਗੀ।ਅੰਤ ਵਿੱਚ ਸਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਇਸ ਸਰਕਾਰ ਅਤੇ ਇਸ ਦੀਆਂ ਕਥਿਤ ਪੁਲਿਸ ਧੱਕੇਸ਼ਾਹੀਆਂ ਤੋਂ ਜਲਦੀ ਨਿਜਾਤ ਹਾਸਲ ਕਰਨਗੇ।ਇਸ ਮੌਕੇ ਨਵਦੀਪ ਸਿੰਘ ਸੋਨਾ, ਨਵਤੇਜ ਪਾਲ ਸਿੰਘ ਸੋਹੀਆਂ, ਗੁਰਪਾਲ ਸਿੰਘ, ਗੁਰਦੀਪ ਸਿੰਘ, ਅਰਸ਼ਦੀਪ ਸਿੰਘ, ਜਤਿੰਦਰ ਸਿੰਘ, ਚਰਨਜੀਤ ਸਿੰਘ, ਯੂਥ ਕਾਂਗਰਸ ਦੇ ਪ੍ਰਧਾਨ ਲਾਡੀ ਮਜੀਠਾ, ਜਗਦੀਸ਼ ਸਿੰਘ, ਦਲਜੀਤ ਸਿੰਘ ਸ਼ਾਹ, ਪਰਮਜੀਤ ਸਿੰਘ, ਸੁਲੱਖਣ ਸਿੰਘ, ਡਾ. ਸੁਖਵਿੰਦਰ ਸਿੰਘ ਤੇ ਹੋਰ ਵੀ ਆਗੂ ਹਾਜ਼ਰ ਸਨ ।

## ਸੜਕ ਹਾਦਸਾ ਪੀੜਤਾਂ ਲਈ ਪੀ ਐੱਮ-ਰਾਹਤ ਯੋਜਨਾ ਤਹਿਤ 1.50 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ: ਸ਼ੰਕਰ ਸ਼ਰਮਾ



ਪਠਾਨਕੋਟ, (ਦਵਿੰਦਰ ਸਿੰਘ)-ਰਿਜਨਲ ਟਰਾਂਸਪੋਰਟ ਅਫ਼ਸਰ ਪਠਾਨਕੋਟ ਸ਼ੰਕਰ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਪੀੜਤਾਂ ਨੂੰ ਸਮੇਂ ਸਿਰ ਅਤੇ ਬਿਹਤਰ ਇਲਾਜ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪੀਐਮ-ਰਾਹਤ ਯੋਜਨਾ ਲਾਗੂ ਕੀਤੀ ਗਈ ਹੈ।ਇਸ ਯੋਜਨਾ ਤਹਿਤ ਸੜਕ ਹਾਦਸੇ ਦੇ ਹਰ ਪੀੜਤ ਨੂੰ ਵੱਧ ਤੋਂ ਵੱਧ 1.50 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਇਹ ਸਹੂਲਤ ਹਾਦਸੇ ਵਾਲੇ ਦਿਨ ਤੋਂ ਵੱਧ ਤੋਂ ਵੱਧ ਸੱਤ ਦਿਨਾਂ ਤੱਕ ਉਪਲਬਧ ਰਹਿੰਦੀ ਹੈ।ਹਾਦਸੇ ਤੋਂ ਬਾਅਦ ਪਹਿਲੇ 24 ਤੋਂ 48 ਘੰਟਿਆਂ ਦੇ ਮਹੱਤਵਪੂਰਨ ਸਮੇਂ (ਗੋਲਡਨ ਆਵਰ) ਦੌਰਾਨ ਹਸਪਤਾਲ ਵੱਲੋਂ ਤੁਰੰਤ ਇਲਾਜ ਯਕੀਨੀ ਬਣਾਇਆ ਜਾਂਦਾ ਹੈ ਤਾਂ ਜੋ ਜ਼ਖ਼ਮੀ ਦੀ ਜਾਨ ਬਚਾਈ ਜਾ ਸਕੇ।ਸ਼੍ਰੀ ਸ਼ਰਮਾ ਨੇ ਦੱਸਿਆ ਕਿ ਭਾਰਤ ਦੀਆਂ ਸੜਕਾਂ 'ਤੇ ਵਾਪਰਨ ਵਾਲੇ ਵਾਹਨ ਹਾਦਸਿਆਂ ਦੇ ਸਾਰੇ ਭਾਰਤੀ ਅਤੇ ਵਿਦੇਸ਼ੀ ਨਾਗਰਿਕ ਇਸ ਯੋਜਨਾ ਦਾ ਲਾਭ ਲੈ ਸਕਦੇ ਹਨ।ਇਸ ਲਈ ਵਾਹਨ ਦਾ ਬੀਮਾ ਹੋਣਾ ਲਾਜ਼ਮੀ ਨਹੀਂ ਹੈ।ਉਨ੍ਹਾਂ ਕਿਹਾ ਕਿ ਹਾਦਸੇ ਦੀ ਸਥਿਤੀ ਵਿੱਚ ਐਂਬੂਲੈਂਸ ਅਤੇ ਨੇੜਲੇ ਸੂਚੀਬੱਧ ਹਸਪਤਾਲ ਦੀ ਜਾਣਕਾਰੀ ਲਈ 112 ਐਮਰਜੈਂਸੀ ਹੈਲਪਲਾਈਨ 'ਤੇ ਸੰਪਰਕ ਕੀਤਾ ਜਾ ਸਕਦਾ ਹੈ।


## ਅਪਰੇਸ਼ਨ ਪ੍ਰਹਾਰ (4.0) ਤਹਿਤ 346 ਦੋਸ਼ੀ ਕਾਬੂ



ਬਟਾਲਾ, (ਡਾ. ਮਲਵਿੰਦਰ ਸਿੰਘ)-ਡਾ. ਮਹਿਤਾਬ ਸਿੰਘ, ਐੱਸਐੱਸਪੀ ਬਟਾਲਾ ਨੇ ਦੱਸਿਆ ਕਿ ਗੌਰਵ ਯਾਦਵ ਡਾਇਰੈਕਟਰ ਜਨਰਲ ਪੁਲਸ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਹਰਮਨਬੀਰ ਸਿੰਘ ਗਿੱਲ, ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਦੀ ਸੁਪਰਵੀਜ਼ਨ ਹੇਠ ਅਪਰੇਸ਼ਨ ਪ੍ਰਹਾਰ (4.0) ਤਹਿਤ ਬਟਾਲਾ ਪੁਲਸ ਵੱਲੋਂ ਗੈਂਗਸਟਰਵਾਦ, ਨਸ਼ਾ-ਤਸਕਰੀ, ਗੈਰ-ਕਾਨੂੰਨੀ ਹਥਿਆਰਾਂ ਅਤੇ ਅਪਰਾਧਿਕ ਗਤੀਵਿਧੀਆਂ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ ਜ਼ਿਲ੍ਹਾ ਪੁਲਸ ਵੱਲੋਂ ਵਿਸ਼ੇਸ਼ ਟੀਮਾਂ ਬਣਾ ਕੇ ਸ਼ੱਕੀ ਵਿਅਕਤੀਆਂ, ਲੋੜੀਂਦੇ ਮੁਲਜ਼ਮਾਂ, ਗੈਗਸਟਰਾਂ ਅਤੇ ਨਸ਼ਾ ਤਸਕਰਾਂ ਦੇ ਸਾਥੀਆਂ ਅਤੇ ਉਨ੍ਹਾਂ ਦੇ ਟਿਕਾਣਿਆਂ 'ਤੇ ਰੇਡ ਕੀਤੇ ਗਏ।ਇਸ ਤੋਂ ਇਲਾਵਾ ਸੰਵੇਦਨਸ਼ੀਲ ਖੇਤਰਾਂ ਦੀ ਘੇਰਾਬੰਦੀ ਕਰਕੇ ਉਨ੍ਹਾਂ ਇਲਾਕਿਆਂ ਦੀ ਸਰਚ ਕੀਤੀ ਗਈ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਆਪਰੇਸ਼ਨ ਦੌਰਾਨ ਕੁੱਲ 346 ਦੋਸ਼ੀ ਗ੍ਰਿਫਤਾਰ ਕੀਤੇ ਗਏ, ਹੀਨੀਅਸ ਕ੍ਰਾਈਮ ਦੇ 24 ਦੋਸ਼ੀ ਗ੍ਰਿਫਤਾਰ, ਪੀ.ਓ ਗ੍ਰਿਫਤਾਰ 9, ਜੁਰਮ ਰੋਕੂ ਕਾਰਵਾਈਆਂ 134, ਐੱਨ. ਡੀ. ਪੀ. ਐੱਸ. ਐਕਟ 83 ਦੋਸ਼ੀ, ਰਿਕਵਰੀ ਦੌਰਾਨ 604.5 ਗ੍ਰਾਮ ਹੈਰੋਇਨ, 160 ਗੋਲੀਆਂ, ਡਰੱਗ ਮਨੀ 35000 ਰੁਪਏ, ਨਾਜਾਇਜ਼ ਸ਼ਰਾਬ 98250 ਮਿਲੀਲੀਟਰ, ਲਾਹਣ 90 ਕਿਲੋ, ਸੋਨਾ 150 ਗ੍ਰਾਮ, 01 ਮੋਟਰਸਾਈਕਲ, 418 ਚਲਾਨ, ਵਾਹਨ ਜ਼ਬਤ 06 ਅਤੇ ਵਹੀਕਲ ਰਾਊਂਡ ਅੱਪ ਬੈਡ ਐਲੀਮੈਂਟ 75 ਕਾਬੂ ਕੀਤੇ ਗਏ। ਇਸ ਮੁਹਿੰਮ ਵਿੱਚ 04 ਐੱਸ.ਪੀ, 08 ਡੀ.ਐ.ਸਪੀ, ਐੱਨ.ਜੀ.ਓਜ 55, ਈਪੀਓਜ਼ 435 ਤਾਇਨਾਤ ਕੀਤੇ ਗਏ।

ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਬਟਾਲਾ ਪੁਲਸ ਸੰਗਠਿਤ ਅਪਰਾਧ, ਗੈਂਗਸਟਰਵਾਦ ਅਤੇ ਨਸ਼ਾ ਤਸਕਰੀ ਪ੍ਰਤੀ ਜ਼ੀਰੋ ਟੋਲਰੈਂਸ ਦੀ ਨੀਤੀ ਅਪਨਾ ਰਹੀ ਹੈ।ਉਨ੍ਹਾਂ ਕਿਹਾ ਕਿ ਬਟਾਲਾ ਪੁਲਸ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਅਪਰਾਧਿਕ ਗਤੀਵਿਧੀ ਬਾਰੇ ਤੁਰੰਤ ਨਜ਼ਦੀਕੀ ਪੁਲਸ ਥਾਣੇ ਜਾਂ ਪੁਲਸ ਹੈਲਪਲਾਈਨ ਤੇ ਸੂਚਨਾ ਦੇਣ।ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

## ਚੌਕੀਦਾਰਾਂ ਦੀਆਂ ਰੁਕੀਆਂ ਤਨਖਾਹਾਂ ਜਲਦ ਮਿਲਣਗੀਆਂ : ਭਰੋਵਾਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) ਭਾਰਤੀ ਜਨਤਾ ਪਾਰਟੀ ਦੇ ਖਡੂਰ ਸਾਹਿਬ ਵਿਧਾਨ ਸਭਾ ਹਲਕੇ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਨੇ ਹਲਕੇ ਦੇ ਪਿੰਡਾਂ ਵਿੱਚ ਸੇਵਾ ਨਿਭਾ ਰਹੇ ਚੌਕੀਦਾਰਾਂ ਦੀਆਂ ਲੰਬੇ ਸਮੇਂ ਤੋਂ ਰੁਕੀਆਂ ਤਨਖਾਹਾਂ ਦੇ ਮਸਲੇ ਨੂੰ ਗੰਭੀਰਤਾ ਨਾਲ ਉਠਾਉਂਦਿਆਂ ਤਹਿਸੀਲਦਾਰ ਕਰਨਬੀਰ ਸਿੰਘ ਖਡੂਰ ਸਾਹਿਬ ਨਾਲ ਸਾਥੀਆਂ ਭੁਪਿੰਦਰ ਸਿੰਘ ਟੀਟੂ, ਲਖਵਿੰਦਰ ਸਿੰਘ ਖਡੂਰ ਸਾਹਿਬ, ਠੇਕੇਦਾਰ ਸੁਖਜਿੰਦਰ ਸਿੰਘ, ਮਹਿੰਦਰ ਸਿੰਘ ਖਡੂਰ ਸਾਹਿਬ ਸਮੇਤ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਚੌਕੀਦਾਰਾਂ ਦੀ ਵਿਸਥਾਰਤ ਸੂਚੀ ਤਹਿਸੀਲਦਾਰ ਨੂੰ ਸੌਂਪੀ ਅਤੇ ਬਕਾਇਆ ਤਨਖਾਹਾਂ ਬਿਨਾਂ ਕਿਸੇ ਹੋਰ ਦੇਰੀ ਦੇ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ।ਭਰੋਵਾਲ ਨੇ ਕਿਹਾ ਕਿ ਚੌਕੀਦਾਰ ਪਿੰਡਾਂ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦੀ ਇੱਕ ਮਹੱਤਵਪੂਰਨ ਕੜੀ ਵਜੋਂ ਦਿਨ-ਰਾਤ ਆਪਣੀਆਂ ਸੇਵਾਵਾਂ ਨਿਭਾਉਂਦੇ ਹਨ।ਇਸ ਦੇ ਬਾਵਜੂਦ ਉਨ੍ਹਾਂ ਦੀਆਂ ਤਨਖਾਹਾਂ ਸਮੇਂ ਸਿਰ ਨਾ ਮਿਲਣ ਕਾਰਨ ਉਹ ਅਤੇ ਉਨ੍ਹਾਂ ਦੇ ਪਰਿਵਾਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮਿਹਨਤ ਕਰਨ ਵਾਲੇ ਕਿਸੇ ਵੀ ਕਰਮਚਾਰੀ ਨੂੰ ਆਪਣੀ ਹੱਕ ਦੀ ਤਨਖਾਹ ਲਈ ਦਫ਼ਤਰਾਂ ਦੇ ਚੱਕਰ ਲਗਾਉਣ ਲਈ ਮਜਬੂਰ ਨਹੀਂ ਹੋਣਾ ਚਾਹੀਦਾ। ਭਰੋਵਾਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਹਮੇਸ਼ਾ ਆਮ ਲੋਕਾਂ, ਕਰਮਚਾਰੀਆਂ ਅਤੇ ਮਜ਼ਦੂਰ ਵਰਗ ਦੇ ਹੱਕਾਂ ਦੀ ਆਵਾਜ਼ ਬਣੀ ਹੈ ਅਤੇ ਭਵਿੱਖ ਵਿੱਚ ਵੀ ਹਲਕੇ ਦੇ ਹਰ ਵਰਗ ਦੀਆਂ ਜਾਇਜ਼ ਮੰਗਾਂ ਨੂੰ ਪ੍ਰਸ਼ਾਸਨ ਅਤੇ ਸਰਕਾਰ ਅੱਗੇ ਪੂਰੀ ਮਜ਼ਬੂਤੀ ਨਾਲ ਉਠਾਇਆ ਜਾਂਦਾ ਰਹੇਗਾ। ਇਸ ਮੌਕੇ ਤਹਿਸੀਲਦਾਰ ਖਡੂਰ ਸਾਹਿਬ ਨੇ ਮਸਲੇ ਦੀ ਗੰਭੀਰਤਾ ਨੂੰ ਸਮਝਦਿਆਂ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਸੰਬੰਧਿਤ ਅਧਿਕਾਰੀ ਨੂੰ ਤੁਰੰਤ ਲੋੜੀਂਦੀਆਂ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਅਤੇ ਇੱਕ ਹਫ਼ਤੇ ਦੇ ਅੰਦਰ-ਅੰਦਰ ਸਾਰੇ ਯੋਗ ਚੌਕੀਦਾਰਾਂ ਦੀ ਬਕਾਇਆ ਤਨਖਾਹ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾ ਕਰਵਾ ਦਿੱਤੀ ਜਾਵੇਗੀ।ਇਸ ਮੌਕੇ ਚੌਕੀਦਾਰਾਂ ਨੇ ਰਮਨਦੀਪ ਸਿੰਘ ਭਰੋਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਨੂੰ ਗੰਭੀਰਤਾ ਨਾਲ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਨੂੰ ਇਨਸਾਫ਼ ਦਿਵਾਉਣ ਲਈ ਅਹਿਮ ਪਹਿਲ ਕੀਤੀ ਹੈ।ਉਨ੍ਹਾਂ ਨੇ ਉਮੀਦ ਜਤਾਈ ਕਿ ਪ੍ਰਸ਼ਾਸਨ ਆਪਣੇ ਭਰੋਸੇ ਅਨੁਸਾਰ ਜਲਦ ਹੀ ਉਨ੍ਹਾਂ ਦੀਆਂ ਰੁਕੀਆਂ ਤਨਖਾਹਾਂ ਜਾਰੀ ਕਰੇਗਾ।ਇਸ ਮੌਕੇ ਚੌਕੀਦਾਰ ਯੂਨੀਅਨ ਦੇ ਪ੍ਰਧਾਨ ਪਿਆਰਾ ਸਿੰਘ, ਸੀਨੀ ਮੀਤ ਪ੍ਰਧਾਨ ਗੁਰਦਿਆਲ ਸਿੰਘ, ਤਹਿਸੀਲ ਪ੍ਰਧਾਨ ਸਤਨਾਮ ਸਿੰਘ, ਕੁਲਵਿੰਦਰ ਸਿੰਘ, ਬਲਵੰਤ ਸਿੰਘ ਫਤਿਆਬਾਦ, ਕਰਮਸਿੰਘ ਵੇਈਂਪੂਈਂ, ਸੁੱਚਾ ਸਿੰਘ ਮੁੰਡਾਪਿੰਡ, ਅਮਰਜੀਤ ਸਿੰਘ ਜਾਮਾਰਾਏ, ਗੁਰਪਾਲ ਸਿੰਘ ਚੱਕਮਹਿਰ ਆਦਿ ਹਾਜ਼ਰ ਸਨ।

## ਸਰਕਾਰ ਦੀ ਧੱਕੇਸ਼ਾਹੀ ਵਿਰੁੱਧ ਅਧਿਆਪਕਾਂ ਵੱਲੋਂ ਚੰਡੀਗੜ੍ਹ 'ਚ ਰੈਲੀ 7 ਨੂੰ

ਛੇਹਰਟਾ, (ਮਨੋਜ ਕੁਮਾਰ) : ਗੌਰਮਿੰਟ ਸਕੂਲ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਵਡਾਲੀ ਤੇ ਸਕੱਤਰ ਰਕੇਸ਼ ਧਵਨ ਨੇ ਜਾਰੀ ਬਿਆਨ ਵਿਚ ਕਿਹਾ ਕਿ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਲਗਾਤਾਰ ਜਾਰੀ ਹਨ। ਮਾਣਯੋਗ ਹਾਈ ਕੋਰਟ ਦੇ ਡੀਏ ਸਬੰਧੀ ਮੁਲਾਜ਼ਮ ਪੱਖੀ ਫ਼ੈਸਲਾ ਆਉਣ ਤੋਂ ਬਾਅਦ ਵੀ ਸਰਕਾਰ ਖਜ਼ਾਨੇ 'ਤੇ ਬੋਝ ਵਾਲੇ ਬੇਤੁਕੇ ਬਿਆਨ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਫ਼ੈਸਲੇ ਵਿਰੁੱਧ ਸੁਪਰੀਮ ਕੋਰਟ ਵਿਚ ਜਾਣ ਦੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ।

ਆਗੂਆਂ ਕਿਹਾ ਕਿ ਜਦੋਂ ਸਰਕਾਰ ਦੀ ਮਸ਼ਹੂਰੀ ਕਰਨੀ ਹੁੰਦੀ ਹੈ, ਉਦੋਂ ਖ਼ਜ਼ਾਨੇ 'ਤੇ ਬੋਝ ਨਹੀਂ ਪੈਂਦਾ ਅਤੇ ਜਦੋਂ ਮੁਲਾਜ਼ਮਾਂ ਨੂੰ ਹੱਕ ਦੇਣੇ ਹੁੰਦੇ ਹਨ, ਉਦੋਂ ਖਜ਼ਾਨੇ 'ਤੇ ਬੋਝ ਦੀ ਗੱਲ ਕੀਤੀ ਜਾਂਦੀ ਹੈ। ਸਰਕਾਰ ਦੀ ਪੁਰਾਣੀ ਪੈਨਸ਼ਨ ਲਾਗੂ ਕਰਨ ਦੀ ਮਣਸ਼ਾ ਸ਼ੱਕੀ ਹੈ, ਕਿਉਂਕਿ ਇਕ ਝੂਠਾ ਜਿਹਾ ਨੋਟੀਫਿਕੇਸ਼ਨ ਕਰਨ ਤੋਂ ਬਾਅਦ ਵੀ ਨਾ ਤਾਂ ਮੁਲਾਜ਼ਮਾਂ ਦੇ ਜੀਪੀਐੱਫ ਖ਼ਾਤੇ ਖੋਲ੍ਹੇ ਗਏ ਹਨ ਤੇ ਨਾ ਹੀ ਜੀਪੀਐੱਫ ਫੰਡ ਕੱਟਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸਰਕਾਰ ਦੀਆਂ ਨੀਤੀਆਂ ਤੋਂ ਅੱਕਿਆ ਮੁਲਾਜ਼ਮ ਵਰਗ ਹੁਣ ਸੰਘਰਸ਼ ਦੇ ਰਾਹ 'ਤੇ ਹੈ ਤੇ ਸੱਤ ਅਗਸਤ ਨੂੰ ਚੰਡੀਗੜ੍ਹ ਦੀ ਦਾਣਾ ਮੰਡੀ ਰੈਲੀ ਵਿਚ ਸਰਕਾਰ ਦੀਆਂ ਧੱਕੇਸ਼ਾਹੀਆਂ ਦਾ ਢੁੱਕਵਾਂ ਜਵਾਬ ਦਿੱਤਾ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਦਿਨੇਸ਼ ਹੁਸ਼ਿਆਰ ਨਗਰ, ਸੁਖਚੈਨ ਸਿੰਘ, ਸ਼ਾਮ ਲਾਲ, ਵਰਿੰਦਰ ਕੋਹਾਲੀ, ਜਿੰਦਰ ਪਾਇਲਟ ਸੂਬਾ ਸਕੱਤਰ, ਕੁਲਦੀਪ ਸ਼ਰਮਾ, ਬਲਕਾਰ ਵਲਟੋਹਾ, ਹਰਦੇਵ ਭਕਨਾ, ਜਸਬੀਰ ਜਠੋਲ, ਮੀਤ ਪ੍ਰਧਾਨ ਭੁਪਿੰਦਰ ਵਡਾਲੀ, ਸੀਨੀਅਰ ਮੀਤ ਪ੍ਰਧਾਨ ਓਂਕਾਰ ਸਿੰਘ ਆਦਿ ਆਗੂ ਹਾਜ਼ਰ ਸਨ।


## ਸਖੀਰਾ ਵਿਖੇ ਕਿਰਤੀ ਕਿਸਾਨ ਯੂਨਿਟ ਦੀ ਚੋਣ ਹੋਈ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਤਰਨਤਾਰਨ ਵੱਲੋਂ ਨਜ਼ਦੀਕੀ ਪੈਂਦੇ ਪਿੰਡ ਸਖੀਰਾ ਵਿੱਚ ਕਿਸਾਨਾਂ ਦੀ ਭਰਵੀਂ ਮੀਟਿੰਗ ਹੋਈ।

ਇਸ ਮੀਟਿੰਗ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਨਛੱਤਰ ਸਿੰਘ ਪੰਨੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀ ਬਾਂਹ ਮਰੋੜ ਕੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨੇ ਮੁਕਤ ਵਪਾਰ ਸਮਝੌਤੇ 'ਤੇ ਦਸਤਖਤ ਕਰਵਾਏ ਹਨ।ਇਸ ਭਾਰਤ-ਅਮਰੀਕਾ ਵਪਾਰ ਸਮਝੌਤੇ ਨਾਲ ਸਾਡੀਆਂ ਫਸਲਾਂ ਮੰਡੀਆਂ ਵਿਚ ਰੁਲ ਜਾਣਗੀਆਂ ਅਤੇ ਅਮਰੀਕਾ ਦੀਆਂ ਚੀਜ਼ਾਂ ਸਸਤੇ ਭਾਅ ਵਿਕਣਗੀਆਂ।ਇਸ ਨਾਲ ਦੇਸ਼ ਦੇ ਕਿਸਾਨਾਂ ਦੀ ਫਸਲ ਦਾ ਵਧੀਆ ਭਾਅ ਨਹੀਂ ਲੱਗੇਗਾ ।ਉਨ੍ਹਾਂ ਕਿਹਾ ਕਿ ਇਹ ਮੁਕਤ ਵਪਾਰ ਸਮਝੌਤਾ ਕਿਸਾਨਾਂ ਦੀ ਮੌਤ ਦਾ ਵਾਰੰਟ ਹਨ ।ਇਸ ਲਈ ਇਹ ਮੁਕਤ ਵਪਾਰ ਸਮਝੌਤਾ ਰੱਦ ਕਰਨਾ ਚਾਹੀਦਾ ਹੈ।ਇਸ ਸਮੇਂ ਕਿਰਤੀ ਕਿਸਾਨ ਯੂਨਿਟ ਦੀ ਚੋਣ ਕੀਤੀ ਗਈ ਜਿਸ ਵਿਚ ਸਰਦਾਰਾ ਸਿੰਘ ਪ੍ਰਧਾਨ, ਜਗਵੰਤ ਸਿੰਘ ਮੀਤ ਪ੍ਰਧਾਨ, ਮਲਕੀਤ ਸਿੰਘ ਮੀਤ ਪ੍ਰਧਾਨ, ਗੁਰਜਿੰਦਰ ਸਿੰਘ ਸਕੱਤਰ, ਭੁਪਿੰਦਰ ਸਿੰਘ ਸਿੰਘ ਖਜ਼ਾਨਚੀ, ਬਲਵਿੰਦਰ ਸਿੰਘ ਪ੍ਰੈੱਸ ਸਕੱਤਰ, ਮੇਹਰ ਸਿੰਘ, ਮਨਜੀਤ ਸਿੰਘ ਭੋਲਾ, ਬਲਜੀਤ ਸਿੰਘ, ਦਵਿੰਦਰ ਸਿੰਘ, ਦਿਲਬਾਗ ਸਿੰਘ, ਅਮਨਦੀਪ ਸਿੰਘ, ਬਲਰਾਜ ਸਿੰਘ ਬੱਲੂ, ਕਰਮਜੀਤ ਸਿੰਘ, ਨਰਿੰਦਰ ਸਿੰਘ, ਸੁਲੱਖਣ ਸਿੰਘ,ਅਮਰ ਸਿੰਘ, ਗੁਰਚੈਨ ਸਿੰਘ, ਰੇਸ਼ਮ ਸਿੰਘ ਅਤੇ ਵਰਿਆਮ ਸਿੰਘ ਆਦਿ ਮੈਂਬਰ ਚੁਣੇ ਗਏ।

## ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਜੇਲ੍ਹ ਭਰੋ ਅੰਦੋਲਨ 10 ਨੂੰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਏਟਕ ਦੇ ਸੂਬਾਈ ਆਗੂ ਸਾਥੀ ਅਮਰਜੀਤ ਸਿੰਘ ਆਸਲ ਤੇ ਕਿਸਾਨ ਆਗੂ ਹਰਜੀਤ ਸਿੰਘ ਝੀਤਾ ਦੀ ਪ੍ਰਧਾਨਗੀ ਹੇਠ ਮੀਟਿੰਗ ਪੁਤਲੀਘਰ ਸਥਿਤ ਸੀਟੂ ਦਫ਼ਤਰ ਵਿਚ ਹੋਈ।

ਮੀਟਿੰਗ ਦੇ ਫ਼ੈਸਲੇ ਜ਼ਾਰੀ ਕਰਦਿਆਂ ਸੀਟੂ ਆਗੂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦਸਿਆ ਕਿ ਘੱਟੋ-ਘੱਟ ਉਜਰਤ 26 ਹਜ਼ਾਰ ਰੁਪਏ ਕਰਵਾਉਣ, ਪੁਰਾਣੀ ਪੈਨਸ਼ਨ ਬਹਾਲੀ, ਕਿਸਾਨਾਂ-ਮਜ਼ਦੂਰਾਂ ਵਿਰੁੱਧ ਕਾਲੇ ਕਾਨੂੰਨ ਰੱਦ ਕਰਵਾਉਣ, ਮਨਰੇਗਾ ਕਾਨੂੰਨ ਮੁੜ ਬਹਾਲ ਕਰਵਾਉਣ, ਕਿਸਾਨਾਂ-ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਤੇ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ 10 ਅਗਸਤ ਨੂੰ ਡੀਸੀ ਦਫ਼ਤਰ ਅੰਮ੍ਰਿਤਸਰ ਸਾਹਮਣੇ ਕਿਸਾਨ ਤੇ ਮਜ਼ਦੂਰ ਵਿਸ਼ਾਲ ਰੈਲੀ ਕਰਕੇ ਆਪਣੇ-ਆਪ ਨੂੰ ਗ੍ਰਿਫ਼ਤਾਰੀਆਂ ਲਈ ਪੇਸ਼ ਕਰਨਗੇ।

ਉਨ੍ਹਾਂ ਦੱਸਿਆ ਕਿ ਇਸ ਰੈਲੀ ਵਿਚ ਕਿਸਾਨ, ਮਜ਼ਦੂਰ, ਆਂਗਨਵਾੜੀ ਤੇ ਆਸ਼ਾ ਵਰਕਰ, ਮਿਡ ਡੇ ਮੀਲ ਤੇ ਮਨਰੇਗਾ ਵਰਕਰ, ਕੱਚੇ ਮੁਲਾਜ਼ਮ, ਨਗਰ ਨਿਗਮ ਮੁਲਾਜ਼ਮ ਵੱਡੀ ਗਿਣਤੀ ਵਿਚ ਕਾਫ਼ਲਿਆਂ ਦੇ ਰੂਪ ਵਿਚ ਪੁੱਜਣਗੇ। ਮੀਟਿੰਗ ਵਿਚ ਰਤਨ ਸਿੰਘ ਰੰਧਾਵਾ, ਬਲਬੀਰ ਸਿੰਘ ਮੂਧਲ, ਰਣਜੀਤ ਬੱਲ, ਸਵਿੰਦਰ ਸਿੰਘ ਮੀਰਾਂਕੋਟ, ਜਗਤਾਰ ਸਿੰਘ ਕਰਮਪੁਰਾ, ਸ਼ਮਸ਼ੇਰ ਹੇਰ, ਭੁਪਿੰਦਰ ਸਿੰਘ, ਚਰਨਜੀਤ ਸਿੰਘ ਮਜੀਠਾ, ਕਿਰਪਾ ਰਾਮ, ਵਿਜੈ ਕੁਮਾਰ ਤੇ ਅਮਰਜੀਤ ਸਿੰਘ ਪਨੂੰ ਰਣੀਕੇ ਸ਼ਾਮਲ ਹੋਏ। ਬੁਲਾਰਿਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤਿਆਂ ਤੇ ਸੰਘਰਸ਼ ਕਰਦੇ ਲੋਕਾਂ 'ਤੇ ਤਸ਼ੱਦਦ ਦੀ ਨਿਖੇਧੀ ਕਰਦਿਆਂ ਘੋਲ ਦੌਰਾਨ ਪੁਲਿਸ ਵੱਲੋਂ ਕੀਤੇ ਪਰਚੇ ਰੱਦ ਕਰਨ ਦੀ ਮੰਗ ਕੀਤੀ।

## 25 ਲੋੜਵੰਦ ਪਰਵਾਰਾਂ ਨੂੰ ਕੱਚੇ ਘਰਾਂ ਨੂੰ ਪੱਕੇ ਕਰਨ ਲਈ ਰਾਸ਼ੀ ਜਾਰੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਨਗਰ ਕੌਂਸਲ ਕਾਦੀਆਂ ਵੱਲੋਂ ਲੋੜਵੰਦ 25 ਦੇ ਕਰੀਬ ਲਾਭਪਾਤਰੀ ਪਰਿਵਾਰਾਂ ਨੂੰ ਵੱਡੀ ਰਾਹਤ ਦਿੱਤੀ ਗਈ, ਜਿਨ੍ਹਾਂ ਦੇ ਕੱਚੇ ਘਰਾਂ ਦੀਆਂ ਕਿਸ਼ਤਾਂ ਲੰਬੇ ਸਮੇਂ ਤੋਂ ਬਕਾਇਆ ਸਨ।ਇਸ ਸਬੰਧੀ ਨਗਰ ਕੌਂਸਲ ਦੀ ਪ੍ਰਧਾਨ ਪਲਵਿੰਦਰ ਕੌਰ ਮਾਹਲ ਦੇ ਪਤੀ ਸਰਬਜੀਤ ਸਿੰਘ ਮਾਹਲ ਅਤੇ ਵਾਈਸ ਪ੍ਰਧਾਨ ਨੀਟਾ ਮਾਹਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਯੋਗ ਲਾਭਪਾਤਰੀਆਂ ਨੂੰ ਅੱਜ ਦੋ-ਦੋ ਕਿਸ਼ਤਾਂ ਜਾਰੀ ਕਰਵਾਈਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਹਰੇਕ ਪਰਿਵਾਰ ਨੂੰ ਕੁੱਲ 1,00,000 ਦੀ ਰਾਸ਼ੀ ਮਿਲੇਗੀ ਤਾਂ ਜੋ ਉਹ ਆਪਣੇ ਪੱਕੇ ਘਰ ਦਾ ਸੁਪਨਾ ਸਾਕਾਰ ਕਰ ਸਕਣ।ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਘਰ ਅਜੇ ਵੀ ਕੱਚੇ ਹਨ, ਉਹ ਹਾਊਸਿੰਗ ਫਾਰ ਆਲ ਸਕੀਮ ਦੀਆਂ ਫਾਈਲਾਂ ਭਰ ਕੇ ਨਗਰ ਕੌਂਸਲ ਦਫ਼ਤਰ ਕਮੇਟੀ ਘਰ ਵਿੱਚ ਜਮ੍ਹਾ ਕਰਵਾਉਣ ਅਤੇ ਸਰਕਾਰ ਦੀ ਇਸ ਲੋਕ ਭਲਾਈ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ।ਉਨ੍ਹਾਂ ਸ਼ਹਿਰ ਅੰਦਰ ਗੰਦੇ ਪਾਣੀ ਦੀ ਸਮੱਸਿਆਂ ਨੂੰ ਇੱਕ ਹਫ਼ਤੇ ਵਿੱਚ ਹੱਲ ਕਰਨ ਤੋਂ ਇਲਾਵਾ ਨੀਵੀਆਂ ਪੁਲੀਆਂ ਨੂੰ ਉਚਾ ਕਰਨ, ਬੰਦ ਪਈਆ ਸਟਰੀਟ ਲਾਈਟਾਂ ਨੂੰ ਠੀਕ ਕਰਨ ਦਾ ਵੀ ਦਿੱਤਾ ਭਰੋਸਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮਲਜੀਤ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ।ਖੇਤੀਬਾੜੀ ਤੇ ਜੰਗਲਾਤ ਵਿਭਾਗ ਕਾਦੀਆਂ ਨੇ ਸਾਂਝੇ ਤੌਰ 'ਤੇ ਲਾਇਆ ਕੈਂਪ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਖੇਤੀਬਾੜੀ ਦਫਤਰ ਕਾਦੀਆਂ ਤੇ ਜੰਗਲਾਤ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਖੇਤੀਬਾੜੀ ਦਫਤਰ ਕਾਦੀਆਂ ਵਿਖੇ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਖੇਤੀਬਾੜੀ ਦਫਤਰ ਕਾਦੀਆਂ ਦੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨ ਕਿਸਾਨ ਵੀਰਾਂ ਨੂੰ ਸਰਕਾਰ ਵੱਲੋਂ ਨਿਕਲੀ ਸਬਸਿਡੀ ਮੁਹੱਈਆ ਕਰਵਾਈ ਗਈ ਜਿਸ ਵਿੱਚ ਸੁਪਰ ਸੀਡਰ ਅਤੇ ਕਈ ਤਰ੍ਹਾਂ ਦੀ ਮਸ਼ੀਨਰੀ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਅਤੇ ਜੰਗਲਾਤ ਵਿਭਾਗ ਕਾਦੀਆਂ ਵੱਲੋਂ ਕਿਸਾਨਾਂ ਨੂੰ ਫਲਦਾਰ ਬੂਟਿਆਂ ਦੀ ਵੰਡ ਕੀਤੀ ਗਈ, ਨਾਲ ਹੀ ਕਿਸਾਨਾਂ ਨੇ ਆਪਣੇ ਸੁਪਰਸੀਡਰ ਵੈਰੀਫਾਈ ਕਰਾਏ ਅਤੇ ਨਾਲ ਹੀ ਫਲਦਾਰ ਬੂਟੇ ਆਪਣੇ ਘਰਾਂ ਨੂੰ ਲੈ ਕੇ ਗਏ ।ਹਰ ਮਨੁੱਖ ਲਾਵੇ ਰੁੱਖ ਵਾਲੀ ਗੱਲ ਅੱਜ ਦੇ ਯੁੱਗ ਵਿੱਚ ਬਹੁਤ ਹੀ ਸੱਚੀ ਗੱਲ ਹੋਈ ਕਿਉਂਕਿ ਜੇ ਆਪਾਂ ਰੁੱਖ ਲਾਵਾਂਗੇ ਤਾਂ ਹੀ ਸਾਡੀਆਂ ਆਉਣ ਵਾਲੀਆਂ ਨਸਲਾਂ ਸੌਖਾ ਸਾਹ ਲੈਣਗੀਆਂ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਵੱਧ ਤੋਂ ਵੱਧ ਆਪਣੇ ਆਲੇ ਦੁਆਲੇ ਬੂਟੇ ਲਗਾਉਣ ਤਾਂ ਜੋ ਵਾਤਾਵਰਨ ਨੂੰ ਸਾਫ ਸੁਥਰਾ ਰੱਖਿਆ ਜਾ ਸਕੇ ।ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਹਰਪ੍ਰੀਤ ਸਿੰਘ ਬੋਪਾਰਾਏ, ਖੇਤੀਬਾੜੀ ਵਿਸਥਾਰ ਅਫਸਰ ਮਨਪ੍ਰੀਤ ਸਿੰਘ, ਖੇਤੀਬਾੜੀ ਇੰਸਪੈਕਟਰ ਨਵਜੋਤ ਕੌਰ, ਜੰਗਲਾਤ ਵਿਭਾਗ ਤੋਂ ਆਏ ਹੋਏ ਅਫਸਰ ਜਤਿੰਦਰ ਸਿੰਘ, ਅਮਰਜੀਤ ਸਿੰਘ ਅਤੇ ਉਨ੍ਹਾਂ ਦਾ ਸਟਾਫ ਅਤੇ ਉਚੇਚੇ ਤੌਰ 'ਤੇ ਸਾਡੇ ਵਿਚਕਾਰ ਇੰਜੀਨੀਅਰਿੰਗ ਵਿਭਾਗ ਤੋਂ ਆਏ ਜੂਨੀਅਰ ਟੈਕਨੀਸ਼ੀਅਨ ਹਰਜੀਤ ਸਿੰਘ, ਸ਼ਰਨਜੀਤ ਸਿੰਘ, ਹਰਜਿੰਦਰ ਸਿੰਘ, ਹਰਵਿੰਦਰ ਸਿੰਘ ਅਤੇ ਕਿਸਾਨ ਵੀਰ ਹਾਜ਼ਰ ਸਨ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਹਰਜੋਤ ਬੈਂਸ ਦੇ ਘਰ ਦਾ ਘਿਰਾਓ 12 ਨੂੰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਬਲਾਕ ਪ੍ਰਧਾਨ ਹਰਬੰਸ ਕੌਰ ਨੇ ਦੱਸਿਆ ਕਿ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਜਥੇਬੰਦੀ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਦੇ ਤਹਿਤ ਕੈਬਨਿਟ ਮੰਤਰੀ ਹਰਜੋਤ ਬੈਂਸ ਦੇ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਵਿੱਚ ਆਂਗਣਵਾੜੀ ਵਰਕਰ ਹੈਲਪਰ ਵੱਡੀ ਗਿਣਤੀ ਵਿੱਚ ਭਾਗ ਲੈਣਗੀਆਂ। [illegible]



## ਡਾਕਘਰ 10 ਦਿਨਾਂ ਵਿੱਚ ਚਾਲੂ ਨਾ ਕੀਤਾ ਤਾਂ ਘਿਰਾਓ ਕਰਾਂਗੇ : ਅਜੀਤ ਸਿੰਘ

**ਟਾਂਡਾ ਉੜਮੁੜ (ਮਿਸ਼ਲੇਸ਼ ਗਰਗ, ਜਸਵਿੰਦਰ ਸੰਧੂ)**- [illegible]



## ਹਰ ਪਿੰਡ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ : ਲੋਹਟੀਆ

**ਫਿਲੌਰ (ਨਿਰਮਲ)**- [illegible]



## ਜਨਮ ਦਿਨ ਮੁਬਾਰਕ



ਜਸਮੀਰਾ ਸਪਰਾ



ਸੀਰਤ ਕੌਰ ਦੁਧਾਲ ਪੁਰ



ਜਸਕਰਨ ਸਿੰਘ ਲਹਿਰਾ ਮੁਹੱਬਤ



ਏਕਮਜੋਤ ਸਿੰਘ ਮੋਮੀ ਮੂਨਕ ਖੁਰਦ

## ਗਿਲਜੀਆਂ ਨੇ ਪਿੰਡ ਵਾਸੀਆਂ ਨੂੰ ਕਾਂਗਰਸ ਦੇ ਹੱਕ 'ਚ ਕੀਤਾ ਲਾਮਬੰਦ

**ਅੱਡਾ ਸਰਾਂ (ਜਸਵੀਰ ਕਾਜਲ)**- [illegible]



[illegible] ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਪਾਰਟੀ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕ ਹਿੱਤਾਂ ਅਤੇ ਵਿਕਾਸ ਦੀ ਰਾਜਨੀਤੀ ਕਰਦੀ ਆਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਅਤੇ ਪੰਜਾਬ ਦੀ ਤਰੱਕੀ ਲਈ ਲੋਕਾਂ ਨੂੰ ਮੁੜ ਕਾਂਗਰਸ ਦੀ ਵਿਚਾਰਧਾਰਾ ਨਾਲ ਜੁੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਪਾਰਟੀ ਨੂੰ [illegible] ਸਿੰਘ, ਕੁਲਦੀਪ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਬਾਬਾ ਨੰਦ ਸਿੰਘ, ਨੰਬਰਦਾਰ ਹਰਦਿਆਲ ਸਿੰਘ, ਪ੍ਰਕਾਸ਼ ਸਿੰਘ, ਅਮਰੀਕ ਸਿੰਘ, ਬੂਟਾ ਸਿੰਘ, ਪਰਮਿੰਦਰ ਕੌਰ, ਬਲਾਕ ਸੰਮਤੀ ਮੈਂਬਰ ਅਮਰਜੀਤ ਕੌਰ, ਬੀਬੀ ਪਰਮਜੀਤ ਕੌਰ, ਕੈਪਟਨ ਕਰਮ ਸਿੰਘ, ਹਰਨਾਮ ਸਿੰਘ, ਜਗੀਰ ਸਿੰਘ, ਚਾਨਣ ਸਿੰਘ, ਦਿਆਲ ਸਿੰਘ, ਕਮਲਪ੍ਰੀਤ ਸਿੰਘ, ਗੁਰਜਿੰਦਰ ਸਿੰਘ, ਹਰਦੀਪ ਸਿੰਘ, ਸੋਢੀ, ਭਜਨ ਸਿੰਘ ਫੌਜੀ ਆਦਿ ਮੌਜੂਦ ਸਨ।

## ਪ੍ਰਸ਼ਾਸਨ ਨੇ ਵਪਾਰੀ ਵਰਗ ਦੀਆਂ 290 ਸ਼ਿਕਾਇਤਾਂ ਦਾ ਕੀਤਾ ਨਿਪਟਾਰਾ

**ਜਲੰਧਰ (ਸ਼ੈਲੀ ਐਲਬਰਟ)**- [illegible] www.punjabdisewa.com [illegible]



[illegible] ਤੇ ਹਲਕਾ ਪੱਧਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਪਾਵਰਕਾਮ, ਨਗਰ ਨਿਗਮ, ਪੁਲਿਸ, ਟੈਕਸ ਅਤੇ ਐਕਸਾਈਜ਼ ਸਮੇਤ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਕਰੀਬ 290 ਸ਼ਿਕਾਇਤਾਂ ਦਾ ਹੱਲ ਯਕੀਨੀ ਬਣਾਇਆ ਗਿਆ ਹੈ। ਪੰਜਾਬ ਸਰਕਾਰ ਵੱਲੋਂ [illegible] ਮੀਟਿੰਗਾਂ ਵੀ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਢੁੱਕਵਾਂ ਹੱਲ ਕਰਕੇ ਉਨ੍ਹਾਂ ਨੂੰ ਹੋਰ ਬਿਹਤਰ ਢੰਗ ਨਾਲ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਬਿਹਤਰ ਆਪਸੀ ਤਾਲਮੇਲ ਨਾਲ ਵਪਾਰੀ ਵਰਗ ਦੇ ਮੁੱਦਿਆਂ ਦਾ ਹੱਲ ਕੀਤਾ ਜਾਵੇ।

## ਪਹਿਲਵਾਨ ਲੈਹਿੰਬਰ ਨੇ ਟੁੱਟੀ ਗੰਡੀ...



**ਸ਼ਾਹਕੋਟ (ਅਮਨਦੀਪ ਸੈਦਪੁਰੀ)**- [illegible] ਮੇਹਰ ਦੀਨ ਦੇ ਅਖਾੜੇ ਪਹੁੰਚੇ ਸਨ। ਦੇਰ ਬਾਅਦ ਆਖੜੇ ਵਿੱਚ ਆਉਣ ਲਈ ਉਹ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਨਿੱਜੀ ਸਹਾਇਕ ਸੋਨੂੰ ਕੰਗ ਨੂੰ ਵਿਸ਼ੇਸ਼ ਤੌਰ 'ਤੇ ਨਾਲ ਲੈ ਕੇ ਆਏ। ਰੁਸਤਮ-ਏ-ਹਿੰਦ ਪਹਿਲਵਾਨ ਮੇਹਰ ਦੀਨ ਦੇ ਫ਼ਰਜ਼ੰਦ ਪੰਜਾਬ ਕੇਸਰੀ ਪਹਿਲਵਾਨ ਅਬਦੁਲ ਮਜੀਦ (ਮਜੀਦਾ ਪਹਿਲਵਾਨ) ਅਖਾੜੇ ਵਿੱਚ [illegible] ਬਣਾਉਣ ਵਿੱਚ ਸੋਨੂੰ ਕੰਗ ਦਾ ਵਿਸ਼ੇਸ਼ ਯੋਗਦਾਨ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਸੱਤਾ ਟਰਾਂਸਪੋਰਟ, ਬੰਟੀ ਬੱਠਲਾ ਪ੍ਰਧਾਨ ਵਾਤਾਵਰਣ ਸੁਧਾਰ ਸੁਸਾਇਟੀ ਸ਼ਾਹਕੋਟ, ਰੋਮੀ ਗਿੱਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਡਾ ਰਾਜੇਸ਼ ਚੌਹਾਨ, ਸਾਬਾ ਪੰਡਿਤ, ਅਮਨਦੀਪ ਸੈਦਪੁਰੀ, ਜੱਸਾ ਨਾਹਰ ਆਦਿ ਮੌਜੂਦ ਸਨ।

## ਕਾਮਨਵੈਲਥ ਤਮਗਾ ਜੇਤੂਆਂ ਦਾ ਹੋਵੇਗਾ ਸਨਮਾਨ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਮਨਵੈਲਥ ਖੇਡਾਂ ਵਿੱਚ ਤਗ਼ਮੇ ਜਿੱਤਣ ਵਾਲੇ ਜੇਤੂਆਂ ਦੇ ਸਨਮਾਨ ਵਿੱਚ ਜਲਦੀ ਹੀ ਸਮਾਰੋਹ ਦਾ ਆਯੋਜਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਹਰਿਆਣਾ ਦੀ ਖੇਡ ਨੀਤੀ ਦਾ ਹੀ ਇਹ ਨਤੀਜਾ ਹੈ ਕਿ ਇੰਨੇ ਤਗ਼ਮੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 2 ਹਜ਼ਾਰ ਤੋਂ ਵੱਧ ਖੇਡ ਨਰਸਰੀਆਂ ਚੱਲ ਰਹੀਆਂ ਹਨ। ਜ਼ਮੀਨੀ ਪੱਧਰ ਤੋਂ ਹੀ ਬੱਚੇ ਨੂੰ ਤਿਆਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਤਗ਼ਮਾ ਜੇਤੂਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਦੀ ਨੀਤੀ ਸਪੱਸ਼ਟ ਹੈ ਕਿ ਭ੍ਰਿਸ਼ਟਾਚਾਰ ਦੇ ਕਿਸੇ ਵੀ ਮਾਮਲੇ ਵਿੱਚ ਸ਼ਾਮਲ ਅਧਿਕਾਰੀ ਅਤੇ ਕਰਮਚਾਰੀ ਨੂੰ ਉਸ ਜ਼ਿਲ੍ਹੇ ਵਿੱਚ ਅਤੇ ਉਸੇ ਅਹੁਦੇ 'ਤੇ ਪੋਸਟਿੰਗ ਨਹੀਂ ਦਿੱਤੀ ਜਾਵੇਗੀ।ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਸਖ਼ਤ ਕਾਰਵਾਈ ਕਰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਜਿਹੇ ਮਾਮਲਿਆਂ ਤੇ ਜ਼ੀਰੋ ਟਾਲਰੈਂਸ ਦੀ ਨੀਤੀ ਨਾਲ ਕੰਮ ਕਰ ਰਹੀ ਹੈ।

## ਵਿਧਾਨ ਸਭਾ 'ਚ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਈ-20 ਦੇ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)** ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕੇਂਦਰ ਸਰਕਾਰ ਦੀ ਈ 20 ਨੀਤੀ ਨੂੰ ਲੈ ਕੇ ਗੰਭੀਰ ਚਿੰਤਾਵਾਂ ਜ਼ਾਹਰ ਕੀਤੀਆਂ। ਸਦਨ ਵਿੱਚ ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਇਸ ਨੀਤੀ ਦਾ ਸਿੱਧਾ ਪ੍ਰਭਾਵ ਆਮ ਖਪਤਕਾਰਾਂ, ਕਿਸਾਨਾਂ, ਜਲ ਸਰੋਤਾਂ ਅਤੇ ਆਟੋਮੋਬਾਈਲ ਉਦਯੋਗ 'ਤੇ ਪੈ ਸਕਦਾ ਹੈ। ਇਸ ਲਈ ਸਰਕਾਰ ਨੂੰ ਇਸ ਨਾਲ ਜੁੜੇ ਹਰ ਪੱਖ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਜਦੋਂ ਲੋਕਾਂ ਨੇ ਈ 20 ਨੂੰ ਲੈ ਕੇ ਆਪਣੀਆਂ ਚਿੰਤਾਵਾਂ ਪ੍ਰਗਟ ਕੀਤੀਆਂ ਤਾਂ ਸਰਕਾਰ ਨੇ ਇਸ ਮੁੱਦੇ ਨੂੰ ਗੰਭੀਰਤਾ ਨਾਲ ਲੈਣ ਦੀ ਬਜਾਏ ਲੋਕਾਂ ਦਾ ਧਿਆਨ ਹੋਰ ਪਾਸੇ ਮੋੜਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਜਦੋਂ ਲੋਕਾਂ ਦੀ ਆਵਾਜ਼ ਨਹੀਂ ਸੁਣੀ ਗਈ ਤਾਂ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਖੁਦ ਇਸ ਮੁੱਦੇ ਨੂੰ ਆਪਣੇ ਹੱਥ ਵਿੱਚ ਲਿਆ ਅਤੇ ਇਸ ਨੂੰ ਦੇਸ਼ ਪੱਧਰ 'ਤੇ ਲੋਕਾਂ ਤੱਕ



ਪਹੁੰਚਾਇਆ। ਉਨ੍ਹਾਂ ਸਦਨ ਨੂੰ ਜਾਣਕਾਰੀ ਦਿੱਤੀ ਕਿ 520 ਦੇ ਵਿਰੋਧ ਵਿੱਚ ਦੇਸ਼ ਭਰ ਵਿੱਚ ਰਾਸ਼ਟਰੀ ਟਾਊਨਹਾਲ ਮੁਹਿੰਮ ਚਲਾਈ ਗਈ, ਜਿਸ ਦੌਰਾਨ 2 ਲੱਖ ਤੋਂ ਵੱਧ ਲੋਕਾਂ ਨੇ ਪਟੀਸ਼ਨਾਂ 'ਤੇ ਦਸਤਖ਼ਤ ਕੀਤੇ, ਜਦਕਿ 7 ਲੱਖ ਤੋਂ ਵੱਧ ਲੋਕਾਂ ਨੇ ਟਾਊਨਹਾਲ ਦੀ ਲਾਈਵ ਸਟ੍ਰੀਮ ਰਾਹੀਂ ਸ਼ਮੂਲੀਅਤ ਕੀਤੀ। ਉਨ੍ਹਾਂ ਕਿਹਾ ਕਿ ਇਹ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਇਹ ਸਿਰਫ਼ ਇੱਕ ਰਾਜ ਦਾ ਨਹੀਂ, ਸਗੋਂ ਪੂਰੇ ਦੇਸ਼ ਨਾਲ ਜੁੜਿਆ ਮਹੱਤਵਪੂਰਨ ਮੁੱਦਾ ਹੈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਸਰਕਾਰ ਨੇ ਈ20 ਲਾਗੂ ਕਰਨ ਦਾ ਕਾਰਨ ਪੈਟਰੋਲ ਸਸਤਾ ਹੋਣਾ ਦੱਸਿਆ ਸੀ, ਪਰ ਲੋਕਾਂ ਨੂੰ ਇਸ ਦਾ ਕੋਈ ਲਾਭ ਨਹੀਂ ਮਿਲਿਆ। ਉਨ੍ਹਾਂ ਚਿੰਤਾ ਜਤਾਈ ਕਿ ਈ20 ਪੈਟਰੋਲ ਉਨ੍ਹਾਂ ਵਾਹਨਾਂ ਲਈ ਨੁਕਸਾਨਦੇਹ ਸਾਬਤ ਹੋ ਸਕਦਾ ਹੈ ਜੋ ਇਸ ਅਨੁਸਾਰ ਤਿਆਰ ਨਹੀਂ ਕੀਤੇ ਗਏ, ਜਿਸ ਨਾਲ ਕਰੋੜਾਂ ਵਾਹਨ ਮਾਲਕਾਂ ਲਈ ਮੁਸ਼ਕਲਾਂ ਖੜ੍ਹੀਆਂ ਹੋ ਸਕਦੀਆਂ ਹਨ। ਡਾ. ਇਸ਼ਾਂਕ ਕੁਮਾਰ ਨੇ ਇਹ ਵੀ ਕਿਹਾ ਕਿ ਸਰਕਾਰ ਨੇ ਆਟੋਮੋਬਾਈਲ ਉਦਯੋਗ ਨੂੰ 520 ਅਨੁਕੂਲ ਬਣਨ ਲਈ ਲੋੜੀਂਦਾ ਸਮਾਂ ਨਹੀਂ ਦਿੱਤਾ। ਇਸ ਕਾਰਨ ਪੁਰਾਣੇ ਵਾਹਨਾਂ ਦੇ ਭਵਿੱਖ ਨੂੰ ਲੈ ਕੇ ਅਨਿਸ਼ਚਿਤਤਾ ਪੈਦਾ ਹੋ ਗਈ ਹੈ ਅਤੇ ਇਸ ਨਾਲ ਖਪਤਕਾਰਾਂ ਦੇ ਨਾਲ-ਨਾਲ ਆਟੋਮੋਬਾਈਲ ਉਦਯੋਗ ਨੂੰ ਵੀ ਆਰਥਿਕ ਨੁਕਸਾਨ ਝੱਲਣਾ ਪੈ ਸਕਦਾ ਹੈ।

## ਚੋਰ ਟਿਊਬਵੈੱਲ ਦੀਆਂ ਤਾਰਾਂ ਚੋਰੀ ਕਰਕੇ ਫਰਾਰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਵਿਖੇ ਅਣਪਛਾਤੇ ਚੋਰਾਂ ਨੇ ਸਰਕਾਰੀ ਵਾਟਰ ਸਪਲਾਈ ਟਿਊਬਵੈੱਲ ਦੀਆਂ ਤਾਰਾਂ ਚੋਰੀ ਕਰਕੇ ਫਰਾਰ ਹੋ ਗਏ। ਇਸ ਮੌਕੇ ਟਿਊਬਵੈੱਲ ਆਪਰੇਟਰ ਗੁਰਦੀਪ ਸਿੰਘ ਦਿਹਾਣਾ ਨੇ ਪਿੰਡ ਦੇ ਸਰਪੰਚ ਗੁਰਵਿੰਦਰ ਸਿੰਘ ਬਾਵਾ ਦਿਹਾਣਾ ਨੂੰ ਇਸ ਚੋਰੀ ਸੰਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸਰਪੰਚ ਗੁਰਵਿੰਦਰ ਸਿੰਘ ਬਾਵਾ ਦਿਹਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਚੋਰੀ ਸਬੰਧੀ ਥਾਣਾ ਮੇਹਟੀਆਣਾ ਪੁਲਸ ਨੂੰ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਗੁਰਮੀਤ ਸਿੰਘ ਏ ਐਸ ਆਈ ਚੌਂਕੀ ਇੰਚਾਰਜ ਅਜਨੋਹਾ ਨੇ ਪੁੱਜ ਕੇ ਮੌਕਾ ਦੇਖਿਆ ਅਤੇ ਚੋਰਾਂ ਨੂੰ ਜਲਦੀ ਫੜ ਕੇ ਕਾਰਵਾਈ ਕਰਨੇ ਦਾ ਲੋਕਾਂ ਨੂੰ ਭਰੋਸਾ ਦਿੱਤਾ। ਇਸ ਮੌਕੇ ਤਰਨਵੀਰ ਸਿੰਘ ਦਿਹਾਣਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਅਗਸਤ ਨੂੰ ਅਣਪਛਾਤੇ ਚੋਰਾਂ ਵੱਲੋਂ ਬਾਲੀਵਾਲ ਗਰਾਊਂਡ ਦੀਆਂ ਲਾਈਟਾਂ ਅਤੇ ਪਾਈਪ ਚੋਰੀ ਕੀਤੇ ਸਨ। ਪਰ ਦੂਜੇ ਦਿਨ ਹੀ ਸਰਕਾਰੀ ਵਾਟਰ ਸਪਲਾਈ ਟਿਊਬਵੈੱਲ ਦੀ ਕੇਵਲ ਦੀ ਤਾਰ ਚੋਰੀ ਕਰ ਲਈ ਹੈ। ਇਸ ਮੌਕੇ ਸਰਪੰਚ ਗੁਰਵਿੰਦਰ ਸਿੰਘ ਬਾਵਾ ਦਿਹਾਣਾ, ਸੁਰਿੰਦਰ ਮੋਹਣ ਪੰਚ, ਦਾਰਾ ਸਿੰਘ, ਟਿਊਬਵੈੱਲ ਆਪਰੇਟਰ ਗੁਰਦੀਪ ਸਿੰਘ, ਜੱਗਦੀਸ਼ ਸਿੰਘ, ਮਨਵੀਰ ਸਿੰਘ, ਤਰਨਵੀਰ ਸਿੰਘ, ਗੁਰਪ੍ਰੀਤ ਸਿੰਘ, ਨਵਜੋਤ ਸਿੰਘ, ਜੈਕਰਨ ,ਪ੍ਰਭਜੋਤ ਸਿੰਘ, ਸਰਬਜੋਤ ਸਿੰਘ, ਅਰਸ਼ਦੀਪ ਸਿੰਘ, ਜੱਸਕਰਨ ਸਿੰਘ, ਜਤਿੰਦਰ ਸਿੰਘ, ਸੁਰਿੰਦਰ ਸਿੰਘ, ਅਰਵਿੰਦਰ ਸਿੰਘ, ਪ੍ਰਦੀਪ ਸਿੰਘ ਆਦਿ ਹਾਜ਼ਰ ਸਨ।

## ਰਾਣਾ ਰਣਜੀਤ ਸਿੰਘ ਗਿੱਲ ਬਣੇ ਭਾਜਪਾ ਦੇ ਮੀਤ ਪ੍ਰਧਾਨ

**ਚੰਡੀਗੜ੍ਹ (ਸੁਰਜੀਤ ਸੁਮਨ)**- ਹਲਕਾ ਖਰੜ ਤੋਂ ਸੀਨੀਅਰ ਆਗੂ ਰਾਣਾ ਰਣਜੀਤ ਸਿੰਘ ਗਿੱਲ ਨੂੰ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਇਕਾਈ ਦਾ ਮੀਤ ਪ੍ਰਧਾਨ ਥਾਪਿਆ ਗਿਆ ਹੈ। ਗਿੱਲ ਹਲਕਾ ਖਰੜ ਤੋਂ ਪਾਰਟੀ ਦੇ ਇੱਕ ਵਫਾਦਾਰ ਸਿਪਾਹੀ ਵਾਂਗ ਲੰਮੇ ਅਰਸੇ ਤੋਂ ਨਿਰੰਤਰ ਸੇਵਾਵਾਂ ਨਿਭਾ ਰਹੇ ਹਨ। ਹਲਕਾ ਖਰੜ ਦੇ ਲੋਕਾਂ ਲਈ ਉਨ੍ਹਾਂ ਦੇ ਪਿਆਰ ਨੂੰ ਦੇਖਦੇ ਹੋਏ ਪਾਰਟੀ ਵੱਲੋਂ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਦਿੱਤੀ ਸੌਂਪੀ ਗਈ ਹੈ। ਇਸ ਮੌਕੇ ਰਾਣਾ ਰਣਜੀਤ ਸਿੰਘ ਗਿੱਲ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਸਮੇਤ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ



ਕਿਹਾ ਕਿ ਉਹ ਪਾਰਟੀ ਦੀ ਮਜਬੂਤੀ ਲਈ ਦਿਨ ਰਾਤ ਕੰਮ ਕਰਨਗੇ। ਇਸ ਮੌਕੇ ਭਾਜਪਾ ਆਗੂ ਅਮਰੀਕ ਸਿੰਘ ਹੈਪੀ, ਪਰਮਜੀਤ ਸਿੰਘ ਬਾਲੀਆ, ਅਸ਼ੋਕ ਬਜਾਜ, ਪੰਕਜ ਕੁਮਾਰ, ਹਰਮਨ ਸਿੰਘ, ਅਰਜਨ ਪਾਂਡੇ, ਹਰਪ੍ਰੀਤ ਸਿੰਘ, ਜਸਮੇਰ ਸਿੰਘ ਬਾਠ ਆਦਿ ਵੱਲੋਂ ਰਾਣਾ ਗਿੱਲ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ।

## ਕਾਂਵੜ ਯਾਤਰੀਆਂ ਲਈ ਵਿਸ਼ਾਲ ਸੇਵਾ ਕੈਂਪ 8 ਤੋਂ ਸ਼ੁਰੂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸੰਤ ਬਲਜੀਤ ਸਿੰਘ ਦੀ ਪ੍ਰੇਰਣਾ ਅਤੇ ਦਿਸ਼ਾ-ਨਿਰਦੇਸ਼ ਅਨੁਸਾਰ ਵਿਸ਼ਵ ਮਾਨਵ ਰੂਹਾਨੀ ਕੇਂਦਰ, ਨਵਾਂਨਗਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੂਰੇ



ਭਾਰਤ ਵਿੱਚ 90 ਤੋਂ ਵੱਧ ਥਾਵਾਂ 'ਤੇ ਕਾਂਵੜ ਯਾਤਰੀਆਂ ਦੀ ਸੇਵਾ ਲਈ ਵਿਸ਼ਾਲ ਸੇਵਾ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਵਿਸ਼ਵ ਮਾਨਵ ਰੂਹਾਨੀ ਕੇਂਦਰ ਵੱਲੋਂ ਵੀ ਐਮ ਆਰ.ਕੇ.ਲਾਈਟ ਹਾਊਸ ਸ਼ਾਂਤੀ ਨਗਰ, ਚੰਡੀਗੜ੍ਹ ਰੋਡ, ਹੁਸ਼ਿਆਰਪੁਰ ਵਿਖੇ ਵੀ ਸੇਵਾ ਕੈਂਪ ਲਗਾਇਆ ਜਾ ਰਿਹਾ ਹੈ, ਜੋ ਕਿ 8 ਅਗਸਤ ਤੋਂ ਸ਼ੁਰੂ ਹੋ ਜਾਵੇਗਾ। ਇਨ੍ਹਾਂ ਕੈਂਪਾਂ ਵਿੱਚ ਕਾਂਵੜ ਯਾਤਰੀਆਂ ਲਈ ਐੱਮ ਬੀ ਬੀ ਐੱਸ ਅਤੇ ਐੱਮ ਡੀ ਡਾਕਟਰਾਂ ਵੱਲੋਂ ਮੁਫ਼ਤ ਸਿਹਤ ਜਾਂਚ, ਲੋੜੀਂਦੀਆਂ ਮੈਡੀਕਲ ਸਹੂਲਤਾਂ, ਲੰਗਰ, ਚਾਹ, ਬਿਸਕੁਟ, ਸ਼ੁੱਧ ਪੀਣ ਵਾਲਾ ਪਾਣੀ ਅਤੇ ਹੋਰ ਲੋੜੀਂਦੀਆਂ ਸੇਵਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਤੋਂ ਇਲਾਵਾ ਯਾਤਰੀਆਂ ਲਈ ਆਰਾਮ ਕਰਨ ਦੀ ਵੀ ਵਿਸ਼ੇਸ਼ ਵਿਵਸਥਾ ਕੀਤੀ ਗਈ ਹੈ। ਇਹ ਸੇਵਾ ਕਾਰਜ ਸੰਤ ਬਲਜੀਤ ਸਿੰਘ ਦੀ ਪ੍ਰੇਰਣਾ ਸਦਕਾ ਹਰ ਸਾਲ ਨਿਰੰਤਰ ਕੀਤਾ ਜਾਂਦਾ ਹੈ, ਜਿਸ ਦਾ ਮੁੱਖ ਉਦੇਸ਼ ਕਾਂਵੜ ਯਾਤਰੀਆਂ ਦੀ ਨਿਸ਼ਕਾਮ ਭਾਵਨਾ ਨਾਲ ਸੇਵਾ ਕਰਨਾ ਹੈ।ਵਿਸ਼ਵ ਮਾਨਵ ਰੂਹਾਨੀ ਕੇਂਦਰ, ਨਵਾਂਨਗਰ ਵੱਲੋਂ ਸਮੂਹ ਕਾਂਵੜ ਯਾਤਰੀਆਂ ਨੂੰ ਬੇਨਤੀ ਹੈ ਕਿ ਜਦੋਂ ਵੀ ਉਹ ਨਜ਼ਦੀਕੀ ਸੇਵਾ ਕੈਂਪ ਵਿੱਚੋਂ ਲੰਘਣ, ਤਾਂ ਇਸ ਸੇਵਾ ਕੈਂਪ ਵਿੱਚ ਜ਼ਰੂਰ ਪਹੁੰਚਣ ਅਤੇ ਉਪਲਬਧ ਸਾਰੀਆਂ ਸਹੂਲਤਾਂ ਦਾ ਲਾਭ ਉਠਾਉਣ।

## ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨੇ ਹਾਈਕਮਾਂਡ : ਢੀਂਡਸਾ, ਕਕਰਾਲੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੌਜੂਦਾ ਸਮੇਂ ਜੇਕਰ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣੀ ਹੈ ਤਾਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਕੋਈ ਪ੍ਰਮੁੱਖ ਜਿੰਮੇਵਾਰੀ ਦਿੱਤੀ ਜਾਵੇ ਅਤੇ ਆਮ ਆਦਮੀ ਪਾਰਟੀ ਨਾਲ ਮਿਲ ਕੇ ਕੰਮ ਕਰ ਰਹੇ ਲੀਡਰਾਂ ਨੂੰ ਅਹੁਦਿਆਂ ਤੋਂ ਲਾਂਭੇ ਕੀਤਾ ਜਾਵੇ। ਇਹ ਵਿਚਾਰ ਸੀਨੀਅਰ ਕਾਂਗਰਸੀ ਆਗੂ ਜਗਦੀਪ ਸਿੰਘ ਢੀਂਡਸਾ ਅਤੇ ਜ਼ਿਲਾ ਪਰਿਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ ਨੇ ਗੱਲਬਾਤ ਕਰਦਿਆ ਪਰਗਟ ਕੀਤੇ। ਉਨ੍ਹਾਂ ਕਿਹਾ ਕਿ ਸੂਬੇ ਦਾ ਵੱਡਾ ਵਰਗ ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੂੰ ਹੀ ਪਾਰਟੀ ਦਾ ਮੁੱਖ ਮੰਤਰੀ ਚਿਹਰਾ ਦੇਖਣਾ ਚਾਹੁੰਦਾ ਹੈ। ਪਰੰਤੂ ਹਾਈ ਕਮਾਂਡ ਤੱਕ ਇਹ ਸੁਨੇਹਾ ਪਾਰਟੀ ਦੇ ਸੀਨੀਅਰ ਆਗੂ ਨਹੀਂ ਪਹੁੰਚਾ ਰਹੇ ਜਿਸ ਕਾਰਨ ਪੰਜਾਬ ਦਾ ਟਕਸਾਲੀ ਕਾਂਗਰਸੀ ਵਰਕਰ ਅੱਜ ਆਪਣੇ ਆਪ ਨੂੰ ਅਣਗੌਲਿਆ ਅਤੇ ਨਿਰਾਸ਼ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪਾਰਟੀ ਦੀ ਉੱਚ ਲੀਡਰਸ਼ਿਪ ਸੂਬੇ ਦੇ ਵਰਕਰਾਂ ਅਤੇ ਆਮ ਲੋਕਾਂ ਦੀਆਂ ਭਾਵਨਾਵਾਂ ਨੂੰ ਲੋੜੀਂਦੀ ਤਵੱਜੋਂ ਨਹੀਂ ਦੇ ਰਹੀ, ਜਿਸ ਕਾਰਨ ਪਾਰਟੀ ਦਾ ਜਨ ਆਧਾਰ ਲਗਾਤਾਰ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਦੇ ਚਿਹਰੇ ਵਜੋਂ ਐਲਾਨ ਨਹੀਂ ਕੀਤਾ ਜਾਂਦਾ, ਉਦੋਂ ਤੱਕ ਪਾਰਟੀ ਦੇ ਹੇਠਲੇ ਪੱਧਰ ਤੋਂ ਲੈ ਕੇ ਸੀਨੀਅਰ ਆਗੂਆਂ ਤੱਕ ਨਿਰਾਸ਼ਾ ਦਾ ਮਾਹੌਲ ਬਣਿਆ ਰਹੇਗਾ। ਕਾਂਗਰਸੀ ਆਗੂ ਜਗਦੀਪ ਸਿੰਘ ਢੀਂਡਸਾ ਅਤੇ ਗੁਰਵਿੰਦਰ ਸਿੰਘ ਕਕਰਾਲੀ ਨੇ ਪਾਰਟੀ ਹਾਈ ਕਮਾਂਡ ਖਾਸ ਕਰ ਰਾਹੁਲ ਗਾਂਧੀ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਚਰਨਜੀਤ ਸਿੰਘ ਚੰਨੀ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਮੁੱਖ ਮੰਤਰੀ ਦੇ ਚਿਹਰੇ ਵਜੋਂ ਐਲਾਨ ਕਰਨ।



## ਬਸਪਾ ਵੱਲੋਂ 5 ਵਿਧਾਨ ਸਭਾ ਹਲਕਿਆਂ ਦੀ ਜਥੇਬੰਦਕ ਸਮੀਖਿਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਦੀ ਅਗਵਾਈ ਹੇਠ ਹੁਸ਼ਿਆਰਪੁਰ ਵਿਖੇ ਪੰਜ ਵਿਧਾਨ ਸਭਾ ਹਲਕਿਆਂ ਚੱਬੇਵਾਲ, ਹੁਸ਼ਿਆਰਪੁਰ, ਉੜਮੜ, ਦਸੂਆ ਅਤੇ ਮੁਕੇਰੀਆਂ ਦੇ ਜਥੇਬੰਦਕ ਢਾਂਚੇ ਦੀ ਅਹਿਮ ਸਮੀਖਿਆ



ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ਿੰਮੇਵਾਰ ਲੀਡਰਸ਼ਿਪ ਨਾਲ ਵੱਖ-ਵੱਖ ਤੌਰ 'ਤੇ ਵਿਚਾਰ-ਵਟਾਂਦਰਾ ਕਰਕੇ ਜਥੇਬੰਦੀ ਦੇ ਕੰਮਕਾਜ ਦੀ ਸਮੀਖਿਆ ਕੀਤੀ ਗਈ ਅਤੇ ਆਗੂਆਂ ਨੂੰ ਮਿੱਥੇ ਸਮੇਂ ਅੰਦਰ ਬੂਥ ਪੱਧਰ ਤੱਕ ਮਜਬੂਤ ਜਥੇਬੰਦਕ ਢਾਂਚਾ ਤਿਆਰ ਕਰਨ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਕਰੀਮਪੁਰੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਾਹਿਬ ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਪ੍ਰੋਗਰਾਮਾਂ 'ਪਰਾਧੀਨਤਾ ਦਾ ਅੰਤ' ਅਤੇ 'ਬੇਗਮਪੁਰਾ ਸੰਕਲਪ' ਬਾਰੇ ਗੰਭੀਰ ਚਰਚਾ ਕੀਤੀ ਗਈ। ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਦੇ ਅੰਦਰ 2027 ਵਿੱਚ ਗੁਰੂ ਸਾਹਿਬ ਦਾ ਪ੍ਰਕਾਸ਼ ਦਿਹਾੜਾ ਹਰ ਕਿਸਮ ਦੀ ਗੁਲਾਮੀ ਦਾ ਅੰਤ ਕਰਕੇ ਅਤੇ ਆਪਣੇ ਰਾਜ (ਬਸਪਾ ਸਰਕਾਰ) ਦੀ ਸਥਾਪਨਾ ਕਰਕੇ ਮਨਾਇਆ ਜਾਵੇਗਾ। ਇਸ ਸਬੰਧੀ ਵੀ ਵੱਖ-ਵੱਖ ਪਿੰਡਾਂ ਵਿੱਚ ਸਮਾਗਮ ਕਰਵਾਉਣ ਦੀਆਂ ਯੋਜਨਾਵਾਂ ਉੱਤੇ ਵਿਚਾਰ ਚਰਚਾ ਕੀਤੀ ਗਈ ਅਤੇ ਵਰਕਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਡਾ. ਕਰੀਮਪੁਰੀ ਨੇ ਵਿਰੋਧੀ ਧਿਰਾਂ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਭਾਜਪਾ ਵੱਲੋਂ ਦਿੱਲੀ ਦੇ ਤੁਗਲਕਾਬਾਦ ਵਿਖੇ ਸ੍ਰੀ ਗੁਰੂ ਰਵਿਦਾਸ ਗੁਰੂਘਰ ਨੂੰ ਢਹਿ-ਢੇਰੀ ਕਰਨਾ, ਵਿਰੋਧ ਕਰਦੀਆਂ ਸੰਗਤਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡਣਾ, ਲਾਠੀਚਾਰਜ ਕਰਨਾ ਅਤੇ ਝੂਠੇ ਮੁਕਦਮੇ ਦਰਜ ਕਰਨਾ ਭਾਜਪਾ ਦੇ ਦੋਹਰੇ ਚਿਹਰੇ ਨੂੰ ਨੰਗਾ ਕਰਦਾ ਹੈ। ਬਸਪਾ ਸੂਬਾ ਪ੍ਰਧਾਨ ਨੇ ਦੁਹਰਾਇਆ ਕਿ ਬਹੁਜਨ ਸਮਾਜ ਪਾਰਟੀ ਡਟ ਕੇ ਗੁਰੂ ਸਾਹਿਬ ਦੇ ਸਨਮਾਨ ਵਿੱਚ ਲੜਾਈ ਲੜਦੀ ਰਹੀ ਹੈ ਅਤੇ ਅੱਗੇ ਵੀ ਲੜਦੀ ਰਹੇਗੀ। ਪਾਰਟੀ ਗੁਰੂ ਸਾਹਿਬ ਦੀ ਸੋਚ ਦਾ 'ਬੇਗਮਪੁਰਾ' ਵਸਾਉਣ ਲਈ ਦਿਨ-ਰਾਤ ਗੁਰੂ ਨਾਮਲੇਵਾ ਸੰਗਤਾਂ ਨੂੰ ਸੰਗਠਿਤ ਕਰੇਗੀ ਅਤੇ ਗੁਰੂ ਸਾਹਿਬ ਦੀ ਯਾਦ ਵਿੱਚ ਵੱਖ-ਵੱਖ ਪਿੰਡਾਂ ਵਿੱਚ ਸਮਾਗਮ ਕਰਵਾ ਕੇ ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕਰੇਗੀ। ਇਸ ਮੌਕੇ ਬਸਪਾ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ, ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲਾ ਪ੍ਰਧਾਨ, ਪ੍ਰੋ. ਸੁਰਜੀਤ ਸਿੰਘ ਤੋਂ ਇਲਾਵਾ ਵਿਧਾਨ ਸਭਾਵਾਂ ਦੇ ਪ੍ਰਧਾਨ ਅਤੇ ਇੰਨਚਾਰਜ ਹਾਜ਼ਰ ਸਨ।

## ਸਫਾਈ ਸੇਵਕਾਂ ਵੱਲੋਂ ਜੰਗੀ ਪੱਧਰ 'ਤੇ ਸਫਾਈ ਦਾ ਕੰਮ ਆਰੰਭ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤੇ ਪਿਛਲੇ 27 ਦਿਨਾਂ ਤੋਂ ਚੱਲੀ ਆ ਰਹੀ ਹੜਤਾਲ, ਸਰਕਾਰ ਅਤੇ ਸਫਾਈ ਸੇਵਕਾਂ ਦੇ ਸੂਬਾਈ ਆਗੂਆਂ ਦਰਮਿਆਨ ਹੋਏ ਸਮਝੌਤੇ ਤੋਂ ਬਾਅਦ ਯੂਨੀਅਨ ਵੱਲੋਂ ਹੜਤਾਲ ਵਾਪਸ ਲੈਣ ਤੇ ਮਹਿਤਪੁਰ ਅਤੇ ਨਕੋਦਰ ਕਸਬੇ ਦੇ ਸਫਾਈ ਸੇਵਕਾਂ ਨੇ ਜੰਗੀ ਪੱਧਰ ਤੇ ਸਫਾਈ ਦਾ ਕੰਮ ਆਰੰਭ ਕਰ ਦਿੱਤਾ। ਸਫਾਈ ਸੇਵਕਾਂ ਵੱਲੋਂ ਉਨਾਂ ਦੀਆਂ ਮੰਗਾਂ ਮੰਨੇ ਜਾਣ ਤੇ ਜਿੱਥੇ ਖੁਸ਼ੀ ਦੀ ਲਹਿਰ ਸੀ ਉੱਥੇ ਮਿਉਂਸੀਪਲ ਕਾਮਿਆਂ ਦੀ (ਸੀ) ਕੈਟਾਗਰੀ ਨੂੰ ਲਟਕਾਏ ਜਾਣ ਤੇ ਨਾ ਖੁਸ਼ੀ ਪ੍ਰਗਟ ਕੀਤੀ ਗਈ। ਜਿਸ ਦੇ ਵਿਰੋਧ ਵਿੱਚ ਸਫਾਈ ਸੇਵਕਾਂ ਅਤੇ ਸੀਵਰ ਮੈਨਾਂ ਨੇ ਦਫਤਰੀ ਕਾਮਿਆਂ ਨਾਲ ਮਿਲ ਕੇ ਰੈਲੀ ਕਰਕੇ ਸਰਕਾਰ ਤੋਂ ਮੰਗ ਕੀਤੀ ਕਿ (ਸੀ) ਕੈਟੇਗਰੀ ਦੇ ਮਿਉਨਸੀਪਲ ਕਾਮਿਆਂ ਤੇ ਵੀ ਇਹ ਫੈਸਲਗ ਨੂੰ ਲਾਗੂ ਕੀਤਾ ਜਾਵੇ। ਰੈਲੀ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸਫਾਈ ਸੇਵਕਾਂ ਦੇ ਆਗੂ ਪੱਪੂ ਪ੍ਰਧਾਨ, ਸੌਰਭ ਜੋਸ਼ੀ, ਸੁਭਾਸ਼ ਵਾਲਮੀਕ, ਸਲੀਮ ਮਹਿਤਪੁਰੀ, ਓਮ ਪ੍ਰਕਾਸ਼, ਰਾਮਚਰਨ, ਕੁਲਵਿੰਦਰ, ਕਮਲ ਕਿਸ਼ੋਰ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਸੰਬੋਧਨ ਕੀਤਾ।

## ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ

**ਫਗਵਾੜਾ (ਡਾ. ਰਮਨ)**- ਭਾਰਤ ਸਰਕਾਰ ਵੱਲੋਂ ਸ਼ੁਰੂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ-ਸੰਕਲਪ ਅਭਿਆਨ' ਅਧੀਨ ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਨੂੰ ਸੰਬੋਧਨ ਕਰਦਿਆਂ ਹੋਇਆ ਕਿਹਾ ਕਿ ਇਸ ਅਭਿਆਨ ਦਾ ਮੁੱਖ ਉਦੇਸ਼ ਦੇਸ਼ ਨੂੰ ਨਸ਼ਾ ਮੁਕਤ ਬਣਾਉਣਾ ਹੈ ਅਤੇ ਦੇਸ਼ ਨੂੰ ਇੱਕ ਬਿਹਤਰ ਭਵਿੱਖ ਵੱਲ ਦਿਸ਼ਾ ਦੇਣਾ ਹੈ। ਇਸ ਵਰਚੂਅਲ ਸਬੰਧੋਨ ਦੇ



ਲਾਈਵ ਟੈਲੀਕਾਸਟ ਦਾ ਪ੍ਰਬੰਧ ਵਿਦਿਆਰਥੀਆਂ ਲਈ ਕਾਲਜ ਵਿਖੇ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ, ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ, ਸਿਹਤਮੰਦ ਕਦਰਾਂ-ਕੀਮਤਾਂ ਨੂੰ ਅਪਨਾਉਣ ਅਤੇ ਆਪਣੇ ਆਲੇ ਦੁਆਲੇ ਨਸ਼ਾਖੋਰੀ ਪ੍ਰਤੀ ਜਾਗਰੁਕਤਾ ਫੈਲਾਉਣ ਦੀ ਸਹੁੰ ਚੁੱਕੀ। ਇਸ ਪ੍ਰੋਗਰਾਮ ਦਾ ਆਯੋਜਨ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ ਵੱਲੋਂ ਕੀਤਾ ਗਿਆ ਸੀ। ਐੱਨ.ਐੱਸ.ਐੱਸ. ਵਲੰਟੀਅਰਜ਼ ਨੇ ਇਸ ਸਮਾਗਮ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਕਿਹਾ ਕਿ ਵਿੱਚ ਇਹ ਇੱਕ ਰਾਸ਼ਟਰੀ ਅਭਿਆਨ ਹੈ। ਉਹਨਾਂ ਕਿਹਾ ਕਿ ਇਸ ਅਭਿਆਨ ਨਾਲ ਸਾਨੂੰ ਸਭ ਨੂੰ ਜੁੜਨਾ ਚਾਹੀਦਾ ਹੈ।

## 7 ਦੀ ਮਹਾਂ ਰੈਲੀ ਵਿੱਚ ਸਾਰੇ ਸਾਥੀ ਵਹੀਰਾਂ ਘੱਤ ਕੇ ਸ਼ਾਮਲ ਹੋਣ : ਮੱਖਣ, ਕੌਂਡਲ

**ਕਪੂਰਥਲਾ (ਮਨਜੀਤ ਮਾਨ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਅਤੇ ਸੂਬਾ ਪ੍ਰੈੱਸ ਸਕੱਤਰ ਸੰਜੀਵ ਕੌਂਡਲ ਨੇ ਪ੍ਰੈਸ



ਨੋਟ ਜਾਰੀ ਕਰਦੇ ਹੋਏ 7 ਅਗਸਤ ਨੂੰ ਸਾਂਝਾ ਫਰੰਟ ਦੀ 39 ਸੈਕਟਰ ਚੰਡੀਗੜ੍ਹ ਰੈਲੀ ਵਿੱਚ ਯੂਨੀਅਨ ਦੇ ਸਾਰੇ ਸਾਥੀਆਂ ਨੂੰ ਵਹੀਰਾਂ ਘੱਤ ਕੇ ਸ਼ਾਮਿਲ ਹੋਣ ਦੀ ਅਪੀਲ ਕੀਤੀ ਅਤੇ ਬਰਨਾਲਾ ਵਿੱਚ ਸਫਾਈ ਸੇਵਕਾਂ ਤੇ ਲਾਠੀਚਾਰਜ ਦੀ ਨਿੰਦਾ ਕੀਤੀ। ਸੂਬਾ ਜਰਨਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ ਨੇ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਵਿੱਚ ਸਾਰੇ ਕੱਚੇ ਕਾਮਿਆਂ ਨੂੰ ਪੱਕਾ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਪੈਨਸ਼ਨਰਾਂ ਨੂੰ 2.59 ਨਾਲ ਗੁਣਕ ਕਰਕੇ ਪੈਨਸ਼ਨ ਦੇਣਾ ਅਤੇ ਇਸ ਵਕਤ ਸਭ ਤੋਂ ਭਖਿਆ ਮੁੱਦਾ 18% ਮਹਿਗਾਈ ਭੱਤਾ ਜਾਰੀ ਕਰਵਾਉਣਾ ਇਹ ਸਾਰੀਆਂ ਹੀ ਮੁੱਖ ਮੰਗਾਂ ਹਨ। ਸੂਬਾ ਪ੍ਰਧਾਨ ਮੱਖਣ ਸਿੰਘ ਨੇ ਦੱਸਿਆ ਕਿ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਵੀ ਆਉਣ ਵਾਲੇ ਦਿਨਾਂ ਵਿੱਚ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਦੇ ਹਲਕੇ ਵਿੱਚ ਵੀ ਧਰਨਾ ਲਗਾਉਣ ਲਈ ਵਿਚਾਰ ਵਟਾਂਦਰਾ ਕਰ ਰਹੀ ਹੈ।

## ਆਰ ਬੀ ਯੂ ਦੀ ਵਿਦਿਆਰਥਣ ਮਿਸ ਮਿੰਜਰ ਕਵੀਨ 2026 'ਚ ਪਹਿਲੀ ਰਨਰਅੱਪ ਬਣੀ

**ਮੋਹਾਲੀ (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ (ਆਰਬੀਯੂ) ਨੇ ਪ੍ਰਤਿਭਾ ਅਤੇ ਉੱਤਮਤਾ ਦੇ ਖੇਤਰ ਵਿੱਚ ਆਪਣੀ ਜਿੱਤ ਦੀ ਲੜੀ ਨੂੰ ਹੋਰ ਮਜ਼ਬੂਤ ਬਣਾਉਂਦਿਆਂ ਇੱਕ ਹੋਰ ਸ਼ਾਨਦਾਰ ਉਪਲਬਧੀ ਆਪਣੇ ਨਾਮ ਕੀਤੀ ਹੈ। ਯੂਨੀਵਰਸਿਟੀ ਦੀ ਵਿਦਿਆਰਥਣ



ਅਰਚੀਸ਼ਾ ਠਾਕੁਰ ਨੇ ਹਿਮਾਚਲ ਪ੍ਰਦੇਸ਼ ਦੇ ਚੰਬਾ ਵਿਖੇ ਕਰਵਾਏ ਗਏ ਵੱਕਾਰੀ ਅੰਤਰਰਾਸ਼ਟਰੀ ਮਿੰਜਰ ਮੇਲੇ ਵਿੱਚ 'ਫਰਸਟ ਰਨਰ-ਅੱਪ - ਮਿਸ ਮਿੰਜਰ ਕੁਈਨ 2026' ਦਾ ਵੱਕਾਰੀ ਖ਼ਿਤਾਬ ਜਿੱਤ ਕੇ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ ਹੈ।ਯੂਨੀਵਰਸਿਟੀ ਸਕੂਲ ਆਫ਼ ਫਿਜ਼ੀਓਥੈਰੇਪੀ ਐਂਡ ਰੇਡੀਓਲੋਜੀ ਦੀ ਚੌਥੇ ਸਾਲ (7ਵੇਂ ਸਮੈਸਟਰ) ਦੀ ਵਿਦਿਆਰਥਣ, ਅਰਚੀਸ਼ਾ ਨੇ ਆਪਣੀ ਸ਼ਾਨਦਾਰ ਪ੍ਰਾਪਤੀ ਨਾਲ ਯੂਨੀਵਰਸਿਟੀ ਨੂੰ ਮਾਣ ਅਤੇ ਵਿਸ਼ੇਸ਼ ਪਛਾਣ ਦਿਵਾਈ ਹੈ।ਇਸ ਪ੍ਰਾਪਤੀ ਨੂੰ ਸਾਂਝਾ ਕਰਦੇ ਹੋਏ, ਯੂਨੀਵਰਸਿਟੀ ਸਕੂਲ ਆਫ਼ ਫਿਜ਼ੀਓਥੈਰੇਪੀ ਅਤੇ ਰੇਡੀਓਲੋਜੀ ਦੇ ਡੀਨ, ਪ੍ਰੋਫੈਸਰ (ਡਾ.) ਲਲਿਤ ਕੁਮਾਰ ਗੁਪਤਾ ਨੇ ਕਿਹਾ ਕਿ ਇਹ ਸਨਮਾਨ ਹੋਰ ਵੀ ਖਾਸ ਹੋ ਗਿਆ ਹੈ ਕਿਉਂਕਿ ਅਰਚੀਸ਼ਾ ਨੂੰ ਹਿਮਾਚਲ ਪ੍ਰਦੇਸ਼ ਦੇ ਮਾਨਯੋਗ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਤੋਂ ਇਹ ਤਾਜ ਪ੍ਰਾਪਤ ਹੋਇਆ ਹੈ, ਜਿਸ ਨਾਲ ਇਹ ਪ੍ਰਾਪਤੀ ਉਸਦੀ ਅਕਾਦਮਿਕ ਅਤੇ ਨਿੱਜੀ ਯਾਤਰਾ ਵਿੱਚ ਇੱਕ ਯਾਦਗਾਰੀ ਮੀਲ ਪੱਥਰ ਬਣ ਗਈ ਹੈ।ਵਿਦਿਆਰਥਣ ਨੂੰ ਵਧਾਈ ਦਿੰਦੇ ਹੋਏ, ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਅਰਚੀਸ਼ਾ ਠਾਕੁਰ ਦੀ ਸ਼ਾਨਦਾਰ ਪ੍ਰਾਪਤੀ ਪੂਰੇ ਰਿਆਤ ਬਾਹਰਾ ਯੂਨੀਵਰਸਿਟੀ ਭਾਈਚਾਰੇ ਲਈ ਬਹੁਤ ਮਾਣ ਵਾਲੀ ਗੱਲ ਹੈ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਰਿਆਤ ਬਾਹਰਾ ਯੂਨੀਵਰਸਿਟੀ ਅਕਾਦਮਿਕ ਉੱਤਮਤਾ, ਲੀਡਰਸ਼ਿਪ ਅਤੇ ਸ਼ਖ਼ਸੀਅਤ ਵਿਕਾਸ ਨੂੰ ਉਤਸ਼ਾਹਿਤ ਕਰਨ ਵਾਲੇ ਮੌਕੇ ਪ੍ਰਦਾਨ ਕਰਕੇ ਯੋਗ ਵਿਅਕਤੀਆਂ ਦਾ ਪਾਲਣ-ਪੋਸ਼ਣ ਕਰਨ ਲਈ ਵਚਨਬੱਧ ਹੈ।

## ਕਾਮਰੇਡ ਬਾਪੂ ਗੁਰਚਰਨ ਸਿੰਘ ਲਾਧੂਪੁਰ ਦੀ ਬਰਸੀ ਤੇ ਫ੍ਰੀਡਮ ਫਾਈਟਰ ਡੇ ਮਨਾਏ ਜਾਣ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਲ ਇੰਡੀਆ ਫ੍ਰੀਡਮ ਫਾਈਟਰ ਫੈਮੀਲੀਜ਼ ਐਸੋਸੀਏਸ਼ਨ ਵਲੋਂ ਪ੍ਰੈਸ ਕਲੱਬ ਆਫ ਇੰਡੀਆ, ਦਿੱਲੀ ਵਿਖੇ ਵਿਸ਼ੇਸ਼ ਸੈਮੀਨਾਰ ਕੀ ਫ੍ਰੀਡਮ ਫਾਇਟਰਾਂ ਦੇ ਸੁਪਨੇ ਪੂਰੇ ਹੋਏ ? ਤੇ ਮਜੂਦਾ ਸਿਆਸੀ ਹਾਲਾਤ ਦੇ ਵਿਸ਼ੇ ਤੇ



ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਸਮਾਜ ਦੇ ਹਰ ਵਰਗ ਦੇ ਪ੍ਰਮੁੱਖ ਲੱਗਭਗ ਸੋ ਲੋਕ ਸ਼ਾਮਲ ਹੋਏ। ਇਹ ਸੈਮੀਨਾਰ ਦੀ ਕਾਰਵਾਈ ਤਜਿੰਦਰ ਸਿੰਘ ਆਹੂਜਾ (ਫ੍ਰੀਡਮ ਫਾਈਟਰ ਸੰਸਥਾ ਦੇ ਉਪ- ਪ੍ਰਧਾਨ) ਨੇ ਕੀਤੀ। ਇਸ ਦਾ ਆਗਾਜ਼ ਜ਼ਿਲ੍ਹਾ ਗੁਰਦਾਸਪੁਰ ਦੇ ਮਹਾਨ ਦੇਸ਼ ਭਗਤ ਜਸਵੰਤ ਸਿੰਘ ਰਾਹੀ ਦੀ ਪੋਤੀ ਡਾਕਟਰ ਬਨਿੰਦਰ ਰਾਹੀ ਦੇ ਭਾਸ਼ਣ ਤੋਂ ਕੀਤਾ ਗਿਆ। ਜਿਸਨੇ ਦੇਸ਼ ਭਗਤਾਂ ਦੇ ਸੁਪਨਿਆਂ ਦੇ ਉਲਟ ਸਿੱਖਿਆ ਜੋ ਬੁਨਿਆਦੀ ਹੱਕ ਹੈ ਓਸ ਨੂੰ ਬਹੁਤ ਮਹਿੰਗਾ ਕਰਨ ਤੇ ਪ੍ਰਾਈਵੇਟ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਦੇ ਵਿੱਚ ਦੇਣ ਬਾਰੇ ਧਿਆਨ ਦਵਾਇਆ। ਪ੍ਰਾਈਵੇਟ ਯੂਨੀਵਰਸਿਟੀਆਂ, ਫਰਜ਼ੀ ਡਿਗਰੀਆਂ, ਮੁਕਾਬਲੇ ਦੇ ਇਮਤਿਹਾਨਾਂ ਵਿੱਚ ਹੇਰਾ-ਫੇਰੀ ਅਤੇ ਸਿੱਖਿਆ ਦਾ ਭਗਵਾਂ ਕਰਨ ਵੱਲ ਧਿਆਨ ਦਵਾਇਆ। ਡਾਕਟਰ ਸੰਦੀਪ ਕੁਮਾਰ ਮਰਵਾਹਾ ਚਾਂਸਲਰ ਨੇ ਮੌਜੂਦਾ ਸਿਸਟਮ ਦਾ ਪੱਖ ਲਿਆ ਪਰ ਉਹਨਾ ਨੂੰ ਸਖ਼ਤ ਵਿਰੋਧ ਦਾ ਸਾਮਣਾ ਕਰਨਾ ਪਿਆ ਜਿਸ ਕਾਰਨ ਆਉਣ ਵਾਲੇ ਬੁਲਾਰਿਆ ਨੇ ਉਹਨਾਂ ਦੀ ਵਿਚਾਰ ਧਾਰਾ ਦਾ ਰੱਜ ਕੇ ਖੰਡਨ ਕੀਤਾ। ਸੱਭ ਤੋਂ ਬਾਅਦ ਵਿੱਚ ਸੰਸਥਾ ਦੇ ਪ੍ਰਧਾਨ ਸ. ਬਖ਼ਤਾਵਰ ਸਿੰਘ ਲਾਧੂਪੁਰ ਨੇ ਸੁਚੇਤ ਕੀਤਾ ਕੇ ਦੇਸ਼ ਦੀ ਅਜ਼ਾਦੀ ਵਿੱਚ ਆਰ ਐੱਸ ਐੱਸ ਨੇ ਕੋਈ ਯੋਗਦਾਨ ਨਹੀ ਪਾਇਆ ਸਗੋਂ ਮੌਕਾ-ਏ-ਹਕੂਮਤ ਦੀ ਮਦਦ ਕੀਤੀ। ਉਹਨਾਂ ਨੇ ਦੇਸ਼ ਭਗਤਾਂ ਦੀ ਕੁਰਬਾਨੀਆਂ ਨਾਲ ਲਿਆਂਦੀ ਅਜ਼ਾਦੀ ਖ਼ਤਰੇ ਵਿੱਚ ਪ੍ਰਤੀਤ ਕੀਤੀ।ਦੇਸ਼ ਭਗਤਾਂ ਦੀ ਬਰਸੀ ਮੌਕੇ ਸਾਰੇ ਦੇਸ਼ ਭਗਤਾਂ ਦੀ ਬਰਸੀ ਫ੍ਰੀਡਮ ਫਾਈਟਰ ਡੇ ਦੇ ਤੌਰ ਤੇ ਮਨਾਇਆ ਕਰੇਗੀ ਦਾ ਐਲਾਨ ਹੋਇਆ ਜਿਸ ਨੂੰ ਸਾਰਿਆ ਨੇ ਪਰਵਾਨ ਕੀਤਾ। ਇਸ ਮੌਕੇ ਇਹਨਾ ਤੋ ਇਲਾਵਾ ਸੁਖਵਿੰਦਰ ਸਿੰਘ, ਅਸ਼ੋਕ ਭਾਰਤੀ, ਜਸਵੰਤ ਸਿੰਘ, ਸ਼ੇਰ ਸਿੰਘ, ਮਾਸਟਰ ਸੁਸ਼ੀਲ ਕੁਮਾਰ, ਐਡਵੋਕੇਟ ਸੀ.ਐਲ. ਗੁਪਤਾ, ਮੁਕੇਸ਼ ਸੈਣੀ, ਹਰੀਸ਼ ਸਹਿਗਲ, ਬਾਬਾ ਭਜਨ ਸਿੰਘ, ਰਾਜਿੰਦਰ ਸਿੰਘ, ਜੇ.ਪੀ. ਸਿੰਘ ਨਰੇਲਾ, ਬਾਬੂ ਮੁੰਨਾ, ਮੁਫ਼ਤੀ ਸਲੀਮ, ਲਾਲ ਮੁਹੰਮਦ, ਡਾਕਟਰ ਵਿਨੋਦ ਪਾਹਵਾ ਤੇ ਹੋਰ ਬਹੁਤ ਸਾਰੇ ਲੋਕਾਂ ਨੇ ਹਾਜ਼ਰੀ ਭਰੀ।

## ਵਿਧਾਇਕ ਵੱਲੋਂ ਝਰਮਲ ਨਦੀ ਉੱਪਰ ਨਵੇਂ ਕਾਜ਼ਵੇਅ ਦਾ ਉਦਘਾਟਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਨਗਰ ਕੌਂਸਲ ਡੇਰਾਬੱਸੀ ਵੱਲੋਂ ਗੁਲਾਬਗੜ੍ਹ-ਬੇਹੜਾ ਰੋਡ 'ਤੇ ਝਰਮਲ ਨਦੀ ਉੱਪਰ ਕਰੀਬ 50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਕਾਜ਼ਵੇਅ ਦਾ ਉਦਘਾਟਨ ਕਰਕੇ ਲੋਕ ਅਰਪਣ ਕੀਤਾ।

ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਅਤੇ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਕਾਜ਼ਵੇਅ ਦੇ ਨਿਰਮਾਣ ਨਾਲ ਗੁਲਾਬਗੜ੍ਹ, ਬੇਹੜਾ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਨੂੰ ਸੁਰੱਖਿਅਤ ਅਤੇ ਸੁਚਾਰੂ ਆਵਾਜਾਈ ਦੀ ਸਹੂਲਤ ਮਿਲੇਗੀ, ਜਿਸ ਨਾਲ ਰੋਜ਼ਾਨਾ ਆਉਣ-ਜਾਣ ਵਾਲੇ ਹਜ਼ਾਰਾਂ ਲੋਕਾਂ ਨੂੰ ਵੱਡੀ ਰਾਹਤ ਪ੍ਰਾਪਤ ਹੋਵੇਗੀ। ਉਨ੍ਹਾਂ ਕਿਹਾ ਕਿ ਹਲਕੇ ਦੇ ਸਰਵਪੱਖੀ ਵਿਕਾਸ ਲਈ ਸੜਕਾਂ, ਪੁਲਾਂ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਹੋਰ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਆਧਾਰ 'ਤੇ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਮੌਕੇ ਨਗਰ ਕੌਂਸਲ ਡੇਰਾਬੱਸੀ ਦੇ ਪ੍ਰਧਾਨ ਆਸ਼ੂ ਉਪਨੇਜਾ, ਮੀਤ ਪ੍ਰਧਾਨ ਦਵਿੰਦਰ ਸੈਣੀ, ਵਾਰਡ ਕੌਂਸਲਰ ਅਜੇ ਕੁਮਾਰ, ਹੋਰ ਕੌਂਸਲਰ ਸਾਹਿਬਾਨ, ਸਿਆਸੀ ਸਲਾਹਕਾਰ ਰਾਹੁਲ ਕੌਸ਼ਿਕ, ਪਿੰਡਾਂ ਦੇ ਪੰਚ ਸਰਪੰਚ,ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਇਲਾਕਾ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਖੇਡਾਂ ਵਤਨ ਪੰਜਾਬ ਦੀਆਂ 2026-27 ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ

**ਮੋਹਾਲੀ (ਗੁਰਜੀਤ ਬਿੱਲਾ, ਸੁਰਜੀਤ ਸਿੰਘ ਸੁਮਨ)** ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਮਹੀਨਾ ਸਤੰਬਰ ਵਿੱਚ ਖੇਡਾਂ ਵਤਨ ਪੰਜਾਬ ਦੀਆਂ 2026-27 ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰੀ ਲੈਵਲ ਤੇ ਆਯੋਜਿਤ ਕਰਵਾਈਆਂ ਜਾ ਰਹੀਆਂ ਹਨ।ਖੇਡਾਂ ਵਤਨ ਪੰਜਾਬ 2026-27 ਦੀਆਂ ਤਿਆਰੀਆਂ ਨੂੰ ਜਾਰੀ ਰੱਖਦੇ ਹੋਏ ਖੇਡ ਵਿਭਾਗ, ਪੰਜਾਬ ਵੱਲੋਂ ਆਨਲਾਈਨ ਰਜਿਸਟਰੇਸ਼ਨ ਪ੍ਰਕਿਰਿਆ 01 ਅਗਸਤ 2026 ਤੋਂ ਆਰੰਭ ਹੋ ਚੁੱਕੀ ਹੈ।ਇਸ ਸਬੰਧੀ ਰਜਿਸਟਰੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਦੇ ਉਦੇਸ਼ ਨਾਲ ਸ੍ਰੀ ਉਮੇਸ਼ਵਰੀ ਸ਼ਰਮਾ, ਜ਼ਿਲ੍ਹਾ ਖੇਡ ਅਫਸਰ ਐਸ.ਏ.ਐਸ ਨਗਰ ਵੱਲੋਂ ਜ਼ਿਲ੍ਹਾ ਪੱਧਰ ਤੇ ਆਈ.ਟੀ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਵਿੱਚ ਉਹਨਾਂ ਅਧੀਨ ਕੰਮ ਕਰ ਰਹੇ ਕਰਮਚਾਰੀ ਸ੍ਰੀਮਤੀ ਮਨਜੀਤ ਕੌਰ, ਨਰਸਰੀ ਸੁਪਵਾਈਜ਼ਰ ਬਤੌਰ ਨੋਡਰ ਅਫਸਰ, ਸ੍ਰੀਮਤੀ ਮਨਦੀਪ ਕੌਰ ਕਲਰਕ, ਦਫਤਰ ਜ਼ਿਲ੍ਹਾ ਖੇਡ ਅਫਸਰ ਐਸ.ਏ.ਐਸ ਨਗਰ, ਸ੍ਰੀ ਧਰੁਵ ਵਾਲੀਆ ਫੈਨਸਿੰਗ ਕੋਚ, ਲਿੰਕਨ ਬਿਸ਼ਨੋਈ ਬੈਡਮਿੰਟਨ ਕੋਚ, ਸ੍ਰੀਮਤੀ ਹਰਦੀਪ ਕੌਰ ਕਰਾਟੇ ਕੋਚ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਖਿਡਾਰੀ ਨੂੰ ਆਨਲਾਈਨ ਰਜਿਸਟਰੇਸ਼ਨ ਜਾਂ ਕੋਈ ਤਕਨੀਕੀ ਕਾਰਨ ਕਰਕੇ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਕਰਨਾ ਪਵੇ ਤਾਂ ਉਹ ਗਠਿਤ ਕਮੇਟੀ ਨਾਲ ਦਫਤਰ ਜ਼ਿਲ੍ਹਾ ਖੇਡ ਅਫਸਰ, ਐਸ.ਏ.ਐਸ ਨਗਰ ਵਿਖੇ ਆ ਕੇ ਸੰਪਰਕ ਕਰ ਸਕਦੇ ਹਨ।